ਸ਼ੁੱਕਰਵਾਰ, 13 ਮਾਰਚ, 2026
30 ਫੱਗਣ { ਨਾਨਕਸ਼ਾਹੀ 557 / ਬਿਕਰਮੀ 2082 }
ਜਿਲਦ/VOL. : 74
ਅੰਕ/NO. : 281

ਰੋਜ਼ਾਨਾ
# ਨਵਾਂ ਜ਼ਮਾਨਾ

DAILY NAWAN ZAMANA • FRIDAY, 13 MARCH, 2026 ਜਲੰਧਰ

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫੇ : 12

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

YouTube nawan zamana TV

## ਨੌਜਵਾਨਾਂ ਦੇ ਹੱਥਾਂ 'ਚ ਨਸ਼ਿਆਂ ਦੇ ਟੀਕਿਆਂ ਦੀ ਥਾਂ ਲੰਚ ਬਾਕਸ ਦੇਖਣਾ ਚਾਹੁੰਨਾਂ : ਮਾਨ



**ਮੁਹਾਲੀ, (ਗੁਰਜੀਤ ਬਿੱਲਾ)**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ 'ਮਿਸ਼ਨ ਰੁਜ਼ਗਾਰ' ਪਹਿਲਕਦਮੀ ਤਹਿਤ ਵੀਰਵਾਰ ਵੱਖ-ਵੱਖ ਵਿਭਾਗਾਂ ਵਿੱਚ ਭਰਤੀ 818 ਨੌਜਵਾਨਾਂ ਨੂੰ ਨਿਯੁਕਤੀ ਪੱਤਰ ਸੌਂਪੇ, ਜਿਸ ਨਾਲ ਪਿਛਲੇ ਚਾਰ ਸਾਲਾਂ ਵਿੱਚ ਪੰਜਾਬ ਸਰਕਾਰ ਵੱਲੋਂ ਦਿੱਤੀਆਂ ਗਈਆਂ ਸਰਕਾਰੀ ਨੌਕਰੀਆਂ ਦੀ ਗਿਣਤੀ ਵਧ ਕੇ 65,264 ਹੋ ਗਈ ਹੈ।

ਨਿਯੁਕਤੀ ਪੱਤਰ ਵੰਡਣ ਲਈ ਕਰਵਾਏ ਸਮਾਗਮ ਵਿੱਚ ਇਕੱਠ ਨੂੰ ਸੰਬੋਧਨ ਕਰਦਿਆਂ ਮਾਨ ਨੇ ਇਸ ਮੀਲ ਪੱਥਰ ਨੂੰ ਪੰਜਾਬ ਦੇ ਨੌਜਵਾਨਾਂ ਲਈ ਪਾਰਦਰਸ਼ੀ ਅਤੇ ਮੈਰਿਟ ਦੇ ਆਧਾਰ ਉੱਤੇ ਰੁਜ਼ਗਾਰ ਮੌਕੇ ਯਕੀਨੀ ਬਣਾਉਣ ਲਈ ਸਰਕਾਰ ਦੀ ਵਚਨਬੱਧਤਾ ਦਾ ਪ੍ਰਤੀਕ ਦੱਸਿਆ। ਉਨ੍ਹਾ ਕਿਹਾ, ਅੱਜ ਵੱਖ-ਵੱਖ ਵਿਭਾਗਾਂ ਵਿੱਚ 818 ਨੌਜਵਾਨਾਂ ਨੂੰ ਨਿਯੁਕਤੀ ਪੱਤਰ ਸੌਂਪੇ ਜਾ ਰਹੇ ਹਨ। ਉਨ੍ਹਾ ਕਿਹਾ ਕਿ ਅੱਜ ਜਿਨ੍ਹਾਂ ਨੂੰ ਨਿਯੁਕਤੀ ਪੱਤਰ ਸੌਂਪੇ ਜਾ ਰਹੇ ਹਨ, ਉਨ੍ਹਾਂ ਵਿੱਚ ਬਿਜਲੀ ਵਿਭਾਗ ਵਿੱਚ 459, ਸਥਾਨਕ ਸਰਕਾਰਾਂ ਵਿਭਾਗ ਵਿੱਚ 215, ਸਿਹਤ ਅਤੇ ਪਰਵਾਰ ਭਲਾਈ ਵਿਭਾਗ ਵਿੱਚ 129 ਅਤੇ ਮੈਡੀਕਲ ਸਿੱਖਿਆ ਅਤੇ ਖੋਜ ਵਿਭਾਗ ਵਿੱਚ 15 ਪ੍ਰੋਫੈਸਰ ਅਤੇ ਸਹਾਇਕ ਪ੍ਰੋਫੈਸਰ ਸ਼ਾਮਲ ਹਨ। ਉਨ੍ਹਾ ਜ਼ੋਰ ਦੇ ਕੇ ਕਿਹਾ ਕਿ ਪੰਜਾਬ ਸਰਕਾਰ ਨੇ ਹੁਣ ਤੱਕ ਪੰਜਾਬ ਭਰ ਵਿੱਚ ਨੌਜਵਾਨਾਂ ਨੂੰ 65,264 ਸਰਕਾਰੀ ਨੌਕਰੀਆਂ ਦਿੱਤੀਆਂ ਹਨ।

ਮੁੱਖ ਮੰਤਰੀ ਨੇ ਕਿਹਾ ਕਿ ਬਿਜਲੀ ਵਿਭਾਗ ਵਿੱਚ ਇਸ ਵੇਲੇ 1,750 ਹੋਰ ਉਮੀਦਵਾਰਾਂ ਦੀ ਭਰਤੀ ਚੱਲ ਰਹੀ ਹੈ ਅਤੇ ਜੂਨ ਤੱਕ ਇਹ ਵੀ ਪੂਰੀ ਹੋ ਜਾਵੇਗੀ।

ਸਾਲ 2022 ਤੋਂ ਪਹਿਲਾਂ ਦੀ ਸਥਿਤੀ ਬਾਰੇ ਗੱਲ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਇਕ ਦਹਾਕੇ ਤੋਂ ਵੱਧ ਸਮੇਂ ਤੱਕ ਪੰਜਾਬ ਦੇ ਨੌਜਵਾਨਾਂ ਨੂੰ ਲਗਾਤਾਰ ਸਰਕਾਰਾਂ ਦੁਆਰਾ ਸਰਕਾਰੀ ਨੌਕਰੀਆਂ ਤੋਂ ਵਾਂਝਾ ਰੱਖਿਆ ਗਿਆ। ਉਨ੍ਹਾ ਕਿਹਾ ਕਿ ਇਹ ਮੰਦਭਾਗਾ ਹੈ ਕਿ ਲਗਭਗ ਇਕ ਦਹਾਕੇ ਤੋਂ ਵੱਧ ਸਮੇਂ ਤੱਕ ਪੰਜਾਬ ਦੇ ਨੌਜਵਾਨਾਂ ਨੂੰ ਲਗਾਤਾਰ ਸਰਕਾਰੀ ਨੌਕਰੀਆਂ ਨਹੀਂ ਦਿੱਤੀਆਂ ਗਈਆਂ। ਇਨ੍ਹਾਂ ਸਾਡੀਆਂ ਪੀੜ੍ਹੀਆਂ ਦਾ ਭਵਿੱਖ ਤਬਾਹ ਕਰ ਦਿੱਤਾ, ਜਿਸ ਕਾਰਨ ਉਹ ਕਿਸੇ ਵੀ ਤਰ੍ਹਾਂ ਰਹਿਮ ਦੇ ਹੱਕਦਾਰ ਨਹੀਂ ਹਨ। ਸਮਾਗਮ ਵਾਲੀ ਥਾਂ ਦਾ ਜ਼ਿਕਰ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਭਾਵੇਂ ਇਸ ਨੂੰ ਵਿਕਾਸ ਭਵਨ ਕਿਹਾ ਜਾਂਦਾ ਹੈ, ਪਰ ਇੱਥੋਂ ਵੱਡੀ ਗਿਣਤੀ ਵਿੱਚ ਨੌਕਰੀਆਂ ਮਿਲਣ ਕਾਰਨ ਇਸ ਦਾ ਨਾਂਅ 'ਅਪਾਇੰਟਮੈਂਟ ਲੈਟਰ ਭਵਨ' ਰੱਖਿਆ ਜਾ ਸਕਦਾ ਹੈ। ਉਹਨਾ ਕਿਹਾ, 'ਮੈਂ ਪੰਜਾਬ ਦੇ ਨੌਜਵਾਨਾਂ ਦੇ ਹੱਥਾਂ 'ਚ ਨਸ਼ਿਆਂ ਦੇ ਟੀਕਿਆਂ ਦੀ ਥਾਂ ਲੰਚ ਬਾਕਸ ਦੇਖਣਾ ਚਾਹੁੰਦਾਂ ਹਾਂ।'

## ਖਹਿਰਾ ਖ਼ਿਲਾਫ਼ ਕਾਰਵਾਈ ਨੂੰ ਲੈ ਕੇ ਦੋ ਮਤੇ ਪਾਸ

**ਚੰਡੀਗੜ੍ਹ** : ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਵੱਲੋਂ ਕਾਂਗਰਸੀ ਵਿਧਾਇਕ ਸੁਖਪਾਲ ਸਿੰਘ ਖਹਿਰਾ ਵੱਲੋਂ ਪਿਛਲੇ ਦਿਨੀਂ ਸੋਸ਼ਲ ਮੀਡੀਆ 'ਤੇ ਆਪ ਵਿਧਾਇਕਾਂ ਨੂੰ ਬੰਧੂਆ ਮਜ਼ਦੂਰ ਕਹਿਣ ਲਈ ਵਿਸ਼ੇਸ਼ ਅਧਿਕਾਰਾਂ ਦੀ ਉਲੰਘਣਾ ਦਾ ਮਤਾ ਪੇਸ਼ ਕੀਤਾ। ਉਨ੍ਹਾ ਕਿਹਾ ਕਿ ਸੁਖਪਾਲ ਖਹਿਰਾ ਵੱਲੋਂ ਇਸ ਟਿੱਪਣੀ ਲਈ ਮੁਆਫੀ ਮੰਗਣ ਤੋਂ ਵੀ ਇਨਕਾਰ ਕਰ ਦਿੱਤਾ ਹੈ, ਇਹ ਲੋਕਾਂ ਵੱਲੋਂ ਚੁਣੇ ਹੋਏ ਨੁਮਾਇੰਦਿਆਂ ਦੀ ਬੇਇੱਜ਼ਤੀ ਕਰਨਾ ਹੈ। ਇਸ ਲਈ ਇਸ ਮਾਮਲੇ 'ਤੇ ਬਣਦੀ ਕਾਰਵਾਈ ਕਰਨ ਲਈ ਵਿਸ਼ੇਸ਼ ਅਧਿਕਾਰ ਕਮੇਟੀ ਨੂੰ ਭੇਜਿਆ ਜਾਵੇ। ਪੰਜਾਬ ਵਿਧਾਨ ਸਭਾ ਵਿੱਚ ਹਰਪਾਲ ਸਿੰਘ ਚੀਮਾ ਵੱਲੋਂ ਪੇਸ਼ ਕੀਤਾ ਗਿਆ ਮਤਾ ਸਰਬ-ਸੰਮਤੀ ਨਾਲ ਪਾਸ ਕੀਤਾ ਗਿਆ। ਲੁਧਿਆਣਾ ਦੱਖਣੀ ਤੋਂ ਵਿਧਾਇਕ ਰਜਿੰਦਰ ਪਾਲ ਕੌਰ ਵੱਲੋਂ ਸੁਖਪਾਲ ਖਹਿਰਾ ਵੱਲੋਂ ਪਿਛਲੇ ਦਿਨੀਂ ਸੋਸ਼ਲ ਮੀਡੀਆ ਉੱਤੇ ਔਰਤਾਂ ਸੰਬੰਧੀ ਟਿੱਪਣੀ ਨੂੰ ਲੈ ਕੇ ਵਿਸ਼ੇਸ਼ ਅਧਿਕਾਰਾਂ ਦੀ ਉਲੰਘਣਾ ਦਾ ਮਤਾ ਪੇਸ਼ ਕੀਤਾ ਗਿਆ। ਉਨ੍ਹਾ ਕਿਹਾ ਕਿ ਇਹ ਔਰਤ ਸਮਾਜ ਦਾ ਨਿਰਾਦਰ ਕਦੇ ਵੀ ਸਵੀਕਾਰ ਨਹੀਂ ਕੀਤਾ ਜਾਵੇਗਾ। ਉਨ੍ਹਾ ਕਿਹਾ ਕਿ ਇਸ ਮਾਮਲੇ ਨੂੰ ਵਿਸ਼ੇਸ਼ ਅਧਿਕਾਰ ਕਮੇਟੀ ਕੋਲ ਭੇਜਿਆ ਜਾਵੇ, ਤਾਂ ਜੋ ਖਹਿਰਾ ਖਿਲਾਫ਼ ਬਣਦੀ ਕਾਰਵਾਈ ਕੀਤੀ ਜਾ ਸਕੇ। ਵਿਧਾਇਕ ਰਜਿੰਦਰ ਪਾਲ ਕੌਰ ਵੱਲੋਂ ਪੇਸ਼ ਕੀਤਾ ਗਿਆ ਮਤਾ ਸਰਬ-ਸੰਮਤੀ ਨਾਲ ਪਾਸ ਕੀਤਾ ਗਿਆ ਹੈ। ਇਸ ਤੋਂ ਪਹਿਲਾਂ ਪੰਜਾਬ ਵਿਧਾਨ ਸਭਾ ਦੇ ਬਜਟ ਇਜਲਾਸ ਦੇ ਛੇਵੇਂ ਦਿਨ ਸ਼ੁਰੂਆਤ ਵਿੱਚ ਪ੍ਰਸ਼ਨ ਕਾਲ ਦੌਰਾਨ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਜਲਦ ਹੀ ਲੈਕਚਰਾਰਾਂ ਦੀ ਭਰਤੀ ਕੀਤੀ ਜਾਵੇਗੀ। ਉਨ੍ਹਾ ਕਿਹਾ ਕਿ ਮੁੱਖ ਵਿਸ਼ਿਆਂ ਦੇ ਅਧਿਆਪਕਾਂ ਨੂੰ ਛੱਡ ਕੇ ਹੋਰਨਾਂ ਵਿਸ਼ਿਆਂ ਦੇ ਅਧਿਆਪਕਾਂ ਦੀਆਂ ਲੋੜ ਪੈਣ 'ਤੇ ਹੀ ਸਰਕਾਰੀ ਕੰਮਕਾਜ ਲਈ ਡਿਊਟੀਆਂ ਲਗਾਈਆਂ ਜਾਣਗੀਆਂ। ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਪ੍ਰਸ਼ਨਕਾਲ ਦੌਰਾਨ ਕਿਹਾ ਕਿ ਸੂਬਾ ਸਰਕਾਰ ਵੱਲੋਂ ਸਕੂਲੀ ਵਿਦਿਆਰਥੀਆਂ ਨੂੰ ਸਕੂਲ ਲੈ ਕੇ ਜਾਣ ਲਈ ਦਿੱਤੀ ਜਾਣ ਵਾਲੀ ਟਰਾਂਸਪੋਰਟ ਸਹੂਲਤ ਨੂੰ ਸੂਬੇ ਵਿੱਚ ਹੋਰ ਵਧਾਇਆ ਜਾਵੇਗਾ। ਉਹਨਾਂ ਪੰਜਾਬ ਦੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਚ ਨੂੰ ਅਪੀਲ ਕੀਤੀ ਕਿ ਉਹ ਇਸ ਸੰਬੰਧੀ ਤਜਵੀਜ਼ ਤਿਆਰ ਕਰਨ ਤਾਂ ਜੋ ਹੋਰਨਾਂ ਸਕੂਲਾਂ ਦੇ ਵਿਦਿਆਰਥੀਆਂ ਨੂੰ ਵੀ ਇਸ ਦਾ ਲਾਭ ਦਿੱਤਾ ਜਾ ਸਕੇ। ਸਿੱਖਿਆ ਮੰਤਰੀ ਬੈਂਸ ਨੇ ਕਿਹਾ ਕਿ ਪੰਜਾਬ ਦੇ 200 ਸਰਕਾਰੀ ਸਕੂਲਾਂ ਵਿੱਚ ਮੌਜੂਦਾ ਸਮੇਂ ਟਰਾਂਸਪੋਰਟੇਸ਼ਨ ਦੀ ਸਹੂਲਤ ਸਫਲਤਾ-ਪੂਰਵਕ ਦਿੱਤੀ ਜਾ ਰਹੀ ਹੈ।

### ਖਹਿਰਾ ਦੀ ਥਾਂ ਵਕੀਲ ਪੇਸ਼

**ਮੋਹਾਲੀ** : ਪੰਜਾਬ ਵਿੱਚ ਮਹਿਲਾਵਾਂ ਨੂੰ ਪ੍ਰਤੀ ਮਹੀਨਾ 1000-1500 ਰੁਪਏ ਦਿੱਤੇ ਜਾਣ ਸੰਬੰਧੀ ਵਿਧਾਇਕ ਸੁਖਪਾਲ ਖਹਿਰਾ ਦੀ ਪੋਸਟ ਨੂੰ ਲੈ ਕੇ ਮਹਿਲਾ ਕਮਿਸ਼ਨ ਵੱਲੋਂ ਉਨ੍ਹਾਂ ਨੂੰ ਤਲਬ ਕੀਤਾ ਗਿਆ ਸੀ। ਇਸ ਸੰਬੰਧੀ ਵੀਰਵਾਰ ਨੂੰ ਖਹਿਰਾ ਦਾ ਪੁੱਤਰ ਐਡਵੋਕੇਟ ਮਹਿਤਾਬ ਸਿੰਘ ਖਹਿਰਾ ਅਤੇ ਐਡਵੋਕੇਟ ਕੰਵਰ ਸਿੱਧੂ ਸਵੇਰੇ 11.10 ਵਜੇ ਦੇ ਕਰੀਬ ਮੋਹਾਲੀ ਵਿਖੇ ਮਹਿਲਾ ਕਮਿਸ਼ਨ ਸਾਹਮਣੇ ਪੇਸ਼ ਹੋਏ। ਮਹਿਲਾ ਕਮਿਸ਼ਨ ਦੇ ਦਫ਼ਤਰ ਦੇ ਬਾਹਰ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਉਨ੍ਹਾ ਕਿਹਾ ਕਿ ਉਨ੍ਹਾਂ ਵੱਲੋਂ ਮਹਿਲਾ ਕਮਿਸ਼ਨ ਤੋਂ ਇੱਕ ਹਫ਼ਤੇ ਦਾ ਸਮਾਂ ਜਵਾਬ ਦੇਣ ਲਈ ਮੰਗਿਆ ਗਿਆ ਹੈ। ਉਨ੍ਹਾਂ ਵੱਲੋਂ ਦਲੀਲ ਦਿੱਤੀ ਗਈ ਹੈ ਕਿ ਐੱਸ ਐੱਸ ਪੀ ਕਪੂਰਥਲਾ ਨੂੰ ਨੋਟਿਸ ਭੇਜ ਕੇ ਵਿਧਾਇਕ ਖਹਿਰਾ ਦੀ ਸਟੇਟਸ ਰਿਪੋਰਟ ਮੰਗੀ ਗਈ ਹੈ, ਜਦ ਕਿ ਵਿਧਾਇਕ ਖਹਿਰਾ ਨੂੰ ਸਿੱਧਾ ਕੋਈ ਨੋਟਿਸ ਨਹੀਂ ਭੇਜਿਆ ਗਿਆ। ਉਨ੍ਹਾ ਕਿਹਾ ਕਿ ਉਹ ਸਿਰਫ ਸੋਸ਼ਲ ਮੀਡੀਆ 'ਤੇ ਜਾਰੀ ਨੋਟਿਸ ਨੂੰ ਪੜ੍ਹ ਕੇ ਅੱਜ ਪੱਖ ਰੱਖਣ ਲਈ ਆਏ ਹਨ। ਵਕੀਲਾਂ ਨੇ ਦਾਅਵਾ ਕੀਤਾ ਕਿ ਮਹਿਲਾ ਕਮਿਸ਼ਨ ਵੱਲੋਂ ਸੁਖਪਾਲ ਸਿੰਘ ਖਹਿਰਾ ਨੂੰ ਇੱਕ ਹਫਤੇ ਦਾ ਸਮਾਂ ਆਪਣਾ ਜਵਾਬ ਦਾਖਲ ਕਰਨ ਲਈ ਦਿੱਤਾ ਗਿਆ ਹੈ।

## ਇਨਫੋਸਿਸ ਦੇ 286 ਕਰੋੜ ਦੇ ਕੈਂਪਸ ਦਾ ਨੀਂਹ ਪੱਥਰ ਰੱਖਿਆ

**ਮੁਹਾਲੀ, (ਗੁਰਜੀਤ ਬਿੱਲਾ, ਕ੍ਰਿਸ਼ਨ ਗਰਗ)**




ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਵੀਰਵਾਰ ਆਖਿਆ ਕਿ ਪੰਜਾਬ ਆਪਣੀ ਉਦਯੋਗਿਕ ਤਰੱਕੀ ਵਿੱਚ ਫੈਸਲਾਕੁਨ ਬਦਲਾਅ ਦੇਖ ਰਿਹਾ ਹੈ, 2022 ਤੋਂ ਪਹਿਲਾਂ ਵਾਲੀ ਲੁੱਟ-ਖਸੁੱਟ ਤੋਂ ਬਾਅਦ ਹੁਣ ਵਿਸ਼ਵ-ਵਿਆਪੀ ਨਿਵੇਸ਼ਕ ਸੂਬੇ ਵਿੱਚ ਵਾਪਸ ਆ ਰਹੇ ਹਨ। ਮੁਹਾਲੀ ਵਿੱਚ ਇਨਫੋਸਿਸ ਦੇ 286 ਕਰੋੜ ਰੁਪਏ ਦੇ ਲਾਗਤ ਵਾਲੇ ਕੈਂਪਸ ਦੇ ਨੀਂਹ ਪੱਥਰ ਸਮਾਗਮ ਤੋਂ ਬਾਅਦ ਬੋਲਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਇਹ ਪ੍ਰਾਜੈਕਟ 2,700 ਨੌਜਵਾਨਾਂ ਲਈ ਰੁਜ਼ਗਾਰ ਦੇ ਸਿੱਧੇ ਮੌਕੇ ਅਤੇ ਹਜ਼ਾਰਾਂ ਹੋਰਨਾਂ ਲਈ ਰੁਜ਼ਗਾਰ ਦੇ ਅਸਿੱਧੇ ਮੌਕੇ ਮੁਹੱਈਆ ਕਰੇਗਾ।ਮੁੱਖ ਮੰਤਰੀ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਪੰਜਾਬ ਸਰਕਾਰ ਮਾਰਚ 2022 ਤੋਂ ਲੈ ਕੇ ਹੁਣ ਤੱਕ 1.55 ਲੱਖ ਕਰੋੜ ਰੁਪਏ ਤੋਂ ਵੱਧ ਦੇ ਨਿਵੇਸ਼ ਪ੍ਰਸਤਾਵ ਪਹਿਲਾਂ ਹੀ ਪ੍ਰਾਪਤ ਕਰ ਚੁੱਕੀ ਹੈ, ਜਿਸ ਨਾਲ 5.44 ਲੱਖ ਤੋਂ ਵੱਧ ਨੌਜਵਾਨਾਂ ਲਈ ਰੁਜ਼ਗਾਰ ਦੇ ਮੌਕੇ ਪੈਦਾ ਹੋਏ ਹਨ। ਉਨ੍ਹਾ ਕਿਹਾ ਕਿ ਮੁਹਾਲੀ ਵਿੱਚ 13 ਤੋਂ 15 ਮਾਰਚ ਤੱਕ ਹੋਣ ਵਾਲਾ ਪ੍ਰਗਤੀਸ਼ੀਲ ਪੰਜਾਬ ਨਿਵੇਸ਼ ਸੰਮੇਲਨ ਸੂਬੇ ਦੀ ਉਦਯੋਗਿਕ ਤਰੱਕੀ ਲਈ ਯਾਦਗਾਰੀ ਪਲ ਹੋਵੇਗਾ, ਜਿਸ ਵਿੱਚ ਅਗਲੇ ਤਿੰਨ ਦਿਨ ਪੰਜਾਬ ਦੇ ਆਰਥਿਕ ਵਿਕਾਸ ਲਈ ਸਫ਼ਲਤਾ ਦੀ ਨਵੀਂ ਕਹਾਣੀ ਲਿਖਣਗੇ।ਸੂਚਨਾ ਤਕਨਾਲੋਜੀ ਵਿੱਚ ਵਿਸ਼ਵ ਪ੍ਰਸਿੱਧ ਕੰਪਨੀ ਇਨਫੋਸਿਸ ਦੇ ਨੁਮਾਇੰਦਿਆਂ ਦਾ ਸਵਾਗਤ ਕਰਦੇ ਹੋਏ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਪੰਜਾਬ ਸਰਕਾਰ ਦੀਆਂ ਉਦਯੋਗ-ਪੱਖੀ ਨੀਤੀਆਂ ਵਿੱਚ ਵਿਸ਼ਵਾਸ ਪ੍ਰਗਟ ਕਰਨ ਲਈ ਉਨ੍ਹਾਂ ਦਾ ਧੰਨਵਾਦ ਕੀਤਾ।

ਮਾਨ ਨੇ ਕਿਹਾ, 'ਅੱਜ ਪੰਜਾਬ ਲਈ ਖ਼ਾਸ ਕਰ ਕੇ ਉਦਯੋਗਿਕ ਖੇਤਰ ਲਈ ਇਤਿਹਾਸਕ ਦਿਨ ਹੈ। ਮੈਂ

• ਬਾਕੀ ਸਫਾ 2 'ਤੇ

## ਸ਼ਬੀਰ ਸ਼ਾਹ ਨੂੰ ਮਿਲੀ ਜ਼ਮਾਨਤ



**ਨਵੀਂ ਦਿੱਲੀ** : ਸੁਪਰੀਮ ਕੋਰਟ ਨੇ ਵੀਰਵਾਰ ਜੰਮੂ-ਕਸ਼ਮੀਰ ਡੈਮੋਕਰੇਟਿਕ ਫਰੀਡਮ ਪਾਰਟੀ ਦੇ ਆਗੂ ਸ਼ਬੀਰ ਅਹਿਮਦ ਸ਼ਾਹ ਨੂੰ ਜੰਮੂ-ਕਸ਼ਮੀਰ ਵਿੱਚ ਦਹਿਸ਼ਤਗਰਦਾਂ ਨੂੰ ਫੰਡਿੰਗ ਤੇ ਵੱਖਵਾਦੀ ਸਰਗਰਮੀਆਂ ਦੇ ਮਾਮਲੇ ਵਿੱਚ ਜ਼ਮਾਨਤ ਦੇ ਦਿੱਤੀ। ਜਸਟਿਸ ਵਿਕਰਮ ਨਾਥ ਤੇ ਜਸਟਿਸ ਸੰਦੀਪ ਮਹਿਤਾ ਦੀ ਬੈਂਚ ਨੇ ਕੌਮੀ ਜਾਂਚ ਏਜੰਸੀ (ਐੱਨ ਆਈ ਏ) ਵੱਲੋਂ ਦਰਜ ਮਾਮਲੇ ਵਿੱਚ ਦਿੱਲੀ ਹਾਈ ਕੋਰਟ ਵੱਲੋਂ ਜ਼ਮਾਨਤ ਤੋਂ ਨਾਂਹ ਕਰਨ ਦੇ 12 ਜੂਨ 2025 ਦੇ ਫੈਸਲੇ ਵਿਰੁੱਧ ਅਪੀਲ ਦੀ ਸੁਣਵਾਈ ਕਰਦਿਆਂ ਸ਼ਾਹ ਨੂੰ ਰਾਹਤ ਦਿੱਤੀ ਹੈ। ਸ਼ਾਹ 'ਤੇ ਦੋਸ਼ ਸੀ ਕਿ ਉਸ ਨੇ ਲੋਕਾਂ ਨੂੰ ਵੱਖਵਾਦ ਦੇ ਹੱਕ ਵਿੱਚ ਨਾਅਰੇ ਲੁਆ ਕੇ, ਮਾਰੇ ਜਾਣ ਵਾਲੇ ਦਹਿਸ਼ਤਗਰਦਾਂ ਨੂੰ ਸ਼ਹੀਦ ਕਰਾਰ ਦੇ ਕੇ ਜੰਮੂ-ਕਸ਼ਮੀਰ ਵਿੱਚ ਅੱਤਵਾਦੀਆਂ ਤੇ ਵੱਖਵਾਦੀਆਂ ਨੂੰ ਉਤਸ਼ਾਹਤ ਕੀਤਾ। ਉਸ ਨੇ ਹਵਾਲਾ ਅਤੇ ਲਾਈਨ ਆਫ ਕੰਟਰੋਲ ਰਾਹੀਂ ਵਪਾਰ ਕਰਕੇ ਫੰਡ ਇਕੱਠਾ ਕੀਤਾ। ਉਹ 'ਆਜ਼ਾਦੀ' ਦੇ ਪਰਦੇ ਹੇਠ ਜੰਮੂ-ਕਸ਼ਮੀਰ ਨੂੰ ਭਾਰਤ ਨਾਲੋਂ ਅੱਡ ਕਰਾਉਣ ਲਈ ਸਰਗਰਮ ਸੀ। ਸ਼ਬੀਰ ਸ਼ਾਹ 4 ਜੂਨ 2019 ਤੋਂ ਜੇਲ੍ਹ ਵਿੱਚ ਸੀ। ਸੁਪਰੀਮ ਕੋਰਟ ਨੇ ਕਿਹਾ ਕਿ ਉਹ ਕਾਫੀ ਚਿਰ ਤੋਂ ਜੇਲ੍ਹ ਵਿੱਚ ਹੈ ਤੇ ਮੁਕੱਦਮਾ ਕਿਸੇ ਪਾਸੇ ਲੱਗ ਨਹੀਂ ਰਿਹਾ।

### ਨੌਜਵਾਨ ਫਸਟ ਕਲਾਸ ਮੈਜਿਸਟ੍ਰੇਟ ਦੀ ਮੌਤ

**ਹੁਸ਼ਿਆਰਪੁਰ** : ਹੁਸ਼ਿਆਰਪੁਰ ਵਿੱਚ ਨਿਆਂਇਕ ਮੈਜਿਸਟਰੇਟ ਫਸਟ ਕਲਾਸ ਵਜੋਂ ਸੇਵਾ ਨਿਭਾਅ ਰਹੇ ਨੌਜਵਾਨ ਨਿਆਂਇਕ ਅਧਿਕਾਰੀ ਪੰਕਜ ਗਰਗ ਦਾ ਦੇਹਾਂਤ ਹੋ ਗਿਆ। ਉਨ੍ਹਾਂ ਦੀ ਅਚਨਚੇਤ ਮੌਤ ਕਾਰਨ ਖੇਤਰ ਦੇ ਨਿਆਂਇਕ ਭਾਈਚਾਰੇ ਅਤੇ ਕਾਨੂੰਨੀ ਹਲਕਿਆਂ ਵਿੱਚ ਸੋਗ ਦੀ ਲਹਿਰ ਹੈ। ਪੰਕਜ ਗਰਗ ਅਸਲ ਵਿੱਚ ਹਰਿਆਣਾ ਦੇ ਸਿਰਸਾ ਜ਼ਿਲ੍ਹੇ ਦੇ ਕਾਲਾਂਵਾਲੀ ਕਸਬੇ ਦੇ ਰਹਿਣ ਵਾਲੇ ਸਨ। ਉਹ ਨਿਆਂਇਕ ਸੇਵਾਵਾਂ ਵਿੱਚ ਆਪਣੀ ਡਿਊਟੀ ਨਿਭਾਅ ਰਹੇ ਸਨ ਅਤੇ ਹੁਸ਼ਿਆਰਪੁਰ ਵਿੱਚ ਤਾਇਨਾਤ ਸਨ। ਇੱਕ ਸੀਨੀਅਰ ਪੁਲਸ ਅਧਿਕਾਰੀ ਨੇ ਦੱਸਿਆ ਕਿ ਮੌਤ ਦਾ ਸੰਭਾਵੀ ਕਾਰਨ ਦਿਲ ਦਾ ਦੌਰਾ ਹੋ ਸਕਦਾ ਹੈ। ਅਧਿਕਾਰੀਆਂ ਨੇ ਅਜੇ ਤੱਕ ਗਰਗ ਦੀ ਮੌਤ ਬਾਰੇ ਵਿਸਤ੍ਰਿਤ ਜਾਣਕਾਰੀ ਸਾਂਝੀ ਨਹੀਂ ਕੀਤੀ ਹੈ।

### ਮੂਸੇਵਾਲਾ ਕਤਲ ਮਾਮਲੇ 'ਚ ਪਵਨ ਬਿਸ਼ਨੋਈ ਤੇ ਜਗਤਾਰ ਸਿੰਘ ਦੀ ਜ਼ਮਾਨਤ

**ਨਵੀਂ ਦਿੱਲੀ** : ਸੁਪਰੀਮ ਕੋਰਟ ਨੇ ਪੰਜਾਬੀ ਗਾਇਕ ਸਿੱਧੂ ਮੂਸੇਵਾਲਾ ਦੇ 2022 ਦੇ ਕਤਲ ਮਾਮਲੇ ਨਾਲ ਸੰਬੰਧਤ ਦੋ ਮੁਲਜ਼ਮਾਂ ਪਵਨ ਬਿਸ਼ਨੋਈ ਅਤੇ ਜਗਤਾਰ ਸਿੰਘ ਨੂੰ ਜ਼ਮਾਨਤ ਦੇ ਦਿੱਤੀ ਹੈ। ਅਦਾਲਤ ਨੇ ਇਹ ਫੈਸਲਾ ਮੁਲਜ਼ਮਾਂ ਦੀ ਹਿਰਾਸਤ ਦੀ ਮਿਆਦ ਅਤੇ ਇਸ ਹਾਈ-ਪ੍ਰੋਫਾਈਲ ਕੇਸ ਦੇ ਟਰਾਇਲ (ਸੁਣਵਾਈ) ਦੀ ਪੜਚੋਲ ਕਰਨ ਤੋਂ ਬਾਅਦ ਲਿਆ ਹੈ। ਪੰਜਾਬੀ ਗਾਇਕ ਅਤੇ ਰੈਪਰ ਸਿੱਧੂ ਮੂਸੇਵਾਲਾ ਦਾ 29 ਮਈ 2022 ਨੂੰ ਪੰਜਾਬ ਦੇ ਮਾਨਸਾ ਜ਼ਿਲ੍ਹੇ ਦੇ ਪਿੰਡ ਜਵਾਹਰਕੇ ਵਿੱਚ ਗੋਲੀਆਂ ਮਾਰ ਕੇ ਕਤਲ ਕਰ ਦਿੱਤਾ ਗਿਆ ਸੀ। ਪੁਲਸ ਨੇ ਇਸ ਮਾਮਲੇ ਵਿੱਚ 1,850 ਪੰਨਿਆਂ ਦੀ ਚਾਰਜਸ਼ੀਟ ਦਾਇਰ ਕੀਤੀ ਸੀ।

### ਮੀਤ ਹੇਅਰ ਹੋਣਗੇ ਪੀ ਸੀ ਏ ਦੇ ਨਵੇਂ ਸਕੱਤਰ

**ਮੁਹਾਲੀ** : ਸੰਗਰੂਰ ਤੋਂ ਆਮ ਆਦਮੀ ਪਾਰਟੀ ਦੇ ਸੰਸਦ ਮੈਂਬਰ ਗੁਰਮੀਤ ਸਿੰਘ ਮੀਤ ਹੇਅਰ ਜਲਦੀ ਹੀ ਪੰਜਾਬ ਕ੍ਰਿਕਟ ਐਸੋਸੀਏਸ਼ਨ ਦੇ ਨਵੇਂ ਸੈਕਟਰੀ ਬਣਨਗੇ। 36 ਸਾਲਾ ਹੇਅਰ ਇਸ ਅਹੁਦੇ ਲਈ ਨਾਮਜ਼ਦਗੀ ਭਰਨ ਵਾਲੇ ਇਕਲੌਤੇ ਉਮੀਦਵਾਰ ਸਨ। ਬੁੱਧਵਾਰ ਨਾਮਜ਼ਦਗੀ ਦੀ ਮਿਆਦ ਖਤਮ ਹੋਣ ਤੱਕ ਕਿਸੇ ਹੋਰ ਨੇ ਫਾਰਮ ਨਹੀਂ ਭਰਿਆ। ਉਨ੍ਹਾ ਦੇ ਨਾਂਅ ਦਾ ਰਸਮੀ ਐਲਾਨ 21 ਮਾਰਚ ਨੂੰ ਕੀਤਾ ਜਾਵੇਗਾ। ਇਹ ਅਹੁਦਾ 25 ਜੁਲਾਈ 2025 ਨੂੰ ਖਾਲੀ ਹੋਇਆ ਸੀ ਜਦੋਂ ਮੁਹਾਲੀ ਦੇ ਵਿਧਾਇਕ ਕੁਲਵੰਤ ਸਿੰਘ ਨੇ ਆਪਣੀਆਂ ਹੋਰ ਜ਼ਿੰਮੇਵਾਰੀਆਂ ਦਾ ਹਵਾਲਾ ਦਿੰਦੇ ਹੋਏ ਅਸਤੀਫਾ ਦੇ ਦਿੱਤਾ ਸੀ।

## ਹੋਰਮੁਜ਼ ਜਲ ਮਾਰਗ ਬੰਦ ਰੱਖਿਆ ਜਾਵੇਗਾ ਤੇ ਹਮਲੇ ਰਹਿਣਗੇ ਜਾਰੀ : ਖਾਮਨੇਈ

**ਤਹਿਰਾਨ** : ਈਰਾਨ ਦੇ ਨਵੇਂ ਸੁਪਰੀਮ ਲੀਡਰ ਆਇਤੁੱਲਾ ਮੁਜਤਬਾ ਖਾਮਨੇਈ ਨੇ ਸੁਪਰੀਮ ਲੀਡਰ ਬਣਨ ਤੋਂ ਬਾਅਦ ਪਹਿਲਾ ਬਿਆਨ ਜਾਰੀ ਕਰਦਿਆਂ ਕਿਹਾ ਕਿ ਹੋਰਮੁਜ਼ ਜਲ ਮਾਰਗ ਨੂੰ ਦਬਾਅ ਬਣਾਉਣ ਲਈ ਹਾਲ ਦੀ ਘੜੀ ਬੰਦ ਰੱਖਿਆ ਜਾਵੇਗਾ। ਉਨ੍ਹਾਂ ਇਹ ਵੀ ਐਲਾਨ ਕੀਤਾ ਕਿ ਖਾੜੀ ਦੇ ਅਰਬ ਗੁਆਂਢੀ ਦੇਸ਼ਾਂ 'ਤੇ ਇਰਾਨ ਦੇ ਹਮਲੇ ਜਾਰੀ ਰਹਿਣਗੇ। ਅਹੁਦਾ ਸੰਭਾਲਣ ਤੋਂ ਬਾਅਦ ਉਨ੍ਹਾਂ ਦਾ ਇਹ ਪਹਿਲਾ ਬਿਆਨ ਵੀਰਵਾਰ ਨੂੰ ਸਰਕਾਰੀ ਟੈਲੀਵਿਜ਼ਨ 'ਤੇ ਇੱਕ ਨਿਊਜ਼ ਐਂਕਰ ਵਲੋਂ ਪੜ੍ਹ ਕੇ ਸੁਣਾਇਆ ਗਿਆ।

ਈਰਾਨ ਨੇ ਦੁਬਈ ਦੇ ਤੱਟ 'ਤੇ ਇੱਕ ਕੰਟੇਨਰ ਜਹਾਜ਼ ਨੂੰ ਨਿਸ਼ਾਨਾ ਬਣਾਇਆ, ਬਹਿਰੀਨ ਦੇ ਅੰਤਰਰਾਸ਼ਟਰੀ ਹਵਾਈ ਅੱਡੇ ਦੇ ਨੇੜੇ ਅੱਗ ਲਗਾਈ, ਇੱਕ ਡਰੋਨ ਹਮਲੇ ਨਾਲ ਸਾਊਦੀ ਅਰਬ ਦੇ ਇੱਕ ਵੱਡੇ ਤੇਲ ਖੇਤਰ ਨੂੰ ਨਿਸ਼ਾਨਾ ਬਣਾਇਆ ਅਤੇ ਫਾਰਸ ਦੀ ਖਾੜੀ ਵਿੱਚ ਬਸਰਾ ਬੰਦਰਗਾਹ 'ਤੇ ਹਮਲੇ ਤੋਂ ਬਾਅਦ ਇਰਾਕ ਨੂੰ ਦੇਸ਼ ਦੇ ਸਾਰੇ ਤੇਲ ਟਰਮੀਨਲਾਂ 'ਤੇ ਕੰਮ ਰੋਕਣ ਲਈ ਮਜਬੂਰ ਕਰ ਦਿੱਤਾ ਹੈ।



ਆਬਕਾਰੀ ਕੇਸ ਵਿੱਚੋਂ ਬਰੀ ਹੋਣ ਮਗਰੋਂ ਆਮ ਆਦਮੀ ਪਾਰਟੀ ਦੇ ਸੁਪਰੀਮੋ ਅਰਵਿੰਦ ਕੇਜਰੀਵਾਲ ਨੇ ਆਪਣੇ ਪਰਵਾਰ ਸਮੇਤ ਵੀਰਵਾਰ ਸ੍ਰੀ ਹਰਿਮੰਦਰ ਸਾਹਿਬ ਅੰਮ੍ਰਿਤਸਰ ਵਿਖੇ ਸ਼ੁਕਰਾਨੇ ਵਜੋਂ ਮੱਥਾ ਟੇਕਿਆ। ਇਸ ਮੌਕੇ ਉਨ੍ਹਾ ਨਾਲ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੇ ਉਨ੍ਹਾ ਦੀ ਪਤਨੀ ਡਾ. ਗੁਰਪ੍ਰੀਤ ਕੌਰ ਵੀ ਨਜ਼ਰ ਆ ਰਹੇ ਹਨ।

## 672 ਸਟਾਫ਼ ਨਰਸਾਂ ਭਰਤੀ ਕੀਤੀਆਂ ਜਾਣਗੀਆਂ

**ਚੰਡੀਗੜ੍ਹ, (ਗੁਰਜੀਤ ਬਿੱਲਾ/ ਕ੍ਰਿਸ਼ਨ ਗਰਗ)**-ਜਨਤਕ ਸਿਹਤ ਸੰਭਾਲ ਪ੍ਰਣਾਲੀ ਨੂੰ ਹੋਰ ਮਜ਼ਬੂਤ ਕਰਨ ਦੀ ਦਿਸ਼ਾ ਵਿੱਚ ਇੱਕ ਵੱਡਾ ਕਦਮ ਚੁੱਕਦਿਆਂ ਭਗਵੰਤ ਮਾਨ ਸਰਕਾਰ ਨੇ ਸਰਕਾਰੀ ਸਿਹਤ ਸੰਸਥਾਵਾਂ ਵਿੱਚ ਬਿਹਤਰ ਸੇਵਾਵਾਂ ਮੁਹੱਈਆ ਕਰਨ ਲਈ 672 ਸਟਾਫ਼ ਨਰਸਾਂ ਦੀ ਭਰਤੀ ਲਈ ਇਸ਼ਤਿਹਾਰ ਜਾਰੀ ਕੀਤਾ ਹੈ। ਇਹ ਇਸ਼ਤਿਹਾਰ ਪ੍ਰਮੁੱਖ ਅਖ਼ਬਾਰਾਂ ਵਿੱਚ ਪ੍ਰਕਾਸ਼ਤ ਕੀਤਾ ਗਿਆ ਹੈ, ਜਿਸ ਵਿੱਚ ਯੋਗ ਉਮੀਦਵਾਰਾਂ ਨੂੰ ਬਾਬਾ ਫ਼ਰੀਦ ਯੂਨੀਵਰਸਿਟੀ ਆਫ਼ ਹੈੱਲਥ ਸਾਇੰਸਜ਼, ਫਰੀਦਕੋਟ ਦੇ ਅਧਿਕਾਰਤ ਆਨਲਾਈਨ ਪੋਰਟਲ ਰਾਹੀਂ ਅਰਜ਼ੀ ਦੇਣੀ ਹੋਵੇਗੀ।ਇਹ ਆਨਲਾਈਨ ਅਰਜ਼ੀ ਪੋਰਟਲ 13 ਮਾਰਚ ਤੋਂ 02 ਅਪ੍ਰੈਲ ਤੱਕ ਖੁੱਲ੍ਹਾ ਰਹੇਗਾ। ਇਹਨਾਂ ਅਸਾਮੀਆਂ ਲਈ ਉਮੀਦਵਾਰ ਸਿਹਤ ਅਤੇ ਪਰਵਾਰ ਭਲਾਈ ਵਿਭਾਗ ਪੰਜਾਬ ਅਧੀਨ ਆਪਣੀਆਂ ਅਰਜ਼ੀਆਂ ਯੂਨੀਵਰਸਿਟੀ ਦੀ ਅਧਿਕਾਰਤ ਵੈੱਬਸਾਈਟ ਰਾਹੀਂ ਜਮ੍ਹਾਂ ਕਰਵਾ ਸਕਦੇ ਹਨ।ਇਹ ਭਰਤੀ ਪਹਿਲਾਂ ਮਨਜ਼ੂਰ ਕੀਤੀਆਂ ਗਈਆਂ 406 ਸਟਾਫ ਨਰਸ ਅਸਾਮੀਆਂ, ਜਿਨ੍ਹਾਂ ਵਿੱਚੋਂ 275 ਅਸਾਮੀਆਂ ਲਈ ਅਪੁਆਇੰਟਮੈਂਟ ਆਰਡਰਜ਼ ਪਹਿਲਾਂ ਹੀ ਜਾਰੀ ਕੀਤੇ ਜਾ ਚੁੱਕੇ ਹਨ, ਤੋਂ ਵੱਖਰੀ ਹੈ। ਨਿਯੁਕਤ ਕੀਤੀਆਂ ਗਈਆਂ ਇਨ੍ਹਾਂ ਨਰਸਾਂ ਨੂੰ ਪੰਜਾਬ ਭਰ ਦੇ ਵੱਖ-ਵੱਖ ਸਬ-ਡਵੀਜ਼ਨਲ ਹਸਪਤਾਲਾਂ ਅਤੇ ਜ਼ਿਲ੍ਹਾ ਹਸਪਤਾਲਾਂ ਵਿੱਚ ਤਾਇਨਾਤ ਕੀਤਾ ਗਿਆ ਹੈ।

## ਪੰਜਾਬ ਸਰਕਾਰ ਐੈਲ ਪੀ ਜੀ ਸੰਕਟ ਨੂੰ ਲੈ ਕੇ ਪੂਰੀ ਤਰ੍ਹਾਂ ਸੁਚੇਤ : ਭਗਵੰਤ ਮਾਨ

**ਮੁਹਾਲੀ** : ਖਾੜੀ ਦੇਸ਼ਾਂ ਵਿੱਚ ਤਣਾਅ ਕਾਰਨ ਐਲ ਪੀ ਜੀ ਸਿਲੰਡਰਾਂ ਦੀ ਸੰਭਾਵਿਤ ਕਮੀ ਬਾਰੇ ਫੈਲ ਰਹੀਆਂ ਅਫਵਾਹਾਂ ਨੂੰ ਲੈ ਕੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸੂਬਾ ਸਰਕਾਰ ਪੂਰੀ ਤਰ੍ਹਾਂ ਸੁਚੇਤ ਹੈ ਅਤੇ ਸਥਿਤੀ 'ਤੇ ਨੇੜਿਓਂ ਨਜ਼ਰ ਰੱਖੀ ਜਾ ਰਹੀ ਹੈ। ਮੁੱਖ ਮੰਤਰੀ ਨੇ ਸਾਰੇ ਡਿਪਟੀ ਕਮਿਸ਼ਨਰਾਂ ਨੂੰ ਹਦਾਇਤ ਕੀਤੀ ਹੈ ਕਿ ਐਲ ਪੀ ਜੀ ਦੀ ਕਮੀ ਬਾਰੇ ਅਫਵਾਹਾਂ ਫੈਲਾਉਣ ਵਾਲਿਆਂ ਖਿਲਾਫ ਸਖ਼ਤ ਕਾਰਵਾਈ ਕੀਤੀ ਜਾਵੇ ਅਤੇ ਜ਼ਰੂਰੀ ਵਸਤਾਂ ਦੀ ਸਪਲਾਈ ਸੁਚਾਰੂ ਬਣਾਈ ਜਾਵੇ। ਉਨ੍ਹਾਂ ਚੇਤਾਵਨੀ ਦਿੱਤੀ ਕਿ ਜੇ ਕੋਈ ਐਲ ਪੀ ਜੀ ਸਿਲੰਡਰਾਂ ਦੀ ਕਾਲਾਬਾਜ਼ਾਰੀ ਜਾਂ ਨਿਰਧਾਰਤ ਕੀਮਤ ਤੋਂ ਵੱਧ ਪੈਸੇ ਵਸੂਲਦਾ ਪਾਇਆ ਗਿਆ ਤਾਂ ਉਸ ਵਿਰੁੱਧ ਕੜੀ ਕਾਰਵਾਈ ਕੀਤੀ ਜਾਵੇਗੀ।ਮੁੱਖ ਮੰਤਰੀ ਨੇ ਇਹ ਵੀ ਦੱਸਿਆ ਕਿ ਸਿਲੰਡਰਾਂ ਦੀ ਪੂਰੀ ਸਪਲਾਈ ਯਕੀਨੀ ਬਣਾਉਣ ਲਈ ਮਾਮਲਾ ਕੇਂਦਰ ਸਰਕਾਰ ਕੋਲ ਵੀ ਉਠਾਇਆ ਗਿਆ ਹੈ।

## ਅਮਰੀਕਾ ਵੱਲੋਂ ਭਾਰਤ ਸਮੇਤ 16 ਦੇਸ਼ਾਂ ਵਿਰੁੱਧ ਵਪਾਰਕ ਜਾਂਚ

**ਨਵੀਂ ਦਿੱਲੀ** : ਅਮਰੀਕੀ ਵਪਾਰ ਪ੍ਰਤੀਨਿਧ ਨੇ 11 ਮਾਰਚ ਨੂੰ ਭਾਰਤ ਅਤੇ ਚੀਨ ਸਮੇਤ 16 ਅਰਥਚਾਰਿਆਂ ਦੀਆਂ ਨੀਤੀਆਂ ਅਤੇ ਉਦਯੋਗਿਕ ਗਤੀਵਿਧੀਆਂ ਨੂੰ ਨਿਸ਼ਾਨਾ ਬਣਾਉਂਦੇ ਹੋਏ ਸੈਕਸ਼ਨ 301 ਦੇ ਤਹਿਤ ਵਪਾਰਕ ਜਾਂਚ ਦੇ ਇੱਕ ਨਵੇਂ ਦੌਰ ਦੀ ਸ਼ੁਰੂਆਤ ਕੀਤੀ ਹੈ। ਟਰੰਪ ਪ੍ਰਸ਼ਾਸਨ ਦੇ ਵਿਆਪਕ ਟੈਰਿਫਾਂ ਨੂੰ ਰੱਦ ਕਰਨ ਦੇ ਅਮਰੀਕੀ ਸੁਪਰੀਮ ਕੋਰਟ ਦੇ ਫੈਸਲੇ ਤੋਂ ਬਾਅਦ ਰਾਸ਼ਟਰਪਤੀ ਡੋਨਾਲਡ ਟਰੰਪ ਨੇ 24 ਫਰਵਰੀ ਤੋਂ 150 ਦਿਨਾਂ ਲਈ ਸਾਰੇ ਦੇਸ਼ਾਂ 'ਤੇ 10 ਫੀਸਦੀ ਟੈਰਿਫ ਲਗਾਉਣ ਦਾ ਐਲਾਨ ਕੀਤਾ ਸੀ। ਅਮਰੀਕੀ ਵਪਾਰ ਪ੍ਰਤੀਨਿਧ ਨੇ ਐਲਾਨ ਕੀਤਾ ਹੈ ਕਿ ਉਸ ਨੇ ਭਾਰਤ, ਚੀਨ, ਜਾਪਾਨ ਅਤੇ ਯੂਰਪੀਅਨ ਯੂਨੀਅਨ ਸਮੇਤ ਆਪਣੇ ਵਪਾਰਕ ਭਾਈਵਾਲਾਂ ਵਿਰੁੱਧ ਜਾਂਚ ਸ਼ੁਰੂ ਕੀਤੀ ਹੈ ਤਾਂ ਜੋ ਅਮਰੀਕਾ ਨੂੰ ਨੁਕਸਾਨ ਪਹੁੰਚਾਉਣ ਵਾਲੀਆਂ ਗੈਰ-ਵਾਜਬ ਵਿਦੇਸ਼ੀ ਕਾਰਵਾਈਆਂ ਦੀ ਪਛਾਣ ਕੀਤੀ ਜਾ ਸਕੇ ਅਤੇ ਉਨ੍ਹਾਂ ਨੂੰ ਹੱਲ ਕੀਤਾ ਜਾ ਸਕੇ। 16 ਦੇਸ਼ਾਂ ਦੀਆਂ ਨੀਤੀਆਂ ਅਤੇ ਉਦਯੋਗਿਕ ਗਤੀਵਿਧੀਆਂ ਦੀ ਜਾਂਚ ਕੀਤੀ ਜਾਵੇਗੀ। ਇਸ ਜਾਂਚ ਵਿੱਚ ਸਟੀਲ, ਐਲੂਮੀਨੀਅਮ, ਆਟੋਮੋਬਾਈਲ, ਬੈਟਰੀਆਂ, ਇਲੈਕਟਰੋਨਿਕਸ, ਕੈਮੀਕਲ, ਮਸ਼ੀਨਰੀ, ਸੈਮੀਕੰਡਕਟਰ ਅਤੇ ਸੋਲਰ ਮੋਡਿਊਲ ਵਰਗੇ ਖੇਤਰ ਸ਼ਾਮਲ ਹਨ। ਇਸ ਵਿੱਚ 15 ਦੇਸ਼ ਅਤੇ 27 ਦੇਸ਼ਾਂ ਦਾ ਯੂਰਪੀ ਸੰਘ ਬਲਾਕ ਸ਼ਾਮਲ ਹੈ। ਦੇਸ਼ਾਂ ਵਿੱਚ ਚੀਨ, ਸਿੰਗਾਪੁਰ, ਸਵਿਟਜ਼ਰਲੈਂਡ, ਨਾਰਵੇ, ਇੰਡੋਨੇਸ਼ੀਆ, ਮਲੇਸ਼ੀਆ, ਕੰਬੋਡੀਆ, ਥਾਈਲੈਂਡ, ਦੱਖਣੀ ਕੋਰੀਆ, ਵੀਅਤਨਾਮ, ਤਾਈਵਾਨ, ਬੰਗਲਾਦੇਸ਼, ਮੈਕਸੀਕੋ, ਜਾਪਾਨ ਅਤੇ ਭਾਰਤ ਸ਼ਾਮਲ ਹਨ।

## ਸੀਲਾਂ ਟੁੱਟੀਆਂ ਤੇ ਭਾਰ ਘੱਟ



**ਚੰਡੀਗੜ੍ਹ** : ਗੈਸ ਨੂੰ ਲੈ ਕੇ ਪੰਜਾਬ ਵਿੱਚ ਹਾਲਾਤ ਹੋਰ ਵਿਗੜ ਗਏ ਹਨ। ਹੁਸ਼ਿਆਰਪੁਰ ਵਿੱਚ ਕਮਰਸ਼ੀਅਲ ਗੈਸ ਸਿਲੰਡਰਾਂ ਦੀ ਸਪਲਾਈ ਪੂਰੀ ਤਰ੍ਹਾਂ ਬੰਦ ਹੋ ਗਈ ਹੈ। ਪੈਟਰੋਲੀਅਮ ਕੰਪਨੀਆਂ ਨੇ ਘਰੇਲੂ ਗੈਸ ਦੀ ਸਪਲਾਈ ਦਾ ਕੋਟਾ ਤੈਅ ਕਰ ਦਿੱਤਾ ਹੈ, ਜਿਸ ਕਾਰਨ ਡੀਲਰਾਂ ਨੂੰ ਮਿਲਣ ਵਾਲੀ ਸਪਲਾਈ ਲਗਪਗ ਅੱਧੀ ਰਹਿ ਗਈ ਹੈ। ਲੋਕਾਂ ਵਿੱਚ ਡਰ ਕਾਰਨ ਬੁਕਿੰਗ ਕਈ ਗੁਣਾ ਵੱਧ ਗਈ ਹੈ। ਬੁਕਿੰਗ ਸਿਸਟਮ ਮਿਸਡ ਕਾਲ ਅਤੇ ਵਟਸਐਪ ਵਿੱਚ ਤਕਨੀਕੀ ਦਿੱਕਤਾਂ ਕਾਰਨ ਖਪਤਕਾਰਾਂ ਨੂੰ ਮੁਸ਼ਕਲ ਆ ਰਹੀ ਹੈ। ਲੁਧਿਆਣਾ ਦੇ ਰੈਸਟੋਰੈਂਟ ਮਾਲਕਾਂ ਨੂੰ ਵੀਰਵਾਰ ਨੂੰ ਵੱਡੀ ਮੁਸ਼ਕਲ ਦਾ ਸਾਹਮਣਾ ਕਰਨਾ ਪਿਆ। ਆਉਣ ਵਾਲੇ ਦਿਨਾਂ ਵਿੱਚ ਉਹ ਖਾਣਾ ਬਣਾਉਣ ਲਈ ਤੰਦੂਰਾਂ ਦੀ ਵਰਤੋਂ ਕਰਨ ਦੀ ਸੋਚ ਰਹੇ ਹਨ। ਅੰਮ੍ਰਿਤਸਰ ਦੇ ਕੁਝ ਇਲਾਕਿਆਂ ਵਿੱਚ ਸਿਲੰਡਰਾਂ ਦਾ ਭਾਰ ਘੱਟ ਹੋਣ ਅਤੇ ਸੀਲ ਟੁੱਟੀ ਹੋਣ ਦੀਆਂ ਸ਼ਿਕਾਇਤਾਂ ਵੀ ਮਿਲੀਆਂ ਹਨ।

### ਅੱਜ-ਨਾਮਾ

ਘਰ ਤੋਂ ਪਤੀ ਸੀ ਦਫਤਰ ਨੂੰ ਜਾਣ ਲੱਗਾ,
ਰਸਤਾ ਬੀਵੀ ਨੇ ਲਿਆ ਬੱਸ ਘੇਰ ਮੀਆਂ।
ਸਿਲੰਡਰ ਗੈਸ ਦੇ ਮੁੱਕਣ ਦਾ ਪਤਾ ਨਾਹੀਂ,
ਕਰਾਉ ਬੁੱਕ, ਨਾ ਲਾਉ ਕੁਝ ਦੇਰ ਮੀਆਂ।
ਹੋ ਗਈ ਦੇਰ ਤੇ ਕਿਸੇ ਨਾ ਕੰਮ ਆਉਣਾ,
ਕੋਈ ਨਹੀਂ ਜਾਣਦਾ ਮੇਰ ਤੇ ਤੇਰ ਮੀਆਂ।
ਪਹਿਲਾਂ ਸਿੱਧਾ ਸਿਲੰਡਰ ਵੱਲ ਚਲੇ ਜਾਣਾ,
ਸੜਕ ਦਫਤਰ ਦੀ ਪਕੜਨਾ ਫੇਰ ਮੀਆਂ।
ਲੋਕੀਂ ਜਿੰਨੇ ਸੀ ਲਾਈਨ ਵਿੱਚ ਖੜੇ ਦਿੱਸੇ,
ਹਰ ਕੋਈ ਦੁਖੀ ਸੀ ਜਾਪਦਾ ਬੜਾ ਮੀਆਂ।
ਦਫਤਰ ਪੁੱਜਣ ਦੀ ਚਿੰਤਾ ਸੀ ਗੁੰਮ ਹੋਈ,
ਡਿੱਠਾ ਬੌਸ ਖੁਦ ਮੂਹਰੇ ਜਦ ਖੜਾ ਮੀਆਂ।

-ਤੀਸ ਮਾਰ ਖਾਂ

## ਘਬਰਾਉਣ ਦੀ ਲੋੜ ਨਹੀਂ ਕਹਿਣ ਵਾਲਾ ਖੁਦ ਡਰਿਆ ਹੋਇਐ : ਰਾਹੁਲ ਗਾਂਧੀ



**ਨਵੀਂ ਦਿੱਲੀ** : ਕਾਂਗਰਸ ਨੇਤਾ ਰਾਹੁਲ ਗਾਂਧੀ ਨੇ ਵੀਰਵਾਰ ਨੂੰ ਐੱਲ ਪੀ ਜੀ ਦੀ ਘਾਟ ਦੀ ਰਿਪੋਰਟ 'ਤੇ ਚਿੰਤਾਵਾਂ ਦੇ ਵਿਚਕਾਰ ਪ੍ਰਧਾਨ ਮੰਤਰੀ ਨਰਿੰਦਰ ਮੋਦੀ 'ਤੇ ਹਮਲਾ ਬੋਲਦਿਆਂ ਕਿਹਾ ਕਿ ਪ੍ਰਧਾਨ ਮੰਤਰੀ ਲੋਕਾਂ ਨੂੰ ਕਹਿ ਰਹੇ ਹਨ ਕਿ ਘਬਰਾਉਣ ਦੀ ਲੋੜ ਨਹੀਂ, ਆਪ ਉਹ ਡਰੇ ਹੋਏ ਹਨ। ਗਾਂਧੀ ਨੇ ਦੋਸ਼ ਲਗਾਇਆ ਕਿ ਪ੍ਰਧਾਨ ਮੰਤਰੀ ਐਪਸਟਾਈਨ ਫਾਈਲਾਂ ਦੇ ਮੁੱਦੇ ਅਤੇ ਅਮਰੀਕਾ 'ਚ ਅਡਾਨੀ ਕੇਸ ਕਾਰਨ ਵੀ ਘਬਰਾਏ ਹੋਏ ਹਨ। ਉਨ੍ਹਾ ਇਹ ਟਿੱਪਣੀਆਂ ਉਦੋਂ ਕੀਤੀਆਂ, ਜਦੋਂ ਕਈ ਵਿਰੋਧੀ ਸੰਸਦ ਮੈਂਬਰਾਂ, ਜਿਨ੍ਹਾਂ 'ਚ ਉਹ ਅਤੇ ਪ੍ਰਿਯੰਕਾ ਗਾਂਧੀ ਵਾਡਰਾ ਸ਼ਾਮਲ ਸਨ, ਨੇ ਸੰਸਦ ਭਵਨ ਕੰਪਲੈਕਸ 'ਚ ਵਪਾਰਕ ਐੱਲ ਪੀ ਜੀ ਸਿਲੰਡਰਾਂ ਦੀ ਘਾਟ ਨੂੰ ਲੈ ਕੇ ਸਰਕਾਰ ਤੋਂ ਜਵਾਬ ਮੰਗਣ ਲਈ ਵਿਰੋਧ ਪ੍ਰਦਰਸ਼ਨ ਕੀਤਾ।

ਵਿਰੋਧ ਪ੍ਰਦਰਸ਼ਨ ਤੋਂ ਬਾਅਦ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਗਾਂਧੀ ਨੇ ਕਿਹਾ ਕਿ ਪ੍ਰਧਾਨ ਮੰਤਰੀ ਕਹਿ ਰਹੇ ਹਨ ਕਿ ਘਬਰਾਉਣ ਦੀ ਕੋਈ ਲੋੜ ਨਹੀਂ ਹੈ, ਪਰ ਪ੍ਰਧਾਨ ਮੰਤਰੀ ਖੁਦ ਬਿਲਕੁਲ ਵੱਖਰੇ ਕਾਰਨਾਂ ਕਰਕੇ ਘਬਰਾਉਂਦੇ ਹਨ। ਉਹ ਐਪਸਟਾਈਨ ਕਾਰਨ ਘਬਰਾਉਂਦੇ ਹਨ, ਉਹ ਅਡਾਨੀ ਕੇਸ ਕਾਰਨ ਘਬਰਾਉਂਦੇ ਹਨ, ਉਹ ਸਦਨ ਦੇ ਅੰਦਰ ਨਹੀਂ ਆ ਸਕਦੇ। ਪ੍ਰਧਾਨ ਮੰਤਰੀ ਮੋਦੀ ਨੇ ਬੁੱਧਵਾਰ ਨੂੰ ਲੋਕਾਂ ਨੂੰ ਨਾ ਘਬਰਾਉਣ ਦੀ ਅਪੀਲ ਕੀਤੀ ਅਤੇ ਉਨ੍ਹਾਂ ਨੂੰ ਭਰੋਸਾ ਦਿੱਤਾ ਕਿ ਜਨਤਕ ਹਿੱਤਾਂ ਦੀ ਰੱਖਿਆ ਕੀਤੀ ਜਾਵੇਗੀ। ਉਨ੍ਹਾ ਐਲ ਪੀ ਜੀ ਸੰਕਟ ਨਾਲ ਨਜਿੱਠਣ ਵਿਚ ਵਿਸ਼ਵਾਸ ਪ੍ਰਗਟ ਕੀਤਾ, ਜਿੱਥੇ ਵਪਾਰਕ ਐੱਲ ਪੀ ਜੀ ਦੀ ਘੱਟ ਸਪਲਾਈ ਨੇ ਦੇਸ਼ ਦੇ ਹੋਟਲ ਸੈਕਟਰ ਨੂੰ ਅਪਾਹਜ ਕਰ ਦਿੱਤਾ ਹੈ।

ਜਹਾਜ਼ਾਂ ਦੀ ਆਵਾਜਾਈ ਅਤੇ ਊਰਜਾ ਬੁਨਿਆਦੀ ਢਾਂਚੇ 'ਤੇ ਈਰਾਨ ਦੇ ਨਿਰੰਤਰ ਹਮਲਿਆਂ ਨੇ ਵੀਰਵਾਰ ਨੂੰ ਤੇਲ ਦੀ ਕੀਮਤ 100 ਅਮਰੀਕੀ ਡਾਲਰ ਪ੍ਰਤੀ ਬੈਰਲ ਤੋਂ ਉੱਪਰ ਪਹੁੰਚਾ ਦਿੱਤੀ ਹੈ । ਵੀਰਵਾਰ ਵੀ ਅਮਰੀਕਾ ਅਤੇ ਇਜ਼ਰਾਈਲ ਨੇ ਇਸਲਾਮੀ ਗਣਰਾਜ (ਈਰਾਨ) 'ਤੇ ਬੰਬਾਰੀ ਕੀਤੀ ਅਤੇ ਯੁੱਧ ਦੇ ਖਤਮ ਹੋਣ ਦਾ ਕੋਈ ਸੰਕੇਤ ਨਜ਼ਰ ਨਹੀਂ ਆ ਰਿਹਾ।

ਈਰਾਨ ਨੇ ਦੁਬਈ ਦੇ ਤੱਟ 'ਤੇ ਇੱਕ ਕੰਟੇਨਰ ਜਹਾਜ਼ ਨੂੰ ਨਿਸ਼ਾਨਾ ਬਣਾਇਆ, ਬਹਿਰੀਨ ਦੇ ਅੰਤਰਰਾਸ਼ਟਰੀ ਹਵਾਈ ਅੱਡੇ ਦੇ ਨੇੜੇ ਅੱਗ ਲਗਾਈ, ਇੱਕ ਡਰੋਨ ਹਮਲੇ ਨਾਲ ਸਾਊਦੀ ਅਰਬ ਦੇ ਇੱਕ ਵੱਡੇ ਤੇਲ ਖੇਤਰ ਨੂੰ ਨਿਸ਼ਾਨਾ ਬਣਾਇਆ ਅਤੇ ਫਾਰਸ ਦੀ ਖਾੜੀ ਵਿੱਚ ਬਸਰਾ ਬੰਦਰਗਾਹ 'ਤੇ ਹਮਲੇ ਤੋਂ ਬਾਅਦ ਇਰਾਕ ਨੂੰ ਦੇਸ਼ ਦੇ ਸਾਰੇ ਤੇਲ ਟਰਮੀਨਲਾਂ 'ਤੇ ਕੰਮ ਰੋਕਣ ਲਈ ਮਜਬੂਰ ਕਰ ਦਿੱਤਾ। ਈਰਾਨ ਨੇ ਆਪਣੇ ਖਾੜੀ ਗੁਆਂਢੀਆਂ 'ਤੇ ਹਮਲੇ ਰੋਕਣ ਦੀ ਮੰਗ ਕਰਨ ਵਾਲੇ ਪਿਛਲੇ ਦਿਨ ਦੇ ਸੰਯੁਕਤ ਰਾਸ਼ਟਰ ਸੁਰੱਖਿਆ ਕੌਂਸਲ ਦੇ ਮਤੇ ਦੀ ਪਰਵਾਹ ਨਹੀਂ ਕੀਤੀ ਅਤੇ ਕੁਵੈਤ ਤੇ ਸੰਯੁਕਤ ਅਰਬ ਅਮੀਰਾਤ ਵਿੱਚ ਵੀ ਨਵੇਂ ਹਮਲਿਆਂ ਦੀ ਖਬਰ ਮਿਲੀ ਹੈ। ਈਰਾਨ ਦੇ ਹਮਲੇ ਕਾਰਨ ਯੇਰੂਸ਼ਲਮ ਵਿੱਚ ਸਵੇਰ ਹੋਣ ਤੋਂ ਪਹਿਲਾਂ ਹੀ ਸਾਇਰਨ ਵੱਜਣ ਲੱਗੇ। ਇਜ਼ਰਾਈਲ ਨੇ ਕਿਹਾ ਕਿ ਉਹ ਈਰਾਨ ਤੋਂ ਦਾਗੀਆਂ ਗਈਆਂ ਮਿਜ਼ਾਈਲਾਂ ਨੂੰ ਰੋਕਣ ਲਈ ਕੰਮ ਕਰ ਰਿਹਾ ਹੈ। ਇਜ਼ਰਾਈਲ ਨੇ ਇਹ ਵੀ ਐਲਾਨ ਕੀਤਾ ਕਿ ਉਸ ਨੇ ਤਹਿਰਾਨ 'ਤੇ ਵੱਡੇ ਪੱਧਰ 'ਤੇ ਹਮਲਿਆਂ ਦੀ ਲਹਿਰ ਸ਼ੁਰੂ ਕਰ ਦਿੱਤੀ ਹੈ। ਲਿਬਨਾਨ ਵਿੱਚ ਸਵੇਰ ਵੇਲੇ ਹੋਏ ਦੋ ਹਮਲਿਆਂ ਵਿੱਚ 11 ਲੋਕ ਮਾਰੇ ਗਏ।

# 2027 'ਚ ਲੋਕ ਦਿੱਲੀ ਦੇ ਹੁਕਮਰਾਨਾਂ ਦਾ ਬੋਰੀ ਬਿਸਤਰਾ ਗੋਲ ਕਰ ਦੇਣਗੇ : ਕਲੇਰ

**ਜਗਰਾਉਂ (ਨਛੱਤਰ ਸੰਧੂ)** ਸ਼੍ਰੋਮਣੀ ਅਕਾਲੀ ਦਲ ਦੀ ਵਿਸ਼ਾਲ ਰੈਲੀ ਨੂੰ ਲੈ ਕੇ ਪੰਥਕ ਪਿੰਡ ਕਾਉਂਕੇ ਕਲਾਂ ਵਿਖੇ ਪਾਰਟੀ ਵਰਕਰਾਂ ਵਿਚ ਉਤਸ਼ਾਹ ਤੇ ਜੋਸ਼ ਦੇਖਣ ਨੂੰ ਮਿਲ ਰਿਹਾ ਹੈ।ਰੈਲੀ ਸਬੰਧੀ ਰੱਖੀ ਬੈਠਕ ਦੌਰਾਨ ਵੱਖ-ਵੱਖ



ਵਾਰਡਾਂ ਅੰਦਰ ਸ਼੍ਰੋਮਣੀ ਅਕਾਲੀ ਦਲ ਦੇ ਜੁਝਾਰੂ ਵਰਕਰਾਂ ਤੇ ਨਗਰ ਨਿਵਾਸੀਆਂ ਨੇ ਵੱਡੀ ਗਿਣਤੀ ਵਿੱਚ ਹਾਜਰੀ ਭਰਕੇ 18 ਦੀ ਰੈਲੀ ਦਾ ਭਰਪੂਰ ਸਮਰਥਨ ਕੀਤਾ।ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਤੇ ਕੋਰ ਕਮੇਟੀ ਮੈਂਬਰ ਐਸ.ਆਰ.ਕਲੇਰ ਨੇ ਲੋਕਾਂ ਵੱਲੋਂ ਮਿਲ ਰਹੇ ਭਰਵੇਂ ਸਮੱਰਥਨ 'ਤੇ ਸੰਤੁਸ਼ਟੀ ਪ੍ਰਗਟ ਕਰਦਿਆਂ ਆਖਿਆ ਕਿ ਪੰਜਾਬ ਦੇ ਲੋਕ ਹੁਣ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਬਣਾਉਣ ਦਾ ਤਹੱਈਆ ਕਰੀ ਬੈਠੇ ਹਨ ਤੇ ਐਲਾਨ ਹੋਣਾਂ ਬਾਕੀ ਹੈ। ਉਨ੍ਹਾਂ ਦਾਅਵਾ ਕੀਤਾ ਕਿ 2027 ਵਿੱਚ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਬਣੇਗੀ ਤੇ ਦਿੱਲੀ ਤੋਂ ਚੱਲਣ ਵਾਲੀਆਂ ਪਾਰਟੀਆਂ ਨੂੰ ਆਪਣਾ ਬਿਸਤਰਾ ਗੋਲ ਕਰਕੇ ਭੱਜਣਾ ਪਵੇਗਾ।ਗੁਰਦੁਆਰਾ ਪ੍ਰਬੰਧਕ ਕਮੇਟੀ ਮੈਂਬਰ ਗੁਰਚਰਨ ਸਿੰਘ ਗਰੇਵਾਲ ਨੇ ਆਖਿਆ ਕਿ 18 ਮਾਰਚ ਦੀ 'ਪੰਜਾਬ ਬਚਾਓ' ਰੈਲੀ ਇਤਿਹਾਸਕ ਹੋਵੇਗੀ ਅਤੇ ਜਗਰਾਉਂ ਹਲਕੇ ਤੋਂ ਹਜ਼ਾਰਾਂ ਦੀ ਗਿਣਤੀ 'ਚ ਲੋਕ ਉਤਸ਼ਾਹ ਨਾਲ ਰੈਲੀ ਵਿੱਚ ਸ਼ਮੂਲੀਅਤ ਕਰਨਗੇ। ਆਮ ਆਦਮੀ ਪਾਰਟੀ ਦੇ ਸਰਗਰਮ ਮੈਂਬਰ ਮੱਖਣ ਸਿੰਘ ਤੇ ਮਨੀ ਨੇ ਐਸ.ਆਰ.ਕਲੇਰ ਦੀ ਅਗਵਾਈ ਹੇਠ ਪਰਵਾਰ ਸਮੇਤ ਆਮਦੀ ਪਾਰਟੀ ਨੂੰ ਅਲਵਿਦਾ ਆਖ ਕੇ ਸ਼੍ਰੋਮਣੀ ਅਕਾਲੀ ਦਲ ਵਿੱਚ ਸ਼ਾਮਲ ਹੋਣ ਦਾ ਐਲਾਨ ਕੀਤਾ।ਪਾਰਟੀ 'ਚ ਸ਼ਾਮਲ ਹੋਏ ਨਵੇਂ ਮੈਂਬਰਾਂ ਨੂੰ ਜੀ ਆਇਆਂ ਆਖਦਿਆਂ ਐਸ.ਆਰ.ਕਲੇਰ ਤੇ ਗੁਰਚਰਨ ਸਿੰਘ ਗਰੇਵਾਲ ਨੇ ਪਾਰਟੀ 'ਚ ਸ਼ਾਮਲ ਹੋਣ ਵਾਲੇ ਨਵੇਂ ਮੈਂਬਰਾਂ ਨੂੰ ਸਿਰੋਪਾਓ ਦੇ ਕੇ ਸਨਮਾਨਤ ਕੀਤਾ ਗਿਆ।

# ਬਲਾਕ ਕਾਂਗਰਸ ਮਲੌਦ ਦੀ ਮਹੀਨਾਵਾਰ ਮੀਟਿੰਗ

**ਦੋਰਾਹਾ (ਹਰਮਿੰਦਰ ਸੇਠ)**- ਸਾਬਕਾ ਵਿਧਾਇਕ ਲੱਖਾ ਪਾਇਲ, ਬਲਾਕ ਕਾਂਗਰਸ ਮਲੋਦ ਦੇ ਪ੍ਰਧਾਨ ਤੇ ਸਾਬਕਾ ਬਲਾਕ ਸੰਮਤੀ ਮੈਂਬਰ ਗੁਰਮੇਲ ਸਿੰਘ ਗਿੱਲ ਬੇਰਕਲਾਂ ਦੀ ਅਗਵਾਈ ਹੇਠ ਕਿਸਾਨ ਸੈੱਲ ਮਲੋਦ ਦੇ ਚੇਅਰਮੈਨ ਜਤਿੰਦਰ ਸਿੰਘ ਚੋਮੋ ਦੇ ਗ੍ਰਹਿ ਵਿਖੇ ਬਲਾਕ ਕਾਂਗਰਸ ਮਲੋਦ ਦੇ ਸਮੁੱਚੇ



ਅਹੁਦੇਦਾਰਾਂ ਤੇ ਮੰਡਲ ਪ੍ਰਧਾਨਾਂ ਦੀ ਮੀਟਿੰਗ ਹੋਈ। ਇਸ ਮੀਟਿੰਗ ਵਿੱਚ ਵਿਸ਼ੇਸ਼ ਤੌਰ 'ਤੇ ਜ਼ਿਲ੍ਹਾ ਕਾਂਗਰਸ ਦੇ ਪ੍ਰਧਾਨ ਤੇ ਸਾਬਕਾ ਵਿਧਾਇਕ ਲਖਵੀਰ ਸਿੰਘ ਲੱਖਾ ਪਾਇਲ ਨੇ ਸ਼ਿਰਕਤ ਕੀਤੀ। ਮੀਟਿੰਗ ਨੂੰ ਸੰਬੋਧਨ ਕਰਨ ਸਮੇਂ ਬਲਾਕ ਕਾਂਗਰਸ ਮਲੋਦ ਦੇ ਪ੍ਰਧਾਨ ਗੁਰਮੇਲ ਸਿੰਘ ਗਿੱਲ ਬੇਰਕਲਾਂ ਤੇ ਜ਼ਿਲ੍ਹਾ ਕਾਂਗਰਸ ਦੇ ਪ੍ਰਧਾਨ ਤੇ ਸਾਬਕਾ ਵਿਧਾਇਕ ਲਖਵੀਰ ਸਿੰਘ ਲੱਖਾ ਪਾਇਲ ਨੇ ਕਿਹਾ ਕਿ ਬਲਾਕ ਕਾਂਗਰਸ ਮਲੋਦ ਦੇ ਸਮੁੱਚੇ ਅਹੁਦੇਦਾਰ ਤੇ ਮੰਡਲ ਪ੍ਰਧਾਨ ਕਾਂਗਰਸ ਪਾਰਟੀ ਦੀਆਂ ਨੀਤੀਆਂ ਤੇ ਆਮ ਆਦਮੀ ਪਾਰਟੀ ਦੀਆਂ ਮਾੜੀਆਂ ਨੀਤੀਆਂ ਨੂੰ ਲੋਕਾਂ ਤੱਕ ਲੈ ਕੇ ਜਾਣ ਲਈ ਕੰਮ ਕਰਨ। ਇਸ ਮੌਕੇ ਸੀਨੀਅਰ ਮੀਤ ਪ੍ਰਧਾਨ ਬਲਵੰਤ ਰਾਮ ਪੱਪੂ ਨੇ ਸਟੇਜ ਸਕੱਤਰ ਦੀ ਭੂਮਿਕਾ ਬਾਖੂਬੀ ਨਿਭਾਈ। ਇਸ ਮੌਕੇ ਹੋਰਨਾਂ ਤੋਂ ਇਲਾਵਾ ਅਰਵਿੰਦਰਦੀਪ ਸਿੰਘ ਜੱਸਾ ਰੋੜੀਆ ਮੀਤ ਪ੍ਰਧਾਨ ਜ਼ਿਲ੍ਹਾ ਕਾਂਗਰਸ, ਗੁਰਪ੍ਰੀਤ ਸਿੰਘ ਚੋਪੜਾ ਮੀਡੀਆ ਕੁਆਰਡੀਨੇਟਰ, ਜਤਿੰਦਰ ਸਿੰਘ ਚੋਮੋ ਚੇਅਰਮੈਨ ਕਿਸਾਨ ਸੈੱਲ ਨੇ ਵੀ ਆਪਣੇ ਵਿਚਾਰ ਪ੍ਰਗਟ ਕੀਤੇ। ਇਸ ਮੌਕੇ ਪਰਮਜੀਤ ਸਿੰਘ ਕਾਲਾ ਝੱਮਟ ਮੀਤ ਪ੍ਰਧਾਨ, ਬਲਵਿੰਦਰ ਸਿੰਘ ਸੀਹਾ ਦੋਦ ਮੀਤ ਪ੍ਰਧਾਨ, ਰਾਜਵਿੰਦਰ ਸਿੰਘ ਸੋਹੀਆ ਮੀਤ ਪ੍ਰਧਾਨ, ਗੁਰਪ੍ਰੀਤ ਸਿੰਘ ਚੋਪੜਾ ਮੀਡੀਆ ਕੁਆਰਡੀਨੇਟਰ, ਗੁਰਮੁੱਖ ਸਿੰਘ ਗੋਮੀ ਸਿਆੜ ਮੁੱਖ ਬੁਲਾਰਾ, ਗੁਰਪ੍ਰੀਤ ਕੌਰ ਚੋਮੋ ਸਾਬਕਾ ਸਰਪੰਚ, ਜਸਵੀਰ ਸਿੰਘ ਸੀਹਾ ਦੋਦ, ਨਿਰਭੈ ਸਿੰਘ ਗਿੱਲ ਬੇਰਕਲਾਂ ਜਰਨਲ ਸਕੱਤਰ, ਮੋਹਣ ਸਿੰਘ ਬੇਰਕਲਾਂ, ਪ੍ਰਧਾਨ ਲਾਭ ਸਿੰਘ ਬੇਰਕਲਾਂ, ਚਮਕੌਰ ਸਿੰਘ ਲਸਾੜਾ ਤੋਂ ਇਲਾਵਾ ਹੋਰ ਵੀ ਹਾਜ਼ਰ ਸਨ।

# ਸਿਹਤ ਬੀਮਾ ਕਾਰਡ ਬਣਾਉਣ ਲਈ ਅਧਿਆਪਕਾਂ ਦੀਆਂ ਡਿਊਟੀਆਂ ਲਾਉਣ ਦਾ ਵਿਰੋਧ

**ਲੌਂਗੋਵਾਲ/ ਸੰਗਰੂਰ (ਪ੍ਰਦੀਪ ਸੱਪਲ)**- ਜ਼ਿਲ੍ਹੇ ਵਿੱਚ ਅਧਿਆਪਕਾਂ ਦੀਆਂ ਡਿਊਟੀਆਂ ਸਿਹਤ ਬੀਮਾ ਕਾਰਡ ਬਣਾਉਣ ਲਈ ਲਾਉਣ ਦੇ ਵਿਰੋਧ ਵਿੱਚ ਡੈਮੋਕ੍ਰੇਟਿਕ ਟੀਚਰਜ਼ ਫਰੰਟ ਪੰਜਾਬ ਜ਼ਿਲ੍ਹਾ ਸੰਗਰੂਰ ਦਾ ਵਫ਼ਦ ਡੀ ਸੀ ਸੰਗਰੂਰ ਨੂੰ ਮਿਲਿਆ ਤੇ ਇਸ ਸਬੰਧੀ ਮੰਗ ਪੱਤਰ ਦਿੱਤਾ ਗਿਆ। ਜ਼ਿਲ੍ਹਾ ਪ੍ਰਧਾਨ ਦਾਤਾ ਸਿੰਘ ਨਮੋਲ ਨੇ ਦੱਸਿਆ ਕਿ ਵਫ਼ਦ ਨੇ ਅਧਿਆਪਕਾਂ ਦੀਆਂ ਗ਼ੈਰ-ਵਿੱਦਿਅਕ ਡਿਊਟੀਆਂ ਲਾਉਣ ਦਾ ਸਖ਼ਤ ਵਿਰੋਧ ਕੀਤਾ ਤੇ ਕਿਹਾ ਕਿ ਪ੍ਰੀਖਿਆਵਾਂ ਦੇ ਦਿਨਾਂ ਵਿੱਚ ਅਧਿਆਪਕਾਂ ਨੂੰ ਸਕੂਲਾਂ ਤੋਂ ਬਾਹਰ ਕੱਢਣ ਤੋਂ ਸਪੱਸ਼ਟ ਹੈ ਕਿ ਸਰਕਾਰ ਤੇ ਜ਼ਿਲ੍ਹਾ ਪ੍ਰਸ਼ਾਸਨ ਸਰਕਾਰੀ ਸਕੂਲਾਂ ਵਿੱਚ ਪੜ੍ਹਦੇ ਵਿਦਿਆਰਥੀਆਂ ਦੀ ਸਿੱਖਿਆ ਪ੍ਰਤੀ ਕਿੰਨੀ ਕੁ ਗੰਭੀਰ ਹੈ ਅਤੇ 'ਸਿੱਖਿਆ ਕ੍ਰਾਂਤੀ' ਦੇ ਨਾਅਰੇ ਨੂੰ ਹਕੀਕੀ ਰੂਪ ਦੇਣ ਲਈ ਕਿੰਨਾ ਕੁ ਸੁਹਿਰਦ ਹੈ।ਸਿੱਖਿਆ ਨੂੰ ਗੌਣ ਸਮਝਿਆ ਜਾ ਰਿਹਾ ਹੈ ਤੇ ਬਾਕੀ ਸਾਰੇ ਕੰਮਾਂ ਨੂੰ ਇਸ ਤੋਂ ਉੱਪਰ।ਇਹੀ ਕਾਰਨ ਹੈ ਕਿ ਰੁਟੀਨ ਦੇ ਪ੍ਰਸ਼ਾਸਨਕ ਕੰਮਾਂ ਲਈ ਅਧਿਆਪਕਾਂ ਦੀ ਡਿਊਟੀ ਲਗਾ ਦਿੱਤੀ ਜਾਂਦੀ ਹੈ, ਜਦੋਂਕਿ ਸਿੱਖਿਆ ਮੰਤਰੀ ਪੰਜਾਬ ਨੇ ਅਧਿਕਾਰੀਆਂ ਨੂੰ ਪਿਛਲੇ ਚਾਰ ਸਾਲਾਂ ਵਿੱਚ ਦੋ ਵਾਰ ਪੱਤਰ ਕੱਢ ਕੇ ਅਧਿਆਪਕਾਂ ਤੋਂ ਗ਼ੈਰ-ਵਿੱਦਿਅਕ ਕੰਮ ਨਾ ਲੈਣ ਤੇ ਸਿਰਫ ਸਕੂਲਾਂ ਵਿੱਚ ਪੜ੍ਹਾਈ ਦਾ ਕੰਮ ਲੈਣ ਦੀਆਂ ਹਦਾਇਤਾਂ ਕੀਤੀਆਂ ਹਨ।ਇਨ੍ਹਾਂ ਹਦਾਇਤਾਂ ਨੂੰ ਹਾਲੇ ਤੱਕ ਅਮਲੀ ਰੂਪ ਨਹੀਂ ਦਿੱਤਾ ਗਿਆ।ਡੀ ਸੀ ਸੰਗਰੂਰ ਦਾ ਸਮੁੱਚਾ ਰਵੱਈਆ



ਆਪਣੇ ਪ੍ਰਸ਼ਾਲਨ ਨੂੰ ਚਲਾਉਣ ਨੂੰ ਮੁੱਖ ਰੱਖਣ ਵਾਲਾ ਸੀ ਤੇ ਵਫ਼ਦ ਨੇ ਇਹ ਪ੍ਰਭਾਵ ਲਿਆ ਕਿ ਅਧਿਕਾਰੀ ਵੱਲੋਂ ਨਾ ਤਾਂ ਇਸ ਮਸਲੇ ਦੀ ਗੰਭੀਰਤਾ ਨੂੰ ਸਮਝਿਆ ਗਿਆ ਤੇ ਨਾ ਹੀ ਹੱਲ ਕਰਨ ਦਾ ਕੋਈ ਪੱਕਾ ਭਰੋਸਾ ਦਿੱਤਾ ਗਿਆ।ਵਫ਼ਦ ਵਿੱਚ ਜ਼ਿਲ੍ਹਾ ਪ੍ਰਧਾਨ ਦਾਤਾ ਸਿੰਘ ਨਮੋਲ, ਸੀਨੀਅਰ ਮੀਤ ਪ੍ਰਧਾਨ ਸੁਖਜਿੰਦਰ ਸੰਗਰੂਰ, ਪ੍ਰੈੱਸ ਸਕੱਤਰ ਜਸਬੀਰ ਨਮੋਲ, ਬਲਾਕਾਂ ਦੇ ਆਗੂ ਤੇ ਕਾਰਕੁਨ ਚੰਦਰ ਸ਼ੇਖਰ, ਜਗਤਾਰ ਲੌਂਗੋਵਾਲ, ਭਿੰਦਰ ਸਿੰਘ ਸਤੌਜ, ਹਰਪ੍ਰੀਤ ਸਿੰਘ, ਅਸ਼ੋਕ ਦੀਨ ਤੇ ਪਰਮਜੀਤ ਸਿੰਘ ਸ਼ਾਮਲ ਸਨ।

# ਬਿਜਲੀ ਲਾਈਨ ਕੱਢੇ ਜਾਣ ਨੂੰ ਲੈ ਕੇ ਘੱਗਾ ਵਾਸੀਆਂ 'ਚ ਰੋਸ

**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)** : ਸਬ ਡਵੀਜ਼ਨ ਪਾਤੜਾਂ ਅਧੀਨ ਆਉਂਦੇ ਕਸਬਾ ਘੱਗਾ ਦੇ ਬਿਜਲੀ ਸਪਲਾਈ ਦੇਣ ਵਾਲੇ ਸ਼ਹਿਰੀ ਫੀਡਰ 'ਚੋਂ ਮਸ਼ਰੂਮ ਫਾਰਮ ਨੂੰ ਬਿਜਲੀ ਸਪਲਾਈ ਦਿੱਤੇ ਜਾਣ ਨੂੰ ਲੈ ਕੇ



ਲੋਕਾਂ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ।ਮਾਮਲੇ ਨੂੰ ਲੈ ਕੇ ਸ਼ਹਿਰ ਤੇ ਪਿੰਡ ਵਾਸੀਆਂ ਦਾ ਇੱਕ ਇਕੱਠ ਗੁੱਗਾ ਮੈੜੀ ਘੱਗਾ ਵਿਖੇ ਹੋਇਆ।ਲੋਕਾਂ ਨੇ ਭਰਵੇਂ ਇਕੱਠ ਦੌਰਾਨ ਫੈਸਲਾ ਕੀਤਾ ਕਿ ਪਾਵਰਕਾਮ ਵੱਲੋਂ ਕੱਢੀ ਜਾ ਰਹੀ ਇਸ ਬਿਜਲੀ ਸਪਲਾਈ ਦੀ ਇਸ ਲਾਈਨ ਨੂੰ ਕਿਸੇ ਵੀ ਹਾਲਤ ਵਿੱਚ ਚਾਲੂ ਨਹੀਂ ਹੋਣ ਦਿੱਤਾ ਜਾਵੇਗਾ।ਦੂਜੇ ਪਾਸੇ ਬਿਜਲੀ ਬੋਰਡ ਦੇ ਅਧਿਕਾਰੀਆਂ ਨੇ ਪਾਵਰਕਾਮ ਵੱਲੋਂ ਬਿਜਲੀ ਸਪਲਾਈ ਦੇਣ ਲਈ ਚੱਲ ਰਹੀ ਕਾਰਵਾਈ ਨੂੰ ਨਿਯਮਾਂ ਮੁਤਾਬਕ ਦੱਸਿਆ ਹੈ।ਘੱਗਾ ਵਾਸੀ ਆਪ ਦੇ ਸ਼ਹਿਰੀ ਪ੍ਰਧਾਨ ਨੰਦ ਲਾਲ ਸ਼ਰਮਾ, ਕਰਿਆਨਾ ਐਸੋਸੀਏਸ਼ਨ ਘੱਗਾ ਦੇ ਪ੍ਰਧਾਨ ਤਰਸੇਮ ਚੰਦ, ਕੌਂਸਲਰ ਸ਼ਕਤੀ ਗੋਇਲ, ਸਾਬਕਾ ਐੱਮ ਸੀ ਕੁਲਵੰਤ ਸਿੰਘ ਸੋਹਲ, ਸੁਖਬੀਰ ਸਿੰਘ ਪੰਨੂ, ਬਿੱਟੂ ਮੈਣੀ, ਗਗਨਦੀਪ ਮਾਨ, ਰਛਪਾਲ ਸਿੰਘ, ਤਾਰਾ ਸਿੰਘ ਘੱਗਾ ਆਦਿ ਨੇ ਦੱਸਿਆ ਕਿ ਘੱਗਾ ਤੋਂ ਪਿੰਡ ਧੂਹੜ ਨੂੰ ਜਾਣ ਵਾਲੀ ਸੜਕ ਉੱਤੇ ਚੱਲ ਰਹੇ ਮਸ਼ਰੂਮ ਫਾਰਮ ਨੂੰ ਬਿਜਲੀ ਸਪਲਾਈ ਦੇਣ ਲਈ ਪਾਵਰਕਾਮ ਵੱਲੋਂ ਕਾਰਵਾਈ ਕੀਤੀ ਜਾ ਰਹੀ ਹੈ।ਉਨ੍ਹਾਂ ਕਿਹਾ ਕਿ ਇਸ ਲਾਈਨ ਦੇ ਚੱਲਣ ਨਾਲ ਘੱਗਾ ਨੂੰ ਮਿਲਣ ਵਾਲੀ ਸ਼ਹਿਰੀ ਫੀਡਰ ਦੀ ਸਪਲਾਈ ਬੇਹੱਦ ਪ੍ਰਭਾਵਿਤ ਹੋਵੇਗੀ, ਕਿਉਂਕਿ ਇਸ ਸੜਕ ਨਾਲ ਲੰਘਦੀ ਬਿਜਲੀ ਸਪਲਾਈ ਦੀ ਇੱਕ ਪੁਰਾਣੀ ਲਾਈਨ ਨੂੰ ਪਾਵਰਕਾਮ ਸਿਰਫ ਇਸ ਲਈ ਬੰਦ ਕਰ ਚੁੱਕਾ ਹੈ, ਕਿਉਂਕਿ ਇਸ ਲਾਈਨ ਉੱਪਰੋਂ ਅੱਧੀ ਦਰਜਨ ਤੋਂ ਵੱਧ ਬਿਜਲੀ ਦੇ ਫੀਡਰਾਂ ਦੀਆਂ ਤਾਰਾਂ ਲੰਘਦੀਆਂ ਸਨ।ਉਨ੍ਹਾਂ ਕਿਹਾ ਕਿ ਜੇਕਰ ਮਸ਼ਰੂਮ ਫਾਰਮ ਨੂੰ ਬਿਜਲੀ ਸਪਲਾਈ ਦੇਣ ਲਈ ਬਿਜਲੀ ਦੀ ਲਾਈਨ ਇਥੋਂ ਨਿਕਲਦੀ ਹੈ ਤਾਂ ਸਥਿਤੀ 15 ਸਾਲ ਪਹਿਲਾਂ ਵਾਲੀ ਬਣ ਜਾਵੇਗੀ, ਕਿਉਂਕਿ ਕਿਸੇ ਵੀ ਫੀਡਰ ਵਿੱਚ ਨੁਕਸ ਪੈਣ ਦੀ ਸਥਿਤੀ ਵਿੱਚ ਘੱਗਾ ਦੀ ਬਿਜਲੀ ਸਪਲਾਈ ਕੱਟਣੀ ਪਵੇਗੀ।ਉਨ੍ਹਾਂ ਦੱਸਿਆ ਕਿ ਬਿਜਲੀ ਬੋਰਡ ਦੇ ਅਧਿਕਾਰੀਆਂ ਨੇ ਦੋ ਦਿਨ ਦਾ ਸਮਾਂ ਲਿਆ ਹੈ ਤੇ ਪਿੰਡ ਵਾਸੀਆਂ ਦੀ ਤਸੱਲੀ ਉਪਰੰਤ ਹੀ ਬਿਜਲੀ ਸਪਲਾਈ ਲਾਈਨ ਕੱਢੇ ਜਾਣ ਦਾ ਭਰੋਸਾ ਦਿੱਤਾ ਹੈ।

# ਇਲੈਕਟ੍ਰੋਨਿਕ ਇੰਜੀਨੀਅਰਿੰਗ ਦੇ ਖੇਤਰ ਵਿਚਲੇ ਰੁਝਾਨਾਂ ਬਾਰੇ ਕਾਨਫ਼ਰੰਸ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**- ਪੰਜਾਬੀ ਯੂਨੀਵਰਸਿਟੀ ਦੇ ਇਲੈਕਟ੍ਰੋਨਿਕ ਤੇ ਕਮਿਊਨੀਕੇਸ਼ਨ ਇੰਜੀਨੀਅਰਿੰਗ ਵਿਭਾਗ ਵੱਲੋਂ ਇਲੈਕਟ੍ਰੋਨਿਕ ਇੰਜੀਨੀਅਰਿੰਗ ਦੇ ਖੇਤਰ ਵਿੱਚ ਉੱਭਰ ਰਹੇ ਨਵੇਂ ਰੁਝਾਨਾਂ ਦੇ ਵਿਸ਼ੇ ਉੱਤੇ ਅੰਤਰ-




ਰਾਸ਼ਟਰੀ ਕਾਨਫ਼ਰੰਸ ਕਰਵਾਈ ਗਈ। ਆਨਲਾਈਨ ਤੇ ਅਫਲਾਈਨ ਵਿਧੀ ਦੇ ਸੁਮੇਲ ਨਾਲ਼ ਕਰਵਾਈ ਗਈ ਇਸ ਕਾਨਫ਼ਰੰਸ ਦੇ ਉਦਘਾਟਨੀ ਸੈਸ਼ਨ ਦੀ ਪ੍ਰਧਾਨਗੀ ਡੀਨ ਅਕਾਦਮਿਕ ਮਾਮਲੇ ਡਾ. ਜਸਵਿੰਦਰ ਸਿੰਘ ਬਰਾੜ ਨੇ ਕੀਤੀ।ਇਸ ਮੌਕੇ ਡੀਨ ਖੋਜ ਡਾ. ਰਿਤੂ ਲਹਿਲ ਵਿਸ਼ੇਸ਼ ਮਹਿਮਾਨ ਵਜੋਂ ਹਾਜ਼ਰ ਹੋਏ।ਇਸ ਵਿਸ਼ੇ ਉੱਤੇ ਕਰਵਾਈ ਗਈ ਇਸ ਪੰਜਵੀਂ ਸਾਲਾਨਾ ਕਾਨਫ਼ਰੰਸ ਦਾ ਮੁੱਖ-ਸੁਰ ਭਾਸ਼ਣ ਸੀ.ਐੱਸ.ਆਈ.ਆਰ.-ਸੀ.ਐੱਸ.ਆਈ.ਓ. ਚੰਡੀਗੜ੍ਹ ਤੋਂ ਪੁੱਜੇ ਡਾ. ਅਮੋਲ ਪੀ. ਭੋਂਡੇਕਰ ਸਿੰਘ ਨੇ ਦਿੱਤਾ। ਡੀਨ ਅਕਾਦਮਿਕ ਮਾਮਲੇ ਪ੍ਰੋ. ਜਸਵਿੰਦਰ ਸਿੰਘ ਬਰਾੜ ਨੇ ਆਪਣੇ ਪ੍ਰਧਾਨਗੀ ਭਾਸ਼ਣ ਦੌਰਾਨ ਕਿਹਾ ਕਿ ਅੱਜ ਦੇ ਦੌਰ ਵਿੱਚ ਜਦੋਂ ਤਕਨਾਲੌਜੀ ਦਾ ਲਗਾਤਾਰ ਵਿਕਾਸ ਹੋ ਰਿਹਾ ਹੈ ਤਾਂ ਇਹ ਯਕੀਨੀ ਬਣਾਉਣਾ ਜ਼ਰੂਰੀ ਹੈ ਕਿ ਇਹ ਤਕਨਾਲੌਜੀ ਸਮਾਜ ਦੀ ਭਲਾਈ ਲਈ ਹੋਵੇ।ਸਮਾਜ ਦੇ ਹਿੱਤ ਵਿੱਚ ਭੁਗਤਣ ਵਾਲੀ ਤਕਨਾਲੌਜੀ ਹੀ ਮਨੁੱਖ ਦੀ ਪ੍ਰਗਤੀ ਵਿੱਚ ਸਹਾਈ ਹੁੰਦੀ ਹੈ।ਅਜਿਹੀ ਤਕਨਾਲੌਜੀ ਮਨੁੱਖੀ ਜ਼ਿੰਦਗੀ ਨੂੰ ਸੁਖਾਲਾ ਕਰਦੀ ਹੈ।ਉਨ੍ਹਾਂ ਕਾਨਫ਼ਰੰਸ ਦੇ ਵਿਸ਼ੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਸਾਨੂੰ ਤਕਨਾਲੌਜੀ ਦੇ ਨਵੇਂ ਰੁਝਾਨਾਂ ਨਾਲ਼ ਨਿਰੰਤਰ ਵਾਬਸਤਗੀ ਰੱਖਣੀ ਚਾਹੀਦੀ ਹੈ।ਡਾ. ਰਿਤੂ ਲਹਿਲ ਨੇ ਆਪਣੇ ਸੰਬੋਧਨ ਵਿੱਚ ਖੋਜ ਦੀ ਗੁਣਵੱਤਾ ਬਾਰੇ ਨੁਕਤੇ ਸਾਂਝੇ ਕੀਤੇ। ਡਾ. ਅਮੋਲ ਪੀ. ਭੋਂਡੇਕਰ ਨੇ ਇਲੈਕਟ੍ਰੋਨਿਕ ਇੰਜਨੀਅਰ ਦੇ ਖੇਤਰ ਵਿਚਲੇ ਨਵੇਂ ਰੁਝਾਨਾਂ ਬਾਰੇ ਗੱਲ ਕਰਦਿਆਂ ਸਮੂਹ ਵਿਦਵਾਨਾਂ ਨੂੰ ਆਪਣੇ ਵਿਚਾਰ ਸਾਂਝੇ ਕਰਨ ਦੀ ਸਲਾਹ ਦਿੱਤੀ। ਵਿਭਾਗ ਮੁਖੀ ਡਾ. ਕੁਲਵਿੰਦਰ ਸਿੰਘ ਮੱਲ੍ਹੀ ਨੇ ਸਵਾਗਤੀ ਭਾਸ਼ਣ ਦੌਰਾਨ ਕਾਨਫਰੰਸ ਦੇ ਵਿਸ਼ੇ ਸਬੰਧੀ ਅਹਮ ਟਿੱਪਣੀਆਂ ਕੀਤੀਆਂ। ਉਦਘਾਟਨੀ ਸੈਸ਼ਨ ਦੇ ਅੰਤ ਵਿੱਚ ਇੰਜੀਨੀਅਰਿੰਗ ਫ਼ੈਕਲਟੀ ਦੇ ਡੀਨ ਡਾ. ਮਨਜੀਤ ਸਿੰਘ ਭੰਮਰਾ ਨੇ ਧੰਨਵਾਦੀ ਭਾਸ਼ਣ ਦਿੱਤਾ। ਉਦਘਾਟਨੀ ਸੈਸ਼ਨ ਉਪਰੰਤ, ਜਿਨ੍ਹਾਂ ਮੁੱਖ ਬੁਲਾਰਿਆਂ ਨੇ ਆਪਣੇ ਵਿਚਾਰ ਪ੍ਰਗਟਾਏ, ਉਨ੍ਹਾਂ ਵਿੱਚ ਮੈਕਸੀਕੋ ਸਿਟੀ ਦੇ ਅਦਾਰੇ ਨੈਸ਼ਨਲ ਇੰਸਟੀਚਿਊਟ ਆਫ਼ ਐਸਟਰੋਫਿਜ਼ਿਕਸ, ਔਪਟਿਕਸ ਐਂਡ ਇਲੈਕਟ੍ਰੋਨਿਕਸ ਤੋਂ ਡਾ. ਅਲੌਂਸੋ ਕਰੋਨਾ ਸ਼ਵੇਜ਼ ਤੇ ਐਸਟਰੋਨੋਮਸ ਯੂਨੀਵਰਸਿਟੀ ਆਫ਼ ਮੈਕਸੀਕੋ ਤੋਂ ਡਾ. ਤੇਜਿੰਦਰ ਕੌਰ ਸ਼ਾਮਲ ਸਨ।

## ਹੋਮ ਸਾਇੰਸ ਵਿਭਾਗ ਦੇ ਵਿਦਿਆਰਥੀਆਂ ਦਾ ਉਦਯੋਗਿਕ ਦੌਰਾ

**ਦੋਰਾਹਾ (ਹਰਮਿੰਦਰ ਸੇਠ)**- ਮਾਤਾ ਗੰਗਾ ਖਾਲਸਾ ਕਾਲਜ ਮੰਜੀ ਸਾਹਿਬ ਦੇ ਹੋਮ ਸਾਇੰਸ ਵਿਭਾਗ ਵੱਲੋਂ ਵਿਦਿਆਰਥੀਆਂ ਨੂੰ ਪ੍ਰਯੋਗਾਤਮਕ ਜਾਣਕਾਰੀ ਦੇਣ ਦੇ ਉਦੇਸ਼ ਨਾਲ ਸਮਰਾਲਾ ਰੋਡ ਸਥਿਤ ਕੌਂਸੈਨ ਸਪਿਨਿੰਗ ਮਿਲਜ਼ ਦਾ ਉਦਯੋਗਿਕ ਦੌਰਾ ਕਰਵਾਇਆ ਗਿਆ।ਇਸ ਦੌਰੇ ਵਿੱਚ ਵਿਭਾਗ ਦੀ ਮੁਖੀ ਪ੍ਰੋ. ਨੀਰੂ ਗਰਗ ਦੀ ਅਗਵਾਈ ਹੇਠ 20 ਵਿਦਿਆਰਥੀਆਂ ਨੇ ਭਾਗ ਲਿਆ।ਦੌਰੇ ਦੌਰਾਨ ਸਪਿਨਿੰਗ ਯੂਨਿਟ ਦੇ ਪ੍ਰੋਡਕਸ਼ਨ ਹੈੱਡ ਸ਼੍ਰੀ ਐੱਮ. ਕੇ. ਚੌਧਰੀ ਨੇ



ਵਿਦਿਆਰਥੀਆਂ ਨੂੰ ਸਪਿਨਿੰਗ ਪ੍ਰਕਿਰਿਆ ਦੇ ਵੱਖ-ਵੱਖ ਪੜਾਅ ਬਾਰੇ ਜਾਣਕਾਰੀ ਦਿੱਤੀ। ਵਿਦਿਆਰਥੀਆਂ ਨੂੰ ਉਦਯੋਗ ਦੇ ਵੱਖ-ਵੱਖ ਵਿਭਾਗਾਂ ਦੀ ਕਾਰਗੁਜ਼ਾਰੀ ਬਾਰੇ ਵੀ ਜਾਣੂ ਕਰਵਾਇਆ ਗਿਆ।ਇਸ ਦੌਰੇ ਨੂੰ ਸੁਚਾਰੂ ਬਣਾਉਣ ਲਈ ਚੀਫ ਸਕਿਊਰਟੀ ਅਫਸਰ ਭਜਨ ਚੰਦ ਤੇ ਲੇਬਰ ਸੁਪਰਵਾਈਜ਼ਰ ਸ਼ਿੰਦਰ ਕੌਰ ਨੇ ਪੂਰਾ ਸਹਿਯੋਗ ਦਿੱਤਾ।ਕੌਂਸੈਨ ਸਪਿਨਰਜ਼ ਦੇ ਯੂਨਿਟ ਹੈੱਡ ਤੇ ਪ੍ਰਧਾਨ ਸੰਦੀਪ ਗੁਪਤਾ ਵੱਲੋਂ ਦੌਰੇ ਦੀਆਂ ਸਾਰੀਆਂ ਵਿਵਸਥਾਵਾਂ ਕੀਤੀਆਂ ਗਈਆਂ ਅਤੇ ਵਿਦਿਆਰਥੀਆਂ ਲਈ ਰਿਫਰੈਸ਼ਮੈਂਟ ਦਾ ਵੀ ਪ੍ਰਬੰਧ ਕੀਤਾ ਗਿਆ।ਕਾਲਜ ਦੇ ਪ੍ਰਿੰਸੀਪਲ ਡਾ. ਗਗਨਦੀਪ ਸਿੰਘ ਨੇ ਵਿਭਾਗ ਦੇ ਇਸ ਉਪਰਾਲੇ ਦੀ ਸਰਾਹਨਾ ਕੀਤੀ ਤੇ ਵਿਦਿਆਰਥੀਆਂ ਨੂੰ ਭਵਿੱਖ ਵਿੱਚ ਵੀ ਅਜਿਹੀਆਂ ਗਤੀਵਿਧੀਆਂ ਵਿੱਚ ਭਾਗ ਲੈ ਕੇ ਪ੍ਰਯੋਗਾਤਮਕ ਗਿਆਨ ਹਾਸਲ ਕਰਨ ਲਈ ਪ੍ਰੇਰਿਤ ਕੀਤਾ।

## ਸੜਕ 'ਤੇ ਖੜ੍ਹੇ ਪਾਣੀ ਦੀ ਨਿਕਾਸੀ ਨਾ ਹੋਣ ਕਾਰਨ ਰਾਹਗੀਰ ਪ੍ਰੇਸ਼ਾਨ

**ਬਰੇਟਾ (ਰੀਤਵਾਲ)**- ਪਿਛਲੇ ਕਈ ਦਿਨਾਂ ਤੋਂ ਗੰਦੇ ਪਾਣੀ ਦੀ ਨਿਕਾਸੀ ਨਾ ਹੋਣ ਕਾਰਨ ਰਾਹਗੀਰਾਂ ਤੇ ਕਿਸਾਨਾਂ ਨੂੰ ਭਾਰੀ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ।ਜਾਣਕਾਰੀ ਅਨੁਸਾਰ



ਪਿਛਲੇ ਕਈ ਦਿਨਾਂ ਤੋਂ ਬਰੇਟਾ-ਬੁਢਲਾਡਾ ਹਾਵੀਏ 'ਤੇ ਮੁਲਾਜ਼ਮ ਕਲੋਨੀ ਨਜ਼ਦੀਕ ਪਿੱਛੋਂ ਆ ਰਹੇ ਗਲੀਆਂ-ਨਾਲੀਆਂ ਦੇ ਗੰਦੇ ਪਾਣੀ ਦਾ ਨਿਕਾਸ ਨਾ ਹੋਣ ਕਾਰਨ ਗੰਦਾ ਪਾਣੀ ਸੜਕ 'ਤੇ ਖਿਲਰਾ ਦਿਖਾਈ ਦੇ ਰਿਹਾ ਹੈ, ਜਿਸ ਨੂੰ ਲੈ ਕੇ ਰਾਹਗੀਰ ਤੇ ਕਿਸਾਨ ਬਹੁਤ ਪ੍ਰੇਸ਼ਾਨ ਹਨ, ਕਿਉਂਕਿ ਇਹ ਪਾਣੀ ਸੜਕ ਤੇ ਖੇਤਾਂ 'ਚ ਦਾਖਲ ਹੋ ਕੇ ਭਿਆਨਕ ਬਿਮਾਰੀਆਂ ਨੂੰ ਸੱਦਾ ਦੇ ਰਿਹਾ ਹੈ ਅਤੇ ਇਸ ਪਾਣੀ ਦੇ ਕਾਰਨ ਕਿਸੇ ਸਮੇਂ ਵੀ ਕੋਈ ਵੱਡਾ ਹਾਦਸਾ ਵਾਪਰ ਸਕਦਾ ਹੈ।ਇਸ ਸਮੱਸਿਆ ਦਾ ਹੱਲ ਕਰਨ ਦੀ ਬਜਾਏ ਨਗਰ ਕੌਂਸਲ ਵਿਭਾਗ ਕੁੰਭਕਰਨੀ ਨੀਂਦ ਸੁੱਤਾ ਪਿਆ ਹੈ।ਰਾਹਗੀਰਾਂ ਨੇ ਪੰਜਾਬ ਸਰਕਾਰ ਤੇ ਸੰਬੰਧਤ ਅਧਿਕਾਰੀਆਂ ਤੋਂ ਪਹਿਲ ਦੇ ਆਧਾਰ 'ਤੇ ਉਕਤ ਸਮੱਸਿਆ ਦਾ ਹੱਲ ਕਰਨ ਦੀ ਮੰਗ ਕੀਤੀ ਤਾਂ ਜੋ ਉਹ ਰੋਜ਼-ਰੋਜ਼ ਦੀ ਇਸ ਪ੍ਰੇਸ਼ਾਨੀ ਤੋਂ ਛੁਟਕਾਰਾ ਪਾ ਸਕਣ।

# ਸ਼ਹੀਦ ਭਗਤ ਸਿੰਘ ਕਾਲਜ ਆਫ ਨਰਸਿੰਗ ਦਾ ਨਤੀਜਾ ਸ਼ਾਨਦਾਰ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)** ਸ਼ਹੀਦ ਭਗਤ ਸਿੰਘ ਕਾਲਜ ਆਫ ਨਰਸਿੰਗ ਸੋਢੇਵਾਲਾ, ਫਿਰੋਜ਼ਪੁਰ ਵਿਖੇ ਜੀਐੱਨਐੱਮ (2024-27) ਤੇ ਏਐੱਨਐੱਮ (2024-26) ਪਹਿਲੇ ਸਾਲ ਦੇ ਵਿਦਿਆਰਥੀਆਂ ਦਾ ਨਤੀਜਾ ਸ਼ਾਨਦਾਰ ਰਿਹਾ, ਜਿਸ ਵਿਚ ਜੀਐੱਨਐੱਮ ਦੇ ਵਿਦਿਆਰਥੀਆਂ ਨੇ ਕ੍ਰਮਵਾਰ ਹਰਲੀਨ ਕੌਰ ਸਪੁੱਤਰੀ ਗੁਰਮੇਲ ਸਿੰਘ ਨੇ ਪਹਿਲੇ ਦਰਜੇ, ਕਮਲਪ੍ਰੀਤ ਕੌਰ ਸਪੁੱਤਰੀ ਕੁਲਵਿੰਦਰ ਸਿੰਘ ਨੇ ਦੂਜੇ ਦਰਜੇ ਤੇ ਹਰਪ੍ਰੀਤ ਕੌਰ ਸਪੁੱਤਰੀ ਗੁਰਬਿੰਦਰ ਸਿੰਘ ਨੇ ਤੀਜੇ ਦਰਜੇ ਤੇ ਏਐੱਨਐੱਮ ਦੇ ਵਿਦਿਆਰਥੀਆਂ ਨੇ ਕ੍ਰਮਵਾਰ ਰਾਜਵਿੰਦਰ ਕੌਰ ਸਪੁੱਤਰੀ ਜਗਸੀਰ ਸਿੰਘ ਨੇ ਪਹਿਲੇ ਦਰਜੇ, ਸ਼ਿਖਾ ਸਪੁੱਤਰੀ ਅਸ਼ਵਨੀ ਕੁਮਾਰ ਨੇ ਦੂਜੇ ਦਰਜੇ ਤੇ ਰਮਨਦੀਪ ਕੌਰ ਸਪੁੱਤਰੀ ਸਤਪਾਲ ਸਿੰਘ ਨੇ ਤੀਜੇ ਦਰਜੇ ਵਿੱਚ ਪ੍ਰੀਖਿਆ ਪਾਸ ਕੀਤੀ। ਧਰਮਪਾਲ ਬਾਂਸਲ (ਸੰਸਥਾਪਕ ਭਗਤੀ ਭਜਨ ਗਰੁੱਪ, ਹਾਰਮਨੀ ਵਨਿਅਮ, ਹਾਰਮਨੀ ਆਯੁਰਵੈਦਿਕ ਕਾਲਜ ਤੇ ਸ਼ਹੀਦ ਭਗਤ ਸਿੰਘ ਕਾਲਜ ਆਫ ਨਰਸਿੰਗ) ਨੇ ਕਿਹਾ ਕਿ ਇਸ ਸ਼ਾਨਦਾਰ ਨਤੀਜੇ ਲਈ ਵਿਦਿਆਰਥੀ ਤੇ ਅਧਿਆਪਕ ਦੋਵੇਂ ਵਧਾਈ ਦੇ ਪਾਤਰ ਹਨ। ਉਨ੍ਹਾਂ ਵੱਲੋਂ ਸਮੇਂ ਸਮੇਂ ਤੇ ਸਿੱਖਿਆ ਦੇ ਮਿਆਰ ਨੂੰ ਉੱਪਰ ਚੁੱਕਣ ਲਈ ਉਪਰਾਲੇ ਕੀਤੇ ਜਾਂਦੇ ਹਨ, ਜਿਸ ਦੇ ਨਤੀਜੇ ਵਜੋਂ ਉਨ੍ਹਾਂ ਸਿੱਖਿਆ ਦੇ ਖੇਤਰ ਵਿੱਚ ਆਪਣੀ ਇਕ ਵੱਖਰੀ ਪਛਾਣ ਕਾਇਮ ਕੀਤੀ ਹੈ। ਪ੍ਰਿੰਸੀਪਲ ਸੁਖਦੀਪ ਕੌਰ ਨੇ ਕਿਹਾ ਕਿ ਇਹ ਸਟਾਫ ਤੇ ਬੱਚਿਆਂ ਦੀ ਸਖਤ ਮਿਹਨਤ ਦਾ ਨਤੀਜਾ ਹੈ। ਉਨ੍ਹਾਂ ਸਟਾਫ ਤੇ ਵਿਦਿਆਰਥੀਆਂ ਨੂੰ ਅੱਗੇ ਹੋਰ ਮਿਹਨਤ ਕਰਨ ਲਈ ਪ੍ਰੇਰਿਆ ਤੇ ਬੱਚਿਆਂ ਦੇ ਉੱਜਵਲ ਭਵਿੱਖ ਦੀ ਕਾਮਨਾ ਕੀਤੀ। ਇਸ ਮੌਕੇ ਸਮੂਹ ਕਾਲਜ ਸਟਾਫ ਹਾਜ਼ਰ ਸੀ।

# ਪਿੰਡਾਂ ਨੂੰ ਸ਼ਹਿਰਾਂ ਵਰਗੀਆਂ ਸਹੂਲਤਾਂ ਦੇਣ ਲਈ ਸਰਕਾਰ ਵਚਨਬੱਧ : ਕਾਕਾ ਬਰਾੜ

## ਚੱਕ ਬਧਾਈ ਦੇ ਮੌਜੂਦਾ ਪੰਚਾਇਤ ਮੈਂਬਰ ਸਾਥੀਆਂ ਸਮੇਤ ਆਪ 'ਚ ਸ਼ਾਮਲ

* ਚੱਕ ਬਧਾਈ ਦੇ ਮੌਜੂਦਾ ਪੰਚਾਇਤ ਮੈਂਬਰ **ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ/ਪੂਜਾ)** ਨਜ਼ਦੀਕੀ ਪਿੰਡ ਚੱਕ ਬਧਾਈ ਦੇ ਮੌਜੂਦਾ ਪੰਚਾਇਤ ਮੈਂਬਰ ਹੋਰਨਾਂ ਸਾਥੀਆਂ ਸਮੇਤ ਅਕਾਲੀ ਦਲ ਤੇ ਕਾਂਗਰਸ ਨੂੰ



ਅਲਵਿਦਾ ਆਖ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋ ਗਏ, ਜਿਨ੍ਹਾਂ ਦਾ ਵਿਧਾਇਕ ਜਗਦੀਪ ਸਿੰਘ ਕਾਕਾ ਬਰਾੜ ਵੱਲੋਂ ਭਰਵਾਂ ਸਵਾਗਤ ਕੀਤਾ ਗਿਆ।ਇਸ ਮੌਕੇ ਪਿੰਡ ਦੇ ਸਰਪੰਚ, ਅਹੁਦੇਦਾਰ ਤੇ ਵਰਕਰ ਹਾਜ਼ਰ ਸਨ। ਸਮਾਗਮ ਦੌਰਾਨ ਵਿਧਾਇਕ ਜਗਦੀਪ ਸਿੰਘ ਕਾਕਾ ਬਰਾੜ ਨੇ ਕਿਹਾ ਕਿ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਣ ਵਾਲੇ ਸਾਰੇ ਮੈਂਬਰਾਂ ਨੂੰ ਪਾਰਟੀ ਵਿੱਚ ਪੂਰਾ ਮਾਣ ਸਤਿਕਾਰ ਦਿੱਤਾ ਜਾਵੇਗਾ।ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਲੋਕਾਂ ਦੀ ਭਲਾਈ ਲਈ ਕੰਮ ਕਰ ਰਹੀ ਹੈ ਤੇ ਪਿੰਡਾਂ ਦੇ ਵਿਕਾਸ ਲਈ ਵੀ ਵਿਸ਼ੇਸ਼ ਧਿਆਨ ਦਿੱਤਾ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਪਿੰਡਾਂ ਨੂੰ ਸ਼ਹਿਰਾਂ ਵਰਗੀਆਂ ਸਹੂਲਤਾਂ ਦੇਣ ਲਈ ਸਰਕਾਰ ਵਚਨਬੱਧ ਹੈ।ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਥੋੜ੍ਹੇ ਸਮੇਂ ਵਿੱਚ ਹੀ ਲੋਕਾਂ ਲਈ ਬਹੁਤ ਸਾਰੇ ਕੰਮ ਕੀਤੇ ਹਨ ਤੇ ਅੱਗੇ ਵੀ ਇਹ ਕੰਮ ਜਾਰੀ ਰਹਿਣਗੇ। ਇਸ ਦੌਰਾਨ ਸੁਖਵੀਰ ਸਿੰਘ ਮੈਂਬਰ, ਗੁਰਚਰਨ ਸਿੰਘ, ਮੰਦਰ ਸਿੰਘ, ਬਲਦੇਵ ਸਿੰਘ, ਸੁਖਦੇਵ ਸਿੰਘ, ਹਰਵੀਰ ਸਿੰਘ, ਜਗਰੂਪ ਸਿੰਘ ਮੈਂਬਰ, ਬਲਵੰਤ ਸਿੰਘ, ਮੰਦਰ ਸਿੰਘ, ਵੱਸਣ ਸਿੰਘ, ਹਰਪਾਲ ਸਿੰਘ, ਗੁਰਦੇਵ ਸਿੰਘ, ਜਸਵੀਰ ਮੈਂਬਰ ਨੇ ਪਾਰਟੀ ਵਿੱਚ ਸ਼ਾਮਲ ਹੋਣ ਤੋਂ ਬਾਅਦ ਵਿਧਾਇਕ ਜਗਦੀਪ ਸਿੰਘ ਕਾਕਾ ਬਰਾੜ ਨੂੰ ਵਿਸ਼ਵਾਸ ਦੁਆਇਆ ਕਿ ਉਹ ਪਾਰਟੀ ਦੀਆਂ ਗਤੀਵਿਧੀਆਂ ਨੂੰ ਘਰ ਘਰ ਪਹੁੰਚਾਉਣ ਲਈ ਸਿਰ ਤੋੜ ਯਤਨ ਕਰਨਗੇ।

# ਮੋਗਾ ਰੈਲੀ ਦੀ ਤਿਆਰੀ ਸੰਬੰਧੀ ਰਾਣਾ ਸੋਢੀ ਵੱਲੋਂ ਖਾਈ ਫੇਮੇ ਕੀ 'ਚ ਮੀਟਿੰਗ

**ਫਿਰੋਜ਼ਪੁਰ (ਗੁਰਬਚਨ ਸਿੰਘ)**- ਆਗਾਮੀ 14 ਮਾਰਚ ਨੂੰ ਮੋਗਾ ਦੇ ਪਿੰਡ ਕਿੱਲੀ ਚਾਹਲ ਵਿਖੇ ਭਾਰਤੀ ਜਨਤਾ ਪਾਰਟੀ ਵੱਲੋਂ ਕੀਤੀ ਜਾ ਰਹੀ 'ਬਦਲਾਅ ਰੈਲੀ' ਦੀਆਂ ਤਿਆਰੀਆਂ ਨੂੰ ਲੈ ਕੇ



ਸਰਗਰਮੀਆਂ ਤੇਜ਼ ਹੋ ਗਈਆਂ ਹਨ।ਇਸੇ ਸਬੰਧ ਵਿੱਚ ਪਿੰਡ ਖਾਈ ਫੇਮੇ ਕੀ ਵਿਖੇ ਇਕ ਵਿਸ਼ੇਸ਼ ਮੀਟਿੰਗ ਕੀਤੀ ਗਈ, ਜਿਸ ਵਿੱਚ ਭਾਜਪਾ ਦੇ ਸੀਨੀਅਰ ਆਗੂ ਤੇ ਸਾਬਕਾ ਕੈਬਨਿਟ ਮੰਤਰੀ ਰਾਣਾ ਗੁਰਮੀਤ ਸਿੰਘ ਸੋਢੀ ਵਿਸ਼ੇਸ਼ ਤੌਰ 'ਤੇ ਪਹੁੰਚੇ।ਮੀਟਿੰਗ ਦੌਰਾਨ ਇਕੱਤਰ ਹੋਏ ਨਗਰ ਨਿਵਾਸੀਆਂ ਤੇ ਵਰਕਰਾਂ ਨੂੰ ਸੰਬੋਧਨ ਕਰਦਿਆਂ ਰਾਣਾ ਸੋਢੀ ਨੇ ਕਿਹਾ ਕਿ ਇਹ ਰੈਲੀ ਪੰਜਾਬ ਦੀ ਸਿਆਸਤ ਵਿੱਚ ਇੱਕ ਨਵਾਂ ਮੋੜ ਸਾਬਿਤ ਹੋਵੇਗੀ।ਉਨ੍ਹਾਂ ਇਲਾਕਾ ਵਾਸੀਆਂ ਨੂੰ ਅਪੀਲ ਕੀਤੀ ਕਿ 14 ਮਾਰਚ ਨੂੰ ਵੱਧ ਤੋਂ ਵੱਧ ਕਾਫ਼ਲਿਆਂ ਦੇ ਰੂਪ ਵਿੱਚ ਮੋਗਾ ਪਹੁੰਚ ਕੇ ਰੈਲੀ ਨੂੰ ਸਫ਼ਲ ਬਣਾਇਆ ਜਾਵੇ।ਇਸ ਮੌਕੇ ਭਾਜਪਾ ਦੇ ਜ਼ਿਲ੍ਹਾ ਵਾਈਸ ਪ੍ਰਧਾਨ ਹਰਿੰਦਰ ਸਿੰਘ ਕੁੱਲ ਨੇ ਵੀ ਵਰਕਰਾਂ ਨੂੰ ਲਾਮਬੰਦ ਕੀਤਾ। ਮੀਟਿੰਗ ਵਿੱਚ ਪਿੰਡ ਦੇ ਮੋਹਤਬਰਾਂ ਤੇ ਪਾਰਟੀ ਆਹੁਦੇਦਾਰਾਂ ਨੇ ਸ਼ਮੂਲੀਅਤ ਕੀਤੀ, ਜਿਨ੍ਹਾਂ ਵਿੱਚ ਸੁਖਰਾਜ ਸਿੰਘ ਸਾਬਕਾ ਸਰਪੰਚ, ਭਗਵਾਨ ਸਿੰਘ ਭੁੱਲਰ, ਲਖਬੀਰ ਸਿੰਘ ਢਿੱਲੋਂ, ਸੋਨੂ ਲਹੌਰੀਆ, ਮੰਨੂ ਬਜਾਜ, ਲਾਡੀ ਬਜਾਜ, ਜਰਨੈਲ ਸਿੰਘ, ਨਿਰਵੈਰ ਸਿੰਘ, ਪ੍ਰਿੰਸ ਸਚਦੇਵਾ, ਰਣਬੀਰ ਉੱਪਲ, ਬਾਬਾ ਬੋਹੜ ਸਿੰਘ, ਅਨੂਪ ਸਿੰਘ ਨੰਬਰਦਾਰ, ਜਸਪਾਲ ਸਿੰਘ ਢਿੱਲੋਂ, ਕਸ਼ਮੀਰ ਸਿੰਘ ਸ਼ੀਰਾ, ਮੁੱਖਾ ਲਹੌਰ ਤੇ ਜਰਮਨ ਸਿੰਘ ਜੰਮੂ ਸ਼ਾਮਲ ਸਨ।

## ਸਾਲਾਨਾ ਸੱਭਿਆਚਾਰਕ ਮੇਲਾ ਤੇ ਅੱਖਾਂ ਦਾ ਚੈੱਕਅੱਪ ਕੈਂਪ 17 ਤੋਂ

**ਮੋਗਾ (ਇਕਬਾਲ ਸਿੰਘ ਖਹਿਰਾ)** ਪਿੰਡ ਧੱਲੇਕੇ ਵਿਖੇ ਸੰਤ ਬਾਬਾ ਨਰੈਣ ਦਾਸ ਜੀ, ਬਾਬਾ ਪੰਜ ਪੀਰਾਂ ਜੀ ਦੀ ਸਮਾਧ, ਸੰਤ ਬਾਬਾ ਭਜਨ ਦਾਸ ਜੀ ਦੀ ਨਿੱਘੀ ਯਾਦ ਨੂੰ ਸਮਰਪਤ ਸਾਲਾਨਾ ਸੱਭਿਆਚਾਰਕ ਮੇਲਾ, ਫ੍ਰੀ ਅੱਖਾਂ ਦਾ ਚੈੱਕਅਪ ਤੇ ਖੂਨਦਾਨ ਕੈਂਪ ਯੁਵਕ ਸੇਵਾਵਾਂ ਯੂਥ ਕਲੱਬ, ਐਨ ਆਰ ਆਈ ਵੀਰ ਅਤੇ ਸਮੂਹ ਨਗਰ ਨਿਵਾਸੀ 17, 18 ਤੇ 19 ਮਾਰਚ ਨੂੰ ਲਾਇਆ ਜਾ ਰਿਹਾ ਹੈ।ਸਾਬਕਾ ਸਰਪੰਚ ਅਤੇ ਯੁਵਕ ਸੇਵਾਵਾਂ ਕਲੱਬ ਦੇ ਪ੍ਰਧਾਨ ਹਰਬੰਸ ਸਿੰਘ ਜੌਹਲ ਨੇ ਦੱਸਿਆ ਕਿ 17 ਮਾਰਚ ਨੂੰ ਬਾਠ ਚੈਰੀਟੇਬਲ ਹਸਪਤਾਲ ਜਲਾਲਦੀਵਾਲ ਦੇ ਮਾਹਿਰ ਡਾਕਟਰਾਂ ਵੱਲੋਂ ਅੱਖਾਂ ਦਾ ਫਰੀ ਚੈਕਅੱਪ ਅਤੇ ਅੱਖਾਂ ਦੇ ਲੈਨਜ਼ ਪਾਏ ਜਾਣਗੇ ਅਤੇ ਗਰਗ ਹਸਪਤਾਲ ਵੱਲੋਂ ਖੂਨ ਦਾਨ ਕੈਂਪ ਅਤੇ ਸ਼ੂਗਰ ਟੈਸਟ, ਹੱਡੀਆਂ ਦੇ ਮਾਹਿਰ ਡਾਕਟਰ ਵਲੋਂ ਜਾਂਚ ਕੀਤਾ ਜਾਵੇਗਾ ਤੇ ਲਾਈਫ ਕੇਅਰ ਫਾਊਂਡੇਸ਼ਨ ਵੱਲੋਂ ਕਿਡਨੀ ਟੈਸਟ ਕੀਤੇ ਜਾਣਗੇ ਤੇ 19 ਮਾਰਚ ਨੂੰ ਸੁੱਖਾ ਦਰਦੀ, ਕੋਮਲ ਗਗੜਾ, ਭੁਪਿੰਦਰ ਗਿੱਲ, ਜਸਵਿੰਦਰ ਜੀਤੂ, ਪਰਵੀਨ ਦਰਦੀ, ਹਰਜੀਤ ਸਿੱਧੂ, ਬਲਵੀਰ ਗਿੱਲ ਆਪਣੇ ਮਕਬੂਲ ਗੀਤਾਂ ਰਾਹੀਂ ਲੋਕਾਂ ਦਾ ਮਨੋਰੰਜਨ ਕਰਨਗੇ।

# ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾ ਪੰਜਾਬ ਸਰਕਾਰ ਦਾ ਇਤਿਹਾਸਕ ਕਦਮ : ਜਸ਼ਨ ਬਰਾੜ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ/ਪੂਜਾ)**- ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਅੰਤਰਰਾਸ਼ਟਰੀ ਮਹਿਲਾ ਦਿਵਸ ਮੌਕੇ ਸੂਬੇ ਦੀਆਂ ਮਹਿਲਾਵਾਂ ਲਈ ਆਪਣੀ ਸਭ ਤੋਂ ਵੱਡੀ ਗਾਰੰਟੀ ਨੂੰ



ਅਮਲੀ ਰੂਪ ਦਿੰਦੇ ਹੋਏ 'ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾ' ਦੀ ਕੀਤੀ ਗਈ ਸ਼ੁਰੂਆਤ ਇਕ ਇਤਿਹਾਸਕ ਫੈਸਲਾ ਹੈ।ਇਹ ਪ੍ਰਗਟਾਵਾ ਚੇਅਰਮੈਨ ਮਾਰਕਿਟ ਕਮੇਟੀ ਮਲੋਟ ਤੇ ਜ਼ਿਲ੍ਹਾ ਪ੍ਰਧਾਨ ਸ੍ਰ. ਜਸ਼ਨ ਬਰਾੜ ਨੇ ਸਥਾਨਕ ਮਾਰਕਿਟ ਕਮੇਟੀ ਮਲੋਟ ਵਿਖੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਦਿੱਤੀ ਗਾਰੰਟੀ ਨੂੰ ਪੂਰਾ ਕਰਦਿਆਂ ਇਸ ਯੋਜਨਾ ਤਹਿਤ ਅਨੁਸੂਚਿਤ ਜਾਤੀ ਵਰਗ ਦੀਆਂ ਔਰਤਾਂ ਨੂੰ 1500 ਰੁਪਏ ਤੇ ਜਨਰਲ ਵਰਗ ਦੀਆਂ ਔਰਤਾਂ ਨੂੰ 1000 ਰੁਪਏ ਪ੍ਰਤੀ ਮਹੀਨਾ ਵਿੱਤੀ ਸਹਾਇਤਾ ਦੇਣ ਦਾ ਐਲਾਨ ਸ਼ਲਾਘਾਯੋਗ ਤੇ ਇਤਿਹਾਸਕ ਕਦਮ ਹੈ।ਚੇਅਰਮੈਨ ਜਸ਼ਨ ਬਰਾੜ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੀ ਇਹ ਪਹਿਲਕਦਮੀ ਹੈ, ਜਿਸ ਵਿੱਚ ਜਰਨਲ ਵਰਗ ਨੂੰ ਵੀ ਸਰਕਾਰ ਦੀ ਲੋਕ ਭਲਾਈ ਸਕੀਮ ਦਾ ਲਾਭ ਮਿਲ ਰਿਹਾ ਹੈ, ਚਾਹੇ ਉਹ ਮੁਫ਼ਤ ਬਿਜਲੀ ਹੋਵੇ, ਸਿਹਤ ਯੋਜਨਾ ਹੋਵੇ, ਮਹਿਲਾਵਾਂ ਲਈ ਫਰੀ ਬੱਸਾਂ ਦਾ ਸਫਰ ਹੋਵੇ, ਸਿੱਖਿਆ ਤੇ ਨੌਜਵਾਨਾਂ ਨੂੰ ਨੌਕਰੀਆਂ ਹਰ ਵਰਗ ਨੂੰ ਇਨ੍ਹਾਂ ਯੋਜਨਾਵਾਂ ਦਾ ਲਾਭ ਮਿਲ ਰਿਹਾ ਹੈ।ਇਸ ਮੌਕੇ ਪਰਮਿੰਦਰ ਕੌਰ ਜਿਲਾ ਪ੍ਰਧਾਨ ਮਹਿਲਾ ਵਿੰਗ, ਕੁਲਵਿੰਦਰ ਬਰਾੜ ਜਿਲਾ ਪ੍ਰਧਾਨ ਮੀਡੀਆ, ਸੁਖਵਿੰਦਰ ਸਿੰਘ ਸੁੱਖੀ ਜਿਲਾ ਸੈਕਟਰੀ, ਪਰਮਜੀਤ ਗਿੱਲ ਹਲਕਾ ਸੰਗਠਨ ਇੰਚਾਰਜ, ਆਸ਼ੂ ਚਾਨਣਾ, ਬਲਜੀਤ ਕੌਰ ਡਿੰਪਲ, ਪੂਜਾ ਰਾਣੀ ਹਾਜ਼ਰ ਸਨ।

# ਢੀਂਡਸਾ ਨੂੰ ਬਰਸੀ ਮੌਕੇ ਨਿੱਘੀਆਂ ਸ਼ਰਧਾਂਜਲੀਆਂ




**ਸੰਗਰੂਰ (ਪ੍ਰਵੀਨ ਸਿੰਘ)**- ਪੰਥਕ ਆਗੂ ਤੇ ਮਰਹੂਮ ਸਿਆਸਤਦਾਨ ਸੁਖਦੇਵ ਸਿੰਘ ਢੀਂਡਸਾ ਦੀ ਪਹਿਲੀ ਬਰਸੀ ਮੌਕੇ ਗੁਰਦੁਆਰਾ ਸ੍ਰੀ ਨਾਨਕਿਆਣਾ ਸਾਹਿਬ ਸੰਗਰੂਰ ਵਿਖੇ ਸ਼ਰਧਾਂਜਲੀ ਸਮਾਗਮ ਕਰਵਾਇਆ ਗਿਆ।ਇਸ ਮੌਕੇ ਸਾਬਕਾ ਮੰਤਰੀ ਤੇ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਦੇ ਸੀਨੀਅਰ ਆਗੂ ਸੁਰਜੀਤ ਸਿੰਘ ਰੱਖੜਾ, ਗਿਆਨੀ ਹਰਪ੍ਰੀਤ ਸਿੰਘ, ਪ੍ਰੋ. ਪ੍ਰੇਮ ਸਿੰਘ ਚੰਦੂਮਾਜਰਾ ਤੇ ਕਈ ਹੋਰ ਸ਼ਖ਼ਸੀਅਤਾਂ ਨੇ ਹਾਜ਼ਰੀ ਭਰਦੇ ਹੋਏ ਮਰਹੂਮ ਆਗੂ ਨੂੰ ਸ਼ਰਧਾਂਜਲੀ ਭੇਟ ਕੀਤੀ।ਉਨ੍ਹਾਂ ਕਿਹਾ ਕਿ ਸ. ਢੀਂਡਸਾ ਇੱਕ ਦਰਵੇਸ਼ ਸੁਭਾਅ ਦੇ ਸਿਆਸਤਦਾਨ ਸਨ, ਜੋ ਸਾਰੀ ਉਮਰ ਪੰਥ ਤੇ ਪੰਜਾਬ ਦੇ ਹਿੱਤਾਂ ਲਈ ਇਮਾਨਦਾਰੀ ਨਾਲ ਕੰਮ ਕਰਦੇ ਰਹੇ।ਉਨ੍ਹਾਂ ਆਪਣੀ ਸਿਆਸੀ ਜ਼ਿੰਦਗੀ ਵਿੱਚ ਕਦੇ ਵੀ ਨਿੱਜੀ ਲਾਭ ਨਹੀਂ ਸੋਚਿਆ।ਉਹ ਹਮੇਸ਼ਾ ਪੰਥ ਤੇ ਪਾਰਟੀ ਦੇ ਸਿਧਾਂਤਾਂ ਨਾਲ ਡੱਟ ਕੇ ਖੜ੍ਹੇ ਰਹੇ।ਉਨ੍ਹਾਂ ਦੀ ਸਾਦਗੀ, ਨਿਮਰਤਾ ਤੇ ਗੁਰੂ ਘਰ ਪ੍ਰਤੀ ਅਟੱਲ ਵਿਸ਼ਵਾਸ ਉਨ੍ਹਾਂ ਦੀ ਸ਼ਖ਼ਸੀਅਤ ਦੀ ਵੱਡੀ ਖ਼ਾਸੀਅਤ ਸੀ।ਸ੍ਰ. ਢੀਂਡਸਾ ਵੱਲੋਂ ਪੰਜਾਬ ਤੇ ਕੇਂਦਰ ਸਰਕਾਰ 'ਚ ਰਹਿੰਦਿਆਂ ਨਿਭਾਈਆਂ ਸੇਵਾਵਾਂ ਹਮੇਸ਼ਾ ਯਾਦ ਰਹਿਣਗੀਆਂ। ਪ੍ਰਮਿੰਦਰ ਸਿੰਘ ਢੀਂਡਸਾ ਨੇ ਆਪਣੇ ਪਿਤਾ ਜੀ ਦੀ ਬਰਸੀ ਸਮੇਂ ਸ਼੍ਰੋਮਣੀ ਅਕਾਲੀ ਦਲ, ਭਾਜਪਾ, ਕਾਂਗਰਸ ਪਾਰਟੀ ਵੱਲੋਂ ਸਾਬਕਾ ਮੰਤਰੀ ਵਿਜੇਇੰਦਰ ਸਿੰਗਲਾ, ਦੇਸ਼ ਵਿਦੇਸ਼ਾਂ ਤੋਂ ਆਏ ਰਾਜਨੀਤਕ ਪਾਰਟੀਆਂ ਦੇ ਆਗੂ, ਸਮਾਜਕ, ਪ੍ਰਸ਼ਾਸਨਕ ਅਧਿਕਾਰੀਆਂ ਤੇ ਆਪਣੀ ਪਾਰਟੀ ਦੇ ਸਾਰੇ ਛੋਟੇ ਤੇ ਵੱਡੇ ਲੀਡਰ ਤੱਕ ਦਾ ਇਸ ਮੌਕੇ ਆਉਣ 'ਤੇ ਧੰਨਵਾਦ ਕੀਤਾ।

## ...ਸਫ਼ਾ 1 ਦੇ ਬਾਕੀ

### ਇਨਫੋਸਿਸ ਦੇ 286 ਕਰੋੜ ਦੇ ਕੈਂਪਸ ...

ਆਲਮੀ ਕੰਪਨੀ ਇਨਫੋਸਿਸ ਦੇ ਨੁਮਾਇੰਦਿਆਂ ਦਾ ਨਿੱਘਾ ਸਵਾਗਤ ਕਰਦਾ ਹਾਂ ਅਤੇ ਸਾਡੀ ਸਰਕਾਰ ਦੀਆਂ ਉਦਯੋਗ-ਪੱਖੀ ਨੀਤੀਆਂ ਵਿੱਚ ਵਿਸ਼ਵਾਸ ਦਿਖਾਉਣ ਲਈ ਉਨ੍ਹਾ ਦਾ ਧੰਨਵਾਦ ਕਰਦਾ ਹਾਂ। ਮੈਂ ਦੇਸ਼ ਦੀ ਆਰਥਿਕ ਤਰੱਕੀ ਵਿੱਚ ਇਨਫੋਸਿਸ ਦੇ ਬਾਨੀ ਐੱਨ ਆਰ ਨਾਰਾਇਣ ਮੂਰਤੀ ਦੇ ਅਥਾਹ ਯੋਗਦਾਨ ਨੂੰ ਵੀ ਯਾਦ ਕਰਦਾ ਹਾਂ। ' ਮੁੱਖ ਮੰਤਰੀ ਨੇ ਕਿਹਾ, 'ਇਸ ਪ੍ਰਾਜੈਕਟ ਤਹਿਤ ਪਹਿਲੇ ਪੜਾਅ ਵਿੱਚ ਇਕ ਏਕੀਕ੍ਰਿਤ ਕੈਂਪਸ ਸਥਾਪਤ ਕੀਤਾ ਜਾਵੇਗਾ, ਜਿਸ ਵਿੱਚ ਇਕ ਸਾਫਟਵੇਅਰ ਡਿਵੈੱਲਪਮੈਂਟ ਬਲਾਕ, ਫੂਡ ਕੋਰਟ ਅਤੇ ਹੋਰ ਸਹੂਲਤਾਂ ਸ਼ਾਮਲ ਹੋਣਗੀਆਂ। ਕੈਂਪਸ ਵਿੱਚ 3.50 ਲੱਖ ਵਰਗ ਫੁੱਟ ਦਾ ਰਕਬਾ ਨਿਰਮਾਣ ਅਧੀਨ ਹੋਵੇਗਾ, ਜਿਸ ਵਿੱਚ ਤਿੰਨ ਹਜ਼ਾਰ ਲੋਕਾਂ ਦੇ ਬੈਠਣ ਦੀ ਸਮਰੱਥਾ ਹੋਵੇਗੀ। ਪੰਜਾਬ ਸਰਕਾਰ ਇਸ ਪ੍ਰਾਜੈਕਟ ਲਈ ਇਨਫੋਸਿਸ ਨੂੰ ਪੂਰਾ ਸਹਿਯੋਗ ਦੇਵੇਗੀ, ਜਿਸ ਨਾਲ ਹੋਰ ਕੰਪਨੀਆਂ ਪੰਜਾਬ ਵਿੱਚ ਨਿਵੇਸ਼ ਕਰਨ ਲਈ ਉਤਸ਼ਾਹਤ ਹੋਣਗੀਆਂ ਅਤੇ ਸਾਡੇ ਨੌਜਵਾਨਾਂ ਲਈ ਰੁਜ਼ਗਾਰ ਦੇ ਵਧੇਰੇ ਮੌਕੇ ਪੈਦਾ ਹੋਣਗੇ। ਮੁੱਖ ਮੰਤਰੀ ਨੇ ਇਹ ਵੀ ਸਾਂਝਾ ਕੀਤਾ ਕਿ 20 ਮਾਰਚ ਨੂੰ 3,200 ਕਰੋੜ ਦੇ ਨਿਵੇਸ਼ ਨਾਲ ਦੇਸ਼ ਦੇ ਦੂਜੇ ਸਭ ਤੋਂ ਵੱਡੇ ਟਾਟਾ ਸਟੀਲ ਪ੍ਰਾਜੈਕਟ ਦਾ ਉਦਘਾਟਨ ਲੁਧਿਆਣਾ ਵਿੱਚ ਕੀਤਾ ਜਾਵੇਗਾ। ਇਹ ਪ੍ਰਾਜੈਕਟ 2,500 ਨੌਜਵਾਨਾਂ ਨੂੰ ਰੁਜ਼ਗਾਰ ਦੇ ਮੌਕੇ ਪ੍ਰਦਾਨ ਕਰੇਗਾ ਅਤੇ ਪੰਜਾਬ ਦੇ ਆਰਥਿਕ ਵਿਕਾਸ ਨੂੰ ਤੇਜ਼ ਕਰੇਗਾ। ਮਾਨ ਨੇ ਖੁਲਾਸਾ ਕੀਤਾ ਕਿ ਮਾਰਚ 2022 ਤੋਂ ਪੰਜਾਬ ਨੂੰ 1.55 ਕਰੋੜ ਤੋਂ ਵੱਧ ਦੇ ਨਿਵੇਸ਼ ਪ੍ਰਸਤਾਵ ਪ੍ਰਾਪਤ ਹੋਏ ਹਨ, ਜਿਸ ਨਾਲ 5.44 ਲੱਖ ਨੌਜਵਾਨਾਂ ਲਈ ਰੁਜ਼ਗਾਰ ਪੈਦਾ ਹੋਵੇਗਾ।

ਉਨ੍ਹਾ ਕਿਹਾ ਕਿ ਸਾਲ 2022 ਤੋਂ ਪਹਿਲਾਂ ਉਦਯੋਗਪਤੀਆਂ ਨੂੰ ਦਬਾਅ ਅਤੇ ਜਬਰੀ ਵਸੂਲੀ ਦਾ ਸਾਹਮਣਾ ਕਰਨਾ ਪੈਂਦਾ ਸੀ, ਜਿਸ ਕਾਰਨ ਬਹੁਤ ਸਾਰੇ ਉਦਯੋਗਾਂ ਨੂੰ ਪੰਜਾਬ ਛੱਡਣ ਲਈ ਮਜਬੂਰ ਹੋਣਾ ਪਿਆ ਜਿਸ ਨਾਲ ਸੂਬੇ ਦੇ ਆਰਥਿਕ ਵਿਕਾਸ ਵਿੱਚ ਵੱਡੀ ਰੁਕਾਵਟ ਆਈ। ਇਸ ਮੌਕੇ ਕੈਬਨਿਟ ਮੰਤਰੀ ਸੰਜੀਵ ਅਰੋੜਾ ਅਤੇ ਰਾਜ ਸਭਾ ਮੈਂਬਰ ਵਿਕਰਮਜੀਤ ਸਿੰਘ ਸਾਹਨੀ ਵੀ ਮੌਜੂਦ ਸਨ।

# ਨਸ਼ਿਆਂ ਖਿਲਾਫ਼ ਜਾਗਰੂਕ ਕਰਨ ਲਈ ਭਾਸ਼ਣ ਮੁਕਾਬਲੇ ਕਰਾਏ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ/ਪੂਜਾ)**- ਡਿਪਟੀ ਕਮਿਸ਼ਨਰ ਸ੍ਰੀ ਮੁਕਤਸਰ ਸਾਹਿਬ ਸ੍ਰੀ ਅਭਿਜੀਤ ਕਪਲਿਸ਼ ਦੀ ਯੋਗ ਅਗਵਾਈ ਵਿੱਚ 'ਜ਼ਿੰਦਗੀ ਜ਼ਿੰਦਾਬਾਦ-ਨਸ਼ੇ ਨੂੰ ਨਾਂਹ, ਜ਼ਿੰਦਗੀ ਨੂੰ ਹਾਂ' ਮੁਹਿੰਮ ਤਹਿਤ ਡਾਇਟ ਬਰਕੰਦੀ ਤੇ ਸੰਤ ਸਹਾਰਾ ਨਰਸਿੰਗ ਇੰਸਟੀਚਿਊਟ ਸ੍ਰੀ ਮੁਕਤਸਰ ਸਾਹਿਬ ਵਿਖੇ ਸਿਖਿਆਰਥੀਆਂ




ਵਿੱਚ ਨਸ਼ਿਆਂ ਖਿਲਾਫ ਜਾਗਰੂਕਤਾ ਪੈਦਾ ਕਰਨ ਲਈ ਭਾਸ਼ਣ ਮੁਕਾਬਲੇ ਕਰਵਾਏ ਗਏ।ਇਨ੍ਹਾਂ ਮੁਕਾਬਲਿਆਂ ਵਿੱਚ ਡਾਇਟ ਬਰਕੰਦੀ ਦੇ ਡੀ. ਐੱਲ. ਐੱਡ ਸੈਸ਼ਨ 2025-27 ਦੇ ਸਿਖਿਆਰਥੀਆਂ ਨੇ ਭਾਗ ਲਿਆ ਤੇ ਪਹਿਲਾ ਸਥਾਨ ਟੀਨਾ, ਦੂਜਾ ਸਥਾਨ ਸ਼ਰਨਦੀਪ ਕੌਰ ਤੇ ਤੀਜਾ ਸਥਾਨ ਸ਼ੁਭਦੀਪ ਸਿੰਘ ਨੇ ਹਾਸਲ ਕੀਤਾ।ਇਸ ਤੋਂ ਇਲਾਵਾ ਜ਼ਿੰਦਗੀ ਜ਼ਿੰਦਾਬਾਦ ਦੇ ਜ਼ਿਲ੍ਹਾ ਪ੍ਰਬੰਧਕ ਸ੍ਰੀ ਨਰਵੀਰ ਸਿੰਘ ਗਿੱਲ ਨੇ ਸੰਬੰਧਤ ਮੁਹਿੰਮ ਬਾਰੇ ਵਿਚਾਰ ਸਾਂਝੇ ਕੀਤੇ।ਇਸ ਪ੍ਰੋਗਰਾਮ ਵਿੱਚ ਰਾਜਵੀਰ ਸਿੰਘ ਸਰਾਂ ਐੱਸ ਐੱਚ ਓ ਸਦਰ ਸ੍ਰੀ ਮੁਕਤਸਰ ਸਾਹਿਬ ਤੇ ਪੰਜਾਬ ਪੁਲਸ ਦੀ ਨਸ਼ਾ ਵਿਰੋਧੀ ਟੀਮ ਨੇ ਵੀ ਭਾਗ ਲਿਆ ਅਤੇ ਹਰਮੰਦਰ ਸਿੰਘ ਏਐੱਸਆਈ ਨੇ ਨਸ਼ਿਆਂ ਵਿਰੁੱਧ ਸਿਖਿਆਰਥੀਆਂ ਨੂੰ ਜਾਗਰੂਕ ਕੀਤਾ। ਪ੍ਰਿੰਸੀਪਲ ਡਾਇਟ ਸ੍ਰੀ ਸੰਜੀਵ ਕੁਮਾਰ ਵੱਲੋਂ ਪ੍ਰੋਗਰਾਮ ਵਿੱਚ ਸ਼ਾਮਲ ਹੋਏ ਸਾਰੇ ਪਤਵੰਤੇ ਸੱਜਣਾਂ ਨੂੰ 'ਜੀ ਆਇਆਂ ਨੂੰ' ਆਖਿਆ ਤੇ ਧੰਨਵਾਦ ਕੀਤਾ।


## ਉੱਤਰ ਰੇਲਵੇ
### ਈ-ਨਿਵਿਦਾ ਸੂਚਨਾ

ਮੰਡਲ ਇੰਜੀਨੀਅਰ-ਹੈਡਕੁ. ਫਿਰੋਜਪੁਰ ਦੁਆਰਾ ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਹੇਠਾਂ ਲਿਖਤ ਈ-ਨਿਵਿਦਾਵਾਂ, ਅੰਤਮ ਮਿਤੀ 30.03.2026 ਸਮਾਂ 15.00 ਵਜੇ ਤਕ, www.ireps.gov.in ਮੰਗ ਕੀਤੀ ਜਾਂਦੀ ਹੈ। ਨਿਵਿਦਾਕਰਤਾ ਆਪਣੇ ਮੂਲ/ਸੰਸ਼ੋਧਿਤ ਟੈਂਡਰ ਮਿਤੀ ਅਤੇ ਸਮੇਂ ਤਕ ਪੇਸ਼ ਕਰ ਸਕਦੇ ਹਨ ਇਨਾਂ ਟੈਂਡਰਾਂ ਦੇ ਲਈ ਮੈਨੂੰਅਲ ਪ੍ਰਸਤਾਵ ਮਾਨਯ ਨਹੀਂ ਹੈ ਅਤੇ ਐਸੇ ਕਿਸੇ ਵੀ ਮੈਨੂੰਅਲ ਪ੍ਰਾਪਤ ਪ੍ਰਸਤਾਵ ਨੂੰ ਸਵੀਕਾਰ ਨਹੀਂ ਕੀਤਾ ਜਾਵੇਗਾ।ਠੇਕੇਦਾਰ ਨਿਵਿਦਾ ਫਾਰਮ ਦੀ ਲਾਗਤ ਅਤੇ ਬਿਆਨਾ ਰਾਸ਼ੀ ਭੁਗਤਾਨ ਕੇਵਲ www.ireps.gov.in ਪੋਰਟਲ ਤੇ ਉਪਲਬਧ ਆਨ ਲਾਈਨ ਸਾਧਨਾਂ ਦੇ ਮਾਧਿਅਮ ਜਿਵੇਂ ਨੈਟ ਬੈਂਕਿੰਗ, ਡੇਬਿਟ ਕਾਰਡ, ਤੇ ਕਰੈਡਿਟ ਕਾਰਡ ਆਦਿ ਨਾਲ ਭੁਗਤਾਨ ਕਰ ਸਕਦੇ ਹਨ। ਡਿਮਾਂਡ ਡ੍ਰਾਫਟ, ਬੈਂਕਰ ਚੈਕ, ਐਫ.ਡੀ.ਆਰ. ਤੇ ਰਸੀਦਾਂ ਆਦਿ ਦੇ ਮਾਧਿਅਮ ਨਾਲ ਭੁਗਤਾਨ ਦੀ ਇਜਾਜਤ ਨਹੀਂ ਹੈ।

| ਨਿਵਿਦਾ ਪ੍ਰਕਾਰ | ਨਿਵਿਦਾ ਅਨੁਭਾਗ | ਪੈਕੇਟ ਪ੍ਰਣਾਲੀ | ਨਿਵਿਦਾ ਅਪਲੋਡ ਕਰਨ ਦੀ ਮਿਤੀ | ਬੋਲੀ ਸ਼ੁਰੂ ਦੀ ਮਿਤੀ | ਨਿਵਿਦਾ ਸਮਾਪਨ ਦੀ ਮਿਤੀ ਅਤੇ ਸਮਾਂ |
|---|---|---|---|---|---|
| ਖੁਲ੍ਹਾ | ਕੰਮ | ਸਿੰਗਲ ਅਤੇ ਸੈਕਿੰਡ ਪੈਕੇਟ ਪ੍ਰਣਾਲੀ | 06.03.2026 | 16.03.2026 | 30.03.2026/ 15:00 ਵਜੇ |

| ਨਿਵਿਦਾ ਨੰ. ਮਿਤੀ | ਨਿਵਿਦਾ ਦਾ ਵੇਰਵਾ | | | |
|---|---|---|---|---|
| 237- 2025-26- DEN-HQ- FZR | ਮੰਡਲ ਇੰਜੀਨੀਅਰ-ਹੈਡਕੁਆਟਰ/ਫਿਰੋਜਪੁਰ ਦੇ ਅਧਿਕਾਰ ਖੇਤਰ ਵਿਚ ਸਹਾਇਕ ਮੰਡਲ ਇੰਜੀਨੀਅਰ-ਫਸਟ/ਫਿਰੋਜਪੁਰ ਦੇ ਤਹਿਤ ਫਰੀਦਕੋਟ, ਕੋਟਕਪੂਰਾ, ਮੁਕਤਸਰ, ਮੋਗਾ, ਡਗਰੂ, ਅਜੀਤਵਾਲ, ਜਗਰੋਂਨ, ਚੌਕਿਮਾਨ, ਬਰੀਵਾਲਾ, ਲਾਖੇਵਾਲੀ, ਗੋਲੇਹਵਾਲਾ, ਗਿਆਨੀ ਜੇਲ ਸਿੰਘ ਸੰਧਵਾਨ, ਰੋਮਨ ਅਲਬੇਲ ਸਿੰਘ, ਚਾਂਦ ਭਾਨ, ਗੰਗਸਰ ਜੈਤੋਂ ਅਤੇ ਗੋਨੇਆਨਾ ਭਾਈ ਜਗਤਾ ਸਟੇਸ਼ਨ ਯਾਰਡਾਂ ਵਿਚ ਸੁਧਾਰ ਅਤੇ ਸਹਾਇਕ ਮੰਡਲ ਇੰਜੀਨੀਅਰ-ਸੈਕਿੰਡ/ ਫਿਰੋਜਪੁਰ ਦੇ ਤਹਿਤ ਮਖੂ, ਝੋਕ ਟਹਲ ਸਿੰਘ, ਗੁਰੂ ਹਰਸਹਾਈ, ਲਧੁਕਾ, ਫਾਜਿਲਕਾ, ਜਲਾਲਾਬਾਦ, ਫਿਰੋਜਪੁਰ ਸਿਟੀ, ਫਿਰੋਜਪੁਰ, ਚੁਹਿਵਾਲਾ, ਧਨਾ ਅਤੇ ਖੁਈ ਖੇਰਾ ਸਟੇਸ਼ਨ ਯਾਰਡਾਂ ਵਿਚ ਸੁਧਾਰ। | | | |
| | ਵਿਗਿਆਪਨ ਮੁੱਲ (ਰੁ.) | ਬਿਆਨਾ ਰਾਸ਼ੀ (ਰੁ.) | ਆਫਰ ਦੀ ਵੈਲੇਡਿਟੀ | ਸਮਾਪਨ ਦੀ ਅਵਧੀ |
| | 3,79,62,970.59 | 3.39,800,00 | 60 ਦਿਨ | 12 ਮਹੀਨੇ |
| ਸਮਾਨ ਕੰਮ ਦੀ ਨੇਚਰ: "ਸੀਟੀਆਰ/ਟੀਆਰਆਰ/ਟੀਐਫਆਰ/ਟੀਟੀਆਰ ਜਿਸ ਵਿਚ ਟ੍ਰੈਕ ਨੂੰ ਉਪਰ ਚੁਕਣਾ, ਸਕ੍ਰੀਨਿੰਗ, ਟ੍ਰੈਕ ਨੂੰ ਤਣਾਅਮੁਕਤ ਕਰਨਾ, ਟ੍ਰੈਕ ਰਖਰਖਾਅ ਮਸ਼ੀਨ ਜਿਹੇ ਟੈਪਿੰਗ ਮਸ਼ੀਨ/ਬੈਲਾਸਟ ਸਕ੍ਰੀਨਿੰਗ/ਰੇਗੁਲੇਟਿੰਗ ਮਸ਼ੀਨ ਅਤੇ ਟੀਟੀਆਰ ਦੇ ਲਈ ਪਹਿਲਾਂ ਅਤੇ ਬਾਅਦ ਦਾ ਕੰਮ ਸ਼ਾਮਲ ਹੈ, ਟੀ-28 ਦੁਆਰਾ।" | | | | |
| 241- 2025-26 -DEN-HQ- FZR | ਮੰਡਲ ਇੰਜੀਨੀਅਰ-ਹੈਡਕੁਆਟਰ/ਫਿਰੋਜਪੁਰ ਦੇ ਅਧਿਕਾਰ ਖੇਤਰ ਦੇ ਸਹਾਇਕ ਮੰਡਲ ਇੰਜੀਨੀਅਰ-ਫਸਟ/ਫਿਰੋਜਪੁਰ ਅਤੇ ਸਹਾਇਕ ਮੰਡਲ ਇੰਜੀਨੀਅਰ-ਸੈਕਿੰਡ/ ਫਿਰੋਜਪੁਰ ਦੇ ਅਨੁਭਾਗ ਵਿਚ ਇਲੈਕਟ੍ਰਾਨਿਕ ਪ੍ਰਕਾਰ ਦੇ ਰੇਲ ਗੇਜ ਫੇਸ ਲੁਬ੍ਰਿਕੇਟਰ 27 ਨਗ (27x12x5 ਸਾਲ = 1620 ਮਹੀਨੇ) ਅਤੇ 379 ਨਗ (379x12x5 = 22740 ਮਹੀਨੇ) ਦੀ ਸੰਖਿਆ। | | | |
| | ਵਿਗਿਆਪਨ ਮੁੱਲ (ਰੁ.) | ਬਿਆਨਾ ਰਾਸ਼ੀ (ਰੁ.) | ਆਫਰ ਦੀ ਵੈਲੇਡਿਟੀ | ਸਮਾਪਨ ਦੀ ਅਵਧੀ |
| | 4,67,79,572.25 | 3,83,900.00 | 90 ਦਿਨ | 60 ਮਹੀਨੇ |
| ਸਮਾਨ ਕੰਮ ਦੀ ਨੇਚਰ: "ਇਸ ਨਿਵਿਦਾ ਵਿਚ ਕੇਵਲ ਟ੍ਰੈਕ ਆਧਾਰਿਤ ਲੁਬ੍ਰਿਕੇਟ ਦੇ ਲਈ ਆਰਡੀਐਸਓ ਦੁਆਰਾ ਅਨੁਮੋਦਿਤ ਵਿਕ੍ਰੇਤਾ ਹੀ ਭਾਗ ਲੈ ਸਕਦੇ ਹਨ। ਅਨੁਮੋਦਨ ਪ੍ਰਮਾਣ ਪੱਤਰ ਦੀ ਵੈਲੇਡਿਟੀ ਮਿਤੀ ਸਮੇਤ ਪ੍ਰਤੀ ਨਿਵਿਦਾ ਦੇ ਨਾਲ ਜਮ੍ਹਾ ਕਰਨੀ ਹੋਵੇਗੀ।" | | | | |
| 247- 2025-26-ADEN-1 -FZR | ਸਹਾਇਕ ਮੰਡਲ ਇੰਜੀਨੀਅਰ-ਫਸਟ/ਫਿਰੋਜਪੁਰ ਦੇ ਤਹਿਤ ਲੁਧਿਆਣਾ-ਫਿਰੋਜਪੁਰ ਮਾਰਗ ਤੇ ਸਥਿਤ ਪਾਣੀ ਭਰਨ ਤੋਂ ਗ੍ਰਸਤ ਸੀਮਿਤ ਉਚਾਈ ਵਾਲੇ ਸਬਵੇ ਨੰਬਰ ਸੀ-52 ਅਤੇ ਸੀ-53 ਅਤੇ ਲੁਧਿਆਣਾ-ਫਿਰੋਜਪੁਰ ਮਾਰਗ ਤੇ ਸਥਿਤ ਐਸ-6, ਸੀ-23, ਸੀ-24 ਅਤੇ ਏ-28 ਵਿਚ ਕਵਰ ਸ਼ੇਡ ਦਾ ਪ੍ਰਾਵਧਾਨ। | | | |
| | ਵਿਗਿਆਪਨ ਮੁੱਲ (ਰੁ.) | ਬਿਆਨਾ ਰਾਸ਼ੀ (ਰੁ.) | ਆਫਰ ਦੀ ਵੈਲੇਡਿਟੀ | ਸਮਾਪਨ ਦੀ ਅਵਧੀ |
| | 4,44,44,218.68 | 3,72,200.00 | 60 ਦਿਨ | 12 ਮਹੀਨੇ |
| ਸਮਾਨ ਨੇਚਰ ਦਾ ਕੰਮ:- "ਟ੍ਰੈਕ ਕੰਮ ਦੇ ਇਲਾਵਾ ਕੋਈ ਵੀ ਸਿਵਿਲ ਕੰਮ।" | | | | |
| 248- 2025-26- ADEN-1 -FZR | ਸਹਾਇਕ ਮੰਡਲ ਇੰਜੀਨੀਅਰ-ਫਸਟ/ਫਿਰੋਜਪੁਰ ਦੇ ਤਹਿਤ ਲੁਧਿਆਣਾ-ਫਿਰੋਜਪੁਰ ਮਾਰਗ ਤੇ ਸਥਿਤ ਪਾਣੀ ਭਰਨ ਤੋਂ ਗ੍ਰਸਤ ਸੀਮਿਤ ਉਚਾਈ ਵਾਲੇ ਸਬਵੇ ਨੰਬਰ ਸੀ-80, ਸੀ-82, ਸੀ-83, ਸੀ-85 ਅਤੇ ਸੀ-86 ਵਿਚ ਕਵਰ ਸ਼ੇਡ ਦਾ ਪ੍ਰਾਵਧਾਨ। | | | |
| | ਵਿਗਿਆਪਨ ਮੁੱਲ (ਰੁ.) | ਬਿਆਨਾ ਰਾਸ਼ੀ (ਰੁ.) | ਆਫਰ ਦੀ ਵੈਲੇਡਿਟੀ | ਸਮਾਪਨ ਦੀ ਅਵਧੀ |
| | 3,88,00,134.38 | 3,44,000.00 | 60 ਦਿਨ | 12 ਮਹੀਨੇ |
| ਸਮਾਨ ਨੇਚਰ ਦਾ ਕੰਮ:- "ਟ੍ਰੈਕ ਕੰਮ ਦੇ ਇਲਾਵਾ ਕੋਈ ਵੀ ਸਿਵਿਲ ਕੰਮ।" | | | | |
| 249- 2025-26- ADEN-2 -FZR | ਮੰਡਲ ਇੰਜੀਨੀਅਰ-ਹੈਡਕੁਆਟਰ/ ਫਿਰੋਜਪੁਰ ਦੇ ਅਧਿਕਾਰ ਖੇਤਰ ਵਿਚ ਜਲੰਧਰ ਸ਼ਹਿਰ-ਫਿਰੋਜਪੁਰ ਸੈਕਸ਼ਨ ਵਿਚ ਗੰਭੀਰ ਰੂਪ ਨਾਲ ਪਾਣੀ ਭਰਨ ਲੇਵਲ ਕ੍ਰਾਸਿੰਗ ਸੀ-63, ਸੀ-64, ਸੀ-115 ਅਤੇ ਸੀ-133 ਤੇ ਸਥਿਤ ਸੀਮਿਤ ਉਚਾਈ ਵਾਲੇ ਸਬਵੇ ਵਿਚ 04 ਤੇ ਕਵਰ ਸ਼ੇਡ ਦਾ ਪ੍ਰਾਵਧਾਨ। | | | |
| | ਵਿਗਿਆਪਨ ਮੁੱਲ (ਰੁ.) | ਬਿਆਨਾ ਰਾਸ਼ੀ (ਰੁ.) | ਆਫਰ ਦੀ ਵੈਲੇਡਿਟੀ | ਸਮਾਪਨ ਦੀ ਅਵਧੀ |
| | 3,32,72,136.32 | 3,16,400.00 | 60 ਦਿਨ | 12 ਮਹੀਨੇ |
| ਸਮਾਨ ਨੇਚਰ ਦਾ ਕੰਮ:- "ਟ੍ਰੈਕ ਕੰਮ ਦੇ ਇਲਾਵਾ ਕੋਈ ਵੀ ਸਿਵਿਲ ਕੰਮ।" | | | | |
| 250- 2025-26- ADEN-2 -FZR | ਸਹਾਇਕ ਮੰਡਲ ਇੰਜੀਨੀਅਰ-ਸੈਕਿੰਡ/ ਫਿਰੋਜਪੁਰ ਦੇ ਤਹਿਤ ਫਿਰੋਜਪੁਰ ਸ਼ਹਿਰ-ਫਾਜਿਲਕਾ ਮਾਰਗ ਤੇ ਸਥਿਤ ਪਾਣੀ ਭਰਾਓ ਤੋਂ ਗ੍ਰਸਤ ਸੀਮਿਤ ਉਚਾਈ ਵਾਲੇ ਸਬਵੇ ਨੰਬਰ ਸੀ-64, ਸੀ-84, ਅਤੇ ਸੀ-85 ਅਤੇ ਜਲੰਧਰ ਸ਼ਹਿਰ-ਫਿਰੋਜਪੁਰ ਮਾਰਗ ਤੇ ਸਥਿਤ ਏ-27 ਏ ਅਤੇ ਸੀ-36 ਵਿਚ ਕਵਰ ਸ਼ੇਡ ਦਾ ਪ੍ਰਾਵਧਾਨ। | | | |
| | ਵਿਗਿਆਪਨ ਮੁੱਲ (ਰੁ.) | ਬਿਆਨਾ ਰਾਸ਼ੀ (ਰੁ.) | ਆਫਰ ਦੀ ਵੈਲੇਡਿਟੀ | ਸਮਾਪਨ ਦੀ ਅਵਧੀ |
| | 4,49,88,000.97 | 3,75,000.00 | 60 ਦਿਨ | 12 ਮਹੀਨੇ |
| ਸਮਾਨ ਨੇਚਰ ਦਾ ਕੰਮ:- "ਟ੍ਰੈਕ ਕੰਮ ਦੇ ਇਲਾਵਾ ਕੋਈ ਵੀ ਸਿਵਿਲ ਕੰਮ।" | | | | |

ਨੋਟ : 1. ਨਿਵਿਦਾ ਪਾਉਣ ਤੋਂ ਪਹਿਲਾਂ ਨਿਵਿਦਾਕਰਤਾ ਨਿਵਿਦਾ ਦੇ ਸਬੰਧ ਵਿਚ ਜਾਰੀ ਕੀਤੇ ਗਏ ਕਿਸੇ ਵੀ ਸ਼ੁਧੀਪੱਤਰ ਦੀ ਜਾਂਚ ਕਰਨਗੇ।
2. ਹਿੰਦੀ ਵਿਚ ਕਿਸੇ ਵੀ ਗਲਤੀ ਲਈ ਅੰਗ੍ਰੇਜ਼ੀ ਵਰਜਨ ਦਾ ਅਵਲੋਕਨ ਕਰੋ, ਅਤੇ ਅੰਗ੍ਰੇਜ਼ੀ ਵਰਜਨ ਹੀ ਮਾਨਯ ਹੋਣਗੇ।

ਨਿਵਿਦਾ ਸੂਚਨਾ ਪੱਤਰ ਨੰ.: 237, 241-2025-26-DEN-HQ-FZR & 247, 248-2025-26-ADEN-1-FZR & 249, 250-2025-26-ADEN-FZR-2

ਤਾਰੀਕ : 09.03.2026

834/2026

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ


ਨਵਾਂ ਜ਼ਮਾਨਾ ਪੋਸਟ ਬਾਕਸ ਨੰ. 134

Printed and Published by Printer, Publisher and Editor : **Chand Singh @ Chand Fatehpuri** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.

ਪ੍ਰਕਾਸ਼ਕ, ਛਾਪਕ ਤੇ ਸੰਪਾਦਕ : **ਚੰਦ ਸਿੰਘ ਉਰਫ ਚੰਦ ਫਤਿਹਪੁਰੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ।

**ਫੋਨ ਨੰਬਰ ਪ੍ਰਬੰਧਕੀ ਵਿਭਾਗ** : 0181-5097300, **ਸਮਾਚਾਰ ਵਿਭਾਗ** : 0181-5097310, **ਈ-ਮੇਲ** : nawanzamana@gmail.com * Web : www.nawanzamana.in

# ਪੱਤਰਕਾਰ ਦੀ ਪਤਨੀ ਦੀ ਮੌਤ ਨੂੰ ਲੈ ਕੇ ਥਾਣੇ ਅੱਗੇ ਦਿੱਤਾ ਧਰਨਾ

## * ਪੁਲਸ ਉਪਰ ਅਸਲ ਦੋਸ਼ੀਆਂ ਨੂੰ ਬਚਾਉਣ ਦੇ ਦੋਸ਼



ਭਿੱਖੀਵਿੰਡ/ਖਾਲੜਾ (ਰਣਬੀਰ ਸਿੰਘ ਗੋਲਣ)- ਕਿਸਾਨ ਜਥੇਬੰਦੀਆਂ ਤੇ ਪੱਤਰਕਾਰ ਭਾਈਚਾਰੇ ਵੱਲੋਂ ਕਸਬਾ ਘਰਿਆਲਾ ਤੋਂ ਪੱਤਰਕਾਰ ਰਾਜਵਿੰਦਰ ਸਿੰਘ ਰਾਜੂ ਨੂੰ ਇਨਸਾਫ਼ ਦਿਵਾਉਣ ਲਈ ਥਾਣਾ ਕੱਚਾ ਪੱਕਾ ਅੱਗੇ ਧਰਨਾ ਦਿੱਤਾ ਗਿਆ। 16 ਫ਼ਰਵਰੀ ਨੂੰ ਰਾਜਵਿੰਦਰ ਸਿੰਘ ਰਾਜੂ ਦੀ ਪਤਨੀ ਕਵਲਜੀਤ ਕੌਰ ਜੋ ਭਿੱਖੀਵਿੰਡ ਦੇ ਨਿੱਜੀ ਹਸਪਤਾਲ ਵਿੱਚ ਬਤੌਰ ਸਟਾਫ ਨਰਸ ਨੌਕਰੀ ਕਰਦੇ ਸਨ,ਨੂੰ ਘਰ ਵਾਪਸ ਜਾਂਦੇ ਸਮੇਂ ਕਾਰ ਚਾਲਕ ਨੇ ਟੱਕਰ ਮਾਰ ਕੇ ਮੌਤ ਦੇ ਘਾਟ ਉਤਾਰ ਦਿੱਤਾ ਸੀ। ਕੱਚਾ ਪੱਕਾ ਪੁਲੀਸ ਨੇ ਘਟਨਾ ਮਗਰੋਂ ਮਾਮਲਾ ਤਾਂ ਦਰਜ ਕਰ ਲਿਆ ਪਰ ਤਿੰਨ ਹਫ਼ਤੇ ਬੀਤ ਜਾਣ ਦੇ ਬਾਵਜੂਦ ਦੋਸ਼ੀਆਂ ਖ਼ਿਲਾਫ਼ ਕਾਨੂੰਨੀ ਕਾਰਵਾਈ ਨਹੀਂ ਕੀਤੀ ਜਾ ਰਹੀ। ਮ੍ਰਿਤਕ ਔਰਤ ਦੇ ਪਤੀ ਰਾਜਵਿੰਦਰ ਸਿੰਘ ਰਾਜੂ ਨੇ ਕੱਚਾ ਪੱਕਾ ਪੁਲੀਸ 'ਤੇ ਅਸਲ ਦੋਸ਼ੀਆਂ ਨੂੰ ਬਚਾਉਣ ਦੇ ਇਲਜ਼ਾਮ ਲਗਾਏ ਹਨ। ਉਨ੍ਹਾਂ ਕਿਹਾ ਕਿ ਸਬੂਤ ਹੋਣ ਦੇ ਬਾਵਜੂਦ ਪੁਲੀਸ ਅਸਲ ਦੋਸ਼ੀਆਂ ਨੂੰ ਬਚਾਉਣ ਦੀ ਕੋਸ਼ਿਸ਼ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਪੁਲੀਸ ਦੀ ਧੱਕੇਸ਼ਾਹੀ ਨੂੰ ਉਹ ਕਿਸੇ ਕੀਮਤ 'ਤੇ ਬਰਦਾਸ਼ਤ ਨਹੀਂ ਕਰਨਗੇ। ਇਸ ਮੌਕੇ ਸੀਨੀਅਰ ਪੱਤਰਕਾਰ ਪਿਸ਼ੌਰਾ ਸਿੰਘ ਪੰਨੂ,ਲਖਵਿੰਦਰ ਸਿੰਘ ਗੋਲਣ,ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਜ਼ੋਨ ਭਾਈ ਤਾਰੂ ਸਿੰਘ ਦੇ ਪ੍ਰਧਾਨ ਭਾਈ ਦਿਲਬਾਗ ਸਿੰਘ,ਐਂਟੀ ਡਰੱਗ ਐਸੋਸੀਏਸ਼ਨ ਦੇ ਸਰਪ੍ਰਸਤ ਸਤਨਾਮ ਸਿੰਘ ਮਨਾਵਾਂ,ਐਡਵੋਕੇਟ ਵਿਸ਼ਾਲ ਕਟਾਰੀਆ ਤੇ ਸੀਨੀਅਰ ਪੱਤਰਕਾਰ ਰਣਜੀਤ ਸਿੰਘ ਰਾਣਾ ਚੂਸਲੇਵਾੜ ਨੇ ਗੱਲਬਾਤ ਕਰਦਿਆਂ ਕਿਹਾ ਕਿ ਕੱਚਾ ਪੱਕਾ ਪੁਲੀਸ ਅਸਲ ਦੋਸ਼ੀਆਂ ਨੂੰ ਬਚਾਉਣ ਲਈ ਹੋਰਨਾਂ ਵਿਅਕਤੀਆਂ ਨੂੰ ਕੇਸ ਵਿੱਚ ਨਾਮਜ਼ਦ ਕਰਕੇ ਕਾਨੂੰਨ ਦੀਆਂ ਧੱਜੀਆਂ ਉਡਾ ਰਹੀ ਹੈ। ਉਨ੍ਹਾਂ ਕਿਹਾ ਕਿ ਇਨਸਾਫ਼ ਲਈ ਦਰ-ਦਰ ਭਟਕ ਰਹੇ ਪੀੜਤ ਪਰਿਵਾਰ ਦੇ ਜਜ਼ਬਾਤਾਂ ਨਾਲ ਕੀਤੀ ਜਾ ਰਹੀ ਖਿਲਵਾੜ ਨੂੰ ਹਰਗਿਜ਼ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਉਨ੍ਹਾਂ ਸਰਕਾਰ ਤੇ ਜ਼ਿਲ੍ਹਾ ਪ੍ਰਸ਼ਾਸਨ ਨੂੰ ਅਪੀਲ ਕੀਤੀ ਕਿ ਅਸਲ ਦੋਸ਼ੀਆਂ ਨੂੰ ਬਚਾਉਣ ਲਈ ਕਾਨੂੰਨ ਨੂੰ ਛਿੱਕੇ ਟੰਗਣ ਵਾਲੇ ਮੁਲਾਜ਼ਮਾਂ ਨੂੰ ਤੁਰੰਤ ਨੌਕਰੀ ਤੋਂ ਮੁਅੱਤਲ ਕੀਤਾ ਜਾਵੇ ਤੇ ਅਸਲ ਦੋਸ਼ੀਆਂ ਖ਼ਿਲਾਫ਼ ਮਾਮਲਾ ਦਰਜ ਕਰਕੇ ਬਣਦੀ ਕਾਨੂੰਨੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇ। ਦੱਸਣਯੋਗ ਹੈ ਕਿ ਪ੍ਰਸ਼ਾਸਨ ਤਰਫ਼ੋਂ ਧਰਨੇ ਵਿੱਚ ਪੁੱਜੇ ਡੀ ਐੱਸ ਪੀ ਜਸਜੋਤ ਸਿੰਘ ਵੱਲੋਂ ਪੀੜਤ ਪਰਿਵਾਰ ਤੇ ਆਗੂਆਂ ਦੀ ਗੱਲ ਧਿਆਨ ਨਾਲ ਸੁਣਨ ਮਗਰੋਂ ਬੁੱਧਵਾਰ ਤੱਕ ਪਾਰਦਰਸ਼ੀ ਢੰਗ ਨਾਲ ਜਾਂਚ ਮੁਕੰਮਲ ਕਰਕੇ ਕਾਰਵਾਈ ਕਰਨ ਦਾ ਭਰੋਸਾ ਦਿੱਤਾ ਗਿਆ। ਪ੍ਰਸ਼ਾਸਨ ਦੇ ਭਰੋਸੇ ਮਗਰੋਂ ਸਮੂਹ ਜਥੇਬੰਦੀਆਂ ਵੱਲੋਂ ਧਰਨਾ ਸਮਾਪਤ ਕਰ ਦਿੱਤਾ ਗਿਆ। ਇਸ ਮੌਕੇ ਜਥੇਬੰਦੀ ਦੇ ਆਗੂਆਂ ਨੇ ਪ੍ਰਸ਼ਾਸਨ ਨੂੰ ਚੇਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਬੁੱਧਵਾਰ ਤੱਕ ਅਸਲ ਦੋਸ਼ੀਆਂ ਖ਼ਿਲਾਫ਼ ਬਣਦੀਆਂ ਧਾਰਾਵਾਂ ਤਹਿਤ ਕਾਰਵਾਈ ਨਾ ਕੀਤੀ ਗਈ ਤਾਂ ਉਹ ਪੁਲੀਸ ਪ੍ਰਸ਼ਾਸਨ ਵਿਰੁੱਧ ਤਿੱਖਾ ਸੰਘਰਸ਼ ਵਿੱਢਣਗੇ।

ਇਸ ਮੌਕੇ ਕਿਸਾਨ ਸੰਘਰਸ਼ ਕਮੇਟੀ ਪੰਜਾਬ ਕੋਟ ਬੁੱਢਾ ਦੇ ਸੂਬਾ ਮੀਤ ਪ੍ਰਧਾਨ ਸੁਖਵੰਤ ਸਿੰਘ ਦੁਬਲੀ, ਸੁੱਚਾ ਸਿੰਘ ਲੱਧੂ, ਸਾਹਿਬ ਸਿੰਘ ਸਭਰਾ, ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਭਾਈ ਤਾਰੂ ਸਿੰਘ ਜ਼ੋਨ ਪੂਹਲਾ ਦੇ ਪ੍ਰਧਾਨ ਦਿਲਬਾਗ ਸਿੰਘ ਪਹੂਵਿੰਡ,ਐਂਟੀ ਡਰੱਗ ਐਸੋਸੀਏਸ਼ਨ ਦੇ ਪ੍ਰਧਾਨ ਸਤਨਾਮ ਸਿੰਘ ਮਨਾਵਾਂ, ਸੀਨੀਅਰ ਪੱਤਰਕਾਰ ਰਣਜੀਤ ਸਿੰਘ ਰਾਣਾ, ਸੀਨੀਅਰ ਪੱਤਰਕਾਰ ਪਿਸ਼ੌਰਾ ਸਿੰਘ ਪੰਨੂ, ਸੀਨੀਅਰ ਪੱਤਰਕਾਰ ਲਖਵਿੰਦਰ ਸਿੰਘ ਗੋਲਣ, ਸੀਨੀਅਰ ਪੱਤਰਕਾਰ ਧਰਮਬੀਰ ਸਿੰਘ ਮਲਹਾਰ,ਪੱਤਰਕਾਰ ਗੁਰਬਾਜ਼ ਸਿੰਘ, ਪੱਤਰਕਾਰ ਦਲਜਿੰਦਰ ਸਿੰਘ, ਪੱਤਰਕਾਰ ਗੁਰਮੀਤ ਸਿੰਘ ਵਲਟੋਹਾ,ਪੱਤਰਕਾਰ ਸੰਦੀਪ ਕੁਮਾਰ, ਪੱਤਰਕਾਰ ਹਰਵਿੰਦਰ ਸਿੰਘ ਭਾਟੀਆ, ਪੱਤਰਕਾਰ ਦਰਸ਼ਨ ਸਿੰਘ ਸੰਧੂ, ਪੱਤਰਕਾਰ ਵਿਸ਼ਾਲ ਕਟਾਰੀਆ,ਕਿਸਾਨ ਆਗੂ ਸਤਨਾਮ ਸਿੰਘ ਮਨਿਹਾਲਾ,ਕਿਸਾਨ ਆਗੂ ਆਤਮਾ ਸਿੰਘ, ਬੀਜੇਪੀ ਦੇ ਸੀਨੀਅਰ ਆਗੂ ਦਲਬੀਰ ਸਿੰਘ ਅਲਗੋਂ ਸਮੇਤ ਹੋਰ ਵੀ ਕਈ ਕਿਸਾਨ ਅਤੇ ਪੱਤਰਕਾਰ ਹਾਜ਼ਰ ਸਨ।

## ਰਿਜਨਲ ਸਟੇਸ਼ਨ ਗੁਰਦਾਸਪੁਰ ਵਿਖੇ ਕਿਸਾਨ ਮੇਲਾ 27 ਨੂੰ

**ਬਟਾਲਾ (ਡਾਕਟਰ ਮਲਵਿੰਦਰ ਸਿੰਘ)**-ਖੇਤੀ ਵਿਭਿੰਨਤਾ ਅਪਨਾਉ, ਵਡਮੁੱਲਾ ਵਾਤਾਵਰਣ ਬਚਾਉ ਦੇ ਉਦੇਸ਼ ਨਾਲ ਕਿਸਾਨ ਮੇਲਾ ਖੇਤੀਬਾੜੀ ਯੂਨੀਵਰਸਿਟੀ ਦੇ ਰਿਜਨਲ ਸਟੇਸ਼ਨ ਗੁਰਦਾਸਪੁਰ ਵਿਖੇ 27 ਮਾਰਚ ਨੂੰ ਲਗਾਇਆ ਜਾ ਰਿਹਾ ਹੈ।ਰਿਜਨਲ ਸਟੇਸ਼ਨ ਦੇ ਡਾਇਰੈਕਟਰ ਡਾ. ਹਰਪਾਲ ਸਿੰਘ ਰੰਧਾਵਾ ਨੇ ਦੱਸਿਆ ਕਿ ਮੇਲੇ ਵਿੱਚ ਸਾਉਣੀ ਦੀਆਂ ਫ਼ਸਲਾਂ/ਸਬਜ਼ੀਆਂ ਦੇ ਸੁਧਰੇ ਬੀਜ ਅਤੇ ਸਦਾਬਹਾਰ ਫ਼ਲਦਾਰ ਬੂਟੇ ਉਪਲਬਧ ਕਰਵਾਏ ਜਾਣਗੇ।ਖੇਤੀ ਵਿਸ਼ਾ ਮਾਹਿਰਾਂ ਵੱਲੋਂ ਸਾਉਣੀ ਦੀਆਂ ਫ਼ਸਲਾਂ ਦੀ ਕਾਸ਼ਤ ਬਾਰੇ ਤਕਨੀਕੀ ਜਾਣਕਾਰੀ ਦਿੱਤੀ ਜਾਏਗੀ ਅਤੇ ਕਿਸਾਨਾਂ ਦੀਆਂ ਖੇਤੀ ਮੁਸ਼ਕਿਲਾਂ ਬਾਰੇ ਸੁਆਲ-ਜੁਆਬ ਵੀ ਹੋਣਗੇ।ਇਸ ਤੋਂ ਇਲਾਵਾ ਪੀ ਏ ਯੂ, ਸਰਕਾਰੀ ਵਿਭਾਗਾਂ ਅਤੇ ਪ੍ਰਾਈਵੇਟ ਕੰਪਨੀਆਂ ਵੱਲੋਂ ਖੇਤੀ ਅਧਾਰਿਤ ਸਟਾਲ/ਪ੍ਰਦਰਸ਼ਨੀਆਂ ਵੀ ਲਗਾਏ ਜਾਣਗੇ। ਮੇਲੇ ਵਿੱਚ ਹਾੜ੍ਹੀ ਦੀਆਂ ਫ਼ਸਲਾਂ ਦੀਆਂ ਕਿਸਮਾਂ ਅਤੇ ਹੋਰ ਖੇਤੀ ਤਕਨੀਕਾਂ ਦੀਆਂ ਲਾਈਵ ਪ੍ਰਦਰਸ਼ਨੀਆਂ ਵੀ ਦਿਖਾਈਆਂ ਜਾਣਗੀਆਂ ।ਉਨ੍ਹਾਂ ਦੱਸਿਆ ਕਿ ਇਸ ਮੇਲੇ ਵਿੱਚ ਪੰਜਾਬ ਸਰਕਾਰ ਦੇ ਮੰਤਰੀ ਸਾਹਿਬਾਨ ਅਤੇ ਡਾਕਟਰ ਸਤਬੀਰ ਸਿੰਘ ਗੋਸ਼ਲ ਕੁਲਪਤੀ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਲੁਧਿਆਣਾ ਵਿਸ਼ੇਸ਼ ਤੌਰ 'ਤੇ ਪਹੁੰਚ ਰਹੇ ਹਨ। ਯੂਨੀਵਰਸਿਟੀ ਨਾਲ ਜੁੜੇ ਸੈਲਫ ਹੈਲਪ ਗਰੁੱਪ ਵੀ ਆਪਣੇ ਸਟਾਲ/ਪ੍ਰਦਰਸ਼ਨੀਆਂ ਵੀ ਲਗਾਕੇ ਫ਼ਸਲਾਂ ਦੀ ਉਪਜ ਨੂੰ ਸਹੀ ਢੰਗ ਨਾਲ ਵੇਚਣ ਲਈ ਕਿਸਾਨਾਂ ਨੂੰ ਜਾਗਰੂਕ ਕਰਨਗੇ।

## ਸਫਾਈ ਕਰਮਚਾਰੀਆਂ ਨੇ ਪੁਤਲਾ ਫੂਕਿਆ, ਸਰਕਾਰ ਖ਼ਿਲਾਫ਼ ਕੀਤੀ ਨਾਅਰੇਬਾਜ਼ੀ



ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ ) : ਨਗਰ ਕੌਂਸਲ ਕਾਦੀਆਂ ਦੇ ਸਫਾਈ ਕਰਮਚਾਰੀਆਂ ਵੱਲੋਂ ਆਪਣੀਆਂ ਲੰਬਿਤ ਮੰਗਾਂ ਨੂੰ ਲੈ ਕੇ ਪੰਜਾਬ ਸਰਕਾਰ ਖ਼ਿਲਾਫ਼ ਰੋਸ ਪ੍ਰਦਰਸ਼ਨ ਕੀਤਾ ਗਿਆ। ਇਸ ਦੌਰਾਨ ਕਰਮਚਾਰੀਆਂ ਨੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦਾ ਪੁਤਲਾ ਫੂਕ ਕੇ ਆਪਣਾ ਗੁੱਸਾ ਜਾਹਿਰ ਕੀਤਾ ਅਤੇ ਸਰਕਾਰ ਵਿਰੁੱਧ ਜ਼ੋਰਦਾਰ ਨਾਅਰੇਬਾਜ਼ੀ ਕੀਤੀ। ਸਫਾਈ ਕਰਮਚਾਰੀਆਂ ਨੇ ਕਿਹਾ ਕਿ ਉਹ ਕਾਫੀ ਸਮੇਂ ਤੋਂ ਆਪਣੀਆਂ ਮੰਗਾਂ ਨੂੰ ਸਰਕਾਰ ਦੇ ਧਿਆਨ ਵਿੱਚ ਲਿਆ ਰਹੇ ਹਨ, ਪਰ ਅਜੇ ਤੱਕ ਉਨ੍ਹਾਂ ਦੀਆਂ ਮੰਗਾਂ ਦਾ ਕੋਈ ਹੱਲ ਨਹੀਂ ਕੀਤਾ ਗਿਆ। ਉਨ੍ਹਾਂ ਦਾ ਕਹਿਣਾ ਹੈ ਕਿ ਸਰਕਾਰ ਵੱਲੋਂ ਸਫਾਈ ਕਰਮਚਾਰੀਆਂ ਦੀਆਂ ਸਮੱਸਿਆਵਾਂ ਨੂੰ ਨਜ਼ਰਅੰਦਾਜ਼ ਕੀਤਾ ਜਾ ਰਿਹਾ ਹੈ, ਜਿਸ ਕਰਕੇ ਉਨ੍ਹਾਂ ਨੂੰ ਮਜਬੂਰਨ ਸੜਕਾਂ 'ਤੇ ਉਤਰਨਾ ਪਿਆ।ਕਰਮਚਾਰੀਆਂ ਨੇ ਮੰਗ ਕੀਤੀ ਕਿ ਕੱਚੇ ਕਰਮਚਾਰੀਆਂ ਨੂੰ ਪੱਕਾ ਕੀਤਾ ਜਾਵੇ, ਤਨਖਾਹਾਂ ਵਿੱਚ ਵਾਧਾ ਕੀਤਾ ਜਾਵੇ ਅਤੇ ਹੋਰ ਭੱਤਿਆਂ ਦੀ ਸੁਵਿਧਾ ਦਿੱਤੀ ਜਾਵੇ।

## ਅੱਖਾਂ ਦੇ ਚੈੱਕਅੱਪ ਕੈਂਪ ਲਾਏ ਗਏ

ਗੁਰਦਾਸਪੁਰ ( ਜਨਕ ਮਹਾਜਨ)- ਸਿਵਲ ਸਰਜਨ ਗੁਰਦਾਸਪੁਰ ਡਾਕਟਰ ਮਹੇਸ਼ ਕੁਮਾਰ ਪ੍ਰਭਾਕਰ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਰਾਸ਼ਟਰੀ ਗਲੂਕੋਮਾ ਹਫ਼ਤੇ ਦੌਰਾਨ ਵੱਖ ਵੱਖ ਸਿਹਤ ਸੰਸਥਾਵਾਂ ਵਿੱਚ ਅੱਖਾਂ ਦੇ ਚੈਕ ਅੱਪ ਕੈਂਪ ਲਾਏ ਗਏ।ਇਸ ਮੌਕੇ ਲੋਕਾਂ ਨੂੰ ਅੱਖਾਂ ਦੀ ਦੇਖਭਾਲ ਆਦਿ ਵਿਸ਼ਿਆਂ ਬਾਰੇ ਦੱਸਿਆ ਗਿਆ।ਜਿਲਾ ਹਸਪਤਾਲ਼ ਗੁਰਦਾਸਪੁਰ ਵਿਖੇ ਇੱਕ ਵਿਸ਼ੇਸ ਸਮਾਗਮ ਕੀਤਾ ਗਿਆ। ਇਸ ਮੌਕੇ ਡਾਕਟਰ ਅੰਕਿਤ ਰਤਨ ਨੇ ਕਿਹਾ ਕਿ



ਮੋਤੀਆਬਿੰਦ ਦੇ ਮੁਫ਼ਤ ਆਪਰੇਸ਼ਨ ਕੀਤੇ ਜਾ ਰਹੇ ਹਨ। ਅੱਖਾਂ ਦੀ ਕਿਸੇ ਵੀ ਤਕਲੀਫ ਨੂੰ ਨਜ਼ਰਅੰਦਾਜ਼ ਨਾ ਕੀਤਾ ਜਾਵੇ। ਸਮੇਂ ਸਿਰ ਅੱਖਾਂ ਦਾ ਮੁਆਇਨਾ ਕਰਵਾਇਆ ਜਾਵੇ।ਉਨਾਂ ਕਿਹਾ ਕਿ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਤਹਿਤ ਲਭਪਾਤਰੀਆਂ ਦੇ ਕਾਰਡ ਬਣਾਉਣ ਲਈ ਪਿੰਡ ਪੱਧਰ 'ਤੇ ਕੈਂਪ ਲਾਏ ਗਏ ਹਨ। ਇਸ ਮੌਕੇ ਅਪਥਾਲਮਿਕ ਅਫ਼ਸਰ ਸਰਬਜੀਤ ਤੇ ਹੋਰ ਹਾਜਰ ਸਨ।

## ਖ਼ਾਲਸਾ ਕਾਲਜ ਵਿਖੇ 'ਟੌਪਰਾਂ ਦਾ ਅਸਲ ਰਾਜ਼' ਵਿਸ਼ੇ 'ਤੇ ਸੈਮੀਨਾਰ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ )-ਖ਼ਾਲਸਾ ਕਾਲਜ ਵਣਜ ਅਤੇ ਵਪਾਰ ਪ੍ਰਸ਼ਾਸਨ ਵਿਭਾਗ ਵੱਲੋਂ ਆਈ. ਬੀ. ਟੀ., ਅੰਮ੍ਰਿਤਸਰ ਦੇ ਸਹਿਯੋਗ ਨਾਲ 'ਟੌਪਰਾਂ ਦਾ ਅਸਲ ਰਾਜ਼' ਵਿਸ਼ੇ 'ਤੇ ਸੈਮੀਨਾਰ ਕਰਵਾਇਆ ਗਿਆ। ਕਾਲਜ ਪ੍ਰਿੰਸੀਪਲ ਡਾ. ਆਤਮ ਸਿੰਘ ਰੰਧਾਵਾ ਦੇ ਦਿਸ਼ਾ-ਨਿਰਦੇਸ਼ਾਂ 'ਤੇ ਕਰਵਾਏ ਗਏ ਉਕਤ ਸੈਮੀਨਾਰ ਮੌਕੇ



ਆਈ. ਬੀ. ਟੀ. ਅੰਮ੍ਰਿਤਸਰ ਸੈਂਟਰ ਮੈਨੇਜਰ ਜਤਿੰਦਰ ਕੁਮਾਰ ਨੇ ਮੁੱਖ ਬੁਲਾਰੇ ਵਜੋਂ ਸ਼ਿਰਕਤ ਕੀਤੀ। ਇਸ ਮੌਕੇ ਪ੍ਰਿੰ: ਡਾ. ਰੰਧਾਵਾ ਨੇ ਮੁਖੀ ਡਾ. ਸਵਰਾਜ ਕੌਰ, ਸੈਮੀਨਾਰ ਕਨਵੀਨਰ ਡਾ. ਦੀਪਕ ਦੇਵਗਨ ਅਤੇ ਸੈਮੀਨਾਰ ਸਹਿ-ਕਨਵੀਨਰ ਡਾ. ਮਨੀਸ਼ਾ ਬਹਿਲ ਨਾਲ ਮਿਲ ਕੇ ਸ੍ਰੀ ਕੁਮਾਰ ਦਾ ਫੁੱਲਾਂ ਦਾ ਗੁਲਦਸਤਾ ਭੇਂਟ ਕਰਕੇ ਸਵਾਗਤ ਕੀਤਾ ਗਿਆ। ਇਸ ਮੌਕੇ ਪ੍ਰਿੰ: ਡਾ. ਰੰਧਾਵਾ ਨੇ ਵਿਦਿਆਰਥੀਆਂ ਲਈ ਉਕਤ ਜਾਣਕਾਰੀ ਭਰਪੂਰ ਅਤੇ ਪ੍ਰਭਾਵਸ਼ਾਲੀ ਸੈਮੀਨਾਰ ਨੂੰ ਕਰਵਾਉਣ ਲਈ ਵਿਭਾਗ ਦੀ ਪਹਿਲਕਦਮੀ ਦੀ ਸ਼ਲਾਘਾ ਕਰਦਿਆਂ ਅਜਿਹੇ ਪ੍ਰੋਗਰਾਮ ਵਿਦਿਆਰਥੀਆਂ ਦੇ ਗਿਆਨ 'ਚ ਵਾਧਾ ਕਰਦੇ ਹਨ, ਜੋ ਭਵਿੱਖ 'ਚ ਉਨ੍ਹਾਂ ਲਈ ਲਾਹੇਵੰਦ ਸਹਾਈ ਹੁੰਦੇ ਹਨ। ਉਨ੍ਹਾਂ ਕਿਹਾ ਕਿ ਪ੍ਰੋਗਰਾਮ ਦੌਰਾਨ ਉਕਤ ਤਜਰਬੇਕਾਰ ਬੁਲਾਰੇ ਵੱਲੋਂ ਦਿਲਚਸਪ ਸੈਸ਼ਨਾਂ ਰਾਹੀਂ ਇਸ ਦੌਰਾਨ ਭਾਗੀਦਾਰਾਂ ਨੂੰ ਪ੍ਰੇਰਿਤ ਕਰਦਿਆਂ ਉਨ੍ਹਾਂ ਦੇ ਕਰੀਅਰ ਵਿਕਲਪਾਂ ਨੂੰ ਉਤਸ਼ਾਹਿਤ ਕੀਤਾ ਗਿਆ। ਇਸ ਮੌਕੇ ਡਾ. ਸਵਰਾਜ ਕੌਰ ਨੇ ਸ੍ਰੀ ਕੁਮਾਰ ਦਾ ਸਵਾਗਤ ਕਰਦਿਆਂ ਕਿਹਾ ਕਿ ਇਹ ਸੈਮੀਨਾਰ ਵਿਦਿਆਰਥੀਆਂ ਨੂੰ ਅਨੁਸ਼ਾਸਨ, ਇਕਸਾਰਤਾ ਅਤੇ ਅਕਾਦਮਿਕ ਉੱਤਮਤਾ ਹਾਸਲ ਕਰਨ 'ਚ ਕੇਂਦ੍ਰਿਤ ਯਤਨਾਂ ਦੀ ਮਹੱਤਤਾ ਸਬੰਧੀ ਮਾਰਗਦਰਸ਼ਨ ਕਰਨ ਲਈ ਕਰਵਾਇਆ ਗਿਆ ਤਾਂ ਜੋ ਉਨ੍ਹਾਂ ਦੇ ਕਰੀਅਰ ਲਈ ਰਾਹ ਪੱਧਰਾ ਹੋ ਸਕੇ। ਇਸ ਮੌਕੇ ਸ੍ਰੀ ਕੁਮਾਰ ਨੇ ਆਪਣੇ ਤਜਰਬੇ ਸਾਂਝੇ ਕਰਦਿਆਂ ਅੰਤਿਮ ਸਾਲ ਦੇ ਵਿਦਿਆਰਥੀਆਂ ਨਾਲ ਸਰਕਾਰੀ ਪ੍ਰੀਖਿਆ ਦੀ ਤਿਆਰੀ ਬਾਰੇ ਇਕ ਇੰਟਰਐਕਟਿਵ ਗੱਲਬਾਤ ਕੀਤੀ। ਇਸ ਮੌਕੇ ਡਾ. ਏ. ਕੇ. ਕਾਹਲੋਂ ਡਾ. ਪੂਨਮ ਸ਼ਰਮਾ, ਡਾ. ਨਿਧੀ ਸੱਭਰਵਾਲ, ਪ੍ਰੋ. ਮੀਨੂ ਚੋਪੜਾ, ਡਾ. ਸਾਕਸ਼ੀ ਸ਼ਰਮਾ, ਪ੍ਰੋ. ਪੂਜਾ ਪੁਰੀ, ਡਾ. ਸਾਮੀਆ, ਪ੍ਰੋ. ਸੁਖਜਿੰਦਰ ਕੌਰ, ਡਾ. ਏ. ਐਸ ਭੱਲਾ, ਪ੍ਰੋ. ਜਸਲੀਨ ਕੌਰ, ਪ੍ਰੋ. ਅੰਮ੍ਰਿਤਬੀਰ ਕੌਰ, ਪ੍ਰੋ. ਰਸ਼ਨੀਤ ਕੌਰ, ਡਾ. ਮਨੀਸ਼ਾ ਬਹਿਲ ਅਤੇ ਹੋਰ ਫੈਕਲਟੀ ਮੈਂਬਰ ਵੀ ਮੌਜੂਦ ਸਨ।

## ਖਹਿਰਾ ਦੀ ਟਿੱਪਣੀ ਖਿਲਾਫ ਭੜਕੀਆਂ ਮਹਿਲਾਵਾਂ

ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)-ਪੰਜਾਬ ਸਰਕਾਰ ਵੱਲੋਂ ਸੂਬੇ ਦੀਆਂ ਔਰਤਾਂ ਨੂੰ ਹਜ਼ਾਰ ਰੁਪਏ ਪ੍ਰਤੀ ਮਹੀਨਾ ਦੇਣ ਦੇ ਮਾਮਲੇ ਵਿੱਚ ਕਾਂਗਰਸੀ ਵਿਧਾਇਕ ਸੁਖਪਾਲ ਖਹਿਰਾ ਵੱਲੋਂ ਕੀਤੀ ਗਈ ਅਪਮਾਨਜਨਕ ਟਿੱਪਣੀ ਖਿਲਾਫ ਪੰਜਾਬ ਦੀਆਂ ਮਹਿਲਾਵਾਂ ਦਾ ਗੁੱਸਾ ਵਿਧਾਇਕ ਖਹਿਰਾ ਅਤੇ ਕਾਂਗਰਸ ਪਾਰਟੀ ਦੇ ਖਿਲਾਫ ਭੜਕ ਪਿਆ ਹੈ।ਵਿਧਾਇਕ ਖਹਿਰਾ ਅਤੇ ਕਾਂਗਰਸ ਪਾਰਟੀ ਤੋਂ ਨਰਾਜ਼ ਮਹਿਲਾਵਾਂ ਵੱਲੋਂ ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਸ਼ਮਸ਼ੇਰ ਸਿੰਘ ਦੀ ਅਗਵਾਈ ਹੇਠ ਦੀਨਾਨਗਰ ਸ਼ਹਿਰ ਅੰਦਰ ਰੋਸ ਮਾਰਚ ਕਰਦਿਆਂ ਪ੍ਰਦਰਸ਼ਨ ਕੀਤਾ। ਦੀਨਾਨਗਰ ਦੇ ਬਾਬਾ ਸ੍ਰੀਚੰਦ ਚੌਂਕ ਤੋਂ ਸ਼ੁਰੂ ਹੋਇਆ ਮਹਿਲਾਵਾਂ ਦਾ ਰੋਸ ਮਾਰਚ ਸਥਾਨਕ ਬੱਸ ਸਟੈਂਡ ਤੋਂ ਹੁੰਦਾ ਹੋਇਆ ਸ਼ਿਵਾਲਾ ਮਾਰਕੀਟ ਵਿੱਚ ਪਹੁੰਚ ਕੇ ਸਮਾਪਤ ਹੋਇਆ। ਜਿੱਥੇ ਬੋਲਦਿਆਂ ਹਲਕਾ ਇੰਚਾਰਜ ਸ਼ਮਸ਼ੇਰ ਸਿੰਘ ਨੇ ਕਿਹਾ ਕਿ ਕਾਂਗਰਸੀ ਵਿਧਾਇਕ ਸੁਖਪਾਲ ਸਿੰਘ ਖਹਿਰਾ ਦੀ ਵਿਵਾਦਿਤ ਟਿੱਪਣੀ ਮਹਿਲਾਵਾਂ ਦੇ ਖਿਲਾਫ ਸਮੁੱਚੀ ਕਾਂਗਰਸ ਪਾਰਟੀ ਦੀ ਮਾਨਸਿਕਤਾ ਦਾ ਸਬੂਤ ਹੈ। ਉਹਨਾਂ ਕਿਹਾ ਕਿ ਸੂਬੇ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਦੀਆਂ ਨੀਤੀਆਂ ਨੇ ਕਾਂਗਰਸ ਪਾਰਟੀ ਦੀ ਮਨੋਦਸ਼ਾ ਖਰਾਬ ਕਰਕੇ ਰੱਖ ਦਿੱਤੀ ਹੈ ਅਤੇ ਕਾਂਗਰਸ ਪਾਰਟੀ ਅਪਣੇ ਪੈਰਾਂ ਹੇਠੋਂ ਜ਼ਮੀਨ ਖਿਸਕਦੀ ਵੇਖ ਇਸ ਦੇ ਆਗੂ ਊਲ ਜਲੂਲ ਬੋਲ ਰਹੇ ਹਨ। ਸ਼ਮਸ਼ੇਰ ਸਿੰਘ ਨੇ ਕਿਹਾ ਕਿ ਸੁਖਪਾਲ ਖਹਿਰਾ ਦੀ ਟਿੱਪਣੀ ਨੇ ਮਹਿਲਾਵਾਂ ਦੇ ਸਨਮਾਨ ਨੂੰ ਭਾਰੀ ਸੱਟ ਮਾਰੀ ਹੈ, ਜਿਸ ਨੂੰ ਕਦੇ ਵੀ ਮਾਫ ਨਹੀਂ ਕੀਤਾ ਜਾ ਸਕਦਾ ਅਤੇ ਇਸ ਦਾ ਖਮਿਆਜ਼ਾ ਪੂਰੀ ਕਾਂਗਰਸ ਪਾਰਟੀ ਨੂੰ ਆਉਂਦੀਆਂ ਚੋਣਾਂ ਵਿੱਚ ਵੱਡੀ ਹਾਰ ਦੇ ਰੂਪ ਵਿੱਚ ਭੁਗਤਣਾ ਪਵੇਗਾ। ਇਸ ਦੌਰਾਨ ਮਹਿਲਾਵਾਂ ਨੇ ਹੱਥਾਂ ਵਿੱਚ ਕਾਂਗਰਸ ਪਾਰਟੀ ਅਤੇ ਸੁਖਪਾਲ ਖਹਿਰਾ ਦੇ ਖਿਲਾਫ ਸਲੋਗਨ ਲਿਖੀਆਂ ਤਖਤੀਆਂ ਫੜ ਕੇ ਕਾਂਗਰਸ ਪਾਰਟੀ ਦੇ ਖਿਲਾਫ ਖੂਬ ਭੜਾਸ ਕੱਢੀ।




ਇਸ ਮੌਕੇ ਰੁਪਿੰਦਰ ਕੌਰ ਕੱਤੋਵਾਲ, ਮਧੂ ਥਾਪਾ, ਜਤਿੰਦਰ ਕੌਰ ਅੰਜਲੀ, ਸੰਦੀਪ ਕੌਰ, ਮੀਨੂ ਬਾਂਠਾਵਾਲਾ, ਸੁਰਤੀ ਦੇਵੀ, ਅਮਨਦੀਪ ਕੌਰ, ਸਰਪੰਚ ਸੁਰਿੰਦਰ ਸਿੰਘ ਜੱਜ, ਗੋਰਾ ਕੱਤੋਵਾਲ, ਮਨਮੋਹਨ ਸਿੰਘ ਧਮਰਾਈ, ਮੰਨਾ ਸੰਧੂ, ਬਲਾਕ ਪ੍ਰਧਾਨ ਕਰਨੈਲ ਸਿੰਘ ਬਾਠਾਵਾਲਾ, ਮਨੋਜ ਕੁਮਾਰ ਘੇਸਲ, ਕਿਰਪਾਲ ਸਿੰਘ ਅਤੇ ਨਰਿੰਦਰ ਸਿੰਘ ਬਹੇੜੀ ਵੀ ਮੌਜੂਦ ਸਨ।

## ਬਾਬਾ ਅਵਤਾਰ ਸਿੰਘ ਬੇਦੀ ਵੱਲੋਂ ਐੱਸ ਐੱਚ ਓ ਅਸ਼ੋਕ ਕੁਮਾਰ ਸ਼ਰਮਾ ਦਾ ਸਨਮਾਨ

ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ) - ਸ਼੍ਰੀ ਗੁਰੂ ਨਾਨਕ ਦੇਵ ਜੀ ਦੇ ਅੰਗ ਬਸਤਰ ਸਲਾਨਾ ਜੋੜ ਮੇਲਾ ਸ਼੍ਰੀ ਚੋਲਾ ਸਾਹਿਬ ਮੌਕੇ ਪੰਜਾਬ ਪੁਲਿਸ ਵੱਲੋਂ ਚੰਗੇ ਢੰਗ ਨਾਲ ਨਿਭਾਈ ਗਈ ਡਿਊਟੀ ਨੂੰ ਮੁੱਖ ਰੱਖਦਿਆਂ ਬਾਬਾ ਅਵਤਾਰ ਸਿੰਘ ਬੇਦੀ ਸ਼੍ਰੀ ਚੋਲਾ ਸਾਹਿਬ ਵਾਲਿਆਂ ਵੱਲੋਂ ਪੁਲਿਸ ਥਾਣਾ ਡੇਰਾ



ਬਾਬਾ ਨਾਨਕ ਦੇ ਐਸ ਐਚ ਓ ਅਸ਼ੋਕ ਕੁਮਾਰ ਸ਼ਰਮਾ ਦਾ ਮਾਨ ਸਨਮਾਨ ਕਰਦਿਆਂ ਉਨ੍ਹਾਂ ਨੂੰ ਗੁਰੂ ਘਰ ਦੀ ਬਖਸ਼ਿਸ਼ ਸਿਰਪਾਓ ਸਾਹਿਬ ਦੇ ਕੇ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਬਾਬਾ ਅਵਤਾਰ ਸਿੰਘ ਬੇਦੀ ਨੇ ਕਿਹਾ ਕਿ ਇਸ ਵਾਰ ਸ਼੍ਰੀ ਚੋਲਾ ਸਾਹਿਬ ਦੇ ਮੇਲੇ ਮੌਕੇ ਸਬ ਡਵੀਜ਼ਨ ਡੇਰਾ ਬਾਬਾ ਨਾਨਕ ਦੇ ਡੀ.ਐਸ.ਪੀ ਸ. ਜੋਗਾ ਸਿੰਘ ਦੀ ਯੋਗ ਅਗਵਾਈ ਹੇਠ ਪੁਲਿਸ ਥਾਣਾ ਡੇਰਾ ਬਾਬਾ ਨਾਨਕ ਦੇ ਥਾਣਾ ਮੁੱਖੀ ਅਸ਼ੋਕ ਕੁਮਾਰ ਸ਼ਰਮਾ ਅਤੇ ਪੁਲਿਸ ਥਾਣਾ ਕਰਤਾਰਪੁਰ ਕੋਰੀਡੋਰ ਦੇ ਥਾਣਾ ਮੁੱਖੀ ਕੰਵਲਪ੍ਰੀਤ ਸਿੰਘ ਵੱਲੋਂ ਬਹੁਤ ਹੀ ਵਧੀਆ ਪ੍ਰਬੰਧ ਕੀਤੇ ਗਏ ਸਨ,ਜਿਸ ਨੂੰ ਲੈ ਕੇ ਅੱਜ ਡੇਰਾ ਬਾਬਾ ਨਾਨਕ ਦੇ ਥਾਣਾ ਮੁੱਖੀ ਅਸ਼ੋਕ ਕੁਮਾਰ ਸ਼ਰਮਾ ਦਾ ਮਾਨ ਸਨਮਾਨ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਉਨਾਂ ਵੱਲੋਂ ਅੱਜ ਪੰਜਾਬ ਪੁਲਿਸ ਵਿੱਚ ਡਿਊਟੀ ਕਰਦੇ ਮੁਲਾਜ਼ਮਾਂ ਅਤੇ ਉਨਾਂ ਦੇ ਪਰਿਵਾਰਕ ਮੈਬਰਾਂ ਦੀ ਤੰਦਰੁਸਤੀ ਅਤੇ ਚੜ੍ਹਦੀ ਕਲਾ ਦੀ ਅਰਦਾਸ ਕੀਤੀ ਗਈ ਹੈ। ਇਸ ਮੌਕੇ ਐਸ ਐਚ ਓ ਅਸ਼ੋਕ ਕੁਮਾਰ ਸ਼ਰਮਾ ਨੇ ਬਾਬਾ ਅਵਤਾਰ ਸਿੰਘ ਬੇਦੀ ਦਾ ਧੰਨਵਾਦ ਕੀਤਾ ਅਤੇ ਕਿਹਾ ਕਿ ਉਹ ਹਮੇਸ਼ਾ ਗੁਰੂ ਘਰਾਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਵਚਨਬੱਧ ਹਨ।

## 300 ਸਾਲਾ ਸ਼ਹੀਦੀ ਸ਼ਤਾਬਦੀ ਨੂੰ ਸਮਰਪਤ ਖ਼ਾਲਸਾ ਮਾਰਚ ਦਾ ਸੁਰਸਿੰਘ ਪੁੱਜਣ 'ਤੇ ਬਾਬਾ ਅਵਤਾਰ ਸਿੰਘ ਵੱਲੋਂ ਭਰਵਾਂ ਸਵਾਗਤ

ਝਬਾਲ,(ਹਰਜਿੰਦਰ ਸਿੰਘ ਸੋਨੀ)-ਸ੍ਰੀ ਅਕਾਲ ਤਖ਼ਤ ਸਾਹਿਬ ਦੀ ਸਰਪ੍ਰਸਤੀ ਅਤੇ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਪਵਿੱਤਰ ਅਗਵਾਈ ਹੇਠ, ਪੰਥ ਦੇ ਮਹਾਨ ਸ਼ਹੀਦ ਭਾਈ ਤਾਰਾ ਸਿੰਘ ਜੀ ਵਾਂ ਅਤੇ ਉਨ੍ਹਾਂ ਦੇ ਸਾਥੀ ਸਿੰਘਾਂ ਦੀ 300 ਸਾਲਾ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਵਿਸ਼ੇਸ਼ ਗੁਰਮਤਿ ਸਮਾਗਮ ਬੜੀ ਸ਼ਰਧਾ ਤੇ ਉਤਸ਼ਾਹ ਨਾਲ ਉਲੀਕੇ ਗਏ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਕਰਵਾਏ ਜਾ ਰਹੇ ਇਨ੍ਹਾਂ ਪ੍ਰੋਗਰਾਮਾਂ ਦੇ ਤਹਿਤ, 9 ਮਾਰਚ ਤੋਂ 11 ਮਾਰਚ ਤੱਕ ਚੱਲਣ ਵਾਲਾ ਵਿਸ਼ਾਲ 'ਖ਼ਾਲਸਾ ਮਾਰਚ' ਬੀਤੇ ਦਿਨ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਖ਼ਾਲਸਾਈ ਜਾਹੋ-ਜਲਾਲ ਅਤੇ ਜੈਕਾਰਿਆਂ ਦੀ ਗੂੰਜ ਵਿੱਚ ਆਰੰਭ ਹੋਇਆ ਸੀ। ਇਸ ਨਗਰ ਕੀਰਤਨ ਰੂਪੀ ਮਾਰਚ ਦੇ ਦੂਜੇ ਦਿਨ ਦੀ ਆਰੰਭਤਾ ਗੁਰਦੁਆਰਾ ਬੀੜ ਬਾਬਾ ਬੁੱਢਾ ਸਾਹਿਬ ਜੀ ਤੋਂ ਅਰਦਾਸ ਉਪਰੰਤ ਹੋਈ। ਪੰਜ ਪਿਆਰਿਆਂ ਦੀ ਅਗਵਾਈ ਅਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਇਹ ਮਾਰਚ ਵੱਖ-ਵੱਖ ਪੜਾਵਾਂ ਅਤੇ ਰਾਹਾਂ ਤੋਂ ਗੁਜ਼ਰਦਾ ਹੋਇਆ ਬੀਤੇ ਦਿਨ ਗੁਰਦੁਆਰਾ ਛਾਉਣੀ ਸਾਹਿਬ, ਨਗਰ ਸੁਰ ਸਿੰਘ ਵਿਖੇ ਪਹੁੰਚਿਆ।ਜਿੱਥੇ ਸੰਪ੍ਰਦਾਇ ਦਲ ਪੰਥ ਬਾਬਾ ਬਿਧੀ ਚੰਦ ਦੇ 12 ਦੇ ਮੌਜੂਦਾ ਮੁਖੀ ਜਥੇਦਾਰ ਸੰਤ ਬਾਬਾ ਅਵਤਾਰ ਸਿੰਘ ਸੁਰਸਿੰਘ ਵਾਲਿਆਂ ਵੱਲੋਂ ਖ਼ਾਲਸਾ ਮਾਰਚ ਦਾ ਭਰਵਾਂ ਸਵਾਗਤ ਕਰਦਿਆਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਸੁੰਦਰ ਰੁਮਾਲਾ ਸਾਹਿਬ ਅਤੇ ਪੰਜ ਪਿਆਰੇ ਸਹਿਬਾਨ ਨੂੰ ਗੁਰੂ ਘਰ ਦੀ ਬਖ਼ਸ਼ਿਸ਼ ਸਿਰੋਪਾਓ ਦੇ ਸਨਮਾਨਿਤ ਕੀਤਾ ਗਿਆ। ਪੂਰੇ ਰਸਤੇ ਦੌਰਾਨ ਸੰਗਤਾਂ ਵਿੱਚ ਭਾਰੀ ਉਤਸ਼ਾਹ ਦੇਖਣ ਨੂੰ ਮਿਲਿਆ।



ਥਾਂ-ਥਾਂ 'ਤੇ ਸੰਗਤਾਂ ਵੱਲੋਂ ਲੰਗਰ ਲਗਾਏ ਗਏ ਅਤੇ ਪਾਲਕੀ ਸਾਹਿਬ ਉੱਪਰ ਫੁੱਲਾਂ ਦੀ ਵਰਖਾ ਕਰਕੇ ਮਾਨ-ਸਨਮਾਨ ਕੀਤਾ ਗਿਆ।ਇਹ ਸ਼ਤਾਬਦੀ ਮਾਰਚ ਸਿੱਖ ਕੌਮ ਦੇ ਅਮੀਰ ਇਤਿਹਾਸ ਅਤੇ ਸ਼ਹੀਦਾਂ ਦੀਆਂ ਲਾਸਾਨੀ ਸ਼ਹਾਦਤਾਂ ਨੂੰ ਯਾਦ ਕਰਨ ਦਾ ਇੱਕ ਵੱਡਾ ਉਪਰਾਲਾ ਹੈ, ਜੋ ਸੰਗਤਾਂ ਨੂੰ ਆਪਣੇ ਅਮੀਰ ਵਿਰਸੇ ਨਾਲ ਜੋੜਦਾ ਹੈ।ਇਸ ਮੌਕੇ ਵੱਡੀ ਗਿਣਤੀ ਵਿੱਚ ਸੰਗਤਾਂ ਵੀ ਹਾਜ਼ਰ ਸਨ।

## ਕਰਨਬੀਰ ਬੁਰਜ ਵੱਲੋਂ ਤਰਨ ਤਾਰਨ ਵਿਖੇ ਕਾਂਗਰਸ ਪਾਰਟੀ ਦੇ ਨਵੇਂ ਦਫ਼ਤਰ ਦਾ ਉਦਘਾਟਨ

ਝਬਾਲ (ਹਰਜਿੰਦਰ ਸਿੰਘ ਸੋਨੀ)- ਵਿਧਾਨ ਸਭਾ ਹਲਕਾ ਤਰਨ ਤਾਰਨ ਤੋਂ ਕਾਂਗਰਸ ਪਾਰਟੀ ਦੇ ਹਲਕਾ ਇੰਚਾਰਜ ਤਰਨ ਤਾਰਨ ਕਰਨਬੀਰ ਸਿੰਘ ਕਰਨ ਬੁਰਜ ਵੱਲੋਂ ਕਾਂਗਰਸ ਪਾਰਟੀ ਦੇ ਨਵੇਂ ਦਫ਼ਤਰ ਦਾ ਉਦਘਾਟਨ ਕੀਤਾ ਗਿਆ।ਇਸ ਤੋਂ ਪਹਿਲਾਂ ਸ੍ਰੀ ਸੁਖਮਨੀ ਸਾਹਿਬ ਦੇ ਪਾਠ ਦੇ ਭੋਗ ਪਾਏ ਗਏ ਉਪਰੰਤ ਭਾਈ ਜਗਜੀਤ ਸਿੰਘ ਹਜ਼ੂਰੀ ਰਾਗੀ ਸੱਚਖੰਡ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਦੇ ਰਾਗੀ ਜਥੇ ਵੱਲੋਂ ਸ਼ਬਦ ਕੀਰਤਨ ਕੀਤਾ ਗਿਆ।ਇਸ ਮੌਕੇ ਸਾਬਕਾ ਮੰਤਰੀ ਅਨਿਲ ਜੋਸ਼ੀ, ਸਾਬਕਾ ਵਿਧਾਇਕ ਪੱਟੀ ਹਰਮਿੰਦਰ ਸਿੰਘ ਗਿੱਲ, ਸੀਨੀਅਰ ਕਾਂਗਰਸੀ ਆਗੂ



ਅਵਤਾਰ ਸਿੰਘ ਤਨੇਜਾ ਪ੍ਰਧਾਨ ਰਾਈਸ ਮਿੱਲਰਜ਼ ਐਸੋਸੀਏਸ਼ਨ ਤਰਨ ਤਾਰਨ, ਹਰਸ਼ਰਨ ਸਿੰਘ ਮੱਲਾ ਸੋਹਲ ਪੀਪੀਸੀਸੀ, ਮਨਿੰਦਰ ਪਾਲ ਸਿੰਘ ਪਲਾਸੌਰ, ਬਾਊ ਬਸੰਤ ਲਾਲ, ਸੰਦੀਪ ਸੋਈ, ਕਾਂਗਰਸ ਦੇ ਬੁਲਾਰੇ ਨਰਿੰਦਰ ਸਿੰਘ, ਜ਼ਿਲ੍ਹਾ ਜਨਰਲ ਸੈਕਟਰੀ ਨਿੱਪੀ ਸੂਦ ਝਬਾਲ, ਸਾਬਕਾ ਵਾਈਸ ਚੇਅਰਮੈਨ ਨਰਿੰਦਰ ਸਿੰਘ ਛਾਪਾ, ਸਾਬਕਾ ਚੇਅਰਮੈਨ ਬਲਵਿੰਦਰ ਸਿੰਘ ਗੱਗੋਬੂਹਾ, ਪ੍ਰਧਾਨ ਗੁਰਦੇਵ ਸਿੰਘ ਰਿੰਟੂ ਸੋਹਲ, ਪ੍ਰਧਾਨ ਅਸ਼ੋਕ ਕੁਮਾਰ ਝਬਾਲ, ਡਾ ਚਰਨਜੀਤ ਸਿੰਘ, ਉਂਕਾਰ ਸਿੰਘ ਸੋਹਲ, ਬਲਾਕ ਸੰਮਤੀ ਮੈਂਬਰ ਗੁਰਿੰਦਰ ਸਿੰਘ ਭਾਟੀਆ ਸੋਹਲ, ਬੱਬੂ ਸੋਹਲ, ਮਖਤੂਲ ਸਿੰਘ ਸੋਹਲ, ਸਰਪੰਚ ਗੁਰਪਾਲ ਸਿੰਘ ਜਗਤਪੁਰਾ, ਸਰਪੰਚ ਗੁਰਚਰਨ ਸਿੰਘ ਖੈਰਦੀ, ਸਰਪੰਚ ਅਮਰਜੀਤ ਸਿੰਘ ਬਘੇਲ ਸਿੰਘ ਵਾਲਾ, ਸਰਪੰਚ ਉਤਮ ਸਿੰਘ ਕਾਲਾ, ਸਰਪੰਚ ਨਰਿੰਦਰ ਕੁਮਾਰ ਪੱਪਾ ਝਬਾਲ, ਸਰਪੰਚ ਮਿਲਖਾ ਸਿੰਘ ਮੱਜੂਪੁਰ, ਸਾਬਕਾ ਸਰਪੰਚ ਦਿਲਬਾਗ ਸਿੰਘ ਪੱਧਰੀ, ਕੰਵਲਜੀਤ ਸਿੰਘ ਠੱਠਾ, ਜਗਦੀਸ਼ ਸਿੰਘ ਮੂਸੇ, ਗੁਰਮੇਜ ਸਿੰਘ, ਦਲਬੀਰ ਸਿੰਘ ਕੈਰੋਵਾਲ, ਧਿਆਨ ਸਿੰਘ ਝਾਮਕਾ, ਕੰਵਲਜੋਤ ਸਿੰਘ ਸੋਨੀ, ਗੋਪੀ ਸਰਪੰਚ, ਨੌਨਿਹਾਲ ਸਿੰਘ ਕਸੇਲ, ਬਲਜੀਤ ਸਿੰਘ ਖੈਰਦੀ, ਮਾਸਟਰ ਪ੍ਰਿਤਪਾਲ ਸਿੰਘ ਝਬਾਲ, ਗੁਰਬਾਜ ਸਿੰਘ ਕਾਜ਼ੀ ਕੋਟ, ਡਾ ਗੁਰਬੀਰ ਸਿੰਘ ਪੰਜਵੜ, ਨੰਬਰਦਾਰ ਕਰਨਬੀਰ ਸਿੰਘ ਕੈਰੋਵਾਲ, ਬੀਟਾ ਸਰਪੰਚ ਛੀਨਾ, ਰਛਪਾਲ ਸਿੰਘ ਗੱਗੋਬੂਹਾ, ਗੁਰਪ੍ਰੀਤ ਸਿੰਘ, ਨਿਰਵੈਲ ਸਿੰਘ ਪੰਡੋਰੀ ਰਣ ਸਿੰਘ,ਬਾਊ ਤਰਸੇਮ ਲਾਲ,ਗੁਰਭੇਜ ਸਿੰਘ ਸੁਕਰਚੱਕ, ਮੈਂਬਰ ਹਰਿੰਦਰ ਸਿੰਘ ਝਬਾਲ, ਸਾਬਕਾ ਮੈਂਬਰ ਕੁਲਵਿੰਦਰ ਸਿੰਘ,ਰਾਜ ਦੁਬਰਜੀ, ਨਿਤਿਨ ਲਾਡੀ, ਗੁਰਪ੍ਰੀਤ ਸਿੰਘ,ਸੋਨੀ ਮੰਨਣ, ਪੰਡੋਰੀ ਰਣ ਸਿੰਘ ਤੋਂ ਪ੍ਰਧਾਨ ਰਣਜੀਤ ਸਿੰਘ,ਜੱਸਾ ਸਿੰਘ, ਭਗਵੰਤ ਸਿੰਘ, ਧਰਮ ਸਿੰਘ, ਰਣਜੀਤ ਸਿੰਘ ਮੈਂਬਰ, ਦਲਜੀਤ ਸਿੰਘ ਪੰਡੋਰੀ ਸਿੱਧਵਾਂ, ਲਖਵੀਰ ਸਿੰਘ, ਪ੍ਰਤਾਪ ਸਿੰਘ ਕੈਰੋਵਾਲ, ਸੁਖਦੇਵ ਸਿੰਘ ਕੋਟ, ਬਗੀਚਾ ਸਿੰਘ ਕੋਟ, ਮੰਨਣ ਤੋਂ ਤਸਬੀਰ ਸਿੰਘ, ਰੁਪਿੰਦਰ ਸਿੰਘ ਆੜ੍ਹਤੀਆਂ,ਸੁਖਮਨ ਸਿੰਘ, ਦਵਿੰਦਰ ਸਿੰਘ, ਅੰਮ੍ਰਿਤ ਸ਼ੇਰ ਸਿੰਘ, ਨਗਵੰਤ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਹਲਕੇ ਦੇ ਕਾਂਗਰਸੀ ਵਰਕਰ ਵੀ ਹਾਜ਼ਰ ਸਨ।

## ਲੰਗਰ ਦੀ ਸੇਵਾ ਕਰਨ ਵਾਲੇ ਸੇਵਾਦਾਰਾਂ ਨੂੰ ਕੀਤਾ ਸਨਮਾਨਿਤ

ਚਵਿੰਡਾ ਦੇਵੀ (ਖੁਸ਼ਹਾਲ ਸੁੰਦਰ)- ਹੋਲੇ ਮਹੱਲੇ ਦੇ ਸਬੰਧ 'ਚ ਅਨੰਦਪੁਰ ਸਾਹਿਬ ਲੰਗਰ ਲਗਾਏ ਗਏ। ਬਾਬਾ ਸਰਦਾਰਾ ਸਿੰਘ ਕਾਰ



ਸੇਵਾ ਮੱਖਣਵਿੰਡੀ ਵਾਲਿਆਂ ਵੱਲੋਂ ਸੰਤ ਬਾਬਾ ਸੁਖਦੇਵ ਸਿੰਘ , ਬਾਬਾ ਮੇਜਰ ਸਿੰਘ , ਮੁੱਖ ਸੇਵਾਦਾਰ ਗੁਰਦੁਆਰਾ ਟਾਹਲੀ ਸਾਹਿਬ ,ਬਾਬਾ ਸਤਨਾਮ ਸਿੰਘ , ਮੋਰਚਾ ਸਾਹਿਬ ਵਾਲੇ ਤਰਲੋਚਨ ਸਿੰਘ ਸਿਆਲਕਾ ਸੈਕਟਰੀ ਰਛਪਾਲ ਸਿੰਘ ਗੁਰਦੇਵ ਸਿੰਘ ਸੋਢੀ ਬਾਬੋਵਾਲ ਆਦਿ ਵੱਲੋਂ ਸੇਵਾਦਾਰਾਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ ਤੇ ਕਿਹਾ ਕਿ ਕਾਰਜ ਸੇਵਾ ਤੋਂ ਬਿਨਾਂ ਸੰਪੂਰਨ ਨਹੀਂ ਹੁੰਦੇ ਅਤੇ ਗੁਰੂ ਘਰ ਦੀ ਕੀਤੀ ਸੇਵਾ ਵਿਅਰਥ ਨਹੀਂ ਜਾਂਦੀ ਇਸ ਮੌਕੇ ਸੰਤ ਬਾਬਾ ਸਰਦਾਰਾ ਸਿੰਘ ਨੇ ਸਮੁੱਚੇ ਸੇਵਾਦਾਰਾਂ ਤੇ ਬੀਬੀਆਂ ਦਾ ਧੰਨਵਾਦ ਕੀਤਾ ਜਿਨ੍ਹਾਂ ਨੇ ਲੱਖਾਂ ਦੀ ਗਿਣਤੀ ਵਿੱਚ ਪਹੁੰਚੀਆਂ ਸੰਗਤਾਂ ਲਈ ਲੰਗਰ ਸੇਵਾ ਕੀਤੀ।

## ਕਿਸੇ ਨੂੰ ਵੀ ਛੱਤ ਤੋਂ ਬਗੈਰ ਨਹੀਂ ਰਹਿਣ ਦਿੱਤਾ ਜਾਵੇਗਾ : ਤਲਬੀਰ ਗਿੱਲ



ਤਰਸਿੱਕਾ ( ਤਰਸੇਮ ਸਿੰਘ ਸਾਧਪੁਰ)- ਵਿਧਾਨ ਸਭਾ ਹਲਕਾ ਮਜੀਠਾ ਤਰੱਕੀ ਦੀ ਰਾਹ 'ਤੇ ਅੱਗੇ ਵੱਧ ਰਿਹਾ ਹੈ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਸਰਕਾਰ ਵੱਲੋਂ ਗਰੀਬ ਪਰਿਵਾਰਾਂ ਦੇ ਸਿਰ 'ਤੇ ਛੱਤ ਮੁਹੱਈਆ ਕਰਵਾਉਣ ਲਈ ਮਜੀਠਾ ਹਲਕੇ ਵਿੱਚ 123 ਪਰਿਵਾਰਾਂ ਨੂੰ ਘਰ ਬਣਾਉਣ ਲਈ ਗਰਾਂਟ ਜਾਰੀ ਕਰਕੇ ਵੱਡੀ ਸਹੂਲਤ ਦਿੱਤੀ ਗਈ ਹੈ । ਇਹ ਪ੍ਰਗਟਾਵਾ ਆਮ ਆਦਮੀ ਪਾਰਟੀ ਹਲਕਾ ਮਜੀਠਾ ਦੇ ਇੰਚਾਰਜ ਤਲਬੀਰ ਸਿੰਘ ਗਿੱਲ ਵਲੋਂ ਚੈੱਕ ਭੇਟ ਕਰਨ ਮੌਕੇ ਆਏ ਪਰਿਵਾਰਾਂ ਨੂੰ ਸੰਬੋਧਨ ਕਰਦਿਆਂ ਕੀਤਾ ਗਿਆ। ਉਨ੍ਹਾਂ ਕਿਹਾ ਮੈਂ ਅਤੇ ਮੇਰੀ ਆਮ ਆਦਮੀ ਪਾਰਟੀ ਹਰ ਵਰਗ ਦੇ ਲੋਕਾਂ ਦਾ ਖਿਆਲ ਰੱਖ ਰਹੀ ਹੈ, ਸਾਡੀ ਪਾਰਟੀ ਦਾ ਮੁੱਖ ਮਕਸਦ ਹਲਕੇ ਦਾ ਵਿਕਾਸ ਕਰਵਾਉਣਾ ਕਿਉਂਕਿ ਇਹ ਹਲਕਾ ਮਜੀਠਾ ਪਿਛਲੇ 15 ਸਾਲਾਂ ਤੋਂ ਵਿਕਾਸ ਪੱਖੋਂ ਪੱਛੜ ਗਿਆ ਸੀ ਹੁਣ ਹਲਕਾ ਮਜੀਠਾ ਵਿਕਾਸ ਪੱਖੋਂ ਬੁਲੰਦੀਆਂ ਨੂੰ ਛੂਹ ਰਿਹਾ ਹੈ>

ਇਸ ਮੌਕੇ ਤਲਬੀਰ ਸਿੰਘ ਗਿੱਲ ਦੇ ਸਿਆਸੀ ਸਲਾਹਕਾਰ ਬਲਜਿੰਦਰ ਸਿੰਘ ਛੀਨਾ, ਜ਼ਿਲ੍ਹਾ ਪ੍ਰੀਸ਼ਦ ਮੈਂਬਰ ਪਰਮਜੀਤ ਸਿੰਘ ਮੱਤੇਵਾਲ, ਬਲਾਕ ਸੰਮਤੀ ਮੈਂਬਰ ਗੁਰਬੀਰ ਸਿੰਘ ਮੱਤੇਵਾਲ, ਆਮ ਆਦਮੀ ਪਾਰਟੀ ਕਿਸਾਨ ਵਿੰਗ ਜ਼ਿਲਾ ਅੰਮ੍ਰਿਤਸਰ ਦੇ ਪ੍ਰਧਾਨ ਬਲਬੀਰ ਸਿੰਘ ਬੋਪਾਰਾਏ, ਮਲਕੀਤ ਸਿੰਘ ਭੋਏ, ਸ਼ਿਵਰਾਜ ਸਿੰਘ ਸ਼ਿਵ ਬਾਠ ਭੀਲੋਵਾਲ, ਸਰਪੰਚ ਪ੍ਰੇਮ ਸਿੰਘ ਤਰਫਾਨ, ਤਰਵਿੰਦਰ ਸਿੰਘ ਸਾਧਪੁਰ, ਤਰਸੇਮ ਸਿੰਘ ਸਿਆਲਕਾ, ਰਵਿੰਦਰਪਾਲ ਸਿੰਘ ਗਿੱਲ ਸਰਪੰਚ ਹਦਾਇਤਪੁਰ, ਲਵਪ੍ਰੀਤ ਸਿੰਘ ਸਰਪੰਚ ਕੋਟ ਹਿਰਦੇਰਾਮ ਵੀ ਹਾਜਰ ਸਨ।

## ਆਪ ਵਾਲਿਆਂ ਦੇ ਆਗੂ ਰਵਾਇਤੀ ਪਾਰਟੀਆਂ ਦੇ ਹੋਣ ਲੱਗੇ ਨੇੜੇ

**ਖਡੂਰ ਸਾਹਿਬ (ਸਰਬਜੋਤ ਸਿੰਘ ਸੰਧਾ)** ਆਮ ਆਦਮੀ ਪਾਰਟੀ ਜੋ ਕੇ ਬਦਲਾਅ ਦਾ ਨਾਅਰਾ ਲੈ ਕੇ 2022 ਦੀਆਂ ਵਿਧਾਨ ਸਭਾ ਚੋਣਾਂ ਵਿਚ ਬਹੁਮਤ ਨਾਲ ਜਿੱਤੀ ਸੀ ਅੱਜ 2026 'ਚ ਹਾਲਾਤ ਇਹ ਹੋ ਗਏ ਹਨ ਕਿ ਆਪਣੀਆਂ ਸਾਰੀਆਂ ਗਰੰਟੀਆਂ ਪੂਰੀਆਂ ਕਰਨ ਦਾ ਦਾਅਵਾ ਕਰਨ ਵਾਲੀ ਆਪ ਸਰਕਾਰ ਦੇ ਜ਼ਮੀਨੀ ਪੱਧਰ ਦੇ ਆਗੂ ਅਕਾਲੀ ਦਲ ਬਾਦਲ ਦੀਆਂ ਮੀਟਿੰਗਾਂ ਵਿਚ ਜਾਣ ਲੱਗ ਪਏ ਹਨ। ਜਿਸ ਦੀ ਮਿਸਾਲ ਮਾਝੇ ਦੇ ਇਤਿਹਾਸਕ ਕਸਬਾ ਫਤਿਹਾਬਾਦ ਵਿਖੇ ਦੇਖਣ ਨੂੰ ਮਿਲੀ ਜਿਥੇ ਸ਼੍ਰੋਮਣੀ ਅਕਾਲੀ ਦਲ ਦੇ ਸਾਬਕਾ ਵਿਧਾਇਕ ਰਵਿੰਦਰ ਸਿੰਘ ਬ੍ਰਹਮਪੁਰਾ ਵਲੋਂ ਅਕਾਲੀ ਆਗੂਆਂ ਦੀ ਮੀਟਿੰਗ ਵਿਚ ਆਪ ਦੇ ਪੁਰਾਣੇ ਆਗੂ ਦਾ ਬੈਠ ਜਾਣਾ ਕੀ ਇਹ ਸਾਬਤ ਕਰਦਾ ਹੈ ਕਿ ਆਉਣ ਵਾਲੇ ਸਮੇਂ ਵਿਚ ਆਪ ਦੇ ਆਗੂਆਂ ਦਾ ਰਵਾਇਤੀ ਪਾਰਟੀਆਂ ਵਿਚ ਜਾਣਾ ਲਗਭਗ ਤੈਅ ਹੈ।

## ਜਥੇ ਮਾਰਚ ਲਈ ਝਬਾਲ ਪੁਖਤਾ ਤੋਂ ਵੱਡਾ ਕਾਫ਼ਲਾ ਹੋਇਆ ਰਵਾਨਾ : ਝਬਾਲ

ਝਬਾਲ (ਹਰਜਿੰਦਰ ਸਿੰਘ ਸੋਨੀ)- ਸੀ ਪੀ ਆਈ ਐੱਮ ਤੇ ਕੁੱਲ ਹਿੰਦ ਖੇਤ ਮਜ਼ਦੂਰ ਯੂਨੀਅਨ ਵੱਲੋਂ ਗਦਰੀ ਬਾਬਿਆਂ ਦੇ ਪਿੰਡ ਸੁਰ ਸਿੰਘ ਵਿਖੇ ਹੋਣ ਜਾ ਰਹੇ ਜਥੇ ਮਾਰਚ ਵਿੱਚ ਪਿੰਡ ਝਬਾਲ ਪੁਖਤਾ ਤੋਂ ਵੱਡਾ ਕਾਫ਼ਲਾ ਜ਼ਿਲ੍ਹਾ ਜੁਆਇੰਟ ਸਕੱਤਰ ਕਾਮਰੇਡ ਮਨਜੀਤ ਸਿੰਘ ਝਬਾਲ ਦੀ ਅਗਵਾਈ ਵਿੱਚ ਪਹੁੰਚਿਆ।ਪ੍ਰੈੱਸ ਨੂੰ ਜਾਣਕਾਰੀ ਦਿੰਦਿਆਂ ਕਾਮਰੇਡ ਮਨਜੀਤ ਸਿੰਘ ਝਬਾਲ ਨੇ ਦੱਸਿਆ ਕਿ ਸਾਡੀ



ਯੂਨੀਅਨ ਦੇਸ਼ ਦੀ ਵੱਡੀ ਜਥੇਬੰਦੀ ਹੈ ਜਿਸ ਦੀ ਲੱਖਾਂ ਮੈਂਬਰਸ਼ਿਪ ਹੈ ਅਤੇ ਸਾਰੇ ਰਾਜਾਂ ਵਿੱਚ ਦਲਿਤਾਂ, ਖੇਤ ਮਜ਼ਦੂਰਾਂ ਤੇ ਬੇਜ਼ਮੀਨਿਆਂ ਮਸਲਿਆਂ ਨੂੰ ਲੈ ਕੇ ਸੰਘਰਸ਼ ਕੀਤਾ ਤੇ ਜਿੱਤਾਂ ਵੀ ਪ੍ਰਾਪਤ ਕੀਤੀਆਂ, ਮਨਰੇਗਾ ਕਾਨੂੰਨ ਬਣਾ ਕੇ ਕਰੋੜਾਂ ਲੋਕਾਂ ਨੂੰ ਰੁਜ਼ਗਾਰ ਦਿਵਾਇਆ ਹੈ, ਜਿਸ ਨੂੰ ਮੋਦੀ ਸਰਕਾਰ ਨੇ ਮਨਰੇਗਾ ਕਾਨੂੰਨ ਨੂੰ ਤੋੜ ਕੇ ਵੀ ਬੀ ਜੀ ਰਾਮ ਜੀ ਕਾਨੂੰਨ ਨੂੰ ਲਾਗੂ ਕਰਨਾ ਮਨਰੇਗਾ ਮਜ਼ਦੂਰਾਂ ਦੇ ਮੂੰਹ ਵਿੱਚੋਂ ਰੋਟੀ ਖੋਹੀ ਜਾ ਰਹੀ ਹੈ। ਆਗੂਆਂ ਨੇ ਅੱਗੇ ਕਿਹਾ ਕਿ ਵੀ ਬੀ ਜੀ ਰਾਮ ਜੀ ਕਾਨੂੰਨ ਵਾਪਸ ਲਿਆ ਜਾਵੇ, ਮਨਰੇਗਾ ਕਾਨੂੰਨ ਸਰਕਾਰ ਬਹਾਲ ਕਰੇ ਤੇ ਚਾਰ ਲੇਬਰ ਕੋਡ ਰੱਦ ਕਰਕੇ 29 ਕਾਨੂੰਨ ਲਾਗੂ ਕੀਤੇ ਜਾਣ, ਬਿਜਲੀ ਸੋਧ ਬਿੱਲ ਤੇ ਬੀਜ ਸੋਧ ਬਿੱਲ ਰੱਦ ਕੀਤੇ ਜਾਣ ਆਦਿ ਮੰਗਾਂ ਨੂੰ ਲੈ ਕੇ ਸੀ ਪੀ ਆਈ ਐਮ ਦਾ ਗ਼ਦਰੀ ਬਾਬਿਆਂ ਦੇ ਪਿੰਡ ਸੁਰਸਿੰਘ ਤੋਂ ਜਥਾ ਮਾਰਚ ਚੱਲੇਗਾ। ਇਸ ਜਥੇ ਮਾਰਚ ਵਿੱਚ ਪਿੰਡ ਝਬਾਲ ਤੋਂ ਖੇਤ ਮਜ਼ਦੂਰ ਵੱਡੀ ਗਿਣਤੀ ਵਿੱਚ ਸ਼ਾਮਲ ਹੋਣਗੇ।ਆਗੂਆਂ ਨੇ ਅੱਗੇ ਕਿਹਾ ਕਿ ਬੁਢਾਪਾ, ਵਿਧਵਾ, ਅੰਗਹੀਣ ਪੈਨਸ਼ਨ ਘੱਟੋ ਘੱਟ ਪੰਜ ਹਜ਼ਾਰ ਰੁਪਏ ਪ੍ਰਤੀ ਮਹੀਨਾ ਦਿੱਤੀ ਜਾਵੇ, ਬੇਘਰਿਆਂ ਨੂੰ ਦਸ ਦਸ ਮਰਲੇ ਦੇ ਪਲਾਟ ਦਿੱਤੇ ਜਾਣ ਪਲਾਟ ਦੀ ਉਸਾਰੀ ਵਾਸਤੇ ਪੰਜ ਲੱਖ ਰੁਪਏ ਦੀ ਗ੍ਰਾਂਟ ਦਿੱਤੀ ਜਾਵੇਂ ਜ਼ਮੀਨੀ ਸੁਧਾਰ ਲਾਗੂ ਕਰਕੇ ਵਾਧੂ ਜ਼ਮੀਨ ਬੇਜ਼ਮੀਨਿਆਂ ਵਿੱਚ ਵੰਡੀ ਜਾਵੇ, ਪੰਚਾਇਤੀ ਜ਼ਮੀਨ ਦਾ ਤੀਜਾ ਹਿੱਸਾ ਮਜ਼ਦੂਰਾਂ ਨੂੰ ਦਿੱਤਾ ਜਾਵੇ । ਇਸ ਮੌਕੇ ਜਸਬੀਰ ਸਿੰਘ ਬਿੱਟੂ ਝਬਾਲ, ਕਾਮਰੇਡ ਕੁਲਦੀਪ ਸਿੰਘ ਝਬਾਲ, ਮਲੂਕ ਸਿੰਘ ਝਬਾਲ, ਬਲਦੇਵ ਸਿੰਘ ਝਬਾਲ, ਇੰਦਰ ਸਿੰਘ ਕੋਟ, ਅਰੂ ਸਿੰਘ ਕੋਟ, ਗੁਰਦੇਵ ਸਿੰਘ ਮੀਆਪੁਰ, ਸੁਖਦੇਵ ਸਿੰਘ ਮੀਆਪੁਰ, ਸਾਹਿਬ ਸਿੰਘ ਮੀਆਪੁਰ, ਸਤਨਾਮ ਸਿੰਘ ਮੀਆਪੁਰ, ਗੁਰਦੇਵ ਸਿੰਘ ਮੀਆਪੁਰ, ਜਸਪਾਲ ਸਿੰਘ ਮੀਆਪੁਰ, ਮੇਜਰ ਸਿੰਘ ਮੰਨਣ, ਦਿਲਬਾਗ ਸਿੰਘ ਮੰਨਣ, ਅਵਤਾਰ ਸਿੰਘ ਮੰਨਣ, ਸਵਰਨ ਕੌਰ ਮੰਨਣ, ਸੁਰਜੀਤ ਕੌਰ ਮੰਨਣ, ਪ੍ਰਕਾਸ਼ ਕੌਰ, ਮਨਦੀਪ ਕੌਰ, ਮਨਜੀਤ ਕੌਰ, ਸਰਬਜੀਤ ਕੌਰ, ਮਨਪ੍ਰੀਤ ਕੌਰ ਝਬਾਲ, ਕੰਵਲਜੀਤ ਕੌਰ ਝਬਾਲ ਆਦਿ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਲੋਕ ਹਾਜ਼ਰ ਸਨ।

## ਕਮਿਸ਼ਨਰੇਟ ਪੁਲਸ ਨੇ 400 ਗੁੰਮ ਹੋਏ ਮੋਬਾਇਲ ਮਾਲਕਾਂ ਨੂੰ ਦਿੱਤੇ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-ਇੱਕ ਹੋਰ ਜਨਤਕ-ਪੱਖੀ ਪਹਿਲਕਦਮੀ ਕਰਦੇ ਹੋਏ ਕਮਿਸ਼ਨਰੇਟ ਪੁਲਸ ਅੰਮ੍ਰਿਤਸਰ ਨੇ ਨਾਗਰਿਕਾਂ ਦੇ ਗੁੰਮ ਹੋਏ 400 ਮੋਬਾਇਲ ਫੋਨਾਂ ਦਾ ਸਫਲਤਾਪੂਰਵਕ ਪਤਾ ਲਗਾਇਆ ਹੈ। ਇਹ ਫੋਨ ਰਾਜਸਥਾਨ, ਉੱਤਰ ਪ੍ਰਦੇਸ਼, ਉਤਰਾਖੰਡ ਅਤੇ ਪੰਜਾਬ ਦੇ ਜ਼ਿਲ੍ਹਿਆਂ ਜਿਵੇਂ ਕਿ ਲੁਧਿਆਣਾ, ਜਲੰਧਰ ਅਤੇ ਅੰਮ੍ਰਿਤਸਰ ਦਿਹਾਤੀ ਤੋਂ ਬਰਾਮਦ ਕੀਤੇ ਗਏ ਸਨ, ਅਤੇ ਹੁਣ ਉਨ੍ਹਾਂ ਦੇ ਮਾਲਕਾਂ ਨੂੰ ਵਾਪਸ ਕਰ ਦਿੱਤੇ ਗਏ ਹਨ। ਇਹ ਤੀਜੀ ਵੱਡੀ ਪਹਿਲ ਹੈ ਜਿਸ ਵਿੱਚ ਗੁੰਮ ਹੋਏ ਮੋਬਾਈਲ ਫੋਨਾਂ ਦਾ ਪਤਾ ਲਗਾਇਆ ਗਿਆ ਹੈ ਅਤੇ ਨਾਗਰਿਕਾਂ ਨੂੰ ਵਾਪਸ ਸੌਂਪੇ ਗਏ ਹਨ। ਇਸ ਤੋਂ ਪਹਿਲਾਂ, ਪਹਿਲੇ ਪੜਾਅ ਵਿੱਚ 100 ਮੋਬਾਈਲ ਫੋਨ ਅਤੇ ਦੂਜੇ ਪੜਾਅ ਵਿੱਚ 200 ਮੋਬਾਈਲ ਫੋਨ ਵਾਪਸ ਕੀਤੇ ਗਏ ਸਨ, ਜਦੋਂ ਕਿ ਹੁਣ 400 ਮੋਬਾਈਲ ਫੋਨ ਸਫਲਤਾਪੂਰਵਕ ਲੱਭੇ ਗਏ ਹਨ ਅਤੇ ਤੀਜੇ ਪੜਾਅ ਵਿੱਚ ਵਾਪਸ ਕੀਤੇ ਗਏ ਹਨ। ਗੁਰਪ੍ਰੀਤ ਸਿੰਘ ਭੁੱਲਰ, ਪੁਲਸ ਕਮਿਸ਼ਨਰ, ਅੰਮ੍ਰਿਤਸਰ ਦੇ ਨਿਰਦੇਸ਼ਾਂ ਅਨੁਸਾਰ, ਕਮਿਸ਼ਨਰੇਟ ਪੁਲਸ ਅੰਮ੍ਰਿਤਸਰ ਦੀਆਂ ਪੁਲਸ ਟੀਮਾਂ ਨੇ ਗੁੰਮ ਹੋਏ ਡਿਵਾਈਸਾਂ ਦਾ ਪਤਾ ਲਗਾਉਣ ਲਈ ਨਿਰੰਤਰ ਤਕਨੀਕੀ ਯਤਨ ਕੀਤੇ। ਕੁੱਲ 400 ਮੋਬਾਈਲ ਫੋਨਾਂ ਵਿੱਚੋਂ, 269 ਮੋਬਾਈਲ ਫੋਨ ਪੁਲਿਸ ਸਟੇਸ਼ਨ ਸਾਈਬਰ ਕ੍ਰਾਈਮ ਟੀਮ ਦੁਆਰਾ, 85 ਸਬ-ਡਵੀਜ਼ਨ ਈਸਟ ਦੁਆਰਾ, 29 ਸਬ-ਡਵੀਜ਼ਨ ਸੈਂਟਰਲ ਦੁਆਰਾ ਅਤੇ 17 ਸਬ-ਡਵੀਜ਼ਨ ਨੌਰਥ ਦੁਆਰਾ ਟਰੇਸ ਕੀਤੇ ਗਏ। ਬਰਾਮਦ ਕੀਤੇ ਗਏ ਫੋਨਾਂ ਵਿੱਚ ਵੱਖ-ਵੱਖ ਬ੍ਰਾਂਡਾਂ ਦੇ 13 ਆਈਫੋਨ ਅਤੇ 387 ਐਂਡਰਾਇਡ ਫੋਨ ਸ਼ਾਮਲ ਹਨ। ਜਨਤਾ ਨੂੰ ਸਲਾਹ ਦਿੱਤੀ ਗਈ ਹੈ ਕਿ ਜਦੋਂ ਵੀ ਕੋਈ ਮੋਬਾਇਲ ਫੋਨ ਗੁੰਮ ਹੋ ਜਾਂਦਾ ਹੈ, ਤਾਂ ਉਹਨਾਂ ਨੂੰ ਤੁਰੰਤ ਨਜ਼ਦੀਕੀ ਪੁਲਸ ਸਟੇਸ਼ਨ ਜਾਂ ਸਾਂਝ ਕੇਂਦਰ ਵਿੱਚ ਗੁੰਮ ਹੋਣ ਦੀ ਰਿਪੋਰਟ ਦਰਜ ਕਰਵਾਉਣੀ ਚਾਹੀਦੀ ਹੈ। ਨਾਗਰਿਕਾਂ ਨੂੰ ਦੂਰਸੰਚਾਰ ਮੰਤਰਾਲੇ ਦੁਆਰਾ ਜਾਰੀ ਕੀਤੇ ਗਏ ਸੈਂਟਰਲ ਇਕੁਇਪਮੈਂਟ ਆਈਡੈਂਟਿਟੀ ਰਜਿਸਟਰ ਪੋਰਟਲ 'ਤੇ ਆਪਣੀ ਸ਼ਿਕਾਇਤ ਦਰਜ ਕਰਨ ਲਈ ਵੀ ਉਤਸ਼ਾਹਿਤ ਕੀਤਾ ਜਾਂਦਾ ਹੈ, ਜੋ ਗੁੰਮ ਹੋਏ ਮੋਬਾਈਲ ਫੋਨਾਂ ਨੂੰ ਬਲੌਕ ਕਰਨ ਅਤੇ ਟਰੇਸ ਕਰਨ ਵਿੱਚ ਮਦਦ ਕਰਦਾ ਹੈ ਅਤੇ ਉਹਨਾਂ ਦੀ ਦੁਰਵਰਤੋਂ ਨੂੰ ਰੋਕਦਾ ਹੈ।

## ਬਾਬਾ ਬੰਦਾ ਸਿੰਘ ਬਹਾਦਰ ਪਬਲਿਕ ਸਕੂਲ ਧਾਰੀਵਾਲ ਵਿਖੇ ਕਰਵਾਇਆ ਗ੍ਰੈਜੂਏਸ਼ਨ ਸਮਾਰੋਹ

**ਧਾਰੀਵਾਲ (ਮਨਦੀਪ ਵਿੱਕੀ)** - ਬਾਬਾ ਬੰਦਾ ਸਿੰਘ ਬਹਾਦਰ ਪਬਲਿਕ ਸਕੂਲ ਧਾਰੀਵਾਲ ਵਿਖੇ ਡਾਇਰੈਕਟਰ ਅਮਰਜੀਤ ਸਿੰਘ ਚਾਹਲ, ਸਕੱਤਰ ਪਰਮਿੰਦਰ ਕੌਰ ਚਾਹਲ ਅਤੇ ਪ੍ਰਿੰਸੀਪਲ ਸ੍ਰੀਮਤੀ ਕਿਰਨ



ਕੇਸਰ ਦੀ ਯੋਗ ਅਗਵਾਈ ਹੇਠ ਸਕੂਲ ਵਿਖੇ ਗ੍ਰੈਜੂਏਸ਼ਨ ਸਮਾਰੋਹ ਬੜੀ ਧੂਮਧਾਮ ਨਾਲ ਮਨਾਇਆ ਗਿਆ। ਸਮਾਰੋਹ ਦੌਰਾਨ ਮੁੱਖ ਮਹਿਮਾਨ ਦੇ ਤੌਰ 'ਤੇ ਪਹੁੰਚੇ ਮੁੱਖ ਮਹਿਮਾਨ ਆਰ.ਐਸ. ਧਾਲੀਵਾਲ (ਸੇਵਾ ਮੁਕਤ ਸੀਨੀਅਰ ਲੈਕਚਰਾਰ, ਵਿਗਿਆਨ ਵਿਭਾਗ, ਸੈਨਿਕ ਸਕੂਲ ਕਪੂਰਥਲਾ) ਅਤੇ ਉਨ੍ਹਾਂ ਦੀ ਧਰਮ ਪਤਨੀ ਨੇ ਸ਼ਿਰਕਤ ਕੀਤੀ। ਸਮਾਗਮ ਦੀ ਸ਼ੁਰੂਆਤ ਮੁੱਖ ਮਹਿਮਾਨਾਂ ਅਤੇ ਸਕੂਲ ਦੇ ਡਾਇਰੈਕਟਰ ਅਮਰਜੀਤ ਸਿੰਘ ਚਾਹਲ, ਸਕੱਤਰ ਪਰਮਿੰਦਰ ਕੌਰ ਚਾਹਲ ਅਤੇ ਪ੍ਰਿੰਸੀਪਲ ਸ੍ਰੀਮਤੀ ਕਿਰਨ ਕੇਸਰ ਦੁਆਰਾ ਜੋਤੀ ਪ੍ਰਜਵਲਿਤ ਕਰਕੇ ਕੀਤੀ ਗਈ। ਸਮਾਗਮ ਦੌਰਾਨ ਛੋਟੇ ਬੱਚਿਆਂ ਨੇ ਗ੍ਰੈਜੂਏਸ਼ਨ ਗਾਊਨ ਅਤੇ ਕੈਪ ਪਹਿਨ ਕੇ ਸਟੇਜ 'ਤੇ ਆਪਣੀ ਪ੍ਰਸਤੁਤੀ ਦਿੱਤੀ। ਵਿਦਿਆਰਥੀਆਂ ਨੇ ਨਾਚ ਅਤੇ ਹੋਰ ਸੱਭਿਆਚਾਰਕ ਪੇਸ਼ਕਾਰੀਆਂ ਕਰਕੇ ਸਮਾਗਮ ਨੂੰ ਰੰਗੀਨ ਬਣਾਇਆ। ਇਸ ਮੌਕੇ ਵਿਦਿਆਰਥੀਆਂ ਅਤੇ ਮਾਪਿਆਂ ਲਈ ਰਿਫਰੈਸ਼ਮੈਂਟ ਦਾ ਵੀ ਖਾਸ ਪ੍ਰਬੰਧ ਕੀਤਾ ਗਿਆ। ਡਾਇਰੈਕਟਰ ਅਮਰਜੀਤ ਸਿੰਘ ਚਾਹਲ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਜੀਵਨ ਵਿੱਚ ਮਿਹਨਤ, ਅਨੁਸ਼ਾਸਨ ਅਤੇ ਸੰਸਕਾਰਾਂ ਦਾ ਬਹੁਤ ਮਹੱਤਵ ਹੈ। ਉਨ੍ਹਾਂ ਬੱਚਿਆਂ ਨੂੰ ਮਨ ਲਾ ਕੇ ਪੜ੍ਹਾਈ ਕਰਨ ਅਤੇ ਆਪਣੇ ਮਾਤਾ-ਪਿਤਾ ਅਤੇ ਅਧਿਆਪਕਾਂ ਦਾ ਸਤਿਕਾਰ ਕਰਨ ਲਈ ਪ੍ਰੇਰਿਤ ਕੀਤਾ। ਅੰਤ ਵਿੱਚ ਸਕੂਲ ਪ੍ਰਬੰਧਕਾਂ ਨੇ ਸਾਰੇ ਅਧਿਆਪਕਾਂ ਅਤੇ ਮਾਪਿਆਂ ਦਾ ਧੰਨਵਾਦ ਕੀਤਾ ਜਿਨ੍ਹਾਂ ਦੇ ਸਹਿਯੋਗ ਨਾਲ ਇਹ ਸਮਾਰੋਹ ਸਫਲਤਾਪੂਰਵਕ ਕਰਵਾਇਆ ਗਿਆ।

## ਲੈਬਾਰਟਰੀ ਦਾ ਉਦਘਾਟਨ ਭਲਕੇ

ਬਿਆਸ (ਪਰਮਜੀਤ ਸਿੰਘ ਰੱਖੜਾ) ਬਾਬਾ ਸਾਵਣ ਸਿੰਘ ਨਗਰ ਦੇ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਵਿਖੇ ਲਾਈਫ ਕੇਅਰ ਫਾਊਂਡੇਸ਼ਨ ਚੈਰੀਟੇਬਲ ਲੈਬਾਰਟਰੀ ਦਾ ਉਦਘਾਟਨ 14 ਮਾਰਚ ਸ਼ਨੀਵਾਰ ਸਵੇਰੇ 11 ਵਜੇ ਐਡਵੋਕੇਟ ਜਗਰੂਪ ਸਿੰਘ ਸੇਖਵਾਂ ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਕਾਦੀਆਂ ਕਰਨਗੇ। ਰਜਿੰਦਰ ਸਿੰਘ ਸਹੋਤਾ ਜਿਲਾ ਪ੍ਰਧਾਨ ਸਮਾਜ ਸੇਵਾ ਹੈਲਪ ਲਾਈਨ ਅਤੇ ਐਂਟੀ ਕਰੱਪਸ਼ਨ ਅਮ੍ਰਿਤਸਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਲਾਈਫ ਕੇਅਰ ਫਾਊਂਡੇਸ਼ਨ ਚੈਰੀਟੇਬਲ ਲੈਬਾਰਟਰੀ ਵਿੱਚ ਮਾਰਕੀਟ ਨਾਲੋਂ 75 ਪ੍ਰਤੀਸ਼ਤ ਘੱਟ ਰੇਟ 'ਤੇ ਟੈਸਟ ਕੀਤੇ ਜਾਣਗੇ ਅਤੇ 14 ਮਾਰਚ ਉਦਘਾਟਨ ਵਾਲੇ ਦਿਨ ਸਵੇਰੇ 7 ਵਜੇ ਤੋਂ ਦੁਪਹਿਰ 12 ਵਜੇ ਤੱਕ ਕੈਂਪ ਵੀ ਲਗਾਇਆ ਜਾਵੇਗਾ ਜਿਸ ਵਿੱਚ ਗੁਰਦਿਆਂ ਦੇ 5 ਟੈਸਟ ਯੂਰਿਕ ਐਸਿਡ ਅਤੇ ਸ਼ੂਗਰ ਦਾ ਇੱਕ ਟੈਸਟ ਫ੍ਰੀ ਕੀਤਾ ਜਾਵੇਗਾ। ਇਸ ਲਾਈਫ ਕੇਅਰ ਲੈਬੋਰਟਰੀ ਨੂੰ ਗੁਰਦੁਆਰਾ ਸਾਹਿਬ ਵਿਖੇ ਖੋਲਣ ਵਿੱਚ ਗੁਰਦੁਆਰਾ ਸਾਹਿਬ ਦੇ ਪ੍ਰਧਾਨ ਸਵਿੰਦਰ ਸਿੰਘ ਅਤੇ ਗ੍ਰਾਮ ਪੰਚਾਇਤ ਬਾਬਾ ਸਾਵਣ ਸਿੰਘ ਨਗਰ ਦੇ ਸਰਪੰਚ ਗੁਰਮੁੱਖ ਸਿੰਘ ਢਿੱਲੋਂ ਅਤੇ ਓਹਨਾਂ ਦੀ ਸਾਰੀ ਟੀਮ ਦਾ ਵਿਸ਼ੇਸ਼ ਸਹਿਯੋਗ ਰਿਹਾ। ਇਸ ਮੌਕੇ ਅਮਰਜੀਤ ਮਲਟੀਸਪੈਸ਼ਿਲਟੀ ਕਲੀਨਿਕ ਬਿਆਸ ਵੱਲੋਂ ਵੀ ਫ੍ਰੀ ਮੈਡੀਕਲ ਕੈਂਪ ਲਗਾਇਆ ਜਾਵੇਗਾ ਜਿਸ ਵਿੱਚ ਡਾਕਟਰ ਅਮਰਜੀਤ ਸਿੰਘ ਅਤੇ ਉਨ੍ਹਾਂ ਦੀ ਟੀਮ ਵੱਲੋਂ ਫ੍ਰੀ ਮੈਡੀਕਲ ਚੈੱਕਅਪ ਕੀਤਾ ਜਾਵੇਗਾ ਅਤੇ ਲੋੜੀਂਦੀਆਂ ਦਵਾਈਆਂ ਵੀ ਦਿੱਤੀਆਂ ਜਾਣਗੀਆਂ। ਕੈਂਪਾਂ ਦਾ ਉਦਘਾਟਨ ਬਾਬਾ ਬਕਾਲਾ ਸਾਹਿਬ ਹਲਕੇ ਦੇ ਵਿਧਾਇਕ ਦਲਬੀਰ ਸਿੰਘ ਟੌਂਗ ਕਰਨਗੇ।

## ਲਾਲ ਲਕੀਰ ਵਾਲਿਆਂ ਨੂੰ ਮਾਲਕਾਨਾ ਹੱਕ ਦੇਣ ਲਈ ਕਾਰਵਾਈ ਸ਼ੁਰੂ

ਸਰਾਏ ਅਮਾਨਤ ਖਾਂ/ਝਬਾਲ- ਪਿੰਡਾਂ ਦੇ ਵਿੱਚ ਲਾਲ ਲਕੀਰ ਦੇ ਅੰਦਰ ਆਉਂਦੇ ਘਰਾਂ ਨੂੰ ਮਾਲਕਾਨਾ ਹੱਕ ਦੇਣ ਦੇ ਲਈ ਪੰਜਾਬ ਸਰਕਾਰ ਦੀ ਸਕੀਮ ਮੇਰਾ ਘਰ ਮੇਰੇ ਨਾਮ ਅਤੇ ਸਵਾਮਿਤਵਾ ਸਕੀਮ ਦੇ ਤਹਿਤ ਪਿੰਡ ਛਿਛਰੇਵਾਲ ਤੋਂ ਐਸ ਡੀ ਐਮ ਕਰਨਵੀਰ ਸਿੰਘ ਨੇ ਡਰੋਨ ਰਾਹੀਂ ਮੈਪ 1 ਦੀ ਸ਼ੁਰੂਆਤ ਕੀਤੀ ਤੇ ਇਸ ਤੋਂ ਗੱਗੋਬੂਹਾ ਤੇ ਦੋਬਲੀਆ ਪਿੰਡ ਵਿੱਚ ਵੀ ਡਰੋਨ ਰਾਹੀਂ ਨਕਸ਼ੇ ਬਣਾਏ ਗਏ।ਇਸ ਮੌਕੇ ਗੱਲਬਾਤ ਕਰਦਿਆਂ ਸ੍ਰੀ ਕਰਨਵੀਰ ਸਿੰਘ ਨੇ ਦੱਸਿਆ ਕਿ ਮੈਪ ਵਨ ਡਰੋਨ ਰਾਹੀਂ ਨਕਸ਼ੇ ਬਣਾਏ ਜਾਂਦੇ ਹਨ ਉਸ ਤੋਂ ਬਾਅਦ ਜ਼ਮੀਨੀ ਹਕੀਕਤ ਦੇ ਮੁਤਾਬਿਕ ਮੈਪ 2 ਸ਼ੁਰੂ ਹੋਵੇਗਾ ਜਿਸ ਵਿੱਚ ਲੋਕਾਂ ਦੀਆਂ ਮੁਸ਼ਕਿਲਾਂ ਸੁਣੀਆਂ ਜਾਣਗੀਆਂ ਤੇ ਉਨ੍ਹਾਂ ਵੱਲੋਂ ਦਾਅਵੇ ਤੇ ਇਤਰਾਜ਼ ਸਬੰਧਤ ਤਹਿਸੀਲਦਾਰ ਜਾ ਨਾਇਬ ਤਹਿਸੀਲਦਾਰ ਕੋਲ ਦਿਤੇ ਜਾਣਗੇ ਉਸ ਤੋਂ ਬਾਅਦ ਮੈਪ 3 ਦੇ ਤਹਿਤ ਹਰ ਇੱਕ ਘਰ ਨੂੰ ਮਾਲਕਾਨਾ ਹੱਕ ਦਾ ਸਰਟੀਫਿਕੇਟ ਦਿੱਤਾ ਜਾਵੇਗਾ ਤੇ ਉਸ ਨੂੰ



ਮਾਲ ਰਿਕਾਰਡ ਦੇ ਵਿੱਚ ਰਜਿਸਟਰ ਕੀਤਾ ਜਾਵੇਗਾ।ਇਸ ਮੌਕੇ ਨਾਇਬ ਤਹਿਸੀਲਦਾਰ ਜਸਵਿੰਦਰ ਸਿੰਘ, ਰੀਡਰ ਐਸ ਡੀ ਐਮ ਮਨਿੰਦਰ ਸਿੰਘ,ਗੁਰਸੇਵਕ ਸਿੰਘ ਕਾਨੂੰਨਗੋ, ਪਟਵਾਰੀ ਨਵੀਨ ,ਪਟਵਾਰੀ ਮੋਹਿਤ ਸਿੰਘ, ਸਰਪੰਚ ਜਸ਼ਨਦੀਪ ਸਿੰਘ, ਨੰਬਰਦਾਰ ਹਰਜਿੰਦਰ ਸਿੰਘ ,ਮੈਂਬਰ ਪ੍ਰਗਟ ਸਿੰਘ ਅਵਤਾਰ ਸਿੰਘ ਕੰਵਰਦੀਪ ਸਿੰਘ ਗੁਰਦਿਆਲ ਸਿੰਘ ਆਦਿ ਹਾਜ਼ਰ ਸਨ।

## ਵਿਧਾਨ ਸਭਾ ਨੂੰ ਜੰਗ ਦਾ ਅਖਾੜਾ ਬਣਾਇਆ : ਮਨਜੀਤ ਰਾਜ

ਬਟਾਲਾ (ਤਰਲੋਕ ਬੱਗਾ)- ਮਜ਼ਦੂਰ ਮੁਕਤੀ ਮੋਰਚਾ ਆਜ਼ਾਦ ਪੰਜਾਬ ਵੱਲੋਂ ਜਾਰੀ ਇੱਕ ਪ੍ਰੈਸ ਬਿਆਨ ਵਿੱਚ ਯੂਨੀਅਨ ਦੇ ਮਾਝਾ ਜੋਨ ਦੇ ਜਨਰਲ ਸਕੱਤਰ ਕਾਮਰੇਡ ਮਨਜੀਤ ਰਾਜ ਬਟਾਲਾ ਨੇ ਕਿਹਾ ਕਿ 2026- 27 ਦਾ ਬਜਟ ਸੈਸ਼ਨ ਚੱਲ ਰਿਹਾ ਹੈ ਪਰ ਸਿਆਸੀ ਪਾਰਟੀਆਂ ਦੇ



ਲੀਡਰ ਵਿਧਾਨ ਸਭਾ ਵਿੱਚ ਲੋਕਾਂ ਦੇ ਮੁੱਦਿਆਂ ਵੱਲ ਘੱਟ ਧਿਆਨ ਦੇ ਰਹੇ ਹਨ ਤੇ ਵਿਧਾਨ ਸਭਾ ਨੂੰ ਲੜਾਈ ਦਾ ਆਖਾੜਾ ਬਣਾਇਆ ਹੋਇਆ। ਮੈ ਇਸ ਦੀ ਮਜ਼ਦੂਰ ਮੁਕਤੀ ਮੋਰਚਾ ਆਜ਼ਾਦ ਪੰਜਾਬ ਅਤੇ ਆਜ਼ਾਦ ਸਮਾਜ ਪਰਾਟੀ ਚੰਦਰਸ਼ੇਖਰ ਆਜ਼ਾਦ ਵੱਲੋਂ ਨਿੰਦਾ ਕਰਦਾ ਹਾਂ। ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੂੰ ਵਿਧਾਨ ਸਭਾ ਦੀ ਮਰਿਆਦਾ ਨੂੰ ਭੰਗ ਕਰਨ 'ਤੇ ਮਾਫੀ ਮੰਗਣੀ ਚਾਹੀਦੀ ਹੈ ਇਸ ਸਮੇਂ ਪ੍ਰਧਾਨ ਸਰੂਪ ਸਿੰਘ ਰਮੇਸ਼ ਕੁਮਾਰ ਅਮ੍ਰਿਤਸਰ ਦੇ ਪ੍ਰਧਾਨ ਸਵਿੰਦਰ ਸਿੰਘ ਤੀਰਥ ਸਿੰਘ ਦਿਲਬਾਗ ਸਿੰਘ ਦਲਬੀਰ ਸਿੰਘ ਭੱਟੀ ਹੀਰਾ ਮਸੀਹ ਆਦਿ ਮੈਂਬਰ ਹਾਜ਼ਰ ਸਨ

# ਆਟੋਮੈਟਿਕ ਸੈਂਸਰਸ਼ਿਪ

*ਯੂਟਿਊਬ ਨੇ 12 ਮਾਰਚ ਨੂੰ ਚੈਨਲ 4ਪੀਐੱਮ ਨਿਊਜ਼ ਦੇ ਸੰਪਾਦਕ ਸੰਜੇ ਸ਼ਰਮਾ ਨੂੰ ਈ-ਮੇਲ ਕਰਕੇ ਦੱਸਿਆ ਕਿ ਭਾਰਤ ਸਰਕਾਰ ਨੇ ਕੌਮੀ ਸੁਰੱਖਿਆ ਦਾ ਹਵਾਲਾ ਦੇ ਕੇ ਤੁਹਾਡਾ ਚੈਨਲ ਬੰਦ ਕਰਨ ਦਾ ਹੁਕਮ ਦਿੱਤਾ ਹੈ। ਮੋਦੀ ਸਰਕਾਰ ਨੇ ਗ੍ਰਹਿ ਮੰਤਰਾਲੇ ਦੇ ਅਧਿਕਾਰੀਆਂ ਨੂੰ ਤੇਜ਼ੀ ਨਾਲ ਸਮੱਗਰੀ ਹਟਾਉਣ ਤੇ ਬਲਾਕ ਕਰਨ ਦੇ ਹੁਕਮ ਦੇਣ ਦੀ ਤਾਕਤ ਦੇ ਦਿੱਤੀ ਹੈ। ਇਹ ਰੁਝਾਨ 2024 ਦੇ ਬਾਅਦ ਤੇਜ਼ ਹੋਇਆ ਹੈ। ਖਾਸਕਰ ਜੰਮੂ-ਕਸ਼ਮੀਰ ਵਿੱਚ ਪਹਿਲਗਾਮ 'ਚ ਦਹਿਸ਼ਤਗਰਦਾਂ ਦੇ ਹਮਲੇ ਤੇ ਯੂ ਜੀ ਸੀ ਇੱਕਵਿਟੀ ਰੈਗੂਲੇਸ਼ਨਜ਼ ਵਰਗੇ ਘਰੇਲੂ ਵਿਵਾਦਾਂ ਨੇ ਸਰਕਾਰੀ ਹੁਕਮ ਵਧਾ ਦਿੱਤੇ ਹਨ। ਮੇਟਾ (ਫੇਸਬੁੱਕ ਤੇ ਇੰਸਟਾਗ੍ਰਾਮ) ਨੇ 2025 ਦੇ ਪਹਿਲੇ ਛੇ ਮਹੀਨਿਆਂ ਵਿੱਚ 2023 ਦੀ ਤੁਲਨਾ 'ਚ ਤਿੰਨ ਗੁਣਾ ਵੱਧ ਸਮੱਗਰੀ ਹਟਾਉਣ ਦੇ ਹੁਕਮਾਂ ਦੀ ਪਾਲਣਾ ਕੀਤੀ ਹੈ। ਗ੍ਰਹਿ ਮੰਤਰਾਲੇ ਨੇ 2025 ਵਿੱਚ ਹੀ ਇੱਕ ਲੱਖ ਇੱਕ ਹਜ਼ਾਰ ਤੋਂ ਵੱਧ ਸਮੱਗਰੀਆਂ ਹਟਾਉਣ ਦਾ ਟੀਚਾ ਬਣਾਇਆ, ਜਿਸ ਵਿੱਚ ਸਿਆਸੀ ਪਾਰਟੀਆਂ, ਪੱਤਰਕਾਰਾਂ ਤੇ ਕੌਮਾਂਤਰੀ ਉਪਯੋਗਕਰਤਿਆਂ ਦੀਆਂ ਪੋਸਟਾਂ ਸ਼ਾਮਲ ਹਨ।*

*ਇਹ ਅਣਐਲਾਨੀ ਸੈਂਸਰਸ਼ਿਪ ਅਪਾਰਦਰਸ਼ੀ ਤੰਤਰਾਂ ਦੇ ਜ਼ਰੀਏ ਕੰਮ ਕਰਦੀ ਹੈ, ਜਿਸ ਵਿੱਚ ਜੁਡੀਸ਼ੀਅਲ ਨਿਗਰਾਨੀ ਤੇ ਸੁਰੱਖਿਆ ਨੂੰ ਦਰਕਿਨਾਰ ਕੀਤਾ ਜਾਂਦਾ ਹੈ। ਇਹ ਭਾਰਤ ਦੇ ਸੰਵਿਧਾਨ ਦੇ ਆਰਟੀਕਲ 19 (1) (ਏ) ਤਹਿਤ ਪ੍ਰਗਟਾਵੇ ਦੀ ਆਜ਼ਾਦੀ ਦੇ ਉਲਟ ਹੈ, ਜਿਸ ਤਹਿਤ ਸਿਰਫ ਕੌਮੀ ਸੁਰੱਖਿਆ ਜਾਂ ਜਨਤਕ ਸੁਰੱਖਿਆ ਵਰਗੇ ਵਾਜਬ ਆਧਾਰਾਂ 'ਤੇ ਪਾਬੰਦੀ ਲਾਈ ਜਾ ਸਕਦੀ ਹੈ। ਹਾਲਾਂਕਿ ਅਦਾਲਤੀ ਦਸਤਾਵੇਜ਼ਾਂ ਤੇ ਪਲੇਟਫਾਰਮ ਦੇ ਖੁਲਾਸਿਆਂ ਤੋਂ ਪਤਾ ਲੱਗਦਾ ਹੈ ਕਿ ਵਿਅੰਗਾਤਮਕ ਜਾਂ ਜਾਂਚ-ਪੜਤਾਲ ਵਾਲੀ ਸਮੱਗਰੀ ਨੂੰ ਜ਼ਿਆਦਾਤਰ ਨਿਸ਼ਾਨਾ ਬਣਾਇਆ ਜਾ ਰਿਹਾ ਹੈ, ਜਿਸ ਨਾਲ ਸਿਆਸੀ ਮਣਸ਼ਾ 'ਤੇ ਸਵਾਲ ਉੱਠਦੇ ਹਨ। ਸਰਕਰਦਾ ਵੈੱਬਸਾਈਟ 'ਦੀ ਵਾਇਰ' ਨੂੰ ਸਰਕਾਰ ਨੇ ਕਈ ਵਿਅੰਗਾਤਮਕ ਕਾਰਟੂਨ ਤੇ ਵੀਡੀਓ ਹਟਾਉਣ ਲਈ ਮਜਬੂਰ ਕੀਤਾ।*

*4ਪੀਐੱਮ ਨਿਊਜ਼ ਚੈਨਲ ਦੇ 73 ਲੱਖ ਤੋਂ ਵੱਧ ਸਬਸਕ੍ਰਾਈਬਰ ਹਨ ਤੇ ਚੈਨਲ ਮੋਦੀ ਸਰਕਾਰ ਦੀ ਅਲੋਚਨਾ ਕਰਨ ਤੋਂ ਨਹੀਂ ਝਿਜਕਦਾ। 29 ਅਪ੍ਰੈਲ 2025 ਨੂੰ ਪਹਿਲਗਾਮ ਹਮਲੇ (ਜਿਸ 'ਚ 26 ਲੋਕ ਮਾਰੇ ਗਏ ਸਨ) ਦੇ ਬਾਅਦ ਸੂਚਨਾ ਤੇ ਪ੍ਰਸਾਰਣ ਮੰਤਰਾਲੇ ਨੇ ਚੈਨਲ ਨੂੰ ਬੰਦ ਕਰਨ ਦਾ ਹੁਕਮ ਦਿੱਤਾ, ਜਿਸ ਵਿੱਚ ਕੌਮੀ ਸੁਰੱਖਿਆ ਤੇ ਆਈ ਟੀ ਐਕਟ ਦੀ ਧਾਰਾ 69ਏ ਤਹਿਤ ਜਨਤਕ ਵਿਵਸਥਾ ਬਣਾਈ ਰੱਖਣ ਦਾ ਹਵਾਲਾ ਦਿੱਤਾ ਗਿਆ। ਚੈਨਲ ਵੱਲੋਂ ਸੁਪਰੀਮ ਕੋਰਟ ਦਾ ਦਰਵਾਜ਼ਾ ਖੜਕਾਉਣ 'ਤੇ ਇਹ ਹੁਕਮ ਚੁੱਪਚਾਪ ਵਾਪਸ ਲੈ ਲਿਆ ਗਿਆ ਸੀ।*

*ਮੋਦੀ ਸਰਕਾਰ ਨੇ ਕੰਟੈਂਟ ਰੈਗੂਲੇਸ਼ਨ ਲਈ ਆਈ ਟੀ ਨਿਯਮਾਂ ਵਿੱਚ ਸੋਧ ਕਰਕੇ ਫਰਵਰੀ ਤੋਂ ਨਿਯਮ ਹੋਰ ਸਖਤ ਕਰ ਦਿੱਤੇ ਹਨ, ਜਿਨ੍ਹਾਂ ਵਿੱਚ 'ਨਾਜਾਇਜ਼' ਸਮੱਗਰੀ ਨੂੰ ਹਟਾਉਣ ਦੀ ਸਮਾਂ-ਸੀਮਾ 36 ਘੰਟੇ ਤੋਂ ਘਟਾ ਕੇ ਸਿਰਫ ਤਿੰਨ ਘੰਟੇ ਕਰ ਦਿੱਤੀ ਹੈ। ਮੇਟਾ, ਯੂਟਿਊਬ ਤੇ ਐੱਕਸ ਵਰਗੇ ਪਲੇਟਫਾਰਮਾਂ ਨੇ ਇਨ੍ਹਾਂ ਨਿਯਮਾਂ ਨੂੰ ਲਾਗੂ ਕੀਤਾ ਹੈ। ਅਲੋਚਕ ਇਸ ਨੂੰ ਆਟੋਮੈਟਿਕ ਸੈਂਸਰਸ਼ਿਪ ਦੱਸਦੇ ਹਨ। ਸਰਕਾਰ ਆਪਣੀ ਅਲੋਚਨਾ ਨੂੰ ਕਤਈ ਬਰਦਾਸ਼ਤ ਕਰਨ ਲਈ ਤਿਆਰ ਨਹੀਂ। ਇਸ ਦਾ ਪਤਾ ਇੱਥੋਂ ਲੱਗਦਾ ਹੈ ਕਿ ਪ੍ਰੈੱਸ ਦੀ ਆਜ਼ਾਦੀ ਬਾਰੇ ਸੰਸਾਰ ਸੂਚਕ ਅੰਕ ਵਿੱਚ ਭਾਰਤ 180 ਦੇਸ਼ਾਂ ਵਿੱਚ 151ਵੇਂ ਨੰਬਰ 'ਤੇ ਪੁੱਜ ਚੁੱਕਾ ਹੈ।*

## ਬੱਚਿਆਂ ਨੂੰ ਸਿੱਖਿਆ ਦੇ ਨਾਲ-ਨਾਲ ਸਮਾਜਿਕ ਸੰਸਕਾਰ ਸਿਖਾਉਣ ਦੀ ਵੀ ਜ਼ਰੂਰਤ

ਵਿਦਿਆ ਵਿਚਾਰੀ ਤਾਂ ਪਰਉਪਕਾਰੀ ਇਹ ਸ਼ਬਦ ਸਾਡੇ ਗੁਰੂਆਂ ਨੇ ਸਾਨੂੰ ਸਮਝਾਉਣ ਵਾਸਤੇ ਬਾਣੀ ਦੇ ਰੂਪ ਵਿੱਚ ਸ੍ਰੀ ਗੁਰੂ ਗ੍ਰੰਥ ਸਾਹਿਬ ਵਿੱਚ ਦਰਜ ਕਰ ਦਿੱਤਾ ਹੈ । ਵਿੱਦਿਆ ਮਨੁੱਖ ਦਾ ਤੀਜਾ ਨੇਤਰ ਵੀ ਮੰਨਿਆ ਜਾਂਦਾ ਹੈ । ਕਾਲਾ ਅੱਖਰ ਭੈਸ ਬਰਾਬਰ ਉਹਨਾਂ ਲੋਕਾਂ ਵਾਸਤੇ ਹੁੰਦਾ ਹੈ, ਜਿਹੜੇ ਲੋਕ ਅੱਖਰੀ ਅਨਪੜ੍ਹ ਹੁੰਦੇ ਹਨ । ਅੱਜ ਤੱਕ ਜਿੰਨਿਆਂ ਵੀ ਲੋਕਾਂ ਨੇ ਕਿਸੇ ਵੀ ਖੇਤਰ ਮੱਲਾਂ ਮਾਰੀਆਂ ਹਨ । ਉਹ ਇੱਕ ਪੜ੍ਹਾਈ ਦੇ ਸਦਕਾ ਮਾਰੀਆਂ ਹਨ। ਇੱਕ ਪਿੰਡਾਂ 'ਚ ਆਮ ਜਿਹੀ ਕਹਾਵਤ ਬੋਲੀ ਜਾਂਦੀ ਹੈ-ਫਲਾਣਿਆ ਤੂੰ ਪੜ੍ਹ ਕੇ ਕਿਹੜਾ ਡੀ ਸੀ ਲੱਗ ਜਾਵੇਂਗਾ । ਇਹ ਗੱਲ ਬਿਲਕੁਲ ਸੋਲਾਂ ਆਨੇ ਸੱਚ ਹੈ ਕਿ ਪੜ੍ਹਿਆ-ਲਿਖਿਆ ਹੀ ਇਨਸਾਨ ਡੀ ਸੀ ਬਣਦਾ ਹੈ ਨਾ ਕਿ ਅਨਪੜ੍ਹ । ਪੜ੍ਹਾਈ ਉਤੇ ਬੰਦੇ ਦਾ ਬਹੁਤ ਕੁਝ ਨਿਰਭਰ ਹੁੰਦਾ ਹੈ । ਪੜ੍ਹਾਈ ਦੀ ਕੋਈ ਉਮਰ ਜਾਂ ਸੀਮਾ ਨਹੀਂ ਹੁੰਦੀ, ਪਰ ਜਿਹੜਾ ਦਿਮਾਗ ਬਚਪਨ ਵਿੱਚ ਕੰਮ ਕਰਦਾ ਹੈ, ਉਹ ਵੱਡੀ ਉਮਰ ਵਿੱਚ ਨਹੀਂ ਕਰ ਸਕਦਾ । ਜਿਹੜੀ ਗੱਲ ਬੱਚਾ ਆਪਣੇ ਅਧਿਆਪਕ ਕੋਲੋਂ ਸਿੱਖ ਸਕਦਾ ਹੈ, ਮੇਰੇ ਹਿਸਾਬ ਨਾਲ ਉਹ ਹੋਰ ਕਿਸੇ ਕੋਲੋਂ ਨਹੀਂ ਸਿੱਖ ਸਕਦਾ । ਕੁਝ ਕੁ ਗੱਲਾਂ ਇਹੋ ਜਿਹੀਆਂ ਹੁੰਦੀਆਂ ਹਨ, ਜਿਹੜਾ ਬੱਚਾ ਸਕੂਲ ਵਿੱਚੋ ਨਹੀਂ ਬਲ ਕਿ ਆਪਣੇ ਆਸਪਾਸ ਤੋਂ ਸਿੱਖਦਾ ਹੈ । ਜੇਕਰ ਗੱਲ ਕਰੀਏ ਕਿ ਚੋਰੀ ਕਰਨ ਵਾਸਤੇ ਕੋਈ ਅਲੱਗ ਸਿਖਲਾਈ ਕੇਂਦਰ ਨਹੀਂ ਬਣੇ । ਨਸ਼ਾ ਲਾਉਣਾ ਲੋਕ ਆਪਣੇ ਆਪ ਸਿੱਖਦੇ ਹਨ । ਉਹਨਾਂ ਨੂੰ ਨਸ਼ਾ ਸੇਵਨ ਕਰਨ ਦੀ ਕੋਈ ਵੱਖਰੀ ਸਿੱਖਿਆ ਨਹੀਂ ਦਿੱਤੀ ਜਾਂਦੀ, ਨਾ ਹੀ ਉਹਨਾਂ ਲਈ ਕੋਈ ਵੱਖਰੇ ਕੇਂਦਰ ਬਣਾਏ ਗਏ ਹਨ । ਇਹ ਚੀਜ਼ਾਂ ਬੱਚੇ ਆਪਣੇ ਨਜ਼ਦੀਕੀਆਂ ਕੋਲੋਂ ਸਹਿਜ ਸੁਭਾ ਹੀ ਸਿੱਖ ਲੈਂਦੇ ਨੇ । ਬਾਅਦ ਵਿੱਚ ਇਹਨਾਂ ਨੂੰ ਹਟਾਉਣ ਵਾਸਤੇ ਜ਼ਰੂਰ ਕੇਂਦਰਾਂ ਵਿੱਚ ਭੇਜਣਾ ਪੈਂਦਾ ਹੈ । ਇਹੋ ਹੀ ਜੇਕਰ ਵਿੱਦਿਆ ਪੜ੍ਹਾਈ ਦੇ ਨਾਲ-ਨਾਲ ਬੱਚਿਆਂ ਨੂੰ ਚੰਗੇ ਸੰਸਕਾਰ ਸਿਖਾਏ ਜਾਣ ਤਾਂ ਸਮਝੋ ਕਿ ਸੋਨੇ 'ਤੇ ਸੁਹਾਗੇ ਵਾਲੀ ਗੱਲ ਬਣ ਸਕਦੀ ਹੈ । ਬੱਚਿਆਂ ਨੂੰ ਇਹ ਦੱਸਣਾ ਚਾਹੀਦਾ ਹੈ ਕਿ ਵੱਡਿਆਂ ਦਾ ਸਤਿਕਾਰ ਕਰੋ । ਛੋਟਿਆਂ ਨਾਲ ਪਿਆਰ ਕਰੋ । ਘਰ ਵਿੱਚ ਜਿਹੜਾ ਵੀ ਮਹਿਮਾਨ ਆਉਂਦਾ ਹੈ, ਉਸ ਨੂੰ ਰਿਸ਼ਤੇ ਮੁਤਾਬਿਕ ਇੱਜ਼ਤ ਦੇਣੀ ਸਿਖਾਉ । ਜਦੋ ਸਕੂਲ ਤੋਂ ਘਰ ਵਾਪਿਸ ਆਉਂਦੇ ਨੇ। ਆਉਂਦਿਆਂ ਸਾਰੇ ਪਰਵਾਰ ਨੂੰ ਸਤਿ ਸ੍ਰੀ ਅਕਾਲ, ਰਾਮ ਰਾਮ ਜੋ ਵੀ ਸਤਿਕਾਰਯੋਗ ਸ਼ਬਦ ਨੇ ਉਹਨਾਂ ਨਾਲ ਇੱਜ਼ਤ ਦਿਉ । ਬਜ਼ੁਰਗਾਂ ਦੇ ਪੈਰੀਂ ਹੱਥ ਲਾਓ । ਗਰੀਬਾਂ ਦੀ ਸਹਾਇਤਾ ਕਰਨੀ, ਆਪਣੇ ਫਰਜ਼ਾਂ ਪ੍ਰਤੀ ਜਾਗਰੂਕ ਕਰਵਾਉਣਾ । ਇਹ ਸਾਰੀਆਂ ਨਿੱਕੀਆਂ-ਨਿੱਕੀਆਂ ਗੱਲਾਂ ਇਕ ਦਿਨ ਬੰਦੇ ਨੂੰ ਮਹਾਨ ਬਣਾ ਦਿੰਦੀਆਂ ਹਨ । ਜਦੋ ਬੱਚੇ ਕਿਸੇ ਆਏ-ਗਏ ਨੂੰ ਸਤਿਕਾਰ ਨਾਲ ਬੋਲਣਗੇ ਤਾਂ ਵੇਖਣ ਵਾਲੇ ਨੂੰ ਵੀ ਬਹੁਤ ਵਧੀਆਂ ਲੱਗੇਗਾ। ਸਾਹਮਣੇ ਵਾਲੇ ਦੇ ਮੂੰਹ ਵਿੱਚੋ ਇਹ ਸ਼ਬਦ ਆਪ-ਮੁਹਾਰੇ ਹੀ ਨਿਕਲ ਆਉਣਗੇ-ਬੱਚੇ ਕਿੰਨੇ ਸੰਸਕਾਰੀ ਨੇ । ਇਹ ਸੰਸਕਾਰ ਕਿਸੇ ਹੋਰ ਨੇ ਨਹੀਂ, ਸਗੋਂ ਅਸੀਂ ਖ਼ੁਦ ਸਿਖਾਉਣੇ ਹੁੰਦੇ ਨੇ । ਪਹਿਲਾਂ ਸੰਯੁਕਤ ਪਰਵਾਰ ਹੋਣੇ ਸਾਰੇ ਚਾਚੇ-ਤਾਏ ਬਜ਼ੁਰਗ ਇੱਕਠੇ ਰਹਿੰਦੇ ਸੀ । ਬੱਚੇ ਉਹਨਾਂ ਨੂੰ ਵੇਖ-ਵੇਖ ਕੇ ਆਪੇ ਹੀ ਸਿੱਖ ਜਾਂਦੇ ਸੀ । ਅੱਜਕੱਲ੍ਹ ਉਹ ਜ਼ਮਾਨਾ ਨਹੀਂ ਰਿਹਾ । ਪਰਵਾਰ ਛੋਟੇ ਹੋ ਗਏ ਨੇ ਲੋਕ ਇਕੱਲਾ ਇਕੱਲਾ ਰਹਿਣਾ ਪਸੰਦ ਕਰਦੇ ਨੇ । ਇਸ ਕਰਕੇ ਸਾਡੇ ਬੱਚਿਆਂ ਵਿੱਚੋ ਸੰਸਕਾਰ ਨਿਕਲਦੇ ਜਾ ਰਹੇ ਹਨ । ਸਕੂਲਾਂ ਵਿੱਚ ਤਾਂ ਏਨੇ ਕੁ ਮੁਕਾਬਲੇ ਚੱਲ ਰਹੇ ਨੇ ਕਿ ਬੱਸ ਪੜ੍ਹਾਈ ਹੀ ਪੜ੍ਹਾਈ ਹੋਰ ਕੋਈ ਗੱਲ ਨਹੀਂ । ਕੋਈ ਸਰੀਰਕ ਮਾਪਦੰਡ ਨਹੀਂ, ਕਿਤਾਬਾਂ ਦੇ ਬੋਝ ਨੇ ਹੀ ਬੱਚਿਆਂ ਨੂੰ ਦੱਬ ਕੇ ਰੱਖਿਆ ਹੋਇਆ ਹੈ । ਫਿਰ ਸੰਸਕਾਰਾਂ ਦੀ ਗੱਲ ਕਿਵੇਂ ਚੱਲ ਸਕਦੀ ਹੈ । ਆਪਾਂ ਸਾਰਿਆਂ ਨੂੰ ਰਲ-ਮਿਲ ਕੇ ਇਹੋ ਜਿਹੇ ਉਪਰਾਲੇ ਕਰਨੇ ਚਾਹੀਦੇ ਹਨ । ਇਸ ਕਰਕੇ ਪੜ੍ਹਾਈ ਦੇ ਨਾਲ-ਨਾਲ ਬੱਚਿਆਂ ਨੂੰ ਸੰਸਕਾਰਾਂ ਪ੍ਰਤੀ ਜਾਗਰੂਕ ਕਰਨਾ ਸਾਡਾ ਸਾਰਿਆਂ ਦਾ ਫਰਜ਼ ਬਣਦਾ ਹੈ ।

**-ਸੂਬੇਦਾਰ ਜਸਵਿੰਦਰ ਸਿੰਘ ਭੁਲੇਰੀਆ ਮਮਦੋਟ**, 75891-55501

# ਸਾਡੀ ਸਰਕਾਰ ਨੂੰ ਕਾਇਰ, ਕੰਗਰੋੜਹੀਣ ਹੋਈ ਦੇਖ ਕੇ ਮੈਨੂੰ ਸ਼ਰਮ ਆ ਰਹੀ : ਅਰੁੰਧਤੀ ਰਾਏ

**ਜਾਹਨਵੀ ਸੇਨ**
**ਅਨੁ. : ਬੂਟਾ ਸਿੰਘ ਮਹਿਮੂਦਪੁਰ**

***[ਦਿੱਲੀ ਦੇ ਕਮਾਨੀ ਸਭਾਗਾਰ ਵਿੱਚ ਵਿਸ਼ਵ ਪ੍ਰਸਿੱਧ ਲੇਖਿਕਾ ਅਰੁੰਧਤੀ ਰਾਏ ਨੇ ਆਪਣੀ ਕਿਤਾਬ 'ਮਦਰ ਮੇਰੀ ਕਮਜ਼ ਟੂ ਮੀ' ਬਾਰੇ ਚਰਚਾ ਤੋਂ ਬਾਅਦ ਈਰਾਨ 'ਤੇ ਅਮਰੀਕਾ-ਇਜ਼ਰਾਇਲ ਹਮਲੇ ਨੂੰ ਲੈ ਕੇ ਕਈ ਮਹੱਤਵਪੂਰਨ ਗੱਲਾਂ ਕੀਤੀਆਂ। ਨਾਲ ਹੀ ਮੌਜੂਦਾ ਸਮੇਂ ਵਿੱਚ ਚੱਲ ਰਹੇ ਪੱਛਮੀ ਏਸ਼ੀਆ ਦੇ ਸੰਘਰਸ਼ ਦੌਰਾਨ ਭਾਰਤ ਸਰਕਾਰ ਦੀ ਚੁੱਪ 'ਤੇ ਵੀ ਸਵਾਲ ਉਠਾਏ। ਲੇਖਿਕਾ ਨੇ ਕਿਹਾ ਕਿ ਜੋ ਕੁਝ ਹੋ ਰਿਹਾ ਹੈ, ਉਹ ਗਾਜ਼ਾ ਵਿੱਚ ਅਮਰੀਕੀ-ਇਜ਼ਰਾਇਲੀ ਕਤਲੇਆਮ ਦੀ ਹੀ ਲੜੀ ਦਾ ਹਿੱਸਾ ਹੈ, ਪਰ ਈਰਾਨ ਗਾਜ਼ਾ ਨਹੀਂ ਹੈ।]***

ਨਵੀਂ ਦਿੱਲੀ: 'ਮੈਂ ਕੁਝ ਕਹਿਣਾ ਹੈ, ਕਿਉਂਕਿ ਮੈਂ ਆਪਣੀ ਮਾਂ ਦੀ ਧੀ ਹਾਂ ਅਤੇ ਮੈਨੂੰ ਹੌਸਲਾ ਜੁਟਾ ਕੇ ਇਹ ਕਹਿਣਾ ਹੀ ਪਵੇਗਾ। ਇਹ ਉਸ ਜੰਗ ਬਾਰੇ ਛੋਟਾ ਜਿਹਾ ਬਿਆਨ ਹੈ, ਜੋ ਪੂਰੀ ਦੁਨੀਆ ਨੂੰ ਆਪਣੀ ਲਪੇਟ ਵਿੱਚ ਲੈ ਸਕਦੀ ਹੈ ।'

ਇਹ ਗੱਲ 9 ਮਾਰਚ ਨੂੰ ਦਿੱਲੀ ਦੀ ਕਮਾਨੀ ਸਭਾਗਾਰ ਵਿੱਚ ਲੇਖਿਕਾ ਅਰੁੰਧਤੀ ਰਾਏ ਨੇ ਆਪਣੀ ਕਿਤਾਬ 'ਮਦਰ ਮੇਰੀ ਕਮਜ਼ ਟੂ ਮੀ' ਉੱਪਰ ਚਰਚਾ ਤੋਂ ਬਾਅਦ ਕਹੀ ।ਉਨ੍ਹਾਂ ਈਰਾਨ ਉੱਤੇ ਅਮਰੀਕਾ-ਇਜ਼ਰਾਇਲ ਹਮਲੇ ਨੂੰ ਲੈ ਕੇ ਕਈ ਮਹੱਤਵਪੂਰਨ ਗੱਲਾਂ ਰੱਖੀਆਂ। ਨਾਲ ਹੀ ਮੌਜੂਦਾ ਸਮੇਂ ਵਿੱਚ ਚੱਲ ਰਹੇ ਪੱਛਮੀ ਏਸ਼ੀਆ ਸੰਘਰਸ਼ ਦੌਰਾਨ ਭਾਰਤ ਸਰਕਾਰ ਦੀ ਚੁੱਪ ਉੱਪਰ ਵੀ ਸਵਾਲ ਉਠਾਏ।

ਉਨ੍ਹਾਂ ਨੇ ਕਿਹਾ, 'ਮੈਨੂੰ ਪਤਾ ਹੈ ਕਿ ਅਸੀਂ ਅੱਜ ਇੱਥੇ 'ਮਦਰ ਮੇਰੀ ਕਮਜ਼ ਟੂ ਮੀ' ਬਾਰੇ ਗੱਲ ਕਰਨ ਲਈ ਜੁੜੇ ਹਾਂ, ਪਰ ਉਨ੍ਹਾਂ ਖ਼ੂਬਸੂਰਤ ਸ਼ਹਿਰਾਂ-ਤੇਹਰਾਨ, ਇਸਫ਼ਹਾਨ ਅਤੇ ਬੇਰੂਤ, ਬਾਰੇ ਗੱਲ ਕੀਤੇ ਬਿਨਾਂ ਅਸੀਂ ਇਹ ਗੱਲਬਾਤ ਕਿਵੇਂ ਖ਼ਤਮ ਕਰ ਸਕਦੇ ਹਾਂ, ਜੋ ਅੱਗ ਦੀਆਂ ਲਾਟਾਂ ਵਿੱਚ ਘਿਰੇ ਹੋਏ ਹਨ ?'

ਅਰੁੰਧਤੀ ਰਾਏ ਨੇ ਅੱਗੇ ਕਿਹਾ, 'ਆਪਣੀ ਮਾਂ ਮੇਰੀ ਦੀ ਸਾਫ਼ਗੋਈ ਅਤੇ ਬੇਬਾਕੀ ਦੇ ਅਨੁਸਾਰ, ਮੈਂ ਇਸ ਮੰਚ ਦਾ ਇਸਤੇਮਾਲ ਅਮਰੀਕਾ ਅਤੇ ਇਜ਼ਰਾਇਲ ਵੱਲੋਂ ਈਰਾਨ ਉੱਪਰ ਬਿਨਾਂ ਕਿਸੇ ਕਾਰਨ ਕੀਤੇ ਗਏ ਗੈਰਕਾਨੂੰਨੀ ਹਮਲੇ ਬਾਰੇ ਕੁਝ ਕਹਿਣ ਲਈ ਕਰਨਾ ਚਾਹੁੰਦੀ ਹਾਂ। ਇਹ ਨਿਸ਼ਚਿਤ ਤੌਰ 'ਤੇ ਗਾਜ਼ਾ ਵਿੱਚ ਅਮਰੀਕਾ-ਇਜ਼ਰਾਇਲ ਵੱਲੋਂ ਕੀਤੇ ਜਾ ਰਹੇ ਕਤਲੇਆਮ ਦੀ ਲੜੀ ਦੀ ਹੀ ਕੜੀ ਹੈ। ਇਹ ਉਹੀ ਪੁਰਾਣੇ ਕਤਲੇਆਮ ਕਰਨ ਵਾਲੇ ਹਨ, ਜੋ ਉਹੀ ਪੁਰਾਣੀ ਯੁੱਧਨੀਤੀ ਵਰਤ ਰਹੇ ਹਨ-ਔਰਤਾਂ ਅਤੇ ਬੱਚਿਆਂ ਦੇ ਕਤਲ ਕਰਨਾ, ਹਸਪਤਾਲਾਂ 'ਤੇ ਬੰਬਾਰੀ ਕਰਨਾ, ਸ਼ਹਿਰਾਂ 'ਤੇ ਅੰਧਾਧੁੰਦ ਹਮਲੇ ਕਰਨਾ ਅਤੇ ਫਿਰ ਆਪਣੇ-ਆਪ ਨੂੰ ਪੀੜਤ ਦਿਖਾਉਣਾ।'

'ਈਰਾਨ ਗਾਜ਼ਾ ਨਹੀਂ ਹੈ, ਇਹ ਜੰਗ ਪੂਰੀ ਦੁਨੀਆ ਨੂੰ ਆਪਣੀ ਲਪੇਟ ਵਿਚ ਲੈ ਸਕਦੀ ਹੈ।'

ਉਨ੍ਹਾ ਅੱਗੇ ਕਿਹਾ, 'ਪਰ ਈਰਾਨ ਗਾਜ਼ਾ ਨਹੀਂ ਹੈ। ਇਸ ਨਵੀਂ ਜੰਗ ਦਾ ਦਾਇਰਾ ਪੂਰੀ ਦੁਨੀਆ ਨੂੰ ਆਪਣੀ ਲਪੇਟ ਵਿੱਚ ਲੈ ਸਕਦਾ ਹੈ। ਅਸੀਂ ਪਰਮਾਣੂ ਤਬਾਹੀ ਅਤੇ ਆਰਥਿਕ ਪਤਨ ਦੇ ਕੰਢੇ 'ਤੇ ਖੜੇ ਹਾਂ। ਜਿਸ ਮੁਲਕ ਨੇ ਹੀਰੋਸ਼ਿਮਾ ਅਤੇ ਨਾਗਾਸਾਕੀ 'ਤੇ ਬੰਬ ਵਰ੍ਹਾਏ ਸਨ, ਉਹੀ ਦੁਨੀਆ ਦੀਆਂ ਸਭ ਤੋਂ ਪ੍ਰਾਚੀਨ ਸੱਭਿਅਤਾਵਾਂ ਵਿੱਚੋਂ ਇੱਕ 'ਤੇ ਬੰਬਾਰੀ ਕਰਨ ਦੀ ਤਿਆਰੀ ਕਰ ਰਿਹਾ ਹੋ ਸਕਦਾ ਹੈ।

ਇਸ ਵਿਸ਼ੇ 'ਤੇ ਹੋਰ ਵੀ ਮੌਕੇ ਆਉਣਗੇ ਜਦੋਂ ਵਿਸਤਾਰ ਨਾਲ ਗੱਲ ਹੋਵੇਗੀ। ਇਸ ਲਈ ਅਜੇ ਮੈਂ ਸਿਰਫ਼ ਇਹ ਕਹਿਣਾ ਚਾਹੁੰਦੀ ਹਾਂ ਕਿ ਮੈਂ ਈਰਾਨ ਦੇ ਨਾਲ ਖੜੀ ਹਾਂ-ਪੂਰੀ ਤਰ੍ਹਾਂ ।ਅਮਰੀਕਾ, ਇਜ਼ਰਾਇਲ ਅਤੇ ਸਾਡੀ ਸਰਕਾਰ ਸਮੇਤ ਜਿਨ੍ਹਾਂ ਵੀ ਹਕੂਮਤਾਂ ਨੂੰ ਬਦਲਣ ਦੀ ਲੋੜ ਹੈ, ਉਹ ਲੋਕਾਂ ਵੱਲੋਂ ਬਦਲੀਆਂ ਜਾਣੀਆਂ ਚਾਹੀਦੀਆਂ ਹਨ, ਨਾ ਕਿ ਕਿਸੇ ਹੰਕਾਰੀ, ਝੂਠੇ, ਧੋਖੇਬਾਜ਼, ਲਾਲਚੀ, ਸਰੋਤਾਂ ਨੂੰ ਲੁੱਟਣ ਵਾਲੇ, ਬੰਬ ਵਰਸਾਉਣ ਵਾਲੇ ਸਾਮਰਾਜੀ ਅਤੇ ਉਸ ਦੇ ਸੰਗੀਆਂ ਵੱਲੋਂ।'

ਅਰੁੰਧਤੀ ਰਾਏ ਦੇ ਅਨੁਸਾਰ, 'ਈਰਾਨ ਇਨ੍ਹਾਂ ਚੁਣੌਤੀਆਂ ਦਾ ਡਟ ਕੇ ਸਾਹਮਣਾ ਕਰ ਰਿਹਾ ਹੈ, ਜਦਕਿ ਭਾਰਤ ਡਰਪੋਕ ਬਣਿਆ ਹੋਇਆ ਹੈ। ਮੈਨੂੰ ਸ਼ਰਮ ਆਉਂਦੀ ਹੈ ਕਿ ਸਾਡੀ ਸਰਕਾਰ ਕਿੰਨੀ ਕਾਇਰ ਅਤੇ ਕੰਗਰੋੜਹੀਣ ਹੋ ਗਈ ਹੈ। ਬਹੁਤ ਸਮਾਂ ਪਹਿਲਾਂ ਅਸੀਂ ਇੱਕ ਗ਼ਰੀਬ ਮੁਲਕ ਸਾਂ, ਜਿੱਥੇ ਬਹੁਤ ਗ਼ਰੀਬ ਲੋਕ ਰਹਿੰਦੇ ਸਨ। ਪਰ ਸਾਨੂੰ ਮਾਣ ਸੀ, ਸਾਡੇ ਕੋਲ ਸਨਮਾਨ ਸੀ।'

ਅੱਜ ਅਸੀਂ ਇੱਕ ਖ਼ੁਸ਼ਹਾਲ ਦੇਸ਼ ਹਾਂ, ਜਿੱਥੇ ਬਹੁਤ ਗ਼ਰੀਬ ਅਤੇ ਬੇਰੁਜ਼ਗਾਰ ਲੋਕ ਰਹਿੰਦੇ ਹਨ, ਜਿਨ੍ਹਾਂ ਨੂੰ ਅਸਲੀ ਭੋਜਨ ਦੀ ਬਜਾਏ ਨਫ਼ਰਤ, ਜ਼ਹਿਰ ਅਤੇ ਝੂਠ ਪਰੋਸਿਆ ਜਾਂਦਾ ਹੈ। ਅਸੀਂ ਆਪਣਾ ਮਾਣ ਗੁਆ ਦਿੱਤਾ ਹੈ, ਸਨਮਾਨ ਗੁਆ ਦਿੱਤਾ ਹੈ ਅਤੇ ਹਿੰਮਤ ਵੀ ਗੁਆ ਦਿੱਤੀ ਹੈ—ਸਿਵਾਏ ਸਾਡੀਆਂ ਫਿਲਮਾਂ ਦੇ ।'

ਉਨ੍ਹਾਂ ਨੇ ਪੁੱਛਿਆ, 'ਅਸੀਂ ਕਿਸ ਤਰ੍ਹਾਂ ਦੇ ਲੋਕ ਹਾਂ, ਜਿਨ੍ਹਾਂ ਦੀ ਚੁਣੀ ਹੋਈ ਸਰਕਾਰ ਅਮਰੀਕਾ ਵੱਲੋਂ ਹੋਰ ਦੇਸ਼ਾਂ ਦੇ ਰਾਸ਼ਟਰਪਤੀਆਂ ਦੇ ਅਗਵਾ ਅਤੇ ਕਤਲ ਦੀ ਨਿੰਦਾ ਕਰਨ ਲਈ ਵੀ ਖੜੀ ਨਹੀਂ ਹੋ ਸਕਦੀ ? ਕੀ ਅਸੀਂ ਚਾਹੁੰਦੇ ਹਾਂ ਕਿ ਸਾਡੇ ਨਾਲ ਵੀ ਅਜਿਹਾ ਹੀ ਹੋਵੇ ?"

ਸਾਡੇ ਪ੍ਰਧਾਨ ਮੰਤਰੀ ਦਾ ਈਰਾਨ 'ਤੇ ਹਮਲੇ ਤੋਂ ਕੁਝ ਦਿਨ ਪਹਿਲਾਂ ਇਜ਼ਰਾਇਲ ਜਾ ਕੇ ਬੈਂਜਾਮਿਨ ਨੇਤਨਯਾਹੂ ਨੂੰ ਗਲੇ ਲਗਾਉਣਾ-ਇਸ ਦਾ ਕੀ ਮਤਲਬ ਹੈ?

ਸਾਡੀ ਸਰਕਾਰ ਦਾ ਅਮਰੀਕਾ ਨਾਲ ਅਜਿਹਾ ਵਪਾਰ ਸਮਝੌਤਾ ਕਰਨਾ ਜੋ ਸਾਡੇ ਕਿਸਾਨਾਂ ਅਤੇ ਕੱਪੜਾ ਉਦਯੋਗ ਨੂੰ ਪੂਰੀ ਤਰ੍ਹਾਂ ਬਰਬਾਦ ਕਰ ਸਕਦਾ ਹੈ-ਇਸ ਦਾ ਕੀ ਮਤਲਬ ਹੈ ? ਹੁਣ ਸਾਨੂੰ ਰੂਸ ਤੋਂ ਤੇਲ ਖਰੀਦਣ ਦੀ 'ਇਜਾਜ਼ਤ' ਦਿੱਤੀ ਜਾ ਰਹੀ ਹੈ । ਇਸ ਦਾ ਕੀ ਭਾਵ ਹੈ ? ਸਾਨੂੰ ਹੋਰ ਕਿਸ ਚੀਜ਼ ਲਈ ਇਜਾਜ਼ਤ ਚਾਹੀਦੀ ਹੈ-ਬਾਥਰੂਮ ਜਾਣ ਲਈ ? ਕੰਮ ਤੋਂ ਛੁੱਟੀ ਲੈਣ ਲਈ ? ਆਪਣੀ ਮਾਂ ਨੂੰ ਮਿਲਣ ਲਈ ?

ਉਨ੍ਹਾ ਨੇ ਕਿਹਾ, 'ਹਰ ਦਿਨ ਡੋਨਾਲਡ ਟਰੰਪ ਸਮੇਤ ਅਮਰੀਕੀ ਆਗੂ ਸਾਨੂੰ ਜਨਤਕ ਤੌਰ 'ਤੇ ਮਜ਼ਾਕ ਦਾ ਪਾਤਰ ਬਣਾਉਂਦੇ ਹਨ, ਪਰ ਸਾਡੇ ਪ੍ਰਧਾਨ ਮੰਤਰੀ ਆਪ ਦਾ ਖੋਖਲਾ ਹਾਸਾ ਹੱਸਦੇ ਹਨ ਅਤੇ ਜੱਫੀਆਂ ਪਾ-ਪਾ ਮਿਲਦੇ ਰਹਿੰਦੇ ਹਨ।'

ਗਾਜ਼ਾ ਵਿੱਚ ਕਤਲੇਆਮ ਦੀ ਸਿਖ਼ਰ ਸਮੇਂ ਭਾਰਤ ਸਰਕਾਰ ਨੇ ਕੱਢੇ ਗਏ ਫ਼ਲਸਤੀਨੀ ਮਜ਼ਦੂਰਾਂ ਦੀ ਥਾਂ ਹਜ਼ਾਰਾਂ ਗ਼ਰੀਬ ਭਾਰਤੀ ਮਜ਼ਦੂਰਾਂ ਨੂੰ ਇਜ਼ਰਾਇਲ ਭੇਜਿਆ ਸੀ। ਅੱਜ ਜਦੋਂ ਇਜ਼ਰਾਇਲੀ ਲੋਕ ਬੰਕਰਾਂ ਵਿੱਚ ਸ਼ਰਨ ਲਈ ਬੈਠੇ ਹਨ, ਖ਼ਬਰਾਂ ਆ ਰਹੀਆਂ ਹਨ ਕਿ ਉਨ੍ਹਾਂ ਭਾਰਤੀ ਮਜ਼ਦੂਰਾਂ ਨੂੰ ਉਨ੍ਹਾਂ ਸ਼ਰਨ ਸਥਾਨਾਂ ਵਿੱਚ ਵੜਨ ਵੀ ਨਹੀਂ ਦਿੱਤਾ ਜਾ ਰਿਹਾ। ਆਖ਼ਿਰ ਇਹ ਸਭ ਕੀ ਦਰਸਾਉਂਦਾ ਹੈ ? ਕਿਸ ਨੇ ਸਾਨੂੰ ਦੁਨੀਆ ਵਿੱਚ ਇਸ ਤਰ੍ਹਾਂ ਦੇ ਸ਼ਰਮਨਾਕ ਅਤੇ ਘਿਨਾਉਣੇ ਸਥਾਨ 'ਤੇ ਪਹੁੰਚਾ ਦਿੱਤਾ ਹੈ ?'

ਉਨ੍ਹਾ ਨੇ ਕਿਹਾ, "ਤੁਹਾਨੂੰ ਯਾਦ ਹੋਵੇਗਾ ਕਿ ਅਸੀਂ ਚੀਨੀ ਕਮਿਊਨਿਸਟ ਕਹਾਵਤ 'ਸਾਮਰਾਜਵਾਦ ਦਾ ਪਿਛਲੱਗ' ਦਾ ਕਿਵੇਂ ਮਜ਼ਾਕ ਉਡਾਉਂਦੇ ਸਾਂ, ਪਰ ਹੁਣ ਮੈਂ ਕਹਾਂਗੀ ਕਿ ਇਹ ਸ਼ਬਦ ਸਾਡੇ ਉਪਰ ਬਿਲਕੁਲ ਢੁਕਦਾ ਹੈ-ਸਿਵਾਏ ਉਹਨਾਂ ਵਿਗੜੀਆਂ, ਜ਼ਹਿਰੀਲੀਆਂ ਫਿਲਮਾਂ ਦੇ, ਜਿੱਥੇ ਸਾਡੇ ਹੀਰੋ ਕਾਲਪਨਿਕ ਜੰਗਾਂ ਜਿੱਤਦੇ ਫਿਰਦੇ ਹਨ।"

**'ਕਿਉਂਕਿ ਮੈਂ ਆਪਣੀ ਮਾਂ ਦੀ ਧੀ ਹਾਂ'**

ਵਰਨਣਯੋਗ ਹੈ ਕਿ ਅਰੁੰਧਤੀ ਰਾਏ ਨੇ ਆਪਣੀ ਗੱਲ ਦੀ ਸ਼ੁਰੂਆਤ 'ਕਿਉਂਕਿ ਮੈਂ ਆਪਣੀ ਮਾਂ ਦੀ ਧੀ ਹਾਂ ' ਨਾਲ ਕੀਤੀ ਸੀ। ਇਹ ਕੋਈ ਸੰਯੋਗ ਨਹੀਂ ਸੀ। ਇਹ ਗੱਲ ਉਨ੍ਹਾਂ ਨੇ ਆਪਣੀ ਕਿਤਾਬ 'ਮਦਰ ਮੇਰੀ ਕਮਜ਼ ਟੂ ਮੀ' 'ਤੇ ਚਰਚਾ ਤੋਂ ਬਾਅਦ ਕਹੀ, ਜੋ ਪਿਛਲੇ ਸਾਲ ਪੈਂਗੁਇਨ ਰੈਂਡਮ ਹਾਊਸ ਵੱਲੋਂ ਪ੍ਰਕਾਸ਼ਿਤ ਕੀਤੀ ਗਈ ਸੀ।

ਦਿੱਲੀ ਦੇ ਕਮਾਨੀ ਸਭਾਗਾਰ ਵਿੱਚ ਅਰੁੰਧਤੀ ਰਾਏ ਲੇਖਿਕਾ ਅਤੇ ਕਾਲਮਨਵੀਸ ਨੀਲਾਂਜਨਾ ਰਾਏ ਨਾਲ ਗੱਲਬਾਤ ਕਰ ਰਹੇ ਸਨ । ਉਸ ਸ਼ਾਮ ਦੀ ਚਰਚਾ ਵਿੱਚ ਉਨ੍ਹਾਂ ਦੀ ਮਾਂ ਮੇਰੀ ਰਾਏ ਨਾਲ ਉਤਰਾਅ-ਚੜ੍ਹਾਅ ਭਰੀਆਂ ਯਾਦਾਂ, ਆਪਣੇ ਗੈਰਹਾਜ਼ਰ ਅਤੇ ਸ਼ਰਾਬੀ ਪਿਤਾ ਨਾਲ ਛੋਟੀਆਂ ਮੁਲਾਕਾਤਾਂ, ਸਕੂਲ ਆਫ ਪਲੈਨਿੰਗ ਐਂਡ ਆਰਕੀਟੈਕਚਰ ਵਿੱਚ ਬਿਤਾਇਆ ਸਮਾਂ ਅਤੇ ਲੇਖਿਕਾ ਵਜੋਂ ਉਸ ਦਾ ਉੱਭਰਨਾ ਵੀ ਸ਼ਾਮਲ ਸੀ।

ਉਨ੍ਹਾਂ ਮਸਨੂਈ ਬੁੱਧੀ (ਏ ਆਈ) ਬਾਰੇ ਵੀ ਗੱਲ ਕੀਤੀ ਕਿ ਕਿਵੇਂ 'ਏ ਆਈ' ਹੌਲੀ-ਹੌਲੀ 'ਅਸਲੀ ਬੁੱਧੀ' ਨੂੰ ਨਸ਼ਟ ਕਰ ਰਹੀ ਹੈ, ਕਿਉਂਕਿ ਕੁਝ ਗਿਣਤੀ ਦੇ ਤਾਕਤਵਰ ਲੋਕਾਂ ਨੇ ਕੁਦਰਤੀ ਅਤੇ ਮਨੁੱਖੀ ਵਸੀਲਿਆਂ ਨੂੰ ਆਪਣੇ ਕਬਜ਼ੇ ਵਿੱਚ ਲੈ ਲਿਆ ਹੈ।

ਭਾਰਤ ਦੀਆਂ ਯੂਨੀਵਰਸਿਟੀਆਂ ਦੇ ਭਗਵਾਂਕਰਨ ਬਾਰੇ ਸਵਾਲ ਦੇ ਜਵਾਬ ਵਿੱਚ ਉਨ੍ਹਾ ਕਿਹਾ ਕਿ ਸਿਰਫ਼ ਸਿੱਖਿਆ ਪ੍ਰਣਾਲੀ ਹੀ ਨਹੀਂ, ਸਗੋਂ ਉਹ ਸਾਰੀਆਂ ਸੰਸਥਾਵਾਂ ਜਿਨ੍ਹਾਂ 'ਤੇ ਭਾਰਤੀਆਂ ਨੂੰ ਕਦੇ ਮਾਣ ਸੀ, ਅੱਜ ਸ਼ਰਮ ਦਾ ਕਾਰਨ ਬਣ ਗਈਆਂ ਹਨ।

ਇੱਕ ਵਿਦੇਸ਼ੀ ਮਿੱਤਰ ਨੇ ਉਨ੍ਹਾਂ ਤੋਂ ਪੁੱਛਿਆ ਕਿ ਕੀ 2017-18 ਤੋਂ ਬਾਅਦ ਭਾਰਤ ਵਿੱਚ ਹਾਲਾਤ ਬਦਲੇ ਹਨ । ਉਨ੍ਹਾ ਨੇ ਕਿਹਾ:

'ਓਦੋਂ ਅਸੀਂ ਫਾਸ਼ੀਵਾਦੀ ਸਰਕਾਰ ਨਾਲ ਲੜ ਰਹੇ ਸੀ। ਹੁਣ ਅਸੀਂ ਫਾਸ਼ੀਵਾਦੀ ਸਮਾਜ ਨਾਲ ਲੜ ਰਹੇ ਹਾਂ।'

ਸਫ਼ਲਤਾ ਬਾਰੇ ਗੱਲ ਕਰਦਿਆਂ ਉਨ੍ਹਾ ਕਿਹਾ ਕਿ ਜਿਨ੍ਹਾਂ ਵਿਸ਼ਿਆਂ 'ਤੇ ਉਹ ਲਿਖਦੀ ਹੈ-ਕਾਰਪੋਰੇਟ ਵਿਸ਼ਵੀਕਰਨ, ਜੰਗ, ਡੈਮ, ਬੇਘਰੇ ਹੋਣ ਦਾ ਮਸਲਾ, ਸਾਮਰਾਜਵਾਦ-ਉਨ੍ਹਾਂ ਕਾਰਨਾਂ ਕਰਕੇ ਆਪਣੇ ਆਪ ਨੂੰ ਸੱਚਮੁੱਚ ਸਫ਼ਲ ਮੰਨਣਾ ਮੁਸ਼ਕਲ ਹੋ ਜਾਂਦਾ ਹੈ।

ਚਰਚਾ ਦਾ ਵੱਡਾ ਹਿੱਸਾ ਉਨ੍ਹਾਂ ਦੀ ਮਾਂ ਮੇਰੀ ਰਾਏ ਅਤੇ ਬੱਚਿਆਂ ਨਾਲ ਉਨ੍ਹਾਂ ਦੇ ਰਿਸ਼ਤੇ ਬਾਰੇ ਸੀ। ਇੱਕ ਮਾਂ ਵਜੋਂ ਮੇਰੀ ਕਈ ਵਾਰ ਸਖ਼ਤ ਸਨ, ਪਰ ਇੱਕ ਅਧਿਆਪਕਾ ਅਤੇ ਸੀਰੀਆਈ ਈਸਾਈ ਔਰਤਾਂ ਲਈ ਵਿਰਾਸਤੀ ਅਧਿਕਾਰਾਂ ਦੀ ਲੜਾਈ ਲੜਨ ਵਾਲੀ ਔਰਤ ਵਜੋਂ ਪ੍ਰੇਰਨਾਦਾਇਕ ਅਤੇ ਇਨਕਲਾਬੀ ਵੀ ਸਨ।

'ਮਦਰ ਮੇਰੀ ਕਮਜ਼ ਟੂ ਮੀ' ਉਨ੍ਹਾਂ ਨੂੰ ਸਮਰਪਿਤ ਇੱਕ ਸ਼ਰਧਾਂਜਲੀ ਹੈ ਅਤੇ ਇੱਕ ਧੀ ਵੱਲੋਂ ਦੁਨੀਆ ਦੇ ਸਾਹਮਣੇ ਇੱਕ ਜਟਿਲ ਔਰਤ ਦੀ ਤਸਵੀਰ ਪੇਸ਼ ਕਰਨ ਦੀ ਕੋਸ਼ਿਸ਼ ਵੀ ਹੈ।

ਚਰਚਾ ਦੇ ਅੰਤ ਵਿੱਚ ਜਦੋਂ ਅਰੁੰਧਤੀ ਨੇ ਈਰਾਨ ਦੇ ਹੱਕ ਵਿੱਚ ਖੜ੍ਹ ਕੇ ਭਾਰਤੀ ਸਰਕਾਰ ਦੀ ਨਿੰਦਾ ਕੀਤੀ ਤਾਂ ਦਰਸ਼ਕਾਂ ਨੇ ਖੜ੍ਹ ਕੇ ਉਨ੍ਹਾਂ ਨਾਲ ਇਕਮੁੱਠਤਾ ਪ੍ਰਗਟਾਈ।ਤਾੜੀਆਂ ਦੀ ਗੂੰਜ ਦਰਮਿਆਨ ਉਨ੍ਹਾਂ ਨੇ ਮੁਸਕੁਰਾਉਂਦਿਆਂ ਹੱਥ ਨਾਲ ਜਿੱਤ ਦਾ ਚਿੰਨ੍ਹ ਦਿਖਾਇਆ ਅਤੇ ਕਿਹਾ:

'ਦਿੱਲੀ ਵਿੱਚ ਅਸੀਂ ਹਮੇਸ਼ਾ ਪਲਟ ਕੇ ਲੜਦੇ ਹਾਂ।'

**[ਦ ਵਾਇਰ ਦੇ ਧੰਨਵਾਦ ਸਹਿਤ]**

# ਰਸੂਖ਼

**ਰਾਵਿੰਦਰ ਫ.ਫੜੇ**

ਉਦੋਂ ਸ਼ਹਿਰ ਦੁਕਾਨ ਕੀਤੀ ਨੂੰ ਸਾਲ ਦਾ ਸਮਾਂ ਹੋ ਚੁੱਕਿਆ ਸੀ।ਜਿਵੇਂ ਛੋਟੇ ਸ਼ਹਿਰਾਂ-ਮੰਡੀਆਂ ਵਿੱਚ ਆਮ ਤੌਰ 'ਤੇ ਹੁੰਦਾ ਹੈ ਕਿ ਬਹੁਤੇ ਗਾਹਕ ਜਾਣ-ਪਛਾਣ ਵਾਲੇ ਅਤੇ ਪੱਕੇ ਹੀ ਹੁੰਦੇ ਹਨ, ਉਸੇ ਤਰ੍ਹਾਂ ਮੇਰੀ ਦੁਕਾਨ 'ਤੇ ਵੀ ਕਈ ਗਾਹਕ ਪੱਕੇ ਲੱਗ ਚੁੱਕੇ ਸਨ। ਅਜਿਹੇ ਗਾਹਕਾਂ ਵਿੱਚੋਂ ਇੱਕ ਗਾਹਕ ਸੀ ਸੇਠ ਲਹਿਜ਼ ਰਾਮ ! ਮੰਡੀ ਦਾ ਧਨਾਢ ਆਦਮੀ ਅਤੇ ਕੰਜੂਸ ਵੀ ਸਿਰੇ ਦਾ।ਮੇਰੀ ਦੁਕਾਨ, ਉਸ ਦੀ ਦੁਕਾਨ ਅਤੇ ਘਰ ਦੇ ਰਸਤੇ ਵਿੱਚ ਪੈਂਦੀ ਸੀ।ਮੈਂ ਤਾਂ ਉਸ ਸਮੇਂ ਤੱਕ ਉਸ ਬਾਰੇ ਚੰਗੀ ਤਰ੍ਹਾਂ ਜਾਣ ਚੁੱਕਿਆ ਸੀ, ਪਰ ਸ਼ਾਇਦ ਉਹ ਮੇਰੇ ਬਾਰੇ ਜਾਂ ਮੇਰੇ ਪਿੰਡ-ਪਰਵਾਰ ਵਾਰੇ ਨਹੀਂ ਸੀ ਜਾਣਦਾ।ਅੱਸੀ-ਪਚਾਸੀ ਸਾਲ ਦੀ ਉਮਰ ਹੋਣ ਕਾਰਨ ਉਹ ਹੌਲੀ-ਹੌਲੀ ਸੋਟੀ ਦੇ ਸਹਾਰੇ ਤੁਰਦਾ ਸੀ, ਪਰ ਬੱਚਿਆਂ ਨੂੰ ਸਕੂਟਰ-ਕਾਰ 'ਤੇ ਛੱਡਣ ਲਈ ਕਦੇ ਜ਼ਿਆਦਾ ਬਿਮਾਰ ਹੋਣ 'ਤੇ ਹੀ ਕਹਿੰਦਾ ਸੀ।ਸ਼ੂਗਰ ਅਤੇ ਬੀ ਪੀ ਦੀ ਦਵਾਈ ਤਾਂ ਉਸ ਦੀ ਲਗਾਤਾਰ ਚੱਲਦੀ ਸੀ ਅਤੇ ਇਕ ਮਹੀਨੇ ਦੀ ਇਕੱਠੀ ਲੈ ਜਾਂਦਾ, ਵਡੇਰੀ ਉਮਰ ਹੋਣ ਕਾਰਨ ਹੋਰ ਦਵਾਈਆਂ ਦੀ ਵੀ ਉਸ ਨੂੰ ਲੋੜ ਪੈਂਦੀ ਰਹਿੰਦੀ ਸੀ।ਉਸ ਦੀ ਆਦਤ ਸੀ ਕਿ ਜੋ ਨਵੀਂ ਦਵਾਈ ਉਸ ਲੈਣੀ ਹੁੰਦੀ, ਉਸ ਦੀ ਪਰਚੀ ਜਾਂ ਪੱਤਾ-ਸ਼ੀਸ਼ੀ ਵਿਖਾ ਕਿ ਪੁੱਛਦਾ-ਕਾਕਾ ਆਹ ਦੇਖੀਂ ਤੇਰੇ ਕੋਲ ਹੈਗੀ ਦਵਾਈ ? ਮੇਰੇ ਹਾਂ ਕਹਿਣ 'ਤੇ ਉਹ ਰੇਟ ਪੁੱਛਦਾ ਅਤੇ ਫਿਰ ਰੇਟ ਵਾਰੇ ਨਾਪ-ਤੋਲ ਕਰਦਾ।ਬੇਸ਼ੱਕ ਮੈਂ ਆਪਣੇ ਰੇਟ ਸਾਰਿਆਂ ਲਈ ਜਾਇਜ਼ ਰੱਖੇ ਹੋਏ ਸਨ ਅਤੇ ਉਸ ਸਮੇਂ ਜੈਨਰਿਕ ਦਵਾਈਆਂ (ਜਿਨ੍ਹਾਂ 'ਤੇ ਅਸਲ ਕੀਮਤ ਤੋਂ ਕਈ ਗੁਣਾਂ ਵੱਧ ਪ੍ਰਿੰਟ ਹੁੰਦਾ ਹੈ) ਦਾ ਚਲਨ ਅਜੇ ਸ਼ੁਰੂ ਨਹੀਂ ਸੀ ਹੋਇਆ, ਪਰ ਉਹ ਆਪਣੀ ਆਦਤ ਤੋਂ ਮਜਬੂਰ ਸੀ।ਇਹ ਸਾਰੀ ਵਾਰਤਾ ਉਹ ਦੁਕਾਨ ਅੱਗੇ ਸੜਕ 'ਤੇ ਖੜ੍ਹ ਕੇ ਹੀ ਕਰਦਾ, ਕਿਉਂਕਿ ਦੁਕਾਨ ਸੜਕ ਤੋਂ ਉੱਚੀ ਹੋਣ ਕਾਰਨ ਉਸ ਨੂੰ ਉੱਪਰ ਚੜ੍ਹਨਾ ਮੁਸ਼ਕਿਲ ਸੀ।ਹੋਰ ਸਿਤਮ ਦੀ ਗੱਲ ਇਹ ਸੀ ਕਿ ਉਮਰ ਦੇ ਹਿਸਾਬ ਨਾਲ ਉਸ ਨੂੰ ਥੋੜ੍ਹਾ ਉੱਚਾ ਸੁਣਾਈ ਦਿੰਦਾ ਸੀ, ਜਿਸ ਕਾਰਨ ਮੈਨੂੰ ਤੇਜ਼ ਬੋਲਣਾ ਪੈਂਦਾ ਅਤੇ ਅੱਗੋਂ ਉਹ ਵੀ ਉੱਚੀ ਅਵਾਜ਼ ਵਿੱਚ ਗੱਲ ਕਰਦਾ।ਚਲਦੀ ਸੜਕ ਹੋਣ ਕਾਰਨ ਕਈ ਲੰਘਣ-ਸੁਣਨ ਵਾਲੇ ਸਾਡੇ ਵੱਲ ਵੇਖ ਹੱਸ ਪੈਂਦੇ ।ਕੀਮਤ ਜਚਣ ਤੋਂ ਬਾਅਦ ਵੀ ਉਹ ਉਸੇ ਸਮੇਂ ਦਵਾਈ ਨਾ ਲੈ ਕੇ ਜਾਂਦਾ ।ਸ਼ਾਇਦ ਉਹ ਹੋਰ ਦੁਕਾਨ 'ਤੇ ਵੀ ਕੀਮਤ ਪਰਖਦਾ ਸੀ।ਕੁੱਝ ਸਮੇਂ ਬਾਅਦ ਉਸ ਦਾ ਮੁਲਾਜ਼ਮ ਆ ਕੇ ਪੁੱਛੀ ਦਵਾਈ ਲੈ ਜਾਂਦਾ।ਕੀਮਤ ਪਤਾ ਹੋਣ ਦੇ ਬਾਵਜੂਦ ਲਹਿਜ਼ ਰਾਮ ਮੁਲਾਜ਼ਮ ਨੂੰ ਰੁਪਏ ਦੇ ਕੇ ਨਾ ਭੇਜਦਾ, ਪਰ ਦਵਾਈ ਲੈ ਕੇ ਜਾਣ ਤੋਂ ਫੌਰਨ ਬਾਅਦ ਬਣਦੇ ਰੁਪਏ ਦੇ ਕੇ ਭੇਜ ਦਿੰਦਾ।ਫਿਰ ਦੁਪਹਿਰ ਜਾਂ ਸ਼ਾਮ ਨੂੰ ਦੁਕਾਨ ਤੋਂ ਘਰ ਜਾਂਦਿਆਂ ਪੁੱਛਦਾ-ਕਾਕਾ ! ਮੁਲਾਜ਼ਮ ਰੁਪਏ ਦੇ ਗਿਆ ? ਉਸ ਦਾ ਇਹ ਵਤੀਰਾ ਹੈ ਤਾਂ ਬੜਾ ਪ੍ਰੇਸ਼ਾਨ ਕਰਨ ਵਾਲਾ ਸੀ, ਪਰ ਉਸ ਦੀ ਵਡੇਰੀ ਉਮਰ ਅਤੇ ਰਸੂਖ ਕਾਰਨ ਮੈਂ ਚੁੱਪ ਰਹਿੰਦਾ।

ਇੱਕ ਦਿਨ ਦੀ ਗੱਲ ਹੈ।ਮੈਂ ਕਿਸੇ ਗੱਲੋਂ ਪ੍ਰੇਸ਼ਾਨ ਸੀ ਤੇ ਉਧਰੋਂ ਲਹਿਜ਼ ਰਾਮ ਆ ਗਿਆ ਅਤੇ ਹਮੇਸ਼ਾ ਦੀ ਤਰ੍ਹਾਂ ਦੁਕਾਨ ਤੋਂ ਥੱਲੇ ਸੜਕ ਤੇ ਖੜ੍ਹ ਉੱਚੀ ਅਵਾਜ਼ ਵਿੱਚ ਬੋਲਿਆ-ਕਾਕਾ ਬੈਟਨੋਵੇਟ ਕਰੀਮ ਹੈ ਗੀ ? ਮੈਂ ਕਿਹਾ, ਹਾਂ ਜੀ, ਹੈ'ਗੀ । ਕਿੰਨੇ ਦੀ ਐ ? ਉਸ ਫਿਰ ਪੁੱਛਿਆ। ਵੀਹ ਰੁਪਏ ਪ੍ਰਿੰਟ ਸੀ ਉਸ 'ਤੇ ਅਤੇ ਅਠਾਰਾਂ ਦੀ ਮੈਂ ਵੇਚਦਾ ਸੀ, ਜੋ ਕਿ ਸੋਲ੍ਹਾਂ ਰੁਪਏ ਦੀ ਮੈਨੂੰ ਆਉਂਦੀ ਸੀ, ਪਰ ਮੈਂ ਜ਼ਿਆਦਾ ਨਾ ਬੋਲਣ ਦੇ ਮੂਡ ਵਿੱਚ ਹੋਣ ਕਾਰਨ ਇੱਕ ਰੁਪਿਆ ਹੋਰ ਘਟਾ ਕੇ ਕਿਹਾ-ਸਤਾਰਾਂ ਰੁਪਏ ।ਸੋਲ੍ਹਾਂ ਦੀ ਲੱਗੂ ? ਆਦਤ ਤੋਂ ਮਜਬੂਰ ਲਹਿਜ਼ ਰਾਮ ਬੋਲਿਆ। ਨਹੀਂ ਜੀ । ਕਹਿੰਦਿਆਂ ਮੈਂ ਹੋਰ ਗਾਹਕ ਨੂੰ ਦਵਾਈ ਦੇਣ ਲੱਗ ਪਿਆ। ਗਾਹਕ ਦੇ ਜਾਣ ਤੋਂ ਬਾਅਦ ਉਹ ਫਿਰ ਬੋਲਿਆ-ਚੱਲ ਸਾਢੇ ਸੋਲ੍ਹਾਂ ਦੀ ਲਗਾ ਲੈ । ਮੈਂ ਉਸ ਦੇ ਇਕ ਦਵਾਈ ਲਈ ਚਾਰ-ਚਾਰ ਗੇੜਿਆਂ ਅਤੇ ਨਾਪ-ਤੋਲ ਕਰਨ ਦੀ ਆਦਤ ਤੋਂ ਪਹਿਲਾਂ ਹੀ ਅੱਕਿਆ ਹੋਇਆ ਸੀ ਉੱਪਰੋਂ ਉਸ ਦਿਨ ਮੇਰੀ ਆਪਣੀ ਪ੍ਰੇਸ਼ਾਨੀ, ਮੈਂ ਖਿਝ ਕੇ ਉਸ ਨੂੰ ਕਿਹਾ-ਲਾਲਾ (ਪਹਿਲਾਂ ਮੈਂ ਹਮੇਸ਼ਾ ਉਸ ਨੂੰ ਲਾਲਾ ਜੀ ਜਾਂ ਸੇਠ ਜੀ ਨਾਲ ਸੰਬੋਧਤ ਹੁੰਦਾ ਸੀ) ਕਿਉਂ ਠਿਆਨੀ-ਠਿਆਨੀ ਪਿੱਛੇ ਮਰਦਾ ਰਹਿਨੈਂ...ਬਥੇਰਾ ਜੋੜ ਲਿਆ, ਸਿਵਿਆਂ 'ਚ ਲੱਤਾਂ ਨੇ ਹੁਣ ਰਾਮ-ਰਾਮ ਕਰਿਆ ਕਰ । ਆਪਣੇ ਧਨਾਢਪੁਣੇ ਅਤੇ ਮੰਡੀ ਵਿਚਲੇ ਰਸੂਖ ਕਾਰਨ ਉਸ ਨੂੰ ਮੇਰੇ ਤੋਂ ਅਜਿਹੇ ਤਲਖ਼ ਜਵਾਬ ਦੀ ਉਮੀਦ ਨਹੀਂ ਸੀ, ਪਰ ਉਹ ਮੌਕਾ ਸੰਭਾਲਦਿਆਂ ਹੱਥ ਨਾਲ ਇਸ਼ਾਰਾ ਕਰਦਿਆਂ ਬੋਲਿਆ-ਕਾਕਾ ਉਰੇ ਆ ਉਰੇ । ਮੈਂ ਨਾ ਚਾਹੁੰਦਿਆਂ ਵੀ ਕਾਊਂਟਰ ਤੋਂ ਨਿਕਲ ਉਸ ਕੋਲ ਚਲਾ ਗਿਆ । ਦਿਲੋਂ ਮੈਨੂੰ ਮਹਿਸੂਸ ਹੋ ਰਿਹਾ ਸੀ ਕਿ ਬਜ਼ੁਰਗ ਆਦਮੀ ਨੂੰ ਇਸ ਤਰਾਂ ਬੋਲਣਾ ਸਹੀ ਨਹੀਂ ਸੀ, ਪਰ ਮੈਂ ਆਪਣੀ ਗਲਤੀ ਮੰਨ ਕੇ ਉਸ ਨੂੰ ਆਪਣੀ ਆਦਤ ਦੁਹਰਾਉਣ ਦਾ ਮੌਕਾ ਵੀ ਨਹੀਂ ਸੀ ਦੇਣਾ ਚਾਹੁੰਦਾ । ਇਸ ਲਈ ਮੈਂ ਇਸ ਵਾਰ ਤਲਖ਼ੀ ਵਿੱਚ ਰਸਪੈਕਟ ਦੀ ਮਿਲਾਵਟ ਕਰਦਿਆਂ ਕਿਹਾ-ਹਾਂ ਜੀ, ਸੇਠ ਜੀ ਬੋਲੋ ।ਕਿਹਨਾਂ ਦਾ ਮੁੰਡਾ ਐਂ ਤੂੰ ?ਉਸ ਨੇ ਸਵਾਲ ਕੀਤਾ । ਮੈਂ ਇਥੋਂ ਨਹੀਂ, ਮੇਰਾ ਪਿੰਡ ਤਾਂ ਫ਼ਫ਼ੜੇ ਭਾਈ ਕੇ ਹੈ । ਫ਼ਫ਼ੜਿਆਂ ਤੋਂ ਕਿਹਨਾਂ ਦਾ? ਬੇਸ਼ੱਕ ਸਾਲ ਹੋ ਚੱਲਿਆ ਸੀ ਉਸ ਨਾਲ ਵਾਅ ਪਿਆਂ, ਪਰ ਪਹਿਲਾਂ ਉਸ ਕਦੇ ਮੇਰਾ ਨਾਂਅ ਵੀ ਨਹੀਂ ਸੀ ਪੁੱਛਿਆ ਜਾਂ ਕਹਿ ਲਵੋ ਉਸ ਨੂੰ ਜ਼ਰੂਰਤ ਹੀ ਨੀਂ ਪਈ ਸੀ, ਪਰ ਉਸ ਦਿਨ ਮੇਰੇ ਦੁਆਰਾ ਉਸ ਦੇ ਰਸੂਖ 'ਤੇ ਕੀਤੀ ਚੋਟ ਕਾਰਨ ਸ਼ਾਇਦ ਉਹ ਮੇਰੀ ਕਿਸੇ ਕਮਜ਼ੋਰੀ ਨੂੰ ਲੱਭਣ ਦੀ ਕੋਸ਼ਿਸ਼ ਵਿੱਚ ਸੀ, ਤਾਂ ਕਿ ਮੈਂ ਅੱਗੇ ਤੋਂ ਅਜਿਹੀ ਗੁਸਤਾਖ਼ੀ ਨਾ ਕਰਾਂ । ਮੇਰੇ ਪਿਤਾ ਜੀ ਦਾ ਨਾਂਅ ਕਾਮਰੇਡ ਰਾਮ ਲਾਲ ਹੈ । ਮੈਂ ਉੱਤਰ ਦਿੱਤਾ । ਉਹ ਜੋ ਸਾਬਕਾ ਸਰਪੰਚ ਹੈ ? ਉਸ ਮੋੜਵਾਂ ਸਵਾਲ ਕੀਤਾ । ਹਾਂ ਜੀ..। ਕੁਝ ਸਮਾਂ ਪਹਿਲਾਂ ਸਹਿਕਾਰੀ ਸੁਸਾਇਟੀ ਦਾ ਮੀਤ ਪ੍ਰਧਾਨ ਵੀ ਸੀ ਉਹ ? ਉਸ ਫਿਰ ਸਵਾਲ ਕੀਤਾ । ਮੈਂ ਸਮਝ ਗਿਆ ਕਿ ਉਹ ਮੇਰੇ ਪਿਤਾ ਜੀ ਬਾਰੇ ਚੰਗੀ ਤਰ੍ਹਾਂ ਜਾਣਦਾ ਹੈ । ਹਾਂ ਜੀ ! ਉਹ ਮੇਰੇ ਡੈਡੀ ਹਨ । ਹੁਣ ਉਸ ਦੇ ਤੇਵਰ ਪੂਰੀ ਤਰਾਂ ਬਦਲ ਚੁੱਕੇ ਸਨ ।

ਓਹ ਦਾਦਾ (ਪੰਡਤ ਹੋਣ ਦੇ ਕਾਰਨ ਅਤੇ ਪਿਤਾ ਜੀ ਦਾ ਇਲਾਕੇ ਵਿੱਚ ਵਧੀਆ ਮਾਣ-ਸਤਿਕਾਰ ਹੋਣ ਕਾਰਨ ਉਸ ਨੇ ਮੈਨੂੰ ਦਾਦਾ ਕਹਿ ਕੇ ਸੰਬੋਧਨ ਕੀਤਾ) ਤੂੰ ਤਾਂ ਘਰ ਦਾ ਮੁੰਡਾ ਨਿਕਲਿਆ ! ਪੁੱਛ ਕੇ ਵੇਖੀਂ, ਤੇਰੇ ਪਿਤਾ ਨਾਲ ਤਾਂ ਵਧੀਆ ਸੰਬੰਧ ਨੇ ਮੇਰੇ ।ਇੱਕ-ਦੋ ਅੜ੍ਹੇ ਗੱਡੇ (ਪਿੰਡ 'ਚ ਕਿਸੇ ਦੁਆਰਾ ਦੱਬੇ ਪੈਸੇ ਕਢਵਾਉਣ ਦਾ ਕੰਮ) ਵੀ ਕਢਵਾਏ ਨੇ ਉਸ ਨੇ ਸਾਡੇ।..ਲੈ ਵੀ ਪੁੱਤਰਾ ! ਹੁਣ ਚਾਹੇ ਰੁਪੱਈਆ ਵੱਧ ਲਾ ਲਿਆ ਕਰ ਲਹਿਜ਼ ਰਾਮ ਨਹੀਂ ਬੋਲਦਾ ।ਮੇਰੇ ਮੋਢੇ 'ਤੇ ਹੱਥ ਧਰਦਿਆਂ ਉਹ ਫਿਰ ਬੋਲਿਆ-ਇਕ ਰਾਜ਼ ਦੀ ਗੱਲ ਦੱਸਦਾਂ; ਜੇ ਲਹਿਜ਼ ਰਾਮ ਠਿਆਨੀ-ਠਿਆਨੀ ਦੀ ਕਿਰਸ ਨਾ ਕਰਦਾ ਤਾਂ ਉਸ ਸੇਠ ਲਹਿਜ਼ ਰਾਮ ਕਦੇ ਨਹੀਂ ਸੀ ਬਣਨਾ, ਲਹਿਜ਼ੂ ਬਾਣੀਆ ਹੀ ਰਹਿਣਾ ਸੀ....ਪਿੰਡ ਦੇ ਇੱਕ ਵਿਸਵੇ ਵਾਲੇ ਕੱਚੇ ਘਰ ਦੀ ਇਕ ਖੱਲ਼ ਵਿੱਚ ਬਣੀ ਦੁਕਾਨ ਤੇ ਟੌਫ਼ੀਆਂ ਵੇਚਣ ਵਾਲਾ...। ਫਿਰ ਉਸ ਨੇ ਗਰੀਬੀ ਦੀ ਹਾਲਤ ਵਿੱਚ ਪਿੰਡ ਛੱਡ ਕੇ ਮੰਡੀ ਵਿੱਚ ਦੁਕਾਨ ਕਰਨ ਅਤੇ ਮਿਹਨਤ ਅਤੇ ਬੱਚਤ ਸਦਕਾ ਆੜ੍ਹਤ ਅਤੇ ਸ਼ੈਲਰਾਂ ਦਾ ਕਾਰੋਬਾਰ ਖੜ੍ਹਾ ਕਰਨ ਤੱਕ ਦੀ ਪੂਰੀ ਦਾਸਤਾਨ ਮੈਨੂੰ ਸੁਣਾ ਦਿੱਤੀ।ਉਸ ਦੇ ਜਾਣ ਤੋਂ ਬਾਅਦ ਮੈਂ ਕਿੰਨਾ ਚਿਰ ਸੇਠ ਲਹਿਜ਼ ਰਾਮ ਅਤੇ ਪਿਤਾ ਜੀ ਦੇ ਰਸੂਖ਼ ਵਾਰੇ ਸੋਚਦਾ ਰਿਹਾ।

**# ਸੰਪਰਕ : 98156-80980**

# ਪੰਜਾਬ ਦੀ ਕਿਸਾਨੀ 'ਤੇ ਦੋਹਰਾ ਸੰਕਟ



ਗੁਰਪ੍ਰੀਤ

ਪੰਜਾਬ ਇਸ ਸਮੇਂ ਜਿੱਥੇ ਪਾਣੀ, ਪ੍ਰਦੂਸ਼ਣ ਅਤੇ ਹੋਰ ਕਈ ਸਮੱਸਿਆਵਾਂ ਦੇ ਨਾਲ ਜੂਝ ਰਿਹਾ ਹੈ, ਉੱਥੇ ਹੀ ਦੂਜੇ ਪਾਸੇ ਪੰਜਾਬ ਦਾ ਕਿਸਾਨ ਆਪਣੀਆਂ ਫ਼ਸਲਾਂ ਨੂੰ ਲੈ ਕੇ ਕਾਫ਼ੀ ਜ਼ਿਆਦਾ ਚਿੰਤਤ ਵਿਖਾਈ ਦੇ ਰਿਹਾ ਹੈ। ਜਿੱਥੇ ਕਿਸਾਨਾਂ ਨੂੰ ਕੁਝ ਸਮਾਂ ਪਹਿਲਾਂ ਹੜ੍ਹਾਂ ਦੀ ਮਾਰ ਪਈ, ਉੱਥੇ ਹੀ ਦੂਜੇ ਪਾਸੇ ਹੁਣ ਪੰਜਾਬ ਦੇ ਅੰਦਰ ਕਿਸਾਨਾਂ ਨੂੰ ਅਜਿਹੀ ਮਾਰ ਪੈਣੀ ਸ਼ੁਰੂ ਹੋ ਗਈ ਹੈ, ਜਿਸ ਦਾ ਕਦੇ ਕਿਸੇ ਨੇ ਸੋਚਿਆ ਵੀ ਨਹੀਂ ਸੀ। ਭਾਵੇਂ ਕਿ ਇਸ ਤੋਂ ਪਹਿਲਾਂ ਵੀ ਕਿਸਾਨ ਫ਼ਸਲਾਂ ਦੇ ਸਹੀ ਭਾਅ ਨਾ ਮਿਲਣ ਕਾਰਨ ਜ਼ਮੀਨਾਂ ਵਿੱਚ ਵਾਹੁਣ ਨੂੰ ਮਜਬੂਰ ਸਨ, ਪਰ ਅਜੋਕੇ ਸਮੇਂ ਵਿੱਚ ਜਦੋਂ ਕੇਂਦਰ ਅਤੇ ਸੂਬਾ ਸਰਕਾਰਾਂ ਇਹ ਕਹਿੰਦੀਆਂ ਨਹੀਂ ਥੱਕਦੀਆਂ ਕਿ ਪੰਜਾਬ ਦੇ ਕਿਸਾਨਾਂ ਦੀ ਆਮਦਨ ਦੁੱਗਣੀ ਕਰਕੇ ਛੱਡਾਂਗੇ, ਉਸ ਸਮੇਂ ਪੰਜਾਬ ਦਾ ਕਿਸਾਨ ਜਿੱਥੇ ਖ਼ੁਦਕੁਸ਼ੀਆਂ ਕਰਨ ਲਈ ਮਜਬੂਰ ਹੈ, ਉੱਥੇ ਹੀ ਇਹ ਕਿਸਾਨ ਆਪਣੀਆਂ ਫ਼ਸਲਾਂ ਦੇ ਚੰਗੇ ਭਾਅ ਨਾ ਮਿਲਣ ਕਾਰਨ ਉਨ੍ਹਾਂ ਨੂੰ ਜ਼ਮੀਨਾਂ ਵਿੱਚ ਵਾਹੁਣ ਲਈ ਹੀ ਮਜਬੂਰ ਹੋ ਚੁੱਕਿਆ ਹੈ।

ਪੰਜਾਬ ਵਿੱਚ ਆਲੂਆਂ ਦੀ ਖੇਤੀ ਇਸ ਵੇਲੇ ਡੂੰਘੇ ਸੰਕਟ ਦੇ ਨਾਲ ਜੂਝ ਰਹੀ ਹੈ, ਕਿਉਂਕਿ ਪੰਜਾਬ ਵਿੱਚ ਵੱਡੇ ਪੱਧਰ 'ਤੇ ਆਰਥਿਕ ਸੰਕਟ ਕਾਰਨ 50,000 ਰੁਪਏ ਪ੍ਰਤੀ ਏਕੜ ਦਾ ਨੁਕਸਾਨ ਆਲੂ ਉਤਪਾਦਕਾਂ ਨੂੰ ਹੋ ਰਿਹਾ ਹੈ । ਜੇਕਰ ਆਲੂ ਉਤਪਾਦ ਕਰਨ ਵਾਲੇ ਕਿਸਾਨਾਂ ਦੀ ਮੰਨੀਏ ਤਾਂ ਉਨ੍ਹਾਂ ਦਾ ਕਹਿਣਾ ਹੈ ਕਿ ਸਰਕਾਰ ਆਲੂਆਂ ਦਾ ਘੱਟੋ-ਘੱਟ ਸਮਰਥਨ ਮੁੱਲ 20 ਰੁਪਏ ਪ੍ਰਤੀ ਕਿਲੋ ਤੈਅ ਕਰੇ ਤੇ ਸਰਕਾਰੀ ਖ਼ਰੀਦ ਦੀ ਗਰੰਟੀ ਬਣਾਵੇ। ਪਿਛਲੇ ਕਈ ਸਾਲਾਂ ਤੋਂ ਆਲੂ ਦੇ ਭਾਅ 'ਚ ਆਈ ਭਾਰੀ ਗਿਰਾਵਟ ਨੇ ਕਿਸਾਨਾਂ ਦਾ ਲੱਕ ਹੀ ਤੋੜ ਕੇ ਰੱਖ ਦਿੱਤਾ ਹੈ। ਪਹਿਲਾਂ ਹੀ ਆਰਥਿਕ ਮੰਦੀ ਦਾ ਸ਼ਿਕਾਰ ਹੋਏ ਕਿਸਾਨਾਂ ਲਈ ਆਲੂਆਂ ਦੀ ਫ਼ਸਲ ਵਾਟਰਲੂ ਸਾਬਤ ਹੋ ਰਹੀ ਹੈ, ਜਿਸ ਤੋਂ ਖਹਿੜਾ ਛੁਡਾਉਣ ਲਈ ਕਿਸਾਨ ਗਹਿਰੀ ਸੋਚ 'ਚ ਡੁੱਬਿਆ ਹੈ।

ਕਣਕ ਤੇ ਝੋਨੇ ਦੀ ਰਵਾਇਤੀ ਫ਼ਸਲੀ ਚੱਕਰ ਤੋਂ ਬਾਹਰ ਨਿਕਲਣ ਦਾ ਹੋਕਾ ਦੇਣ ਵਾਲੀ ਸਰਕਾਰ ਨੇ ਵੀ ਹੱਥ ਖੜ੍ਹੇ ਕਰ ਦਿੱਤੇ ਹਨ । ਕੇਂਦਰ ਵੱਲੋਂ ਵੀ ਕੋਈ ਮਦਦ ਨਾ ਦੇਣ ਕਾਰਨ ਪਹਿਲਾਂ ਹੀ ਕਰਜ਼ੇ ਦੀ ਮਾਰ ਹੇਠਾਂ ਆਇਆ ਕਿਸਾਨ ਲਗਾਤਾਰ ਬਰਬਾਦੀ ਵੱਲ ਵਧ ਰਿਹਾ ਹੈ। ਕਈ ਕਿਸਾਨਾਂ ਵੱਲੋਂ ਠੇਕੇ 'ਤੇ ਜ਼ਮੀਨ ਲੈ ਕੇ ਆਲੂਆਂ ਦੀ ਫ਼ਸਲ ਦੀ ਬਿਜਾਈ ਕੀਤੀ ਗਈ ਸੀ, ਉਨ੍ਹਾਂ ਨੂੰ ਆਮਦਨ ਦੀ ਤਾਂ ਕੀ ਆਸ ਹੈ, ਹੁਣ ਤਾਂ ਜ਼ਮੀਨ ਦਾ ਦਿੱਤਾ ਠੇਕਾ ਵੀ ਨਹੀਂ ਨਿਕਲੇਗਾ। ਆਲੂਆਂ ਦੀ ਬਿਜਾਈ ਤੋਂ ਪੁਟਾਈ ਤੱਕ ਵੱਡੀ ਗਿਣਤੀ ਮਹਿਲਾਵਾਂ ਤੇ ਪੁਰਸ਼ਾਂ ਦੀ ਲੋੜ ਹੈ ਤੇ ਉਤਪਾਦਕ ਨੂੰ ਕਾਫ਼ੀ ਖ਼ਰਚ ਸਹਿਣਾ ਪੈਂਦਾ ਹੈ। ਆਲੂ ਪੰਜਾਬ ਦੀ ਪ੍ਰਮੁੱਖ ਫ਼ਸਲ ਹੈ, ਆਲੂ ਦੀ ਫ਼ਸਲ ਪਿਛਲੇ ਸਾਲ ਵੀ ਰੁਲੀ ਹੈ ਤੇ ਇਸ ਵਾਰ ਵੀ 3 ਤੋਂ 4 ਰੁਪਏ ਕਿੱਲੋ ਵਿਕ ਰਹੇ ਹਨ ।

ਇੱਕ ਸਰਕਾਰੀ ਰਿਪੋਰਟ ਦੇ ਮੁਤਾਬਕ ਪੰਜਾਬ ਅੰਦਰ ਲਗਭਗ 3 ਲੱਖ ਏਕੜ ਉੱਪਰ ਆਲੂਆਂ ਦੀ ਖੇਤੀ ਕੀਤੀ ਗਈ ਹੈ, ਜਿਸ ਨਾਲ ਕਿਸਾਨਾਂ ਦਾ ਇਸ ਉੱਤੇ ਸਿੱਧੇ ਤੌਰ 'ਤੇ ਕਰੀਬ 1500 ਕਰੋੜ ਰੁਪਏ ਦਾ ਨੁਕਸਾਨ ਹੋਣਾ ਤੈਅ ਹੈ, ਪਰ ਇਸ ਵੱਡੀ ਮਾਰ 'ਤੇ ਨਾ ਤਾਂ ਸੱਤਾ ਧਿਰ ਅਤੇ ਨਾ ਹੀ ਵਿਰੋਧੀ ਧਿਰਾਂ ਬੋਲ ਰਹੀਆਂ ਨੇ । ਕੇਂਦਰ ਸਰਕਾਰ ਵੱਲੋਂ ਵੀ ਕਿਸਾਨਾਂ ਦੀ ਇਸ ਸਮੱਸਿਆ ਦੇ ਵੱਲ ਧਿਆਨ ਨਹੀਂ ਦਿੱਤਾ ਜਾ ਰਿਹਾ। ਕਿਸਾਨਾਂ ਦਾ ਹਮੇਸ਼ਾ ਹੀ ਦੋਸ਼ ਰਿਹਾ ਹੈ ਕਿ ਸੱਤਾ ਧਿਰ ਹੋਵੇ ਜਾਂ ਫਿਰ ਵਿਰੋਧੀ ਧਿਰ, ਉਨ੍ਹਾਂ ਵੱਲੋਂ ਕਿਸਾਨਾਂ ਦੀਆਂ ਮੰਗਾਂ ਨੂੰ ਸਹੀ ਤਰੀਕੇ ਦੇ ਨਾਲ ਸੰਸਦ ਵਿੱਚ ਜਾਂ ਫਿਰ ਮੀਡੀਆ ਦੇ ਸਾਹਮਣੇ ਰੱਖਿਆ ਹੀ ਨਹੀਂ ਜਾਂਦਾ। ਇੱਕ ਦੋ ਸੰਸਦ ਮੈਂਬਰ ਹੈਗੇ ਨੇ ਜਿਹੜੇ ਕਿਸਾਨਾਂ ਦੀਆਂ ਮੰਗਾਂ ਨੂੰ ਲੋਕ ਸਭਾ ਤੇ ਰਾਜ ਸਭਾ ਵਿੱਚ ਉਠਾਉਂਦੇ ਨੇ, ਪਰ ਬਹੁਤੇ ਸੰਸਦ ਮੈਂਬਰ ਜਿਨ੍ਹਾਂ ਨੂੰ ਕਿਸਾਨਾਂ ਨੇ ਹੀ ਵੋਟਾਂ ਪਾ ਕੇ ਸੱਤਾ ਦੇ ਵਿੱਚ ਭੇਜਿਆ ਜਾਂਦਾ ਹੈ, ਉਹ ਕਿਸਾਨਾਂ ਦੀ ਗੱਲ ਹੀ ਨਹੀਂ ਕਰਦੇ।

ਕਿਸਾਨਾਂ ਤੋਂ ਮਿਲੀ ਜਾਣਕਾਰੀ ਮੁਤਾਬਕ ਪ੍ਰਾਈਵੇਟ ਕੰਪਨੀਆਂ ਵੱਲੋਂ ਕਿਸਾਨਾਂ ਦੇ ਨਾਲ ਧੋਖਾ ਕੀਤਾ ਜਾ ਰਿਹਾ ਹੈ, ਉਨ੍ਹਾਂ ਦੀਆਂ ਫ਼ਸਲਾਂ ਨੂੰ ਸਸਤੇ ਭਾਅ 'ਤੇ ਖ਼ਰੀਦਿਆ ਜਾ ਰਿਹਾ ਹੈ ਅਤੇ ਕੁਆਲਿਟੀ ਦੇ ਨਾਂਅ 'ਤੇ ਉਨ੍ਹਾਂ ਨੂੰ ਗ਼ਲਤ ਤਰੀਕੇ ਦੇ ਨਾਲ ਵੱਡੇ ਕੱਟ ਲਗਾਏ ਜਾ ਰਹੇ ਨੇ, ਜਿਸ ਦੇ ਕਾਰਨ ਕਿਸਾਨਾਂ ਦਾ ਭਾਰੀ ਨੁਕਸਾਨ ਹੋ ਰਿਹਾ ਹੈ। ਜਿਸ ਆਲੂਆਂ ਦੀ ਬੋਰੀ ਦਾ ਰੇਟ ਚੰਡੀਗੜ੍ਹ ਵਰਗੇ ਸ਼ਹਿਰ ਵਿੱਚ ਢਾਈ ਹਜ਼ਾਰ ਰੁਪਏ ਹੈ, ਉਸ ਬੋਰੀ ਨੂੰ ਪਿੰਡਾਂ ਵਿੱਚੋਂ 200 ਤੋਂ 250 ਰੁਪਏ ਦੇ ਵਿਚਕਾਰ ਹੀ ਖ਼ਰੀਦਿਆ ਜਾ ਰਿਹਾ ਹੈ। ਕਈ ਠੇਕੇਦਾਰ ਕਿਸਾਨਾਂ ਦੇ ਖੇਤਾਂ ਵਿੱਚੋਂ ਆ ਕੇ ਹੀ ਉਨ੍ਹਾਂ ਦਾ ਮਾਲ ਖ਼ਰੀਦ ਰਹੀਆਂ ਨੇ, ਪਰ ਉਨ੍ਹਾਂ ਨੂੰ ਵਧੀਆ ਰੇਟ ਨਹੀਂ ਦਿੰਦੇ, ਜਿਸ ਦੇ ਕਾਰਨ ਉਨ੍ਹਾਂ ਦਾ ਨੁਕਸਾਨ ਹੋ ਰਿਹਾ ਹੈ। ਜੇਕਰ ਕਿਸਾਨ ਆਪਣੀ ਫ਼ਸਲ ਨੂੰ ਮੰਡੀਆਂ ਵਿੱਚ ਵੀ ਲੈ ਕੇ ਜਾਂਦੇ ਨੇ ਤਾਂ ਉੱਥੇ ਵੀ ਉਨ੍ਹਾਂ ਨੂੰ ਚੰਗਾ ਰੇਟ ਨਹੀਂ ਮਿਲ ਰਿਹਾ।

ਬਹੁਤੇ ਕਿਸਾਨਾਂ ਕੋਲ ਖੇਤੀਬਾੜੀ ਲਈ ਆਪਣੇ ਸੰਦ ਵੀ ਨਹੀਂ, ਉਹ ਕਿਰਾਏ ਦੇ ਸੰਦਾਂ 'ਤੇ ਖੇਤੀ ਕਰਦੇ ਨੇ। ਅਜਿਹੇ ਵਿੱਚ ਕਿਵੇਂ ਕਿਹਾ ਜਾ ਸਕਦਾ ਹੈ ਕਿ ਕਿਸਾਨ ਆਪਣੀ ਫ਼ਸਲ ਨੂੰ ਮੰਡੀਆਂ ਵਿੱਚ ਵੇਚੇ ਜਾਂ ਫਿਰ ਵਪਾਰੀਆਂ ਨੂੰ ਵੇਚੇ, ਉਸ ਦੇ ਕੋਲ ਤਾਂ ਖ਼ੁਦ ਦੀ ਵਾਹੀ ਦੇ ਵਾਸਤੇ ਸੰਦ ਨਹੀਂ ਨੇ। ਖ਼ੈਰ, ਅਸੀਂ ਜਿਸ ਕਿਸਾਨ ਦੀ ਗੱਲ ਕਰਦੇ ਹਾਂ ਉਹ ਕਿਸਾਨ ਚਾਰ ਤੋਂ ਪੰਜ ਕਿੱਲਿਆਂ ਵਾਲਾ ਹੈ। ਅਸੀਂ ਵੱਡੇ ਕਿਸਾਨਾਂ ਦੀ ਗੱਲ ਨਹੀਂ ਕਰਦੇ, ਜਿਨ੍ਹਾਂ ਦੇ ਕੋਲ ਮਹਿੰਗੀਆਂ ਗੱਡੀਆਂ ਵੀ ਨੇ, ਵੱਡੇ ਟਰੈਕਟਰ ਵੀ ਨੇ ਅਤੇ ਕੰਬਾਈਨਾਂ, ਮਸ਼ੀਨਾਂ ਤੋਂ ਇਲਾਵਾ ਹੋਰ ਵੀ ਸਾਧਨ ਨੇ । ਅਸੀਂ ਉਨ੍ਹਾਂ ਕਿਸਾਨਾਂ ਦੀ ਗੱਲ ਕਰ ਰਹੇ ਹਾਂ, ਜਿਨ੍ਹਾਂ ਕਿਸਾਨਾਂ ਕੋਲ ਚਾਰ ਤੋਂ ਪੰਜ ਕਿੱਲੇ ਜ਼ਮੀਨ ਹੈ।

ਬੇਸ਼ੱਕ ਇਹ 2026 ਚੋਣ ਵਰ੍ਹਾ ਹੈ ਅਤੇ ਇਸੇ ਦੌਰਾਨ ਪੰਜਾਬ ਦੇ ਵਿਧਾਇਕਾਂ, ਮੰਤਰੀਆਂ, ਸੰਸਦ ਮੈਂਬਰਾਂ ਨੇ ਇਸ ਸਮੱਸਿਆ ਨੂੰ ਸੁਲਝਾਉਣ ਵਾਸਤੇ ਕਈ ਤਰ੍ਹਾਂ ਦੇ ਢੰਗ-ਤਰੀਕੇ ਅਪਣਾਉਣੇ ਨੇ ਅਤੇ ਬਿਆਨ ਦੇਣੇ ਨੇ, ਪਰ ਉਸ ਤੋਂ ਪਹਿਲਾਂ ਇਹ ਸੋਚਣਾ ਪਵੇਗਾ ਕਿ ਕੀ ਇਹ ਨੇਤਾ ਚੋਣਾਂ ਦੇ ਵਰ੍ਹਿਆਂ ਵਿੱਚ ਹੀ ਕਿਉਂ ਐਵੇਂ ਡਰਾਮੇਬਾਜ਼ੀ ਕਰਦੇ ਨੇ । ਪੰਜਾਬ ਦੀਆਂ ਕਿਸਾਨ ਜਥੇਬੰਦੀਆਂ ਵੱਲੋਂ ਸਮੇਂ ਸਮੇਂ 'ਤੇ ਦੋਸ਼ ਲਾਏ ਜਾਂਦੇ ਰਹੇ ਨੇ ਕਿ ਪੰਜਾਬ ਦੀ ਖੇਤੀ ਨੂੰ ਉਜਾੜਨ ਵਾਸਤੇ ਕੇਂਦਰ ਸਰਕਾਰ ਹਰ ਤਰੀਕੇ ਦੇ ਹੀਲੇ ਅਪਣਾ ਰਹੀ ਹੈ। ਪੰਜਾਬ ਅੰਦਰ ਵੱਡੀ ਸਮੱਸਿਆ ਕਿਸਾਨਾਂ ਦੀ ਆਲੂਆਂ ਦੀ ਫ਼ਸਲ ਤੋਂ ਇਲਾਵਾ ਸ਼ਿਮਲਾ ਮਿਰਚਾਂ, ਮਟਰ, ਗਾਜਰਾਂ ਅਤੇ ਹੋਰ ਸਬਜ਼ੀਆਂ ਦੀ ਹੈ, ਜਿਨ੍ਹਾਂ ਦੀ ਪੈਦਾਵਾਰ ਤਾਂ ਪੰਜਾਬ ਵਿੱਚ ਚੰਗੀ ਹੁੰਦੀ ਹੈ, ਪਰ ਉਨ੍ਹਾਂ ਨੂੰ ਇਸ ਦਾ ਚੰਗਾ ਭਾਅ ਨਹੀਂ ਮਿਲ ਪਾਉਂਦਾ। ਖ਼ੈਰ, ਦੇਖਦੇ ਹਾਂ ਕਿ ਕਦੋਂ ਪੰਜਾਬ ਸਮੇਤ ਦੇਸ਼ ਭਰ ਅੰਦਰ ਸਮੂਹ ਬੀਜੀਆਂ ਜਾਣ ਵਾਲੀਆਂ ਫ਼ਸਲਾਂ ਦਾ ਚੰਗਾ ਭਾਅ ਐਮ ਐਸ ਪੀ 'ਤੇ ਮਿਲਦਾ ਹੈ।

**# ਸੰਪਰਕ : 95698-20314**

# ਪੰਜਾਬ ਇੰਪਲਾਈਜ਼ ਐਂਡ ਪੈਨਸ਼ਨਰਜ਼ ਯੂਨਾਈਟਡ ਫਰੰਟ ਨੇ ਬਜਟ ਦੀਆਂ ਕਾਪੀਆਂ ਫੂਕੀਆਂ

**ਮੋਗਾ (ਇਕਬਾਲ ਸਿੰਘ ਖਹਿਰਾ)**- ਪੰਜਾਬ ਦੇ ਕਰਮਚਾਰੀਆਂ, ਪੈਨਸ਼ਨਰਾਂ ਤੇ ਹੋਰ ਕਿਸਾਨ-ਮਜ਼ਦੂਰ ਸੰਗਠਨਾਂ ਨੇ ਆਪਣੀਆਂ ਜਾਇਜ਼ ਮੰਗਾਂ ਦੀ ਪੂਰਤੀ ਲਈ ਪੰਜਾਬ ਸਰਕਾਰ ਦੇ ਮਨਮਾਨੇ ਰਵੱਈਏ ਦੇ ਵਿਰੋਧ ਵਿੱਚ ਮੋਹਾਲੀ ਵਿੱਚ ਇੱਕ ਰੋਸ ਰੈਲੀ ਤੇ ਮੁਜ਼ਾਹਰਾ ਕੀਤਾ।ਪੰਜਾਬ ਸੁਬਾਰਡੀਨੇਟ ਸਰਵਿਸਜ਼ ਫੈਡਰੇਸ਼ਨ, ਬਿਜਲੀ ਮੁਲਜ਼ਿਮ ਏਕਤਾ ਮੰਚ, ਪੰਜਾਬ ਪਾਵਰ ਕਾਮ ਟਰਾਂਸਕੋ ਪੈਸ਼ਨਰ ਯੂਨੀਅਨ ਏ.ਆਈ. ਟੀ.ਯੂ.ਸੀ., ਕਰਮਚਾਰੀਆਂ, ਪੈਨਸ਼ਨਰਾਂ ਤੇ ਹੋਰ ਸੰਗਠਨਾਂ ਨੇ ਆਪਣੀਆਂ ਜਾਇਜ਼ ਮੰਗਾਂ ਦੇ ਸਮਰਥਨ ਵਿੱਚ ਇੱਕ ਰੋਸ ਰੈਲੀ ਤੇ ਮੁਜ਼ਾਹਰਾ ਕੀਤਾ।ਪਾਵਰਕਾਮ ਟਰਾਂਸਕੋ ਪੇਸ਼ਨਰ ਯੂਨੀਅਨ ਏ.ਆਈ.ਟੀ.ਯੂ.ਸੀ. ਦੇ ਫਰੀਦਕੋਟ ਸਰਕਲ ਦੇ ਕਈ ਮੈਂਬਰਾਂ ਨੇ ਇਸ ਰੋਸ ਰੈਲੀ ਤੇ ਮੁਜ਼ਾਹਰੇ ਵਿੱਚ ਸ਼ਾਮਲ ਹੋ ਕੇ ਸ਼ਾਮਲ ਹੋ ਕੇ ਹਿੱਸਾ ਲਿਆ।ਪੰਜਾਬ ਦੀ 'ਆਪ' ਸਰਕਾਰ ਕਰਮਚਾਰੀਆਂ ਤੇ ਪੈਨਸ਼ਨਰਾਂ ਦੀਆਂ ਮੰਗਾਂ ਨੂੰ ਮੰਨਣ ਲਈ ਬਿਲਕੁਲ ਵੀ ਤਿਆਰ ਨਹੀਂ ਹੈ ਤੇ ਅੜੀਅਲ ਰਵੱਈਆ ਅਪਨਾ ਰਹੀ ਹੈ ਅਤੇ ਆਪਣੇ ਸਟੈਂਡ ਤੋਂ ਨਹੀਂ ਹਟ ਰਹੀ ਹੈ।ਪੰਜਾਬ ਦੀ 'ਆਪ' ਸਰਕਾਰ ਵੱਲੋਂ ਹਾਲ ਹੀ ਵਿੱਚ ਪੇਸ਼ ਕੀਤੇ ਗਏ ਪਿਛਲੇ ਬਜਟ ਵਿੱਚ ਵੀ ਕਰਮਚਾਰੀਆਂ ਤੇ ਪੈਨਸ਼ਨਰਾਂ ਦੀਆਂ ਮੰਗਾਂ ਨੂੰ ਪੂਰੀ ਤਰ੍ਹਾਂ ਅਣਦੇਖਾ ਕੀਤਾ ਗਿਆ ਹੈ।




ਇਸ ਦੇ ਵਿਰੋਧ ਵਿੱਚ ਪੰਜਾਬ ਸਰਕਾਰ ਦੇ ਕਰਮਚਾਰੀ ਤੇ ਪੈਨਸ਼ਨਰ ਲਗਾਤਾਰ ਮਾਰਚ, ਧਰਨੇ ਤੇ ਵਿਰੋਧ ਪ੍ਰਦਰਸ਼ਨ ਕਰ ਰਹੇ ਹਨ।ਮੁੱਖ ਲਟਕਦੀਆਂ ਮੰਗਾਂ ਵਿੱਚੋਂ, 1-7-23 ਤੋਂ 1-7-25 ਤੱਕ 16 ਪ੍ਰਤੀਸ਼ਤ ਮਹਿੰਗਾਈ ਭੱਤਾ, ਜੋ ਕਿ ਕਰਮਚਾਰੀਆਂ ਤੇ ਪੈਨਸ਼ਨਰਾਂ ਦਾ ਸੰਵਿਧਾਨਕ ਅਧਿਕਾਰ ਹੈ, ਕੇਂਦਰੀ ਪੱਧਰ 'ਤੇ ਨਹੀਂ ਦਿੱਤਾ ਜਾ ਰਿਹਾ ਹੈ। ਇਸ ਮੌਕੇ ਆਗੂਆਂ ਨੇ ਸਰਕਾਰ ਨੂੰ ਚੇਤਾਵਨੀ ਦਿੱਤੀ ਕਿ ਜੇਕਰ ਨੇੜ ਭਵਿੱਖ ਵਿੱਚ ਮੁਲਾਜ਼ਮਾਂ, ਪੈਨਸ਼ਨਰਾਂ, ਮਜ਼ਦੂਰਾਂ ਤੇ ਕਿਸਾਨਾਂ ਦੀਆਂ ਮੰਗਾਂ ਨੂੰ ਸਵੀਕਾਰ ਨਹੀਂ ਕਰਦੀ ਹੈ, ਤਾਂ ਸਰਕਾਰ ਨੂੰ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਉਨ੍ਹਾਂ ਦੇ ਵਿਰੋਧ ਦਾ ਸਾਹਮਣਾ ਕਰਨ ਲਈ ਤਿਆਰ ਰਹਿਣਾ ਚਾਹੀਦਾ ਹੈ, ਕਿਉਂਕਿ ਸਮਾਜ ਦਾ ਹਰ ਵਰਗ ਇਸ ਸਰਕਾਰ ਤੋਂ ਨਾਰਾਜ਼ ਹੈ ਤੇ ਇਸ ਦੀਆਂ ਨੀਤੀਆਂ ਦਾ ਵਿਰੋਧ ਕਰਨ ਲਈ ਮਜਬੂਰ ਹੈ, ਜਿਵੇਂ ਕਿ ਪੰਜਾਬ ਸਰਕਾਰ ਵੱਲੋਂ 8 ਮਾਰਚ ਨੂੰ ਅੰਤਰਰਾਸ਼ਟਰੀ ਮਹਿਲਾ ਦਿਵਸ 'ਤੇ ਸਰਕਾਰ ਵਿਰੁੱਧ ਸ਼ਾਂਤਮਈ ਵਿਰੋਧ ਪ੍ਰਦਰਸ਼ਨ ਕਰ ਰਹੀਆਂ ਸੰਸਥਾਵਾਂ ਵਿਰੁੱਧ ਹਿੰਸਾ ਲਈ ਉਕਸਾਉਣ ਤੋਂ ਸਬੂਤ ਮਿਲਦਾ ਹੈ, ਜਦੋਂ ਪੁਲਸ ਨੇ ਪੰਜਾਬ ਸਰਕਾਰ ਦੇ ਇਸ਼ਾਰੇ 'ਤੇ ਪਾਣੀ ਦੀਆਂ ਤੋਪਾਂ ਤੇ ਹੰਝੂ ਗੈਸ ਦੇ ਗੋਲਿਆਂ ਦੀ ਵਰਤੋਂ ਕਰਕੇ ਝੜਪ ਦੌਰਾਨ ਭਰਾਵਾਂ ਦੀਆਂ ਪੱਗਾਂ ਤੇ ਭੈਣਾਂ ਦੇ ਘੁੰਡਾਂ ਦੀ ਬੇਅਦਬੀ ਕੀਤੀ। ਇਹ ਆਮ ਲੋਕਾਂ ਦੀ ਭਲਾਈ ਲਈ ਕੰਮ ਕਰਨ ਵਾਲੀਆਂ ਸਰਕਾਰਾਂ ਲਈ ਅਣਉਚਿਤ ਹੈ।

## ਐਡਵੋਕੇਟ ਮਿੱਤਲ ਵੱਲੋਂ ਢੈਪਈ ਨਹਿਰ ਦੇ ਨਾਲ-ਨਾਲ ਬਾਈਪਾਸ ਬਣਾਉਣ ਦੀ ਮੰਗ

**ਜੈਤੋ (ਸਤੀਸ਼ ਕੁਮਾਰ ਭੋਗੀ)**- ਜੈਤੋ ਜ਼ਿਲ੍ਹਾ ਫਰੀਦਕੋਟ ਦੇ ਫੌਜਦਾਰੀ ਕੇਸਾਂ ਦੇ ਨਾਮਵਰ ਵਕੀਲ ਅਮਿਤ ਕੁਮਾਰ ਮਿੱਤਲ ਗੋਲਡੂ ਨੇ ਪੰਜਾਬ ਸਰਕਾਰ ਖਾਸਕਰ ਜੈਤੋ ਦੇ ਵਿਧਾਇਕ ਅਮੋਲਕ ਸਿੰਘ ਤੋਂ ਮੰਗ ਕੀਤੀ ਹੈ ਕਿ ਢੈਪਈ ਨਹਿਰ ਦੇ ਨਾਲ ਨਾਲ ਹਾਈਵੇਅ ਤੱਕ ਸੜਕ ਦਾ ਨਿਰਮਾਣ ਕੀਤਾ ਜਾਵੇ। ਗੋਲਡੂ ਨੇ



ਕਿਹਾ ਕਿ ਜੇਕਰ ਇਸ ਸੜਕ ਦਾ ਨਿਰਮਾਣ ਕਰਵਾਇਆ ਜਾਵੇ ਤਾਂ ਲੋਕਾਂ ਦੇ ਕੀਮਤੀ ਸਮੇਂ ਦੇ ਨਾਲ ਹੀ ਭਾਰੀ ਮਾਤਰਾ ਵਿੱਚ ਪੈਟਰੋਲ, ਡੀਜ਼ਲ ਦੀ ਵੀ ਬੱਚਤ ਹੋ ਸਕਦੀ ਹੈ।ਅਮਿਤ ਮਿੱਤਲ ਨੇ ਵਿਧਾਇਕ ਅਮੋਲਕ ਸਿੰਘ ਤੋਂ ਮੰਗ ਕਰਦੇ ਹੋਏ ਕਿਹਾ ਕਿ ਢੈਪਈ ਨਹਿਰ ਦੇ ਨਾਲ ਬਾਈਪਾਸ ਬਣਨ ਨਾਲ ਮੋਗਾ, ਲੁਧਿਆਣਾ, ਫਰੀਦਕੋਟ ਆਦਿ ਥਾਵਾਂ 'ਤੇ ਜਾਣ ਵਾਲੇ ਲੋਕਾਂ ਦੀ ਸਮੇਂ ਤੇ ਤੇਲ ਦੀ ਬੱਚਤ ਦੇ ਨਾਲ ਹੀ ਕੋਟਕਪੂਰਾ ਦੀ ਭੀੜ-ਭਾੜ ਤੋਂ ਛੁਟਕਾਰਾ ਦਿਵਾਉਣ ਲਈ ਵਿਸ਼ੇਸ਼ ਉਪਰਾਲਾ ਕੀਤਾ ਜਾਵੇ।

# ਪੰਜਾਬ ਰੋਡਵੇਜ਼ ਮੁਲਾਜ਼ਮਾਂ ਦੀ ਟਰਾਂਸਪੋਰਟ ਮੰਤਰੀ ਨਾਲ ਮੀਟਿੰਗ 17 ਨੂੰ

**ਮੋਗਾ (ਇਕਬਾਲ ਸਿੰਘ ਖਹਿਰਾ)**- ਪੰਜਾਬ ਗੌਰਮਿੰਟ ਟਰਾਂਸਪੋਰਟ ਵਰਕਰਜ਼ ਯੂਨੀਅਨ ਸਬੰਧਤ ਏਟਕ ਦੇ ਸੂਬਾਈ ਸਰਪ੍ਰਸਤ ਕਾਮਰੇਡ ਗੁਰਦੀਪ ਸਿੰਘ ਮੋਤੀ, ਸੂਬਾ ਚੇਅਰਮੈਨ ਜਗਦੀਸ਼ ਸਿੰਘ ਚਾਹਲ, ਸੂਬਾ ਪ੍ਰਧਾਨ ਦੀਦਾਰ ਸਿੰਘ ਮੰਡ, ਜਨਰਲ ਸਕੱਤਰ ਗੁਰਜੰਟ ਸਿੰਘ ਕੋਕਰੀ, ਵਿੱਤ ਸਕੱਤਰ ਸੁਰਿੰਦਰ ਸਿੰਘ ਬਰਾੜ, ਅਵਤਾਰ ਸਿੰਘ ਤਾਰੀ, ਗੁਰਜੀਤ ਸਿੰਘ ਜਲੰਧਰ ਤੇ ਬਿਕਰਮਜੀਤ ਸਿੰਘ ਅੰਮ੍ਰਿਤਸਰ ਨੇ ਦੱਸਿਆ ਹੀ ਕਿ ਜਥੇਬੰਦੀ ਵੱਲੋਂ 7 ਮਾਰਚ ਨੂੰ ਟਰਾਂਸਪੋਰਟ ਮੰਤਰੀ ਪੰਜਾਬ ਲਾਲਜੀਤ ਸਿੰਘ ਭੁੱਲਰ ਦੇ ਵਿਧਾਨ ਸਭਾ ਹਲਕਾ ਪੱਟੀ ਵਿਖੇ ਕੀਤੀ ਗਈ ਵਿਸ਼ਾਲ ਰੋਸ ਰੈਲੀ ਉਪਰੰਤ ਸਿਵਲ ਪ੍ਰਸ਼ਾਸਨ ਪੱਟੀ ਵੱਲੋਂ 17 ਮਾਰਚ 2026 ਨੂੰ ਪੰਜਾਬ ਦੇ ਟਰਾਂਸਪੋਰਟ ਮੰਤਰੀ ਲਾਲਜੀਤ ਸਿੰਘ ਭੁੱਲਰ ਨਾਲ ਪੰਜਾਬ ਸਿਵਲ ਸਕੱਤਰੇਤ ਚੰਡੀਗੜ੍ਹ ਵਿਖੇ ਮੀਟਿੰਗ ਨਿਸ਼ਚਿਤ ਕਰਵਾਈ ਗਈ ਸੀ।ਆਗੂਆਂ ਨੇ ਦੱਸਿਆ ਕਿ ਇਸ ਸਬੰਧੀ ਟਰਾਂਸਪੋਰਟ ਸਕੱਤਰ ਪੰਜਾਬ ਸਰਕਾਰ ਵੱਲੋਂ ਬਕਾਇਦਾ ਤੌਰ 'ਤੇ ਲਿਖਤੀ ਸੱਦਾ ਪੱਤਰ ਜਥੇਬੰਦੀ ਦੇ ਸੂਬਾ ਪ੍ਰਧਾਨ ਦੀਦਾਰ ਸਿੰਘ ਮੰਡ ਦੇ ਨਾਂ ਭੇਜ ਦਿੱਤਾ ਗਿਆ ਹੈ।ਆਗੂਆਂ ਨੇ ਦੱਸਿਆ ਕਿ ਇਸ ਮੀਟਿੰਗ ਦੌਰਾਨ ਪੰਜਾਬ ਸਰਕਾਰ ਤੋਂ ਮੰਗ ਕੀਤੀ ਜਾਵੇਗੀ ਕਿ ਪਨਬੱਸ ਦੀਆਂ ਰਹਿੰਦੀਆਂ ਕਰਜ਼ਾ ਮੁਕਤ ਬੱਸਾਂ ਨੂੰ ਪੰਜਾਬ



ਰੋਡਵੇਜ਼ ਵਿੱਚ ਸ਼ਾਮਲ ਕੀਤਾ ਜਾਵੇ, ਪਰਮਿਟਾਂ ਦੀ ਗਿਣਤੀ ਅਨੁਸਾਰ ਬਜਟ ਰੱਖ ਕੇ ਨਵੀਆਂ ਬੱਸਾਂ ਪਾਈਆਂ ਜਾਣ, ਮੌਤ ਹੋਏ ਮੁਲਾਜ਼ਮਾਂ ਦੇ ਵਾਰਸਾਂ ਨੂੰ ਯੋਗਤਾ ਅਨੁਸਾਰ ਵਿਭਾਗ ਵਿੱਚ ਨੌਕਰੀਆਂ ਦਿੱਤੀਆਂ ਜਾਣ, ਖਸਤਾ ਹਾਲਤ ਵਰਕਸ਼ਾਪਾਂ ਦੇ ਨਵੀਨੀਕਰਨ ਲਈ ਤੁਰੰਤ ਫੰਡ ਜਾਰੀ ਕੀਤੇ ਜਾਣ, ਕੱਚੇ ਮੁਲਾਜ਼ਮਾਂ ਨੂੰ ਪੋਲਿਸੀ ਬਣਾ ਕੇ ਟਰਾਂਸਪੋਰਟ ਵਿਭਾਗ ਵਿੱਚ ਤੁਰੰਤ ਰੈਗੂਲਰ ਕੀਤਾ ਜਾਵੇ, ਟਾਈਮ ਟੇਬਲ ਤੇ ਵਿਭਾਗ ਦੇ ਦਫਤਰੀ ਕੰਮ ਵਿੱਚ ਸਿਆਸੀ ਦਖਲ ਅੰਦਾਜ਼ੀ ਤੁਰੰਤ ਬੰਦ ਕੀਤੀ ਜਾਵੇ, ਪੰਜਾਬ ਰੋਡਵੇਜ਼ ਵਿੱਚ ਕੰਮ ਕਰਦੇ ਵੱਖ ਵੱਖ ਵਰਗਾਂ ਦੀਆਂ ਬਣਦੀਆਂ ਤਰੱਕੀਆਂ ਤੁਰੰਤ ਕੀਤੀਆਂ ਜਾਣ, ਅੰਤਰਰਾਜੀ ਬੱਸ ਅੱਡਾ ਦਿੱਲੀ ਵਿਖੇ ਕੰਮ ਕਰਦੇ ਮੁਲਾਜ਼ਮਾਂ ਨੂੰ ਦਿੱਲੀ ਰਾਜ ਦੇ ਪੈਟਰਨ ਅਨੁਸਾਰ ਭੱਤਾ ਤੇ ਰਿਹਾਇਸ਼ ਦਾ ਯੋਗ ਪ੍ਰਬੰਧ ਕੀਤਾ ਜਾਵੇ, ਵਿਭਾਗ ਵਿੱਚ ਸਟਾਫ ਦੀ ਘਾਟ ਨੂੰ ਤੁਰੰਤ ਪੂਰਾ ਕੀਤਾ ਜਾਵੇ, ਕਿਲੋਮੀਟਰ ਸਕੀਮ ਅਧੀਨ ਬੱਸਾਂ ਪਾਉਣ ਦੀ ਨੀਤੀ ਰੱਦ ਕੀਤੀ ਜਾਵੇ, ਪੰਜਾਬ ਰੋਡਵੇਜ਼ ਦੇ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੇ ਲਮਕ ਅਵਸਥਾ ਵਿੱਚ ਪਏ ਮੈਡੀਕਲ ਪ੍ਰਤੀ ਪੂਰਤੀ ਬਿੱਲਾਂ ਦੀ ਤੁਰੰਤ ਅਦਾਇਗੀ ਕਰਨੀ ਯਕੀਨੀ ਜਾਵੇ, ਮਾਨਯੋਗ ਸੁਪਰੀਮ ਕੋਰਟ ਦੇ ਫੈਸਲੇ ਅਨੁਸਾਰ ਪੰਜਾਬ ਰੋਡਵੇਜ਼ ਦੇ ਸਾਰੇ ਇਨਸਪੈਕਟਰਾਂ ਨੂੰ ਬਣਦੇ ਲਾਭ ਤੁਰੰਤ ਦਿੱਤੇ ਜਾਣ।

## ਭੱਤਾ ਮਿਲਣ ਨਾਲ ਔਰਤਾਂ ਦੀ ਆਰਥਿਕ ਸਥਿਤੀ ਮਜ਼ਬੂਤ ਹੋਵੇਗੀ : ਗੁਰਤੇਜ ਖੋਸਾ

**ਫਰੀਦਕੋਟ (ਐਲਿਗਜੈਂਡਰ ਡਿਸੂਜ਼ਾ)** ਪੰਜਾਬ ਸਰਕਾਰ ਵੱਲੋਂ ਮਹਿਲਾਵਾਂ ਨੂੰ ਆਰਥਿਕ ਤੌਰ 'ਤੇ ਸਵੈ-ਨਿਰਭਰ ਬਣਾਉਣ ਲਈ ਮਹੀਨਾਵਾਰ 1000/1500 ਰੁਪਏ ਦੀ ਸਹਾਇਤਾ ਦੇਣ ਦੇ ਐਲਾਨ ਦਾ ਜ਼ਿਲ੍ਹਾ ਯੋਜਨਾ ਬੋਰਡ ਦੇ ਚੇਅਰਮੈਨ ਸ. ਗੁਰਤੇਜ ਸਿੰਘ ਖੋਸਾ ਨੇ ਭਰਵਾਂ ਸਵਾਗਤ ਕੀਤਾ ਹੈ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਦਾ ਇਹ ਕਦਮ ਮਹਿਲਾ ਸਸ਼ਕਤੀਕਰਨ ਵੱਲ ਇੱਕ ਵੱਡੀ ਪੁਲਾਂਘ ਹੈ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਚੇਅਰਮੈਨ ਖੋਸਾ ਨੇ ਕਿਹਾ



ਕਿ ਪੰਜਾਬ ਸਰਕਾਰ ਸੂਬੇ ਦੀਆਂ ਔਰਤਾਂ ਦੀ ਸਮਾਜਿਕ ਤੇ ਆਰਥਿਕ ਸੁਰੱਖਿਆ ਲਈ ਪੂਰੀ ਤਰ੍ਹਾਂ ਵਚਨਬੱਧ ਹੈ।ਉਨ੍ਹਾਂ ਕਿਹਾ ਕਿ ਇਸ ਆਰਥਿਕ ਮਦਦ ਨਾਲ, ਜਿੱਥੇ ਮਹਿਲਾਵਾਂ ਨੂੰ ਆਪਣੇ ਛੋਟੇ-ਮੋਟੇ ਘਰੇਲੂ ਖਰਚਿਆਂ ਲਈ ਕਿਸੇ ਅੱਗੇ ਹੱਥ ਨਹੀਂ ਅੱਡਣਾ ਪਵੇਗਾ, ਉੱਥੇ ਹੀ ਉਹ ਆਤਮ-ਸੰਮਾਨ ਨਾਲ ਜੀਵਨ ਬਤੀਤ ਕਰ ਸਕਣਗੀਆਂ।ਇਹ ਫੈਸਲਾ ਹਜ਼ਾਰਾਂ ਪਰਵਾਰਾਂ ਦੀ ਆਰਥਿਕ ਹਾਲਤ ਸੁਧਾਰਨ ਵਿੱਚ ਵੀ ਸਹਾਈ ਹੋਵੇਗਾ। ਇਸ ਮੌਕੇ ਮਹਿਲਾ ਵਿੰਗ ਦੀ ਹਲਕਾ ਕੁਆਰਡੀਨੇਟਰ ਮੈਡਮ ਸਰਬਜੀਤ ਕੌਰ ਨੇ ਕਿਹਾ ਕਿ ਮੁੱਖ ਮੰਤਰੀ ਨੇ ਔਰਤਾਂ ਨਾਲ ਕੀਤਾ ਆਪਣਾ ਇੱਕ ਹੋਰ ਵੱਡਾ ਵਾਅਦਾ ਪੂਰਾ ਕਰ ਦਿੱਤਾ ਹੈ।ਉਨ੍ਹਾਂ ਕਿਹਾ ਕਿ 1000 ਰੁਪਏ ਪ੍ਰਤੀ ਮਹੀਨਾ ਮਿਲਣ ਨਾਲ ਔਰਤਾਂ ਦੇ ਮਨੋਬਲ ਵਿੱਚ ਵਾਧਾ ਹੋਵੇਗਾ।ਇਸ ਦੌਰਾਨ ਜਗਜੀਤ ਸਿੰਘ ਜੱਗੀ, ਯਾਦਵਿੰਦਰ ਸਿੰਘ, ਸਤਨਾਮ ਸਿੰਘ, ਇੰਦਰਵੀਰ ਸੇਖੋਂ, ਡਾਕਟਰ ਹਰਪਾਲ ਢਿੱਲਵਾਂ, ਮਹਿੰਦਰ ਕੌਰ, ਸਿਮਰਤ ਸੰਧੂ, ਰਾਜਬੀਰ ਸਿੰਘ ਸਰਪੰਚ, ਰਵੀ ਬੁੱਗਰਾ, ਗੁਰਪ੍ਰੀਤ ਸਿੰਘ ਤੇ ਗੁਰਪਿੰਦਰ ਸਿੰਘ ਸਮੇਤ ਕਈ ਹੋਰ ਆਗੂ ਤੇ ਵਰਕਰ ਮੌਜੂਦ ਸਨ।

## ਫਰੀਡਮ ਫਾਇਟਰ ਸੰਸਥਾ ਦੀ ਮਹੀਨਾਵਾਰ ਮੀਟਿੰਗ ਮੌਕੇ ਅਹਿਮ ਵਿਚਾਰਾਂ

**ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)** ਫਰੀਡਮ ਫਾਇਟਰ, ਉਤਰਾਧਿਕਾਰੀ ਸੰਸਥਾ (ਰਜਿ 196) ਪੰਜਾਬ ਸੰਗਰੂਰ ਦੀ ਮਹੀਨਾਵਾਰ ਮੀਟਿੰਗ ਜ਼ਿਲ੍ਹਾ ਪ੍ਰਧਾਨ ਮਨਜੀਤ ਸਿੰਘ ਢੱਡਰੀਆਂ ਦੀ ਅਗਵਾਈ ਹੇਠ ਹੋਈ। ਮੀਟਿੰਗ ਵਿੱਚ ਵਿਸ਼ੇਸ਼ ਤੌਰ 'ਤੇ ਸੰਸਥਾ ਦੇ ਸਰਪ੍ਰਸਤ ਹਰਿੰਦਰ ਪਾਲ ਸਿੰਘ ਖਾਲਸਾ, ਆਲ ਇੰਡੀਆ ਕਮੇਟੀ ਮੈਂਬਰ ਅਜੀਤਪਾਲ ਪਾਲੀ, ਗੁਰਇੰਦਰ ਪਾਲ ਸਿੰਘ ਸੰਗਰੂਰ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ। ਖਾਲਸਾ ਨੇ ਦੱਸਿਆ ਕਿ ਸੰਸਥਾ ਦਾ ਵਫ਼ਦ ਪੰਜਾਬ ਦੇ ਰਾਜਪਾਲ ਨੂੰ ਮਿਲਿਆ ਤੇ ਉਨ੍ਹਾਂ ਨਾਲ ਫਰੀਡਮ ਫਾਇਟਰ ਪਰਵਾਰਾਂ ਦੀਆਂ ਮੁਸ਼ਕਲਾਂ ਸਬੰਧੀ ਵਿਸਥਾਰ ਨਾਲ ਚਰਚਾ ਹੋਈ।ਉਨ੍ਹਾਂ ਚੰਡੀਗੜ੍ਹ ਨਾਲ ਸਬੰਧਤ ਮੰਗਾਂ ਲਾਗੂ ਕਰਨ ਬਾਰੇ ਸਹਿਮਤੀ ਪ੍ਰਗਟ ਕਰਦਿਆਂ ਕਿਹਾ ਕਿ ਜਲਦੀ ਸਬੰਧਤ ਮਹਿਕਮਿਆਂ ਨਾਲ ਮੀਟਿੰਗ ਕਰਕੇ ਦੁਆਰਾ ਮੀਟਿੰਗ ਕਰਨ ਦਾ ਭਰੋਸਾ ਦਿੱਤਾ। ਜ਼ਿਲ੍ਹਾ ਪ੍ਰਧਾਨ ਨੇ ਕਿਹਾ ਕਿ ਸੰਸਥਾ ਦੇ ਸਮੂਹ ਮੈਂਬਰਾਂ ਨੂੰ ਘਰ ਬੈਠੇ ਪਰਵਾਰਾਂ ਨੂੰ ਮੀਟਿੰਗ 'ਚ ਲਿਆਉਣ ਲਈ ਪ੍ਰੇਰਨਾ ਚਾਹੀਦਾ ਹੈ ਤਾਂ ਜੁ ਆਪਣੀ ਮੈਂਬਰਸ਼ਿਪ ਵਧਾਈ ਜਾ ਸਕੇ। ਉਨ੍ਹਾਂ ਖਾਲਸਾ ਦੀ ਸਿਫਤ ਕਰਦੇ ਕਿਹਾ ਕਿ ਸਰਪ੍ਰਸਤ ਦੀ ਮਿਹਨਤ ਸਦਕਾ ਸਾਨੂੰ ਬੱਸ ਪਾਸ, ਟੋਲ ਪਲਾਜ਼ਾ, ਬਿਜਲੀ ਮਾਫੀ ਦੀ ਸਹੂਲਤ ਮਿਲੀ ਹੈ। ਅਸੀਂ ਖਾਲਸਾ ਦੇ ਰਿਣੀ ਹਾਂ। ਜ਼ਿਲ੍ਹਾ ਸੰਗਰੂਰ ਦੀ ਜਥੇਬੰਦੀ ਚੱਟਾਨ ਵਾਂਗ ਖਾਲਸਾ




ਜੀ ਨਾਲ ਖੜੀ ਹੈ ਤੇ ਸਾਰਿਆਂ ਨੇ ਹੱਥ ਖੜੇ ਕਰਕੇ ਸਮਰਥਨ ਦਿੱਤਾ। ਜ਼ਿਲ੍ਹਾ ਸਕੱਤਰ ਕਮਲਜੀਤ ਚੀਮਾ ਨੇ ਕਿਹਾ ਕਿ ਇਸ ਮੌਜੂਦਾ ਸਰਕਾਰ ਨੇ ਦੇਸ਼ ਭਗਤ ਪਰਵਾਰਾਂ ਨਾਲ ਧੋਖਾ ਕੀਤਾ। ਮੁੱਖ ਮੰਤਰੀ ਨੇ ਇੱਕ ਵੀ ਮੀਟਿੰਗ ਫਰੀਡਮ ਫਾਇਟਰ ਪਰਵਾਰ ਨਾਲ ਨਹੀਂ ਕੀਤੀ। ਸਿਰਫ ਅਜ਼ਾਦੀ ਘੁਲਾਟੀਆ ਪ੍ਰੀਵਾਰਾਂ ਦੇ ਨਾਮ ਤੇ ਸਿਆਸਤ ਕੀਤੀ ਹੈ। ਆਖਰੀ ਬੱਜਟ 'ਚ ਵੀ ਇਕ ਵੀ ਸਹੂਲਤ ਦਾ ਐਲਾਨ ਨਹੀਂ ਕੀਤਾ। 2027 ਦੀਆਂ ਆ ਰਹੀਆਂ ਚੋਣਾਂ ਵਿੱਚ ਸੰਸਥਾ ਦੇ ਆਗੂਆਂ ਨੂੰ ਕੋਈ ਠੋਸ ਫ਼ੈਸਲਾ ਲੈਣਾ ਚਾਹੀਦਾ ਹੈ।

## ਸੇਖੋਂ ਨੇ ਬੀੜ ਘੁਗਿਆਣਾ ਜੰਗਲ ਦੀ ਸਾਂਭ-ਸੰਭਾਲ ਦਾ ਮੁੱਦਾ ਵਿਧਾਨ ਸਭਾ 'ਚ ਉਠਾਇਆ

**ਫਰੀਦਕੋਟ (ਐਲਿਗਜੈਂਡਰ ਡਿਸੂਜ਼ਾ)** : ਪੰਜਾਬ ਵਿਧਾਨ ਸਭਾ ਦੇ ਚੱਲ ਰਹੇ ਸੈਸ਼ਨ ਦੌਰਾਨ ਫਰੀਦਕੋਟ ਦੇ ਵਿਧਾਇਕ ਸ. ਗੁਰਦਿੱਤ ਸਿੰਘ ਸੇਖੋਂ ਨੇ ਹਲਕੇ ਦੇ ਅਹਿਮ ਕੁਦਰਤੀ ਸਰੋਤ 'ਬੀੜ ਘੁਗਿਆਣਾ' ਜੰਗਲ ਦੀ ਮੌਜੂਦਾ ਸਥਿਤੀ ਤੇ ਇਸ ਦੇ ਵਿਕਾਸ ਕਾਰਜਾਂ ਨੂੰ ਲੈ ਕੇ ਸਰਕਾਰ ਨੂੰ ਸਵਾਲ ਕੀਤੇ।ਸੇਖੋਂ ਨੇ ਜੰਗਲਾਤ ਮੰਤਰੀ ਤੋਂ ਜੰਗਲ ਦੇ ਰਕਬੇ ਤੋਂ ਲੈ ਕੇ ਉੱਥੇ ਲਗਾਏ ਗਏ ਬੂਟਿਆਂ ਦੀ ਜੀਵਤ ਦਰ (ਸਰਵਾਈਵਲ ਰੇਟ) ਤੱਕ ਦੇ ਵੇਰਵੇ ਮੰਗੇ ਹਨ। ਵਿਧਾਇਕ ਸੇਖੋਂ ਨੇ ਜੰਗਲਾਤ ਵਿਭਾਗ ਦੇ ਕੰਮਕਾਜ ਵਿੱਚ ਪਾਰਦਰਸ਼ਤਾ ਲਿਆਉਣ ਦੇ ਮਕਸਦ ਨਾਲ ਕਈ ਨੁਕਤੇ ਉਠਾਏ, ਜਿਨ੍ਹਾਂ 'ਚ ਉਨ੍ਹਾਂ ਮੰਗ ਕੀਤੀ ਕਿ ਬੀੜ ਘੁਗਿਆਣਾ ਦਾ ਕੁੱਲ ਰਕਬਾ ਸਪੱਸ਼ਟ ਕੀਤਾ ਜਾਵੇ ਤੇ ਇਹ ਵੀ ਦੱਸਿਆ ਜਾਵੇ ਕਿ ਇਸ ਵਿੱਚੋਂ ਕਿੰਨਾ ਹਿੱਸਾ 'ਰਾਖਵੇਂ ਜੰਗਲ' ਵਜੋਂ ਦਰਜ ਹੈ। ਪਿਛਲੇ 5 ਸਾਲਾਂ ਦੌਰਾਨ ਜੰਗਲ ਵਿੱਚ ਕਿੰਨੇ ਨਵੇਂ ਪੌਦੇ ਲਗਾਏ ਗਏ ਤੇ ਮੌਜੂਦਾ ਸਮੇਂ ਉਨ੍ਹਾਂ ਵਿੱਚੋਂ ਕਿੰਨੇ ਬੂਟੇ ਜਿਉਂਦੇ ਹਨ? ਕੀ ਸਰਕਾਰ ਬੀੜ ਘੁਗਿਆਣਾ ਵਿੱਚ ਵਣੀਕਰਨ, ਬਾੜਬੰਦੀ, ਪਗਡੰਡੀ ਵਿਕਾਸ ਜਾਂ ਈਕੋ-ਟੂਰਿਜ਼ਮ ਨਾਲ ਸਬੰਧਤ ਕੋਈ ਵਿਸ਼ੇਸ਼ ਪ੍ਰੋਜੈਕਟ ਚਲਾ ਰਹੀ ਹੈ? ਜੇਕਰ ਹਾਂ, ਤਾਂ ਉਸ ਉੱਪਰ ਆਈ ਲਾਗਤ ਦਾ ਵੇਰਵਾ ਦਿੱਤਾ ਜਾਵੇ।ਜੰਗਲੀ ਜੀਵਾਂ ਦੀ ਸੰਭਾਲ ਲਈ ਰਾਖਵੇਂ ਰੱਖੇ ਫੰਡਾਂ ਤੇ ਉਨ੍ਹਾਂ ਦੀ ਵਰਤੋਂ ਬਾਰੇ ਵੀ ਸਵਾਲ ਪੁੱਛਿਆ ਗਿਆ। ਉਨ੍ਹਾ ਕਿਹਾ ਕਿ ਬੀੜ ਘੁਗਿਆਣਾ ਸਾਡੇ ਹਲਕੇ ਦਾ ਵਾਤਾਵਰਨਕ ਸਰਮਾਇਆ ਹੈ।ਇਸ ਦੀ ਜੈਵਿਕ ਵਿਭਿੰਨਤਾ ਨੂੰ ਬਚਾਉਣਾ ਸਾਡੀ ਜ਼ਿੰਮੇਵਾਰੀ ਹੈ।ਮੈਂ ਇਹ ਯਕੀਨੀ ਬਣਾਉਣਾ ਚਾਹੁੰਦਾ ਹਾਂ ਕਿ ਜੰਗਲਾਤ ਦੇ ਨਾਮ 'ਤੇ ਖਰਚਿਆ ਜਾਣ ਵਾਲਾ ਇੱਕ-ਇੱਕ ਪੈਸਾ ਜ਼ਮੀਨੀ ਪੱਧਰ 'ਤੇ ਨਜ਼ਰ ਆਵੇ।

## ਕੇ ਪੀ ਐੱਮ ਯੂ ਦੀ ਜ਼ਿਲ੍ਹਾ ਕਮੇਟੀ 'ਚ ਵਿਚਾਰੇ ਮਜ਼ਦੂਰ ਮਸਲੇ

**ਮੋਗਾ (ਇਕਬਾਲ ਸਿੰਘ ਖਹਿਰਾ)**- ਕ੍ਰਾਂਤੀਕਾਰੀ ਪੇਂਡੂ ਮਜ਼ਦੂਰ ਯੂਨੀਅਨ ਪੰਜਾਬ ਦੇ ਜ਼ਿਲ੍ਹਾ ਪ੍ਰਧਾਨ ਦਰਸ਼ਨ ਸਿੰਘ ਘੋਲੀਆ ਨੇ ਦੱਸਿਆ ਕਿ ਜ਼ਿਲ੍ਹਾ ਕਮੇਟੀ ਦੀ ਮੀਟਿੰਗ ਸੂਬਾ ਕਨਵੀਨਰ ਲਖਬੀਰ ਸਿੰਘ ਲੱਖਾ ਦੀ ਪ੍ਰਧਾਨਗੀ ਵਿੱਚ ਕੀਤੀ ਗਈ।ਮੀਟਿੰਗ ਵਿੱਚ ਮਜ਼ਦੂਰ ਮਸਲਿਆਂ, ਸ਼ਹੀਦ ਭਗਤ ਸਿੰਘ ਦੇ ਸ਼ਹੀਦੀ ਦਿਨ, ਅਮਰੀਕਾ ਭਾਰਤ ਦਾਫਰੀ ਟ੍ਰੇਡ ਸਮਝੌਤਾ, ਅਮਰੀਕਾ ਈਰਾਨ ਜੰਗ ਤੇ ਜਥੇਬੰਦੀ ਦੀ ਮਜ਼ਬੂਤੀ ਬਾਰੇ ਵਿਚਾਰ ਚਰਚਾ ਕੀਤੀ ਗਈ।ਜ਼ਿਲ੍ਹਾ ਕਮੇਟੀ ਨੇ ਫੈਸਲਾ ਕੀਤਾ ਕਿ ਇਨ੍ਹਾਂ ਮਸਲਿਆਂ ਉੱਤੇ 21 ਮਾਰਚ ਨੂੰ ਨਾਹਲ ਖੋਟੇ ਦੇ ਵਿੱਚ ਮਜ਼ਦੂਰ ਕਨਵੈਨਸ਼ਨ ਕੀਤੀ ਜਾਵੇਗੀ। ਕਨਵੈਨਸ਼ਨ 'ਤੇ ਇਨ੍ਹਾਂ ਮੰਗਾਂ ਤੇ ਮਸਲਿਆਂ ਸਬੰਧੀ ਮਜ਼ਦੂਰਾਂ ਨੂੰ ਜਾਗ੍ਰਿਤ ਕੀਤਾ ਜਾਵੇਗਾ।23 ਮਾਰਚ



ਨੂੰ ਸ਼ਹੀਦ ਭਗਤ ਸਿੰਘ, ਰਾਜਗੁਰੂ ਤੇ ਸੁਖਦੇਵ ਦੇ ਸ਼ਹੀਦੀ ਦਿਨ ਤੇ ਹੁਸੈਨੀਵਾਲਾ ਵਿਖੇ ਹਮਖਿਆਲ ਜਥੇਬੰਦੀਆਂ-ਭਾਰਤੀ ਕਿਸਾਨ ਯੂਨੀਅਨ ਕ੍ਰਾਂਤੀਕਾਰੀ ਤੇ ਲੋਕ ਸੰਗਰਾਮ ਮੋਰਚਾ ਵੱਲੋਂ ਰੱਖੇ ਪ੍ਰੋਗਰਾਮ ਵਿੱਚ ਸ਼ਮੂਲੀਅਤ ਕੀਤੀ ਜਾਵੇਗੀ।ਕਨਵੈਨਸ਼ਨ ਦੀ ਤਿਆਰੀ ਲਈ ਮੀਟਿੰਗਾਂ ਤੇ ਫੰਡ ਮੁਹਿੰਮ ਚਲਾਈ ਜਾਵੇਗੀ।21 ਮਾਰਚ 11 ਵਜੇ ਨਾਹਲ ਖੋਟੇ ਹੋ ਰਹੀ ਕਨਵੈਨਸ਼ਨ ਵਿੱਚ ਸ਼ਾਮਲ ਹੋਣ ਦੀ ਅਪੀਲ ਕੀਤੀ।ਮੀਟਿੰਗ ਵਿੱਚ ਸੁਖਮੰਦਰ ਸਿੰਘ ਬਲਾਕ ਪ੍ਰਧਾਨ, ਤੇਜ ਸਿੰਘ ਨਾਹਲ ਖੋਟੇ, ਗੋਰਾ ਸਿੰਘ ਤੇ ਸੁਰਿੰਦਰ ਸਿੰਘ ਨੱਥੂ ਵਾਲਾ ਆਦਿ ਆਗੂ ਹਾਜ਼ਰ ਸਨ।

## ਬਜਟ ਦੀਆਂ ਫੋਟੋ ਕਾਪੀਆਂ ਸਾੜੀਆਂ

**ਲੁਧਿਆਣਾ (ਸਤੀਸ਼ ਸਚਦੇਵਾ)** ਪੈਨਸ਼ਨਰ ਭਵਨ ਵਿਖੇ ਪੈਨਸ਼ਨਰਜ਼ ਇਨਫਰਮੇਸ਼ਨ ਸੈਂਟਰ ਮੈਨੇਜਮੈਂਟ ਕਮੇਟੀ ਲੁਧਿਆਣਾ ਦੇ ਬੈਨਰ ਹੇਠ ਸਰਕਾਰੀ/ਅਰਧ ਸਰਕਾਰੀ ਪੈਨਸ਼ਨਰਜ਼ ਪੰਜਾਬ ਸਰਕਾਰ ਵੱਲੋਂ ਪੇਸ਼ ਕੀਤੇ ਗਏ ਬਜਟ ਵਿੱਚ ਅਣਗੌਲੇ ਕੀਤੇ ਜਾਣ 'ਤੇ ਪੈਨਸ਼ਨਰ ਭਵਨ ਦਫ਼ਤਰ ਅੱਗੇ ਰੋਸ ਵਜੋਂ ਬੱਜਟ ਦੀਆਂ ਫੋਟੋ ਕਾਪੀਆਂ ਅਗਨ ਭੇਟ ਕੀਤੀਆਂ ਗਈਆਂ ਅਤੇ ਸਰਕਾਰ ਵਿਰੁੱਧ ਭੜਾਸ ਕੱਢੀ ਗਈ।ਪੈਨਸ਼ਨਰਜ਼ ਨੂੰ ਆਸ ਸੀ ਕਿ ਸਰਕਾਰ ਸਾਡਾ ਮਹਿੰਗਾਈ ਭੱਤਾ ਜ਼ਰੂਰ ਗੁਆਂਢੀ ਰਾਜਾਂ ਹਿਮਾਚਲ/ ਹਰਿਆਣਾ/ ਰਾਜਸਥਾਨ ਦੇ ਬਰਾਬਰ ਕਰੇਗੀ ਅਤੇ ਪੈਨਸ਼ਨ 2.59 ਦੇ ਫੈਕਟਰ ਨਾਲ ਫਿਕਸ ਕਰਨ ਦੇ ਹੁਕਮ ਜਾਰੀ ਕਰੇਗੀ। ਚੇਅਰਮੈਨ ਪੈਨਸ਼ਨਰ ਭਵਨ ਲੁਧਿਆਣਾ ਸ਼੍ਰੀ ਸੁਸ਼ੀਲ ਕੁਮਾਰ ਨੇ ਦੱਸਿਆ ਕਿ ਅਗਲੀ ਰਣਨੀਤੀ ਮੀਟਿੰਗ ਕਰਕੇ ਜਲਦੀ ਤਹਿ ਕੀਤੀ ਜਾਵੇਗੀ।ਪੈਨਸ਼ਨਰਜ਼ ਦੀਆਂ ਜਾਇਜ਼ ਤੇ ਹੱਕੀ ਮੰਗਾਂ ਮਨਵਾਉਣ ਲਈ ਜਲਦੀ ਸਾਰੇ ਪੰਜਾਬ ਵਿੱਚ ਸੰਘਰਸ਼ ਵਿੱਢਿਆ ਜਾਵੇਗਾ।



## ਸਿਵਲ ਹਸਪਤਾਲ ਤਲਵੰਡੀ ਸਾਬੋ ਵਿਖੇ ਗਲੋਕੋਮਾ ਹਫ਼ਤਾ ਮਨਾਇਆ

**ਤਲਵੰਡੀ ਸਾਬੋ (ਜਗਦੀਪ ਗਿੱਲ)**- ਸਿਵਲ ਸਰਜਨ ਬਠਿੰਡਾ ਡਾ. ਤਪਿੰਦਰਜੋਤ ਕੌਸ਼ਲ ਦੇ ਦਿਸ਼ਾ-ਨਿਰਦੇਸ਼ਾਂ ਤੇ ਸੀਨੀਅਰ ਮੈਡੀਕਲ ਅਫਸਰ ਤਲਵੰਡੀ ਸਾਬੋ ਡਾ. ਰਵੀਕਾਂਤ ਗੁਪਤਾ ਦੀ



ਰਹਿਨੁਮਾਈ ਹੇਠ ਸਬ ਡਵੀਜ਼ਨਲ ਹਸਪਤਾਲ ਤਲਵੰਡੀ ਸਾਬੋ ਵਿਖੇ ਗਲੋਕੋਮਾ ਹਫ਼ਤਾ ਮਨਾਇਆ ਗਿਆ। ਇਸ ਮੌਕੇ ਅੱਖਾਂ ਦੇ ਮਾਹਰ ਡਾ. ਹਰਲੀਨ ਕੌਰ ਵੱਲੋਂ ਗਲੋਕੋਮਾ ਬਾਰੇ ਵਿਸਥਾਰ ਨਾਲ ਲੈਕਚਰ ਦਿੱਤਾ ਗਿਆ।ਉਨ੍ਹਾਂ ਦੱਸਿਆ ਕਿ ਗਲੋਕੋਮਾ, ਜਿਸ ਨੂੰ ਆਮ ਤੌਰ 'ਤੇ ਕਾਲਾ ਮੋਤੀਆ ਕਿਹਾ ਜਾਂਦਾ ਹੈ, ਅੱਖਾਂ ਦੀ ਇੱਕ ਗੰਭੀਰ ਬਿਮਾਰੀ ਹੈ, ਜਿਸ ਵਿੱਚ ਅੱਖ ਦੇ ਅੰਦਰ ਦਬਾਅ ਵੱਧ ਜਾਣ ਕਰਕੇ ਅੱਖ ਦੀ ਨਸ ਨੂੰ ਨੁਕਸਾਨ ਪਹੁੰਚਦਾ ਹੈ।ਇਹ ਨਸ ਅੱਖ ਤੋਂ ਦਿਮਾਗ ਤੱਕ ਦੇਖਣ ਵਾਲੇ ਸੰਕੇਤ ਲੈ ਕੇ ਜਾਂਦੀ ਹੈ।ਜੇ ਸਮੇਂ 'ਤੇ ਇਲਾਜ ਨਾ ਕੀਤਾ ਜਾਵੇ ਤਾਂ ਹੌਲੀ-ਹੌਲੀ ਨਜ਼ਰ ਘਟ ਸਕਦੀ ਹੈ ਤੇ ਕਈ ਵਾਰ ਅੰਨ੍ਹਾਪਣ ਵੀ ਹੋ ਸਕਦਾ ਹੈ।ਉਨ੍ਹਾਂ ਦੱਸਿਆ ਕਿ ਨਜ਼ਰ ਹੌਲੀ-ਹੌਲੀ ਘਟਣਾ, ਪਾਸੇ ਦੀ ਨਜ਼ਰ ਘਟ ਜਾਣਾ, ਅੱਖਾਂ ਵਿੱਚ ਦਰਦ ਜਾਂ ਭਾਰਾਪਣ, ਲਾਈਟ ਦੇ ਆਲੇ-ਦੁਆਲੇ ਚੱਕਰ (Halos) ਦਿਖਾਈ ਦੇਣ, ਸਿਰ ਦਰਦ ਜਾਂ ਅੱਖਾਂ ਵਿੱਚ ਜਲਣ ਗਲੋਕੋਮਾ ਦੇ ਆਮ ਲੱਛਣ ਹਨ।ਕਈ ਵਾਰ ਸ਼ੁਰੂਆਤੀ ਦੌਰ ਵਿੱਚ ਕੋਈ ਲੱਛਣ ਨਹੀਂ ਹੁੰਦੇ, ਇਸ ਲਈ ਸਮੇਂ-ਸਮੇਂ 'ਤੇ ਅੱਖਾਂ ਦੀ ਜਾਂਚ ਬਹੁਤ ਜ਼ਰੂਰੀ ਹੈ।40 ਸਾਲ ਤੋਂ ਉੱਪਰ ਦੇ ਵਿਅਕਤੀ, ਜਿਨ੍ਹਾਂ ਦੇ ਪਰਿਵਾਰ ਵਿੱਚ ਕਿਸੇ ਨੂੰ ਗਲੋਕੋਮਾ ਹੋਵੇ, ਸ਼ੂਗਰ ਜਾਂ ਬਲੱਡ ਪ੍ਰੈਸ਼ਰ ਵਾਲੇ ਮਰੀਜ਼, ਲੰਮੇ ਸਮੇਂ ਤੱਕ ਸਟੇਰਾਇਡ ਦਵਾਈਆਂ ਵਰਤਣ ਵਾਲੇ ਲੋਕ, ਅੱਖਾਂ ਦੀ ਚੋਟ ਜਾਂ ਸਰਜਰੀ ਹੋ ਚੁੱਕੀ ਹੋਵੇ, ਜ਼ਿਆਦਾ ਨਜ਼ਦੀਕ ਜਾਂ ਦੂਰ ਦੀ ਨਜ਼ਰ ਵਾਲੇ ਲੋਕਾਂ ਨੂੰ ਅਪੀਲ ਕੀਤੀ ਕਿ ਸਮੇਂ-ਸਮੇਂ 'ਤੇ ਆਪਣੀਆਂ ਅੱਖਾਂ ਦੀ ਜਾਂਚ ਕਰਵਾਉਣ ਤਾਂ ਜੋ ਇਸ ਬਿਮਾਰੀ ਦੀ ਸ਼ੁਰੂਆਤੀ ਪੜਾਅ ਵਿੱਚ ਹੀ ਪਛਾਣ ਹੋ ਸਕੇ।

## ਗੁਰੂ ਕਾਸ਼ੀ ਕੈਂਪਸ ਵਿਖੇ ਕੌਮਾਂਤਰੀ ਮਹਿਲਾ ਦਿਵਸ ਮਨਾਇਆ

**ਤਲਵੰਡੀ ਸਾਬੋ (ਜਗਦੀਪ ਗਿੱਲ)**- ਪੰਜਾਬੀ ਯੂਨੀਵਰਸਿਟੀ ਦੇ ਸਥਾਨਕ ਕੈਂਪਸ ਵਿਖੇ ਭਾਸ਼ਾਵਾਂ ਵਿਭਾਗ ਤੇ ਸੋਸ਼ਲ ਸਾਇੰਸਜ਼ ਵਿਭਾਗ ਦੇ ਐੱਨ.ਐੱਸ.ਐੱਸ. ਯੂਨਿਟ ਵੱਲੋਂ ਕੌਮਾਂਤਰੀ ਮਹਿਲਾ ਦਿਵਸ ਮੌਕੇ ਇੱਕ ਵਿਸ਼ੇਸ਼ ਲੈਕਚਰ ਕੀਤਾ ਗਿਆ।ਇਸ ਮੌਕੇ ਮੁੱਖ ਵਕਤਾ ਵਜੋਂ ਡਾ. ਨਵਦੀਪ ਕੌਰ ਮੁਖੀ, ਪੋਸਟ ਗ੍ਰੈਜੂਏਸ਼ਨ ਵਿਭਾਗ, ਰੀਜਨਲ ਸੈਂਟਰ ਬਠਿੰਡਾ ਨੇ ਸ਼ਿਰਕਤ ਕੀਤੀ।ਪ੍ਰੋਗਰਾਮ ਦੇ ਕੋਆਰਡੀਨੇਟਰ ਡਾ ਸੁਨੀਤਾ ਰਾਣੀ ਨੇ ਮਹਿਲਾ ਦਿਵਸ ਦੀ ਮੁਬਾਰਕਬਾਦ ਦਿੰਦੇ ਹੋਏ ਸਮਾਜ ਦੇ ਵਿਕਾਸ ਵਿੱਚ ਮਹਿਲਾਵਾਂ ਦੀ ਭੂਮਿਕਾ ਬਾਰੇ ਚਾਨਣਾ ਪਾਇਆ ਤੇ ਮੁੱਖ ਵਕਤਾ ਦੀ ਜਾਣ-ਪਛਾਣ ਕਰਵਾਈ।ਡਾ. ਸੰਦੀਪ ਰਾਣਾ ਮੁਖੀ ਭਾਸ਼ਾਵਾਂ ਵਿਭਾਗ ਨੇ ਆਪਣੇ ਸਵਾਗਤੀ ਭਾਸ਼ਣ 'ਚ ਕੌਮਾਂਤਰੀ ਮਹਿਲਾ ਦਿਵਸ ਨੂੰ ਸਿਰਫ਼ ਇੱਕ ਦਿਨ ਮਨਾਉਣ ਤੱਕ ਸੀਮਿਤ ਰੱਖਣ ਤੋਂ ਇਲਾਵਾ ਸਮਾਜ ਵਿੱਚ ਮਹਿਲਾਵਾਂ ਦੇ ਅਧਿਕਾਰਾਂ ਤੇ ਸਨਮਾਨ ਲਈ ਲਗਾਤਾਰ ਯਤਨਾਂ ਦਾ ਸੱਦਾ ਦਿੱਤਾ।ਡਾ. ਨਵਦੀਪ ਕੌਰ ਨੇ ਆਧੁਨਿਕ ਸਮੇਂ ਵਿੱਚ ਔਰਤਾਂ ਸਾਹਮਣੇ ਆ ਰਹੀਆਂ ਵੱਖ-ਵੱਖ ਸਮੱਸਿਆਵਾਂ ਬਾਰੇ ਚਾਨਣਾ ਪਾਇਆ।ਉਨ੍ਹਾਂ ਜ਼ੋਰ ਦਿੱਤਾ ਕਿ ਮਹਿਲਾਵਾਂ ਨੂੰ ਸਿੱਖਿਆ, ਰੁਜ਼ਗਾਰ ਤੇ ਸਮਾਜਿਕ ਖੇਤਰਾਂ ਵਿੱਚ ਬਰਾਬਰ ਦੇ ਮੌਕੇ ਮਿਲਣੇ ਚਾਹੀਦੇ ਹਨ ਤਾਂ ਜੋ ਉਹ ਆਪਣੀ ਸਮਰੱਥਾ ਨੂੰ ਪੂਰੀ ਤਰ੍ਹਾਂ ਪ੍ਰਗਟ ਕਰ ਸਕਣ।ਉਨ੍ਹਾਂ ਮਹਿਲਾ ਸਸ਼ਕਤੀਕਰਨ ਨੂੰ ਸਮਾਜਿਕ ਤਰੱਕੀ ਦੀ ਮਜ਼ਬੂਤ ਨੀਂਹ ਕਰਾਰ ਦਿੱਤਾ।ਕੈਂਪਸ ਡਾਇਰੈਕਟਰ ਪ੍ਰੋਫੈਸਰ ਅਮਨਦੀਪ ਸਿੰਘ ਨੇ ਮਹਿਲਾ ਦਿਵਸ ਦੀ ਵਧਾਈ ਦਿੰਦੇ ਹੋਏ ਇਸ ਕਾਰਜਕ੍ਰਮ ਦੀ ਸ਼ਲਾਘਾ ਕੀਤੀ।ਡਾ. ਬਲਦੇਵ ਸਿੰਘ ਸ਼ੇਰਗਿੱਲ ਮੁਖੀ ਸੋਸ਼ਲ ਸਾਇੰਸਜ਼ ਵਿਭਾਗ ਨੇ ਸਾਰਿਆਂ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਸਿੱਖਿਆ ਸੰਸਥਾਵਾਂ ਦਾ ਫਰਜ਼ ਹੈ ਕਿ ਉਹ ਵਿਦਿਆਰਥੀਆਂ ਵਿੱਚ ਸਮਾਨਤਾ ਤੇ ਸਮਾਜਿਕ ਜ਼ਿੰਮੇਵਾਰੀ ਦੇ ਮੂਲ ਮੰਤਰ ਨੂੰ ਮਜ਼ਬੂਤ ਕਰਨ।ਮੰਚ ਸੰਚਾਲਨ ਦੀ ਭੂਮਿਕਾ ਪ੍ਰੋ. ਗੁਰਮੀਤ ਸਿੰਘ ਵੱਲੋਂ ਨਿਭਾਈ ਗਈ।ਇਸ ਮੌਕੇ ਅਧਿਆਪਕ ਸਾਹਿਬਾਨ, ਸਮੁੱਚੀ ਐੱਨ ਐੱਸ ਐੱਸ ਟੀਮ ਤੇ ਵਿਦਿਆਰਥੀ ਵੱਡੀ ਗਿਣਤੀ ਵਿੱਚ ਸ਼ਾਮਲ ਹੋਏ।




## ਪ੍ਰਿੰ. ਇੰਦਰਜੀਤ ਕੌਰ ਨੇ ਸੁਣੀਆਂ ਲੋਕਾਂ ਦੀਆਂ ਸਮੱਸਿਆਵਾਂ



**ਲੁਧਿਆਣਾ (ਸਿੰਗਲਾ)**- ਜ਼ੋਨ ਏ ਵਿੱਚ ਜਨਤਾ ਨਾਲ ਗੱਲਬਾਤ ਕਰਦੇ ਹੋਏ ਲੁਧਿਆਣਾ ਦੇ ਮੇਅਰ ਪ੍ਰਿੰਸੀਪਲ ਇੰਦਰਜੀਤ ਕੌਰ ਵੱਲੋਂ ਲੋਕਾਂ ਦੀਆਂ ਸਮੱਸਿਆਵਾਂ ਨੂੰ ਸੁਣਿਆ ਗਿਆ।ਇਸ ਮੌਕੇ ਸਬੰਧਤ ਅਧਿਕਾਰੀ ਨੂੰ ਮੌਕੇ 'ਤੇ ਬੁਲਾਇਆ ਗਿਆ ਤੇ ਬਹੁਤ ਸਾਰੇ ਮੁੱਦਿਆਂ ਦਾ ਤੁਰੰਤ ਹੱਲ ਕੀਤਾ ਗਿਆ।ਇਸ ਤੋਂ ਇਲਾਵਾ ਮੇਅਰ ਇੰਦਰਜੀਤ ਕੌਰ ਵੱਲੋਂ ਕੁਝ ਹੋਰ ਮੁੱਦਿਆਂ ਦੇ ਜਲਦੀ ਹੱਲ ਲਈ ਅਧਿਕਾਰੀਆਂ ਨੂੰ ਜ਼ਰੂਰੀ ਨਿਰਦੇਸ਼ ਜਾਰੀ ਕੀਤੇ ਗਏ, ਤਾਂ ਜੋ ਜਨਤਾ ਨੂੰ ਕਿਸੇ ਵੀ ਤਰ੍ਹਾਂ ਦੀ ਅਸੁਵਿਧਾ ਦਾ ਸਾਹਮਣਾ ਨਾ ਕਰਨਾ ਪਵੇ।ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਉਨ੍ਹਾਂ ਕਿਹਾ ਕਿ ਸਾਡਾ ਟੀਚਾ ਲੋਕਾਂ ਦੀ ਹਰ ਸਮੱਸਿਆ ਨੂੰ ਸੁਣਨਾ ਤੇ ਪਹਿਲ ਦੇ ਆਧਾਰ 'ਤੇ ਹੱਲ ਕਰਨਾ ਹੈ।ਅਸੀਂ ਹਮੇਸ਼ਾ ਜਨਤਕ ਸੇਵਾ ਤੇ ਵਿਕਾਸ ਲਈ ਵਚਨਬੱਧ ਹਾਂ।

## 1 ਕਰੋੜ 57 ਲੱਖ ਰੁਪਏ ਦੇ ਵਿਕਾਸ ਕਾਰਜ ਸ਼ੁਰੂ ਕਰਾਏ

**ਧੂਰੀ (ਮਨੋਹਰ ਸਿੰਘ ਸੱਗੂ)** ਮੁੱਖ ਮੰਤਰੀ ਭਗਵੰਤ ਮਾਨ ਦੇ ਓ ਐਸ ਡੀ ਸੁਖਵੀਰ ਸਿੰਘ ਨੇ ਵਿਧਾਨ ਸਭਾ ਹਲਕਾ ਧੂਰੀ ਦੇ ਪਿੰਡਾਂ ਅੰਦਰ ਚੱਲ ਰਹੇ ਵਿਕਾਸ ਕਾਰਜਾਂ ਦਾ ਜਾਇਜ਼ਾ ਲੈਣ ਤੇ ਵਿਕਾਸ ਕਾਰਜਾਂ ਦੀ ਸ਼ੁਰੂਆਤ ਕਰਾਉਣ ਲਈ ਪਿੰਡ ਸ਼ੇਰਪੁਰ ਸੋਢੀਆਂ, ਢਢੋਗਲ ਤੇ ਜੈਨਪੁਰ ਦਾ ਦੌਰਾ ਕੀਤਾ। ਉਨ੍ਹਾਂ ਦੌਰੇ ਦੌਰਾਨ ਕਰੀਬ 1 ਕਰੋੜ 57 ਲੱਖ ਰੁਪਏ ਦੀ ਲਾਗਤ ਨਾਲ ਹੋਣ ਵਾਲੇ ਵਿਕਾਸ ਕਾਰਜਾਂ ਦੀ ਸ਼ੁਰੂਆਤ ਵੀ ਕਰਵਾਈ ਅਤੇ ਪਿੰਡ ਵਾਸੀਆਂ ਦੀਆਂ ਸ਼ਿਕਾਇਤਾਂ ਅਤੇ ਸਮੱਸਿਆਵਾਂ ਵੀ ਸੁਣੀਆਂ।ਉਨ੍ਹਾਂ ਕਿਹਾ ਕਿ ਪੰਜਾਬ ਦੀ ਆਪ ਸਰਕਾਰ ਵੱਲੋਂ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਸੂਬੇ ਦੇ ਸਰਵਪੱਖੀ ਵਿਕਾਸ ਲਈ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ।



## ਮਾਡਰਨ ਗਰੁੱਪ ਆਫ ਕਾਲਜਿਜ਼ ਵੱਲੋਂ ਵਿਦਿਆਰਥੀਆਂ ਦਾ ਟੂਰ

**ਚੀਮਾ ਮੰਡੀ (ਰਵਿੰਦਰ ਚੀਮਾ)** ਮਾਡਰਨ ਗਰੁੱਪ ਆਫ ਕਾਲਜਿਜ਼ ਬੀਰ ਕਲਾਂ (ਸੰਗਰੂਰ) ਵੱਲੋਂ ਵਿਦਿਆਰਥੀਆਂ ਲਈ ਇੱਕ ਇਤਿਹਾਸਕ ਅਤੇ ਜਾਣਕਾਰੀ ਭਰਿਆ ਟੂਰ ਆਯੋਜਿਤ ਕੀਤਾ ਗਿਆ। ਇਸ ਦੌਰਾਨ ਵਿਦਿਆਰਥੀਆਂ ਨੂੰ ਇਤਿਹਾਸਕ ਤੇ ਧਾਰਮਿਕ ਥਾਵਾਂ ਦੇ ਦਰਸ਼ਨ ਕਰਵਾਏ ਗਏ।ਟੂਰ ਦੌਰਾਨ ਵਿਦਿਆਰਥੀਆਂ ਨੇ ਤਾਜ ਮਹਿਲ (ਆਗਰਾ), ਫਤਿਹਪੁਰ ਸੀਕਰੀ, ਮਥੁਰਾ, ਵ੍ਰਿੰਦਾਵਨ ਤੇ ਹੋਰ ਪ੍ਰਸਿੱਧ ਥਾਵਾਂ ਦਾ ਦੌਰਾ ਕੀਤਾ। ਇਸ ਦੌਰੇ ਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਭਾਰਤ ਦੀ ਇਤਿਹਾਸਕ ਤੇ ਧਾਰਮਿਕ ਵਿਰਾਸਤ ਬਾਰੇ ਜਾਣਕਾਰੀ ਦੇਣਾ ਸੀ।ਵਿਦਿਆਰਥੀਆਂ ਨੇ ਆਗਰਾ ਵਿੱਚ ਸਥਿਤ ਤਾਜ ਮਹਿਲ ਦੀ ਸੁੰਦਰਤਾ ਨੂੰ ਨਜ਼ਦੀਕੋਂ ਦੇਖਿਆ ਤੇ ਫਤਿਹਪੁਰ ਸੀਕਰੀ ਦੇ ਇਤਿਹਾਸਕ ਮਹੱਲਾਂ ਤੇ ਇਮਾਰਤਾਂ ਬਾਰੇ ਜਾਣਕਾਰੀ ਪ੍ਰਾਪਤ ਕੀਤੀ।ਇਸ ਤੋਂ ਇਲਾਵਾ ਮਥੁਰਾ ਤੇ ਵ੍ਰਿੰਦਾਵਨ ਵਿੱਚ ਧਾਰਮਿਕ ਸਥਾਨਾਂ ਦੇ ਦਰਸ਼ਨ ਕਰਕੇ ਵਿਦਿਆਰਥੀਆਂ ਨੇ ਆਧਿਆਤਮਕ ਮਾਹੌਲ ਦਾ ਅਨੁਭਵ ਕੀਤਾ।ਇਸ ਮੌਕੇ ਕਾਲਜ ਦੇ ਅਧਿਆਪਕ ਵੀ ਵਿਦਿਆਰਥੀਆਂ ਦੇ ਨਾਲ ਮੌਜੂਦ ਰਹੇ ਤੇ ਉਨ੍ਹਾਂ ਸਥਾਨਾਂ ਦੀ ਇਤਿਹਾਸਕ ਮਹੱਤਤਾ ਬਾਰੇ ਜਾਣਕਾਰੀ ਦਿੱਤੀ।ਵਿਦਿਆਰਥੀਆਂ ਨੇ ਇਸ ਦੌਰੇ ਨੂੰ ਬਹੁਤ ਹੀ ਰੌਚਕ ਤੇ ਗਿਆਨਵਰਧਕ ਦੱਸਿਆ।ਇਸ ਟੂਰ ਵਿੱਚ ਅਸਿਟੈਂਟ ਪ੍ਰੋਫੈਸਰ ਰਮਨਦੀਪ ਕੌਰ, ਅਮਨਜੀਤ ਗਰੇਵਾਲ, ਗੁਰਸੇਵਕ ਸਿੰਘ, ਜਗਤਾਰ ਸਿੰਘ, ਸੋਨੀਆ ਗੌੜ, ਇੰਦਰਜੀਤ ਕੌਰ ਵੱਲੋਂ ਵਿਦਿਆਰਥੀਆਂ ਨੂੰ ਸਹਿਯੋਗ ਕੀਤਾ ਗਿਆ।



## ਫੁੱਟਬਾਲ ਖਿਡਾਰੀ ਨਿਰਮਲ ਸਿੰਘ ਨਿੰਮਾ ਦੀ ਯਾਦ ਨੂੰ ਸਮਰਪਤ ਪੇਂਡੂ ਖੇਡ ਮੇਲਾ ਅੱਜ ਤੋਂ

**ਬੱਧਨੀ ਕਲਾਂ (ਲਵਲੀ ਮਾਛੀਕੇ)** ਗ੍ਰਾਮ ਪੰਚਾਇਤ ਹਠੂਰ ਦੀ ਇੱਕ ਵਿਸ਼ੇਸ਼ ਮੀਟਿੰਗ ਸਰਪੰਚ ਜਸਕਮਲਪ੍ਰੀਤ ਸਿੰਘ ਨਿੱਪਾ ਹਠੂਰ ਦੀ ਅਗਵਾਈ ਹੇਠ ਸਕੂਲ ਦੇ ਖੇਡ ਗਰਾਊਂਡ ਹਠੂਰ ਵਿਖੇ ਹੋਈ।ਇਸ ਮੀਟਿੰਗ ਨੂੰ ਸੰਬੋਧਨ ਕਰਦਿਆਂ ਸਰਪੰਚ ਜਸਕਮਲਪ੍ਰੀਤ ਸਿੰਘ ਨਿੱਪਾ ਨੇ ਦੱਸਿਆ ਕਿ ਪਿੰਡ ਵਾਸੀਆਂ, ਐੱਨ ਆਰ ਆਈ ਵੀਰਾਂ ਤੇ ਅਜ਼ਾਦ ਸਪੋਰਟਸ ਐਂਡ ਵੈੱਲਫੇਅਰ ਕਲੱਬ ਵੱਲੋਂ ਫੁੱਟਬਾਲ ਖਿਡਾਰੀ ਸਵ: ਨਿਰਮਲ ਸਿੰਘ ਨਿੰਮਾ ਦੀ ਯਾਦ ਨੂੰ ਸਮਰਪਤ 18ਵਾਂ ਸ਼ਾਨਦਾਰ ਪੇਂਡੂ ਖੇਡ ਮੇਲਾ 13, 14 ਤੇ 15 ਮਾਰਚ ਨੂੰ ਅਮਰਜੀਤ ਸਿੰਘ ਅੰਬੀ ਸਟੇਡੀਅਮ ਹਠੂਰ ਵਿਖੇ ਕਰਵਾਇਆ ਜਾ ਰਿਹਾ ਹੈ।ਉਨ੍ਹਾ ਦੱਸਿਆ ਕਿ ਇਸ ਟੂਰਨਾਮੈਂਟ ਵਿੱਚ ਹਾਕੀ ਪਿੰਡ ਵਾਰ, ਫੁੱਟਬਾਲ, ਵਾਲੀਬਾਲ (ਕੱਚੀ ਪਿੰਡ ਵਾਰ) ਤੇ ਤਾਸ਼ ਸੀਪ ਦੇ ਮੈਚ ਕਰਵਾਏ ਜਾਣਗੇ।ਉਨ੍ਹਾ ਦੱਸਿਆ ਕਿ ਜੇਤੂ ਟੀਮਾਂ ਨੂੰ ਦਿਲ ਖਿੱਚਵੇਂ ਇਨਾਮ ਦੇ ਕੇ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਜਾਵੇਗਾ।ਉਨ੍ਹਾ ਇਲਾਕਾ ਨਿਵਾਸੀਆਂ ਨੂੰ ਇਸ ਪੇਂਡੂ ਖੇਡ ਮੇਲੇ ਵਿੱਚ ਪਹੁੰਚਣ ਦਾ ਖੁੱਲ੍ਹਾ ਸੱਦਾ ਦਿੱਤਾ।ਇਸ ਮੌਕੇ ਉਨ੍ਹਾ ਨਾਲ ਪਾਲ ਸਿੰਘ, ਸ਼ਿੰਦਾ ਸਿੰਘ, ਜੁਗਨੂੰ ਸਿੰਘ, ਗੁਰਪ੍ਰੀਤ ਸਿੰਘ, ਜਸਵੰਤ ਸਿੰਘ, ਬਲਜਿੰਦਰ ਸਿੰਘ, ਨਿਰਭੈ ਸਿੰਘ, ਜਗਦੇਵ ਸਿੰਘ, ਜੱਸਾ ਸਿੰਘ, ਦੁੱਲਾ ਸਿੰਘ ਯੂ ਐੱਸ ਏ, ਹਰਜੋਤ ਸਿੰਘ, ਰੇਸ਼ਮ ਸਿੰਘ, ਪਾਲ ਸਿੰਘ, ਕਮਲਜੀਤ ਸਿੰਘ, ਪਾਲੀ ਕੈਨੇਡਾ, ਛਿੰਦਾ ਉੱਪਲ, ਹਾਕੀ ਕੋਚ ਪ੍ਰੀਤਮ ਸਿੰਘ, ਰਾਣਾ ਸਿੰਘ, ਪੰਚ ਅਮਨਦੀਪ ਸਿੰਘ ਅੰਮੂ, ਸਾਬਕਾ ਪੰਚ ਅਮਨਪ੍ਰੀਤ ਸਿੰਘ ਫਰਵਾਹਾ, ਸੁਖਵਿੰਦਰ ਸਿੰਘ ਫਰਵਾਹਾ, ਗੁਰਲਾਲ ਸਿੰਘ ਉੱਪਲ, ਜੋਤ ਸਿੰਘ, ਸੁਖਦੀਪ ਸਿੰਘ ਕੈਨੇਡਾ, ਨਿੱਕਾ ਸਿੰਘ, ਪੰਚ ਰਣਜੋਧ ਜੋਧਾ, ਅਕਾਸ ਸਿੰਘ ਸਮੂਹ ਗ੍ਰਾਮ ਪੰਚਾਇਤ ਤੇ ਕਲੱਬ ਦੇ ਨੌਜਵਾਨ ਹਾਜ਼ਰ ਸਨ।

## ਧਰਮ ਯੁੱਧ ਮੋਰਚੇ ਦੀ ਹਮਾਇਤ 'ਚ ਡੀ ਸੀ ਦਫ਼ਤਰ ਵਿਖੇ ਧਰਨਾ 18 ਨੂੰ

**ਧਰਮ ਯੁੱਧ ਮੋਰਚੇ ਦੀ ਹਮਾਇਤ ਕਰਨਾ ਹਰ ਸਿੱਖ ਦਾ ਫ਼ਰਜ਼ : ਰੱਖੜਾ**

**ਸਮਾਣਾ/ਪਟਿਆਲਾ (ਇਕਬਾਲ ਸਿੰਘ ਬੱਲ/ਰਜਿੰਦਰ ਥਿੰਦ)**- ਸਾਬਕਾ ਕੈਬਨਿਟ ਮੰਤਰੀ ਤੇ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਦੇ ਸੀਨੀਅਰ ਆਗੂ ਸੁਰਜੀਤ ਸਿੰਘ ਰੱਖੜਾ ਵੱਲੋਂ ਆਪਣੇ ਗ੍ਰਹਿ



ਵਿਖੇ ਹਲਕਾ ਸਮਾਣਾ ਦੇ ਮੋਹਤਬਰ ਸਾਥੀਆਂ ਨਾਲ ਸਮਾਣਾ 'ਚ ਚੱਲ ਰਹੇ ਧਰਮ ਯੁੱਧ ਮੋਰਚੇ ਦੇ ਸੰਦਰਭ ਅਹਿਮ ਮੀਟਿੰਗ ਕੀਤੀ ਗਈ।ਇਸ ਮੀਟਿੰਗ 'ਚ ਫ਼ੈਸਲਾ ਲਿਆ ਗਿਆ ਕਿ ਧਾਰਮਿਕ ਗ੍ਰੰਥਾਂ ਦੀ ਬੇਅਦਬੀ ਕਰਨ ਵਾਲੇ ਅਪਰਾਧੀਆਂ ਵਿਰੁੱਧ ਸਖ਼ਤ ਕਾਨੂੰਨ ਬਣਾਉਣ ਦੀ ਮੰਗ ਨੂੰ ਲੈ ਕੇ ਸਮਾਣਾ 'ਚ ਚੱਲ ਰਹੇ ਧਰਮ ਯੁੱਧ ਮੋਰਚੇ ਦੀ ਹਮਾਇਤ ਵਿੱਚ 18 ਮਾਰਚ 2026 ਨੂੰ ਡੀ ਸੀ ਦਫ਼ਤਰ ਪਟਿਆਲਾ ਵਿਖੇ ਰੋਸ ਪ੍ਰਦਰਸ਼ਨ ਕੀਤਾ ਜਾਵੇਗਾ।ਸੁਰਜੀਤ ਸਿੰਘ ਰੱਖੜਾ ਨੇ ਦੱਸਿਆ ਕਿ ਪਿਛਲੇ 16 ਮਹੀਨਿਆਂ ਤੋਂ ਸਮਾਣਾ 'ਚ 400 ਫੁੱਟ ਉੱਚੇ ਟਾਵਰ 'ਤੇ ਬੈਠ ਕੇ ਭਾਈ ਗੁਰਜੀਤ ਸਿੰਘ ਖ਼ਾਲਸਾ ਜੀ ਧਾਰਮਿਕ ਗ੍ਰੰਥਾਂ ਦੀ ਬੇਅਦਬੀ ਖ਼ਿਲਾਫ਼ ਸਖ਼ਤ ਕਾਨੂੰਨ ਬਣਾਉਣ ਦੀ ਮੰਗ ਕਰ ਰਹੇ ਹਨ ਤੇ ਇਹ ਸੰਘਰਸ਼ ਪੰਥ ਦੀਆਂ ਭਾਵਨਾਵਾਂ ਨਾਲ ਜੁੜਿਆ ਹੋਇਆ ਹੈ, ਜਿਸ ਦੀ ਹਮਾਇਤ ਕਰਨਾ ਹਰ ਸਿੱਖ ਦਾ ਫਰਜ਼ ਬਣਦਾ ਹੈ। ਉਨ੍ਹਾਂ ਸਮੁੱਚੀ ਸਾਧ ਸੰਗਤ ਨੂੰ ਅਪੀਲ ਕੀਤੀ ਕਿ 18 ਮਾਰਚ ਨੂੰ ਡੀ ਸੀ ਦਫ਼ਤਰ ਪਟਿਆਲਾ ਵਿਖੇ ਹੋਣ ਵਾਲੇ ਰੋਸ ਧਰਨੇ ਵਿੱਚ ਵੱਡੀ ਗਿਣਤੀ ਵਿੱਚ ਸ਼ਾਮਲ ਹੋ ਕੇ ਭਾਈ ਗੁਰਜੀਤ ਸਿੰਘ ਖ਼ਾਲਸਾ ਦੇ ਸਿਦਕ ਤੇ ਸੰਘਰਸ਼ ਦੀ ਹਮਾਇਤ ਕੀਤੀ ਜਾਵੇ।ਸੰਗਤਾਂ ਦੀ ਇਕਜੁੱਟਤਾ ਨਾਲ ਹੀ ਧਾਰਮਿਕ ਗ੍ਰੰਥਾਂ ਦੀ ਬੇਅਦਬੀ ਕਰਨ ਵਾਲਿਆਂ ਵਿਰੁੱਧ ਸਖ਼ਤ ਕਾਨੂੰਨ ਬਣਾਉਣ ਦੀ ਮੰਗ ਨੂੰ ਮਜ਼ਬੂਤੀ ਮਿਲੇਗੀ।

## ਅਰੁਨਿੰਦਰ ਮਾਂਗਟ ਨੇ ਮਾਰਕੀਟ ਕਮੇਟੀ ਦੇ ਸਕੱਤਰ ਵਜੋਂ ਅਹੁਦਾ ਸੰਭਾਲਿਆ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)** ਸਥਾਨਕ ਮਾਰਕੀਟ ਕਮੇਟੀ ਦਫ਼ਤਰ ਵਿਖੇ ਬਤੌਰ ਸੁਪਰਵਾਈਜ਼ਰ ਸੇਵਾਵਾਂ ਨਿਭਾਉਣ ਵਾਲੇ ਅਰੁਨਿੰਦਰ ਸਿੰਘ ਮਾਂਗਟ ਨੇ ਪਦਉੱਨਤ ਹੋਣ ਤੋਂ ਬਾਅਦ ਅੱਜ ਇੱਥੇ ਕਮੇਟੀ ਵਿੱਚ ਹੀ ਸਕੱਤਰ ਵਜੋਂ ਆਪਣਾ ਅਹੁਦਾ ਸੰਭਾਲ ਲਿਆ ਹੈ। ਅਹੁਦਾ ਸੰਭਾਲਣ 'ਤੇ ਮਾਰਕੀਟ ਕਮੇਟੀ ਚੇਅਰਮੈਨ ਸੁਖਵਿੰਦਰ ਸਿੰਘ ਗਿੱਲ ਤੇ ਸਮੂਹ ਸਟਾਫ਼ ਵੱਲੋਂ ਉਨ੍ਹਾਂ ਦਾ ਭਰਵਾਂ ਸਵਾਗਤ ਕੀਤਾ ਗਿਆ। ਇਸ ਮੌਕੇ ਚੇਅਰਮੈਨ ਸੁਖਵਿੰਦਰ ਸਿੰਘ ਗਿੱਲ ਨੇ ਕਿਹਾ ਕਿ ਨਵ-ਨਿਯੁਕਤ ਸਕੱਤਰ ਅਰੁਨਿੰਦਰ ਸਿੰਘ ਮਾਂਗਟ ਇੱਕ ਬਹੁਤ ਹੀ ਈਮਾਨਦਾਰ ਤੇ ਨੇਕ ਦਿਲ ਇਨਸਾਨ ਹਨ, ਜਿਨ੍ਹਾਂ ਨੇ ਦਫਤਰ ਵਿੱਚ ਸੁਪਰਵਾਈਜ਼ਰ ਵਜੋਂ ਆਪਣੀਆਂ ਸੇਵਾਵਾਂ ਨਿਭਾਈਆਂ ਤੇ ਹੁਣ ਤਰੱਕੀ ਮਿਲਣ 'ਤੇ ਸਕੱਤਰ ਵਜੋਂ ਆਪਣੀ ਸੇਵਾ ਨਿਭਾਉਣਗੇ। ਉਨ੍ਹਾਂ ਕਿਹਾ ਕਿ ਮਾਰਕੀਟ ਕਮੇਟੀ ਦਾ ਉਦੇਸ਼ ਮੰਡੀ ਵਿਚ ਵਿਕਣ ਆ ਰਹੀਆਂ ਫਸਲਾਂ ਦੇ ਸੁਚਾਰੂ ਢੰਗ ਨਾਲ ਖਰੀਦ ਪ੍ਰਬੰਧ ਚਲਾਉਣਾ ਤੇ ਇਸ ਦੀ ਸਫ਼ਾਈ ਰੱਖਣਾ ਹੈ। ਇਸ ਮੌਕੇ ਸਕੱਤਰ ਕਮਲਦੀਪ ਸਿੰਘ, ਜਗਮੀਤ ਸਿੰਘ ਮੱਕੜ, ਅਮਨਦੀਪ ਸਿੰਘ ਤਨੇਜਾ, ਨਿਰਮਲ ਸਿੰਘ (ਸਾਰੇ ਕੌਂਸਲਰ), ਆੜ੍ਹਤੀ ਐਸੋਸੀਏਸ਼ਨ ਦੇ ਸਾਬਕਾ ਪ੍ਰਧਾਨ ਹਰਜਿੰਦਰ ਸਿੰਘ ਖੇੜਾ, ਟਹਿਲ ਸਿੰਘ ਔਜਲਾ, ਸੂਬਾ ਉੱਪ-ਪ੍ਰਧਾਨ ਅਰਵਿੰਦਰਪਾਲ ਵਿੱਕੀ, ਬਲਵਿੰਦਰ ਸਿੰਘ ਬਿੰਦਰ, ਗੁਰਨਾਮ ਸਿੰਘ ਖਾਲਸਾ, ਜਸਵੀਰ ਸਿੰਘ ਗਿੱਲ, ਨਰਿੰਦਰਪਾਲ ਨਿੰਦੀ, ਪਰਵੀਨ ਮੱਕੜ, ਲੇਖਾਕਾਰ ਪੁਸ਼ਪਿੰਦਰ ਕੁਮਾਰ, ਸੁਰਜੀਤ ਸਿੰਘ ਚੀਮਾ, ਲੇਖਾਕਾਰ ਹਰਜਿੰਦਰ ਸਿੰਘ ਖੰਨਾ, ਰਿਕਾਰਡ ਕੀਪਰ ਗੁਰਕੰਵਲ ਸਿੰਘ ਗਿੱਲ, ਕਲਰਕ ਅਵਤਾਰ ਸਿੰਘ ਔਜਲਾ, ਦਵਿੰਦਰ ਸਿੰਘ, ਮਾਨਵ ਮਹਿਤਾ, ਸ਼ੈਂਟੀ ਮੋਗਾ, ਗੁਰਵੀਨ ਸਿੰਘ ਗਿੱਲ ਮੌਜੂਦ ਸਨ।

## 100 ਉੱਦਮੀ ਮਹਿਲਾਵਾਂ ਨੂੰ ਕੀਤਾ ਸਨਮਾਨਤ

**ਜਲਾਲਾਬਾਦ (ਨਿਸ਼ਾ ਸ਼ਰਮਾ)**- ਪੰਜਾਬ ਸਰਕਾਰ ਵੱਲੋਂ ਉੱਦਮੀ ਮਹਿਲਾਵਾਂ ਨੂੰ ਸਨਮਾਨਤ ਕਰਨ ਲਈ ਪ੍ਰੋਗਰਾਮ ਕੀਤਾ ਗਿਆ।ਸਮਾਗਮ ਵਿੱਚ ਪਹੁੰਚੇ ਮੁੱਖ ਮਹਿਮਾਨ ਸ੍ਰੀ ਦੇਵਰਾਜ ਸ਼ਰਮਾ ਚੇਅਰਮੈਨ ਮਾਰਕੀਟ ਕਮੇਟੀ ਨੇ ਦੱਸਿਆ ਕਿ ਮੁੱਖ ਮੰਤਰੀ ਸ੍ਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਅੰਤਰਰਾਸ਼ਟਰੀ ਮਹਿਲਾ ਦਿਵਸ 2026 ਮੌਕੇ ਮਹਿਲਾਵਾਂ ਦੇ ਰੁਜ਼ਗਾਰ ਨੂੰ ਉਤਸ਼ਾਹਤ ਕਰਨ ਲਈ ਖਾਸ ਪ੍ਰੋਗਰਾਮ ਉਲੀਕੇ ਗਏ।ਹਲਕਾ ਜਲਾਲਾਬਾਦ ਅਧੀਨ ਸੈਲਫ ਹੈਲਪ ਸਮੂਹਾਂ ਦੇ 100 ਮਹਿਲਾ ਉਦਮੀਆਂ ਦੀ ਚੋਣ ਕਰਕੇ ਉਨ੍ਹਾਂ ਨੂੰ ਸਨਮਾਨਤ ਕੀਤਾ ਗਿਆ ਤੇ ਸਰਟੀਫਿਕੇਟ ਵੀ ਵੰਡੇ ਗਏ।ਨਾਲ ਹੀ ਉਨ੍ਹਾਂ ਨੇ ਸਰਕਾਰ ਵੱਲੋਂ ਮਹਿਲਾਵਾਂ ਲਈ ਕੀਤੇ ਜਾ ਰਹੇ ਕਾਰਜਾਂ ਦੀ ਸ਼ਲਾਘਾ ਕੀਤੀ। ਆਜੀਵਿਕਾ ਮਿਸ਼ਨ ਬਾਰੇ ਜਾਣਕਾਰੀ ਦਿੰਦਿਆਂ ਬੀ ਡੀ ਪੀ ਓ ਜਗਸਿਮਰਨ ਸਿੰਘ ਨੇ ਦੱਸਿਆ ਪੰਜਾਬ ਰਾਜ ਦਿਹਾਤੀ ਆਜੀਵਿਕਾ ਮਿਸ਼ਨ ਦਾ ਮੁੱਖ ਉਦੇਸ਼ ਪਿੰਡਾਂ ਦੇ ਗਰੀਬ ਪਰਵਾਰਾਂ ਦੀਆਂ ਮਹਿਲਾਵਾਂ ਨੂੰ ਸਵੈ-ਸਹਾਇਤਾ ਸਮੂਹਾਂ ਵਿੱਚ ਸੰਗਠਿਤ ਕਰਕੇ ਉਨ੍ਹਾਂ ਨੂੰ ਆਰਥਿਕ ਤੇ ਸਮਾਜਿਕ ਤੌਰ 'ਤੇ ਸਮਰੱਥ ਬਣਾਉਣਾ ਹੈ।ਇਸ ਮੌਕੇ ਲਾਡੀ, ਡਾਕਟਰ ਅਹਿਲਕਾਰ ਸਿੰਘ ਘੁਬਾਇਆ, ਭੁਪਿੰਦਰ ਸਿੰਘ ਪੰਚਾਇਤ ਸੈਕਟਰੀ, ਬਲਾਕ ਪ੍ਰੋਗਰਾਮ ਮੈਨੇਜਰ ਨਵਨੀਤ ਕੌਰ, ਕਮਲੇਸ਼ ਰਾਣੀ ਹਲਕਾ ਕੋਆਰਡੀਨੇਟਰ, ਕੈਲਾਸ਼ ਰਾਣੀ ਵਾਈਸ ਕੋਆਰਡੀਨੇਟਰ, ਬਲਾਕ ਐੱਮਆਈਐੱਸ ਤਜਿੰਦਰਪਾਲ ਸਿੰਘ ਪੀ ਐੱਸ ਆਰ ਐੱਲ ਐੱਮ, ਲਵਪ੍ਰੀਤ ਸਿੰਘ ਬੀ ਪੀ ਐੱਮ ਤੇ ਹੋਰ ਪਤਵੰਤੇ ਮੌਜੂਦ ਰਹੇ।



# 'ਆਪ' ਸਰਕਾਰ ਲੋਕਾਂ ਦੀਆਂ ਉਮੀਦਾਂ 'ਤੇ ਖਰੀ ਨਹੀਂ ਉੱਤਰੀ : ਸੁਖਬੀਰ ਬਾਦਲ

- **ਬਾਘਾ ਪੁਰਾਣਾ ਦੀ 'ਪੰਜਾਬ ਬਚਾਓ' ਰੈਲੀ 'ਚ ਆਇਆ ਵਰਕਰਾਂ ਦਾ ਹੜ੍ਹ**
- **ਇਕੱਠ ਨੇ ਮਾਹਲਾ ਦੀ ਜਿੱਤ 'ਤੇ ਲਗਾਈ ਮੋਹਰ**

**ਬਾਘਾ ਪੁਰਾਣਾ (ਮਨੀ ਸਿੰਗਲਾ)**- ਪੰਜਾਬ ਦੀ ਸਿਆਸਤ ਵਿੱਚ ਵਧ ਰਹੀ ਰਾਜਨੀਤਕ ਸਰਗਰਮੀ ਦੇ ਦਰਮਿਆਨ ਸ਼੍ਰੋਮਣੀ ਅਕਾਲੀ ਦਲ ਵੱਲੋਂ ਵੀਰਵਾਰ ਵਿਧਾਨ ਸਭਾ ਹਲਕਾ ਬਾਘਾ ਪੁਰਾਣਾ ਵਿੱਚ ਇੱਕ ਵਿਸ਼ਾਲ 'ਪੰਜਾਬ ਬਚਾਓ' ਰੈਲੀ ਦਾ ਆਯੋਜਨ ਜਥੇਦਾਰ ਤੀਰਥ ਸਿੰਘ ਮਾਹਲਾ ਤੇ ਉਨ੍ਹਾਂ ਦੇ ਸਪੁੱਤਰ ਸੁਖਜੀਤ ਸਿੰਘ ਮਾਹਲਾ ਵੱਲੋਂ ਕੀਤਾ ਗਿਆ।ਕੋਟਕਪੂਰਾ ਰੋਡ 'ਤੇ ਸਥਿਤ ਮੁੱਖ ਅਨਾਜ ਮੰਡੀ ਵਿੱਚ ਹੋਈ ਇਸ ਰੈਲੀ ਵਿੱਚ ਪਾਰਟੀ ਵਰਕਰਾਂ, ਕਿਸਾਨਾਂ, ਨੌਜਵਾਨਾਂ ਤੇ ਸਥਾਨਕ ਲੋਕਾਂ ਨੇ ਵੱਡੀ ਗਿਣਤੀ ਵਿੱਚ ਹਾਜ਼ਰੀ ਭਰੀ।ਪਾਰਟੀ ਆਗੂਆਂ ਮੁਤਾਬਕ ਇਹ ਰੈਲੀ ਸੂਬੇ ਭਰ ਵਿੱਚ ਚੱਲ ਰਹੀ ਰੈਲੀਆਂ ਤੇ ਮੀਟਿੰਗਾਂ ਦੀ ਲੜੀ ਦਾ ਹਿੱਸਾ ਹੈ, ਜਿਸ ਦਾ ਮਕਸਦ ਲੋਕਾਂ ਨੂੰ ਮੌਜੂਦਾ ਸਰਕਾਰ ਦੀਆਂ ਨੀਤੀਆਂ ਅਤੇ ਕਾਰਗੁਜ਼ਾਰੀ ਬਾਰੇ ਜਾਣੂ ਕਰਵਾਉਣਾ ਹੈ।ਰੈਲੀ ਨੂੰ ਸੰਬੋਧਨ ਕਰਦਿਆਂ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਆਮ ਆਦਮੀ ਪਾਰਟੀ ਦੀ ਸਰਕਾਰ 'ਤੇ ਤਿੱਖੇ ਹਮਲੇ ਕਰਦੇ ਹੋਏ ਕਿਹਾ ਕਿ ਮੌਜੂਦਾ ਸਰਕਾਰ ਪੰਜਾਬ ਦੇ ਲੋਕਾਂ ਦੀਆਂ ਉਮੀਦਾਂ 'ਤੇ ਖਰੀ ਨਹੀਂ ਉੱਤਰੀ।ਉਨ੍ਹਾਂ ਕਿਹਾ ਕਿ ਸੂਬੇ ਵਿੱਚ ਵਿਕਾਸ ਦੀ ਰਫ਼ਤਾਰ ਥੰਮ੍ਹ ਗਈ ਹੈ ਤੇ ਕਈ ਮਹੱਤਵਪੂਰਨ ਪ੍ਰੋਜੈਕਟ ਅਧੂਰੇ ਪਏ ਹਨ।ਉਨ੍ਹਾਂ ਦਾਅਵਾ ਕੀਤਾ ਕਿ ਸਰਕਾਰ ਵੱਲੋਂ ਕੀਤੇ ਗਏ ਕਈ ਵਾਅਦੇ ਅਜੇ ਤੱਕ ਪੂਰੇ ਨਹੀਂ ਹੋਏ, ਜਿਸ ਕਾਰਨ ਲੋਕਾਂ ਵਿੱਚ ਨਿਰਾਸ਼ਾ ਵਧ ਰਹੀ ਹੈ।

ਸ. ਬਾਦਲ ਨੇ ਦੋਸ਼ ਲਾਇਆ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਪੰਜਾਬ ਦੇ ਲੋਕਾਂ ਦੇ ਪੈਸੇ ਨੂੰ ਹੋਰ ਰਾਜਾਂ ਵਿੱਚ ਆਪਣੀ ਪਾਰਟੀ ਦੇ ਸਿਆਸੀ ਵਿਸਥਾਰ ਲਈ ਵਰਤ ਰਹੀ ਹੈ।ਉਨ੍ਹਾਂ ਕਿਹਾ ਕਿ ਹੋਰ ਸੂਬਿਆਂ ਵਿੱਚ ਚੱਲ ਰਹੀਆਂ ਚੋਣ ਮੁਹਿੰਮਾਂ ਤੇ ਰਾਜਨੀਤਕ ਗਤੀਵਿਧੀਆਂ ਦਾ ਖਰਚਾ ਅਸਲ ਵਿੱਚ ਪੰਜਾਬ ਦੇ ਸਰਕਾਰੀ ਖਜ਼ਾਨੇ 'ਤੇ ਪਾਇਆ ਜਾ ਰਿਹਾ ਹੈ, ਜੋ ਕਿ ਪੰਜਾਬ ਦੇ ਲੋਕਾਂ ਨਾਲ ਨਾਇਨਸਾਫ਼ੀ ਹੈ।ਉਨ੍ਹਾਂ ਕਿਹਾ ਕਿ ਪੰਜਾਬ ਦੀ ਸਰਕਾਰ ਨੂੰ ਪਹਿਲਾਂ ਸੂਬੇ ਦੇ ਲੋਕਾਂ ਦੀਆਂ ਸਮੱਸਿਆਵਾਂ ਦਾ ਹੱਲ ਕਰਨਾ ਚਾਹੀਦਾ ਹੈ।ਉਨ੍ਹਾ ਅਕਾਲੀ ਦਲ ਦੀ ਪਿਛਲੀ ਸਰਕਾਰ ਸਮੇਂ ਕੀਤੇ ਵਿਕਾਸ ਕਾਰਜਾਂ ਦਾ ਵੀ ਜ਼ਿਕਰ ਕੀਤਾ।ਉਨ੍ਹਾਂ ਕਿਹਾ ਕਿ ਅਕਾਲੀ ਸਰਕਾਰ ਦੌਰਾਨ ਪੰਜਾਬ ਵਿੱਚ ਸੜਕਾਂ, ਪੁਲਾਂ, ਸਿੱਖਿਆ ਸੰਸਥਾਵਾਂ, ਹਸਪਤਾਲਾਂ ਤੇ ਧਾਰਮਿਕ ਸਥਾਨਾਂ ਦੇ ਵਿਕਾਸ ਲਈ ਕਈ ਮਹੱਤਵਪੂਰਨ ਯੋਜਨਾਵਾਂ ਲਾਗੂ ਕੀਤੀਆਂ ਗਈਆਂ ਸਨ। ਉਨ੍ਹਾਂ ਕਿਹਾ ਕਿ ਅਕਾਲੀ ਦਲ ਕੋਲ ਪੰਜਾਬ ਨੂੰ ਦੁਬਾਰਾ ਤਰੱਕੀ ਦੇ ਰਸਤੇ 'ਤੇ ਲਿਆਉਣ ਲਈ ਸਪੱਸ਼ਟ ਵਿਜ਼ਨ ਤੇ ਯੋਜਨਾ ਮੌਜੂਦ ਹੈ।ਇਸ ਮੌਕੇ ਸੀਨੀਅਰ ਅਕਾਲੀ ਆਗੂ ਬਿਕਰਮਜੀਤ ਸਿੰਘ ਮਜੀਠੀਆ ਨੇ ਵੀ ਮੌਜੂਦਾ ਸਰਕਾਰ 'ਤੇ ਤਿੱਖੇ ਹਮਲੇ ਕਰਦੇ ਹੋਏ ਕਿਹਾ ਕਿ ਪੰਜਾਬ ਦੀ ਆਰਥਿਕ ਹਾਲਤ ਦਿਨੋਂ ਦਿਨ ਕਮਜ਼ੋਰ ਹੋ ਰਹੀ ਹੈ।ਸਰਕਾਰ ਵੱਲੋਂ ਚੋਣਾਂ ਦੌਰਾਨ ਕੀਤੇ ਗਏ ਵਾਅਦੇ ਜ਼ਮੀਨੀ ਪੱਧਰ 'ਤੇ ਪੂਰੇ ਨਹੀਂ ਹੋ ਰਹੇ ਤੇ ਲੋਕਾਂ ਨੂੰ ਕੋਈ ਖਾਸ ਰਾਹਤ ਨਹੀਂ ਮਿਲੀ।



ਰੈਲੀ ਦੌਰਾਨ ਸੁਖਬੀਰ ਸਿੰਘ ਬਾਦਲ ਨੇ ਲੋਕਾਂ ਨਾਲ ਕਈ ਵਾਅਦੇ ਵੀ ਕੀਤੇ।ਉਨ੍ਹਾਂ ਕਿਹਾ ਕਿ ਜੇਕਰ ਅਕਾਲੀ ਦਲ ਨੂੰ ਦੁਬਾਰਾ ਸੱਤਾ ਵਿੱਚ ਆਉਣ ਦਾ ਮੌਕਾ ਮਿਲਦਾ ਹੈ ਤਾਂ ਲੋਕ ਪੱਖੀ ਨੀਤੀਆਂ ਨੂੰ ਤਰਜੀਹ ਦਿੱਤੀ ਜਾਵੇਗੀ।ਉਨ੍ਹਾਂ ਐਲਾਨ ਕੀਤਾ ਕਿ ਬੁੱਢਾਪਾ ਪੈਨਸ਼ਨ ਨੂੰ ਵਧਾ ਕੇ 3100 ਰੁਪਏ ਪ੍ਰਤੀ ਮਹੀਨਾ ਕੀਤਾ ਜਾਵੇਗਾ ਤੇ ਗਰੀਬ ਪਰਵਾਰਾਂ ਦੀਆਂ ਧੀਆਂ ਦੀ ਸ਼ਾਦੀ ਲਈ ਦਿੱਤੀ ਜਾਣ ਵਾਲੀ ਸ਼ਗਨ ਸਕੀਮ ਨੂੰ ਵਧਾ ਕੇ 1 ਲੱਖ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਅਕਾਲੀ ਦਲ ਦੀ ਸਰਕਾਰ ਬਣਨ 'ਤੇ ਭ੍ਰਿਸ਼ਟਾਚਾਰ ਖ਼ਿਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇਗੀ ਅਤੇ ਸੂਬੇ ਵਿੱਚ ਪਾਰਦਰਸ਼ੀ ਤੇ ਜਵਾਬਦੇਹ ਪ੍ਰਸ਼ਾਸਨ ਕਾਇਮ ਕੀਤਾ ਜਾਵੇਗਾ।ਰੈਲੀ ਦੇ ਆਯੋਜਨ ਵਿੱਚ ਹਲਕਾ ਬਾਘਾ ਪੁਰਾਣਾ ਦੇ ਇੰਚਾਰਜ ਤੇ ਮੁੱਖ ਸੰਯੋਜਕ ਜਥੇਦਾਰ ਤੀਰਥ ਸਿੰਘ ਮਾਹਲਾ ਦੀ ਅਗਵਾਈ ਮਹੱਤਵਪੂਰਨ ਰਹੀ।

ਇਸ ਮੌਕੇ ਸੀਨੀਅਰ ਅਕਾਲੀ ਆਗੂ ਬਾਲ ਕਿਸ਼ਨ ਬਾਲੀ, ਸੁਖਜੀਤ ਸਿੰਘ ਮਾਹਲਾ, ਜਸਪ੍ਰੀਤ ਸਿੰਘ ਮਾਹਲਾ ਸਮੇਤ ਕਈ ਸਥਾਨਕ ਆਗੂ ਵੀ ਮੌਜੂਦ ਰਹੇ।ਸਥਾਨਕ ਆਗੂਆਂ ਨੇ ਰੈਲੀ ਵਿੱਚ ਇਕੱਠੀ ਹੋਈ ਭਾਰੀ ਭੀੜ ਨੂੰ ਅਕਾਲੀ ਦਲ ਲਈ ਵਧ ਰਹੇ ਲੋਕ ਸਮਰਥਨ ਦੀ ਨਿਸ਼ਾਨੀ ਕਰਾਰ ਦਿੱਤਾ।ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕ ਹੁਣ ਬਦਲਾਅ ਦੀ ਮੰਗ ਕਰ ਰਹੇ ਹਨ ਤੇ ਆਉਣ ਵਾਲੇ ਸਮੇਂ ਵਿੱਚ ਸੂਬੇ ਦੀ ਸਿਆਸਤ ਵਿੱਚ ਨਵਾਂ ਮੋੜ ਜ਼ਰੂਰ ਆਵੇਗਾ।ਉਨ੍ਹਾਂ ਵਿਸ਼ਵਾਸ ਜਤਾਇਆ ਕਿ ਪਾਰਟੀ ਦੀਆਂ ਨੀਤੀਆਂ ਤੇ ਪ੍ਰੋਗਰਾਮਾਂ ਦੇ ਆਧਾਰ 'ਤੇ ਲੋਕ ਦੁਬਾਰਾ ਅਕਾਲੀ ਦਲ 'ਤੇ ਭਰੋਸਾ ਜਤਾਉਣਗੇ।

ਰੈਲੀ ਦੇ ਅੰਤ ਵਿੱਚ ਪਾਰਟੀ ਆਗੂਆਂ ਨੇ ਵਰਕਰਾਂ ਨੂੰ ਅਪੀਲ ਕੀਤੀ ਕਿ ਉਹ ਪਿੰਡਾਂ ਤੇ ਸ਼ਹਿਰਾਂ ਵਿੱਚ ਜਾ ਕੇ ਪਾਰਟੀ ਦੀਆਂ ਨੀਤੀਆਂ ਤੇ ਵਿਚਾਰਧਾਰਾ ਨੂੰ ਲੋਕਾਂ ਤੱਕ ਪਹੁੰਚਾਉਣ ਤਾਂ ਜੋ ਆਉਣ ਵਾਲੇ ਸਮੇਂ ਵਿੱਚ ਅਕਾਲੀ ਦਲ ਨੂੰ ਹੋਰ ਮਜ਼ਬੂਤੀ ਮਿਲ ਸਕੇ।

## ਸੰਤ ਅਤਰ ਸਿੰਘ ਪ੍ਰੈੱਸ ਕਲੱਬ ਦੀ ਮੀਟਿੰਗ



**ਚੀਮਾ ਮੰਡੀ (ਰਵਿੰਦਰ ਚੀਮਾ)** ਸੰਤ ਅਤਰ ਸਿੰਘ ਪ੍ਰੈੱਸ ਕਲੱਬ ਦੀ ਮੀਟਿੰਗ ਜਸਵੰਤ ਸਿੰਘ ਗਰੇਵਾਲ ਦੀ ਪ੍ਰਧਾਨਗੀ ਹੇਠ ਹੋਈ। ਪੱਤਰਕਾਰਾਂ ਨੂੰ ਆ ਰਹੀਆਂ ਮੁਸ਼ਕਲਾਂ ਸਬੰਧੀ ਜਾਣਕਾਰੀ ਦਿੱਤੀ ਅਤੇ ਕੁੱਝ ਮੁੱਦਿਆਂ 'ਤੇ ਵਿਚਾਰਾਂ ਵੀ ਹੋਈਆਂ। ਇਸ ਗੱਲ 'ਤੇ ਵੀ ਜ਼ੋਰ ਦਿੱਤਾ ਗਿਆ ਕਿ ਪੱਤਰਕਾਰੀ ਦੇ ਨਾਲ-ਨਾਲ ਸਮਾਜਿਕ ਕੰਮਾਂ ਵਿੱਚ ਵੀ ਵੱਧ ਤੋਂ ਵੱਧ ਹਿੱਸਾ ਲਿਆ ਜਾਵੇ।

# ਬਜਟ ਸੈਸ਼ਨ ਦੌਰਾਨ ਪੱਤਰਕਾਰ ਭਾਈਚਾਰੇ ਨੂੰ ਅਣਗੌਲਿਆ ਕਰਨ ਦੀ ਪੱਤਰਕਾਰ ਜਥੇਬੰਦੀਆਂ ਵੱਲੋਂ ਨਿੰਦਾ

**ਕੋਟਕਪੂਰਾ (ਰਛਪਾਲ ਭੁੱਲਰ)** ਪੰਜਾਬ ਤੇ ਚੰਡੀਗੜ੍ਹ ਜਰਨਲਿਸਟ ਯੂਨੀਅਨ ਦੇ ਸੂਬਾਈ ਚੇਅਰਮੈਨ ਬਲਬੀਰ ਸਿੰਘ ਜੰਡੂ, ਪ੍ਰਧਾਨ ਜੈ ਸਿੰਘ ਛਿੱਬਰ ਤੇ ਸਕੱਤਰ ਜਨਰਲ ਸੰਤੋਖ ਗਿੱਲ ਨੇ ਸੂਬੇ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਵੱਲੋਂ ਪੇਸ਼ ਕੀਤੇ ਬਜਟ ਵਿੱਚ ਸੂਬੇ ਦੇ ਪੱਤਰਕਾਰਾਂ ਨੂੰ ਪੂਰੀ ਤਰ੍ਹਾਂ ਅਣਗੌਲ੍ਹਿਆ ਕਰਨ ਦੀ ਜ਼ੋਰਦਾਰ ਨਿੰਦਾ ਕੀਤੀ ਹੈ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਨੇ ਪਿਛਲੇ ਸਾਲਾਂ ਵਾਂਗ ਆਪਣੀ ਸਰਕਾਰ ਦੇ ਆਖ਼ਰੀ ਬੱਜਟ ਵਿੱਚ ਵੀ ਪੱਤਰਕਾਰਾਂ ਨੂੰ ਪੂਰੀ ਤਰ੍ਹਾਂ ਅਣਡਿੱਠ ਕੀਤਾ ਹੈ।ਉਨ੍ਹਾਂ ਦੋਸ਼ ਲਾਇਆ ਕਿ ਜਿਸ ਮੀਡੀਆ ਦੇ ਸਹਾਰੇ ਆਮ ਆਦਮੀ ਪਾਰਟੀ ਦੀ ਸਰਕਾਰ ਬਣੀ ਸੀ, ਸਰਕਾਰ ਹੁਣ ਉਸ ਮੀਡੀਆ ਵੱਲ ਪਿੱਠ ਕਰ ਕੇ ਖੜੀ ਹੈ।ਆਗੂਆਂ ਨੇ ਕਿਹਾ ਕਿ ਅਗਾਮੀ ਵਿਧਾਨ ਸਭਾ ਚੋਣਾਂ ਵਿੱਚ ਸੱਤਾਧਾਰੀ ਧਿਰ ਨੂੰ ਇਸ ਦਾ ਖ਼ਮਿਆਜ਼ਾ ਭੁਗਤਣਾ ਪਵੇਗਾ।



ਪੰਜਾਬ ਤੇ ਚੰਡੀਗੜ੍ਹ ਜਰਨਲਿਸਟ ਯੂਨੀਅਨ ਨੇ ਸਰਕਾਰ ਦੇ ਪੱਤਰਕਾਰ ਵਿਰੋਧੀ ਰਵੱਈਏ ਖ਼ਿਲਾਫ਼ ਸੂਬੇ ਵਿੱਚ ਹਰ ਪੱਧਰ 'ਤੇ ਸੰਘਰਸ਼ ਵਿੱਢਣ ਦਾ ਸੱਦਾ ਦਿੱਤਾ ਹੈ।ਆਗੂਆਂ ਨੇ ਕਿਹਾ ਕਿ ਵੱਖ-ਵੱਖ ਸਮੇਂ ਸਰਕਾਰ ਦੇ ਨੁਮਾਇੰਦਿਆਂ, ਮੰਤਰੀਆਂ ਤੇ ਵਿਧਾਨ ਸਭਾ ਦੇ ਸਪੀਕਰ ਵੱਲੋਂ ਭਰੋਸਾ ਮਿਲਣ ਦੇ ਬਾਵਜੂਦ ਬਜਟ ਪੇਸ਼ ਕਰਨ ਸਮੇਂ ਪੱਤਰਕਾਰਾਂ ਸਮੇਤ ਡੈਸਕ ਸਟਾਫ਼ ਨੂੰ ਪੈਨਸ਼ਨ, ਹਰਿਆਣਾ ਪੈਟਰਨ 'ਤੇ ਮੁਫ਼ਤ ਬੱਸ ਸਫ਼ਰ, ਐਕਸ-ਗਰੇਸ਼ੀਆ ਸਕੀਮ ਅਧੀਨ ਲਿਆਉਣ, ਚੰਡੀਗੜ੍ਹ ਸਥਿੱਤ ਪੱਤਰਕਾਰਾਂ ਲਈ ਮਕਾਨਾਂ ਦਾ ਕੋਟਾ 50% ਕਰਨ, ਜ਼ਿਲ੍ਹਿਆਂ ਵਿੱਚ ਪੱਤਰਕਾਰਾਂ ਨੂੰ ਰਿਹਾਇਸ਼ੀ ਮਕਾਨ-ਫਲੈਟ ਬਣਾਉਣ ਲਈ ਸਸਤੀਆਂ ਦਰਾਂ ਉਪਰ ਪਲਾਟ ਦੇਣ, ਪ੍ਰਿੰਟ ਤੇ ਇਲੈਕਟ੍ਰਾਨਿਕਸ ਮੀਡੀਆ ਦੇ ਨਿਊਜ਼ ਟੇਬਲਾਂ ਉਪਰ ਕੰਮ ਕਰਨ ਵਾਲੇ ਮੀਡੀਆ ਕਰਮੀਆਂ ਨੂੰ ਫ਼ੀਲਡ ਪੱਤਰਕਾਰਾਂ ਵਾਲੀਆਂ ਸਹੂਲਤਾਂ ਦੇਣ, ਸਾਰੇ ਪੱਤਰਕਾਰਾਂ ਲਈ ਸਿਹਤ ਬੀਮਾ ਯੋਜਨਾ ਲਾਗੂ ਕਰਨ ਦੇ ਮਾਮਲੇ ਵਿੱਚ ਬਜਟ ਵਿੱਚ ਜ਼ਿਕਰ ਤੱਕ ਨਾ ਕਰਨਾ ਸਰਕਾਰ ਦੇ ਮੀਡੀਆ ਪ੍ਰਤੀ ਰਵਈਏ ਨੂੰ ਨੰਗਾ ਕਰ ਕੇ ਰੱਖ ਦਿੱਤਾ ਹੈ।

# ਮਾਨਵ ਸੇਵਾ ਉੱਤਮ ਸੇਵਾ ਸੰਸਥਾ ਵੱਲੋਂ ਅਨੰਨਿਆ ਦਾ ਸਨਮਾਨ

**ਨਾਭਾ (ਵਰਿੰਦਰ ਵਰਮਾ)** ਪੰਜਾਬ ਪਬਲਿਕ ਸਕੂਲ ਨਾਭਾ ਤੇ ਇੰਦੌਰ ਦੇ ਡੇਲੀ ਕਾਲਜ ਦੀ ਸਾਬਕਾ ਵਿਦਿਆਰਥਣ ਅਨੰਨਿਆ ਸ਼ਰਮਾ ਨੂੰ ਯੂਨੀਅਨ ਪਬਲਿਕ ਸਰਵਿਸ ਕਮਿਸ਼ਨ (ਯੂਪੀਐੱਸਸੀ) ਦੀ ਪ੍ਰੀਖਿਆ ਸਫਲਤਾਪੂਰਵਕ ਪਾਸ ਕਰਕੇ ਮੈਰਿਟ ਦੇ ਕ੍ਰਮ ਵਿੱਚ 13ਵਾਂ ਸਥਾਨ ਪ੍ਰਾਪਤ ਕਰਨ 'ਤੇ ਮਾਨਵ ਸੇਵਾ ਉੱਤਮ ਸੇਵਾ ਸਟੇਟ ਐਵਾਰਡੀ ਸੰਸਥਾ ਦੇ ਮੁੱਖ ਸੇਵਾਦਾਰ ਵਿਕਾਸ ਮਿੱਤਲ, ਸੁਨੀਲ ਗੁਪਤਾ ਤੇ ਰਵਿੰਦਰ ਸਿੰਘ ਵੱਲੋਂ ਸਨਮਾਨ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ।ਵਿਕਾਸ ਮਿੱਤਲ ਤੇ ਸੁਨੀਲ ਗੁਪਤਾ ਨੇ ਕਿਹਾ ਕਿ ਸਾਡੇ ਲਈ ਬਹੁਤ ਹੀ ਮਾਨ ਦੀ ਗੱਲ ਹੈ ਕਿ ਇਸ ਬੇਟੀ ਨੇ ਹਲਕੇ ਦਾ ਨਾਮ ਚਮਕਾਇਆ ਹੈ।ਵਿਕਾਸ ਮਿੱਤਲ, ਸੁਨੀਲ ਗੁਪਤਾ ਤੇ ਰਵਿੰਦਰ ਸਿੰਘ ਨੇ ਕਿਹਾ ਕਿ ਅਨੰਨਿਆ ਸ਼ਰਮਾ ਡਾ. ਡੀ. ਸੀ. ਸ਼ਰਮਾ ਦੀ ਸਪੁੱਤਰੀ ਹੈ, ਜੋ ਕਿ ਪੰਜਾਬ ਪਬਲਿਕ ਸਕੂਲ ਨਾਭਾ ਦੇ ਮੌਜੂਦਾ ਹੈੱਡਮਾਸਟਰ ਹਨ।ਉਨ੍ਹਾਂ ਦੀ ਇਹ ਸ਼ਾਨਦਾਰ ਪ੍ਰਾਪਤੀ ਪੰਜਾਬ ਪਬਲਿਕ ਸਕੂਲ ਨਾਭਾ ਤੇ ਪੂਰੇ ਪੀਪੀਐੱਸ ਭਾਈਚਾਰੇ ਲਈ ਬਹੁਤ ਮਾਣ ਵਾਲੀ ਗੱਲ ਹੈ।ਸਨਮਾਨਤ ਹੋਣ ਉਪਰੰਤ ਅਨੰਨਿਆ ਸ਼ਰਮਾ ਨੇ ਮਾਨਵ ਸੇਵਾ ਉੱਤਮ ਸੇਵਾ ਸੰਸਥਾ ਦੇ ਮੈਂਬਰਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ ਤੇ ਉਨ੍ਹਾਂ ਆਪਣੀ ਸਫਲਤਾ ਦਾ ਸਿਹਰਾ ਪੰਜਾਬ ਪਬਲਿਕ ਸਕੂਲ ਨਾਭਾ ਵਿਖੇ ਰੱਖੀ ਗਈ ਮਜ਼ਬੂਤ ਨੀਂਹ ਨੂੰ ਦਿੱਤਾ।ਉਨ੍ਹਾਂ ਆਪਣੇ ਪਰਿਵਾਰ;



ਪਿਤਾ ਡਾ. ਡੀ. ਸੀ. ਸ਼ਰਮਾ, ਮਾਤਾ ਡਾ. ਅਨੀਤਾ ਸ਼ਰਮਾ, ਭਰਾ ਹਰਸ਼ਿਲ ਸ਼ਰਮਾ, ਅਧਿਆਪਕਾਂ ਤੇ ਸਲਾਹਕਾਰਾਂ ਦਾ ਧੰਨਵਾਦ ਕੀਤਾ, ਜਿਨ੍ਹਾਂ ਤੋਂ ਉਸ ਨੂੰ ਸਿੱਖਣ ਦਾ ਮੌਕਾ ਮਿਲਿਆ।ਇਸ ਮੌਕੇ ਹੈੱਡਮਾਸਟਰ ਡਾ. ਡੀ. ਸੀ. ਸ਼ਰਮਾ ਨੇ ਸੰਸਥਾ ਦੇ ਸਮੂਹ ਮੈਂਬਰਾਂ ਦਾ ਧੰਨਵਾਦ ਕੀਤਾ ਤੇ ਕਿਹਾ ਕਿ ਮਾਨਵ ਸੇਵਾ ਉੱਤਮ ਸੇਵਾ ਸੰਸਥਾ ਵੱਲੋਂ ਜੋ ਸਮਾਜ ਭਲਾਈ ਦੇ ਕਾਰਜ ਕੀਤੇ ਜਾਂਦੇ ਹਨ, ਉਹ ਸ਼ਲਾਘਾਯੋਗ ਹਨ।

# ਖੇਤੀਬਾੜੀ ਅਭਿਆਸਾਂ ਨੂੰ ਅਪਨਾਉਣ ਬਾਰੇ ਫੈਕਲਟੀ ਵਿਕਾਸ ਪ੍ਰੋਗਰਾਮ

**ਮੰਡੀ ਗੋਬਿੰਦਗੜ੍ਹ, (ਪ੍ਰਮੋਦ ਭਾਰਦਵਾਜ)** ਦੇਸ਼ ਭਗਤ ਯੂਨੀਵਰਸਿਟੀ ਦੇ ਪਬਲੀਕੇਸ਼ਨ ਬਿਊਰੋ ਦੀ ਅਗਵਾਈ ਹੇਠ ਐਗਰੀਕਲਚਰ ਤੇ ਜੀਵ ਵਿਗਿਆਨ ਫੈਕਲਟੀ ਦੇ ਐਗਰੀਮ ਕਲੱਬ ਵੱਲੋਂ 'ਜਲਵਾਯੂ ਸਮਾਰਟ ਖੇਤੀਬਾੜੀ ਅਤੇ ਟਿਕਾਊ ਖੇਤੀਬਾੜੀ ਅਭਿਆਸ' ਵਿਸ਼ੇ 'ਤੇ ਇੱਕ ਫੈਕਲਟੀ ਵਿਕਾਸ ਪ੍ਰੋਗਰਾਮ ਕਰਾਇਆ ਗਿਆ।ਪ੍ਰੋਗਰਾਮ ਦਾ ਉਦੇਸ਼ ਫੈਕਲਟੀ ਮੈਂਬਰਾਂ ਤੇ ਭਾਗੀਦਾਰਾਂ ਦੇ ਗਿਆਨ ਨੂੰ ਵਧਾਉਣਾ ਸੀ ਤਾਂ ਜੁ ਲੰਮੇ ਸਮੇਂ ਤਕ ਉਤਪਾਦਕਤਾ ਨੂੰ ਯਕੀਨੀ ਬਣਾਉਂਦੇ ਹੋਏ ਜਲਵਾਯੂ ਪਰਿਵਰਤਨ ਨੂੰ ਹੱਲ ਕਰਨ ਲਈ ਆਧੁਨਿਕ ਖੇਤੀਬਾੜੀ ਪਹੁੰਚਾਂ ਬਾਰੇ ਜਾਣਕਾਰੀ ਪ੍ਰਾਪਤ ਕੀਤੀ ਜਾ ਸਕੇ। ਸੈਸ਼ਨ ਦੀ ਸ਼ੁਰੂਆਤ ਡਾ. ਅਵਿਨਾਸ਼ ਕੁਮਾਰ ਭਾਟੀਆ ਦੇ ਰਸਮੀ ਸਵਾਗਤੀ ਭਾਸ਼ਣ ਨਾਲ ਹੋਈ। ਐਗਰੀਕਲਚਰ ਅਤੇ ਜੀਵ ਵਿਗਿਆਨ ਦੇ ਨਿਰਦੇਸ਼ਕ, ਪ੍ਰੋ. (ਡਾ.) ਐਚ.ਕੇ. ਸਿੱਧੂ ਨੇ ਲੰਬੇ ਸਮੇਂ ਦੇ ਵਿਕਾਸ ਲਈ ਟਿਕਾਊ ਖੇਤੀਬਾੜੀ ਅਭਿਆਸਾਂ ਦੀ ਮਹੱਤਤਾ 'ਤੇ ਚਾਨਣਾ ਪਾਇਆ। ਇਸ ਪ੍ਰੋਗਰਾਮ ਦੀ ਪ੍ਰਧਾਨਗੀ ਪ੍ਰੋ. (ਡਾ.) ਅਮਰਜੀਤ ਸਿੰਘ, ਪ੍ਰੋ ਵਾਈਸ ਚਾਂਸਲਰ ਨੇ ਕੀਤੀ, ਜਿਨ੍ਹਾਂ ਨੇ ਜਲਵਾਯੂ ਪਰਿਵਰਤਨ, ਮਿੱਟੀ ਦੇ ਪਤਨ ਅਤੇ ਪਾਣੀ ਦੀ ਕਮੀ ਵਰਗੀਆਂ



ਚੁਣੌਤੀਆਂ ਨਾਲ ਨਜਿੱਠਣ ਲਈ ਜਲਵਾਯੂ-ਲਚਕੀਲੇ ਖੇਤੀ ਅਭਿਆਸਾਂ ਦੀ ਲੋੜ 'ਤੇ ਜ਼ੋਰ ਦਿੱਤਾ। ਸਰੋਤ ਵਿਅਕਤੀ ਵਜੋਂ ਡਾ. ਰਜਤ ਸ਼ਰਮਾ ਅਤੇ ਸ਼ਿਵਾਂਗੀ ਸੂਦ ਨੇ ਜਲਵਾਯੂ ਸਮਾਰਟ ਖੇਤੀਬਾੜੀ ਅਤੇ ਟਿਕਾਊ ਖੇਤੀ ਤਕਨੀਕਾਂ, ਜਿਸ ਵਿੱਚ ਫਸਲ ਵਿਭਿੰਨਤਾ, ਕੁਸ਼ਲ ਪਾਣੀ ਪ੍ਰਬੰਧਨ, ਜੈਵਿਕ ਖੇਤੀ ਅਤੇ ਏਕੀਕ੍ਰਿਤ ਕੀਟ ਪ੍ਰਬੰਧਨ ਸ਼ਾਮਲ ਹਨ, ਬਾਰੇ ਸਮਝਦਾਰ ਭਾਸ਼ਣ ਦਿੱਤੇ।

# 80 ਲੀਟਰ ਲਾਹਣ ਸਮੇਤ ਕਾਬੂ

**ਹਠੂਰ (ਲਵਲੀ ਮਾਛੀਕੇ)**- ਥਾਣਾ ਹਠੂਰ ਦੀ ਪੁਲਸ ਨੇ ਇੱਕ ਨੌਜਵਾਨ ਨੂੰ 80 ਲੀਟਰ ਲਾਹਣ ਸਮੇਤ ਗ੍ਰਿਫ਼ਤਾਰ ਕੀਤਾ ਹੈ।ਇਸ ਸਬੰਧੀ ਜਾਣਕਾਰੀ ਦਿੰਦਿਆਂ ਥਾਣਾ ਹਠੂਰ ਦੇ ਐੱਸ ਐੱਚ ਓ ਕੁਲਦੀਪ ਕੁਮਾਰ ਨੇ ਦੱਸਿਆ ਕਿ ਪੁਲਸ ਨੂੰ ਗੁਪਤ ਸੂਚਨਾ ਮਿਲੀ ਸੀ ਕਿ ਪਿੰਡ ਲੱਖਾ ਦਾ ਨੌਜਵਾਨ ਹਰਪ੍ਰੀਤ ਸਿੰਘ ਉਰਫ ਬੰਟੀ, ਜੋ ਨਜਾਇਜ਼ ਸ਼ਰਾਬ ਘਰ ਵਿੱਚ ਕੱਢਦਾ ਤੇ ਇਲਾਕੇ ਵਿੱਚ ਵੇਚਣ ਦਾ ਧੰਦਾ ਕਰਦਾ ਹੈ ਤਾਂ ਏ ਐੱਸ ਆਈ ਸੁਲੱਖਣ ਸਿੰਘ ਨੇ ਜਦੋਂ ਘਰ ਦੀ ਤਲਾਸ਼ੀ ਲਈ ਤਾਂ ਉਸ ਦੇ ਘਰੋਂ ਦੋ ਡਰੰਮ ਜਿਨ੍ਹਾਂ ਵਿੱਚ 80 ਲੀਟਰ ਲਾਹਣ, ਇਕ ਬੱਠਲ, ਇੱਕ ਪਤੀਲਾ, ਇੱਕ ਗੈਸ ਸਿਲੰਡਰ, ਇੱਕ ਭੱਠੀ, ਇੱਕ ਬੱਠਲੀ ਮਿੱਟੀ ਦੀ ਬਰਾਮਦ ਕਰਕੇ ਹਰਪ੍ਰੀਤ ਸਿੰਘ ਉਰਫ ਬੰਟੀ ਪੁੱਤਰ ਅਜਮੇਰ ਸਿੰਘ ਵਾਸੀ ਲੱਖਾ ਖਿਲਾਫ ਥਾਣਾ ਹਠੂਰ ਵਿਖੇ ਮਾਮਲਾ ਦਰਜ ਕਰ ਲਿਆ ਹੈ ਤੇ ਤਫਤੀਸ਼ ਜਾਰੀ ਹੈ।ਇਸ ਮੌਕੇ ਉਨ੍ਹਾ ਨਾਲ ਮੁੱਖ ਮੁਨਸ਼ੀ ਜਸਵਿੰਦਰ ਸਿੰਘ, ਏ ਐੱਸ ਆਈ ਸੁਲੱਖਣ ਸਿੰਘ, ਕੁਲਵੰਤ ਸਿੰਘ ਆਦਿ ਹਾਜ਼ਰ ਸਨ।

# ਏ ਐੱਸ ਕਾਲਜ ਖੰਨਾ ਵਿਖੇ ਸਾਲਾਨਾ ਕੈਮਿਸਟਰੀ ਕੁਇੱਜ਼

**ਖੰਨਾ (ਸੁਖਵਿੰਦਰ ਸਿੰਘ ਭਾਦਲਾ)** ਏ. ਐੱਸ. ਕਾਲਜ ਖੰਨਾ ਦੇ ਰਸਾਇਣ ਵਿਗਿਆਨ ਵਿਭਾਗ ਵੱਲੋਂ ਸਾਲਾਨਾ ਕੈਮਿਸਟਰੀ ਕਵਿੱਜ਼ ਮੁਕਾਬਲਾ-2026 ਉਤਸ਼ਾਹਪੂਰਵਕ ਕਰਵਾਇਆ ਗਿਆ। ਪੁੱਛੇ ਗਏ ਪ੍ਰਸ਼ਨਾਂ ਰਾਹੀਂ ਭਾਗੀਦਾਰਾਂ ਦੀ ਵਿਗਿਆਨਕ ਜਾਣਕਾਰੀ, ਤੁਰੰਤ ਫ਼ੈਸਲਾ ਕਰਨ ਦੀ ਯੋਗਤਾ ਤੇ ਤਰਕਸ਼ੀਲ ਸੋਚ ਦੀ ਗੰਭੀਰਤਾ ਨਾਲ ਪਰਖ ਕੀਤੀ ਗਈ। ਸਮਾਗਮ ਦੌਰਾਨ ਕਾਲਜ ਦੇ ਸਕੱਤਰ ਅਜੈ



ਸੂਦ ਮੁੱਖ ਮਹਿਮਾਨ ਵਜੋਂ ਹਾਜ਼ਰ ਰਹੇ, ਜਦਕਿ ਕਾਲਜ ਦੇ ਪ੍ਰਿੰਸੀਪਲ ਡਾ. ਕੇ. ਕੇ. ਸ਼ਰਮਾ ਨੇ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕੀਤੀ।ਰਸਾਇਣ ਵਿਗਿਆਨ ਵਿਭਾਗ ਦੇ ਅਧਿਆਪਕਾਂ ਵੱਲੋਂ ਮਹਿਮਾਨਾਂ ਦਾ ਫੁੱਲਾਂ ਨਾਲ ਸਨਮਾਨ ਪੂਰਵਕ ਸਵਾਗਤ ਕੀਤਾ ਗਿਆ।ਇਸ ਮੌਕੇ ਡਾ. ਮਨਪ੍ਰੀਤ ਕੌਰ ਨੇ ਮੰਚ ਤੋਂ ਮਹਿਮਾਨਾਂ, ਅਧਿਆਪਕਾਂ ਤੇ ਵਿਦਿਆਰਥੀਆਂ ਦਾ ਸਵਾਗਤ ਕਰਦੇ ਹੋਏ ਪ੍ਰੋਗਰਾਮ ਦੀ ਰੂਪਰੇਖਾ ਬਾਰੇ ਜਾਣਕਾਰੀ ਦਿੱਤੀ। ਰਸਾਇਣ ਵਿਗਿਆਨ ਵਿਭਾਗ ਦੇ ਮੁਖੀ ਪ੍ਰੋ. ਰਵਿੰਦਰਜੀਤ ਸਿੰਘ ਦੀ ਅਗਵਾਈ ਹੇਠ ਪੰਦਰਾਂ ਵਿਦਿਆਰਥੀਆਂ ਦੀਆਂ ਪੰਜ ਟੀਮਾਂ ਰਦਰਫੋਰਡ, ਲਾਵੋਆਜ਼ੀਏ, ਲੂਇਸ, ਆਰਹੇਨਿਅਸ ਤੇ ਅਵੋਗੈਡਰੋ ਨੇ ਮੁਕਾਬਲੇ ਵਿੱਚ ਭਾਗ ਲਿਆ।ਸਾਰੇ ਭਾਗੀਦਾਰਾਂ ਨੇ ਆਪਣੇ ਵਿਸ਼ੇ ਸਬੰਧੀ ਪੱਕੇ ਗਿਆਨ ਤੇ ਆਤਮਵਿਸ਼ਵਾਸ ਨਾਲ ਪ੍ਰਸ਼ਨਾਂ ਦੇ ਜਵਾਬ ਦੇ ਕੇ ਦਰਸ਼ਕਾਂ ਨੂੰ ਪ੍ਰਭਾਵਿਤ ਕੀਤਾ। ਮੁਕਾਬਲੇ ਨੂੰ ਹੋਰ ਰੁਚਿਕਰ ਬਣਾਉਣ ਲਈ ਪ੍ਰੋ. ਭੂਮਿਕਾ, ਪ੍ਰੋ. ਅਵਿਨਾਸ਼ ਕੌਰ, ਡਾ. ਆਸਥਾ, ਡਾ. ਯਾਦਵਿੰਦਰ ਸਿੰਘ ਦਿਓਲ, ਡਾ. ਮੋਨਿਕਾ ਠਾਕੁਰ, ਡਾ. ਮਨਪ੍ਰੀਤ ਕੌਰ ਤੇ ਪ੍ਰੋ. ਰਵਿੰਦਰਜੀਤ ਸਿੰਘ ਨੇ ਕਵਿੱਜ਼ ਮਾਸਟਰ ਵਜੋਂ ਮਹੱਤਵਪੂਰਨ ਭੂਮਿਕਾ ਨਿਭਾਈ ਤੇ ਪ੍ਰੋਗਰਾਮ ਦਾ ਸੁਚੱਜਾ ਸੰਚਾਲਨ ਕੀਤਾ।ਸਮਾਪਨ ਸਮਾਰੋਹ ਦੌਰਾਨ ਰਸਾਇਣ ਵਿਗਿਆਨ ਵਿਭਾਗ ਵੱਲੋਂ ਸਾਲ ਭਰ ਦੌਰਾਨ ਕਰਵਾਏ ਗਏ ਹੋਰ ਵਿੱਦਿਅਕ ਮੁਕਾਬਲਿਆਂ ਦੇ ਜੇਤੂ ਵਿਦਿਆਰਥੀਆਂ ਨੂੰ ਵੀ ਸਨਮਾਨਤ ਕੀਤਾ ਗਿਆ। ਇਸ ਵਿੱਦਿਅਕ ਪ੍ਰੋਗਰਾਮ ਦਾ ਮੁੱਖ ਉਦੇਸ਼ ਵਿਦਿਆਰਥੀਆਂ ਵਿੱਚ ਵਿਗਿਆਨਕ ਸੋਚ ਨੂੰ ਪ੍ਰੋਤਸਾਹਤ ਕਰਨਾ ਤੇ ਉਨ੍ਹਾਂ ਨੂੰ ਆਪਣੇ ਵਿਸ਼ੇ ਸਬੰਧੀ ਗਿਆਨ ਨੂੰ ਪ੍ਰਦਰਸ਼ਤ ਕਰਨ ਲਈ ਮੰਚ ਪ੍ਰਦਾਨ ਕਰਨਾ ਸੀ। ਮੁਕਾਬਲੇ ਵਿੱਚ ਪੰਜ ਟੀਮਾਂ ਨੇ ਫਾਈਨਲ ਰਾਊਂਡ ਤੱਕ ਪਹੁੰਚ ਕੇ ਜ਼ਬਰਦਸਤ ਮੁਕਾਬਲਾ ਕੀਤਾ।ਕੁੱਲ 22 ਵੱਖ-ਵੱਖ ਰਾਊਂਡਾਂ ਵਿੱਚ

# ...ਤੇ ਕਾਰਜ ਸਾਧਕ ਅਫ਼ਸਰ ਨੇ ਮੁਆਫ਼ੀ ਮੰਗ ਕੇ ਛੁਡਾਇਆ ਖਹਿੜਾ

**ਰਾਜਪੁਰਾ (ਰਮੇਸ਼ ਕਟਾਰੀਆ)**- ਰਾਜਪੁਰਾ ਦੇ ਕਾਰਜ ਸਾਧਕ ਅਫਸਰ ਅਵਤਾਰ ਚੰਦ ਸੇਖੜੀ ਵੱਲੋਂ ਹੁਕਮਰਾਨ ਪਾਰਟੀ ਦੇ ਆਗੂ ਚੰਨਣ ਸਿੰਘ ਦੀ ਕਥਿਤ ਬੇਇੱਜ਼ਤੀ ਕਰਨ ਤੋਂ ਗੁੱਸੇ ਵਿੱਚ ਆਏ ਹੁਕਮਰਾਨ ਧਿਰ ਦੇ ਚਾਰ ਚੇਅਰਮੈਨ ਆਪਣੇ ਸਮਰਥਕਾਂ ਸਮੇਤ ਨਗਰ ਕੌਂਸਲ ਰਾਜਪੁਰਾ ਸਥਿਤ ਈਓ ਦੇ ਦਫ਼ਤਰ ਪਹੁੰਚੇ ਤੇ ਉਨ੍ਹਾਂ ਨੇ ਕਾਰਜ ਸਾਧਕ ਅਫਸਰ ਅਵਤਾਰ ਚੰਦ ਸੇਖੜੀ ਨੂੰ ਆਪਣੇ ਫੋਨ ਨਾ ਚੁੱਕਣ ਦਾ ਕਾਰਨ ਪੁੱਛਿਆ।ਇਸ ਮੌਕੇ ਹੁਕਮਰਾਨ ਧਿਰ ਦੇ ਆਗੂਆਂ ਤੇ ਕਾਰਜ ਸਾਧਕ ਅਫ਼ਸਰ ਵਿੱਚ ਬਹਿਸ ਵੀ ਹੋਈ।ਅੰਤ ਵਿੱਚ ਕਾਰਜ ਸਾਧਕ ਅਫਸਰ ਅਵਤਾਰ ਚੰਦ ਸੇਖੜੀ ਨੂੰ ਹੁਕਮਰਾਨ ਧਿਰ ਦੇ ਆਗੂਆਂ ਤੋਂ ਸਮੁੱਚੇ ਤੌਰ 'ਤੇ ਮੁਆਫ਼ੀ ਮੰਗ ਕੇ ਖਹਿੜਾ ਛਡਾਉਣਾ ਪਿਆ। ਪ੍ਰਾਪਤ ਜਾਣਕਾਰੀ ਅਨੁਸਾਰ ਹੁਕਮ ਧਿਰ ਦੇ ਆਪ ਆਗੂ ਚੰਨਣ ਸਿੰਘ ਈਓ ਅਵਤਾਰ ਚੰਦ ਸੇਖੜੀ ਕੋਲ ਉਨ੍ਹਾਂ ਦੇ ਦਫ਼ਤਰ ਆਪਣੇ ਗਲੀ ਦੇ ਕੰਮ ਸੰਬੰਧੀ ਪੁੱਛਣ ਗਏ ਸਨ ਤਾਂ ਉਨ੍ਹਾਂ ਨੇ ਉਸ ਨੂੰ ਤਲਖ਼ ਲਫ਼ਜ਼ਾਂ ਵਿੱਚ ਗੱਲਬਾਤ ਕਰਕੇ ਉੱਥੋਂ ਤੋਰ ਦਿੱਤਾ।ਚੰਨਣ ਸਿੰਘ ਨੇ ਆਪਣੀ ਬੇਇਜ਼ਤੀ ਮਹਿਸੂਸ ਕਰਦੇ ਹੋਏ ਹੁਕਮਰਾਨ ਧਿਰ ਦੇ ਚੇਅਰਮੈਨ ਦੀਪਕ ਸੂਦ, ਪਰਵੀਨ ਛਾਬੜਾ ਵਗੈਰਾ ਨਾਲ ਗੱਲ ਕੀਤੀ ਤਾਂ ਹੁਕਮਰਾਨ ਧਿਰ ਦੇ ਪੀਐੱਸਆਈਡੀਸੀ ਦੇ ਸੀਨੀਅਰ ਵਾਈਸ ਚੇਅਰਮੈਨ ਪ੍ਰਵੀਨ ਛਾਬੜਾ, ਮਾਰਕਿਟ ਕਮੇਟੀ ਰਾਜਪੁਰਾ ਦੇ ਚੇਅਰਮੈਨ ਦੀਪਕ ਸੂਦ, ਬਨੂੜ ਮਾਰਕੀਟ ਕਮੇਟੀ ਦੇ ਚੇਅਰਮੈਨ ਜਸਵੀਰ ਸਿੰਘ ਚੰਦੂਆਂ, ਵਪਾਰ ਕਮਿਸ਼ਨ ਪਟਿਆਲਾ ਦੇ ਵਾਈਸ ਚੇਅਰਮੈਨ ਗੁਰਪ੍ਰੀਤ ਸਿੰਘ ਧਮੋਲੀ ਆਪਣੇ ਵਰਕਰਾਂ ਨਾਲ ਨਗਰ ਕੌਂਸਲ ਦਫ਼ਤਰ ਪਹੁੰਚੇ ਤਾਂ ਉਦੋਂ ਤੱਕ ਈਓ ਅਵਤਾਰ ਚੰਦ ਉਥੋਂ ਜਾ ਚੁੱਕੇ ਸਨ।ਉਕਤ ਆਗੂਆਂ ਵੱਲੋਂ ਈਓ ਨੂੰ ਫੋਨ ਕਰਕੇ ਬੁਲਾਇਆ ਤੇ ਚੰਨਣ ਸਿੰਘ ਤੋਂ ਮੁਆਫੀ ਮੰਗਣ ਲਈ ਕਿਹਾ ਤਾਂ ਅਵਤਾਰ ਚੰਦ ਨੇ ਬੜੀ ਬੇਪ੍ਰਵਾਹੀ ਦਾ ਪ੍ਰਗਟਾਵਾ ਕਰਦੇ ਹੋਏ ਕਿਹਾ ਕਿ ਜੇ ਮੇਰੀਆਂ ਗੱਲਾਂ ਨਾਲ ਕਿਸੇ ਨੂੰ ਠੇਸ ਪਹੁੰਚੀ ਹੈ ਤਾਂ ਮੈਂ ਸਮੁੱਚੇ ਰੂਪ ਵਿੱਚ ਸਾਰਿਆਂ ਤੋਂ ਮੁਆਫੀ ਮੰਗਦਾ ਹਾਂ ਅਤੇ ਇੰਨੀ ਗੱਲ ਕਹਿ ਕੇ ਉਹ ਇਹ ਕਹਿ ਕੇ ਉਥੋਂ ਚਲੇ ਗਏ ਕਿ ਉਹ ਮੀਟਿੰਗ ਵਿੱਚੋਂ ਉੱਠ ਕੇ ਆਏ ਸਨ ਤੇ ਉਨ੍ਹਾਂ ਨੇ ਮੀਟਿੰਗ ਵਿੱਚ ਜਾਣਾ ਹੈ। ਜਦੋਂ ਕਾਰਜ ਸਾਧਕ ਅਫਸਰ ਅਵਤਾਰ ਚੰਦ ਸੇਖੜੀ ਦਾ ਪੱਖ ਜਾਣਨ ਲਈ ਉਨ੍ਹਾਂ ਨੂੰ ਵਾਰ ਵਾਰ ਫੋਨ ਕੀਤਾ ਗਿਆ, ਪਰ ਫੋਨ ਉਨ੍ਹਾਂ ਦੇ ਕਿਸੇ ਪੀਏ ਵੱਲੋਂ ਉਠਾ ਕੇ ਹਰ ਵਾਰ ਇਹੀ ਕਿਹਾ ਗਿਆ ਕਿ ਸਾਹਿਬ ਮੀਟਿੰਗ ਵਿੱਚ ਹਨ, ਉਹ ਅਜੇ ਗੱਲ ਨਹੀਂ ਕਰ ਸਕਦੇ।

# ਸ਼ਹੀਦ ਭਾਈ ਸੰਗਤ ਸਿੰਘ ਦਾ ਜਨਮ ਦਿਹਾੜਾ ਮਨਾਇਆ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)** ਸ਼ਹੀਦ ਭਾਈ ਸੰਗਤ ਦੀ ਯਾਦਗਾਰ, ਸ਼ਹੀਦ ਬੁੰਗਾ ਸੀਸ ਸੰਸਕਾਰ, ਬਸੀ ਰੋਡ ਵਿਖੇ ਬੀਤੇ ਦਿਨੀਂ ਸ਼ਹੀਦ ਭਾਈ ਸੰਗਤ ਸਿੰਘ ਜੀ ਦਾ ਜਨਮ ਦਿਹਾੜਾ ਸ਼ਹੀਦ ਭਾਈ ਸੰਗਤ ਸਿੰਘ ਵੈਲਫੇਅਰ ਐਸੋਸੀਏਸ਼ਨ ਤੇ ਇਲਾਕੇ ਦੀਆਂ ਸੰਗਤਾਂ ਵੱਲੋਂ ਦਲ ਪੰਥ ਦੇ ਸਹਿਯੋਗ ਨਾਲ ਗੁਰਮਤਿ ਸਮਾਗਮ ਕਰਾ ਕੇ ਬੜੇ ਉਤਸ਼ਾਹ ਨਾਲ ਮਨਾਇਆ ਗਿਆ। ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪੈਣ ਉਪਰੰਤ ਰਾਗੀ ਤੇ ਢਾਡੀ ਜਥਿਆਂ ਨੇ ਜਿੱਥੇ ਕਥਾ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ, ਉਥੇ ਸ਼ਹੀਦ ਭਾਈ ਸੰਗਤ ਸਿੰਘ ਜੀ ਦੀ ਸ਼ਹੀਦੀ ਅਤੇ ਸਿੱਖ ਇਤਿਹਾਸ ਤੋਂ ਵੀ ਜਾਣੂ ਕਰਾਇਆ।ਸਮਾਗਮ ਵਿੱਚ ਜਿੱਥੇ ਇਲਾਕੇ ਦੀਆਂ ਸੰਗਤਾਂ ਨੇ ਵਧ-ਚੜ੍ਹ ਕੇ ਹਾਜ਼ਰੀ ਲਵਾਈ, ਉੱਥੇ ਜਥੇਦਾਰ ਬਾਬਾ ਰਾਜਾ ਰਾਜ ਸਿੰਘ ਜੀ, ਜਥੇਦਾਰ ਬਾਬਾ ਸੁਖਪਾਲ ਸਿੰਘ ਰਾਮਪੁਰਾ ਫੂਲ ਵਾਲੇ, ਬਾਬਾ ਬਾਬੂ ਸਿੰਘ ਨਿਹੰਗ ਸਿੰਘ ਫ਼ਤਹਿਗੜ੍ਹ ਸਾਹਿਬ ਵਾਲਿਆਂ ਨੇ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰੀ ਭਰੀ।



# ਰਾਜਿੰਦਰਾ ਹਸਪਤਾਲ ਦੀ ਵਿਸ਼ੇਸ਼ ਮੰਗ 'ਤੇ ਖ਼ੂਨਦਾਨ ਕੈਂਪ ਲਾਇਆ

**ਸਮਾਣਾ (ਗੁਰਪਿਆਰ ਸਿੰਘ ਬੱਲ, ਇਕਬਾਲ ਸਿੰਘ ਬੱਲ)**- ਪਬਲਿਕ ਕਾਲਜ ਸਮਾਣਾ, ਪਬਲਿਕ ਕਾਲਜੀਏਟ ਸੀਨੀਅਰ ਸੈਕੰਡਰੀ ਸਕੂਲ ਸਮਾਣਾ ਤੇ ਪਬਲਿਕ ਕਾਲਜ ਆਫ ਐਜੂਕੇਸ਼ਨ ਸਮਾਣਾ ਦੇ ਐੱਨ.ਐੱਸ.ਐੱਸ. ਵਿਭਾਗ, ਰੈਡ ਰਿਬਨ ਕਲੱਬ ਤੇ ਕਾਲਜ ਦੇ ਐੱਨ.ਸੀ.ਸੀ. ਯੂਨਿਟ ਵੱਲੋਂ ਸਰਕਾਰੀ ਰਾਜਿੰਦਰਾ ਹਸਪਤਾਲ ਪਟਿਆਲਾ ਦੀ ਵਿਸ਼ੇਸ਼ ਮੰਗ 'ਤੇ ਇੱਕ ਐਮਰਜੈਂਸੀ ਖ਼ੂਨਦਾਨ ਕੈਂਪ ਕਾਲਜ ਕੈਂਪਸ ਵਿਖੇ ਲਾਇਆ ਗਿਆ।ਇਸ ਖ਼ੂਨਦਾਨ ਕੈਂਪ ਦਾ ਉਦਘਾਟਨ ਐੱਮ.ਐੱਲ.ਏ. ਸਮਾਣਾ ਤੇ ਸਾਬਕਾ ਕੈਬਨਿਟ ਮੰਤਰੀ ਪੰਜਾਬ ਚੇਤਨ ਸਿੰਘ ਜੌੜਾਮਾਜਰਾ ਦੇ ਸਪੁੱਤਰ ਗੁਰਵਿੰਦਰ ਸਿੰਘ ਵੱਲੋਂ ਕੀਤਾ ਗਿਆ। ਕਾਲਜ ਪ੍ਰਿੰਸੀਪਲ ਡਾ. ਹਰਕੀਰਤ ਸਿੰਘ ਨੇ ਜਿੱਥੇ ਮੁੱਖ ਮਹਿਮਾਨ ਦਾ ਫੁੱਲਾਂ ਦਾ ਗੁਲਦਸਤਾ ਦੇ ਕੇ ਸਵਾਗਤ ਕੀਤਾ, ਉੱਥੇ ਖ਼ੂਨ ਦਾਨ ਕਰਨ ਵਿੱਚ ਇਸ ਕਾਲਜ ਦੇ ਮੋਹਰੀ ਹੋ ਕੇ ਅੱਗੇ ਆਉਣ ਵਿੱਚ ਖ਼ੁਸ਼ੀ ਦਾ ਇਜ਼ਹਾਰ ਕੀਤਾ।ਉਨ੍ਹਾਂ ਕਿਹਾ ਕਿ ਖ਼ੂਨਦਾਨ ਮਨੁੱਖਤਾ ਦੀ ਸਭ ਤੋਂ ਵੱਡੀ ਸੇਵਾ ਹੈ।ਮੁੱਖ ਮਹਿਮਾਨ ਨੇ ਵੀ ਇਸ ਉੱਤਮ ਕਾਰਜ ਲਈ ਕਾਲਜ ਤੇ ਰਾਜਿੰਦਰਾ ਹਸਪਤਾਲ ਪਟਿਆਲਾ ਤੋਂ ਪਹੁੰਚੀ ਟੀਮ ਦਾ ਧੰਨਵਾਦ ਕੀਤਾ ਤੇ ਖ਼ੂਨ ਦਾਨ ਕਰਨ ਵਾਲੇ ਵਿਦਿਆਰਥੀਆਂ ਦੀ ਹੌਸਲਾ ਅਫਜ਼ਾਈ ਕੀਤੀ। ਖ਼ੂਨਦਾਨ ਕੈਂਪ ਸਬੰਧੀ ਜਾਣਕਾਰੀ ਦਿੰਦਿਆਂ ਕਾਲਜ ਦੇ ਵਾਈਸ ਪ੍ਰਿੰਸੀਪਲ ਡਾ. ਹਰਕੀਰਤਨ ਕੌਰ ਨੇ ਦੱਸਿਆ ਕਿ ਅੱਜ 30 ਯੂਨਿਟ ਖ਼ੂਨ ਇੱਕਤਰ ਕਰਕੇ ਬਲੱਡ ਬੈਂਕ ਰਾਜਿੰਦਰਾ ਹਸਪਤਾਲ ਦੀ ਟੀਮ ਨੂੰ ਦਿੱਤਾ ਗਿਆ ਹੈ।ਉਨ੍ਹਾਂ ਕਿਹਾ ਕਿ ਵਿਦਿਆਰਥੀਆਂ ਨੂੰ ਆਪਣੇ ਸਰੀਰ ਨੂੰ ਸਿਹਤਮੰਦ ਰੱਖਣ ਦੀ ਬਹੁਤ ਜ਼ਰੂਰਤ ਹੈ।ਇਸ ਮੌਕੇ ਸਾਰੇ ਖ਼ੂਨਦਾਨੀਆਂ ਨੂੰ ਰਿਫਰੈਸ਼ਮੈਂਟ ਦੇਣ ਉਪਰੰਤ ਸਰਟੀਫਿਕੇਟ ਵੀ ਦਿੱਤੇ ਗਏ। ਇਸ ਕੈਂਪ ਨੂੰ ਸਫਲ ਬਣਾਉਣ ਵਿੱਚ ਕੁਆਰਡੀਨੇਟਰ ਰੈੱਡ ਰਿਬਨ ਕਲੱਬ ਡਾ. ਹਰਕੀਰਤਨ ਕੌਰ, ਐੱਨ.ਐੱਸ.ਐੱਸ. ਪ੍ਰੋਗਰਾਮ ਅਫਸਰ ਪ੍ਰੋ. ਸੋਨੂੰ ਜੈਨ, ਪ੍ਰੋ. ਕੁਲਜੀਤ ਕੌਰ, ਪ੍ਰੋ. ਅਰਵਿੰਦਰ ਕੌਰ, ਪ੍ਰੋ. ਹਮਿਤ ਕੁਮਾਰ, ਪ੍ਰੋ. ਸ਼ੇਰ ਸਿੰਘ, ਪ੍ਰੋ. ਸੁੰਟੀ ਕੁਮਾਰ, ਪ੍ਰੋ. ਜਸਪ੍ਰੀਤ ਕੌਰ (ਐਜੂਕੇਸ਼ਨ ਕਾਲਜ), ਪ੍ਰੋ. ਅਸ਼ਵਨੀ ਕੁਮਾਰ (ਕਾਲਜੀਏਟ ਸਕੂਲ), ਲੈਫਟੀਨੈਂਟ ਡਾ. ਅਨਿਲ ਕੁਮਾਰ ਇੰਚਾਰਜ ਐੱਨ.ਸੀ.ਸੀ. ਸ੍ਰੀ ਜਸਬੀਰ ਸਿੰਘ ਕਲਰਕ, ਸ੍ਰੀ ਅਮਰੀਕ ਸਿੰਘ ਰਾਜਲਾ ਕਲਰਕ ਤੇ ਸੇਵਾਦਾਰ ਸ੍ਰੀ ਰਾਮ ਤਾਰਾ ਤੇ ਬੇਬੀ ਤੋਂ ਇਲਾਵਾ ਕਾਲਜ ਲਾਇਬ੍ਰੇਰੀ ਦੇ ਸਮੂਹ ਅਮਲੇ ਦਾ ਅਹਿਮ ਯੋਗਦਾਨ ਰਿਹਾ।



# ਹੋਲੀ ਹਾਰਟ ਸਕੂਲ ਅਜੀਤਵਾਲ 'ਚ ਦੂਜੀ ਟਰਮ ਦੇ ਪੇਪਰ ਸ਼ੁਰੂ

**ਅਜੀਤਵਾਲ (ਨਛੱਤਰ ਸੰਧੂ)** ਹੋਲੀ ਹਾਰਟ ਸਕੂਲ ਅਜੀਤਵਾਲ ਵਿਖੇ ਵਿਦਿਆਰਥੀਆਂ ਦੇ ਦੂਜੇ ਟਰਮ ਦੇ ਸਾਲਾਨਾ ਪੇਪਰ ਬਹੁਤ ਹੀ ਸੁਚੱਜੇ ਢੰਗ ਨਾਲ ਸ਼ੁਰੂ ਹੋ ਗਏ ਹਨ।ਪੇਪਰਾਂ ਦੀ ਸ਼ੁਰੂਆਤ ਨਾਲ ਸਕੂਲ ਵਿੱਚ ਪੜ੍ਹਾਈ ਦਾ ਮਾਹੌਲ ਹੋਰ ਵੀ ਗੰਭੀਰ ਅਤੇ ਉਤਸ਼ਾਹਪੂਰਨ ਬਣ ਗਿਆ ਹੈ।ਵਿਦਿਆਰਥੀ ਪੂਰੀ ਤਿਆਰੀ ਤੇ ਆਤਮ ਵਿਸ਼ਵਾਸ ਨਾਲ ਸਕੂਲ ਪਹੁੰਚੇ ਅਤੇ ਸ਼ਾਂਤੀਪੂਰਨ ਮਾਹੌਲ ਵਿੱਚ ਆਪਣੀ ਪ੍ਰੀਖਿਆ ਦਿੱਤੀ। ਸਕੂਲ ਪ੍ਰਬੰਧਕਾਂ ਵੱਲੋਂ ਪੇਪਰਾਂ ਲਈ ਪੂਰੇ ਪ੍ਰਬੰਧ ਕੀਤੇ ਗਏ ਹਨ ਤਾਂ ਜੁ ਕਿਸੇ ਵੀ ਤਰ੍ਹਾਂ ਦੀ ਕੋਈ ਅਸੁਵਿਧਾ ਨਾ ਆਵੇ। ਪੇਪਰਾਂ ਦੌਰਾਨ ਅਧਿਆਪਕਾਂ ਵੱਲੋਂ ਨਿਗਰਾਨੀ ਵੀ ਕੀਤੀ ਜਾ ਰਹੀ ਹੈ ਤਾਂ ਜੁ ਸਾਰੀ ਪ੍ਰਕਿਰਿਆ ਨਿਯਮਾਂ ਅਨੁਸਾਰ ਹੋ ਸਕੇ। ਬੱਚੇ ਸਮੇਂ ਤੋਂ ਪਹਿਲਾਂ ਹੀ ਸਕੂਲ ਪਹੁੰਚ ਗਏ ਅਤੇ ਆਪਣੇ ਪੇਪਰਾਂ ਦੀ ਤਿਆਰੀ ਬਾਰੇ ਇਕ ਦੂਜੇ ਨਾਲ ਗੱਲਬਾਤ ਕਰਦੇ ਨਜ਼ਰ ਆਏ। ਸਕੂਲ ਦੇ ਪ੍ਰਿੰਸੀਪਲ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਮਿਹਨਤ ਤੇ ਲਗਨ ਨਾਲ ਕੀਤੀ ਪੜ੍ਹਾਈ ਕਦੇ ਵੀ ਵਿਅਰਥ ਨਹੀਂ ਜਾਂਦੀ।ਉਨ੍ਹਾਂ ਨੇ ਬੱਚਿਆਂ ਨੂੰ ਪ੍ਰੇਰਿਤ ਕੀਤਾ ਕਿ ਉਹ ਘਬਰਾਉਣ ਦੀ ਬਜਾਇ ਧੀਰਜ ਤੇ ਵਿਸ਼ਵਾਸ ਨਾਲ ਆਪਣੇ ਪੇਪਰ ਦੇਣ ਅਤੇ ਵਧੀਆ ਨਤੀਜੇ ਹਾਸਲ ਕਰਨ।



# ਆਂਗਣਵਾੜੀ ਬੱਚਿਆਂ ਦੇ ਸਰਵਪੱਖੀ ਵਿਕਾਸ ਲਈ ਖੇਡ ਮੁਕਾਬਲੇ

**ਬਠਿੰਡਾ, (ਪਰਵਿੰਦਰ ਜੀਤ ਸਿੰਘ)** ਜ਼ਿਲ੍ਹਾ ਪ੍ਰੋਗਰਾਮ ਅਫ਼ਸਰ ਸ੍ਰੀ ਪੰਕਜ ਕੁਮਾਰ ਨੇ ਦੱਸਿਆ ਕਿ ਆਂਗਣਵਾੜੀ ਬੱਚਿਆਂ ਦੇ ਸਿਹਤਮੰਦ ਅਤੇ ਸਰਵਪੱਖੀ ਵਿਕਾਸ ਲਈ ਖੇਡ ਗਤੀਵਿਧੀਆਂ ਬਹੁਤ ਮਹੱਤਵਪੂਰਨ ਹਨ।ਉਨ੍ਹਾਂ ਕਿਹਾ ਕਿ ਛੋਟੀ ਉਮਰ ਤੋਂ ਹੀ ਬੱਚਿਆਂ ਨੂੰ ਖੇਡਾਂ ਨਾਲ ਜੋੜਨ ਨਾਲ ਉਨ੍ਹਾਂ ਦੀ ਸਰੀਰਕ ਤੰਦਰੁਸਤੀ, ਆਤਮ-ਵਿਸ਼ਵਾਸ ਤੇ ਸਿਖਣ ਦੀ ਸਮਰੱਥਾ ਵਿੱਚ ਵਾਧਾ ਹੁੰਦਾ ਹੈ। ਉਨ੍ਹਾਂ ਦੱਸਿਆ ਕਿ ਇੰਟੀਗ੍ਰੇਟਿਡ ਚਾਈਲਡ ਡਿਵੈਲਪਮੈਂਟ ਸਰਵਿਸਿਜ਼ (ਆਈ.ਸੀ.ਡੀ.ਐਸ.) ਤਹਿਤ ਜ਼ਿਲ੍ਹਾ ਬਠਿੰਡਾ ਵਿੱਚ ਆਂਗਣਵਾੜੀ ਕੇਂਦਰਾਂ ਦੇ ਬੱਚਿਆਂ ਲਈ ਕਰਾਏ ਜਾ ਰਹੇ ਖੇਡ ਮੁਕਾਬਲਿਆਂ ਵਿੱਚ ਜ਼ਿਲ੍ਹੇ ਦੇ ਵੱਖ-ਵੱਖ ਬਲਾਕਾਂ ਦੇ ਆਂਗਣਵਾੜੀ ਕੇਂਦਰਾਂ ਦੇ ਬੱਚੇ ਬੜੇ ਜੋਸ਼ ਤੇ ਉਤਸ਼ਾਹ ਨਾਲ ਭਾਗ ਲੈ ਰਹੇ ਹਨ। ਇਨ੍ਹਾਂ ਖੇਡ ਮੁਕਾਬਲਿਆਂ ਦਾ ਮੁੱਖ ਉਦੇਸ਼ ਬੱਚਿਆਂ ਵਿੱਚ ਖੇਡਾਂ ਪ੍ਰਤੀ ਰੁਝਾਨ ਵਧਾਉਣ ਦੇ ਨਾਲ-ਨਾਲ ਉਨ੍ਹਾਂ ਦੇ ਸਰੀਰਕ, ਮਾਨਸਿਕ ਅਤੇ ਸਮਾਜਿਕ ਵਿਕਾਸ ਨੂੰ ਉਤਸ਼ਾਹਤ ਕਰਨਾ ਹੈ।ਇਸ ਦੌਰਾਨ ਦੌੜ, ਗੇਂਦ ਸੁੱਟ, ਰਿੰਗ ਗੇਮ ਸਮੇਤ ਕਈ ਮਨੋਰੰਜਕ ਅਤੇ ਰੌਚਕ ਖੇਡਾਂ ਕਰਵਾਈਆਂ ਜਾ ਰਹੀਆਂ ਹਨ।




## ਉੱਤਰ ਰੇਲਵੇ

### ਈ-ਨਿਵਿਦਾ ਸੂਚਨਾ

**ਉਪ ਮੁੱਖ ਇੰਜੀਨੀਅਰ/ਜੀ.ਐਸ.ਯੂ., ਫਿਰੋਜ਼ਪੁਰ** ਦੁਆਰਾ ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਹੇਠਾਂ ਲਿਖਤ ਈ-ਨਿਵਿਦਾਵਾਂ, ਅੰਤਮ ਮਿਤੀ **06.04.2026 ਸਮਾਂ 11.30 ਵਜੇ ਤਕ**, www.ireps.gov.in ਮੰਗ ਕੀਤੀ ਜਾਂਦੀ ਹੈ। ਨਿਵਿਦਾਕਰਤਾ ਆਪਣੇ ਮੂਲ/ਸੰਸ਼ੋਧਿਤ ਟੈਂਡਰ ਮਿਤੀ ਅਤੇ ਸਮੇਂ ਤਕ ਪੇਸ਼ ਕਰ ਸਕਦੇ ਹਨ ਇਨਾਂ ਟੈਂਡਰਾਂ ਦੇ ਲਈ ਮੈਨੂੰਅਲ ਪ੍ਰਸਤਾਵ ਮਾਨਯ ਨਹੀਂ ਹੈ ਅਤੇ ਐਸੇ ਕਿਸੇ ਵੀ ਮੈਨੂੰਅਲ ਪ੍ਰਾਪਤ ਪ੍ਰਸਤਾਵ ਨੂੰ ਸਵੀਕਾਰ ਨਹੀਂ ਕੀਤਾ ਜਾਵੇਗਾ।ਠੇਕੇਦਾਰ ਨਿਵਿਦਾ ਫਾਰਮ ਦੀ ਲਾਗਤ ਅਤੇ ਬਿਆਨਾ ਰਾਸ਼ੀ ਜਗ੍ਹਾ "ਨਿਵਿਦਾ ਸੁਰੱਖਿਆ ਘੋਸ਼ਣਾ ਪੱਤਰ" ਤੈਅ ਫਾਰਮੇਟ ਵਿਚ ਨਿਵਿਦਾ ਦੇ ਨਾਲ ਈ-ਪੋਰਟਲ 'ਤੇ ਨਥੀ ਕਰੇਗਾ।

| ਨਿਵਿਦਾ ਪ੍ਰਕਾਰ | ਨਿਵਿਦਾ ਅਨੁਭਾਗ | ਨਿਵਿਦਾ ਪ੍ਰਣਾਲੀ |
|---|---|---|
| ਖੁਲ੍ਹੀ ਨਿਵਿਦਾ | ਗਤੀ ਸ਼ਕਤੀ ਯੂਨਿਟ | ਦੋ ਪੈਕੇਟ ਪ੍ਰਣਾਲੀ |
| ਨਿਵਿਦਾ ਅਪਲੋਡ ਕਰਨ ਦੀ ਮਿਤੀ | ਨਿਵਿਦਾ ਸ਼ੁਰੂ ਦੀ ਮਿਤੀ | ਨਿਵਿਦਾ ਸਮਾਪਨ ਦੀ ਮਿਤੀ/ਸਮਾਂ |
| 11.03.2026 | 23.03.2026 | 06.04.2026 / 11:30 Hrs. |

| ਲੜੀ ਨੰਬਰ | ਨਿਵਿਦਾ ਨੰਬਰ, ਮਿਤੀ | ਨਿਵਿਦਾ ਦਾ ਵੇਰਵਾ | | |
|---|---|---|---|---|
| 1. | OP-05-GSU-FZR-2025-26 Date : 06.04.2026 | ਬੀਏਐਚਐਮ-ਬੀਆਰਐਮਐਲ ਸੈਕਸ਼ਨ ਉਤੇ ਰੇਲਵੇ ਸਟੇਸ਼ਨ ਪੀਐਮਪੀਈ ਵਿਚ ਵਧੀਆ ਸੁਵਿਧਾਵਾਂ ਦੇ ਬਾਕੀ ਕੰਮ, ਜਿਸ ਵਿਚ ਟੋ ਵਾਲ, ਸਟੋਨ ਪਿਚਿੰਗ, 200x15 ਮੀਟਰ ਪਲੇਟਫਾਰਮ ਦੀ ਸਤਹਾ ਉਸਾਰੀ ਅਤੇ ਪਲੇਟਫਾਰਮ ਸ਼ੇਡ ਅਤੇ ਹੋਰ ਵਖ-ਵਖ ਕੰਮ ਸ਼ਾਮਲ ਹਨ, ਦਾ ਕੰਮ ਜਾਰੀ ਹੈ। | | |
| | ਵਿਗਿਆਪਨ ਮੁੱਲ (ਰੁ.) | ਬਿਆਨਾ ਰਾਸ਼ੀ (ਰੁ.) | ਸਮਾਪਨ ਦੀ ਅਵਧੀ | ਆਫਰ ਦੀ ਵੈਲੇਡਿਟੀ |
| | 11,44,05,682.76/- | 7,22,000.00/- | 90 ਦਿਨ | 9 ਮਹੀਨੇ |

**ਨੋਟ : 1.** ਨਿਵਿਦਾ ਪਾਉਣ ਤੋਂ ਪਹਿਲਾਂ ਨਿਵਿਦਾਕਰਤਾ ਨਿਵਿਦਾ ਦੇ ਸਬੰਧ ਵਿਚ ਜਾਰੀ ਕੀਤੇ ਗਏ ਕਿਸੇ ਵੀ ਸ਼ੁਧੀਪੱਤਰ ਦੀ ਜਾਂਚ ਕਰਨਗੇ। **2.** ਹਿੰਦੀ ਵਿਚ ਕਿਸੇ ਵੀ ਗਲਤੀ ਲਈ ਅੰਗ੍ਰੇਜ਼ੀ ਵਰਜਨ ਦਾ ਅਵਲੋਕਨ ਕਰੋ, ਅਤੇ ਅੰਗ੍ਰੇਜ਼ੀ ਵਰਜਨ ਹੀ ਮਾਨਯ ਹੋਣਗੇ। **ਖੁਲ੍ਹੀ ਨਿਵਿਦਾ ਸੂਚਨਾ ਪੱਤਰ ਨੰ.** :— OP-05-GSU-FZR-2025-26 **ਮਿਤੀ : 11.03.2026** 830/2026

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ


# ਤਨਵੀਰ ਸਿੰਘ ਨੇ ਜਨਮ ਦਿਨ ਮੌਕੇ ਲਾਇਆ ਪੌਦਾ

**ਮਾਨਸਾ (ਆਤਮਾ ਸਿੰਘ ਪਮਾਰ)** ਭਾਈ ਬਹਿਲੋ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ (ਮੁੰਡੇ) ਫਫੜੇ ਭਾਈ ਕੇ ਵਿਖੇ ਛੇਵੀਂ ਜਮਾਤ ਦੇ ਵਿਦਿਆਰਥੀ ਤਨਵੀਰ ਸਿੰਘ ਨੇ ਆਪਣੇ ਜਨਮ ਦਿਨ ਮੌਕੇ ਸਕੂਲ 'ਚ ਇੱਕ ਪੌਦਾ ਲਾ ਕੇ ਵਾਤਾਵਰਣ ਦੀ ਸਾਂਭ ਸੰਭਾਲ ਦਾ ਸੁਨੇਹਾ ਦਿੱਤਾ। ਸਕੂਲ ਪ੍ਰਿੰਸੀਪਲ ਕੁਲਦੀਪ ਸਿੰਘ ਨੇ ਤਨਵੀਰ ਸਿੰਘ ਦੀ ਇਸ ਪਹਿਲਕਦਮੀ ਦੀ ਪ੍ਰਸ਼ੰਸਾ ਕੀਤੀ ਤੇ ਹੋਰ ਵਿਦਿਆਰਥੀਆਂ ਨੂੰ ਵੀ ਆਪਣੇ ਖ਼ਾਸ ਦਿਨਾਂ ਨੂੰ ਵਾਤਾਵਰਣ ਸੁਰੱਖਿਆ ਨਾਲ ਜੋੜਨ ਲਈ ਪ੍ਰੇਰਿਤ ਕੀਤਾ। ਲੈਕਚਰਾਰ ਨੋਵਿੰਦਰ ਸਿੰਘ ਨੇ ਕਿਹਾ ਕਿ ਰੁੱਖ ਲਾਉਣਾ ਸਮੇਂ ਦੀ ਲੋੜ ਹੈ ਅਤੇ ਇਸ ਤਰ੍ਹਾਂ ਦੀਆਂ ਪਹਿਲਾਂ ਨਾਲ ਬੱਚਿਆਂ 'ਚ ਪ੍ਰਕਿਰਤੀ ਪ੍ਰਤੀ ਪਿਆਰ ਅਤੇ ਜ਼ਿੰਮੇਵਾਰੀ ਦੀ ਭਾਵਨਾ ਪੈਦਾ ਹੁੰਦੀ ਹੈ।ਉਨ੍ਹਾਂ ਤਨਵੀਰ ਸਿੰਘ ਨੂੰ ਜਨਮ ਦਿਨ ਦੀਆਂ ਵਧਾਈਆਂ ਵੀ ਦਿੱਤੀਆਂ। ਇਸ ਮੌਕੇ ਸਮੂਹ ਸਟਾਫ਼ ਅਤੇ ਸਕੂਲੀ ਵਿਦਿਆਰਥੀ ਵੀ ਹਾਜ਼ਰ ਸਨ ।



# ਮਰਨ ਉਪਰੰਤ ਵੀ ਦੋ ਜ਼ਿੰਦਗੀਆਂ ਨੂੰ ਰੁਸ਼ਨਾ ਗਏ ਨਾਇਬ ਸੂਬੇਦਾਰ ਦਰਸ਼ਨ ਸਿੰਘ

**ਮਾਨਸਾ (ਆਤਮਾ ਸਿੰਘ ਪਮਾਰ)**- ਮਾਰਚ 1955 'ਚ ਪਿੰਡ ਹੀਰੇਵਾਲਾ ਵਿਖੇ ਇੱਕ ਮਜ਼ਦੂਰ ਪਰਿਵਾਰ 'ਚ ਜਨਮੇ ਦਰਸ਼ਨ ਸਿੰਘ ਨੇ ਆਪਣੇ ਬਚਪਨ 'ਚ ਹੀ ਆਰਥਿਕ ਤੰਗੀਆਂ ਤੁਰਸ਼ੀਆਂ ਦਾ ਸਾਹਮਣਾ ਕਰਦਿਆਂ ਆਪਣੇ ਪਿੰਡ ਦੇ ਪ੍ਰਾਇਮਰੀ ਸਕੂਲ ਤੋਂ ਹੀ ਪੰਜਵੀਂ ਸ਼੍ਰੇਣੀ ਪਾਸ ਕੀਤੀ।ਉਸ ਤੋਂ ਬਾਅਦ ਗੁਆਂਢੀ ਪਿੰਡ ਨੰਗਲ ਕਲਾਂ ਤੋਂ ਅੱਠਵੀਂ ਪਾਸ ਕੀਤੀ ਅਤੇ ਸਾਲ 1974 'ਚ ਆਪਣੇ ਨਾਨਕੇ ਪਿੰਡ ਮੰਘਾਣੀਆਂ ਵਿਖੇ ਰਹਿੰਦਿਆਂ ਸਰਕਾਰੀ ਹਾਈ ਸਕੂਲ ਬੋਹਾ ਤੋਂ ਦਸਵੀਂ ਦੀ ਪ੍ਰੀਖਿਆ ਪਾਸ ਕੀਤੀ। ਸਨ 1975 'ਚ ਦਰਸ਼ਨ ਸਿੰਘ ਭਾਰਤੀ ਫ਼ੌਜ 'ਚ ਭਰਤੀ ਹੋ ਕੇ ਦੇਸ਼ ਸੇਵਾ ਨੂੰ ਸਮਰਪਤ ਹੋ ਗਏ।ਫ਼ੌਜ ਦੀ ਨੌਕਰੀ ਦੌਰਾਨ ਵੀ ਉਨ੍ਹਾਂ ਨੇ ਆਪਣੀ ਪੜ੍ਹਾਈ ਜਾਰੀ ਰੱਖੀ ਤੇ ਗ੍ਰੈਜੂਏਸ਼ਨ ਪੂਰੀ ਕਰ ਲਈ।ਡੇਰਾ ਸੱਚਾ ਸੌਦਾ ਸਿਰਸਾ ਨਾਲ ਜੁੜਨ ਤੋਂ ਬਾਅਦ ਉਹ ਵੱਖ ਵੱਖ ਸਮਾਜ ਸੇਵਾ ਮਿਸ਼ਨਾਂ ਨਾਲ ਜੁੜ ਕੇ ਸੇਵਾ ਕਰਦੇ ਰਹੇ। ਮਿਸ਼ਨ ਨਾਲ ਜੁੜ ਕੇ ਹੀ ਉਨ੍ਹਾਂ ਨੇ ਆਪਣਾ ਸਰੀਰ ਤੇ ਅੱਖਾਂ ਦਾਨ ਕਰਨ ਦਾ ਫ਼ੈਸਲਾ ਕੀਤਾ।ਲੰਘੀ 9 ਮਾਰਚ ਨੂੰ ਉਹ ਇਸ ਫਾਨੀ ਸੰਸਾਰ ਤੋਂ ਰੁਖ਼ਸਤ ਹੋ ਗਏ ਹਨ।ਉਨ੍ਹਾਂ ਦੀਆਂ ਦਾਨ ਕੀਤੀਆਂ ਅੱਖਾਂ ਦੋ ਵਿਅਕਤੀਆਂ ਨੂੰ ਲਗਾਈਆਂ ਜਾਣਗੀਆਂ।ਪੂਰੀ ਉਮਰ ਜਿਉਂਦੇ ਜੀ ਲੋਕ ਭਲਾਈ ਦੇ ਕੰਮ ਕਰਦਿਆਂ ਨਾਇਬ ਸੂਬੇਦਾਰ ਸ੍. ਦਰਸ਼ਨ ਸਿੰਘ ਮਰਨ ਉਪਰੰਤ ਵੀ ਦੋ ਇਨਸਾਨਾਂ ਦੀ ਜ਼ਿੰਦਗੀ ਰੁਸ਼ਨਾ ਗਏ।ਉਨ੍ਹਾਂ ਦੇ ਚੰਗੇ ਕੰਮਾਂ ਨੂੰ ਹਮੇਸ਼ਾ ਯਾਦ ਕੀਤਾ ਜਾਵੇਗਾ।ਡੇਰਾ ਸੱਚਾ ਸੌਦਾ ਨਾਲ ਸਬੰਧਤ ਹੋਣ ਕਾਰਨ ਡੇਰਾ ਸੱਚਾ ਸੌਦਾ ਨੇੜੇ ਰਾਮ ਦਿੱਤੇ ਵਾਲਾ ਚੌਂਕ ਮਾਨਸਾ ਵਿਖੇ ਉਨ੍ਹਾਂ ਨਮਿੱਤ 19 ਮਾਰਚ ਵੀਰਵਾਰ ਨੂੰ ਦੁਪਹਿਰ 12 ਤੋਂ 1 ਵਜੇ ਤੱਕ ਆਤਮਿਕ ਸ਼ਾਂਤੀ ਲਈ ਨਾਮ ਚਰਚਾ ਹੋਵੇਗੀ।




## ਉੱਤਰ ਰੇਲਵੇ

### ਈ-ਨੀਲਾਮੀ ਸੂਚਨਾ

ਭਾਰਤ ਦੇ ਰਾਸ਼ਟਰਪਤੀ ਦੀ ਤਰਫ ਤੋਂ ਸੀਨੀਅਰ ਮੰਡਲ ਵਾਨਿਜਯ ਪ੍ਰਬੰਧਕ, ਉੱਤਰ ਰੇਲਵੇ, ਫ਼ਿਰੋਜ਼ਪੁਰ ਦੁਵਾਰਾ ਹੇਠਾ ਦਿਤੇ ਗਏ ਕੰਮ ਦੇ ਲਈ ਯੋਗ ਅਤੇ ਰਜਿਸਟਰਡ ਬੋਲੀਦਾਤਾਵਾਂ ਤੋਂ ਫਿਰੋਜ਼ਪੁਰ ਮੰਡਲ ਵਿਚ ਈ-ਨੀਲਾਮੀ ਮੰਗ ਕੀਤੀ ਜਾਂਦੀ ਹੈ ।

| ਨੀਲਾਮੀ ਸੂਚੀ ਨੰ: | ਨੀਲਾਮੀ ਸ਼ੁਰੂ ਹੋਣ ਦਾ ਸਮਾਂ ਅਤੇ ਮਿਤੀ | ਕੰਮ ਦਾ ਨਾਮ |
|---|---|---|
| EAFZR-RCR26-3 | 23.03.26 ਨੂੰ 11.30 ਵਜੇ | ਕ) ਅੰਮ੍ਰਿਤਸਰ ਰੇਲਵੇ ਸਟੇਸ਼ਨ ਉਤੇ ਰੇਲ ਕੋਚ ਰੇਸਟੋਰੇਟ ਦੇ ਰੂਪ ਵਿਚ ਰੇਲ ਕੋਚ ਦੇ ਨਵੀਨੀਕਰਨ ਅਤੇ ਸੰਚਾਲਨ ਦੇ ਲਈ ਠੇਕੇ ਦਾ ਅਲਾਟਮੈਂਟ । ਖ) ਨਵਾਂਸ਼ਹਿਰ ਅਤੇ ਮੁਕਤਸਰ ਰੇਲਵੇ ਸਟੇਸ਼ਨ ਉਤੇ ਫੂਡ ਵੈਨ ਦੀ ਸਥਾਪਨਾ ਅਤੇ ਸੰਚਾਲਨ । |
| EAFZR-ADVT26-7 | 23.03.26 ਨੂੰ 11.30 ਵਜੇ | ਅੰਮ੍ਰਿਤਸਰ ਰੇਲਵੇ ਸਟੇਸ਼ਨ ਦੇ ਪਲੇਟਫਾਰਮ ਨੰਬਰ 1 ਉਤੇ ਗਲੋ ਸਾਇਨ ਬੋਰਡ ਦੇ ਦੁਆਰਾ ਤੋਂ ਵਾਨਿਜਿਯਕ ਪ੍ਰਚਾਰ ਅਧਿਕਾਰੀ ਦੇ ਲਈ ਅਨੁਬੰਧ ਦਾ ਅਲਾਟਮੈਂਟ । |
| EAFZR-MIXED26-8 | 25.03.26 ਨੂੰ 11.30 ਵਜੇ | ਅੰਮ੍ਰਿਤਸਰ ਰੇਲਵੇ ਸਟੇਸ਼ਨ ਉਤੇ ਪੂਜਾ ਸਾਮਗਰੀ ਸਟੋਰ, ਮੋਬਾਇਲ ਵਿਕਰੀ ਕਿਯੋਸਕ ਅਤੇ ਵਰਚੁਅਲ ਬ੍ਰਾਂਡ ਪ੍ਰੋਮਸ਼ਨਲ ਕਿਯੋਸਕ ਦੀ ਸਥਾਪਨਾ ਅਤੇ ਸੰਚਾਲਨ । |
| EAFZR-MIXED26-9 | 26.03.26 ਨੂੰ 11.30 ਵਜੇ | ਕ) ਫਗਵਾੜਾ ਰੇਲਵੇ ਸਟੇਸ਼ਨ ਉਤੇ ਮੋਬਾਇਲ ਅਤੇ ਐਕਸੇਸਰੀਜ ਸਟੋਰ, ਸੈਲੂਨ ਲਈ ਕਿਯੋਸਕ ਅਤੇ ਰਿਲੈਕਸਿੰਗ ਚੇਯਰ ਦੀ ਸਥਾਪਲਾ ਅਤੇ ਸੰਚਾਲਨ । ਖ) ਲੁਧਿਆਣਾ ਰੇਲਵੇ ਸਟੇਸ਼ਨ ਉਤੇ ਰਿਲੈਕਸਿੰਗ ਚੇਯਰ ਦੀ ਸਥਾਪਨਾ ਅਤੇ ਸੰਚਾਲਨ । |

ਪੂਰੀ ਜਾਣਕਾਰੀ ਅਤੇ ਰਜਿਸਟਰੈਸ਼ਨ ਦੇ ਲਈ ਕ੍ਰਿਪਾ ਰੇਲਵੇ ਦੀ ਵੇਬਸਾਈਟ www.ireps.gov.in ਉਤੇ ਜਾਉ ।
ਨੰਬਰ: NR-FZR0COML(NFR)/18/2024 ਮਿਤੀ : 11.03.2026 827/2026

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ


# ਬਰਸੀ 'ਤੇ ਵਿਸ਼ੇਸ਼ : ਕਦੇ ਨਹੀਂ ਭੁੱਲਣੇ ਰਛਪਾਲ ਸਿੰਘ ਗਿੱਲ ਦੇ ਸਾਹਿਤਕ ਤੇ ਪ੍ਰਬੰਧਕੀ ਕਾਰਜ

ਰਛਪਾਲ ਸਿੰਘ ਗਿੱਲ ਭਾਸ਼ਾ ਵਿਭਾਗ ਪੰਜਾਬ ਦੇ ਇੱਕ ਅਜਿਹੇ ਡਾਇਰੈਕਟਰ ਸਨ, ਜਿਨ੍ਹਾਂ ਨੇ ਵਿਭਾਗ ਨੂੰ ਉੱਚ ਬੁਲੰਦੀਆਂ ਤੇ ਪੁਚਾਇਆ, ਜਿਨ੍ਹਾਂ ਦੇ ਕੰਮਾਂ ਦੀ ਚਰਚਾ ਅੱਜ ਵੀ ਬੜੇ ਮਾਣ ਨਾਲ ਕੀਤੀ ਜਾਂਦੀ ਹੈ।ਪੰਜਾਬ ਕੋਸ਼ ਅਤੇ ਪੰਜਾਬੀ ਵਿਸ਼ਵ ਕੋਸ਼ ਦੇ ਇਸ ਮੋਢੀ ਮੁੱਖ ਸੰਪਾਦਕ ਦਾ ਜਨਮ 8 ਮਈ, 1946 ਨੂੰ ਲਾਇਲਪੁਰ (ਪਾਕਿਸਤਾਨ) ਵਿੱਚ ਦਲੀਪ ਸਿੰਘ ਦੇ ਘਰ ਹੋਇਆ।ਦੇਸ਼ ਵੰਡ ਤੋਂ ਬਾਅਦ ਉਨ੍ਹਾਂ ਦਾ ਪਰਵਾਰ ਮਾਂਗਟ ਵਿਖੇ ਆ ਕੇ ਵਸ ਗਿਆ।ਮੁੱਢਲੀ ਵਿੱਦਿਆ ਉਪਰੰਤ ਇਸ ਨੇ ਗੌਰਮਿੰਟ ਕਾਲਜ, ਮਾਲੇਰਕੋਟਲਾ ਤੋਂ ਬੀ.ਏ. ਕੀਤੀ ਅਤੇ ਫਿਰ ਪੰਜਾਬ ਯੂਨੀਵਰਸਿਟੀ, ਚੰਡੀਗੜ੍ਹ ਤੋਂ ਭੂਗੋਲ ਵਿਸ਼ੇ ਵਿੱਚ ਐਮ.ਏ. ਵਿੱਚ ਡਿਗਰੀ ਪ੍ਰਾਪਤ ਕੀਤੀ ਅਤੇ ਪੰਜਾਬੀ ਯੂਨੀਵਰਸਿਟੀ ਪਟਿਆਲਾ ਤੋਂ ਅੰਗਰੇਜ਼ੀ ਦੀ ਐਮ.ਏ. ਕੀਤੀ। ਕੁਝ ਦੇਰ ਰੋਪੜ ਅਤੇ ਉੜਮੁੜ ਟਾਂਡਾ ਕਾਲਜਾਂ ਵਿੱਚ ਪੜ੍ਹਾਉਣ ਉਪਰੰਤ 1975 ਈ. ਵਿੱਚ ਭਾਸ਼ਾ ਵਿਭਾਗ ਪੰਜਾਬ ਵਿੱਚ ਪੰਜਾਬੀ ਵਿਸ਼ਵ ਕੋਸ ਲਈ ਭੂਗੋਲ ਦੇ ਵਿਸ਼ਾ ਮਾਹਰ ਵਜੋਂ ਨਿਯੁਕਤੀ ਹੋਈ ਤੇ 1977 ਵਿੱਚ ਉਹ ਪੰਜਾਬੀ ਵਿਸ਼ਵ ਕੋਸ਼ ਦੇ ਸਮਜ ਵਿਗਿਆਨ ਭਾਗ ਦੇ ਸੰਪਾਦਕ ਬਣ ਗਏ। ਸੰਨ 1995 ਵਿੱਚ ਉਨ੍ਹਾਂ ਨੇ ਵਿਸ਼ਵ ਕੋਸ਼ ਦੇ ਮੁੱਖ ਸੰਪਾਦਕ ਦਾ ਅਹੁਦਾ ਸੰਭਾਲਿਆ ਅਤੇ ਨਾਲ ਹੀ ਪੰਜਾਬ ਕੋਸ਼ ਦੇ ਮੁੱਖ ਸੰਪਾਦਕ ਵੀ ਬਣੇ।ਤਕਨੀਕੀ ਅਤੇ ਪ੍ਰਸ਼ਾਸਕੀ ਸੂਝ ਦਾ ਸੁੰਦਰ ਸੁਮੇਲ ਉਨ੍ਹਾਂ ਵਿੱਚ ਦ੍ਰਿਸ਼ਟੀਗੋਚਰ ਹੁੰਦਾ ਸੀ, ਜਿਸ ਕਾਰਜ ਦੇ ਉਹ ਪ੍ਰਸ਼ਾਸਕੀ ਪਾਸੇ ਦੀ ਤਰੱਕੀ ਦੀਆਂ ਪੌੜੀਆਂ ਚੜ੍ਹਦੇ ਜਾਇੰਟ ਡਾਇਰੈਕਟਰ, ਐਡੀਸ਼ਨਲ ਡਾਇਰੈਕਟਰ ਅਤੇ ਫਿਰ 1 ਅਪ੍ਰੈਲ 2004 ਨੂੰ ਭਾਸ਼ਾ ਵਿਭਾਗ, ਪੰਜਾਬ ਦੇ ਡਾਇਰੈਕਟਰ ਬਣੇ। ਸੰਵੇਦਨਸ਼ੀਲ ਤੇ ਚਰਚਾਗ੍ਰਸਤ ਵਿਸ਼ਿਆਂ ਉਤੇ ਲਿਖੀਆਂ ਐਂਟਰੀਆਂ ਨੂੰ, ਖਾਸ ਕਰ ਕੇ ਧਰਮ ਨਾਲ ਸਬੰਧਤ ਐਂਟਰੀਆਂ ਨੂੰ ਛਪਣ ਤੋਂ ਪਹਿਲਾਂ ਉਨ੍ਹਾਂ ਨੇ ਸਬੰਧਤ ਸੰਸਥਾ ਤੋਂ ਨਿਰੀਖਣ ਵੀ ਕਰਾਇਆ।ਇਸ ਤੋਂ ਇਲਾਵਾ ਸ਼੍ਰੋਮਣੀ ਗਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਹਿਯੋਗ ਨਾਲ ਤਸਵੀਰਾਂ ਪ੍ਰਾਪਤ ਕੀਤੀਆਂ।ਪੰਜਾਬ ਕੋਸ਼ ਦੇ ਅਸਤਰ ਪੰਨੇ ਉਤੇ ਛਪਿਆ 'ਪੰਜਾਬ (ਉਦੋਂ ਤੇ ਹੁਣ) ਨਕਸ਼ਾ ਛਾਪਣ ਲਈ ਕਾਪੀ ਰਾਈਟ ਪ੍ਰਾਪਤ ਕਰਨ ਦ ਕੰਮ, ਕੇਂਦਰ ਅਤੇ ਰਾਜ ਸਰਕਾਰ ਦੇ ਮਹੱਤਵਪੂਰਨ ਵਿਅਕਤੀਆਂ ਦੇ ਬਾਇਓਡਾਟਾ ਉਪਲਬਧ ਕਰਾਉਣ ਜਿਹੇ ਸਾਰੇ ਕਾਰਜ ਉਨ੍ਹਾਂ ਦੀ ਅਣਥੱਕ ਮਿਹਨਤ ਦੀ ਮੂੰਹ ਬੋਲਦੀ ਤਸਵੀਰ ਹਨ।ਭਾਸ਼ਾ ਵਿਭਾਗ ਵਿੱਚ ਲੇਖਕਾਂ ਦੇ ਠਹਿਰਣ ਲਈ ਬਣਿਆ ਸਾਹਿਤ ਸਦਨ ਉਨ੍ਹਾਂ ਦੀ ਦੇਖ ਰੇਖ ਹੇਠ ਆਪਣੀਆਂ ਬੁਲੰਦੀਆਂ ਨੂੰ ਛੂਹਿਆ ਸੀ। ਸਾਹਿਤਕਾਰਾਂ ਨੂੰ ਦਿੱਤੇ ਜਾਣ ਵਾਲੇ ਪੁਰਸਕਾਰਾਂ ਦੀ ਪਾਰਦਰਸ਼ਤਾ ਬਰਕਰਾਰ ਰੱਖੀ ਗਈ ਸੀ ਤੇ ਉਨ੍ਹਾਂ ਦਆਰਾ ਤਿਆਰ ਕਰਾਏ ਸਾਹਿਤ ਸੁਵੀਨਰ ਆਪਣੀ ਆਭਾ ਅੱਜ ਵੀ ਕਾਇਮ ਰੱਖੀ ਬੈਠੇ ਹਨ। ਰਛਪਾਲ ਸਿੰਘ ਗਿੱਲ ਦੇ ਸਾਹਿਤਕ ਤੇ ਪ੍ਰਬੰਧਕੀ ਕਾਰਜ ਹਮੇਸ਼ਾ ਯਾਦ ਕੀਤੇ ਜਾਣਗੇ।ਸੂਹਜ ਪ੍ਰਕਿਰਤੀ ਦੇ ਮਾਲਕ, ਸੂਖ਼ਮਭਾਵੀ ਅਤੇ ਹਰ ਇੱਕ ਕੰਮ ਆਉਣ ਵਾਲੇ ਰਛਪਾਲ ਸਿੰਘ ਗਿੱਲ 2 ਜੂਨ 2025 ਨੂੰ ਕੈਨੇਡਾ ਵਿੱਚ ਅਚਾਨਕ ਸਵਰਗ ਸਿਧਾਰ ਗਏ ਸਨ। 14 ਮਾਰਚ ਨੂੰ ਗੁਰਦੁਆਰਾ ਸਿੰਘ ਸਭਾ, ਅਮਨ ਵਿਹਾਰ ਭਾਦਸੋਂ ਰੋਡ ਪਟਿਆਲਾ ਵਿਖੇ ਦੁਪਹਿਰ 12 ਤੋਂ 1 ਵਜੇ ਤੱਕ ਉਨ੍ਹਾਂ ਦੀ ਬਰਸੀ ਦਾ ਸਮਾਗਮ ਹੋਵੇਗਾ।



**-ਪ੍ਰਵੀਨ ਸਿੰਘ, ਸੰਗਰੂਰ**


## ਉੱਤਰ ਰੇਲਵੇ

### ਈ-ਨਿਵਿਦਾ ਸੂਚਨਾ

**ਨਿਵਿਦਾ ਨੰਬਰ:-246-2025-26-ADEN-I-ASR** **ਤਾਰੀਕ : 11.03.2026**

ਸੀਨੀਅਰ ਮੰਡਲ ਇੰਜੀਨੀਅਰ-ਤੀਜਾ, ਫਿਰੋਜ਼ਪੁਰ ਦੁਆਰਾ ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਤੋਂ ਹੇਠਾਂ ਲਿਖਤ ਈ-ਨਿਵਿਦਾਵਾਂ, ਅੰਤਮ ਮਿਤੀ 30.03.2026 ਸਮਾਂ 15:00 ਵਜੇ ਤਕ www.ireps.gov.in ਤੇ ਮੰਗ ਕੀਤੀ ਜਾਂਦੀ ਹੈ। ਨਿਵਿਦਾਕਰਤਾ ਆਪਣੇ ਮੂਲ/ਸੰਸ਼ੋਧਿਤ ਟੈਂਡਰ ਬੰਦ ਹੋਣ ਦੀ ਮਿਤੀ ਅਤੇ ਸਮੇਂ ਤਕ ਪੇਸ਼ ਕਰ ਸਕਦੇ ਹਨ। ਮੈਨੂੰਅਲ ਪ੍ਰਸਤਾਵ ਇਸ ਟੈਂਡਰ ਦੇ ਲਈ ਮਾਨਯ ਨਹੀਂ ਹਨ ਅਤੇ ਐਸੇ ਕਿਸੇ ਵੀ ਪ੍ਰਸਤਾਵ ਨੂੰ ਸਵੀਕਾਰ ਨਹੀਂ ਕੀਤਾ ਜਾਵੇਗਾ। ਠੇਕੇਦਾਰ ਟੈਂਡਰ ਫਾਰਮ ਦੀ ਬਿਆਨਾ ਰਾਸ਼ੀ ਦੀ ਜਗ੍ਹਾ ਦਾ ਭੁਗਤਾਨ www.ireps.gov.in ਪੋਰਟਲ 'ਤੇ ਉਪਲਬਧ ਆਨ ਲਾਈਨ ਸਾਧਨਾਂ ਦੇ ਮਾਧਿਅਮ ਨਾਲ ਜਿਵੇਂ ਨੈੱਟ ਬੈਂਕਿੰਗ, ਡੇਬਿਟ ਕਾਰਡ ਕਰੈਡਿਟ ਕਾਰਡ ਆਦਿ ਦੇ ਭੁਗਤਾਨ ਨਾਲ ਕਰ ਸਕਦੇ ਹਨ। ਡਿਮਾਂਡ ਡ੍ਰਾਫਟ, ਬੈਂਕਰਸ ਚੈਕ, ਐਫ.ਡੀ.ਆਰ. ਤੇ ਰਸੀਦਾਂ ਆਦਿ ਦੇ ਮਾਧਿਅਮ ਨਾਲ ਭੁਗਤਾਨ ਦੀ ਇਜਾਜਤ ਨਹੀਂ ਹੈ।

| ਨਿਵਿਦਾ ਪ੍ਰਕਾਰ | ਨਿਵਿਦਾ ਅਨੁਭਾਗ | ਬੋਲੀ ਪ੍ਰਣਾਲੀ |
|---|---|---|
| ਖੁਲ੍ਹਾ | ਕੰਮ | ਏਕਲ ਬੋਲੀ ਪ੍ਰਣਾਲੀ |
| ਨਿਵਿਦਾ ਅਪਲੋਡ ਕਰਨ ਦੀ ਮਿਤੀ | ਬੋਲੀ ਸ਼ੁਰੂ ਦੀ ਮਿਤੀ | ਬੋਲੀ ਸਮਾਪਨ ਦੀ ਮਿਤੀ ਅਤੇ ਸਮਾਂ |
| 07.03.2026 | 16.03.2026 | 30.03.2026 15:00 ਵਜੇ |

| ਲ.ਨ. | ਨਿਵਿਦਾ ਨੰ. | ਨਿਵਿਦਾ ਦਾ ਵੇਰਵਾ | | | |
|---|---|---|---|---|---|
| 1 | 246-2025-26-ADEN-I-ASR | ਸਹਾਇਕ ਮੰਡਲ ਇੰਜੀਨੀਅਰ-ਫਸਟ/ਅੰਮ੍ਰਿਤਸਰ ਦੇ ਅਨੁਭਾਗ ਵਿਚ ਸੀਨੀਅਰ ਅਨੁਭਾਗੀ ਇੰਜੀਨੀਅਰ/ਪੀ.ਵੇ./ ਅੰਮ੍ਰਿਤਸਰ ਦੇ ਤਹਿਤ ਵੇਰਕਾ-ਡੇਰਾ ਬਾਬਾ ਨਾਨਕ ਅਤੇ ਅੰਮ੍ਰਿਤਸਰ-ਅਟਾਰੀ ਸ਼ਾਮ ਸਿੰਘ ਸੇਕਸ਼ਨ ਦੇ ਵਖ-ਵਖ ਯਾਰਡਾਂ ਦੇ ਯਾਰਡ ਅਤੇ ਪਾਣੀ ਨਿਕਾਸੀ ਦਾ ਸੁਧਾਰਾਂ ਨਾਲ ਸਬੰਧਿਤ ਵਖ-ਵਖ ਟ੍ਰੈਕ ਕੰਮ। (ਛੇਹਰਟਾ, ਖਾਸਾ, ਅਟਾਰੀ ਸ਼ਾਮ ਸਿੰਘ, ਵੇਰਕਾ, ਰਾਮਦਾਸ, ਡੇਰਾ ਬਾਬਾ ਨਾਨਕ ਅਤੇ ਫਤੇਹਗੜ੍ਹ ਚੂੜੀਆਂ)। | | | |
| | | ਵਿਗਿਆਪਨ ਮੁੱਲ (ਰੁ.) | ਬਿਆਨਾ ਰਾਸ਼ੀ | ਆਫਰ ਦੀ ਵੈਲੇਡਿਟੀ | ਸਮਾਪਤੀ ਦਾ ਸਮਾਂ |
| | | 2,36,33,183.70 | 2,68,200.00 | 60 ਦਿਨ | 10 ਮਹੀਨੇ |
| | | ਕੰਮ ਦੀ ਸਮਾਨ ਨੇਚਰ:- "ਟ੍ਰੈਕ ਨੂੰ ਉਪਰ ਵਧਾਉਣਾ, ਸਕ੍ਰੀਨਿੰਗ ਕਰਨਾ, ਟ੍ਰੈਕ ਨੂੰ ਖਰਾਬ ਕਰਨਾ, ਟ੍ਰੈਕ ਰਖਰਖਾਅ ਮਸ਼ੀਨਾਂ ਜਿਵੇਂ ਟੈਪਿੰਗ ਮਸ਼ੀਨ/ਗਿਟੀ ਸਕ੍ਰੀਨਿੰਗ/ਰੇਗੁਲੇਟਿੰਗ ਮਸ਼ੀਨ ਆਦਿ ਦੇ ਲਈ ਪਹਿਲਾਂ ਅਤੇ ਬਾਅਦ ਕੰਮ ਸਮੇਤ ਸੀਟੀਆਰ/ਟੀਆਰਆਰ/ਟੀਐਫਆਰ/ਟੀਟੀਆਰ ਅਤੇ ਟੀਟੀਆਰ ਟੀ28 ਦੁਆਰਾ ਟੀ28 ਦੁਆਰਾ ਟੀਟੀਆਰ।" | | | |

**ਨੋਟ : 1.** ਨਿਵਿਦਾ ਪਾਉਣ ਤੋਂ ਪਹਿਲਾਂ ਨਿਵਿਦਾਕਰਤਾ ਨਿਵਿਦਾ ਦੇ ਸਬੰਧ ਵਿਚ ਜਾਰੀ ਕੀਤੇ ਗਏ ਕਿਸੇ ਵੀ ਸ਼ੁਧੀਪੱਤਰ ਦੀ ਜਾਂਚ ਕਰਨਗੇ। **2.** ਹਿੰਦੀ ਵਿਚ ਕਿਸੇ ਵੀ ਗਲਤੀ ਲਈ ਅੰਗ੍ਰੇਜ਼ੀ ਵਰਜਨ ਦਾ ਅਵਲੋਕਨ ਕਰੋ, ਅਤੇ ਅੰਗ੍ਰੇਜ਼ੀ ਵਰਜਨ ਹੀ ਮਾਨਯ ਹੋਣਗੇ। 828/2026

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ



## AXIS BANK

**AXIS Bank Ltd. Branch Address** "2nd and 3rd Floor, Property No. 7-E, Malhar Road, Sarabha Nagar, Ludhiana -141001.
**Registered Office:** 'Trishul', 3rd Floor, Opposite Samartheswar Temple, Law Garden, Ellisbridge, Ahmedabad-380006

**ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈਸਟ ਐਕਟ, 2002 ਦੇ ਸੈਕਸ਼ਨ 13 (2) ਦੀ ਪਾਲਣਾ 'ਚ ਪਬਲਿਕ ਨੋਟਿਸ**

ਆਮ ਜਨਤਾ ਦੀ ਜਾਣਕਾਰੀ ਹਿੱਤ ਨੋਟਿਸ ਦਿੱਤਾ ਜਾਂਦਾ ਹੈ ਕਿ ਨਿਮਨ ਲਿਖਤ ਕਰਜ਼ਦਾਰ/ਸਹਿ-ਕਰਜ਼ਦਾਰ/ਗਰੰਟਰ ਨੇ ਬੈਂਕ ਤੋਂ ਕਰਜ਼ਾ ਸਹੂਲਤ ਪ੍ਰਾਪਤ ਕੀਤੀ ਸੀ ਅਤੇ ਉਹ ਮੂਲ ਅਤੇ ਵਿਆਜ ਦੋਵਾਂ ਦੀ ਅਦਾਇਗੀ ਕਰਨ 'ਚ ਅਸਫਲ ਰਹੇ ਹਨ। ਨਤੀਜੇ ਵਜੋਂ ਅਜਿਹੇ ਕਰਜ਼ਾ ਖਾਤੇ ਨਾਨ-ਪ੍ਰਫਾਰਮਿੰਗ ਐੱਸਟਸ (ਐੱਨ ਪੀ ਏ) ਵਜੋਂ ਵਰਗੀਕ੍ਰਿਤ ਕਰ ਦਿੱਤੇ ਗਏ ਹਨ। ਕਰਜ਼ਦਾਰਾਂ ਨੂੰ ਉਨ੍ਹਾਂ ਦੇ ਆਖਰੀ ਜਾਣਕਾਰੀ ਵਾਲੇ ਪਤਿਆਂ 'ਤੇ ਉਕਤ ਦਰਸਾਏ ਐਕਟ ਦੇ ਸੈਕਸ਼ਨ 13(2) ਤਹਿਤ ਨੋਟਿਸ ਜਾਰੀ ਕੀਤੇ ਗਏ ਹਨ। ਬੇਸ਼ੱਕ ਇਹ ਨੋਟਿਸ ਬਿਨਾਂ ਤਾਮੀਲ ਵਾਪਸ ਆ ਗਏ।

| ਲੜੀ ਨੰ. | ਕਰਜ਼ਦਾਰ/ਸਹਿ-ਕਰਜ਼ਦਾਰ/ਗਰੰਟਰ ਦਾ ਨਾਂਅ | ਨੋਟਿਸ ਮਿਤੀ | ਐੱਨ ਪੀ ਏ ਮਿਤੀ | ਬਕਾਇਆ ਰਕਮ (ਨੋਟਿਸ ਦੀ ਮਿਤੀ ਨੂੰ) |
|---|---|---|---|---|
| 1. | (1) ਮੈਸ. ਸੈੱਲ ਕੇਵੇ ਰਾਹੀਂ ਇਸ ਦੇ ਭਾਈਵਾਲਾਂ ਸ੍ਰੀ ਰਾਜਵਿੰਦਰ ਸਿੰਘ ਪੁੱਤਰ ਜੈਮਲ ਸਿੰਘ ਅਤੇ ਸ੍ਰੀ ਅਰਸ਼ਦੀਪ ਸਿੰਘ ਪੁੱਤਰ ਸੁਰਿੰਦਰਪਾਲ ਸਿੰਘ ਪਤਾ : ਜੇ ਕੇ ਪਲਾਜ਼ਾ, ਦੁਕਾਨ ਨੰ. 8, ਨੇੜੇ ਓਰੀਐਂਟਲ ਸਿਨੇਮਾ, ਬੀ ਆਰ ਐੱਸ ਨਗਰ, ਲੁਧਿਆਣਾ-141012 (2) ਸ੍ਰੀ ਰਾਜਵਿੰਦਰ ਸਿੰਘ ਪੁੱਤਰ ਜੈਮਲ ਸਿੰਘ, ਪਤਾ: ਮਕਾਨ ਨੰ. 99 ਬੀ, ਨੇੜੇ ਐਕਸਟੈਨਸ਼ਨ ਗੁਰਦੁਆਰਾ, ਮਾਡਲ ਟਾਊਨ ਐਕਸਟੈਨਸ਼ਨ, ਲੁਧਿਆਣਾ, ਮਾਡਲ ਟਾਊਨ-141002 (3) ਸ੍ਰੀ ਅਰਸ਼ਦੀਪ ਸਿੰਘ ਪੁੱਤਰ ਸੁਰਿੰਦਰ ਪਾਲ ਸਿੰਘ, ਪਤਾ: ਮਕਾਨ ਨੰ. 99 ਬੀ, ਮਾਡਲ ਟਾਊਨ ਐਕਸਟੈਨਸ਼ਨ, ਲੁਧਿਆਣਾ, ਮਾਡਲ ਟਾਊਨ-141002 (4) ਸ੍ਰੀ ਸੁਰਿੰਦਰ ਪਾਲ ਸਿੰਘ ਪੁੱਤਰ ਜੈਮਲ ਸਿੰਘ, ਪਤਾ: ਮਕਾਨ ਨੰ. 99 ਬੀ, ਮਾਡਲ ਟਾਊਨ ਐਕਸਟੈਨਸ਼ਨ, ਲੁਧਿਆਣਾ, ਮਾਡਲ ਟਾਊਨ-141002 | 07-Feb-2026 | 30-Jan-2026 | ਰੁਪਏ 3,99,99,239/- (ਤਿੰਨ ਕਰੋੜ ਨੜਿੰਨਵੇ ਲੱਖ ਨੜਿੰਨਵੇ ਹਜ਼ਾਰ ਦੋ ਸੌ ਉਨਤਾਲੀ ਰੁਪਏ ਕੇਵਲ) |

**ਜਾਇਦਾਦ ਦਾ ਵੇਰਵਾ**

ਰਿਹਾਇਸ਼ੀ ਜਾਇਦਾਦ ਮਕਾਨ ਐੱਮ ਸੀ ਐੱਲ ਨੰ: ਬੀ-18-4222/99-ਬੀ, ਪਲਾਟ ਨੰ. 99-ਬੀ 'ਤੇ, ਰਕਬਾ 300 ਵਰਗ ਗਜ਼, ਖਸਰਾ ਨੰ: 434, 438, 440,441, 442, ਖੇਵਟ ਨੰ: 308/304, ਖਤੌਨੀ ਨੰ: 318, ਜਮ੍ਹਾਂਬੰਦੀ ਸਾਲ 2013-14, ਪਿੰਡ 'ਤਰਫ ਬੂੜ' ਵਿਖੇ ਸਥਿਤ, ਮਾਡਲ ਟਾਊਨ ਐਕਸਟੈਨਸ਼ਨ ਵਜੋਂ ਜਾਣਿਆ ਜਾਂਦਾ ਸਥਾਨ, ਤਹਿਸੀਲ ਤੇ ਜ਼ਿਲ੍ਹਾ ਲੁਧਿਆਣਾ ਨਾਲ ਸੰਬੰਧਤ ਸਭ ਕੁਝ। ਤਬਾਦਲਾ ਬੈਨਾਮਾ 27727 ਮਿਤੀ 26 ਫਰਵਰੀ 2024 ਸੁਰਿੰਦਰਪਾਲ ਸਿੰਘ ਦੇ ਨਾਂਅ 'ਤੇ ਅਤੇ ਤਬਾਦਲਾ ਬੈਨਾਮਾ 27737 ਮਿਤੀ 26 ਫਰਵਰੀ 2024 ਰਾਜਵਿੰਦਰ ਸਿੰਘ ਦੇ ਨਾਂਅ 'ਤੇ। ਹੱਦਾਂ : ਟਾਈਟਲ ਬੈਨਾਮੇ ਅਨੁਸਾਰ : ਪੂਰਬ : ਪਲਾਟ ਨੰ: 100- ਬੀ, 75'-0", ਪੱਛਮ : ਪਲਾਟ ਨੰ: 28-ਬੀ 75'-0, ਉੱਤਰ : ਸੜਕ 30', 36'-0, ਦੱਖਣ : ਪਲਾਟ ਨੰ: 126-ਬੀ 36'-0

| ਲੜੀ ਨੰ. | ਕਰਜ਼ਦਾਰ/ਸਹਿ-ਕਰਜ਼ਦਾਰ/ਗਰੰਟਰ ਦਾ ਨਾਂਅ | ਨੋਟਿਸ ਮਿਤੀ | ਐੱਨ ਪੀ ਏ ਮਿਤੀ | ਬਕਾਇਆ ਰਕਮ (ਨੋਟਿਸ ਦੀ ਮਿਤੀ ਨੂੰ) |
|---|---|---|---|---|
| 2. | (1) ਮੈਸ. ਆਰ ਐੱਸ ਪੇਪਰ ਮਾਰਟ ਰਾਹੀਂ ਇਸ ਦੇ ਮਾਲਕ ਸ੍ਰੀ ਕੁਨਾਲ ਗੋਇਲ, ਪਤਾ :ਚੰਨੀ ਫੈਬਰਿਕਸ ਦੇ ਪਿਛਲੇ ਪਾਸੇ, ਚੌਂਕੀਵਾਲ, ਬੋਨ ਬਰੈੱਡ ਦੇ ਪਿਛਲੇ ਪਾਸੇ ਪਿੰਡ ਭੂਲਪੁਰ, ਚੰਡੀਗੜ੍ਹ ਰੋਡ, ਲੁਧਿਆਣਾ, ਫੋਕਲ ਪੁਆਇੰਟ-141010 (2) ਸ੍ਰੀ ਕੁਨਾਲ ਗੋਇਲ ਪੁੱਤਰ ਅਨਿਲ ਕੁਮਾਰ ਗੋਇਲ ਪਤਾ ਮਕਾਨ ਨੰ. 1226/1, ਕਿਚਲੂ ਨਗਰ ਐਕਸਟੈਨਸ਼ਨ, ਭਾਰਤ ਨਗਰ ਚੌਕ, ਲੁਧਿਆਣਾ-141001 | 07-Feb-2026 | 30-Nov-2025 | 1,00,48,717/- (ਇੱਕ ਕਰੋੜ ਅਠਤਾਲੀ ਹਜ਼ਾਰ ਸੱਤ ਸੌ ਸਤਾਰਾਂ ਰੁਪਏ ਕੇਵਲ) |

**ਜਾਇਦਾਦ ਦਾ ਵੇਰਵਾ**

ਰਿਹਾਇਸ਼ੀ ਜਾਇਦਾਦ ਨੰ: ਬੀ-1226/2 ਏ (ਯੂ ਆਈ ਡੀ ਨੰ: ਬੀ 019-06006) ਨੇੜੇ ਰਾਮ ਸ਼ਰਨਮ ਲੇਨ 1 ਵਿਖੇ ਸਥਿਤ, ਪਿੰਡ ਰੈਬੋਵਾਲ ਖੁਰਦ, ਲੁਧਿਆਣਾ, ਰਕਬਾ 138-4/9 ਵਰਗ ਗਜ਼, ਖਸਰਾ ਨੰ: 4//22/1/4, 12//2/2, 12//3/1/1, 4//23/2/1, ਖੇਵਟ ਨੰ: 197/195, 198/196, ਖਤੌਨੀ ਨੰ: 206, 207, ਜਮ੍ਹਾਂਬੰਦੀ ਸਾਲ 2014-2015, ਹੱਦਬਸਤ ਨੰ: 158 ਰਾਹੀਂ ਰਜਿਸਟਰਡ। ਤਬਾਦਲਾ ਬੈਨਾਮਾ ਨੰ: 2023-24/101/1/14326 ਮਿਤੀ 03/01/2024, ਸ੍ਰੀ ਕੁਨਾਲ ਗੋਇਲ ਦੇ ਨਾਂਅ ਨਾਲ ਸੰਬੰਧਤ ਸਭ ਕੁਝ। ਹੱਦਾਂ ਬੈਨਾਮੇ ਅਨੁਸਾਰ : ਪੂਰਬ : ਸਾਂਝਾ ਲਾਂਘਾ ਅਤੇ ਰਤਨ ਲਾਲ ਦਾ ਮਕਾਨ 45 ਫੁੱਟ, ਪੱਛਮ : ਡਾ: ਸੁਨੀਲ ਗੁਪਤਾ ਦਾ ਮਕਾਨ 41 ਫੁੱਟ, ਉੱਤਰ : ਰਤਨ ਲਾਲ ਦਾ ਮਕਾਨ 26 ਫੁੱਟ+ 4 ਫੁੱਟ +4 ਫੁੱਟ, ਦੱਖਣ : ਸਮੀਰ ਅਰੋੜੀ ਦਾ ਮਕਾਨ 17 ਫੁੱਟ 3 ਇੰਚ + 3 ਫੁੱਟ + 12 ਫੁੱਟ 9 ਇੰਚ

| ਲੜੀ ਨੰ. | ਕਰਜ਼ਦਾਰ/ਸਹਿ-ਕਰਜ਼ਦਾਰ/ਗਰੰਟਰ ਦਾ ਨਾਂਅ | ਨੋਟਿਸ ਮਿਤੀ | ਐੱਨ ਪੀ ਏ ਮਿਤੀ | ਬਕਾਇਆ ਰਕਮ (ਨੋਟਿਸ ਦੀ ਮਿਤੀ ਨੂੰ) |
|---|---|---|---|---|
| 3. | (1) ਮੈਸ. ਸਿਗਨੈਂਟ ਮੈਨੂਫੈਕਚਰਿੰਗ ਕੰਪਨੀ ਰਾਹੀਂ ਇਸ ਦੇ ਭਾਈਵਾਲ ਸ੍ਰੀ ਰਿਧਮ ਜੈਨ ਪੁੱਤਰ ਰਜਿੰਦਰ ਕੁਮਾਰ, ਸ੍ਰੀ ਅਮਿਤ ਜੈਨ ਪੁੱਤਰ ਰਜਿੰਦਰ ਕੁਮਾਰ ਜੈਨ ਅਤੇ ਸ੍ਰੀਮਤੀ ਗੀਤਾ ਜੈਨ ਪਤਨੀ ਰਜਿੰਦਰ ਕੁਮਾਰ ਜੈਨ, ਪਤਾ: 1229 ਸੀ, ਜੀ ਟੀ ਰੋਡ ਇੰਡਸਟਰੀਅਲ ਏਰੀਆ-ਸੀ, ਢੰਡਾਰੀ ਖੁਰਦ, ਲੁਧਿਆਣਾ-141001 (2) ਸ੍ਰੀ ਰਿਧਮ ਜੈਨ ਪੁੱਤਰ ਰਜਿੰਦਰ ਕੁਮਾਰ, ਪਤਾ: ਮਕਾਨ ਨੰ. 150, ਬਲਾਕ ਕੇ, ਨੇੜੇ ਟੈਲੀਫੋਨ ਐਕਸਚੇਂਜ,ਅਸ਼ੋਕ ਵਿਹਾਰ,ਰਿਸ਼ੀ ਨਗਰ, ਲੁਧਿਆਣਾ-141001 (3) ਸ੍ਰੀ ਅਮਿਤ ਜੈਨ ਪੁੱਤਰ ਰਜਿੰਦਰ ਕੁਮਾਰ ਜੈਨ, ਪਤਾ : ਮਕਾਨ ਨੰ. 150, ਬਲਾਕ-ਕੇ ਨੇੜੇ ਟੈਲੀਫੋਨ ਐਕਸਚੇਂਜ, ਅਸ਼ੋਕ ਵਿਹਾਰ,ਰਿਸ਼ੀ ਨਗਰ, ਲੁਧਿਆਣਾ-141001 (4) ਸ੍ਰੀਮਤੀ ਗੀਤਾ ਜੈਨ ਪਤਨੀ ਰਜਿੰਦਰ ਕੁਮਾਰ ਜੈਨ, ਪਤਾ: ਮਕਾਨ ਨੰ. 150, ਬਲਾਕ ਕੇ, ਨੇੜੇ ਟੈਲੀਫੋਨ ਐਕਸਚੇਂਜ, ਅਸ਼ੋਕ ਵਿਹਾਰ,ਰਿਸ਼ੀ ਨਗਰ, ਲੁਧਿਆਣਾ-141001 (5) ਸ੍ਰੀਮਤੀ ਸੁਚੀ ਜੈਨ ਪਤਨੀ ਰਿਸ਼ਮ ਜੈਨ, ਪਤਾ : ਮਕਾਨ ਨੰ. 150, ਬਲਾਕ-ਕੇ, ਨੇੜੇ ਟੈਲੀਫੋਨ ਐਕਸਚੇਂਜ, ਅਸ਼ੋਕ ਵਿਹਾਰ, ਰਿਸ਼ੀ ਨਗਰ, ਲੁਧਿਆਣਾ-141001 | 07-Feb-2026 | 25-Jan-2026 | ਰੁਪਏ 6,64,26,302/- (ਛੇ ਕਰੋੜ ਚੌਂਹਠ ਲੱਖ ਛੱਬੀ ਹਜ਼ਾਰ ਤਿੰਨ ਸੌ ਦੋ ਰੁਪਏ ਕੇਵਲ) |

**ਜਾਇਦਾਦ ਦਾ ਵੇਰਵਾ**

(ਏ) ਇੰਡਸਟਰੀਅਲ ਜਾਇਦਾਦ, ਢੰਡਾਰੀ ਖੁਰਦ ਵਿਖੇ ਸਥਿਤ ਲੁਧਿਆਣਾ ਨਾਲ ਸੰਬੰਧਤ ਸਭ ਕੁਝ। ਜਮ੍ਹਾਂਬੰਦੀ ਸਾਲ 2001-02, ਖੱਤਾ ਨੰ: 19/21, ਖਸਰਾ ਨੰ: 279/2, ਖੇਤਰ ਰਕਬਾ 500 ਵਰਗ ਗਜ਼ ਰਾਹੀਂ ਬੈਨਾਮਾ ਵਸੀਕਾ ਨੰ: 18931 ਮਿਤੀ 15.02.2007। ਹੱਦਾਂ : ਪੂਰਬ : ਰਸਤਾ ਬਾਹੀ 44'-07", ਪੱਛਮ : ਗੁਆਂਢ ਬਾਹੀ 44'-07 ਇੰਚ, ਉੱਤਰ : ਚੰਨਣ ਸਿੰਘ 102'-00 ", ਦੱਖਣ : ਗੁਆਂਢ 100'-00", (ਬੀ) ਇੰਡਸਟਰੀਅਲ ਜਾਇਦਾਦ, ਢੰਡਾਰੀ ਖੁਰਦ ਵਿਖੇ ਸਥਿਤ ਲੁਧਿਆਣਾ ਨਾਲ ਸੰਬੰਧਤ ਸਭ ਕੁਝ। ਜਮ੍ਹਾਂਬੰਦੀ ਸਾਲ 2001-02, ਖੱਤਾ ਨੰ: 19/21, ਖਸਰਾ ਨੰ: 279/2, ਖੇਤਰ ਰਕਬਾ 800 ਵਰਗ ਗਜ਼ ਰਾਹੀਂ ਬੈਨਾਮਾ ਵਸੀਕਾ ਨੰ: 18933 ਮਿਤੀ 15.02.2007। ਹੱਦਾਂ : ਪੂਰਬ : ਰਸਤਾ ਬਾਹੀ 70'-02", ਪੱਛਮ : ਗੁਆਂਢ ਬਾਹੀ 69'-03", ਉੱਤਰ : ਖਾਲੀ ਪਲਾਟ ਬਾਹੀ 106'-00 ", ਦੱਖਣ : ਗੁਆਂਢ ਬਾਹੀ 102'-00"

| ਲੜੀ ਨੰ. | ਕਰਜ਼ਦਾਰ/ਸਹਿ-ਕਰਜ਼ਦਾਰ/ਗਰੰਟਰ ਦਾ ਨਾਂਅ | ਨੋਟਿਸ ਮਿਤੀ | ਐੱਨ ਪੀ ਏ ਮਿਤੀ | ਬਕਾਇਆ ਰਕਮ (ਨੋਟਿਸ ਦੀ ਮਿਤੀ ਨੂੰ) |
|---|---|---|---|---|
| 4. | (1) ਮੈਸ. ਵਰਮਾ ਇੰਡਸਟਰੀਜ਼ ਰਾਹੀਂ ਇਸ ਦੇ ਮਾਲਕ ਸੁਖਦੇਵ ਪਾਲ ਵਰਮਾ, ਪਤਾ: ਮਾਰਕਿਟ ਕਮੇਟੀ ਦੇ ਪਿਛਲੇ ਪਾਸੇ, ਨਾਭਾ ਰੋਡ, ਅਮਰਗੜ੍ਹ (ਸੰਗਰੂਰ) ਸੰਗਰੂਰ-148022 (2) ਸ੍ਰੀ ਸੁਖਦੇਵ ਪਾਲ ਵਰਮਾ ਮਾਰਫਤ ਪ੍ਰੇਮ ਚੰਦ ਵਰਮਾ ਪਤਾ: ਸਾਹਮਣੇ ਤਹਿਸੀਲ ਕੰਪਲੈਕਸ, ਮੁਹਾਲੀ ਰੋਡ, ਹਰਦਮ ਕਲੋਨੀ, ਅਮਰਗੜ੍ਹ, ਸੰਗਰੂਰ-148022 (3) ਸ੍ਰੀ ਵਿਕਾਸ ਵਰਮਾ ਮਾਰਫਤ ਸੁਖਦੇਵ ਪਾਲ ਵਰਮਾ, ਪਤਾ: ਸਾਹਮਣੇ ਤਹਿਸੀਲ ਕੰਪਲੈਕਸ, ਮੁਹਾਲੀ ਰੋਡ, ਹਰਦਮ ਕਲੋਨੀ, ਅਮਰਗੜ੍ਹ, ਸੰਗਰੂਰ-148022 | 09-Feb-2026 | 29-Jan-2026 | 1,55,84,884/- (ਇੱਕ ਕਰੋੜ ਪਚਵੰਜਾ ਲੱਖ ਚੌਰਾਸੀ ਹਜ਼ਾਰ ਅੱਠ ਸੋ ਚੌਰਾਸੀ ਰੁਪਏ ਕੇਵਲ) |

**ਜਾਇਦਾਦ ਦਾ ਵੇਰਵਾ**

ਜਾਇਦਾਦ ਨੰ: 1 : ਵਪਾਰਕ ਜਾਇਦਾਦ, ਪਿੰਡ ਅਮਰਗੜ੍ਹ ਵਿਖੇ ਸਥਿਤ, ਤਹਿਸੀਲ ਮਲੇਰਕੋਟਲਾ, ਜ਼ਿਲ੍ਹਾ ਸੰਗਰੂਰ ਨਾਲ ਸੰਬੰਧਤ ਸਭ ਕੁਝ। ਜਮ੍ਹਾਂਬੰਦੀ ਸਾਲ 2007-08, ਖੇਵਟ ਨੰ: 361/325, ਖਤੌਨੀ ਨੰ: 511, ਖਸਰਾ ਨੰ: 1325 (5-18) ਕਿੱਤੇ 1, ਕੁੱਲ ਖੇਤਰ ਰਕਬਾ 5 ਬੀ-18 ਬਿਸਵਾ, ਜਿਸ 'ਚ 25/118 ਹਿੱਸਾ ਖੇਤਰ ਰਕਬਾ 1 ਬੀ-5 ਬਿਸਵਾ, ਸੁਖਦੇਵ ਪਾਲ ਵਰਮਾ ਪੁੱਤਰ ਪ੍ਰੇਮ ਚੰਦ ਵਰਮਾ ਦੇ ਨਾਂਅ ਰਜਿਸਟਰਡ ਤਬਾਦਲਾ ਬੈਨਾਮਾ ਵਸੀਕਾ ਨੰ: 642 ਮਿਤੀ 29.11.2010, ਹੱਦਾਂ : ਪੂਰਬ : ਐੱਨ/ਏ, ਪੱਛਮ : ਐੱਨ/ਏ, ਉੱਤਰ ਐੱਨ/ਏ, ਦੱਖਣ : ਐੱਨ/ਏ

ਜਾਇਦਾਦ ਨੰ: 2 : ਵਪਾਰਕ ਜਾਇਦਾਦ, ਪਿੰਡ ਅਮਰਗੜ੍ਹ ਵਿਖੇ ਸਥਿਤ, ਤਹਿਸੀਲ ਮਲੇਰਕੋਟਲਾ, ਜ਼ਿਲ੍ਹਾ ਸੰਗਰੂਰ ਨਾਲ ਸੰਬੰਧਤ ਸਭ ਕੁਝ। ਜਮ੍ਹਾਂਬੰਦੀ ਸਾਲ 2002-03, ਖੇਵਟ ਨੰ: 324, ਖਤੌਨੀ ਨੰ: 496, ਖਸਰਾ ਨੰ: 1325 (5-18) ਕਿੱਤੇ 1, ਕੁੱਲ ਖੇਤਰ ਰਕਬਾ 5 ਬੀ-18 ਬਿਸਵਾ, ਜਿਸ 'ਚੋਂ 24/118 ਹਿੱਸਾ ਖੇਤਰ ਰਕਬਾ 1 ਬੀ 4 ਬਿਸਵਾ ਸੁਖਦੇਵ ਪਾਲ ਵਰਮਾ ਪੁੱਤਰ ਪ੍ਰੇਮ ਚੰਦ ਵਰਮਾ ਦੇ ਨਾਂਅ ਰਾਹੀਂ ਰਜਿਸਟਰਡ ਬੈਨਾਮਾ ਵਸੀਕਾ ਨੰ: 1242 ਮਿਤੀ 07.03.2005, ਹੱਦਾਂ : ਪੂਰਬ : ਐੱਨ/ਏ, ਪੱਛਮ : ਐੱਨ/ਏ, ਉੱਤਰ ਐੱਨ/ਏ, ਦੱਖਣ : ਐੱਨ/ਏ।

| ਲੜੀ ਨੰ. | ਕਰਜ਼ਦਾਰ/ਸਹਿ-ਕਰਜ਼ਦਾਰ/ਗਰੰਟਰ ਦਾ ਨਾਂਅ | ਨੋਟਿਸ ਮਿਤੀ | ਐੱਨ ਪੀ ਏ ਮਿਤੀ | ਬਕਾਇਆ ਰਕਮ (ਨੋਟਿਸ ਦੀ ਮਿਤੀ ਨੂੰ) |
|---|---|---|---|---|
| 5. | (1) ਮੈਸ. ਸ੍ਰੀ ਦਾਦੂ ਆਟੋਜ਼ ਪ੍ਰਾਈਵੇਟ ਲਿਮਟਿਡ ਰਾਹੀਂ ਇਸ ਦੇ ਡਾਇਰੈਕਟਰਾਂ ਪਤਾ : ਜੀ ਟੀ ਰੋਡ, ਗਾਂਧੀ ਨਗਰ, ਢੋਲੇਵਾਲ, ਲੁਧਿਆਣਾ, ਲੇਬਰ ਕਲੋਨੀ, ਲੁਧਿਆਣਾ-141003 (2) ਸ੍ਰੀ ਗੌਤਮ ਗਰਗ ਪੁੱਤਰ ਈਸ਼ਵਰ ਦਾਸ, ਪਤਾ : ਮਕਾਨ ਨੰ. 30, ਵਾਰਡ ਨੰ. 42, ਗੁਰੂ ਅੰਗਦ ਦੇਵ ਨਗਰ, ਬਸੰਤ ਐਵੇਨਿਊ, ਲੁਧਿਆਣਾ-141013, ਨਾਲ ਹੀ : ਸ੍ਰੀ ਗੌਤਮ ਗਰਗ ਪੁੱਤਰ ਈਸ਼ਵਰ ਦਾਸ, ਪਤਾ: ਪਲਾਟ ਨੰ. 208, ਸਨਵਿਊ ਇਨਕਲੇਵ, ਇਯਾਲੀ ਕਲਾਂ, ਲੁਧਿਆਣਾ-142027, ਨਾਲ ਹੀ : ਸ੍ਰੀ ਗੌਤਮ ਗਰਗ ਪੁੱਤਰ ਈਸ਼ਵਰ ਦਾਸ, ਪਤਾ: ਦੀਪ ਨਗਰ, ਸਬ ਡਿਸਟ੍ਰਿਕ ਪਾਇਲ, ਵੀ ਟੀ ਸੀ, ਡਾਕ. ਦੋਰਾਹਾ, ਲੁਧਿਆਣਾ-141421 (3) ਸ੍ਰੀਮਤੀ ਪੰਖੁੜੀ ਗਰਗ ਮਾਰਫਤ ਗੌਤਮ ਗਰਗ, ਪਤਾ : ਪਲਾਟ ਨੰ. 208, ਸਨਵਿਊ ਇਨਕਲੇਵ, ਇਯਾਲੀ ਕਲਾਂ, ਲੁਧਿਆਣਾ-142027 | 02-Feb-2026 | 04-Jan-2026 | ਰੁਪਏ 7,09,58,190/- (ਸੱਤ ਕਰੋੜ ਨੌਂ ਲੱਖ ਅਠਵੰਜਾ ਹਜ਼ਾਰ ਇੱਕ ਸੌ ਨੱਬੇ ਰੁਪਏ ਕੇਵਲ) |

**ਜਾਇਦਾਦ ਦਾ ਵੇਰਵਾ**

ਜਾਇਦਾਦ ਨੰ: 1 : ਜ਼ਮੀਨ ਜਿਸ ਦਾ ਵੇਰਵਾ ਹੇਠਾਂ ਦਿੱਤਾ ਗਿਆ ਹੈ, ਜਿਸ ਵਿਚ ਸਾਰੀਆਂ ਇਮਾਰਤਾਂ ਅਤੇ ਇਸ 'ਤੇ ਉਸਰਿਆ ਢਾਂਚਾ, ਫਿਕਸਰ ਫਿਟਿੰਗਜ਼ ਅਤੇ ਜ਼ਮੀਨ ਨਾਲ ਲੱਗਦੇ ਸਾਰੇ ਪਲਾਂਟ ਅਤੇ ਮਸ਼ੀਨਰੀ ਜਾਂ ਮੌਜੂਦਾ ਅਤੇ ਭਵਿੱਖ 'ਚ ਪੱਕੇ ਤੌਰ 'ਤੇ ਜ਼ਮੀਨ ਦੇ ਨਾਲ ਲਗਦਾ ਜੋ ਕੁਝ ਵੀ ਹੈ, ਨਾਲ ਸੰਬੰਧਤ ਸਭ ਕੁਝ। ਵਪਾਰਕ ਜਾਇਦਾਦ ਵਾਕਿਆ ਮੌਜਾ ਰਕਬਾ ਢੋਲੇਵਾਲ, ਜੀ. ਟੀ ਰੋਡ ਢੋਲੇਵਾਲ, ਰਕਬਾ 128 ਵਰਗ ਗਜ਼, ਇਹ ਜਾਇਦਾਦ ਕੁਲ ਜਾਇਦਾਦ ਦਾ ਹਿੱਸਾ ਹੈ, ਜਿਸ ਦਾ ਕਾਰਪੋਰੇਸ਼ਨ ਨੰ: ਬੀ-21-14607/1 ਹੈ। ਹੱਦਾਂ 'ਚ ਨਾਂਅ ਦਰਜ ਹਨ। ਹੱਦਾਂ : ਪੂਰਬ : ਗੌਤਮ ਗਰਗ 62 ਫੁੱਟ, ਪੱਛਮ : ਗਿਆਨ ਆਟੋ ਇੰਜੀਨੀਅਰਜ਼ 64 ਫੁੱਟ, ਉੱਤਰ ਗੌਤਮ ਗਰਗ 18'-9", ਦੱਖਣ : ਸਰਬਜੀਤ ਸਿੰਘ 20'-9"

ਜਾਇਦਾਦ ਨੰ: 2 : ਜ਼ਮੀਨ ਜਿਸ ਦਾ ਵਰਵਾ ਹੇਠਾਂ ਦਿੱਤਾ ਗਿਆ ਹੈ, ਜਿਸ ਵਿਚ ਸਾਰੀਆਂ ਇਮਾਰਤਾਂ ਅਤੇ ਇਸ 'ਤੇ ਉਸਰਿਆ ਢਾਂਚਾ, ਫਿਕਸਰ ਫਿਟਿੰਗਜ਼ ਅਤੇ ਜ਼ਮੀਨ ਨਾਲ ਲੱਗਦੇ ਸਾਰੇ ਪਲਾਂਟ ਅਤੇ ਮਸ਼ੀਨਰੀ ਜਾਂ ਮੌਜੂਦਾ ਅਤੇ ਭਵਿੱਖ 'ਚ ਪੱਕੇ ਤੌਰ 'ਤੇ ਧਰਤੀ ਨਾਲ ਲਗਦਾ ਜੋ ਕੁਝ ਵੀ ਹੈ, ਨਾਲ ਸੰਬੰਧਤ ਸਭ ਕੁਝ। ਵਪਾਰਕ ਜਾਇਦਾਦ ਰਕਬਾ 350-7/18, ਜਾਇਦਾਦ ਨੰਬਰ ਬੀ-21-14586, ਹੱਦਬਸਤ ਨੰ: 174, ਗਾਂਧੀ ਨਗਰ, ਜ਼ਿਲ੍ਹਾ ਲੁਧਿਆਣਾ, ਖੇਵਟ ਨੰ: 887/1189, ਖਸਰਾ ਨੰ: 394, ਜਮ੍ਹਾਂਬੰਦੀ ਸਾਲ 2004-2005, ਹੱਦਾਂ : ਪੂਰਬ : ਜਸਵੰਤ ਸਿੰਘ 53'-6", ਪੱਛਮ : ਦਾਦਾ 52'-6", ਉੱਤਰ : ਗਲੀ 14 ਫੁੱਟ ਚੌੜੀ, ਦੱਖਣ : ਗੁਆਂਢ ਗਰੀਨ ਮੋਟਰਜ਼ 61 ਫੁੱਟ

ਜਾਇਦਾਦ ਨੰ: 3 : ਜ਼ਮੀਨ ਜਿਸ ਦਾ ਵੇਰਵਾ ਹੇਠਾਂ ਦਿੱਤਾ ਗਿਆ ਹੈ, ਜਿਸ ਵਿਚ ਸਾਰੀਆਂ ਇਮਾਰਤਾਂ ਅਤੇ ਇਸ 'ਤੇ ਉਸਰਿਆ ਢਾਂਚਾ, ਫਿਕਸਰ ਫਿਟਿੰਗਜ਼ ਅਤੇ ਧਰਤੀ ਨਾਲ ਲੱਗਦੇ ਸਾਰੇ ਪਲਾਂਟ ਅਤੇ ਮਸ਼ੀਨਰੀ ਜਾਂ ਮੌਜੂਦਾ ਅਤੇ ਭਵਿੱਖ 'ਚ ਪੱਕੇ ਤੌਰ 'ਤੇ ਸਥਾਪਤ ਜੋ ਕੁਝ ਵੀ ਹੈ, ਨਾਲ ਸੰਬੰਧਤ ਸਭ ਕੁਝ। ਵਪਾਰਕ ਜਾਇਦਾਦ ਰਕਬਾ 450 ਵਰਗ ਗਜ਼, ਗਾਂਧੀ ਨਗਰ ਵਿਖੇ ਸਥਿਤ, ਵਾਕਿਆ ਮੌਜਾ ਰਕਬਾ ਢੋਲੇਵਾਲ, ਜੀ. ਟੀ ਰੋਡ ਢੋਲੇਵਾਲ, ਗੌਤਮ ਗਰਗ ਦੇ ਨਾਂਅ ਟਰਾਂਸਫਰ ਅਨਰਜਿਸਟਰ ਵਸੀਅਤ ਮਿਤੀ 12.9.2008, ਜਿਸ ਦਾ ਤਬਾਦਲਾ ਨੰ: 28346, 26.06.2013 ਨੂੰ ਮਾਲੀਆ ਰਿਕਾਰਡ 'ਚ ਬਕਾਇਦਾ ਮਨਜ਼ੂਰ ਕੀਤਾ ਗਿਆ। ਹੱਦਾਂ : ਪੂਰਬ : ਐੱਨ/ਏ, ਪੱਛਮ : ਐੱਨ/ਏ, ਉੱਤਰ ਐੱਨ/ਏ, ਦੱਖਣ : ਐੱਨ/ਏ।

| ਲੜੀ ਨੰ. | ਕਰਜ਼ਦਾਰ/ਸਹਿ-ਕਰਜ਼ਦਾਰ/ਗਰੰਟਰ ਦਾ ਨਾਂਅ | ਨੋਟਿਸ ਮਿਤੀ | ਐੱਨ ਪੀ ਏ ਮਿਤੀ | ਬਕਾਇਆ ਰਕਮ (ਨੋਟਿਸ ਦੀ ਮਿਤੀ ਨੂੰ) |
|---|---|---|---|---|
| 6. | (1) ਮੈਸ. ਕਾਲੀ ਮਾਤਾ ਜੀ ਸਟੀਲ ਕਾਰਪੋਰੇਸ਼ਨ ਰਾਹੀਂ ਇਸ ਦੇ ਮਾਲਕ ਸ੍ਰੀ ਰਾਧੇ ਸ਼ਿਆਮ ਤਿਵਾੜੀ, ਪਤਾ : ਸੈਕਟਰ 3, ਬਲਾਕ ਏ, 131 ਕੰਗ ਮਾਰਕਿਟ, ਗਲੀ ਨੰ. 2, ਮੰਡੀ ਗੋਬਿੰਦਗੜ੍ਹ ਫਤਹਿਗੜ੍ਹ ਸਾਹਿਬ, ਸਲਾਣਾ-147301 (2) ਸ੍ਰੀ ਰਾਧੇ ਸ਼ਿਆਮ ਤਿਵਾੜੀ ਪੁੱਤਰ ਬਨਵਾਰੀ ਲਾਲ, ਪਤਾ: ਮਕਾਨ ਨੰ. 266, ਸੈਕਟਰ ਨੰ. 7, ਆਦਰਸ਼ ਨਗਰ, ਸੈਕਟਰ 2 ਬੀ, ਮੰਡੀ ਗੋਬਿੰਦਗੜ੍ਹ, ਫਤਹਿਗੜ੍ਹ ਸਾਹਿਬ-147301 (3) ਸ੍ਰੀ ਸੁਭਾਸ਼ ਸ਼ਰਮਾ ਪੁੱਤਰ ਬਨਵਾਰੀ ਲਾਲ, ਪਤਾ: ਮਕਾਨ ਨੰ. 339 ਏ, ਸੈਕਟਰ 2ਬੀ, ਆਦਰਸ਼ ਨਗਰ, ਮੰਡੀ ਗੋਬਿੰਦਗੜ੍ਹ, ਤਹਿਸੀਲ ਅਮਲੋਹ, ਗੋਬਿੰਦਗੜ੍ਹ, ਫਤਹਿਗੜ੍ਹ ਸਾਹਿਬ-147301 (4) ਸ੍ਰੀ ਰਵੀਸ਼ੰਕਰ ਪੁੱਤਰ ਰਾਧੇ ਸ਼ਿਆਮ, ਪਤਾ: ਮਕਾਨ ਨੰ. 256, ਗਲੀ ਨੰ. 7,ਆਦਰਸ਼ ਨਗਰ, ਸੈਕਟਰ 2 ਬੀ, ਮੰਡੀ ਗੋਬਿੰਦਗੜ੍ਹ, ਫਤਹਿਗੜ੍ਹ ਸਾਹਿਬ-147301 | 02-Feb-2026 | 09-Dec-2025 | ਰੁਪਏ 67,82,924/- (ਸਤਾਹਠ ਲੱਖ ਬਿਆਸੀ ਹਜ਼ਾਰ ਨੌਂ ਸੌ ਚੌਵੀ ਰੁਪਏ ਕੇਵਲ) |

**ਜਾਇਦਾਦ ਦਾ ਵੇਰਵਾ**

ਵਪਾਰਕ ਜਾਇਦਾਦ ਜ਼ਮੀਨ ਰਕਬਾ 0 ਬੀ-3 ਬੀ ਜੋ ਕਿ ਜ਼ਮੀਨ ਰਕਬਾ 6 ਬੀ-5 ਬੀ ਦਾ 60/2500 ਦਾ ਹਿੱਸਾ, ਖੱਤਾ ਨੰ: 508/754, ਖਸਰਾ ਨੰ: 955/785/436 (6-5) ਜਮ੍ਹਾਂਬੰਦੀ ਸਾਲ 2002-03, ਪਿੰਡ ਨਸਰਾਲੀ ਦੀ ਮਾਲੀਆ ਅਸਟੇਟ ਵਿਖੇ ਸਥਿਤ, ਹੱਦਬਸਤ ਨੰ: 63, ਸਬ-ਤਹਿਸੀਲ ਮੰਡੀ ਗੋਬਿੰਦਗੜ੍ਹ, ਤਹਿਸੀਲ ਅਮਲੋਹ, ਜ਼ਿਲ੍ਹਾ ਫਤਹਿਗੜ੍ਹ ਸਾਹਿਬ। ਹੱਦਾਂ : ਪੂਰਬ : ਭਾਟੀਆ ਦਾ ਮਕਾਨ (58'-6"), ਪੱਛਮ : ਮਹਿੰਦਰੂ ਦਾ ਮਕਾਨ (58'-6"), ਉੱਤਰ : ਗਲੀ 20' ਚੌੜੀ (23'-1"), ਦੱਖਣ : ਚੰਨਣ ਸਿੰਘ ਦਾ ਮਕਾਨ (23'-1")

ਇਸ ਲਈ ਇਹ ਜਨਤਕ ਨੋਟਿਸ ਸਿੱਧੇ ਸੰਚਾਰ ਹਿੱਤ ਜਾਰੀ ਕੀਤਾ ਗਿਆ ਹੈ।
ਕਰਜ਼ਦਾਰਾਂ ਅਤੇ/ਜਾਂ ਉਨ੍ਹਾਂ ਦੇ ਗਰੰਟਰਾਂ, ਜਿੱਥੇ ਲਾਗੂ ਹੈ, ਨੂੰ ਬਕਾਇਆ ਰਕਮ ਇਸ ਨੋਟਿਸ ਦੀ ਪ੍ਰਕਾਸ਼ਨਾ ਮਿਤੀ ਤੋਂ 60 ਦਿਨਾਂ ਦੇ ਅੰਦਰ ਵਾਪਸ ਮੋੜਨ ਦਾ ਸੱਦਾ ਦਿੱਤਾ ਗਿਆ ਹੈ। ਅਸਫਲ ਰਹਿਣ 'ਤੇ 60 ਦਿਨਾਂ ਦਾ ਸਮਾਂ ਗੁਜ਼ਰ ਜਾਣ ਤੋਂ ਬਾਅਦ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈਸਟ ਐਕਟ 2002 ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (4) ਤਹਿਤ ਅਗਲੇ ਕਦਮ ਉਠਾਏ ਜਾਣਗੇ। ਸਕਿਉਰਡ ਐੱਸਟਸ ਦੇ ਪੁਨਰਗ੍ਰਹਿਣ ਤਹਿਤ ਉਨ੍ਹਾਂ ਦੇ ਅਧਿਕਾਰਾਂ ਸੰਬੰਧੀ ਕਰਜ਼ਦਾਰਾਂ ਨੂੰ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (4) ਦਾ ਹਵਾਲਾ ਲੈਣ ਲਈ ਕਿਹਾ ਜਾਂਦਾ ਹੈ।
ਕਰਜ਼ਦਾਰਾਂ ਨੂੰ ਵਿਸ਼ੇਸ਼ ਕਰ ਸਕਿਉਰਡ ਐੱਸਟਸ ਦੇ ਪੁਨਰਗ੍ਰਹਿਣ ਲਈ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦਾ ਹਵਾਲਾ ਲੈਣ ਲਈ ਕਿਹਾ ਜਾਂਦਾ ਹੈ।

ਮਿਤੀ : 13.03.2026 ਸਹੀ/- (ਅਧਿਕਾਰਤ ਅਫ਼ਸਰ)
ਸਥਾਨ : ਪੰਜਾਬ ਐਕਸਿਸ ਬੈਂਕ ਲਿਮਟਿਡ

## ਨਾਵਲਕਾਰ ਹਰਵਿੰਦਰ ਭੰਡਾਲ ਨਾਲ ਸੰਵਾਦ ਸਮਾਰੋਹ ਕਰਵਾਇਆ

**ਜਲੰਧਰ, (ਕੇਸਰ)**- ਪੰਜਾਬ ਕਲਾ ਪਰਿਸ਼ਦ, ਚੰਡੀਗੜ੍ਹ ਅਤੇ ਪੰਜਾਬ ਸਾਹਿਤ ਅਕਾਦਮੀ, ਚੰਡੀਗੜ੍ਹ ਵਲੋਂ ਪੰਜਾਬ ਦੀ ਨਵ ਸਿਰਜਣਾ ਤਹਿਤ ਉਲੀਕੇ 'ਸਿਰਜਣਾ




ਅਤੇ ਸੰਵਾਦ' ਪ੍ਰੋਗਰਾਮ ਤਹਿਤ ਸਥਾਨਕ ਦੇਸ਼ ਭਗਤ ਯਾਦਗਾਰ ਹਾਲ ਜਲੰਧਰ ਵਿੱਚ ਪੰਜਾਬੀ ਦੇ ਨੌਜਵਾਨ ਨਾਵਲਕਾਰ ਡਾ ਹਰਵਿੰਦਰ ਭੰਡਾਲ ਨਾਲ ਗੋਸ਼ਟੀ ਸਮਾਰੋਹ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਨਾਵਲਕਾਰ ਹਰਵਿੰਦਰ ਭੰਡਾਲ ਦੇ ਨਾਵਲਾਂ ਦੀ ਰਚਨਾ ਪ੍ਰਕਿਰਿਆ ਦੇ ਪ੍ਰਸੰਗ ਵਿੱਚ ਨਾਵਲਾਂ ਦੇ ਬਿਰਤਾਂਤਕ ਸੰਗਠਨ, ਭਾਸ਼ਾ, ਪਾਤਰ ਪ੍ਰਣਾਲੀ ਅਤੇ ਹੋਰ ਪਹਿਲੂਆਂ ਬਾਰੇ ਹਾਜ਼ਰ ਵਿਦਵਾਨਾਂ ਨੇ ਗੰਭੀਰ ਵਿਚਾਰ ਚਰਚਾ ਕੀਤੀ। ਪ੍ਰੋਗਰਾਮ ਦੇ ਕੋ-ਆਰਡੀਨੇਟਰ ਡਾ ਜੇ ਬੀ ਸੇਖੋਂ ਨੇ ਦੱਸਿਆ ਕਿ ਇਸ ਪ੍ਰੋਗਰਾਮ ਦਾ ਮੁੱਖ ਉਦੇਸ਼ ਨਾਵਲਕਾਰ, ਆਲੋਚਕ ਅਤੇ ਪਾਠਕ ਨੂੰ ਵਾਰਤਾਲਾਪ ਦਾ ਇਕ ਮੰਚ ਮੁਹੱਈਆ ਕਰਵਾਉਣਾ ਹੈ ਜਿਸ ਨਾਲ ਗਲਪ ਸਮੀਖਿਆ ਦੇ ਖੇਤਰ ਵਿੱਚ ਸਿੱਧੇ ਸੰਵਾਦ ਦੀਆਂ ਨਵੀਆਂ ਸੰਭਾਵਨਾਵਾਂ ਪੈਦਾ ਹੋ ਰਹੀਆਂ ਹਨ। ਇਸ ਮੌਕੇ ਨਾਵਲਕਾਰ ਹਰਵਿੰਦਰ ਭੰਡਾਲ ਨੇ ਆਪਣੇ ਚਰਚਿਤ ਨਾਵਲਾਂ 'ਮੈਲੀ ਮਿੱਟੀ', 'ਧੁੱਪ ਛਾਂ ਦੇ ਖ਼ਤ' ਦੀ ਰਚਨਾ ਪ੍ਰਕਿਰਿਆ ਬਾਰੇ ਵਿਚਾਰ ਪੇਸ਼ ਕੀਤੇ। ਵਿਚਾਰ ਚਰਚਾ ਦਾ ਆਰੰਭ ਕਰਦਿਆਂ ਡਾ ਗੋਪਾਲ ਸਿੰਘ ਬੁੱਟਰ ਨੇ ਭੰਡਾਲ ਦੇ ਨਾਵਲਾਂ ਵਿੱਚ ਸਮਾਜਿਕ ਯਥਾਰਥ ਪ੍ਰਤੀ ਚਿੰਤਨੀ ਨੀਝ ਅਤੇ ਬਿਰਤਾਂਤ ਵਿੱਚ ਕਾਵਿਕਤਾ ਦੇ ਅੰਸ਼ਾਂ ਬਾਰੇ ਗੰਭੀਰ ਨੁਕਤੇ ਉਠਾਏ ਜਿਸਦੇ ਜਵਾਬ ਵਿੱਚ ਸ੍ਰੀ ਭੰਡਾਲ ਨੇ ਕਿਹਾ ਕਿ ਉਸਨੇ ਕਵੀ ਮਨ ਨਾਲ ਨਾਵਲ ਲਿਖਣ ਦੀ ਯਤਨ ਕੀਤਾ ਹੈ।

ਵਿਦਿਆਰਥਣ ਆਰਤੀ ਕੌਰ, ਚਾਰੂ, ਮੋਨਿਕਾ ਰਾਣੀ ਨੇ ਨਾਵਲਕਾਰ ਵਲੋਂ ਨਾਵਲਾਂ ਅੰਦਰ ਪੇਸ਼ ਸਮਾਜਿਕ ਯਥਾਰਥ, ਭਾਸ਼ਾ, ਪਾਤਰ ਵਿਧਾਨ ਬਾਰੇ ਗੰਭੀਰ ਨੁਕਤੇ ਉਠਾਏ ਗਏ ਜਿਸ ਬਾਰੇ ਨਾਵਲਕਾਰ ਸਮੇਤ ਹਾਜ਼ਰ ਵਿਦਵਾਨਾਂ ਨੇ ਜਵਾਬ ਦਿੱਤੇ। ਇਸ ਮੌਕੇ ਬੀਬੀ ਸੁਰਿੰਦਰ ਕੌਰ ਕੋਛੜ ਨੇ ਨਾਵਲ ਅੰਦਰ ਪੇਸ਼ ਰਾਜਨੀਤੀ ਬਾਰੇ ਵਿਚਾਰ ਚਰਚਾ ਛੇੜੀ। ਸਮਾਰੋਹ ਮੌਕੇ ਗੁਰਮੀਤ ਸਿੰਘ, ਅਮੋਲਕ ਸਿੰਘ, ਚਰੰਜੀ ਲਾਲ ਕੰਗਣੀਵਾਲ, ਕਮਲਜੀਤ ਥਾਬਲਕੇ ਆਦਿ ਨੇ ਵੀ ਵਿਚਾਰ ਚਰਚਾ ਵਿੱਚ ਹਿੱਸਾ ਲਿਆ।

## ਸਿਹਤ ਵਿਭਾਗ ਦੇ ਕਲੈਰੀਕਲ ਕਾਮਿਆਂ ਦੀ ਯੂਨੀਅਨ ਦੀ ਸਰਬਸੰਮਤੀ ਨਾਲ ਚੋਣ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਪੰਜਾਬ ਸਟੇਟ ਮਨਿਸਟਰੀਅਲ ਸਰਵਿਸਜ ਯੂਨੀਅਨ ਵਲੋ ਸਿਹਤ ਵਿਭਾਗ ਦੇ ਜ਼ਿਲ੍ਹੇ ਦੇ ਕਲੈਰੀਕਲ ਕਾਮਿਆ ਦੀ ਯੂਨੀਅਨ ਦੀ ਸਰਬ ਸੰਮਤੀ ਨਾਲ ਚੋਣ ਕੀਤੀ ਗਈ। ਇਸ ਮੌਕੇ ਪੰਜਾਬ ਸਟੇਟ ਮਨਿਸਟਰੀਅਲ ਸਰਵਿਸਜ ਯੂਨੀਅਨ ਹੁਸਿਆਰਪੁਰ ਦੇ ਜ਼ਿਲ੍ਹਾ ਪ੍ਰਧਾਨ ਅਨੀਰੁਧ ਮੋਦ ਗਿੱਲ ਤੇ ਪ੍ਰੈਸ ਸਕੱਤਰ ਗੁਰਵਿੰਦਰ ਸਾਨੇ ਨੇ ਦੱਸਿਆ ਕਿ ਨਵਦੀਪ ਸਿੰਘ ਜੋ ਕਿ ਪਹਿਲਾ ਸਿਹਤ ਵਿਭਾਗ ਦੇ



ਪ੍ਰਧਾਨ ਸਨ ਉਹਨਾ ਦੀ ਰਿਟਾਇਰਮੈਂਟ ਹੋਣ ਕਰਕੇ ਸਿਹਤ ਵਿਭਾਗ ਵੱਲੋ ਨਵੀ ਟੀਮ ਦੀ ਚੋਣ ਕਰਕੇ ਧਰਮਿੰਦਰ ਪ੍ਰਧਾਨ, ਸੰਜੀਵ ਕੁਮਾਰ ਜਨਰਲ ਸਕੱਤਰ, ਸੰਦੀਪ ਕੁਮਾਰ ਸਹਾਇਕ ਸਕੱਤਰ, ਦਵਿੰਦਰ ਭੱਟੀ ਸੀਨੀਅਰ ਮੀਤ ਪ੍ਰਧਾਨ, ਸਤਪਾਲ ਪ੍ਰੈਸ ਸਕੱਤਰ, ਪਰਮਜੀਤ ਕੌਰ ਕੈਸੀਅਰ, ਕੇਵਲ ਕ੍ਰਿਸ਼ਨ ਮੁੱਖ ਸਲਾਹਕਾਰ, ਸਿਵਰਤਨ, ਰਵਿੰਦਰਜੀਤ ਸਿੰਘ ਵਿੱਤ ਸਕੱਤਰ, ਰੁਪਿੰਦਰ ਜੀਤ ਕੌਰ, ਆਸ਼ਾ ਰਾਣੀ, ਰਿਧੂ ਬਾਲਾ, ਪਲਵਿੰਦਰ ਕੌਰ, ਰਾਣੀ ਮਨਪ੍ਰੀਤ ਕੌਰ, ਬਬਨ, ਮਨਦੀਪ ਪਾਲ ਨੂੰ ਕਾਰਜਕਾਰੀ ਮੈਬਰ ਲਗਾਇਆ ਗਿਆ । ਇਸ ਮੌਕੇ ਨਵ ਨਿਯੁਕਤ ਸਿਹਤ ਵਿਭਾਗ ਦੇ ਜਿਲਾ ਪ੍ਰਧਾਨ ਧਰਮਿੰਦਰ ਨੇ ਦੱਸਿਆ ਜੋ ਪੰਜਾਬ ਸਟੇਟ ਮਨਿਸਟਰੀਅਲ ਸਰਵਿਸਜ ਯੂਨੀਅਨ ਵਲੋਂ ਜੋ ਵੀ ਕਾਲ ਆਏਗੀ ਉਸ ਨੂੰ ਸਿਹਤ ਵਿਭਾਗ ਵਿੱਚ ਇਨਬਿੰਨ ਲਾਗੂ ਕੀਤੀ ਜੀਵੇਗੀ। ਪੰਜਾਬ ਸਰਕਾਰ ਵਲੋ ਪੰਜਾਬ ਦੇ ਮੁਲਾਜਮਾ ਦਾ 16 % ਡੀ.ਏ ਕੇਂਦਰ ਨਾਲੋ ਘੱਟ ਦਿਤਾ ਜਾ ਰਿਹਾ ਜਦਕਿ ਮਹਿੰਗਾਈ ਵੱਧਦੀ ਜਾ ਰਹੀ ਹੈ। ਪੁਰਾਣੀ ਪੈਨਸ਼ਨ ਦੀ ਬਹਾਲੀ ਲਈ ਨੋਟੀਫਕੇਸ਼ਨ ਜਾਰੀ ਕੀਤੀ ਗਈ ਹੈ। ਪਰ ਉਸ ਨੂੰ ਲਾਗੂ ਨਹੀਂ ਕੀਤਾ ਜਾ ਰਿਹਾ, 15.1.15 ਦੇ ਪੱਤਰ ਅਨੁਸਾਰ ਮੁਲਾਜਮਾਂ ਨੂੰ ਪ੍ਰੋਬੇਸ਼ਨ ਪੀਰੀਅਡ ਦੌਰਾਨ ਸਿਰਫ ਮੁੱਢਲੀ ਤਨਖਾਹ ਦਿੱਤੀ ਜਾ ਰਹੀ ਹੈ। ਜਿਸ ਨਾਲ ਉਹਨਾਂ ਦਾ ਗੁਜਾਰਾ ਹੋਣਾ ਮੁਸ਼ਕਿਲ ਹੈ। ਉਨ੍ਹਾਂ ਪੰਜਾਬ ਦੀਆਂ ਮੁਲਾਜਮ ਜਥੇਬੰਦੀਆਂ ਨੂੰ ਅਪੀਲ ਕੀਤੀ ਕਿ ਆਉਣ ਵਾਲਾ ਸਮਾਂ ਹੋਰ ਵੀ ਚੋਣਤੀਆ ਭਰਿਆ ਹੈ, ਪੰਜਾਬ ਦੇ ਮੁਲਾਜ਼ਮ ਇਕ ਪਲੇਟ ਫਾਰਮ ਤੇ ਇਕੱਠੇ ਹੋ ਕੇ ਸੰਘਰਸ਼ ਕਰਨਾ ਚਾਹੀਦਾ।

## ਡੇਰਾਬੱਸੀ ਨੂੰ ਅਜੇ ਤੱਕ ਨਹੀਂ ਮਿਲਿਆ ਸਬ ਡਵੀਜ਼ਨਲ ਕੰਪਲੈਕਸ : ਰੰਧਾਵਾ

**ਡੇਰਾਬੱਸੀ (ਵਿਨੈ ਕੁਮਾਰ ਜੈਨ)**- ਹਲਕਾ ਡੇਰਾਬੱਸੀ ਤੋਂ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਨੇ ਪੰਜਾਬ ਵਿਧਾਨ ਸਭਾ ਦੇ ਇਜਲਾਸ ਦੌਰਾਨ ਡੇਰਾਬੱਸੀ ਦੇ ਲੋਕਾਂ ਨਾਲ ਹੋ ਰਹੀ ਲੰਬੇ ਸਮੇਂ ਦੀ ਅਣਦੇਖੀ ਦਾ ਮੁੱਦਾ ਸਦਨ ਵਿੱਚ ਉਠਾਇਆ ਤੇ ਡੇਰਾਬੱਸੀ ਵਿੱਚ ਨਵਾਂ ਸਬ ਡਿਵੀਜ਼ਨਲ ਕੰਪਲੈਕਸ ਬਣਾਉਣ ਦੀ ਜ਼ੋਰਦਾਰ ਮੰਗ ਕੀਤੀ।ਸਦਨ ਵਿੱਚ ਬੋਲਦਿਆਂ ਵਿਧਾਇਕ ਰੰਧਾਵਾ ਨੇ ਕਿਹਾ ਕਿ ਦਸ ਤੋਂ ਪੰਦਰਾ ਲੱਖ ਦੀ ਆਬਾਦੀ ਵਾਲਾ ਡੇਰਾਬੱਸੀ ਸਬ-ਡਿਵੀਜ਼ਨ ਪੰਜਾਬ ਦੇ ਸਭ ਤੋਂ ਵੱਡੇ ਅਤੇ ਤੇਜ਼ੀ ਨਾਲ ਵਿਕਸਿਤ ਹੋ ਰਹੇ ਇਲਾਕਿਆਂ ਵਿੱਚੋਂ ਇੱਕ ਹੈ, ਪਰ ਇਸਦੇ ਬਾਵਜੂਦ ਇੱਥੇ ਅਜੇ ਤੱਕ ਢੰਗ ਦਾ ਸਬ ਡਿਵੀਜ਼ਨਲ ਕੰਪਲੈਕਸ ਨਹੀਂ ਬਣਾਇਆ ਗਿਆ।ਉਨ੍ਹਾਂ ਕਿਹਾ ਕਿ ਮੌਜੂਦਾ ਕੰਪਲੈਕਸ ਪੂਰੀ ਤਰ੍ਹਾਂ ਜੂਡੀਸ਼ੀਅਲ ਕੋਰਟਾਂ ਵੱਲੋਂ ਵਰਤਿਆ ਜਾ ਰਿਹਾ ਹੈ, ਜਿਸ ਕਾਰਨ ਪ੍ਰਸ਼ਾਸਨਿਕ ਦਫ਼ਤਰਾਂ ਲਈ ਥਾਂ ਹੀ ਨਹੀਂ ਬਚੀ। ਇਸ ਸਮੇਂ ਐੱਸ ਡੀ ਐੱਮ ਦਫ਼ਤਰ ਵੱਖਰੀ ਥਾਂ ਤੇ ਚੱਲ ਰਿਹਾ ਹੈ, ਤਹਿਸੀਲ ਕੰਪਲੈਕਸ ਹੀ ਮੌਜੂਦ ਨਹੀਂ ਹੈ ਤੇ ਡੀ ਐੱਸ ਪੀ ਦਫ਼ਤਰ ਸਮੇਤ ਕਈ ਹੋਰ



ਸਰਕਾਰੀ ਵਿਭਾਗ ਅਸਥਾਈ ਥਾਵਾਂ ਤੋਂ ਕੰਮ ਕਰਨ ਲਈ ਮਜਬੂਰ ਹਨ।ਉਨ੍ਹਾਂ ਕਿਹਾ ਕਿ ਜਦੋਂ ਸਰਕਾਰੀ ਦਫ਼ਤਰ ਵੱਖ-ਵੱਖ ਥਾਵਾਂ ਤੇ ਹੋਣ ਤਾਂ ਆਮ ਲੋਕਾਂ ਨੂੰ ਆਪਣੇ ਛੋਟੇ-ਛੋਟੇ ਕੰਮਾਂ ਲਈ ਵੀ ਬਾਰ-ਬਾਰ ਦਫ਼ਤਰਾਂ ਦੇ ਚੱਕਰ ਕੱਟਣੇ ਪੈਂਦੇ ਹਨ, ਜਿਸ ਨਾਲ ਲੋਕਾਂ ਨੂੰ ਬੇਵਜ੍ਹਾ ਖੱਜਲ-ਖੁਆਰ ਹੋਣਾ ਪੈਂਦਾ ਹੈ। ਇਹ ਹਾਲਤ ਡੇਰਾਬੱਸੀ ਵਰਗੇ ਵੱਡੇ ਸਬ-ਡਿਵੀਜ਼ਨ ਲਈ ਬਿਲਕੁਲ ਵੀ ਠੀਕ ਨਹੀਂ ਹੈ। ਉਨ੍ਹਾਂ ਸਰਕਾਰ ਤੋਂ ਮੰਗ ਕੀਤੀ ਕਿ ਡੇਰਾਬੱਸੀ ਵਿੱਚ ਤੁਰੰਤ ਨਵਾਂ ਸਬ ਡਿਵੀਜ਼ਨਲ ਕੰਪਲੈਕਸ ਬਣਾਉਣ ਦੀ ਮਨਜ਼ੂਰੀ ਦਿੱਤੀ ਜਾਵੇ, ਜਿਸ ਵਿੱਚ ਐਸ.ਡੀ.ਐਮ ਦਫ਼ਤਰ, ਤਹਿਸੀਲ ਕੰਪਲੈਕਸ, ਡੀ.ਐਸ.ਪੀ ਦਫ਼ਤਰ ਅਤੇ ਹੋਰ ਸਰਕਾਰੀ ਵਿਭਾਗ ਇੱਕੋ ਥਾਂ ਤੇ ਸਥਾਪਿਤ ਕੀਤੇ ਜਾਣ।

## ਦਿਹਾਤੀ ਪੁਲਸ ਨੇ ਚਲਾਇਆ ਕਾਸੋ ਅਪ੍ਰੇਸ਼ਨ, 5 ਗ੍ਰਿਫ਼ਤਾਰ

**ਜਲੰਧਰ (ਇਕਬਾਲ ਸਿੰਘ ਉਭੀ)**- ਐੱਸ ਐੱਸ ਪੀ ਜਲੰਧਰ ਦਿਹਾਤੀ ਹਰਵਿੰਦਰ ਸਿੰਘ ਵਿਰਕ ਤੇ ਐਸ.ਪੀ. ਮੁਕੇਸ਼ ਕੁਮਾਰ ਦੀ ਅਗਵਾਈ ਹੇਠ, ਦਿਹਾਤੀ ਪੁਲਿਸ ਨੇ ਨਸ਼ਿਆਂ ਵਿਰੁੱਧ ਚੱਲ ਰਹੀ ਮੁਹਿੰਮ 'ਯੁੱਧ ਨਸ਼ਿਆਂ ਵਿਰੁੱਧ' ਤਹਿਤ ਵੱਖ-ਵੱਖ ਖੇਤਰਾਂ ਵਿੱਚ ਕਾਸੋ ਆਪ੍ਰੇਸ਼ਨ ਚਲਾਇਆ। ਇਸ ਕਾਰਵਾਈ ਦੌਰਾਨ 4 ਐੱਫ ਆਈ ਆਰ ਦਰਜ ਕਰਨ ਤੋਂ ਇਲਾਵਾ 5 ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ, 74 ਨਸ਼ੀਲੀਆਂ ਗੋਲੀਆਂ ਬਰਾਮਦ ਕੀਤੀਆਂ ਗਈਆਂ ਤੇ ਅਗਲੇਰੀ ਜਾਂਚ ਲਈ ਸ਼ੱਕੀ ਵਿਅਕਤੀਆਂ ਨੂੰ ਹਿਰਾਸਤ ਵਿੱਚ ਵੀ ਲਿਆ ਗਿਆ। ਇਹ ਆਪ੍ਰੇਸ਼ਨ ਡੀ.ਐਸ.ਪੀ. ਇੰਦਰਜੀਤ ਸਿੰਘ, ਡੀ.ਐਸ.ਪੀ. ਸ਼ਾਹਕੋਟ ਸੁਖਪਾਲ ਸਿੰਘ ਅਤੇ ਡੀ.ਐਸ.ਪੀ. ਨਕੋਦਰ ਓਂਕਾਰ ਸਿੰਘ ਦੀ ਨਿਗਰਾਨੀ ਹੇਠ ਚਲਾਇਆ ਗਿਆ। ਇਸ ਆਪ੍ਰੇਸ਼ਨ ਦੀ ਪ੍ਰਭਾਵਸ਼ਾਲੀ ਢੰਗ ਨਾਲ ਨਿਗਰਾਨੀ ਕਰਨ ਅਤੇ ਇਸ ਨੂੰ ਅੰਜਾਮ ਦੇਣ ਲਈ ਪਛਾਣੇ ਗਏ ਖੇਤਰਾਂ ਵਿੱਚ ਲਗਭਗ 300 ਪੁਲਿਸ ਕਰਮਚਾਰੀ ਤਾਇਨਾਤ ਕੀਤੇ ਗਏ ਸਨ।ਰਾਵਾਂ ਦੀ ਮਾਲਾ, ਮਹਿਤਪੁਰ ਅਤੇ ਧਰਮੇ ਦੀਆਂ ਛੰਨਾ ਸਮੇਤ ਵੱਖ-ਵੱਖ ਇਲਾਕਿਆਂ ਵਿੱਚ ਤਲਾਸ਼ੀ ਅਤੇ ਚੈਕਿੰਗ ਮੁਹਿੰਮ ਚਲਾਈ ਗਈ, ਜਿਨ੍ਹਾਂ ਨੂੰ ਨਸ਼ਿਆਂ ਦੇ ਹੌਟਸਪੌਟ ਵਜੋਂ ਪਛਾਣਿਆ ਗਿਆ ਹੈ। ਵਿਰਕ ਨੇ ਕਿਹਾ ਕਿ ਦਿਹਾਤੀ ਪੁਲਿਸ ਆਉਣ ਵਾਲੇ ਦਿਨਾਂ ਵਿੱਚ ਜ਼ਿਲ੍ਹੇ ਵਿੱਚ ਨਸ਼ਿਆਂ ਦੇ ਕੋਹੜ ਨੂੰ ਰੋਕਣ ਲਈ ਨਿਯਮਿਤ ਤੌਰ 'ਤੇ ਅਜਿਹੇ ਨਸ਼ਾ ਵਿਰੋਧੀ ਅਭਿਆਨ ਚਲਾਉਂਦੀ ਰਹੇਗੀ। ਉਨ੍ਹਾਂ ਇਹ ਵੀ ਕਿਹਾ ਕਿ ਨਸ਼ਿਆਂ ਦੀ ਵਿਕਰੀ ਜਾਂ ਵੰਡ ਵਿੱਚ ਸ਼ਾਮਲ ਕਿਸੇ ਵੀ ਵਿਅਕਤੀ ਵਿਰੁੱਧ ਕਾਨੂੰਨ ਅਨੁਸਾਰ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।

## ਸਲੇਮਪੁਰ ਦੇ ਸਕੂਲ ਨੂੰ ਮਿਲੇ ਇੰਟਰੈਕਟਿਵ ਪੈਨਲ ਤੇ ਕੰਪਿਊਟਰ

**ਸ੍ਰੀ ਚਮਕੌਰ ਸਾਹਿਬ, (ਗੁਰਵਿੰਦਰਪਾਲ ਸਿੰਘ ਬੌਬੀ)**- ਪੰਜਾਬ ਸਰਕਾਰ ਦੀ ਡਿਜੀਟਲ ਸਿੱਖਿਆ ਕ੍ਰਾਂਤੀ ਤਹਿਤ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਸਲੇਮਪੁਰ ਨੂੰ ਮਿਲੇ ਦੋ ਇੰਟਰੈਕਟਿਵ ਪੈਨਲ ਤੇ ਪੰਜ ਨਵੇਂ ਕੰਪਿਊਟਰਾਂ ਦਾ ਉਦਘਾਟਨ ਸਕੂਲ ਦੇ ਪ੍ਰਿੰਸੀਪਲ ਪਵਨ ਕੁਮਾਰ ਦੀ ਅਗਵਾਈ ਵਿੱਚ ਪਿੰਡ



ਦੀ ਸਰਪੰਚ ਸੁਰਜੀਤ ਕੌਰ, ਪੰਚ ਸਾਹਿਬਾਨ, ਐੱਸ ਐੱਮ ਸੀ ਕਮੇਟੀ ਦੇ ਚੇਅਰਮੈਨ ਅਤੇ ਸਮੂਹ ਮੈਂਬਰਾਂ ਵੱਲੋਂ ਕੀਤਾ ਗਿਆ। ਇਸ ਮੌਕੇ ਆਯੋਜਿਤ ਸੰਖੇਪ ਪਰ ਪ੍ਰਭਾਵਸ਼ਾਲੀ ਸਮਾਗਮ ਦੌਰਾਨ ਬਲਾਕ ਮੈਨਟਰ ਗਣਿਤ ਅਜੈ ਅਰੋੜਾ ਵੀ ਵਿਸ਼ੇਸ਼ ਤੌਰ 'ਤੇ ਸ਼ਾਮਿਲ ਹੋਏ। ਸਮਾਗਮ ਦੌਰਾਨ ਸਕੂਲ ਦੇ ਲੈਕਚਰਾਰ ਸੰਜੀਵ ਅੱਤਰੀ, ਰਾਜੀਵ ਕੁਮਾਰ ਅਤੇ ਮੈਡਮ ਸੀਮਾ ਵੱਲੋਂ ਮਹਿਮਾਨਾਂ ਦਾ ਤਹਿ ਦਿਲੋਂ ਸਵਾਗਤ ਕੀਤਾ ਗਿਆ ਤੇ ਸਕੂਲ ਦੀ ਦਾਖ਼ਲਾ ਮੁਹਿੰਮ ਦੀ ਸ਼ੁਰੂਆਤ ਵੀ ਕੀਤੀ ਗਈ। ਇਸ ਮੌਕੇ ਪ੍ਰਿੰਸੀਪਲ ਪਵਨ ਕੁਮਾਰ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਸਿੱਖਿਆ ਦੇ ਖੇਤਰ ਵਿੱਚ ਕੀਤੇ ਜਾ ਰਹੇ ਇਹ ਉਪਰਾਲੇ ਬਹੁਤ ਹੀ ਸ਼ਲਾਘਾਯੋਗ ਹਨ। ਪੰਜਾਬੀ ਮਾਸਟਰ ਕੁਲਤਾਰ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਨਵੇਂ ਮਿਲੇ ਇੰਟਰੈਕਟਿਵ ਪੈਨਲ ਅੱਠਵੀਂ ਅਤੇ ਦਸਵੀਂ ਜਮਾਤ ਦੇ ਕਮਰਿਆਂ ਵਿੱਚ ਲਗਾਏ ਗਏ ਹਨ, ਤਾਂ ਜੋ ਬੋਰਡ ਜਮਾਤਾਂ ਦੇ ਵਿਦਿਆਰਥੀਆਂ ਨੂੰ ਹੋਰ ਪ੍ਰਭਾਵਸ਼ਾਲੀ ਢੰਗ ਨਾਲ ਪੜ੍ਹਾਇਆ ਜਾ ਸਕੇ। ਇਸ ਤੋਂ ਇਲਾਵਾ ਪੰਜ ਨਵੇਂ ਕੰਪਿਊਟਰ ਸਕੂਲ ਦੀ ਕੰਪਿਊਟਰ ਲੈਬ ਵਿੱਚ ਇੰਸਟਾਲ ਕੀਤੇ ਗਏ ਹਨ, ਜਿਸ ਨਾਲ ਵਿਦਿਆਰਥੀਆਂ ਨੂੰ ਕੰਪਿਊਟਰ ਸਿੱਖਿਆ ਵਿੱਚ ਹੋਰ ਸੁਵਿਧਾ ਮਿਲੇਗੀ। ਇਸ ਮੌਕੇ ਉਪ ਚੇਅਰਮੈਨ ਸਿਮਰਨ ਕੌਰ, ਪੰਚ ਦੀਦਾਰ ਸਿੰਘ, ਹਰਬੰਸ ਕੌਰ ਅਤੇ ਕਮੇਟੀ ਮੈਂਬਰ ਕੁਲਜੀਤ ਕੌਰ, ਅਮਨਦੀਪ ਕੌਰ, ਲਖਵਿੰਦਰ ਕੌਰ, ਸੰਦੀਪ ਕੌਰ, ਰਾਜਿੰਦਰ ਕੌਰ ਵੀ ਮੌਜੂਦ ਸਨ। ਇਸ ਤੋਂ ਇਲਾਵਾ ਸਕੂਲ ਸਟਾਫ ਵਿੱਚ ਗੁਰਿੰਦਰ ਕੌਰ, ਨਰਿੰਦਰ ਕੌਰ, ਹਰਪ੍ਰੀਤ ਕੌਰ, ਅਨੁਰਾਧਾ, ਰਮਨਪ੍ਰੀਤ ਕੌਰ, ਮਾਧਰੀ ਮਿੱਤਲ, ਸਿਮਰਨਜੋਤ ਸਿੰਘ, ਰਾਜਵੀਰ ਸਿੰਘ, ਜਸਪ੍ਰੀਤ ਸਿੰਘ, ਹਰਜੀਤ ਸਿੰਘ, ਕਰਮ ਸਿੰਘ, ਕਮਲਜੀਤ ਕੌਰ, ਕੁਲਵੰਤ ਕੌਰ, ਜਸਪ੍ਰੀਤ ਕੌਰ ਅਤੇ ਜਰਨੈਲ ਸਿੰਘ ਹਾਜ਼ਰ ਸਨ।

## ਬੇਅਦਬੀਆਂ ਖਿਲਾਫ ਸਰਕਾਰ ਕਾਨੂੰਨ ਲੈ ਕੇ ਆਵੇ : ਸੇਖੋਂ, ਰੜਾ

**ਦਸੂਹਾ (ਕਰਨੈਲ ਮਾਂਗਟ)** ਬਾਬਾ ਬਕਾਲਾ ਸਾਹਿਬ ਪਿੰਡ ਸਠਿਆਲਾ ਵਿਚ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਦੀ ਸਖਤ ਸ਼ਬਦਾਂ ਵਿਚ ਸਰਕਾਰ ਤੇ ਪ੍ਰਸ਼ਾਸਨ ਨੂੰ ਤਾੜਨਾ ਕਰਦੇ ਹੋਏ ਅਕਾਲੀ ਦਲ ਵਾਰਿਸ ਪੰਜਾਬ ਦੇ ਅਵਤਾਰ ਸਿੰਘ ਸੇਖੋਂ ਜ਼ਿਲ੍ਹਾ ਪ੍ਰਧਾਨ ਤੇ ਮਨਜਿੰਦਰ ਸਿੰਘ ਰੜਾ ਜਿਲ੍ਹਾ ਮੈਂਬਰ ਨੇ ਕਿਹਾ ਕਿ ਗੁਰੂ ਗ੍ਰੰਥ ਸਾਹਿਬ ਜੀ ਦੀਆ ਬੇਅਦਬੀਆ ਇਕ ਆਮ ਘਟਨਾ ਹੋ ਗਈ ਹੈ ਪਿਛਲੇ ਕਈ ਸਾਲਾਂ ਤੋਂ ਗੁਰੂ ਗ੍ਰੰਥ ਸਾਹਿਬ ਦੀਆ ਬੇਅਦਬੀਆ ਰੁਕਣ ਦਾ ਨਾਂਅ ਨਹੀਂ ਲੈ ਰਹੀਆ। ਸਰਕਾਰ ਤੇ



ਪ੍ਰਸ਼ਾਸਨ ਨੂੰ ਅਪੀਲ ਕਰਦੇ ਹਾਂ ਕਿ ਜਿੰਨੇ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਕੀਤੀ ਹੈ, ਉਸ ਨੂੰ ਸਖਤ ਤੋਂ ਸਖਤ ਸਜਾ ਹੋਣੀ ਚਾਹੀਦੀ ਹੈ ਤੇ ਬੇਅਦਬੀਆ ਖਿਲਾਫ ਜਲਦੀ ਤੋਂ ਜਲਦੀ ਸਰਕਾਰ ਕਾਨੂੰਨ ਲੈ ਕੇ ਆਵੇ ਤਾਂ ਜੋ ਗੁਰੂ ਗ੍ਰੰਥ ਸਾਹਿਬ ਜੀ ਦੀਆ ਬੇਅਦਬੀ ਨੂੰ ਰੋਕਿਆ ਜਾਵੇ । ਇਸ ਮੌਕੇ ਅਕਾਲੀ ਦਲ ਵਾਰਿਸ ਪੰਜਾਬ ਦੇ ਜ਼ਿਲ੍ਹਾ ਪੰਜ ਮੈਂਬਰ ਮੌਜੂਦ ਸਨ। ਇਸ ਮੌਕੇ 'ਤੇ ਕੁਲਦੀਪ ਸਿੰਘ, ਕੁਲਵਿੰਦਰ ਸਿੰਘ, ਸੱਜਣ ਸਿੰਘ ,ਲਾਡੀ ਨਿੱਜਰ , ਗੁਰਪ੍ਰੀਤ ਸਿੰਘ ਭਿੰਡਰ ,ਲਖਵੀਰ ਸਿੰਘ ਲੱਖਾ ਆਦਿ ਹਾਜਰ ਸਨ।

## ਸਰਕਾਰੀ ਹਾਈ ਸਕੂਲ ਵਿਖੇ ਸਬਮਰਸੀਬਲ ਪੰਪ ਦਾ ਉਦਘਾਟਨ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**- ਗ੍ਰਾਮ ਪੰਚਾਇਤ ਬਘਾਣਾ ਵੱਲੋਂ ਸਰਕਾਰੀ ਹਾਈ ਸਕੂਲ ਬਘਾਣਾ ਵਿਖੇ ਪੀਣ ਵਾਲੇ ਪਾਣੀ ਦੀ ਸਮੱਸਿਆ ਨੂੰ ਦੇਖਦੇ ਹੋਏ ਸਕੂਲ ਵਿੱਚ ਸਬਮਰਸੀਪਲ ਪੰਪ ਦਾ ਬੋਰ ਕਰਵਾਉਣ ਦਾ ਉਦਘਾਟਨ ਕੀਤਾ ਗਿਆ। ਇਸ ਮੌਕੇ ਸਰਪੰਚ ਬਲਵਿੰਦਰ ਕੁਮਾਰ, ਸਕੂਲ ਮੁੱਖ ਅਧਿਆਪਕ ਹਰਜਿੰਦਰਜੀਤ ਸਿੰਘ,



ਹਰਦੀਪ ਸਿੰਘ ਪ੍ਰਮਾਰ, ਐੱਸ ਐੱਮ ਸੀ ਕਮੇਟੀ ਦੇ ਚੇਅਰਮੈਨ ਸੰਜੀਵ ਕੁਮਾਰ, ਪੰਚਾਇਤ ਮੈਂਬਰ ਹਾਜਰ ਸਨ। ਜਿਨ੍ਹਾਂ ਵਿੱਚ ਪੰਚ ਰਾਮ ਲਭਾਇਆ, ਪੰਚ ਸਚਿਨ ਕੁਮਾਰ, ਪੰਚ ਗੁਰਸ਼ਰਨਜੀਤ ਸਿੰਘ, ਪੰਚ ਸੁਰਜੀਤ ਕੌਰ, ਪੰਚ ਜਸਵਿੰਦਰ ਕੌਰ, ਪੰਚ ਨਿਸ਼ਾ ਸਹੋਤਾ ਆਦਿ ਹਾਜ਼ਰ ਸਨ।

## 15 ਦੀ ਬਸਪਾ ਰੈਲੀ ਨਵਾਂ ਇਤਿਹਾਸ ਸਿਰਜੇਗੀ : ਗੁਰਨਾਮ ਚੌਧਰੀ, ਠੇਕੇਦਾਰ ਭਗਵਾਨ, ਦਲਜੀਤ ਰਾਏ, ਐਡਵੋਕੇਟ ਮਾਨਾ

**ਹੁਸ਼ਿਆਰਪੁਰ (ਓ ਪੀ ਰਾਣਾ)**- ਬਹੁਜਨ ਸਮਾਜ ਪਾਰਟੀ ਦੇ ਜੋਨ ਇੰਚਾਰਜ ਗੁਰਨਾਮ ਚੌਧਰੀ, ਠੇਕੇਦਾਰ ਭਗਵਾਨ ਦਾਸ ਸਿੱਧੂ ਜਨਰਲ ਸਕੱਤਰ ਪੰਜਾਬ, ਦਲਜੀਤ ਰਾਏ ਜਿਲਾ ਪ੍ਰਧਾਨ,ਐਡਵੋਕੇਟ ਪਲਵਿੰਦਰ ਮਾਨਾ ਇੰਚਾਰਜ ਹਲਕਾ ਚੱਬੇਵਾਲ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ 15 ਮਾਰਚ ਨੂੰ ਬਸਪਾ ਬਾਨੀ ਕਾਂਸ਼ੀ ਰਾਮ ਦੇ ਜਨਮ ਦਿਨ ਤੇ ਬਸਪਾ ਵੱਲੋਂ ਦਾਣਾ ਮੰਡੀ



ਬਹਿਰਾਮ ਵਿਖੇ ਪੰਜਾਬ ਸੰਭਾਲੋ ਮੁਹਿੰਮ ਤਹਿਤ ਸੱਤਾ ਪ੍ਰਾਪਤ ਕਰੋ ਰੈਲੀ ਪੰਜਾਬ ਦੀ ਰਾਜਨੀਤੀ ਵਿੱਚ ਨਵਾਂ ਇਤਿਹਾਸ ਸਿਰਜੇਗੀ। ਉਹਨਾਂ ਕਿਹਾ ਵੱਡੀ ਗਿਣਤੀ ਵਿੱਚ ਪੰਜਾਬ ਵਾਸੀ ਰੈਲੀ ਵਿੱਚ ਸ਼ਾਮਿਲ ਹੋ ਕੇ ਏਕਤਾ ਤੇ ਆਪਣੀ ਪੰਜਾਬ ਪ੍ਰਤੀ ਜਾਗਰੂਕ ਸੋਚ ਦਾ ਮੁਜਾਹਰਾ ਕਰਨਗੇ।ਬਸਪਾ ਆਗੂਆਂ ਨੇ ਕਿਹਾ ਕਿ 15 ਮਾਰਚ ਬਹਿਰਾਮ ਰੈਲੀ ਲਈ ਪੰਜਾਬ ਦੇ ਲੋਕਾਂ ਅੰਦਰ ਭਾਰੀ ਉਤਸ਼ਾਹ ਹੈ , ਪੰਜਾਬ ਵਾਸੀ ਵਹੀਰਾਂ ਘੱਤ ਕੇ ਆਪ ਮੁਹਾਰੇ ਰੈਲੀ ਵਿੱਚ ਸ਼ਾਮਲ ਹੋਣਗੇ।

## ਸਤਨਾਮ ਸਿੰਘ ਭਾਟੀਆ ਸਮਰਥਕਾਂ ਸਮੇਤ ਅਕਾਲੀ ਦਲ 'ਚ ਸ਼ਾਮਲ

**ਪੋਜੇਵਾਲ/ਬਲਾਚੌਰ (ਰਾਮ ਲਾਲ/ਜਸਵਿੰਦਰ ਬੈਂਸ)**- ਬਲਾਚੌਰ ਹਲਕੇ ਦੇ ਟਕਸਾਲੀ ਕਾਂਗਰਸੀ ਆਗੂ ਸਵਰਗਵਾਸੀ ਸ਼ੰਕਰ ਸਿੰਘ ਭਾਟੀਆ ਦੇ ਸਪੁੱਤਰ ਰਿਟਾਇਰ ਡੀ ਐਸ ਪੀ ਸਤਨਾਮ ਸਿੰਘ




ਭਾਟੀਆ ਰਾਜੂਮਾਜਰਾ ਆਪਣੇ ਸਮਰਥਕਾਂ ਸਮੇਤ ਸ਼੍ਰੋਮਣੀ ਅਕਾਲੀ ਦਲ ਵਿੱਚ ਸ਼ਾਮਿਲ ਹੋਏ। ਉਨਾਂ ਨੇ ਸ਼੍ਰੋਮਣੀ ਅਕਾਲੀ ਦਲ ਦੇ ਮੁੱਖ ਦਫਤਰ ਚੰਡੀਗੜ੍ਹ ਵਿਖੇ ਸੁਖਬੀਰ ਸਿੰਘ ਬਾਦਲ ਦੀ ਮੌਜੂਦਗੀ ਵਿੱਚ ਆਪਣੇ ਸਾਥੀਆਂ ਸਮੇਤ ਸ਼੍ਰੋਮਣੀ ਅਕਾਲੀ ਦਲ ਦਾ ਪੱਲਾ ਫੜਿਆ। ਇਸ ਮੌਕੇ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਸਤਨਾਮ ਸਿੰਘ ਭਾਟੀਆ ਦਾ ਪਾਰਟੀ ਵਿੱਚ ਆਉਣ ਤੇ ਸਵਾਗਤ ਕਰਦਿਆਂ, ਵਿਸ਼ਵਾਸ ਦਿਵਾਉਂਦੇ ਹੋਏ ਕਿਹਾ ਕਿ ਸਤਨਾਮ ਸਿੰਘ ਭਾਟੀਆ ਨੂੰ ਪਾਰਟੀ ਵਿੱਚ ਪੂਰਾ ਮਾਣ ਸਤਿਕਾਰ ਤੇ ਜ਼ਿੰਮੇਵਾਰੀ ਦਿੱਤੀ ਜਾਵੇਗੀ। ਸਤਨਾਮ ਸਿੰਘ ਭਾਟੀਆ ਰਾਜੂ ਮਾਜਰਾ ਨੇ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੂੰ ਵਿਸ਼ਵਾਸ ਦਿਵਾਇਆ ਕਿ ਉਹ ਆਪਣੇ ਸਾਥੀਆਂ ਸਮੇਤ ਬਲਾਚੌਰ ਹਲਕੇ ਵਿੱਚ ਪਾਰਟੀ ਦੀ ਚੜ੍ਹਦੀ ਕਲਾ ਲਈ ਤਨ ਮਨ ਨਾਲ ਸੇਵਾ ਕਰਕੇ ਪਾਰਟੀ ਦੀਆਂ ਨੀਤੀਆਂ ਨੂੰ ਘਰ ਘਰ ਤੱਕ ਪਹੁੰਚਾਉਣਗੇ। ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਵਿੱਚ ਪਾਰਟੀ ਨੂੰ ਬਲਾਚੌਰ ਹਲਕੇ ਵਿੱਚ ਵੱਡੀ ਲੀਡ ਨਾਲ ਜਿਤਾਉਣਗੇ।ਇਸ ਮੌਕੇ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਅਸ਼ੋਕ ਕੁਮਾਰ ਨਾਨੋਵਾਲ ਜਿਨਾਂ ਦੀ ਪ੍ਰੇਰਨਾ ਸਦਕਾ ਸਤਨਾਮ ਸਿੰਘ ਭਾਟੀਆ ਸ਼੍ਰੋਮਣੀ ਅਕਾਲੀ ਦਲ ਵਿੱਚ ਸ਼ਾਮਿਲ ਹੋਏ, ਨੇ ਕਿਹਾ ਕਿ ਬਲਾਚੌਰ ਹਲਕੇ ਵਿੱਚੋਂ ਕਾਂਗਰਸ ਦੀ ਜੜ੍ਹ ਪੁੱਟੀ ਗਈ।

## ਮਹਿਲਾ ਦਿਵਸ ਨੂੰ ਸਮਰਪਤ ਕੀਤਾ ਮਾਸਿਕ ਰਾਸ਼ਨ ਵੰਡ ਸਮਾਗਮ

**ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)**- ਲਾਇੰਸ ਕਲੱਬ ਫਗਵਾੜਾ ਪ੍ਰਾਈਡ ਦੇ ਚਾਰਟਰ ਪ੍ਰਧਾਨ ਤੇ ਹਿਊਮਨ ਰਾਈਟਸ ਕੌਂਸਲ (ਇੰਡੀਆ) ਦੇ ਪ੍ਰਦੇਸ਼ ਸਕੱਤਰ ਲਾਇਨ ਗੁਰਦੀਪ ਸਿੰਘ ਕੰਗ ਐਮ.ਜੇ.ਐੱਫ. ਨੇ ਬਾਬਾ ਬਾਲਕ ਨਾਥ ਸੇਵਾ ਸੰਮਿਤੀ ਫਗਵਾੜਾ ਦੇ ਸਹਿਯੋਗ ਨਾਲ 94ਵਾਂ ਮਾਸਿਕ ਰਾਸ਼ਨ ਵੰਡ ਸਮਾਗਮ ਕੰਗ ਇੰਟਰਪ੍ਰਾਈਜ਼ਿਜ ਸੈਂਟਰਲ ਟਾਊਨ ਫਗਵਾੜਾ ਵਿਖੇ ਆਯੋਜਿਤ ਕੀਤਾ। ਸਮਾਗਮ ਦੀ ਵਿਸ਼ੇਸ਼ਤਾ ਇਹ ਸੀ ਕਿ ਇਸ ਵਾਰ ਦਾ ਆਯੋਜਨ ਨਾ ਸਿਰਫ ਅੰਤਰਰਾਸ਼ਟਰੀ ਮਹਿਲਾ ਦਿਵਸ ਨੂੰ ਸਮਰਪਿਤ ਸੀ ਬਲਕਿ ਰਾਸ਼ਨ ਪ੍ਰਾਪਤ ਕਰਨ ਵਾਲੀਆਂ ਔਰਤਾਂ ਨੂੰ ਰਾਸ਼ਨ ਵੰਡਣ ਦੇ ਨਾਲ ਸਿਰੋਪਾਓ ਪਾ ਕੇ ਸਨਮਾਨਤ ਵੀ ਕੀਤਾ ਗਿਆ। ਸਮਾਗਮ ਦੀ ਸ਼ੁਰੂਆਤ ਮੁੱਖ ਮਹਿਮਾਨ ਲਾਇਨ ਹਰਪਾਲ ਸਿੰਘ ਜੰਡੂ ਯੂ ਕੇ ਅਤੇ ਵਿਸ਼ੇਸ਼ ਮਹਿਮਾਨ ਸਤਵਿੰਦਰ ਸਿੰਘ ਪ੍ਰਬੰਧਕ, ਸੀ ਐੱਸ ਬੀ ਬੈਂਕ ਨੇ ਸਾਂਝੇ ਤੌਰ 'ਤੇ ਕਰਵਾਈ। ਉਨ੍ਹਾਂ ਨੇ ਸਮੂਹ ਔਰਤਾਂ ਨੂੰ ਅੰਤਰਰਾਸ਼ਟਰੀ ਮਹਿਲਾ ਦਿਵਸ ਦੀਆਂ ਸ਼ੁੱਭ ਇੱਛਾਵਾਂ ਦਿੰਦਿਆਂ ਲਾਇੰਸ ਕਲੱਬ ਫਗਵਾੜਾ ਪ੍ਰਾਈਡ ਅਤੇ ਖਾਸ ਤੌਰ 'ਤੇ ਚਾਰਟਰ ਪ੍ਰਧਾਨ ਗੁਰਦੀਪ ਸਿੰਘ ਕੰਗ (ਡਿਸਟ੍ਰਿਕਟ ਚੇਅਰਮੈਨ 321-ਡੀ) ਦੇ ਇਸ ਉਪਰਾਲੇ ਨੂੰ ਸ਼ਲਾਘਾਯੋਗ ਦੱਸਿਆ। ਲਾਇਨ ਜੰਡੂ ਨੇ ਕਿਹਾ ਕਿ ਮਹਿਲਾਵਾਂ ਸਮਾਜ ਦੀ ਆਧਾਰਸ਼ਿਲਾ



ਹੁੰਦੀਆਂ ਹਨ ਤੇ ਉਨ੍ਹਾਂ ਦੇ ਸਨਮਾਨ ਅਤੇ ਸਸ਼ਕਤੀਕਰਨ ਤੋਂ ਬਿਨਾਂ ਸਮਾਜ ਦੀ ਤਰੱਕੀ ਸੰਭਵ ਨਹੀਂ ਹੈ। ਸਤਵਿੰਦਰ ਸਿੰਘ ਪ੍ਰਬੰਧਕ ਨੇ ਕਿਹਾ ਕਿ ਜ਼ਰੂਰਤਮੰਦ ਪਰਿਵਾਰਾਂ ਦੀ ਸੇਵਾ ਕਰਨਾ ਹੀ ਸੱਚੀ ਮਨੁੱਖਤਾ ਹੈ ਅਤੇ ਇਹ ਸੇਵਾ ਮੁਹਿਮ ਹਮੇਸ਼ਾ ਜਾਰੀ ਰਹਿਣੀ ਚਾਹੀਦੀ ਹੈ। ਇਸ ਦੌਰਾਨ ਬਾਬਾ ਬਾਲਕ ਨਾਥ ਸੇਵਾ ਸਮਿਤੀ ਦੇ ਸਰਪ੍ਰਸਤ ਧਰਮਪਾਲ ਨਿਸ਼ਚਲ, ਸਰਪ੍ਰਸਤ ਐਸ.ਪੀ. ਬਸਰਾ, ਸਮਾਜ ਸੇਵਿਕਾ ਚੰਚਲ ਸੇਠ, ਪੰਜਾਬ ਪ੍ਰਦੇਸ਼ ਧਾਰਮਿਕ ਕਮੇਟੀ ਦੇ ਪ੍ਰਧਾਨ ਮਨੀਸ਼ ਕਨੌਜੀਆ, ਸਮਾਜ ਸੇਵਕ ਵੀ.ਪੀ. ਸਿੰਘ ਅਰੋੜਾ, ਆਪ ਪਾਰਟੀ ਚੇਅਰਮੈਨ ਬੋਬੀ ਚਮ ਅਤੇ ਵਿਸ਼ਵ ਬ੍ਰਾਹਮਣ ਸਭਾ ਪੰਜਾਬ ਦੇ ਪ੍ਰਧਾਨ ਕੇ.ਕੇ. ਸ਼ਰਮਾ ਨੇ ਵੀ ਹਾਜ਼ਰੀ ਦਰਜ ਕਰਵਾਈ। ਪਤਵੰਤਿਆਂ ਨੂੰ ਸਨਮਾਨ ਚਿੰਨ੍ਹ ਭੇਟ ਕਰਕੇ ਸਨਮਾਨਤ ਵੀ ਕੀਤਾ ਗਿਆ। ਲਾਇਨ ਸੁਸ਼ੀਲ ਸ਼ਰਮਾ ਨੇ ਮੰਚ ਸੰਚਾਲਨ ਬਖੂਬੀ ਕੀਤਾ। ਇਸ ਮੌਕੇ ਲਾਇੰਸ ਕਲੱਬ ਫਗਵਾੜਾ ਪ੍ਰਾਈਡ ਦੇ ਸਕੱਤਰ ਲਾਇਨ ਸੰਜੀਵ ਲਾਂਬਾ, ਕੈਸ਼ੀਅਰ ਲਾਇਨ ਸਤਵਿੰਦਰ ਸਿੰਘ ਭਮਰਾ, ਪੀ ਆਰ ਓ ਲਾਇਨ ਵਰੁਣ ਵਧਵਾ ਤੋਂ ਇਲਾਵਾ ਲਾਇਨ ਆਸ਼ੂ ਕਰਵਲ, ਲਾਇਨ ਪੰਕਜ ਚੱਡਾ, ਲਾਇਨ ਵਿਪਨ ਸ਼ਰਮਾ, ਲਾਇਨ ਸ਼ਾਮ ਅਰੋੜਾ, ਲਾਇਨ ਵਿਨੇ ਕੁਮਾਰ ਬਿੱਟੂ, ਲਾਇਨ ਕਰਨ ਅਗਰਵਾਲ, ਲਾਇਨ ਜਤਿੰਦਰ ਸਹਦੇਵ, ਲਾਇਨ ਨਿਖਿਲ ਵਧਵਾ, ਲਾਇਨ ਸੁਰਜੀਤ ਸਿੰਘ ਕੰਗ, ਵਾਸੁਦੇਵ ਗੁਪਤਾ, ਸਮਾਜ ਸੇਵਕ ਸਤੀਸ਼ ਬੱਗਾ, ਅਮਰਜੀਤ ਸਿੰਘ ਬਘਾਨਾ, ਨੰਦ ਸੋਨੀ, ਅਨੂਪ ਦੁੱਗਲ, ਸੌਰਵ ਗੋਇਲ, ਰਵੀ ਕੁਮਾਰ, ਰਮੇਸ਼ ਸ਼ਿੰਗਾਰੀ ਆਦਿ ਮੌਜੂਦ ਸਨ।

## ਕਾਰ ਦਾ ਸ਼ੀਸ਼ਾ ਤੋੜ ਕੇ ਲੱਖਾਂ ਦੇ ਗਹਿਣੇ ਤੇ ਨਕਦੀ ਚੋਰੀ

**ਪੋਜੇਵਾਲ /ਬਲਾਚੌਰ (ਰਾਮ ਲਾਲ/ਜਸਵਿੰਦਰ ਬੈਂਸ)**- ਬਲਾਚੌਰ-ਰੋਪੜ ਮੁੱਖ ਮਾਰਗ 'ਤੇ ਸਥਿਤ ਪਿੰਡ ਜੰਡੀ ਟੰਡੋਹ ਦੇ ਸਾਹਿਬ ਢਾਬਾ ਵਿਖੇ ਖਾਣਾ ਖਾਣ ਲਈ ਰੁਕੇ ਇੱਕ ਪਰਿਵਾਰ ਦੀ ਮਹਿੰਦਰਾ ਥਾਰ ਕਾਰ ਦਾ ਸ਼ੀਸ਼ਾ ਤੋੜ ਕੇ ਅਣਪਛਾਤੇ ਚੋਰਾਂ ਵੱਲੋਂ ਲੱਖਾਂ ਰੁਪਏ ਦੇ ਸੋਨੇ-ਚਾਂਦੀ ਦੇ ਗਹਿਣੇ ਅਤੇ ਨਕਦੀ ਚੋਰੀ ਕਰ ਲੈਣ ਦਾ ਮਾਮਲਾ ਸਾਹਮਣੇ ਆਇਆ ਹੈ। ਪੁਲਸ ਨੇ ਪੀੜਤ ਦੇ ਬਿਆਨਾਂ ਦੇ ਆਧਾਰ 'ਤੇ ਮੁਕੱਦਮਾ ਦਰਜ ਕਰਕੇ ਕਾਰਵਾਈ ਸ਼ੁਰੂ ਕਰ ਦਿੱਤੀ ਹੈ।ਪੁਲਸ ਨੂੰ ਦਿੱਤੇ



ਬਿਆਨਾਂ ਵਿੱਚ ਸਲਿੰਦਰ ਸਿੰਘ ਵਾਸੀ ਖਰੜ ਮੂਲ ਵਾਸੀ ਹੁਸ਼ਿਆਰਪੁਰ ਨੇ ਦੱਸਿਆ ਕਿ ਉਹ ਆਪਣੀ ਪਤਨੀ ਅਤੇ 2 ਸਾਲਾ ਲੜਕੀ ਨਾਲ ਕਾਲੇ ਰੰਗ ਦੀ ਥਾਰ ਕਾਰ ਪੀ ਬੀ 65 ਬੀ ਕੇ 9494 'ਤੇ ਆਪਣੇ ਪਿੰਡ ਤੋਂ ਖਰੜ ਜਾ ਰਿਹਾ ਸੀ। ਦੁਪਹਿਰ ਕਰੀਬ 3:20 ਵਜੇ ਉਹ ਸਾਹਿਬ ਢਾਬਾ 'ਤੇ ਖਾਣਾ ਖਾਣ ਲਈ ਰੁਕੇ। ਜਦੋਂ ਉਹ ਕਰੀਬ 3:35 ਵਜੇ ਖਾਣਾ ਖਾ ਕੇ ਬਾਹਰ ਆਏ ਤਾਂ ਦੇਖਿਆ ਕਿ ਕਾਰ ਦੀ ਡਰਾਈਵਰ ਸਾਈਡ ਦੀ ਪਿਛਲੀ ਤਾਕੀ ਦਾ ਸ਼ੀਸ਼ਾ ਟੁੱਟਿਆ ਹੋਇਆ ਸੀ।ਪੀੜਤ ਅਨੁਸਾਰ ਕਾਰ ਦੀ ਪਿਛਲੀ ਸੀਟ 'ਤੇ ਪਿਆ ਉਸ ਦੀ ਪਤਨੀ ਦਾ ਪਰਸ ਗਾਇਬ ਸੀ, ਜਿਸ ਵਿੱਚ ਸੋਨੇ ਦੀ ਚੈਨ, ਇੱਕ ਸੋਨੇ ਦਾ ਕੜਾ, ਅਤੇ 5 ਸੋਨੇ ਦੀਆਂ ਮੁੰਦਰੀਆਂ, ਇੱਕ ਸੋਨੇ ਦਾ ਕਿੱਟੀ ਸੈੱਟ, ਨੱਥ ਅਤੇ ਬੱਚੀ ਦੇ ਸੋਨੇ ਦੇ ਝੁੰਮਕੇ,ਚਾਂਦੀ ਦੀਆਂ ਝਾਂਜਰਾਂ ਦੇ 6 ਜੋੜੇ, ਚਾਂਦੀ ਦੀਆਂ ਪੇੜੀਆਂ, ਚਾਂਦੀ ਦਾ ਲਾਕਟ ਅਤੇ 4 ਜੋੜੇ ਚਾਂਦੀ ਦੇ ਕੰਗਣ,3000 ਰੁਪਏ ਨਕਦੀ ਸ਼ਾਮਲ ਸੀ। ਸੂਚਨਾ ਮਿਲਦੇ ਹੀ ਥਾਣਾ ਕਾਠਗੜ੍ਹ ਦੇ ਏ ਐੱਸ ਆਈ ਮਨੋਜ ਕੁਮਾਰ ਪੁਲਿਸ ਪਾਰਟੀ ਸਮੇਤ ਮੌਕੇ 'ਤੇ ਪਹੁੰਚੇ।ਪੁਲਸ ਵੱਲੋਂ ਅਣਪਛਾਤੇ ਚੋਰਾਂ ਖ਼ਿਲਾਫ਼ ਧਾਰਾ 305, 324 ਬੀ ਨ ਐਸ ਤਹਿਤ ਮਾਮਲਾ ਦਰਜ ਕਰ ਲਿਆ ਹੈ ਅਤੇ ਇਲਾਕੇ ਦੇ ਸੀ ਸੀ ਟੀ ਵੀ ਕੈਮਰਿਆਂ ਦੀ ਫੁਟੇਜ ਖੰਗਾਲੀ ਜਾ ਰਹੀ ਹੈ।

## ਸੇਂਟ ਸੋਲਜਰ ਦੇ ਵਿਦਿਆਰਥੀਆਂ ਦਾ ਨਤੀਜਿਆਂ 'ਚ ਸ਼ਾਨਦਾਰ ਪ੍ਰਦਰਸ਼ਨ

**ਜਲੰਧਰ (ਇਕਬਾਲ ਸਿੰਘ ਉਭੀ)**- ਸੇਂਟ ਸੋਲਜਰ ਇੰਸਟੀਚਿਊਟ ਆਫ ਇੰਜੀਨੀਅਰਿੰਗ ਐਂਡ ਟੈਕਨੋਲੋਜੀ, ਜਲੰਧਰ ਦੇ ਵਿਦਿਆਰਥੀਆਂ ਨੇ ਆਈਕੇਜੀਪੀਟੀਯੂ ਦੇ ਨਤੀਜਿਆਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕੀਤਾ। ਇਸ ਬਾਰੇ ਜਾਣਕਾਰੀ ਦਿੰਦਿਆਂ ਕਾਲਜ ਦੇ ਪ੍ਰਿੰਸੀਪਲ ਡਾ. ਗੁਰਪ੍ਰੀਤ ਸਿੰਘ ਨੇ ਦੱਸਿਆ ਕਿ ਬੀ. ਟੇਕ, ਐਮ.ਟੇਕ ਕੋਰਸ ਵਿੱਚ ਵਿਦਿਆਰਥੀ ਆਯੁਸ਼ ਚੰਦੇਲ ਨੇ 7.00 ਐਸਜੀਪੀਏ, ਅਕਸ਼ਪਾਲ ਸਿੰਘ, ਹਰਮਨਜੀਤ, ਜ਼ੀਨਤ ਅਤੇ ਤਾਨੀਆ ਨੇ 7.04, ਕ੍ਰਿਸ਼ਨਾ, ਤਨਵੀਰ ਅਹਿਮਦ, ਬੀ. ਸਨੀ ਅਤੇ ਗੁਰਪ੍ਰੀਤ ਕੌਰ ਨੇ 7.13, ਗੁਰਤਿਰਥ ਨੇ 7.12, ਮਨਪ੍ਰੀਤ ਕੌਰ ਨੇ 7.14, ਦਿਲਪ੍ਰੀਤ ਕੌਰ ਨੇ 7.16, ਰਮਨ ਸੈਨੀ ਨੇ 7.19, ਮਨਪ੍ਰੀਤ ਸਿੰਘ ਨੇ 7.23, ਕਾਸ਼ਿਸ਼ ਦੇਵੀ ਅਤੇ ਸੰਜਨਾ ਨੇ 7.24, ਦੀਪਕ ਰਾਮ ਅਤੇ ਸਰਬਜੀਤ ਨੇ 7.25, ਕੋਮਲ ਨੇ 7.26, ਅੰਕੁਸ਼ ਨੇ 7.27, ਰਾਮਨਦੀਪ ਨੇ 7.28, ਮਹਕ ਨੇ 7.29, ਅਬਰਾਰ, ਨਮਨ ਗੋਸਵਾਮੀ ਅਤੇ ਪ੍ਰਿੰਕਾ ਕੁਮਾਰੀ ਨੇ 7.30, ਦਲਜੀਤ ਕੌਰ ਨੇ 7.32, ਸਿਮਰਨ ਨੇ 7.35, ਆਰਤੀ, ਹਰਸ਼ਜੋਤ ਸਿੰਘ, ਖੁਸ਼ੀ, ਮੁਸਕਾਨ ਅਤੇ ਸਾਹਿਬ ਕੌਰ ਨੇ 7.36, ਲਵਦੀਪ ਸਿੰਘ ਨੇ 7.38, ਅੰਜਲੀ ਭਾਰਦਵਾਜ ਅਤੇ ਖੁਸ਼ਬੂ ਨੇ 7.39, ਸਨਮਜੀਤ ਨੇ 7.42, ਸੁਨੇਹਾ ਸ਼ਰਮਾ, ਰਾਮਨਦੀਪ, ਅਮਨਦੀਪ ਕੌਰ ਅਤੇ ਮਨਿਸ਼ਾ ਕੁਮਾਰੀ ਨੇ 7.43, ਗੁਰਪ੍ਰੀਤ ਕੌਰ ਅਤੇ ਹਰਜਿੰਦਰ ਸਿੰਘ ਨੇ 7.44,



ਪੰਕਜ ਮਿਸ਼ਰਾ, ਮੋਹੰਮਦ ਹਬੀਬ, ਪਰਵੇਜ਼ ਆਲਮ ਅਤੇ ਹਰਿਸ਼ ਪ੍ਰਸਾਦ ਨੇ 7.48, ਅਭਿਸ਼ੇਕ, ਖੁਸ਼ਬੂ, ਨੇਹਾ ਅਤੇ ਸੁਨੈਨਾ ਨੇ 7.52, ਕਾਜਲ ਕੁਮਾਰੀ ਨੇ 7.54, ਅਮਨਦੀਪ ਸਿੰਘ, ਗੁਰਜੀਤ ਅਤੇ ਹਰਮਨ ਸੈਨੀ ਨੇ 7.57, ਆਰਤੀ, ਦੀਪਿਕਾ ਅਤੇ ਰੇਥਿਕ ਕਟੋਚ ਨੇ 7.61, ਜਸਵਿੰਦਰ ਕੌਰ, ਮਨਜੋਤ ਕੌਰ ਅਤੇ ਨਵਜੋਤ ਕੁਮਾਰੀ ਨੇ 7.63, ਨੈਨਾ ਨੇ 7.65, ਅਨਿਲ, ਅੰਚਲ ਅਤੇ ਬਲਜੀਤ ਨੰਗਲੂ ਨੇ 7.70, ਰੂਪਾ ਮਿਸ਼ਰਾ ਨੇ 7.71, ਧਰੁਵ ਸਰ ਕਾਲੀਆ ਨੇ 7.72, ਨੇਹਾ ਨੇ 7.73, ਅਨੰਤ, ਜਸਪ੍ਰੀਤ ਆਹਲੂਵਾਲੀਆ ਅਤੇ ਵਹੀਦ ਉਲ ਜ਼ਮਾਨ ਨੇ 7.74, ਨਵਦਿਸ਼ਾ ਅਤੇ ਕੁਨਾਲ ਕੁਮਾਰ ਨੇ 7.75, ਚੰਦਨਪ੍ਰੀਤ ਨੇ 7.76, ਜਸਪ੍ਰੀਤ ਕੌਰ ਨੇ 7.78, ਲਿਜ਼ਾ ਨੇ 7.80, ਮਨਪ੍ਰੀਤ ਕੌਰ ਨੇ 7.81, ਪਲਕ ਨੇ 7.83, ਪ੍ਰਾਚੀ ਕੁਮਾਰੀ ਨੇ 7.87, ਨੰਦਿਨੀ ਨੇ 7.90, ਸੰਜਨਾ ਠਾਕੁਰ ਅਤੇ ਡੌਲੀ ਜੋਸ਼ੀ ਨੇ 7.96, ਹਰਸ਼ਦੀਪ ਸਿੰਘ ਅਤੇ ਜਸ਼ਨਦੀਪ ਸਿੰਘ ਗਿੱਲ ਨੇ 8.00, ਸੋਨੀਆ ਅਤੇ ਧੀਰਜ ਨੇ 8.04, ਸੁਮਿਤ ਨੇ 8.06, ਪਲਕ ਨੇ 8.12, ਗੀਤਿਕਾ ਨੇ 8.14, ਕਾਜਲ ਨੇ 8.19, ਚਾਰੂ ਸ਼ਰਮਾ ਨੇ 8.22, ਰਿਤਿਕਾ ਅਤੇ ਦੀਪਾ ਰਾਣੀ ਨੇ 8.28, ਸਨਰਾਜ ਨੇ 8.29, ਰਾਮਨਦੀਪ ਸਿੰਘ ਨੇ 8.43, ਦਿਕਸ਼ਾ ਅਤੇ ਰੰਜਨਾ ਦੇਵੀ ਨੇ 8.44, ਹੀਨਾ ਅਤੇ ਸ਼ਿਵਾਨੀ ਸਿੰਘ ਨੇ 8.39, ਕੋਮਲ ਭਾਟੀਆ ਨੇ 8.63, ਅਤੇ ਨੈਨਾ ਨੇ ਸਭ ਤੋਂ ਵੱਧ 8.65 ਐੱਸ ਜੀ ਪੀ ਏ ਪ੍ਰਾਪਤ ਕੀਤਾ। ਇਸ ਮੌਕੇ 'ਤੇ ਗਰੁੱਪ ਦੇ ਚੇਅਰਮੈਨ ਅਨਿਲ ਚੋਪੜਾ ਅਤੇ ਵਾਈਸ ਚੇਅਰਪਰਸਨ ਸੰਗੀਤਾ ਚੋਪੜਾ ਨੇ ਸਾਰੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਤੇ ਭਵਿੱਖ ਵਿੱਚ ਵੀ ਮਿਹਨਤ ਜਾਰੀ ਰੱਖਣ ਲਈ ਪ੍ਰੇਰਿਤ ਕੀਤਾ।

## ਕੰਵਰ ਇਕਬਾਲ ਸਿੰਘ ਦਾ ਕਸਬਾ ਕਾਲਾ ਸੰਘਿਆਂ ਵਿਖੇ ਪਹੁੰਚਣ 'ਤੇ 'ਆਪ' ਵੱਲੋਂ ਸਵਾਗਤ

**ਕਪੂਰਥਲਾ (ਮਨਜੀਤ ਮਾਨ)** - ਜ਼ਿਲ੍ਹਾ ਕਪੂਰਥਲਾ ਦੇ ਇਤਿਹਾਸਕ ਕਸਬਾ ਕਾਲਾ ਸੰਘਿਆਂ ਵਿਖੇ ਕੰਵਰ ਇਕਬਾਲ ਸਿੰਘ ਵਪਾਰ ਮੰਡਲ ਜ਼ਿਲ੍ਹਾ ਕਪੂਰਥਲਾ ਦੇ ਪ੍ਰਧਾਨ, ਪੰਜਾਬ ਸਾਇੰਸ ਐਂਡ ਟੈਕਨੋਲੋਜੀ ਪੰਜਾਬ ਦੇ ਮੈਂਬਰ, ਜ਼ਿਲ੍ਹਾ ਚੇਅਰਮੈਨ ਐਕਸਾਈਜ਼ ਤੇ ਟੈਕਸੇਸ਼ਨ ਵਿਭਾਗ ਕਪੂਰਥਲਾ ਦਾ ਕਸਬਾ ਕਾਲਾ ਸੰਘਿਆਂ ਵਿਖੇ ਪਹੁੰਚਣ ਤੇ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਸਤਨਾਮ ਸਿੰਘ ਸੰਘਾ ਦੀ ਅਗਵਾਈ ਹੇਠ ਭਰਵਾਂ ਸਵਾਗਤ ਕੀਤਾ ਗਿਆ। ਮੀਡੀਆ ਨਾਲ ਗੱਲਬਾਤ ਕਰਦਿਆਂ ਕੰਵਰ ਇਕਬਾਲ ਸਿੰਘ ਨੇ ਕਿਹਾ ਕਿ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਚੱਲ ਰਹੀ ਸਰਕਾਰ ਦੀ ਅਗਵਾਈ ਹੇਠ ਵਿਕਾਸ ਕਾਰਜਾਂ ਨੂੰ ਪਹਿਲ ਦੇ ਆਧਾਰ ਤੇ ਕਰਵਾਏ ਜਾ ਰਹੇ ਹਨ ਉਹ ਆਮ ਲੋਕਾਂ ਦੀ ਸੇਵਾ ਵਿੱਚ ਦਿਨ ਰਾਤ ਹਾਜ਼ਰ ਰਹਿਣਗੇ। ਭਗਵੰਤ ਸਿੰਘ ਮਾਨ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਨੂੰ ਜੋ ਵੱਡੀ ਜ਼ਿੰਮੇਵਾਰੀ ਦਿੱਤੀ ਗਈ ਹੈ ਉਹ ਉਸ ਨੂੰ ਪੂਰੀ ਤਨਦੇਹੀ ਤੇ ਇਮਾਨਦਾਰੀ ਨਾਲ ਨਿਭਾਉਣਗੇ। ਕੰਵਰ ਇਕਬਾਲ ਸਿੰਘ ਨੇ ਕਿਹਾ ਕਿ ਸ੍ਰ ਭਗਵੰਤ ਸਿੰਘ ਮਾਨ ਵੱਲੋਂ ਬੀਬੀਆਂ ਦੇ ਖਾਤਿਆਂ ਵਿੱਚ ਇੱਕ ਇੱਕ ਹਜ਼ਾਰ ਰੁਪਏ ਦੀ ਪ੍ਰਕਿਰਿਆ 13 ਅਪ੍ਰੈਲ ਤੋਂ ਸ਼ੁਰੂ ਕੀਤੀ ਜਾ ਰਹੀ ਹੈ ਬੀਬੀਆਂ ਨੂੰ ਇਸ ਦਾ ਪੂਰਾ ਲਾਭ ਮਿਲੇਗਾ ਜਿਸ ਕਰਕੇ



ਬੀਬੀਆਂ ਵਿੱਚ ਭਾਰੀ ਉਤਸ਼ਾਹ ਪਾਇਆ ਜਾ ਰਿਹਾ ਹੈ। ਮੁਲਾਜ਼ਮ ਆਗੂ ਸੰਜੀਵ ਕੌਂਡਲ, ਹਰਵਿੰਦਰ ਸਿੰਘ ਸੰਘਾ, ਦਲਵੀਰ ਸਿੰਘ ਰਾਣਾ ਸੁਨੜਵਾਲ, ਬਲਜੀਤ ਸਿੰਘ ਬੱਲੀ, ਦਲੀਪ ਸਿੰਘ, ਰਾਕੇਸ਼ ਗਿੱਲ, ਭੁਪਿੰਦਰ ਸਿੰਘ ਫਿਲਪੀਨਜ਼ ਪ੍ਰਵਾਸੀ ਭਾਰਤੀ, ਸੰਦੀਪ, ਆਸ਼ੂ, ਤੇਜਵੀਰ ਸਿੰਘ, ਅਨਿਲ ਤੋਂ ਇਲਾਵਾ ਹੋਰ ਆਗੂ ਇਸ ਮੌਕੇ ਤੇ ਹਾਜ਼ਰ ਸਨ।

## ਵਿਸ਼ਵ ਗਲੋਕੋਮਾ ਹਫਤਾ ਮਨਾਇਆ

**ਮਾਹਿਲਪੁਰ (ਸਫਰੀ)**- ਸਿਵਲ ਸਰਜਾਨ ਹੁਸਿਆਰਪੁਰ ਡਾਕਟਰ ਮਨਦੀਪ ਕਮਲ ਦੇ ਦਿਸ਼ਾ ਨਿਰਦੇਸ਼ਾ ਅਨੁਸਾਰ ਐਸ ਐਮ ਓ ਡਾ ਜਸਵੰਤ ਸਿੰਘ ਥਿੰਦ ਦੀ ਅਗਵਾਈ ਹੇਠ ਅਨਥਾਲਮਿਕ ਅਫਸਰ ਪ੍ਰਮਿੰਦਰ ਸਿੰਘ ਦੀ ਦੇਖਰੇਖ ਹੇਠ ਵਿਸਵ ਗਲਕੋਮਾ ਹਫਤਾ ਮਨਾਇਆ ਗਿਆ ਜਿਸ ਵਿਚ ਇਲਾਕੇ ਦੇ ਲੋਕਾ ਨੇ ਵੱਡੀ ਗਿਣਤੀ 'ਚ ਸ਼ਾਮਲ ਹੋਏ। ਇੱਕਠ ਨੂੰ ਸੰਬੋਧਨ ਕਰਦਿਆਂ ਅਪਥਾਲਮਿਕ ਅਫਸਰ ਪ੍ਰਮਿੰਦਰ ਸਿੰਘ ਗਲੋਕੋਮਾ ਦੇ ਲੱਛਣਾ ਸਬੰਧੀ ਜਾਣਕਾਰੀ ਦਿੰਦੇ ਹੋਏ ਦੱਸਿਆ ਅਸਾਧਰਣ ਸਿਰ ਦਰਦ ਜਾ ਅੱਖਾ ਵਿਚ ਦਰਦ,ਪੜਨ ਵਾਲੇ ਚਸਮਿਆ ਦਾ ਵਾਰ ਵਾਰ ਬਦਲਨਾ,ਪ੍ਰਕਾਸ਼ ਦੇਆਲੇ ਦੁਆਲੇ ਰੰਗਦਾਰ ਚੱਕਰ,ਅੱਖਾ ਵਿਚ ਦਰਦ ਲਾਲੀ ਦੇ ਨਾਲ ਦ੍ਰਿਸ਼ਟੀ ਦੀ ਅਤੇ ਅਚਾਨਕ



ਹਾਨੀ ਅਤੇ ਦ੍ਰਿਸ਼ਟੀ ਦੇ ਖੇਤਰ ਦਾ ਸੀਮਤ ਹੋਣਾ ਆਦਿ ਲੱਛਣ ਹਨ। ਇਸ ਮੌਕੇ ਉਨਾਂ ਕਿਹਾ ਕਿ ਜੇਕਰ ਮਰੀਜ਼ ਡਾਈਬਿਟਜ, ਸ਼ੂਗਰ, ਹਾਈਪਰਟੇਸਨ( ਹਾਈ ਬਲੱਡ ਪ੍ਰੈਸਰ) ਤਾਂ ਤੁਰੰਤ ਨੇੜੇਦੇ ਹਸਪਤਾਲ ਚੈਕਅਪ ਕਰਵਾਉਣਾ ਚਾਹੀਦਾ ਹੈ,ਉਨ੍ਹਾਂ ਕਿਹਾ ਹਿ ਗਲੋਕੋਮਾ ਦਾ ਇਲਾਜ ਸਫਲ ਤਰੀਕੇ ਨਾਲ ਹੋ ਸਕਦਾ ਹੈ ਜੇਕਰ ਇਸਦਾ ਪਤਾ ਸਮੇ ਸਿਰ ਲੱਗ ਜਾਵੇ।ਇਸ ਮੌਕੇ ਡਾ ਬਲਜਿੰਦਰ ਕੁਮਾਰ,ਡਾ ਮਨਜੀਤ ਕੌਰ, ਡਾ ਮਨਦੀਪ ਕੌਰ,ਸਰਵਣ ਸਿੰਘ, ਰਾਜਵਿੰਦਰ ਬੰਗਾ,ਹਰਮਨਜੀਤ ਕੌਰ ਸਮੇ ਵੱਡੀ ਗਿਣਤੀ ਵਿਚ ਇਲਾਕੇ ਦੇ ਲੋਕ ਹਾਜ਼ਰ ਸਨ।

## ਪੰਜਾਬ ਰਾਜ ਪੈਨਸ਼ਨਰਜ਼ ਮਹਾਂ ਸੰਘ ਦੀ ਮੀਟਿੰਗ

**ਮੋਰਿੰਡਾ (ਨਿਹਾਲ ਸਿੰਘ ਕਲਸੀ)**- ਪੰਜਾਬ ਰਾਜ ਪੈਨਸਨਰਜ ਮਹਾਂ ਸੰਘ ਮੋਰਿੰਡਾ ਦੀ ਮੀਟਿੰਗ ਸਥਾਨਕ ਹਿੰਦੂ ਧਰਮਸ਼ਾਲਾ ਵਿਖੇ ਰਾਜ ਕੁਮਾਰ ਮੈਂਗੀ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਵਿੱਚ ਪੈਨਸ਼ਨਰਜ਼ ਦੀਆਂ ਮੰਗਾ ਸਬੰਧੀ ਯੂਨੀਅਨ ਆਗੂ ਭੁਪਿੰਦਰ ਸਿੰਘ ਪਟਵਾਰੀ, ਨਛਤਰ ਸਿੰਘ, ਹਾਕਮ ਸਿੰਘ ਮੜੌਲੀ ਅਤੇ ਰਾਜ ਕੁਮਾਰ ਮੈਂਗੀ ਵਲੋ ਆਪਣੇ ਵਿਚਾਰ ਪ੍ਰਗਟ ਕੀਤੇ ਗਏ। ਜਿੰਨਾ ਵੱਲੋ ਪੰਜਾਬ ਸਰਕਾਰ ਦੀ ਪੈਨਸ਼ਨਰਾਂ ਅਤੇ ਮੁਲਾਜ਼ਮਾ ਪ੍ਰਤੀ ਕਾਰਜ-ਗੁਜਾਰੀ ਦੀ ਨਿਖੇਧੀ ਕੀਤੀ ਗਈ। ਕਿਉਂਕਿ ਵਿਤੀ ਸਾਲ 2026-27 ਲਈ ਜੋ



ਬਜਟ ਪੇਸ਼ ਕੀਤਾ ਗਿਆ ਹੈ ਇਸ ਵਿਚ ਵੀ ਪੈਨਸਨਰਾ ਅਤੇ ਮੁਲਾਜਮਾਂ ਦੇ ਡੀ ਏ/ਹੋਰ ਮੰਗਾ ਬਾਰੇ ਕੋਈ ਐਲਾਨ ਨਹੀਂ ਕੀਤਾ ਗਿਆਂ। ਜਦੋਂ ਕਿ ਪੈਨਸ਼ਨਰਾਂ ਅਤੇ ਮੁਲਾਜਮਾਂ ਆਦਿ ਦੇ ਬਕਾਏ ਅਤੇ ਹੋਰ ਵਿੱਤੀ ਮੰਗਾ ਦੀਆ ਲਾਇਬਿਲਟੀਆਂ ਅਤੇ ਦੇਣਦਾਰੀਆ ਅਜੇ ਵੀ ਪੈਡਿੰਗ ਪਈਆ ਹਨ। ਪੈਨਸ਼ਨਰਾ ਨੂੰ ਕੇਂਦਰ ਸਰਕਾਰ ਦੇ ਪੈਟਰਨ ਤੇ ਡੀ.ਏ ਦੀਆ ਕਿਸਤਾ ਜੋ 16% ਬਾਕੀ ਰਹਿੰਦੀਆ ਹਨ, ਤੁਰੰਤ ਦਿੱਤੀਆ ਜਾਣ। ਮਿਤੀ 01-01-2016 ਤੋ ਪਹਿਲਾ ਸੇਵਾ ਨਵਿਰਤ ਹੋਏ ਪੈਨਸ਼ਨਰਾਂ ਲਈ 2.59 ਦਾ ਫੈਕਟਰ ਲਾਗੂ ਕੀਤਾ ਜਾਵੇ ਅਤੇ ਬਾਕੀ ਰਹਿੰਦੇ ਬਕਾਏ ਅਤੇ ਡੀ.ਏ ਦੀਆ ਕਿਸਤਾ ਦੇ ਬਕਾਏ ਬਿਨ੍ਹਾਂ ਕਿਸੇ ਦੇਰੀ ਤੋ ਤਰੁੰਤ ਦਿੱਤੇ ਜਾਣ। ਮੀਟਿੰਗ ਵਿੱਚ ਜਗਦੀਸ਼ ਕੁਮਾਰ ਵਰਮਾ, ਮਾਸਟਰ ਹਾਕਮ ਸਿੰਘ ਕਾਝਲਾ, ਜਰਨੈਲ ਸਿੰਘ ਕੈਸ਼ੀਆਰ, ਗੁਰਨਾਮ ਸਿੰਘ ਬਿਜਲੀ, ਅਮਰਜੀਤ ਸਿੰਘ, ਧਰਮ ਸਿੰਘ, ਗੁਰਦੇਵ ਸਿੰਘ ਹੈੱਡ-ਮਾਸਟਰ, ਭੁਪਿੰਦਰ ਸਿੰਘ, ਸਾਧੂ ਸਿੰਘ, ਬਰਜਿੰਦਰ ਸਿੰਘ ਭਾਗ ਸਿੰਘ, ਕੁਲਵੀਰ ਸਿੰਘ, ਕੇਸਰ ਸਿੰਘ, ਮੇਵਾ ਸਿੰਘ, ਸੇਵਾ ਸਿੰਘ ਆਦਿ ਹਾਜਰ ਸਨ।

## ਦੋਆਬਾ ਪਬਲਿਕ ਸਕੂਲ ਨੇ ਮਨਾਇਆ ਅਕਾਦਮਿਕ ਪੁਰਸਕਾਰ ਸਮਾਰੋਹ

**ਮਾਹਿਲਪੁਰ (ਸਫਰੀ)**- ਇਲਾਕੇ ਦੀ ਪ੍ਰਸਿੱਧ ਵਿਦਿਅਕ ਸੰਸਥਾ ਦੋਆਬਾ ਪਬਲਿਕ ਸਕੂਲ ਦੋਹਲਰੋ (ਮਾਹਿਲਪੁਰ) ਵਿੱਚ ਮੈਨੇਜ਼ਿੰਗ ਡਾਇਰੈਕਟਰ ਹਰਜਿੰਦਰ ਸਿੰਘ ਗਿੱਲ ਦੇ ਦਿਸ਼ਾ-ਨਿਰਦੇਸ਼ਾਂ ਹੇਠ ਬੜੇ ਹੀ ਚਾਅ, ਉਤਸ਼ਾਹ ਅਤੇ ਗੌਰਵਮਈ ਮਾਹੌਲ ਵਿੱਚ ਇਨਾਮ ਵੰਡ ਸਮਾਰੋਹ ਦਾ ਆਯੋਜਨ ਕੀਤਾ ਗਿਆ। ਇਸ ਸਮਾਗਮ ਵਿੱਚ ਖ਼ਾਲਸਾ ਕਾਲਜ ਮਾਹਿਲਪੁਰ ਦੇ ਪ੍ਰਿੰਸੀਪਲ ਡਾ. ਪਰਵਿੰਦਰ ਸਿੰਘ ਮੁੱਖ ਮਹਿਮਾਨ ਵਜੋਂ



ਸ਼ਾਮਿਲ ਹੋਏ ਅਤੇ ਸਮਾਰੋਹ ਦੀ ਪ੍ਰਧਾਨਗੀ ਕੀਤੀ, ਜਦਕਿ ਸਕੂਲ ਦੇ ਚੇਅਰਪਰਸਨ ਹਰਪ੍ਰੀਤ ਕੌਰ ਤੇ ਜਗਦੀਪ ਸਿੰਘ ਗਿੱਲ ਵਲੋਂ ਮੁੱਖ ਮਹਿਮਾਨ ਦਾ ਨਿੱਘਾ ਸਵਾਗਤ ਕੀਤਾ ਗਿਆ । ਪ੍ਰੋਗਰਾਮ ਦੀ ਸ਼ੁਰੂਆਤ ਮੁੱਖ ਮਹਿਮਾਨ ਵਲੋਂ ਸ਼ਮਾਂ ਰੌਸ਼ਨ ਕਰਕੇ ਕੀਤੀ ਗਈ। ਇਸ ਮੌਕੇ ਸਕੂਲ ਦੇ ਸੰਸਥਾਪਕ ਸਰਦਾਰ ਬਲਵੰਤ ਸਿੰਘ ਅਤੇ ਬਲਵਿੰਦਰ ਕੌਰ ਨੂੰ ਯਾਦ ਕੀਤਾ ਗਿਆ । ਸਕੂਲ ਦੇ ਪ੍ਰਿੰਸੀਪਲ ਅਰੁਣ ਗੁਪਤਾ ਨੇ ਆਏ ਹੋਏ ਮਹਿਮਾਨਾਂ ਅਤੇ ਮਾਪਿਆਂ ਦਾ ਦਿਲੋਂ ਸਵਾਗਤ ਕੀਤਾ ਤੇ ਆਪਣੇ ਸੰਬੋਧਨ ਦੌਰਾਨ ਸਕੂਲ ਮੈਨੇਜਮੈਂਟ ਦਾ ਧੰਨਵਾਦ ਕੀਤਾ ਕਿ ਉਹ ਵਿਦਿਆਰਥੀਆਂ ਨੂੰ ਆਪਣੀ ਕਾਬਲੀਅਤ ਦਿਖਾਉਣ ਅਤੇ ਉਤਸ਼ਾਹਿਤ ਕਰਨ ਲਈ ਅਜਿਹੇ ਮੌਕੇ ਪ੍ਰਦਾਨ ਕਰਦੇ ਹਨ। ਇਸ ਦੌਰਾਨ ਵਿਦਿਆਰਥੀਆਂ ਵਲੋਂ ਸਰਸਵਤੀ ਵੰਦਨਾ ਅਤੇ ਸਮੂਹ ਗਾਨ ਰਾਹੀਂ ਆਪਣੇ ਪਿਆਰੇ ਸਕੂਲ ਦੀ ਸਿਫ਼ਤ-ਸਲਾਹ ਕੀਤੀ ਗਈ, ਜਿਸ ਨੇ ਸਮਾਗਮ ਵਿੱਚ ਖੁਸ਼ੀ ਅਤੇ ਜੋਸ਼ ਦਾ ਮਾਹੌਲ ਪੈਦਾ ਕਰ ਦਿੱਤਾ। ਵਿੱਦਿਅਕ ਸੈਸ਼ਨ 2024-25 ਵਿੱਚ ਪਹਿਲਾ, ਦੂਜਾ ਅਤੇ ਤੀਜਾ ਸਥਾਨ ਹਾਸਲ ਕਰਨ ਵਾਲੇ ਹੋਣਹਾਰ ਵਿਦਿਆਰਥੀਆਂ ਨੂੰ ਟਰਾਫੀਆਂ ਤੇ ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ ਗਿਆ। ਵਿਦਿਆਰਥੀਆਂ ਵਲੋਂ ਪਹਿਨੇ ਗਏ ਕਨਵੋਕੇਸ਼ਨ ਲਿਬਾਸ ਨੇ ਸਮਾਰੋਹ ਦੀ ਸ਼ਾਨ ਨੂੰ ਹੋਰ ਵੀ ਚਾਰ ਚੰਨ ਲਾ ਦਿੱਤੇ। ਸਮਾਰੋਹ ਦੌਰਾਨ ਹਾਲ ਵਿੱਚ ਗੂੰਜ ਰਹੀਆਂ ਤਾੜੀਆਂ ਦੀਆਂ ਗੂੰਜਾਂ ਮਾਪਿਆਂ ਤੇ ਵਿਦਿਆਰਥੀਆਂ ਦੀ ਖੁਸ਼ੀ ਨੂੰ ਸਾਫ਼ ਦਰਸਾਉਂਦੀਆਂ ਸਨ। ਮੁੱਖ ਮਹਿਮਾਨ ਪਰਵਿੰਦਰ ਸਿੰਘ ਨੇ ਵਿਦਿਆਰਥੀਆਂ ਅਤੇ ਮਾਪਿਆਂ ਨੂੰ ਦਿਲੋਂ ਵਧਾਈ ਦਿੱਤੀ। ਉਨ੍ਹਾਂ ਨੇ ਅਧਿਆਪਕਾਂ ਦੀ ਮਿਹਨਤ ਅਤੇ ਸਮਰਪਣ ਦੀ ਭਰਪੂਰ ਪ੍ਰਸ਼ੰਸਾ ਕੀਤੀ ਤੇ ਉਨ੍ਹਾਂ ਨੂੰ ਹੋਰ ਲਗਨ ਨਾਲ ਕੰਮ ਕਰਨ ਲਈ ਪ੍ਰੇਰਿਤ ਕੀਤਾ।

## ਵੱਖ-ਵੱਖ ਸਿਆਸੀ ਤੇ ਸਮਾਜਿਕ ਆਗੂਆਂ ਵੱਲੋਂ ਵਜ਼ੀਰ ਚੰਦ ਨੂੰ ਸ਼ਰਧਾਂਜਲੀਆਂ

**ਮੋਰਿੰਡਾ (ਨਿਹਾਲ ਸਿੰਘ ਕਲਸੀ)** ਸੀਨੀਅਰ ਕਾਂਗਰਸੀ ਆਗੂ ਸਵ ਪੰਡਿਤ ਵਜ਼ੀਰ ਚੰਦ ਡਾਇਰੈਕਟਰ ਸ਼ੂਗਰ ਮਿੱਲ ਮੋਰਿੰਡਾ ਦੀ ਅੰਤਿਮ ਅਰਦਾਸ ਮੌਕੇ ਵੱਖ ਵੱਖ ਸਿਆਸੀ, ਸਮਾਜਿਕ ਅਤੇ ਧਾਰਮਿਕ ਆਗੂਆਂ ਵਲੋਂ ਸ਼ਰਧਾਂਜਲੀਆਂ ਭੇਟ ਕੀਤੀਆਂ ਗਈਆਂ। ਸਮੂਹ ਬੁਲਾਰਿਆਂ ਨੇ ਵਜ਼ੀਰ ਚੰਦ ਦੀ ਅਚਾਨਕ ਹੋਈ ਮੌਤ 'ਤੇ ਗਹਿਰਾ ਦੁਖ ਪ੍ਰਗਟ ਕਰਦਿਆਂ ਆਖਿਆ ਕਿ ਵਜ਼ੀਰ ਚੰਦ ਨੇ ਅਪਣੇ ਜੀਵਨ ਕਾਲ ਦੌਰਾਨ ਵੱਖ ਵੱਖ ਸਮਾਜਿਕ ਤੇ ਰਾਜਸੀ ਜਥੇਬੰਦੀਆਂ ਦੇ ਮੁੱਖ ਅਹੁਦਿਆਂ ਤੇ ਕੰਮ ਕਰਕੇ ਸਮਾਜ ਦੀ ਸੇਵਾ ਕੀਤੀ ਜਿਸ ਨੂੰ ਭੁਲਾਇਆ ਨਹੀਂ ਜਾ ਸਕਦਾ। ਉਹਨਾਂ ਆਖਿਆ ਕਿ ਇਹਨਾਂ ਦੀ ਮੌਤ ਨਾਲ ਜਿਥੇ ਪਰਵਾਰ ਨੂੰ ਘਾਟਾ ਪਿਆ ਹੈ ਉਥੇ ਸਮਾਜ ਨੂੰ ਨਾ ਪੂਰਾ ਹੋਣ ਵਾਲਾ ਘਾਟਾ ਪਿਆ ਹੈ। ਸਮੂਹ ਬੁਲਾਰਿਆਂ ਨੇ ਉਹਨਾਂ ਦੇ ਸਪੁੱਤਰ ਰਾਹੁਲ ਸ਼ਰਮਾ ਨੂੰ ਹਰ ਪ੍ਰਕਾਰ ਦਾ ਸਹਿਯੋਗ ਦੇਣ ਦਾ ਭਰੋਸਾ ਦਿਵਾਇਆ। ਇਸ ਮੌਕੇ ਹੋਰਨਾਂ ਤੋਂ ਇਲਾਵਾ, ਬੰਤ ਸਿੰਘ ਕਲਾਰਾਂ ਸਾਬਕਾ ਚੇਅਰਮੈਨ ਪਨਗ੍ਰੇਨ, ਵਿਜੇ ਸ਼ਰਮਾ ਸਾਬਕਾ ਚੇਅਰਮੈਨ ਜ਼ਿਲ੍ਹਾ ਯੋਜਨਾ ਬੋਰਡ ਮੋਹਾਲੀ, ਹਰਮਿੰਦਰ ਸਿੰਘ ਲੱਕੀ ਮੀਤ ਪ੍ਰਧਾਨ ਜ਼ਿਲ੍ਹਾ ਕਾਂਗਰਸ ਕਮੇਟੀ ਰੂਪਨਗਰ, ਕਰਨੈਲ ਸਿੰਘ ਜੀਤ ਵਾਇਸ ਚੇਅਰਮੈਨ ਪੀ ਏ ਡੀ ਬੀ, ਦਰਸ਼ਨ ਸਿੰਘ ਸੰਧੂ ਪ੍ਰਧਾਨ ਬਲਾਕ ਕਾਂਗਰਸ ਕਮੇਟੀ ਮੋਰਿੰਡਾ, ਨਗਰ ਕੌਂਸਲ ਮੋਰਿੰਡਾ ਦੇ ਸਾਬਕਾ ਪ੍ਰਧਾਨ ਹਰੀਪਾਲ ਅਤੇ ਰਕੇਸ਼ ਕੁਮਾਰ ਬੱਗਾ, ਕੌਂਸਲਰ ਰਾਜੇਸ਼ ਕੁਮਾਰ ਸਸੋਦੀਆ, ਹਰਜੀਤ ਸਿੰਘ ਸੋਢੀ, ਸੰਦੀਪ ਕੁਮਾਰ



ਸੋਨੂੰ, ਸਾਬਕਾ ਕੌਂਸਲਰ ਮਹਿੰਦਰ ਸਿੰਘ ਢਿੱਲੋਂ, ਸੰਗਤ ਸਿੰਘ ਭਾਮੀਆਂ, ਭਾਰਤੀ ਜਨਤਾ ਪਾਰਟੀ ਦੇ ਸੀਨੀਅਰ ਆਗੂ ਜਤਿੰਦਰ ਗੁੰਬਰ, ਹਰਸ਼ ਕੋਹਲੀ, ਰਾਜੇਸ਼ ਭਾਟੀਆ, ਸੰਜੀਵ ਸੂਦ, ਪ੍ਰਿ ਛੱਜਾ ਸਿੰਘ ਚੱਕਲਾਂ, ਅਕਾਲੀ ਆਗੂ ਜਸਵਿੰਦਰ ਸਿੰਘ ਛੋਟੂ, ਬਲਜਿੰਦਰ ਸਿੰਘ, ਸੀਤਾ ਰਾਮ, ਧਰਮਪਾਲ ਥੰਮਣ ਆਦਿ ਪਤਵੰਤੇ ਸੱਜਣ ਹਾਜ਼ਰ ਸਨ।

## ਪੰਚਕੂਲਾ ਸਿਵਲ ਹਸਪਤਾਲ ਦਾ ਸਿਹਤ ਮੰਤਰੀ ਨੇ ਕੀਤਾ ਅਚਾਨਕ ਨਿਰੀਖਣ

**ਚੰਡੀਗੜ੍ਹ, (ਕ੍ਰਿਸ਼ਨ ਗਰਗ)**- ਹਰਿਆਣਾ ਦੀ ਸਿਹਤ ਮੰਤਰੀ ਆਰਤੀ ਸਿੰਘ ਰਾਓ ਨੇ ਸੈਕਟਰ-6 ਸਥਿਤ ਸਿਵਲ ਹਸਪਤਾਲ ਪੰਚਕੂਲਾ ਦਾ ਅਚਾਨਕ ਨਿਰੀਖਣ ਕੀਤਾ ਅਤੇ ਵੱਖ-ਵੱਖ ਵਾਰਡਾਂ ਦਾ ਦੌਰਾ ਕਰ ਉੱਥੇ ਇਲਾਜ ਲਈ ਆਈ ਮਰੀਜ਼ਾਂ ਨਾਲ ਗਲਬਾਤ ਕਰ ਸਿਹਤ ਸੇਵਾਵਾਂ ਦਾ ਫੀਡਬੈਕ ਲਿਆ। ਇਸ ਦੌਰਾਨ ਉਨ੍ਹਾਂ ਨੇ ਡਾਇਰੈਕਟਰ ਜਨਰਲ ਸਿਹਤ ਵਿਭਾਗ ਅਤੇ ਸਿਵਲ ਸਰਜਨ ਨੂੰ ਜ਼ਰੂਰੀ ਦਿਸ਼ਾ-ਨਿਰਦੇਸ਼ ਦਿੱਤੇ। ਨਿਰੀਖਣ ਦੌਰਾਨ ਸਿਹਤ ਮੰਤਰੀ ਨੇ ਹਸਪਤਾਲ ਦੀ ਐਮਰਜੈਂਸੀ, ਲੇਬਰ ਰੂਮ, ਐੱਨ ਆਈ ਸੀ ਯੂ ਵਾਰਡ, ਓ ਪੀ ਡੀ, ਆਈ ਸੀ ਯੂ, ਈ ਐੱਨ ਟੀ, ਆਰਥੋਪੈਡਿਕ ਵਿਭਾਗ ਸਮੇਤ ਵੱਖ-ਵੱਖ ਵਾਰਡਾਂ ਦਾ ਨਿਰੀਖਣ ਕੀਤਾ। ਉਨ੍ਹਾਂ ਨੇ ਹਸਪਤਾਲ ਵਿੱਚ ਮੌਜੂਦ ਮਰੀਜ਼ਾਂ ਅਤੇ ਉਨ੍ਹਾਂ ਦੇ ਪਰਿਜਨਾਂ ਨਾਲ ਗਲਬਾਤ ਕਰ ਇਲਾਜ, ਦਵਾਈਆਂ ਅਤੇ ਹੋਰ ਸਹੂਲਤਾਂ ਦੇ ਬਾਰੇ ਵਿੱਚ ਜਾਣਕਾਰੀ ਲਈ। ਜ਼ਿਆਦਾਤਰ ਮਰੀਜ਼ਾਂ ਨੇ ਡਾਕਟਰਾਂ ਅਤੇ ਨਰਸਿੰਗ ਸਟਾਫ ਦੇ ਵਿਵਹਾਰ ਅਤੇ ਸੇਵਾਵਾਂ ਨੂੰ ਲੈ ਕੇ ਸੰਤੋਸ਼ ਵਿਅਕਤ ਕੀਤਾ। ਉਨ੍ਹਾਂ ਨੇ ਪਾਇਆ ਕਿ ਹਸਪਤਾਲ ਵਿੱਚ ਕਰੀਬ 16 ਤੋਂ 17 ਸਫਾਈ ਕਰਮਚਾਰੀ ਤੈਨਾਤ ਹੋਣ ਦੇ ਬਾਵਜੂਦ ਉਨ੍ਹਾਂ ਦੇ ਕਾਰਜਸਥਾਨ ਅਤੇ ਡਿਊਟੀ ਦਾ ਸਪਸ਼ਟ ਰਿਕਾਰਡ ਉਪਲਬਧ ਨਹੀਂ ਸੀ। ਇਸ 'ਤੇ ਉਨ੍ਹਾਂ ਨੇ ਅਧਿਕਾਰੀਆਂ ਨੂੰ ਤੁਰੰਤ ਵਿਵਸਥਾ ਸੁਧਾਰਣ ਦੇ ਨਿਰਦੇਸ਼ ਦਿੱਤੇ ਅਤੇ ਕਿਹਾ ਕਿ ਭਵਿੱਖ ਵਿੱਚ ਸਫਾਈ ਵਿਵਸਥਾ ਨੂੰ ਬਿਹਤਰ ਬਨਾਉਣ ਲਈ ਇਸ ਨੂੰ ਪੀ ਪੀ ਪੀ ਮੋਡ 'ਤੇ ਦੇਣ ਤੇ ਵੀ ਵਿਚਾਰ ਕੀਤਾ ਜਾ ਰਿਹਾ ਹੈ।

## ਐੱਲ ਪੀ ਜੀ ਸਿਲੰਡਰ, ਡੀਜ਼ਲ ਤੇ ਪੈਟਰੋਲ ਦਾ ਲੋੜੀਂਦਾ ਸਟਾਕ ਮੌਜੂਦ : ਡਿਪਟੀ ਕਮਿਸ਼ਨਰ

**ਜਲੰਧਰ, (ਸੁਰਿੰਦਰ ਕੁਮਾਰ)**-ਜਲੰਧਰ ਦੇ ਵਾਸੀਆਂ ਨੂੰ ਭਰੋਸਾ ਦਿੱਤਾ ਕਿ ਐੱਲ ਪੀ ਜੀ ਸਿਲੰਡਰਾਂ/ਡੀਜ਼ਲ/ਪੈਟਰੋਲ ਦੀ ਉਪਲਬਧਤਾ ਨੂੰ ਲੈ ਕੇ ਘਬਰਾਉਣ ਦੀ ਕੋਈ ਲੋੜ ਨਹੀਂ ਹੈ ਕਿਉਂਕਿ ਜ਼ਿਲ੍ਹੇ ਕੋਲ ਜਨਤਕ ਮੰਗ ਨੂੰ ਪੂਰਾ ਕਰਨ ਲਈ ਲੋੜੀਂਦਾ ਸਟਾਕ ਮੌਜੂਦ ਹੈ। ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਜ਼ਿਲ੍ਹਾ ਡਾ. ਅਗਰਵਾਲ ਨੇ ਵਸਨੀਕਾਂ ਨੂੰ ਘਬਰਾਹਟ ਵਿੱਚ ਖ਼ਰੀਦਦਾਰੀ ਕਰਨ ਤੋਂ ਬਚਣ ਦੀ ਅਪੀਲ ਕਰਦਿਆਂ ਕਿਹਾ ਕਿ ਸਪਲਾਈ ਚੇਨ ਸੁਚਾਰੂ ਢੰਗ ਨਾਲ ਕੰਮ ਕਰ ਰਹੀ ਹੈ ਅਤੇ ਜ਼ਿਲ੍ਹੇ ਵਿੱਚ ਲੋੜੀਂਦਾ ਸਟਾਕ ਮੌਜੂਦਾ ਹੈ। ਉਨ੍ਹਾਂ ਕਿਹਾ ਕਿ ਪ੍ਰਸ਼ਾਸਨ ਵੱਲੋਂ ਜ਼ਿਲ੍ਹੇ ਵਿੱਚ ਐੱਲ ਪੀ ਜੀ, ਡੀਜ਼ਲ ਤੇ ਪੈਟਰੋਲ ਦੇ ਸਟਾਕ 'ਤੇ ਨਿਗਰਾਨੀ ਰੱਖੀ ਜਾ ਰਹੀ ਹੈ ਤਾਂ ਜੋ ਜ਼ਰੂਰੀ ਵਸਤਾਂ ਦੀ ਨਿਰਵਿਘਨ ਸਪਲਾਈ ਨੂੰ ਯਕੀਨੀ ਬਣਾਇਆ ਜਾ ਸਕੇ।ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਇਸ ਸਬੰਧੀ ਇੰਡੀਅਨ ਆਇਲ ਕਾਰਪੋਰੇਸ਼ਨ ਲਿਮਟਿਡ, ਭਾਰਤ ਪੈਟਰੋਲੀਅਮ ਅਤੇ ਹਿੰਦੁਸਤਾਨ ਪੈਟਰੋਲੀਅਮ ਲਿਮਟਿਡ ਦੇ ਅਧਿਕਾਰੀਆਂ ਅਤੇ ਗੈਸ ਏਜੰਸੀ ਤੇ ਪੈਟਰੋਲ ਪੰਪ ਐਸੋਸੀਏਸ਼ਨਾਂ ਦੇ ਪ੍ਰਤੀਨਿਧੀਆਂ ਨਾਲ ਮੀਟਿੰਗ ਕਰਕੇ ਮੌਜੂਦਾ ਸਟਾਕ ਦਾ ਜਾਇਜ਼ਾ ਵੀ ਲਿਆ।

# ਪੈਟਰੋਲ, ਡੀਜ਼ਲ ਤੇ ਘਰੇਲੂ ਗੈਸ ਦੀ ਘਬਰਾਹਟ 'ਚ ਖਰੀਦਦਾਰੀ ਤੋਂ ਬਚੋ : ਡਿਪਟੀ ਕਮਿਸ਼ਨਰ



**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)** ਮੌਜੂਦਾ ਹਾਲਾਤਾਂ ਦੇ ਮੱਦੇਨਜ਼ਰ ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਬੁੱਧਵਾਰ ਨੂੰ ਕਿਹਾ ਕਿ ਜ਼ਿਲ੍ਹੇ ਵਿੱਚ ਪੈਟਰੋਲ, ਡੀਜ਼ਲ ਅਤੇ ਘਰੇਲੂ ਐੱਲ ਪੀ ਜੀ ਗੈਸ ਦੀ ਲੋੜੀਂਦੀ ਉਪਲਬਧਤਾ ਹੈ ਤੇ ਕਿਸੇ ਵੀ ਤਰ੍ਹਾਂ ਦੀ ਕੋਈ ਕਮੀ ਨਹੀਂ ਹੈ। ਖੁਰਾਕ ਅਤੇ ਸਪਲਾਈ ਕੰਟਰੋਲਰ, ਪੈਟਰੋਲ ਪੰਪ ਐਸੋਸੀਏਸ਼ਨ, ਗੈਸ ਏਜੰਸੀਆਂ ਦੇ ਨੁਮਾਇੰਦੇ, ਤੇਲ ਮਾਰਕੀਟਿੰਗ ਕੰਪਨੀਆਂ ਦੇ ਸਬੰਧਤ ਵਿਕਰੀ ਅਧਿਕਾਰੀ ਅਤੇ ਆਈਓਸੀਐਲ ਦੇ ਜ਼ਿਲ੍ਹਾ ਪੱਧਰੀ ਕੋਆਰਡੀਨੇਟਰ ਨਾਲ ਜ਼ਿਲ੍ਹਾ ਪ੍ਰਸ਼ਾਸਕੀ ਕੰਪਲੈਕਸ ਵਿਖੇ ਮੀਟਿੰਗ ਕਰਦਿਆਂ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਮੌਜੂਦਾ ਬਣੀ ਸਥਿਤੀ ਦੇ ਮੱਦੇਨਜ਼ਰ ਜਿਲੇ ਵਿੱਚ ਤੇਲ ਜਾਂ ਗੈਸ ਸਪਲਾਈ ਦੀ ਕੋਈ ਕਿੱਲਤ ਨਹੀਂ ਹੈ ਅਤੇ ਲੋਕਾਂ ਨੂੰ ਕਿਸੇ ਵੀ ਪੱਖੋਂ ਘਬਰਾਉਣ ਦੀ ਲੋੜ ਨਹੀਂ ਹੈ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਜ਼ਿਲ੍ਹੇ ਵਿੱਚ ਪੈਟਰੋਲ, ਡੀਜ਼ਲ ਅਤੇ ਘਰੇਲੂ ਐੱਲ ਪੀ ਜੀ ਗੈਸ ਦੀ ਢੁੱਕਵੀਂ ਉਪਲਬਧਤਾ ਹੈ। ਉਨ੍ਹਾਂ ਸਪੱਸ਼ਟ ਕੀਤਾ ਕਿ ਤੇਲ ਕੰਪਨੀਆਂ ਵੱਲੋਂ ਲਗਾਤਾਰ ਸਪਲਾਈ ਜਾਰੀ ਹੈ ਜਿਸ ਨਾਲ ਲੋਕਾਂ ਦੀਆਂ ਜ਼ਰੂਰਤਾਂ ਪੂਰੀਆਂ ਹੋ ਰਹੀਆਂ ਹਨ। ਉਨ੍ਹਾਂ ਨੇ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਕਿ ਮੌਜੂਦਾ ਹਾਲਾਤਾਂ ਦੇ ਮੱਦੇਨਜ਼ਰ ਕਿਸੇ ਵੀ ਤਰ੍ਹਾਂ ਦੀਆਂ ਅਫਵਾਹਾਂ ਵੱਲ ਧਿਆਨ ਨਾ ਦਿੱਤਾ ਜਾਵੇ ਅਤੇ ਘਬਰਾਹਟ ਵਿੱਚ ਪੈਟਰੋਲ, ਡੀਜ਼ਲ ਜਾਂ ਗੈਸ ਦੀ ਬੇਲੋੜੀ ਖਰੀਦਦਾਰੀ ਨਾ ਕੀਤੀ ਜਾਵੇ। ਉਨ੍ਹਾਂ ਕਿਹਾ ਕਿ ਪ੍ਰਸ਼ਾਸਨ ਸਥਿਤੀ 'ਤੇ ਨਿਰੰਤਰ ਨਜ਼ਰ ਰੱਖ ਰਿਹਾ ਹੈ ਅਤੇ ਜ਼ਰੂਰੀ ਵਸਤਾਂ ਦੀ ਸਪਲਾਈ ਸੁਚਾਰੂ ਢੰਗ ਨਾਲ ਜਾਰੀ ਹੈ। ਉਨ੍ਹਾਂ ਇਹ ਵੀ ਚੇਤਾਵਨੀ ਦਿੱਤੀ ਕਿ ਜੇਕਰ ਕੋਈ ਵਿਅਕਤੀ ਪੈਟਰੋਲ, ਡੀਜ਼ਲ ਜਾਂ ਘਰੇਲੂ ਗੈਸ ਦੀ ਜਮ੍ਹਾਖੋਰੀ ਕਰਦਾ ਪਾਇਆ ਗਿਆ ਤਾਂ ਉਸ ਵਿਰੁੱਧ ਨਿਯਮਾਂ ਅਨੁਸਾਰ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।

# 22 ਦੀ ਲੁਧਿਆਣਾ ਰੈਲੀ ਲਈ ਭੱਠਾ ਮਜ਼ਦੂਰਾਂ ਵੱਲੋਂ ਮੀਟਿੰਗ



**ਬੰਗਾ (ਅਵਤਾਰ ਕਲੇਰ)**-ਇੰਡੀਅਨ ਫੈਡਰੇਸ਼ਨ ਆਫ ਟਰੇਡ ਯੂਨੀਅਨਜ਼ (ਇਫਟੂ) ਅਤੇ ਹੋਰ ਜਥੇਬੰਦੀਆਂ ਵੱਲੋਂ ਆਪਣੀਆਂ ਮੰਗਾਂ ਨੂੰ ਲੈਕੇ 22 ਮਾਰਚ ਨੂੰ ਸਬਜੀ ਮੰਡੀ ਲੁਧਿਆਣਾ ਵਿਖੇ ਕੀਤੀ ਜਾ ਰਹੀ ਰੈਲੀ ਅਤੇ ਮੁਜ਼ਾਹਰੇ ਦੀ ਤਿਆਰੀ ਲਈ ਭੱਠਾ ਵਰਕਰ ਯੂਨੀਅਨ (ਇਫਟੂ) ਦੀ ਇਲਾਕੇ ਦੀ ਆਗੂ ਟੀਮ ਦੀ ਪਿੰਡ ਸੋਇਤਾ ਵਿਖੇ ਮੀਟਿੰਗ ਕੀਤੀ ਗਈ।ਮੀਟਿੰਗ ਨੂੰ ਸੰਬੋਧਨ ਕਰਦਿਆਂ ਇਫਟੂ ਦੇ ਸੂਬਾ ਪ੍ਰਧਾਨ ਕੁਲਵਿੰਦਰ ਸਿੰਘ ਵੜੈਚ, ਇਫਟੂ ਦੇ ਸੂਬਾ ਸਕੱਤਰ ਅਵਤਾਰ ਸਿੰਘ ਤਾਰੀ, ਜ਼ਿਲ੍ਹਾ ਪ੍ਰਧਾਨ ਗੁਰਦਿਆਲ ਰੱਕੜ ਨੇ ਕਿਹਾ ਕਿ ਇਹ ਰੈਲੀ ਅਤੇ ਮੁਜ਼ਾਹਰਾ ਚਾਰ ਲੇਬਰ ਕੋਡ ਰੱਦ ਕਰਵਾਉਣ, ਮਗਨਰੇਗਾ ਕਾਨੂੰਨ ਨੂੰ ਬਹਾਲ ਕਰਾਉਣ,ਬਿਜਲੀ ਸੋਧ ਬਿੱਲ 2025 ਵਾਪਸ ਕਰਵਾਉਣ ਮਿੱਡ ਡੇਅ ਮੀਲ, ਆਸ਼ਾ ਵਰਕਰਾਂ ਸਮੇਤ ਕੱਚੇ ਕਾਮਿਆਂ ਨੂੰ ਪੱਕੇ ਕਰਨ,ਹਰ ਮਜ਼ਦੂਰ ਨੂੰ ਪੱਕਾ ਰੁਜ਼ਗਾਰ ਅਤੇ ਘੱਟੋ ਘੱਟ ਉਜਰਤ ਪ੍ਰਤੀ ਮਹੀਨਾ 26000 ਰੁਪਏ ਕਰਨ ਆਦਿ ਦੀ ਮੰਗਾਂ ਨੂੰ ਲੈ ਕੇ ਕੀਤਾ ਜਾ ਰਿਹਾ।

ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਨੇ ਇਹਨਾਂ ਚਾਰ ਲੇਬਰ ਕੋਡਾਂ ਨੂੰ 1 ਅਪ੍ਰੈਲ ਤੋਂ ਲਾਗੂ ਕਰਨ ਦਾ ਐਲਾਨ ਕੀਤਾ ਹੈ ਅਤੇ ਕੇਂਦਰ ਸਰਕਾਰ ਮਜ਼ਦੂਰਾਂ ਤੋਂ ਰੁਜ਼ਗਾਰ ਖੋਹਣ ਲਈ ਮਗਨਰੇਗਾ ਕਾਨੂੰਨ ਖ਼ਤਮ ਕਰਕੇ ਵਿਕਸਤ ਭਾਰਤ ਜੀ ਰਾਮ ਜੀ ਉੱਪਰ ਅਮਲ ਕਰਨ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਲੇਬਰ ਕੋਡ ਲਾਗੂ ਹੋਣ ਨਾਲ ਮਜ਼ਦੂਰਾਂ ਕੋਲ ਆਪਣੇ ਅਧਿਕਾਰਾਂ ਨੂੰ ਸੁਰੱਖਿਅਤ ਕਰਨ ਅਤੇ ਪ੍ਰਾਪਤ ਕਰਨ ਲਈ ਯੂਨੀਅਨ ਬਣਾਉਣ ਅਤੇ ਸੰਘਰਸ਼ ਕਰਨ ਦਾ ਜਮਹੂਰੀ ਅਧਿਕਾਰ ਖ਼ਤਮ ਹੋ ਜਾਵੇਗਾ। ਭੱਠਾ ਮਜ਼ਦੂਰਾਂ ਨੇ ਲੁਧਿਆਣਾ ਰੈਲੀ ਵਿੱਚ ਹੁੰਮ ਹੁਮਾ ਕੇ ਪਹੁੰਚਣ ਦਾ ਭਰੋਸਾ ਦਿੱਤਾ।

# ਟੈੱਟ ਖਿਲਾਫ ਵਿਧਾਨ ਸਭਾ ਵੱਲ ਮਾਰਚ ਲਈ ਗੜ੍ਹਸ਼ੰਕਰ ਤੋਂ ਅਧਿਆਪਕਾਂ ਦਾ ਜੱਥਾ ਰਵਾਨਾ

**ਗੜ੍ਹਸ਼ੰਕਰ, (ਫੂਲਾ ਸਿੰਘ ਬੀਰਮਪੁਰ)** ਸੁਪਰੀਮ ਕੋਰਟ ਵਲੋਂ 1 ਸਤੰਬਰ 2025 ਦੇ ਦਿੱਤੇ ਫੈਸਲੇ ਤਹਿਤ 2010 ਤੋਂ ਪਹਿਲਾਂ ਦੇ ਅਧਿਆਪਕਾਂ ਨੂੰ ਸਰਵਿਸ ਵਿੱਚ ਬਣੇ ਰਹਿਣ ਲਈ ਅਤੇ ਪ੍ਰੋਮੋਸ਼ਨ ਲਈ ਟੈੱਟ ਦੀ ਜਬਰੀ ਠੋਸੀ ਸ਼ਰਤ ਨੂੰ ਰੱਦ ਕਰਵਾਉਣ ਲਈ ਪੰਜਾਬ ਦੀਆਂ ਸਮੂਹ ਅਧਿਆਪਕ ਜਥੇਬੰਦੀਆਂ ਵੱਲੋਂ ਅਨੰਦਪੁਰ ਸਾਹਿਬ ਰੈਲੀ ਤੋਂ ਬਾਅਦ ਸਿੱਖਿਆ ਮੰਤਰੀ ਨਾਲ ਹੋਈ ਗੱਲਬਾਤ ਦੌਰਾਨ ਅਧਿਆਪਕ ਜਥੇਬੰਦੀਆਂ ਨੂੰ ਠੋਸ ਭਰੋਸਾ ਨਾ ਦੇਣ 'ਤੇ ਵਿਧਾਨ ਸਭਾ ਵੱਲ ਮਾਰਚ ਕਰਨ ਦੇ ਸੱਦੇ ਤਹਿਤ ਗੜ੍ਹਸ਼ੰਕਰ ਦੇ ਅਧਿਆਪਕਾਂ ਵੱਲੋਂ ਡੀ ਟੀ ਐੱਫ ਆਗੂ ਸੁਖਦੇਵ ਡਾਨਸੀਵਾਲ, ਵਿਨੇ ਕੁਮਾਰ,



ਕਰਨੈਲ ਸਿੰਘ ਖਾਨਪੁਰ ਅਤੇ ਸਤਪਾਲ ਸਿੰਘ ਦੀ ਅਗਵਾਹੀ ਹੇਠ ਵੱਡੀ ਗਿਣਤੀ ਵਿੱਚ ਅਧਿਆਪਕ ਚੰਡੀਗੜ੍ਹ ਲਈ ਰਵਾਨਾ ਹੋਏ।ਇਸ ਸਮੇਂ ਵਖ ਵਖ ਅਧਿਆਪਕ ਆਗੂਆਂ ਮੁਕੇਸ਼ ਕੁਮਾਰ, ਸੋਮ ਨਾਥ,ਚੰਦਰ ਸ਼ੇਖਰ, ਭੁਪਿੰਦਰ ਸਿੰਘ, ਬਲਜੀਤ ਸਿੰਘ ਬੋੜਾ,ਅਸ਼ਵਨੀ ਕੁਮਾਰ ਰਾਣਾ, ਜਗਦੀਪ ਕੁਮਾਰ ਅਤੇ ਖੁਸ਼ਵਿੰਦਰ ਕੌਰ ਨੇ ਦੱਸਿਆ ਕਿ ਪਿਛਲੇ ਮਹੀਨੇ 22 ਤਰੀਕ ਨੂੰ ਪੰਜਾਬ ਦੀਆਂ ਸਮੂਹ ਅਧਿਆਪਕ ਜਥੇਬੰਦੀਆਂ ਵੱਲੋਂ ਇਸ ਜਬਰੀ ਠੋਸੇ ਟੈਟ ਦੇ ਖਿਲਾਫ ਅਨੰਦਪੁਰ ਸਾਹਿਬ ਵਿਖੇ ਵਿਸ਼ਾਲ ਪ੍ਰਦਰਸ਼ਨ ਕੀਤਾ ਸੀ ਜਿਸ 'ਤੇ ਸਿੱਖਿਆ ਮੰਤਰੀ ਵੱਲੋਂ ਮੀਟਿੰਗ ਕੀਤੀ ਗਈ ਪਰ ਮੀਟਿੰਗ ਵਿੱਚ ਸਿੱਖਿਆ ਮੰਤਰੀ ਵੱਲੋਂ ਕੋਈ ਖਾਸ ਭਰੋਸਾ ਨਹੀਂ ਦਿੱਤਾ ਗਿਆ ਜਿਸ ਕਰਕੇ ਪੰਜਾਬ ਦੀਆਂ ਸਮੂਹ ਅਧਿਆਪਕ ਜਥੇਬੰਦੀਆਂ ਨੂੰ ਸੰਘਰਸ਼ ਦਾ ਰਸਤਾ ਅਪਣਾਉਣਾ ਪਿਆ।ਅਧਿਆਪਕ ਆਗੂਆਂ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਅਧਿਆਪਕਾਂ ਦੀ ਸੇਵਾ ਸੁਰੱਖਿਆ ਲਈ ਪੰਜਾਬ ਵਿਧਾਨ ਸਭਾ ਦੇ ਚਲ ਰਹੇ ਸੈਸ਼ਨ ਵਿਚ ਜਬਰੀ ਥੋਪੇ ਟੈੱਟ ਵਿਰੁੱਧ ਬਿੱਲ / ਮਤਾ ਪਾਸ ਕਰਕੇ ਇਸ ਫੈਸਲੇ ਨੂੰ ਰੱਦ ਕੀਤਾ ਜਾਵੇ ਅਤੇ ਸੁਪਰੀਮ ਕੋਰਟ ਵਿੱਚ ਰਿਵਿਊ ਪਟੀਸ਼ਨ ਦਾਖਲ ਕੀਤੀ ਜਾਵੇ।ਇਸ ਸਮੇਂ ਜਸਵੀਰ ਸਿੰਘ, ਜਸਵਿੰਦਰ ਸਿੰਘ, ਰਮੇਸ਼ ਮਲਕੋਵਾਲ, ਸੰਜੀਵ ਕੁਮਾਰ, ਇਕਬਾਲ ਸਿੰਘ, ਸੰਦੀਪ ਸਿੰਘ, ਨਰਿੰਦਰ ਸਿੰਘ, ਸੰਦੀਪ ਕੁਮਾਰ ਤੇ ਬਲਵਿੰਦਰ ਸਿੰਘ ਆਦਿ ਹਾਜ਼ਰ ਸਨ।

# ਮੁੱਖ ਮੰਤਰੀ ਦੀ ਅਗਵਾਈ ਹੇਠ ਹਾਈ ਪਾਵਰ ਪਰਚੇਜ਼ ਕਮੇਟੀ ਦੀ ਮੀਟਿੰਗ

**ਚੰਡੀਗੜ੍ਹ, (ਕ੍ਰਿਸ਼ਨ ਗਰਗ)**-ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਦੀ ਅਗਵਾਈ ਹੇਠ ਹਾਈ ਪਾਵਰ ਪਰਚੇਜ਼ ਕਮੇਟੀ ਦੀ ਮੀਟਿੰਗ ਆਯੋਜਿਤ ਹੋਈ। ਮੀਟਿੰਗ ਵਿੱਚ ਜਨਸਿਹਤ, ਲੋਕ ਨਿਰਮਾਣ ਵਿਭਾਗ, ਸ਼ਹਿਰੀ ਸਥਾਨਕ ਨਿਗਮ, ਖੇਤੀਬਾੜੀ, ਬਿਜਲੀ ਨਿਗਮ ਸਮੇਤ ਕਈ ਵਿਭਾਗਾਂ ਲਈ ਜ਼ਰੂਰੀ ਸਮੱਗਰੀ ਖਰੀਦ ਨੂੰ ਮੰਜ਼ੂਰੀ ਪ੍ਰਦਾਨ ਕੀਤੀ ਗਈ। ਇਸ ਤੋਂ ਇਲਾਵਾ ਕਈ ਵਿਕਾਸ ਪਰਿਯੋਜਨਾਵਾਂ ਦੇ ਨਿਰਮਾਣ ਲਈ ਵੀ ਟੈਂਡਰ ਪ੍ਰਕ੍ਰਿਆ ਸਪੰਨ ਕੀਤੀ ਗਈ।ਮੀਟਿੰਗ ਵਿੱਚ 675.82 ਕਰੋੜ ਰੁਪਏ ਦੇ ਕੁੱਲ 15 ਏਜੰਡੇ ਰੱਖੇ ਗਏ। ਨੇਗੋਸੀਏਸ਼ਨ ਦੇ ਬਾਅਦ 657.82 ਕਰੋੜ ਰੁਪਏ ਵਿੱਚ ਛੱਡੇ ਗਏ। ਇਸ ਤਰ੍ਹਾ ਸਰਕਾਰ ਨੂੰ ਲਗਭਗ 68.13 ਕਰੋੜ ਰੁਪਏ ਬਚੱਤ ਹੋਈ।ਮੁੱਖ ਮੰਤਰੀ ਨੇ ਮੀਟਿੰਗ ਵਿੱਚ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਉਹ ਵਿਕਾਸ ਪਰਿਯੋਜਨਾਵਾਂ ਦੀ ਸਮੇਂ-ਸਮੇਂ 'ਤੇ ਮਾਨੀਟਰਿੰਗ ਕਰਨ ਤਾਂ ਜੋ ਕੰਮ ਸਮੇਂ 'ਤੇ ਪੂਰਾ ਹੋ ਸਕੇ। ਇਸ ਤੋਂ ਇਲਾਵਾ ਵਿਕਾਸ ਕੰਮਾਂ ਵਿੱਚ ਗੁਣਵੱਤਾ 'ਤੇ ਵਿਸ਼ੇਸ਼ ਧਿਆਨ ਦਿੱਤਾ ਜਾਵੇ। ਕੰਮਾਂ ਵਿੱਚ ਦੇਰੀ ਅਤੇ ਗੁਣਵੱਤਾ ਦੇ ਮਾਮਲੇ ਵਿੱਚ ਕੋਤਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਉਨ੍ਹਾਂ ਨੇ ਕਿਹਾ ਕਿ ਟੈਂਡਰ ਪ੍ਰਕ੍ਰਿਆ ਵੀ ਸਮੇਂ 'ਤੇ ਪੂਰੀ ਕਰਨ। ਜੇਕਰ ਕੋਈ ਅਧਿਕਾਰੀ ਇਸ ਵਿੱਚ ਲਾਪ੍ਰਵਾਹੀ ਵਰਤੇਗਾ ਤਾਂ ਉਸ ਦੇ ਖਿਲਾਫ ਸਖਤ ਕਾਰਵਾਈ ਕੀਤੀ ਜਾਵੇਗੀ।

# ਸਰਪੰਚ ਦੇ ਕਤਲ ਮਾਮਲੇ 'ਚ ਮਹਿਤਪੁਰ ਥਾਣੇ ਦਾ ਹੈੱਡ ਮੁਨਸ਼ੀ ਮੁਅੱਤਲ

**ਜਲੰਧਰ, (ਸੁਰਿੰਦਰ ਕੁਮਾਰ)**- ਸਰਪੰਚ ਦੇ ਕਤਲ ਮਾਮਲੇ 'ਚ ਪੁਲਸ ਨੇ ਸਖ਼ਤ ਕਾਰਵਾਈ ਕਰਦਿਆਂ ਮਹਿਤਪੁਰ ਥਾਣੇ ਦੇ ਹੈੱਡ ਮੁਨਸ਼ੀ ਸੁਖਬੀਰ ਸਿੰਘ ਨੂੰ ਮੁਅੱਤਲ ਕਰ ਦਿੱਤਾ ਹੈ। ਮੁਨਸ਼ੀ 'ਤੇ ਨਸ਼ੇ ਨਾਲ ਜੁੜੀਆਂ ਗੁਪਤ ਸੂਚਨਾਵਾਂ ਤਸਕਰਾਂ ਤੱਕ ਪਹੁੰਚਾਉਣ ਦਾ ਦੋਸ਼ ਸੀ। ਸਰਪੰਚ ਮਹਿੰਦਰ ਸਿੰਘ ਦੀ ਇਲਾਜ ਦੌਰਾਨ ਮੌਤ ਹੋ ਗਈ ਹੈ। ਪੁਲਿਸ ਨੇ ਕਤਲ ਮਾਮਲੇ ਵਿੱਚ ਕੁੱਲ ਅੱਠ ਲੋਕਾਂ ਨੂੰ ਨਾਮਜ਼ਦ ਕੀਤਾ ਹੈ। ਪੁਲਿਸ ਹੁਣ ਤੱਕ ਦੋ ਮੁਲਜ਼ਮਾਂ ਸੁਖਜੀਤ ਸਿੰਘ ਅਤੇ ਅਰਮਾਨ ਨੂੰ ਗ੍ਰਿਫ਼ਤਾਰ ਕਰ ਚੁੱਕੀ ਹੈ।ਫਿਲਹਾਲ ਪੁਲਿਸ ਮੁੱਖ ਮੁਲਜ਼ਮ ਰਾਜਾ ਅਤੇ ਉਸ ਦੇ ਸਾਥੀਆਂ ਦੀ ਭਾਲ ਵਿੱਚ ਛਾਪੇਮਾਰੀ ਕਰ ਰਹੀ ਹੈ।ਸਰਪੰਚ ਨੇ ਪਿੰਡ ਵਿੱਚ ਨਸ਼ਾ ਵੇਚਣ ਵਾਲਿਆਂ ਦਾ ਵਿਰੋਧ ਕੀਤਾ ਸੀ, ਜਿਸ ਦੀ ਰੰਜਿਸ਼ ਰੱਖਦਿਆਂ 28 ਫਰਵਰੀ ਨੂੰ ਨਸ਼ਾ ਤਸਕਰਾਂ ਨੇ ਉਨ੍ਹਾਂ 'ਤੇ ਤੇਜ਼ਧਾਰ ਹਥਿਆਰਾਂ ਨਾਲ ਹਮਲਾ ਕਰ ਦਿੱਤਾ ਸੀ। ਸਰਪੰਚ ਗੰਭੀਰ ਰੂਪ ਵਿੱਚ ਜ਼ਖ਼ਮੀ ਹੋ ਗਏ। ਉਨ੍ਹਾਂ ਨੂੰ ਤੁਰੰਤ ਹਸਪਤਾਲ ਭਰਤੀ ਕਰਵਾਇਆ ਗਿਆ, ਜਿੱਥੇ ਉਹ ਸੱਤ ਦਿਨਾਂ ਤੱਕ ਜ਼ਿੰਦਗੀ ਤੇ ਮੌਤ ਦੀ ਜੰਗ ਲੜਦੇ ਰਹੇ, ਪਰ ਅਖੀਰ ਉਨ੍ਹਾਂ ਨੇ ਦਮ ਤੋੜ ਦਿੱਤਾ। ਸਰਪੰਚ ਦੀ ਮੌਤ ਦੀ ਖ਼ਬਰ ਤੋਂ ਬਾਅਦ ਪੂਰੇ ਇਲਾਕੇ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ।ਪੁਲਸ ਨੇ ਇਸ ਮਾਮਲੇ 'ਚ ਅੱਠ ਮੁਲਜ਼ਮਾਂ ਖਿਲਾਫ ਮਾਮਲਾ ਦਰਜ ਕੀਤਾ ਹੈ। ਪੁਲਸ ਟੀਮਾਂ ਲਗਾਤਾਰ ਛਾਪੇਮਾਰੀ ਕਰ ਰਹੀਆਂ ਹਨ। ਉਨ੍ਹਾਂ ਦਾ ਦਾਅਵਾ ਹੈ ਕਿ ਸਾਰੇ ਮੁਲਜ਼ਮਾਂ ਨੂੰ ਜਲਦ ਹੀ ਗ੍ਰਿਫ਼ਤਾਰ ਕਰ ਲਿਆ ਜਾਵੇਗਾ।

# ਆਰ ਬੀ ਯੂ ਵੱਲੋਂ ਨਾਰੀ ਸ਼ਕਤੀ ਸਨਮਾਨ ਕਰਵਾਇਆ



**ਚੰਡੀਗੜ੍ਹ (ਗੁਰਜੀਤ ਬਿੱਲਾ)**- ਰਿਆਤ ਬਾਹਰਾ ਯੂਨੀਵਰਸਿਟੀ ਵੱਲੋਂ ਮਹਿਲਾਵਾਂ ਦੀਆਂ ਸ਼ਾਨਦਾਰ ਪ੍ਰਾਪਤੀਆਂ ਨੂੰ ਮਾਨਤਾ ਦੇਣ ਤੇ ਉਨ੍ਹਾਂ ਦਾ ਸਨਮਾਨ ਕਰਨ ਲਈ ਵੱਕਾਰੀ ਨਾਰੀ ਸ਼ਕਤੀ ਸਨਮਾਨ ਸਮਾਰੋਹ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਉਨ੍ਹਾਂ ਮਹਿਲਾਵਾਂ ਨੂੰ ਸਨਮਾਨਿਤ ਕੀਤਾ ਗਿਆ ਜਿਨ੍ਹਾਂ ਨੇ ਆਪਣੇ-ਆਪਣੇ ਖੇਤਰਾਂ ਵਿੱਚ ਉੱਤਮ ਪ੍ਰਦਰਸ਼ਨ ਕਰਦਿਆਂ ਆਪਣੀ ਮਿਹਨਤ, ਦ੍ਰਿੜਤਾ ਅਤੇ ਲਗਨ ਨਾਲ ਦੇਸ਼ ਦਾ ਮਾਣ ਵਧਾਇਆ ਹੈ। ਇਕੱਠ ਨੂੰ ਸੰਬੋਧਨ ਕਰਦਿਆਂ ਯੂਨੀਵਰਸਿਟੀ ਦੇ ਚਾਂਸਲਰ ਗੁਰਵਿੰਦਰ ਸਿੰਘ ਬਾਹਰਾ ਨੇ ਸਨਮਾਨਤ ਹੋਣ ਵਾਲੀਆਂ ਮਹਿਲਾਵਾਂ ਦੀਆਂ ਪ੍ਰਾਪਤੀਆਂ 'ਤੇ ਮਾਣ ਪ੍ਰਗਟਾਇਆ। ਉਨ੍ਹਾਂ ਕਿਹਾ ਕਿ ਯੂਨੀਵਰਸਿਟੀ ਆਪਣੀਆਂ ਧੀਆਂ ਦੀਆਂ ਕਾਮਯਾਬੀਆਂ 'ਤੇ ਗੌਰਵ ਮਹਿਸੂਸ ਕਰਦੀ ਹੈ, ਜਿਨ੍ਹਾਂ ਨੇ ਰੁਕਾਵਟਾਂ ਨੂੰ ਪਾਰ ਕਰਦੇ ਹੋਏ ਬਹੁਤ ਹੀ ਮੁਕਾਬਲੇ ਵਾਲੀ ਯੂਨੀਅਨ ਪਬਲਿਕ ਸਰਵਿਸ ਕਮਿਸ਼ਨ (ਯੂ ਪੀ ਐੱਸ ਸੀ) ਦੀ ਪ੍ਰੀਖਿਆ ਪਾਸ ਕਰਕੇ ਰਾਸ਼ਟਰੀ ਪੱਧਰ 'ਤੇ ਮਾਨਤਾ ਹਾਸਲ ਕੀਤੀ ਹੈ। ਉਨ੍ਹਾਂ ਕਿਹਾ ਕਿ ਇਹ ਸਫਲਤਾ ਅਨੁਸ਼ਾਸਨ, ਲਗਨ ਅਤੇ ਉੱਤਮਤਾ ਪ੍ਰਤੀ ਦ੍ਰਿੜ ਵਚਨਬੱਧਤਾ ਦਾ ਪ੍ਰਤੀਕ ਹੈ ਅਤੇ ਨੌਜਵਾਨ ਵਿਦਿਆਰਥੀਆਂ ਲਈ ਪ੍ਰੇਰਨਾ ਦਾ ਸਰੋਤ ਹੈ।ਸਮਾਰੋਹ ਦੇ ਮੁੱਖ ਮਹਿਮਾਨ ਸਾਬਕਾ ਸੰਸਦ ਮੈਂਬਰ ਅਵਿਨਾਸ਼ ਰਾਏ ਖੰਨਾ ਨੇ ਵੀ ਸਨਮਾਨਿਤ ਮਹਿਲਾਵਾਂ ਦੀ ਹਿੰਮਤ, ਇਮਾਨਦਾਰੀ ਅਤੇ ਕੇਂਦ੍ਰਿਤ ਸੋਚ ਦੀ ਪ੍ਰਸ਼ੰਸਾ ਕੀਤੀ।

# ਜਗਤਾਰ ਸਿੰਘ ਹੈਪੀ ਬਣੇ ਬਲਾਕ ਸੰਮਤੀ ਨਡਾਲਾ ਦੇ ਚੇਅਰਮੈਨ

**ਕਪੂਰਥਲਾ (ਮਨਜੀਤ ਮਾਨ, ਪ੍ਰੀਤ ਸੰਗੋਜਲਾ)** ਬਲਾਕ ਸੰਮਤੀ ਨਡਾਲਾ ਦੀ ਤੀਜੀ ਚੋਣ ਮੀਟਿੰਗ ਸਿਰੇ ਚੜ੍ਹੀ, ਜਿਥੇ ਐੱਸ ਡੀ ਐੱਮ ਭੁਲੱਥ ਰਵਿੰਦਰ ਪਾਲ ਸਿੰਘ ਤੇ ਬਲਾਕ ਪੰਚਾਇਤ ਅਫਸਰ ਨਡਾਲਾ ਕੁਲਵਿੰਦਰ ਸਿੰਘ ਰੰਧਾਵਾ ਦੀ ਦੇਖ-ਰੇਖ ਹੇਠ ਹੋਈ ਚੋਣ ਦੌਰਾਨ ਚੱਕੋਕੀ ਪਿੰਡ ਦੇ ਸਰਪੰਚ ਜਗਤਾਰ ਸਿੰਘ ਹੈਪੀ ਖੱਦਰ ਨੂੰ ਸਰਬਸੰਮਤੀ ਨਾਲ ਪੇਂਡੂ ਵਿਕਾਸ ਤੇ ਪੰਚਾਇਤ ਵਿਭਾਗ ਬਲਾਕ ਸੰਮਤੀ ਦਾ ਚੇਅਰਮੈਨ ਚੁਣਿਆ ਗਿਆ। ਇਸ ਦੇ ਨਾਲ ਹੀ ਬੋਪਾਰਾਏ ਜੋਨ ਨੰਬਰ 5 ਤੋਂ ਜਸਵਿੰਦਰ ਕੌਰ ਨੂੰ ਵਾਈਸ ਚੇਅਰਮੈਨ ਚੁਣਿਆ ਗਿਆ। ਇਸ ਤੋਂ ਪਹਿਲਾਂ 5 ਮਾਰਚ ਅਤੇ ਮੁੜ 10 ਮਾਰਚ ਨੂੰ ਚੋਣ ਮੀਟਿੰਗ ਸੱਦੀ ਗਈ ਜੋ ਕਿਸੇ ਕਾਰਨਾ ਕਰਕੇ ਸਿਰੇ ਨਾ ਚੜ੍ਹ ਸਕੀ ਪਰੰਤੂ ਅੱਜ ਹੋਈ ਇਸ ਮੀਟਿੰਗ ਦੌਰਾਨ ਮੈਂਬਰਾਂ ਵੱਲੋਂ ਦਿੱਤੇ ਸਮਰਥਨ ਤੋਂ ਬਾਅਦ ਉਨ੍ਹਾਂ ਦੀ ਚੋਣ ਦਾ ਐਲਾਨ ਕੀਤਾ ਗਿਆ। ਨਵੇਂ ਚੁਣੇ ਗਏ ਚੇਅਰਮੈਨ ਜਗਤਾਰ ਸਿੰਘ ਹੈਪੀ ਖੱਦਰ ਅਤੇ ਵਾਈਸ ਚੇਅਰਮੈਨ ਜਸਵਿੰਦਰ ਕੌਰ ਨੂੰ ਸਮਰਥਕਾਂ ਅਤੇ ਇਲਾਕੇ ਦੇ ਆਗੂਆਂ ਵੱਲੋਂ ਫੁੱਲਾਂ ਦੇ ਹਾਰ ਪਾ ਕੇ ਮੁਬਾਰਕਬਾਦ ਦਿੱਤੀ ਗਈ।ਇਸ ਮੌਕੇ ਚੇਅਰਮੈਨ ਜਗਤਾਰ ਸਿੰਘ ਹੈਪੀ ਖੱਦਰ ਨੇ ਕਿਹਾ ਕਿ ਉਹ ਬਲਾਕ ਦੇ ਵਿਕਾਸ ਲਈ ਇਮਾਨਦਾਰੀ ਨਾਲ ਕੰਮ ਕਰਨਗੇ ਅਤੇ ਲੋਕਾਂ ਦੀਆਂ ਸਮੱਸਿਆਵਾਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕਰਨ ਦੀ ਕੋਸ਼ਿਸ਼ ਕੀਤੀ ਜਾਵੇਗੀ।ਇਸ ਮੌਕੇ ਵਿਸ਼ੇਸ਼ ਤੌਰ ਤੇ ਪੁੱਜੇ ਆਪ ਦੇ ਹਲਕਾ ਇੰਚਾਰਜ ਐਡਵੋਕੇਟ ਹਰਸਿਮਰਨ ਸਿੰਘ ਘੁੰਮਣ ਨੇ ਵੀ ਦੋਵੇਂ ਚੁਣੇ ਗਏ ਉਕਤ ਚੇਅਰਮੈਨ ਤੇ ਵਾਈਸ ਚੇਅਰਮੈਨ ਨੂੰ ਮੁਬਾਰਕਬਾਦ ਦਿੱਤੀ ਅਤੇ ਹੋਰ ਮਿਹਨਤ ਕਰਨ ਲਈ ਪ੍ਰੇਰਿਤ ਕੀਤਾ।ਇਸ ਮੌਕੇ ਸਰਬਜੀਤ ਸਿੰਘ ਪੱਪਲ ਜੋਨ ਬਰਿਆਰ, ਜਾਪ ਸਿੰਘ ਲੱਖਨ ਕੇ ਪੱਡਾ, ਰਵੀ ਥਾਪਰ ਖੱਸਣ, ਸੁਖਜਿੰਦਰਪਾਲ ਸਿੰਘ ਮਕਸੂਦਪੁਰ, ਸੁਖਜਿੰਦਰ ਸਿੰਘ ਸੰਧੀ ਨੰਗਲ ਲੁਬਾਣਾ, ਜਸਵੀਰ ਕੌਰ ਸੰਗੋਜ਼ਲਾ, ਰਕੇਸ਼ ਕੁਮਾਰ ਮੁਰਾਰ, ਰਾਜਵਿੰਦਰ ਕੌਣ ਬਜਾਜਾਂ, ਰੁਪਿੰਦਰ



ਕੌਰ ਗਾਜ਼ੀ ਗੁਡਾਣਾ, ਬਲਬੀਰ ਕੌਰ ਪੱਡਾ ਬੇਟ, ਬਲਜਿੰਦਰ ਕੌਰ ਰਾਏ ਪੁਰ ਪੀਰਬਖ਼ਸ਼ ਸਾਰੇ ਸੰਮਤੀ ਮੈਂਬਰ ਤੋਂ ਇਲਾਵਾ ਹਰਦੀਪ ਸਿੰਘ ਸੰਧੂ ਸਰਪੰਚ ਧੱਕੜਾਂ, ਪ੍ਰਧਾਨ ਨਗਰ ਪੰਚਾਇਤ ਭੁਲੱਥ ਰਛਪਤਲ ਸ਼ਰਮਾ, ਬੂਟਾ ਸਿੰਘ ਬੇਗੋਵਾਲ ਅਤੇ ਹੋਰ ਪਤਵੰਤੇ ਹਾਜ਼ਰ ਸਨ।

# ਐੱਨ ਆਰ ਆਈ ਹੇਅਰ ਨੰਬਰਦਾਰ ਯੂਨੀਅਨ ਵੱਲੋਂ ਸਨਮਾਨਤ



**ਨਕੋਦਰ (ਮਨਜੀਤ ਮਾਨ)** ਨੰਬਰਦਾਰ ਯੂਨੀਅਨ ਨਕੋਦਰ ਦੀ ਵਿਸ਼ੇਸ਼ ਮੀਟਿੰਗ ਸਰਜੀਤ ਸਿੰਘ ਹੇਅਰ ਤਹਿਸੀਲ ਪ੍ਰਧਾਨ ਨਕੋਦਰ ਦੀ ਪ੍ਰਧਾਨਗੀ ਹੇਠ ਹੋਈ ਮੀਟਿੰਗ ਵਿੱਚ ਹਰਕੰਵਲ ਸਿੰਘ ਮੁੰਧ ਸੀਨੀਅਰ ਵਾਈਸ ਪ੍ਰਧਾਨ ਪੰਜਾਬ ਤੇ ਅਸ਼ੋਕ ਕੁਮਾਰ ਨਾਇਬ ਤਹਿਸੀਲਦਾਰ ਮੁੱਖ ਮਹਿਮਾਨ ਦੇ ਰੂਪ ਵਿੱਚ ਸ਼ਾਮਿਲ ਹੋਏ।ਮੀਟਿੰਗ ਨੂੰ ਸੰਬੋਧਨ ਕਰਦਿਆਂ ਹਰਕੰਵਲ ਸਿੰਘ ਮੁੰਧ ਨੇ ਕਿਹਾ ਕਿ ਪੰਜਾਬ ਦੀ ਖੁਸ਼ਹਾਲੀ ਲਈ ਐੱਨ ਆਰ ਆਈ ਵੀਰਾਂ ਦਾ ਵਿਸ਼ੇਸ਼ ਸਹਿਯੋਗ ਹੈ ਤੇ ਇਹ ਆਏ ਦਿਨ ਪੰਜਾਬ ਆ ਕੇ ਸਮਾਜ ਸੇਵਾ ਵਿੱਚ ਆਪਣਾ ਬਣਦਾ ਯੋਗਦਾਨ ਪਾਉਂਦੇ ਰਹਿੰਦੇ ਹਨ।ਇਸ ਤਹਿਤ ਐੱਨ ਆਰ ਆਈ ਲਖਵੀਰ ਸਿੰਘ ਹੇਅਰ ਵਾਸੀ ਯੂ.ਕੇ ਨੰਬਰਦਾਰ ਯੂਨੀਅਨ ਨਕੋਦਰ ਦੇ ਦਫਤਰ ਵਿਖੇ ਪਹੁੰਚੇ ਤੇ ਨੰਬਰਦਾਰ ਯੂਨੀਅਨ ਦਾ ਦਫਤਰ ਨੂੰ ਦੇਖ ਕੇ ਬਹੁਤ ਪ੍ਰਭਾਵਿਤ ਹੋਏ। ਉਨ੍ਹਾਂ ਆਪਣੀ ਨੇਕ ਕਮਾਈ ਵਿੱਚੋਂ ਦਾਨ ਰਾਸ਼ੀ ਦੇ ਕੇ ਨੰਬਰਦਾਰ ਯੂਨੀਅਨ ਦਾ ਸਹਿਯੋਗ ਕੀਤਾ। ਇਸ ਮੌਕੇ ਨਾਇਬ ਤਹਸੀਲਦਾਰ ਅਸ਼ੋਕ ਕੁਮਾਰ ਹਰਕੰਵਲ ਸਿੰਘ ਮੁੰਧ ਸੀਨੀਅਰ ਵਾਈਸ ਪ੍ਰਧਾਨ ਪੰਜਾਬ ਤੇ ਨੰਬਰਦਾਰ ਸਾਥੀਆਂ ਵੱਲੋਂ ਉਹਨਾਂ ਨੂੰ ਸਨਮਾਨ ਚਿੰਨ ਦੇ ਕੇ ਸਨਮਾਨਤ ਕੀਤਾ ਗਿਆ।

ਇਸ ਮੌਕੇ ਰਾਜਕੁਮਾਰ ਮਹਿੰਮੀ ਜਨਰਲ ਸਕੱਤਰ ਜ਼ਿਲ੍ਹਾ ਜਲੰਧਰ ਦਿਹਾਤੀ, ਬਲਦੀਸ ਸਿੰਘ ਟੁੱਟ ਕਲਾ, ਸੁਖਦੇਵ ਸਿੰਘ ਦਰਗਾਬਾਦ ,ਹਰਦਿਆਲ ਸਿੰਘ ਸਰਕਪੁਰ,ਰਤਨ ਰਾਏ ਨਕੋਦਰ, ਬਲਜੀਤ ਸਿੰਘ ਲਿੱਤਰਾਂ, ਗੁਰਦੇਵ ਸਿੰਘ ਮਾਲੜੀ, ਰੌਸ਼ਨ ਸਿੰਘ ਨਹੇਹੜੂ, ਕੁਲਰਾਜ ਸਿੰਘ ਮੁਹੇਮ, ਮੱਖਣ ਸਿੰਘ ਮੁਕੇਸ਼ ਅਤੇ ਜੱਸਾ ਹੇਅਰ ਆਦਿ ਹਾਜ਼ਰ ਸਨ।

# ਕਾਂਗਰਸ ਵੱਲੋਂ ਪੁਲਸ ਦੀ ਧੱਕੇਸ਼ਾਹੀ ਖ਼ਿਲਾਫ਼ ਰੋਸ ਧਰਨਾ

**ਮੋਹਾਲੀ, (ਗੁਰਜੀਤ ਬਿੱਲਾ)**- ਪੰਜਾਬ ਵਿੱਚ ਵਧ ਰਹੀਆਂ ਪੁਲਿਸ ਧੱਕੇਸ਼ਾਹੀਆਂ ਅਤੇ ਆਮ ਆਦਮੀ ਪਾਰਟੀ ਦੇ ਆਗੂਆਂ ਦੀ ਸਰਪਰਸਤੀ ਹੇਠ ਲੋਕਾਂ ਨਾਲ ਕੀਤੇ ਜਾ ਰਹੇ ਜ਼ੁਲਮਾਂ ਦੇ ਵਿਰੋਧ ਵਿੱਚ ਸੀਨੀਅਰ ਕਾਂਗਰਸੀ ਆਗੂ ਤੇ



ਸਾਬਕਾ ਸਿਹਤ ਮੰਤਰੀ ਬਲਬੀਰ ਸਿੰਘ ਸਿੱਧੂ ਦੀ ਅਗਵਾਈ ਹੇਠ ਐੱਸਐੱਸਪੀ ਦਫ਼ਤਰ, ਸੈਕਟਰ-76 ਮੋਹਾਲੀ ਵਿਖੇ ਰੋਸ ਧਰਨਾ ਦਿੱਤਾ ਗਿਆ। ਇਸ ਧਰਨੇ ਵਿੱਚ ਸੈਂਕੜਿਆਂ ਦੀ ਗਿਣਤੀ ਵਿੱਚ ਕਾਂਗਰਸੀ ਆਗੂਆਂ ਅਤੇ ਵਰਕਰਾਂ ਨੇ ਹਾਜ਼ਰੀ ਭਰੀ ਅਤੇ ਪੰਜਾਬ ਸਰਕਾਰ ਅਤੇ ਪੁਲਿਸ ਪ੍ਰਸ਼ਾਸਨ ਖਿਲਾਫ਼ ਨਾਅਰੇਬਾਜ਼ੀ ਕੀਤੀ। ਇਸ ਮੌਕੇ ਸੰਬੋਧਨ ਕਰਦਿਆਂ ਬਲਬੀਰ ਸਿੰਘ ਸਿੱਧੂ ਨੇ ਕਿਹਾ ਕਿ ਫੇਜ਼-1 ਥਾਣੇ ਦੇ ਐੱਸ ਐੱਚ ਓ ਤੇ ਸਬ ਇੰਸਪੈਕਟਰ ਵੱਲੋਂ ਆਮ ਲੋਕਾਂ ਨੂੰ ਬੇਵਜ੍ਹਾ ਤੰਗ ਪਰੇਸ਼ਾਨ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਪੁਲਿਸ ਦਾ ਕੰਮ ਲੋਕਾਂ ਦੀ ਰੱਖਿਆ ਕਰਨਾ ਹੁੰਦਾ ਹੈ, ਨਾ ਕਿ ਉਨ੍ਹਾਂ ਨੂੰ ਡਰਾਉਣਾ-ਧਮਕਾਉਣਾ। ਪਰ ਪੰਜਾਬ ਵਿੱਚ ਪੁਲਸ ਨੂੰ ਰਾਜਨੀਤਿਕ ਦਬਾਅ ਹੇਠ ਵਰਤਿਆ ਜਾ ਰਿਹਾ ਹੈ, ਜੋ ਕਿ ਬਹੁਤ ਹੀ ਨਿੰਦਣਯੋਗ ਹੈ। ਇਸੇ ਤਰ੍ਹਾਂ ਦਾ ਇੱਕ ਮਾਮਲਾ, ਜਦੋਂ ਇੱਕ ਮਿਹਨਤੀ ਦੁਕਾਨਦਾਰ ਮਹਿਲਾ ਨੂੰ ਇਨਸਾਫ਼ ਦੀ ਬਜਾਏ ਪੁਲਿਸ ਵੱਲੋਂ ਡਰਾਇਆ ਧਮਕਾਇਆ ਗਿਆ ਅਤੇ ਉਸਨੂੰ ਗਾਲਾਂ ਕਢਕੇ ਜ਼ਲੀਲ ਕੀਤਾ ਗਿਆ।ਇਸੇ ਦੌਰਾਨ ਪੀੜਤ ਮਹਿਲਾ, ਜੋ ਕਿ ਆਪਣੀ ਕਿਰਤ ਕਮਾਈ ਨਾਲ ਘਰ ਦਾ ਗੁਜ਼ਾਰਾ ਕਰਦੀ ਹੈ, ਨੇ ਦੱਸਿਆ ਕਿ ਕੁਝ ਸ਼ਰਾਰਤੀ ਤੇ ਘਟੀਆ ਸੋਚ ਵਾਲੇ ਵਿਅਕਤੀ ਉਸ ਨੂੰ ਹਰ ਰੋਜ਼ ਭੱਦੀ ਸ਼ਬਦਾਵਲੀ ਬੋਲ ਕੇ ਤੰਗ ਪਰੇਸ਼ਾਨ ਕਰਦੇ ਹਨ। ਇਸ ਸਬੰਧੀ ਜਦੋਂ ਉਹ ਨਿਆਂ ਦੀ ਉਮੀਦ ਨਾਲ ਥਾਣੇ ਸ਼ਿਕਾਇਤ ਲੈ ਕੇ ਗਈ ਤਾਂ ਪੁਲਸ ਨੇ ਉਸਦੀ ਮਦਦ ਕਰਨ ਦੀ ਬਜਾਏ ਉਸ ਨੂੰ ਹੀ ਡਰਾ-ਧਮਕਾ ਕੇ ਵਾਪਸ ਭੇਜ ਦਿੱਤਾ।ਪੀੜਤ ਮਹਿਲਾ ਨੇ ਦੱਸਿਆ ਕਿ ਬੀਤੇ ਦਿਨ ਵੀ ਉਹ ਉਨ੍ਹਾਂ ਵਿਅਕਤੀਆਂ ਖ਼ਿਲਾਫ਼ ਸ਼ਿਕਾਇਤ ਦਰਜ ਕਰਵਾਉਣ ਲਈ ਥਾਣੇ ਪਹੁੰਚੀ ਸੀ, ਪਰ ਉੱਥੇ ਵੀ ਉਸ ਨੂੰ ਇਨਸਾਫ਼ ਨਹੀਂ ਮਿਲਿਆ।ਪੀੜਤ ਮਹਿਲਾ ਨੇ ਪ੍ਰਸ਼ਾਸਨ ਕੋਲੋਂ ਮੰਗ ਕੀਤੀ ਹੈ ਕਿ ਉਸਨੂੰ ਇਨਸਾਫ਼ ਦਿਵਾਇਆ ਜਾਵੇ ਅਤੇ ਜੋ ਵਿਅਕਤੀ ਉਸ ਨੂੰ ਤੰਗ ਪਰੇਸ਼ਾਨ ਕਰ ਰਹੇ ਹਨ ਉਨ੍ਹਾਂ ਖ਼ਿਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇ।

# ਕਿਸਾਨ ਟ੍ਰੇਨਿੰਗ ਕੈਂਪ ਲਗਾਇਆ

**ਬਲਾਚੌਰ (ਜਸਵਿੰਦਰ ਬੈਂਸ)**- ਡਾ. ਰਾਕੇਸ਼ ਕੁਮਾਰ ਸ਼ਰਮਾ, ਮੁੱਖ ਖੇਤੀਬਾੜੀ ਅਫਸਰ, ਸ਼ਹੀਦ ਭਗਤ ਸਿੰਘ ਨਗਰ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਡਾ. ਪੰਕਜ ਸਿੰਘ ਬਲਾਕ ਖੇਤੀਬਾੜੀ ਅਫਸਰ, ਬਲਾਚੌਰ ਦੀ ਅਗਵਾਈ ਵਿੱਚ ਪਿੰਡ ਰਾਏਪੁਰ (ਗੜ੍ਹੀ) ਵਿਖੇ ਨੈਸ਼ਨਲ ਮਿਸ਼ਨ



ਓਨ ਐਡੀਬਲ ਆਇਲਜ਼-ਤੇਲਬੀਜ ਦੇ ਅਧੀਨ ਕਿਸਾਨ ਟ੍ਰੇਨਿੰਗ ਕੈਂਪ ਲਗਾਇਆ ਗਿਆ।ਇਸ ਮੌਕੇ ਕ੍ਰਿਸ਼ੀ ਵਿਗਿਆਨ ਕੇਂਦਰ, ਲੰਗੜੋਆ ਤੋਂ ਡਾ. ਜਸਵਿੰਦਰ ਕੁਮਾਰ, ਸਹਾਇਕ ਪ੍ਰੋਫੈਸਰ, ਵੱਲੋਂ ਆਏ ਕਿਸਾਨਾਂ ਨੂੰ ਤੇਲਬੀਜ ਫਸਲਾਂ ਦੀ ਕਾਸ਼ਤ ਬਾਰੇ ਅਤੇ ਮੁੱਖ ਕੀੜਿਆਂ ਅਤੇ ਬਿਮਾਰੀਆਂ ਦੀ ਰੋਕਥਾਮ ਬਾਰੇ ਵਿਸਥਾਰ ਵਿੱਚ ਜਾਣਕਾਰੀ ਦਿੱਤੀ ਗਈ। ਉਨ੍ਹਾਂ ਕਿਸਾਨਾਂ ਨੂੰ ਸਰ੍ਹੋਂ ਅਤੇ ਕਣਕ ਦਾ ਸੁਚੱਜੇ ਤਰੀਕੇ ਨਾਲ ਆਪਣੇ ਖੇਤ ਵਿੱਚ ਹੀ ਤਿਆਰ ਕੀਤਾ ਬੀਜ ਵਰਤਣ ਨੂੰ ਤਰਜੀਹ ਦਿੱਤੀ। ਡਾ. ਜਗਮਨਦੀਪ ਕੌਰ, ਖੇਤੀਬਾੜੀ ਵਿਕਾਸ ਅਫਸਰ ਨੇ ਬਜਾਰਾਂ ਵਿੱਚ ਮਿਲਣ ਵਾਲੇ ਸਰ੍ਹੋਂ ਦੇ ਤੇਲ ਵਿੱਚ ਹੋਣ ਵਾਲੀ ਮਿਲਾਵਟ ਬਾਰੇ ਤੇ ਉਸ ਦੇ ਮਨੁੱਖੀ ਸਿਹਤ ਤੇ ਮਾੜੇ ਅਸਰ ਬਾਰੇ ਦੱਸਦਿਆਂ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਦੀਆਂ ਸਿਫਾਰਸ਼ ਕਨੋਲਾ ਕਿਸਮਾਂ ਬਾਰੇ ਕਿਸਾਨਾਂ ਨੂੰ ਜਾਣਕਾਰੀ ਦਿੱਤੀ। ਉਨ੍ਹਾਂ ਕਿਸਾਨਾਂ ਨੂੰ ਤੇਲਬੀਜ ਫਸਲਾਂ ਹੇਠ ਰਕਬਾ ਵਧਾਉਣ ਲਈ ਪ੍ਰੇਰਿਤ ਕੀਤਾ। ਰਾਜ ਕੁਮਾਰ ਖੇਤੀਬਾੜੀ ਵਿਸਥਾਰ ਅਫਸਰ ਵਲੋਂ ਕਿਸਾਨਾਂ ਨੂੰ ਐਗਰੀਸਟੈਕ ਤੇ ਬਣਨ ਵਾਲੀ ਆਈ ਡੀ ਬਾਰੇ ਜਾਣਕਾਰੀ ਸਾਂਝੀ ਕੀਤੀ ਗਈ। ਪ੍ਰਭਜੋਤ ਸਿੰਘ, ਮੁੱਖੀ, ਫਾਰਮਰ ਪ੍ਰੋਡਉਸਰ ਆਰਗਨਾਇਸੇਸ਼ਨ ਵੱਲੋਂ ਆਪਣੀ ਸੰਸਥਾ ਦੀ ਕਾਰਜ ਸ਼ੈਲੀ ਬਾਰੇ ਚਾਨਣਾ ਪਾਇਆ ਗਿਆ ਅਤੇ ਵੱਧ ਤੋਂ ਵੱਧ ਕਿਸਾਨਾਂ ਨੂੰ ਆਪਣੇ ਨਾਲ ਜੁੜਨ ਦੀ ਅਪੀਲ ਕੀਤੀ ਗਈ। ਇਸ ਮੌਕੇ ਅਗਾਂਹ ਵਧੂ ਕਿਸਾਨ ਬਲਵਿੰਦਰ ਸਿੰਘ (ਨੰਬਰਦਾਰ) ਰੁੜਕੀ ਖੁਰਦ, ਸੁਖਵਿੰਦਰ ਸਿੰਘ (ਸਰਪੰਚ) ਰਾਏਪੁਰ, ਸ਼ਿੰਗਾਰਾ ਸਿੰਘ ਅਤੇ ਬਲਜੀਤ ਸਿੰਘ ਅਗਾਂਹ ਵਧੂ ਕਿਸਾਨ ਹਾਜ਼ਰ ਸਨ।

# ਪੈਟਰੋਲ, ਡੀਜ਼ਲ ਤੇ ਘਰੇਲੂ ਐੱਲ ਪੀ ਜੀ ਦੀ ਸਪਲਾਈ ਪੂਰੀ ਤਰ੍ਹਾਂ ਸੁਚਾਰੂ : ਡਿਪਟੀ ਕਮਿਸ਼ਨਰ

**ਸਾਹਿਬਜ਼ਾਦਾ ਅਜੀਤ ਸਿੰਘ ਨਗਰ, (ਗੁਰਜੀਤ ਬਿੱਲਾ)** ਡਿਪਟੀ ਕਮਿਸ਼ਨਰ ਸ਼੍ਰੀਮਤੀ ਕੋਮਲ ਮਿੱਤਲ ਵੱਲੋਂ ਵੀਡੀਓ ਕਾਨਫਰਸਿੰਗ ਰਾਹੀਂ ਵਰਤਮਾਨ ਜੀਓ-ਪੋਲਿਟੀਕਲ ਸਥਿਤੀ ਦੇ ਮੱਦੇਨਜ਼ਰ ਜ਼ਿਲ੍ਹੇ ਵਿੱਚ ਪੈਟਰੋਲ, ਡੀਜ਼ਲ ਅਤੇ ਘਰੇਲੂ ਐਲ.ਪੀ.ਜੀ ਸਿਲੰਡਰਾਂ ਦੀ ਸਪਲਾਈ ਦੀ ਅਸਲ ਸਥਿਤੀ ਦਾ ਜਾਇਜ਼ਾ ਲੈਣ ਲਈ ਇੱਕ ਸਮੀਖਿਆ ਮੀਟਿੰਗ ਕੀਤੀ ਗਈ। ਮੀਟਿੰਗ ਵਿੱਚ ਜ਼ਿਲ੍ਹੇ ਦੇ ਪੈਟਰੋਲ ਅਤੇ ਡੀਜ਼ਲ ਡੀਲਰਾਂ, ਡੀਲਰ ਐਸੋਸੀਏਸ਼ਨਾਂ, ਐਲ.ਪੀ.ਜੀ ਵਿਕਰੇਤਰਾਵਾਂ (ਡਿਸਟ੍ਰਿਬਿਊਟਰਾਂ) ਅਤੇ ਤੇਲ ਮਾਰਕੀਟਿੰਗ ਕੰਪਨੀਆਂ ਦੇ ਸੇਲਜ਼ ਅਧਿਕਾਰੀਆਂ ਨੇ ਭਾਗ ਲਿਆ। ਮੀਟਿੰਗ ਦੌਰਾਨ ਇਹ ਪੁਸ਼ਟੀ ਕੀਤੀ ਗਈ ਕਿ ਜ਼ਿਲ੍ਹੇ ਵਿੱਚ ਘਰੇਲੂ ਐਲ.ਪੀ.ਜੀ ਸਿਲੰਡਰਾਂ, ਪੈਟਰੋਲ ਅਤੇ ਡੀਜ਼ਲ ਦੀ ਕੋਈ ਘਾਟ ਨਹੀਂ ਹੈ। ਲੋੜੀਂਦਾ ਸਟਾਕ ਉਪਲਬਧ ਹੈ ਅਤੇ ਸਾਰੇ ਐਲ.ਪੀ.ਜੀ ਵਿਕਰੇਤਰਾਵਾਂ ਅਤੇ ਪੈਟਰੋਲ ਪੰਪਾਂ ਰਾਹੀਂ ਸਪਲਾਈ ਨਿਯਮਿਤ ਅਤੇ ਸੁਚਾਰੂ ਢੰਗ ਨਾਲ ਜਾਰੀ ਹੈ।

# ਅਣਪਛਾਤੇ ਵਿਅਕਤੀ ਦੀ ਲਾਸ਼ ਬਰਾਮਦ

**ਕਿਸ਼ਨਗੜ੍ਹ (ਸੁਖਜੀਤ ਕੁਮਾਰ)**-ਜਲੰਧਰ ਪਠਾਨਕੋਟ ਰਾਸ਼ਟਰੀ ਮਾਰਗ ਤੇ ਸਥਿਤ ਪਿੰਡ ਬੱਲਾਂ ਸਰਮਸਤਪੁਰ ਅੱਡੇ ਵਿਖੇ ਕਿਸੇ ਨਾ-ਮਾਲੂਮ ਵਿਅਕਤੀ ਦੀ ਲਾਸ਼ ਪਈ ਹੋਣ ਕਾਰਣ ਸਨਸਨੀ ਫੈਲ ਗਈ। ਕਿਸ਼ਨਗੜ੍ਹ ਪੁਲਿਸ ਚੌਂਕੀ ਵਿਖੇ ਸੂਚਿਤ ਕਾਰਨ ਤੇ ਏ ਐਸ ਆਈ ਨਿਸ਼ਾਨ ਸਿੰਘ ਵਲੋਂ ਪੁਲਿਸ ਪਾਰਟੀ ਸਮੇਤ ਮੌਕੇ ਤੇ ਪਹੁੰਚ ਕੇ ਆਲੇ ਦੁਆਲੇ ਪਿੰਡਾਂ ਦੇ ਮੋਹਤਬਰਾਂ ਨੂੰ ਮੌਕੇ ਤੇ ਲਾਸ਼ ਦੀ ਸ਼ਨਾਖਤ ਲਈ ਬੁਲਾਇਆ ਗਿਆ ਪਰ ਸ਼ਨਾਖਤ ਨਹੀਂ ਹੋ ਸਕੀ। ਪੁਲਸ ਨੇ 174 ਦੀ ਕਾਰਵਾਈ ਕਰਨ ਉਪਰੰਤ ਲਾਸ਼ ਨੂੰ 72 ਘੰਟੇ ਸਿਵਲ ਹਸਪਤਾਲ ਜਲੰਧਰ ਵਿਖੇ ਸ਼ਨਾਖਤ ਲਈ ਰੱਖਿਆ ਗਿਆ ਹੈ।

# ਮੈਡੀਕਲ ਕੈਂਪ ਲਗਾਇਆ



**ਦਸੂਹਾ (ਕਰਨੈਲ ਮਾਂਗਟ)**-ਸਿਵਲ ਸਰਜਨ ਹੁਸ਼ਿਆਰਪੁਰ ਡਾ. ਮਨਦੀਪ ਕਮਲ ਦੇ ਹੁਕਮਾਂ ਅਨੁਸਾਰ ਤੇ ਐੱਸ ਐੱਮ ਓ ਸਿਵਲ ਹਸਪਤਾਲ ਦਸੂਹਾ ਡਾ. ਮਨਮੋਹਨ ਸਿੰਘ ਦੀ ਰਹਿਨੁਮਾਈ ਹੇਠ ਸਾਡੇ ਬਜ਼ੁਰਗ ਸਾਡਾ ਮਾਣ ਮੁਹਿਮ ਤਹਿਤ ਸਿਵਲ ਹਸਪਤਾਲ ਦਸੂਹਾ ਵਿਖੇ ਜ਼ਿਲ੍ਹਾ ਸਮਾਜਿਕ ਸੁਰੱਖਿਆ ਅਫਸਰ ਵਿਭਾਗ ਦੇ ਸਹਿਯੋਗ ਨਾਲ ਮੈਡੀਕਲ ਕੈਂਪ ਲਗਾਇਆ ਗਿਆ। ਇਸ ਮੌਕੇ ਤੇ ਐੱਸ ਐੱਮ ਓ ਸਿਵਲ ਹਸਪਤਾਲ ਦਸੂਹਾ ਡਾ. ਮਨਮੋਹਨ ਸਿੰਘ ਨੇ ਦੱਸਿਆ ਕਿ ਇਸ ਕੈਂਪ ਵਿੱਚ ਵਿਸ਼ੇਸ਼ ਤੌਰ ਤੇ ਸਿਵਲ ਸਰਜਨ ਹੁਸ਼ਿਆਰਪੁਰ ਡਾ. ਮੰਦੀਪ ਕਮਲ ਹਾਜ਼ਰ ਹੋਏ। ਉਹਨਾਂ ਦੱਸਿਆ ਕਿ ਸਿਵਲ ਹਸਪਤਾਲ ਦਸੂਹਾ ਵਿਖੇ ਹਰ ਤਰਾਂ ਦੀਆ ਬੀਮਾਰੀਆ ਦੀਆ ਸੇਵਾਵਾਂ ਦਿੱਤੀਆਂ ਗਈਆਂ ਅਤੇ ਅਲੱਗ ਅਲੱਗ ਆਈਜ਼ ਵਿਭਾਗ, ਮੈਡੀਸਿਨ ਵਿਭਾਗ, ਮਾਨਸਿਕ ਰੋਗਾ ਦੇ ਡਾਕਟਰ, ਈ ਐੱਨ ਟੀ ਡਾਕਟਰ, ਐੱਨ ਸੀ ਡੀ ਵਿਭਾਗ ਈ ਸੀ ਜੀ, ਬੱਲਡ ਟੈਸਟ ਸੇਵਾਵਾਂ ਦਿੱਤੀਆਂ ਗਈਆਂ। ਉਹਨਾਂ ਦੱਸਿਆ ਕਿ ਇਸ ਪ੍ਰੋਗਰਾਮ ਦਾ ਮੁੱਖ ਉਦੇਸ਼ ਸਮਾਜ ਵਿੱਚ ਬਜ਼ੁਰਗਾਂ ਦੇ ਸਤਿਕਾਰ ਅਤੇ ਉਨਾਂ ਦੀ ਸੰਭਾਲ ਬਾਰੇ ਲੋਕਾਂ ਨੂੰ ਜਾਗਰੂਕ ਕਰਨਾ ਸੀ। ਪ੍ਰੋਗਰਾਮ ਦੌਰਾਨ ਵੱਖ-ਵੱਖ ਵਕਤਾਵਾਂ ਨੇ ਆਪਣੇ ਵਿਚਾਰ ਸਾਂਝੇ ਕਰਦੇ ਹੋਏ ਨੇ ਨੌਜਵਾਨ ਪੀੜੀ ਨੂੰ ਅਪੀਲ ਕੀਤੀ ਕਿ ਉਹ ਆਪਣੇ ਬਜ਼ੁਰਗਾਂ ਦੀ ਸੇਵਾ ਅਤੇ ਇੱਜ਼ਤ ਕਰੇ ਅਤੇ ਉਨਾਂ ਨੂੰ ਪਰਿਵਾਰ ਦਾ ਅਹਿਮ ਹਿੱਸਾ ਸਮਝੇ। ਇਸ ਮੌਕੇ ਬਜ਼ੁਰਗਾਂ ਦਾ ਸਨਮਾਨ ਵੀ ਕੀਤਾ ਗਿਆ ਅਤੇ ਉਨ੍ਹਾਂ ਨੂੰ ਸ਼ਾਲਾਂ ਤੇ ਸਨਮਾਨ ਚਿੰਨ ਦੇ ਕੇ ਸਤਿਕਾਰਿਤ ਕੀਤਾ ਗਿਆ। ਇਸ ਮੌਕੇ ਤੇ ਡਾ. ਕੁਲਵਿੰਦਰ ਸਿੰਘ, ਡਾ. ਕਰਨਜੀਤ ਸਿੰਘ, ਡਾ. ਗੁਰਪ੍ਰੀਤ ਸਿੰਘ,ਡਾ. ਸਤਵੀਰ ਸਿੰਘ,ਮੰਦੀਪ ਕੋਰ ਫਾਰਮੈਸੀ ਅਫਸਰ, ਸੀਨੀਅਰ ਮੈਡੀਕਲ ਲੈਬ ਟੈਕਨੀਸ਼ੀਅਨ ਡੇਨੀਅਲ, ਨਰਸਿੰਗ ਸਿਸਟਰ ਜਸਵਿੰਦਰ ਕੌਰ, ਸਿਹਤ ਕਰਮਚਾਰੀ ਗੁਰਨਾਮ ਸਿੰਘ, ਸਟਾਫ਼ ਨਰਸ ਸੋਨੀਆ ਆਦਿ ਹਾਜ਼ਰ ਸਨ।

# ਪੈਨਸ਼ਨਰਜ਼ ਐਸੋਸੀਏਸ਼ਨ, ਪੀ ਐੱਸ ਸੀ ਐੱਲ ਦੀ ਮਹੀਨਾਵਾਰ ਮੀਟਿੰਗ



**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**- ਪੈਨਸ਼ਨਰਜ਼ ਐਸੋਸੀਏਸ਼ਨ, ਪੀ ਐੱਸ ਸੀ ਐੱਲ ਸਿਟੀ ਡਿਵੀਜ਼ਨ, ਹੁਸ਼ਿਆਰਪੁਰ ਦੀ ਮਾਸਿਕ ਮੀਟਿੰਗ ਖੁਸ਼ੀ ਰਾਮ ਧੀਮਾਨ, ਪ੍ਰਧਾਨ, ਸ਼ਹਿਰੀ ਡਿਵੀਜ਼ਨ, ਹੁਸ਼ਿਆਰਪੁਰ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਨੂੰ ਸੰਬੋਧਨ ਕਰਦਿਆਂ ਖੁਸ਼ੀ ਰਾਮ ਧੀਮਾਨ ਨੇ ਕਿਹਾ ਕਿ ਪੰਜਾਬ ਸਰਕਾਰ ਕਰਮਚਾਰੀ ਯੂਨੀਅਨਾਂ ਅਤੇ ਪੈਨਸ਼ਨਰਜ਼ ਐਸੋਸੀਏਸ਼ਨਾਂ ਨੂੰ ਮੀਟਿੰਗ ਦਾ ਸਮਾਂ ਨਹੀਂ ਦੇ ਰਹੀ ਹੈ। ਸਰਕਾਰ ਨੂੰ ਕਰਮਚਾਰੀਆਂ ਅਤੇ ਪੈਨਸ਼ਨਰਾਂ ਦੀਆਂ ਜਾਇਜ਼ ਮੰਗਾਂ ਨੂੰ ਪੂਰਾ ਕਰਨ ਦੀ ਅਪੀਲ ਕੀਤੀ ਗਈ। ਆਪਣੇ ਸੰਬੋਧਨ ਵਿੱਚ, ਆਗੂਆਂ ਨੇ ਪੰਜਾਬ ਸਰਕਾਰ ਨੂੰ ਕਰਮਚਾਰੀ ਯੂਨੀਅਨਾਂ ਅਤੇ ਪੈਨਸ਼ਨਰਜ਼ ਐਸੋਸੀਏਸ਼ਨਾਂ ਨਾਲ ਮੁਲਾਕਾਤ ਕਰਨ ਅਤੇ ਸਹਿਮਤ ਹੋਈਆਂ ਜਾਇਜ਼ ਮੰਗਾਂ ਨੂੰ ਲਾਗੂ ਕਰਨ ਦੀ ਅਪੀਲ ਕੀਤੀ। ਕਰਮਚਾਰੀ ਅਤੇ ਪੈਨਸ਼ਨਰ ਆਪਣੀਆਂ ਮੰਗਾਂ ਨੂੰ ਲੈ ਕੇ ਕਾਫ਼ੀ ਸਮੇਂ ਤੋਂ ਪ੍ਰਦਰਸ਼ਨ ਕਰ ਰਹੇ ਹਨ। ਆਗੂਆਂ ਨੇ ਮੰਗ ਕੀਤੀ 1/1/2016 ਤੋਂ ਪਹਿਲਾਂ ਸੇਵਾਮੁਕਤ ਹੋਏ ਕਰਮਚਾਰੀਆਂ ਦੇ ਸਕੇਲਾਂ ਵਿੱਚ 2.59 ਦਾ ਗੁਣਕ ਲਾਗੂ ਕਰਕੇ ਸੋਧ ਕੀਤੀ ਜਾਵੇ, ਛੇਵੀਂ ਤਨਖਾਹ ਸੋਧ ਦੇ ਬਕਾਏ ਇੱਕਮੁਸ਼ਤ ਭੁਗਤਾਨ ਕੀਤੇ ਜਾਣ, ਬਕਾਇਆ 16% ਮਹਿੰਗਾਈ ਭੱਤਾ ਜਲਦੀ ਜਾਰੀ ਕੀਤਾ ਜਾਵੇ, ਮੈਡੀਕਲ ਭੱਤਾ ਵਧਾ ਕੇ 2,000 ਪ੍ਰਤੀ ਮਹੀਨਾ ਕੀਤਾ ਜਾਵੇ, ਪੁਰਾਣੀ ਪੈਨਸ਼ਨ ਬਹਾਲ ਕੀਤੀ ਜਾਵੇ, ਠੇਕਾ ਪ੍ਰਣਾਲੀ ਖਤਮ ਕੀਤੀ ਜਾਵੇ, ਸਾਰੇ ਕੱਚੇ ਕਰਮਚਾਰੀਆਂ ਨੂੰ ਪੱਕੇ ਕੀਤਾ ਜਾਵੇ। ਇਸ ਮੌਕੇ ਗੁਰਮੇਲ ਸਿੰਘ, ਠਾਕੁਰ ਅਵਤਾਰ ਸਿੰਘ, ਰਾਮ ਗੋਪਾਲ ਸ਼ਰਮਾ, ਚਰਨਦਾਸ, ਜੈ ਦੇਵ, ਸੰਤੋਸ਼ ਕੁਮਾਰ, ਮਨਦੀਪ ਸਿੰਘ, ਅਸ਼ਵਨੀ ਸ਼ਰਮਾ, ਬਲਵੰਤ ਸਿੰਘ ਆਦਿ ਨੇ ਸੰਬੋਧਨ ਕੀਤਾ।

# 'ਆਪ' ਆਗੂਆਂ ਨੇ ਐੱਸ ਡੀ ਐੱਮ ਨਾਲ ਇਲਾਕੇ ਦੀਆਂ ਸਮੱਸਿਆਵਾਂ ਸੰਬੰਧੀ ਕੀਤੀ ਮੁਲਾਕਾਤ

**ਮੋਰਿੰਡਾ, (ਨਿਹਾਲ ਸਿੰਘ ਕਲਸੀ)**- ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਅਤੇ ਪੀ ਸੀ ਏ ਅਪੈਕਸ ਕੌਂਸਲ ਮੈਂਬਰ ਪ੍ਰੋਫੈਸਰ ਬੀਰ ਦਵਿੰਦਰ ਸਿੰਘ ਬੱਲਾਂ ਨੇ ਐੱਸ ਡੀ ਐੱਮ ਮੋਰਿੰਡਾ ਚੇਤਨ ਬੰਗੜ ਨਾਲ ਆਪਣੇ ਸਾਥੀਆਂ ਸਮੇਤ ਮੁਲਾਕਾਤ ਕੀਤੀ ਤੇ ਮੀਟਿੰਗ ਵਿੱਚ ਇਲਾਕੇ ਦੇ ਵਿਕਾਸਕਾਰੀ ਪ੍ਰੋਜੈਕਟਾਂ, ਲੋਕਾਂ ਦੀਆਂ ਸਮੱਸਿਆਵਾਂ ਅਤੇ ਭਵਿੱਖੀ ਯੋਜਨਾਵਾਂ ਬਾਰੇ ਵਿਸਥਾਰ ਨਾਲ ਚਰਚਾ ਕੀਤੀ। ਉਨ੍ਹਾਂ ਇਲਾਕੇ ਦੀਆਂ ਕਿਸੇ ਵੀ ਤਰ੍ਹਾਂ ਦੀਆਂ ਸਮੱਸਿਆਵਾਂ ਲਈ ਉਨ੍ਹਾਂ ਦੇ ਦਫਤਰ ਆਉਣ ਵਾਲੇ ਇਲਾਕਾ ਵਾਸੀਆਂ ਦੇ ਹੱਲ ਦੀ ਅਪੀਲ ਕੀਤੀ। ਇਸ ਸਬੰਧੀ ਬੀਰ ਦਵਿੰਦਰ ਸਿੰਘ ਬੱਲਾਂ ਨੇ ਗੱਲਬਾਤ ਕਰਦਿਆਂ ਦੱਸਿਆ ਕਿ ਉਹਨਾਂ ਦੀ ਐੱਸ ਡੀ ਐੱਮ ਚੇਤਨ ਬੰਗੜ ਨਾਲ ਇਹ ਮੀਟਿੰਗ ਨਾ ਸਿਰਫ਼ ਔਪਚਾਰਿਕ ਸੀ, ਸਗੋਂ ਇੱਕ ਨਵੇਂ ਸਹਿਯੋਗ ਦੀ ਸ਼ੁਰੂਆਤ ਵੀ ਸੀ, ਜੋ ਜਨਤਾ ਦੇ ਹਿੱਤਾਂ ਨੂੰ ਪੂਰਾ ਕਰਨ ਵਾਲੀ ਹੈ। ਇਸ ਮੌਕੇ ਤੇ ਨਵੇਂ ਐੱਸ ਡੀ ਐੱਮ ਨੇ ਆਪਣੀ ਨੀਤੀਆਂ ਸਾਂਝੀਆਂ ਕੀਤੀਆਂ, ਜੋ ਜਨ-ਕਲਿਆਣ ਉੱਤੇ ਅਧਾਰਤ ਹਨ। ਪ੍ਰੋਫੈਸਰ ਬੱਲਾਂ ਨੇ ਉਨ੍ਹਾਂ ਨੂੰ ਯਕੀਨ ਦਿਵਾਇਆ ਕਿ ਆਪ ਪਾਰਟੀ ਪੂਰੀ ਤਰ੍ਹਾਂ ਨਾਲ ਪ੍ਰਸ਼ਾਸਨ ਨਾਲ ਖੜ੍ਹੀ ਹੈ, ਤਾਂ ਜੋ ਇਲਾਕੇ ਦੇ ਹਰ ਨੁੱਕੜ, ਹਰ ਪਿੰਡ ਅਤੇ ਹਰ ਸ਼ਹਿਰ ਤੱਕ ਵਿਕਾਸ ਦੀ ਲਹਿਰ ਪਹੁੰਚ। ਪ੍ਰੋਫੈਸਰ ਬੀਰ ਦਵਿੰਦਰ ਸਿੰਘ ਨੇ ਕਿਹਾ ਕਿ ਐੱਸ ਡੀ ਐੱਮ ਚੇਤਨ ਬੰਗੜ ਨਾਲ ਇਲਾਕੇ ਦੇ ਲੋਕਾਂ ਨੂੰ ਦਰਪੇਸ਼ ਸਾਰੀਆਂ ਸ਼ਿਕਾਇਤਾਂ ਤੇ ਸੁਝਾਅ ਪੇਸ਼ ਕੀਤੇ ਜੋ ਉਹਨਾਂ ਦੀ ਜਾਣਕਾਰੀ ਵਿੱਚ ਸਨ। ਉਹਨਾਂ ਕਿਹਾ ਕਿ ਸਾਨੂੰ ਐੱਸ ਡੀ ਐੱਮ ਚੇਤਨ ਬੰਗੜ ਨੇ ਭਰੋਸਾ ਦਿੱਤਾ ਹੈ ਕਿ ਲੋਕਾਂ ਦੀਆਂ ਸਮੱਸਿਆਵਾਂ ਪਹਿਲ ਦੇ ਅਧਾਰ ਤੇ ਸੁਣੀਆਂ ਜਾਣਗੀਆਂ। ਇਸ ਮੌਕੇ 'ਤੇ ਤਹਿਸੀਲਦਾਰ ਸੁਰਿੰਦਰਪਾਲ ਸਿੰਘ, ਆਰ ਸੀ ਅਰਮਨਪ੍ਰੀਤ ਸਿੰਘ ਹਰਮਨ, ਨਗਰ ਕੌਂਸਲ ਪ੍ਰਧਾਨ ਜਗਦੇਵ ਸਿੰਘ ਬਿੱਟੂ, ਸ਼ੂਗਰ ਮਿੱਲ ਮੋਰਿੰਡਾ ਦੇ ਚੇਅਰਮੈਨ ਸੁਖਜਿੰਦਰ ਸਿੰਘ ਸੋਹੀ, ਸਰਪੰਚ ਅੰਮ੍ਰਿਤਪਾਲ ਸਿੰਘ ਭਗਵੰਤਪੁਰ, ਸਰਪੰਚ ਮੇਜਰ ਸਿੰਘ , ਰਜਿੰਦਰ ਸਿੰਘ ਗੋਪਾਲਪੁਰ, ਪ੍ਰਦੀਪ ਸਿੰਘ ਮਹਿਤੋ ਤੇ ਹਸਨਪ੍ਰੀਤ ਸਿੰਘ ਆਦਿ ਵੀ ਸ਼ਾਮਿਲ ਸਨ।

# ਪੰਜਾਬ 'ਚ ਅਗਲੀ ਸਰਕਾਰ ਅਕਾਲੀ ਦਲ ਬਣਾਏਗਾ : ਐੱਨ ਕੇ ਸ਼ਰਮਾ



**ਲਾਲੜੂ (ਵਿਨੈ ਕੁਮਾਰ ਜੈਨ)**- ਸ਼੍ਰੋਮਣੀ ਅਕਾਲੀ ਦਲ ਦੇ ਖਜ਼ਾਨਚੀ ਅਤੇ ਸਾਬਕਾ ਵਿਧਾਇਕ ਐੱਨ ਕੇ ਸ਼ਰਮਾ ਨੇ ਕਿਹਾ ਹੈ ਕਿ ਪੰਜਾਬ ਬਚਾਓ ਯਾਤਰਾ ਤਹਿਤ ਕੀਤੀਆਂ ਜਾ ਰਹੀਆਂ ਰੈਲੀਆਂ ਦੌਰਾਨ ਮਿਲ ਰਹੇ ਜਨਤਕ ਸਮਰਥਨ ਨੇ ਇਹ ਸਪੱਸ਼ਟ ਕਰ ਦਿੱਤਾ ਹੈ ਕਿ ਪੰਜਾਬ ਵਿੱਚ ਅਗਲੀ ਸਰਕਾਰ ਅਕਾਲੀ ਦਲ ਦੀ ਹੀ ਬਣੇਗੀ।ਐਨ.ਕੇ. ਸ਼ਰਮਾ ਨੇ ਡੇਰਾਬੱਸੀ ਹਲਕੇ ਵਿੱਚ ਆਯੋਜਿਤ ਕੀਤੀ ਜਾ ਰਹੀ ਪੰਜਾਬ ਬਚਾਓ ਯਾਤਰਾ ਦੇ ਸਬੰਧ ਵਿੱਚ ਲਾਲੜੂ ਹਲਕੇ ਦੇ ਪਿੰਡਾਂ ਰਾਣੀਮਾਜਰਾ, ਹੁਮਾਯੂੰਪੁਰ ਤਸਿੰਬਲੀ, ਬਸੌਲੀ, ਜੌਲਾ ਖੁਰਦ, ਜੌਲਾ ਕਲਾਂ ਆਦਿ ਪਿੰਡਾਂ ਦਾ ਦੌਰਾ ਕਰਕੇ ਪਿੰਡ ਵਾਸੀਆਂ ਨੂੰ ਸੱਦਾ ਦੇਣ ਪਹੁੰਚੇ।ਉਨ੍ਹਾਂ ਕਿਹਾ ਕਿ ਸੁਖਬੀਰ ਬਾਦਲ ਪੰਜਾਬ ਬਚਾਓ ਯਾਤਰਾ ਦੌਰਾਨ ਪੰਜਾਬ ਦੇ ਵਿਕਾਸ ਦਾ ਵਿਜ਼ਨ ਪੇਸ਼ ਕਰ ਰਹੇ ਹਨ। ਐੱਨ ਕੇ ਸ਼ਰਮਾ ਨੇ ਇਲਾਕਾ ਵਾਸੀਆਂ ਨੂੰ ਪੰਜਾਬ ਬਚਾਓ ਯਾਤਰਾ ਵਿੱਚ ਸ਼ਾਮਲ ਹੋਣ ਤੇ ਪੰਜਾਬ ਅਤੇ ਡੇਰਾਬੱਸੀ ਹਲਕੇ ਦੇ ਵਿਕਾਸ ਬਾਰੇ ਸੁਖਬੀਰ ਬਾਦਲ ਨਾਲ ਚਰਚਾ ਕਰਨ ਦੀ ਅਪੀਲ ਕਰਦਿਆਂ ਕਿਹਾ ਕਿ ਪੰਜਾਬ ਦੇ ਵਿਕਾਸ ਦਾ ਵਿਜ਼ਨ ਸਿਰਫ਼ ਅਕਾਲੀ ਦਲ ਕੋਲ ਹੈ। ਇਸ ਮੌਕੇ ਸਰਕਲ ਪ੍ਰਧਾਨ ਬ੍ਰਿਜੇਸ਼ ਰਾਣਾ, ਪਰਮਿੰਦਰ ਸਿੰਘ ਜੌਲਾ ਸਰਕਲ ਪ੍ਰਧਾਨ, ਮਨਜੀਤ ਸਿੰਘ ਮਲਿਕਪੁਰ, ਗੁਰਵਿੰਦਰ ਸਿੰਘ ਬਸੋਲੀ, ਗੁਰਦੀਪ ਅੰਜਲਾ, ਮਹਿਕ ਪੂਨੀਆ, ਜਸਵੀਰ ਸਿੰਘ, ਗੁਰਪ੍ਰੀਤ ਸਿੰਘ, ਹਰਦਮ ਸਿੰਘ, ਹਰਪਾਲ ਸਿੰਘ, ਜ਼ਿਲ੍ਹਾ ਯੂਥ ਅਕਾਲੀ ਦਲ ਪ੍ਰਧਾਨ ਤਰਨਬੀਰ ਸਿੰਘ ਪੂਨੀਆ ਸਮੇਤ ਕਈ ਪਤਵੰਤੇ ਹਾਜ਼ਰ ਸਨ।

# ਸ਼ੀਤਲਾ ਮਾਤਾ ਮੰਦਰ ਕਮੇਟੀ ਨੇ ਕੁਸ਼ਤੀ ਦੰਗਲ ਕਰਵਾਇਆ

**ਮੋਹਾਲੀ (ਗੁਰਜੀਤ ਬਿੱਲਾ)**- ਸ਼ੀਤਲਾ ਮਾਤਾ ਮੰਦਰ ਮੇਲਾ ਕਮੇਟੀ ਪਿੰਡ ਨਡਿਆਲੀ (ਮੋਹਾਲੀ) ਵੱਲੋਂ ਸਰਪੰਚ ਦਵਿੰਦਰ ਸਿੰਘ ਦੀ ਦੇਖ-ਰੇਖ ਹੇਠ ਪਿੰਡ ਨਡਿਆਲੀ ਵਿਖੇ ਕੁਸ਼ਤੀ ਦੰਗਲ ਕਰਵਾਇਆ ਗਿਆ, ਵਿਧਾਇਕ ਕੁਲਵੰਤ ਸਿੰਘ ਮੁੱਖ ਮਹਿਮਾਨ ਵਜੋਂ ਸ਼ਮੂਲੀਅਤ ਕੀਤੀ। ਵਿਧਾਇਕ ਕੁਲਵੰਤ ਸਿੰਘ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਕਿਹਾ ਕਿ



ਦਵਿੰਦਰ ਸਿੰਘ ਸਰਪੰਚ ਦੀ ਸਮੁੱਚੀ ਟੀਮ ਖੇਡ ਮੇਲਾ ਕਰਵਾ ਰਹੀ ਹੈ, ਮਾਤਾ ਸ਼ੀਤਲਾ ਟੀਮ ਤੇ ਆਪਣਾ ਆਸ਼ੀਰਵਾਦ ਇਸੇ ਤਰ੍ਹਾਂ ਬਣਾਈ ਰੱਖੇ, ਵਿਧਾਇਕ ਕੁਲਵੰਤ ਸਿੰਘ ਹੋਰਾਂ ਕਿਹਾ ਕਿ ਪੰਜਾਬ ਦੀਆਂ ਖੇਡਾਂ ਕਬੱਡੀ ਅਤੇ ਕੁਸ਼ਤੀਆਂ ਪੂਰੀ ਤਰ੍ਹਾਂ ਜੋਰ-ਅਜਮਾਇਸ਼ ਦੀ ਖੇਡ ਹੈ। ਆਮ ਆਦਮੀ ਪਾਰਟੀ ਦੀ ਸਰਕਾਰ ਖੇਡਾਂ ਨੂੰ ਉਤਸ਼ਾਹਿਤ ਕਰਨ 'ਚ ਜੁਟੀ ਹੋਈ ਹੈ, ਮਾਨਯੋਗ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਹੋਰਾਂ ਦੇ ਵੱਲੋਂ ਪੰਜਾਬ ਭਰ ਵਿੱਚ ਖੇਡ ਮੇਲੇ ਵੱਡੀ ਪੱਧਰ ਤੇ ਸ਼ੁਰੂ ਕੀਤੇ ਗਏ ਹਨ, ਭਗਵੰਤ ਸਿੰਘ ਮਾਨ ਦੀ ਸਰਕਾਰ ਵੱਲੋਂ ਦਿੱਤੀਆਂ ਗਈਆਂ ਸਾਰੀਆਂ ਗਰੰਟੀਆਂ ਅਤੇ ਵਾਅਦੇ ਪੂਰੇ ਕਰ ਦਿੱਤੇ ਗਏ ਹਨ ਅਤੇ ਲੋਕਾਂ ਦੇ ਸਹਿਯੋਗ ਤੇ ਆਸ਼ੀਰਵਾਦ ਸਦਕਾ ਹੀ ਇਹ ਸਭ ਕੁਝ ਸੰਭਵ ਹੋ ਸਕਿਆ ਹੈ। ਵਿਧਾਇਕ ਕੁਲਵੰਤ ਸਿੰਘ ਵੱਲੋਂ ਖੇਡ ਪ੍ਰਬੰਧਕਾਂ ਨੂੰ 31000 ਦੇਣ ਦਾ ਐਲਾਨ ਵੀ ਕੀਤਾ।

# ਔਰਤਾਂ ਦੇ ਸਸ਼ਕਤੀਕਰਣ ਨਾਲ ਹੀ ਸਮਾਜ ਦੀ ਤਰੱਕੀ ਸੰਭਵ : ਹਰਜੀ ਮਾਨ

**ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)**- ਪੇਂਡੂ ਵਿਕਾਸ ਅਤੇ ਪੰਚਾਇਤ ਵਿਭਾਗ ਵਲੋਂ ਪੰਜਾਬ ਰਾਜ ਦਿਹਾਤੀ ਆਜੀਵਿਕਾ ਮਿਸ਼ਨ ਤਹਿਤ ਅੰਤਰ-ਰਾਸ਼ਟਰੀ ਮਹਿਲਾ ਦਿਵਸ ਨੂੰ ਸਮਰਪਿਤ ਇੱਕ ਸਨਮਾਨ ਸਮਾਗਮ ਬਲਾਕ ਵਿਕਾਸ ਅਤੇ ਪੰਚਾਇਤ ਅਫਸਰ ਲਖਵਿੰਦਰ ਕਲੇਰ ਦੀ ਅਗਵਾਈ ਹੇਠ ਸਥਾਨਕ ਆਡੀਟੋਰੀਅਮ ਵਿਖੇ ਕਰਵਾਇਆ ਗਿਆ। ਆਪਣਾ ਕਾਰੋਬਾਰ, ਆਪਣੀ ਪਛਾਣ ਸਿਰਨਾਵੇਂ ਹੇਠ ਆਯੋਜਿਤ ਇਸ ਸਮਾਗਮ ਵਿੱਚ ਬਤੌਰ ਮੁੱਖ ਮਹਿਮਾਨ ਆਮ ਆਦਮੀ ਪਾਰਟੀ ਦੇ ਸੂਬਾ ਸਪੋਕਸ ਪਰਸਨ ਹਰਨੂਰ ਸਿੰਘ ਹਰਜੀ ਮਾਨ ਹਲਕਾ ਇੰਚਾਰਜ ਫਗਵਾੜਾ ਨੇ ਸ਼ਿਰਕਤ ਕੀਤੀ। ਜਦਕਿ ਮੁੱਖ ਬੁਲਾਰਿਆਂ ਵਜੋਂ ਗਗਨਦੀਪ ਸਿੰਘ ਡੀ.ਪੀ.ਐਮ., ਕਰਨਵੀਰ ਕੁਮਾਰ ਬੀ.ਪੀ.ਐਮ., ਗੀਤਾ ਕਸ਼ਿਯਪ ਬੀ.ਪੀ.ਐਮ., ਸਾਕਸ਼ੀ ਲੱਦੜ ਐਕਟੀਵੁਮੈਨ ਕਪੂਰਥਲਾ ਤੋਂ ਇਲਾਵਾ ਗੁਰਦੀਪ ਸਿੰਘ ਦੀਪਾ ਸ਼ਾਮਲ ਹੋਏ। ਹਲਕਾ ਇੰਚਾਰਜ ਹਰਜੀ ਮਾਨ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਅੱਜ ਦੇ ਸਮੇਂ ਵਿੱਚ ਮਹਿਲਾਵਾਂ ਹਰ ਖੇਤਰ ਵਿੱਚ ਆਪਣੀ ਯੋਗਤਾ ਦਾ ਲੋਹਾ ਮਨਵਾ ਰਹੀਆਂ ਹਨ ਅਤੇ ਸਰਕਾਰ ਵੱਲੋਂ ਵੀ ਉਨ੍ਹਾਂ ਨੂੰ ਆਤਮਨਿਰਭਰ ਬਣਾਉਣ ਲਈ ਵੱਖ-ਵੱਖ ਯੋਜਨਾਵਾਂ ਚਲਾਈਆਂ ਜਾ ਰਹੀਆਂ ਹਨ। ਉਨ੍ਹਾਂ ਕਿਹਾ ਕਿ ਜਦੋਂ ਔਰਤ ਆਰਥਿਕ ਤੌਰ 'ਤੇ ਮਜ਼ਬੂਤ ਹੁੰਦੀ ਹੈ ਤਾਂ ਪੂਰਾ ਪਰਵਾਰ ਅਤੇ ਸਮਾਜ ਮਜ਼ਬੂਤ ਹੁੰਦਾ ਹੈ। ਵੱਖ-ਵੱਖ ਬੁਲਾਰਿਆਂ ਨੇ ਆਪਣੇ



ਵਿਚਾਰ ਪ੍ਰਗਟ ਕਰਦਿਆਂ ਕਿਹਾ ਕਿ ਪੰਜਾਬ ਰਾਜ ਦਿਹਾਤੀ ਆਜੀਵਿਕਾ ਮਿਸ਼ਨ ਦੇ ਤਹਿਤ ਸਵੈ ਸਹਾਇਤਾ ਸਮੂਹਾਂ ਨਾਲ ਜੁੜੀਆਂ ਮਹਿਲਾਵਾਂ ਨੂੰ ਸਿਰਫ਼ ਆਰਥਿਕ ਮਦਦ ਹੀ ਨਹੀਂ ਸਗੋਂ ਤਾਲੀਮ, ਮਾਰਗਦਰਸ਼ਨ ਅਤੇ ਬਾਜ਼ਾਰ ਨਾਲ ਜੋੜਨ ਲਈ ਵੀ ਵਿਸ਼ੇਸ਼ ਉਪਰਾਲੇ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਇਸ ਮਿਸ਼ਨ ਰਾਹੀਂ ਪਿੰਡਾਂ ਦੀਆਂ ਔਰਤਾਂ ਨੂੰ ਛੋਟੇ-ਛੋਟੇ ਉਦਯੋਗਾਂ, ਹਸਤਕਲਾ ਅਤੇ ਘਰੇਲੂ ਕਾਰੋਬਾਰਾਂ ਰਾਹੀਂ ਆਪਣੀ ਵੱਖਰੀ ਪਛਾਣ ਬਣਾਉਣ ਦਾ ਮੌਕਾ ਮਿਲ ਰਿਹਾ ਹੈ। ਸਟੇਜ ਦੀ ਸੇਵਾ ਸੀਮਾ ਰਾਣਾ ਵਲੋਂ ਬਾਖੂਬੀ ਨਿਭਾਈ ਗਈ। ਇਸ ਮੌਕੇ ਜੋਧਾ ਸਿੰਘ ਕਲਸਟਰ ਕੋਆਰਡੀਨੇਟਰ ਸੁਲਤਾਨਪੁਰ ਲੋਧੀ, ਮੇਜਰ ਸਿੰਘ ਜੀ.ਆਰ.ਐਸ., ਡਿਪਟੀ ਮੇਅਰ ਵਿੱਕੀ ਸੂਦ, ਪ੍ਰੋਫੈਸਰ ਭੁਪਿੰਦਰ ਕੌਰ, ਰੀਟਾ ਰਾਣੀ, ਸੋਢੀ ਸਿੰਘ, ਨੇਹਾ ਓਹਰੀ, ਵਰੁਨਿਕਾ ਬੇਦੀ, ਕੁਲਜੀਤ ਕੌਰ, ਸਲੋਨੀ ਜੈਨ, ਪ੍ਰੀਤੀ ਸ਼ਰਮਾ, ਕੌਂਸਲਰ ਪਰਵੀਨ ਠਾਕੁਰ, ਕੁਲਵੰਤ ਕੌਰ ਸਰਪੰਚ ਢੱਡੋਲੀ, ਸੁਨੀਤਾ ਸਰਪੰਚ ਦੁੱਗਾਂ, ਮਲਕੀਤ ਚੰਦ ਪੰਚਾਇਤ ਸਕੱਤਰ, ਸੁਲੱਖਣ ਸਿੰਘ ਟੀ.ਸੀ., ਸੁਰਿੰਦਰ ਕੁਮਾਰ ਏ.ਪੀ.ਓ., ਅਜੇ ਕੁਮਾਰ ਬਲਾਕ ਸੰਮਤੀ ਮੈਂਬਰ ਖਜੂਰਲਾ, ਅਮਰਿੰਦਰ ਸਿੰਘ ਸੈਣੀ, ਨਰਿੰਦਰ ਸਿੰਘ ਸਰਪੰਚ ਮਾਧੋਪੁਰ, ਰੇਨੂੰ ਰਾਣੀ, ਜਸਬੀਰ ਕੌਰ, ਨੀਰੂ, ਰਿਤਿਕਾ, ਕਾਮਨੀ, ਕਰੀਨਾ, ਪ੍ਰਦੀਪ ਕੌਰ, ਕਿਰਨ ਗੁਰਪ੍ਰੀਤ ਕੌਰ, ਬਲਵੀਰ ਠਾਕੁਰ, ਗੋਪੀ ਬੇਦੀ ਆਦਿ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਮਹਿਲਾਵਾਂ, ਸਵੈ ਸਹਾਇਤਾ ਸਮੂਹਾਂ ਦੇ ਮੈਂਬਰ ਅਤੇ ਵਿਭਾਗੀ ਅਧਿਕਾਰੀ ਹਾਜ਼ਰ ਸਨ।

# ਬੰਟੀ ਵਾਲੀਆ ਦੀ ਅਗਵਾਈ ਹੇਠ ਬਲਾਕ ਕਾਂਗਰਸ ਦੀ ਮੀਟਿੰਗ



**ਫਗਵਾੜਾ (ਡਾ. ਰਮਨ)**- ਬਲਾਕ ਕਾਂਗਰਸ ਫਗਵਾੜਾ ਸ਼ਹਿਰੀ ਪ੍ਰਧਾਨ ਤਰਨਜੀਤ ਸਿੰਘ ਬੰਟੀ ਵਾਲੀਆ ਕੌਂਸਲਰ ਦੀ ਪ੍ਰਧਾਨਗੀ ਹੇਠ ਕਾਂਗਰਸੀ ਆਗੂਆਂ ਦੀ ਇੱਕ ਮੀਟਿੰਗ ਵਿਧਾਇਕ ਬਲਵਿੰਦਰ ਸਿੰਘ ਧਾਲੀਵਾਲ ਦੇ ਗ੍ਰਹਿ ਵਿਖੇ ਹੋਈ। ਮੀਟਿੰਗ ਦੌਰਾਨ ਫਰਵਰੀ 2027 ਵਿੱਚ ਸੰਭਾਵਿਤ ਪੰਜਾਬ ਵਿਧਾਨ ਸਭਾ ਚੋਣਾਂ ਦੀਆਂ ਤਿਆਰੀਆਂ ਬਾਰੇ ਵਿਸਥਾਰ ਨਾਲ ਚਰਚਾ ਕੀਤੀ ਗਈ। ਬਲਾਕ ਪ੍ਰਧਾਨ ਬੰਟੀ ਵਾਲੀਆ ਨੇ ਦੱਸਿਆ ਕਿ ਮੀਟਿੰਗ ਦਾ ਉਦੇਸ਼ ਪਾਰਟੀ ਦੀ ਸੰਗਠਨਾਤਮਕ ਤਾਕਤ ਨੂੰ ਮਜ਼ਬੂਤ ਕਰਨਾ, ਬੂਥ ਪੱਧਰੀ ਸਰਗਰਮੀ ਨੂੰ ਯਕੀਨੀ ਬਣਾਉਣਾ ਤੇ ਪੰਜਾਬ ਸਰਕਾਰ ਦੀਆਂ ਨਾਕਾਮੀਆਂ ਨੂੰ ਜਨਤਾ ਸਾਹਮਣੇ ਉਜਾਗਰ ਕਰਕੇ ਆਉਣ ਵਾਲੀਆਂ ਚੋਣਾਂ ਲਈ ਇੱਕ ਮਜ਼ਬੂਤ ਰਣਨੀਤੀ ਤਿਆਰ ਕਰਨਾ ਸੀ। ਉਨ੍ਹਾਂ ਕਿਹਾ ਕਿ ਹਾਈ ਕਮਾਂਡ ਦੇ ਹੁਕਮਾਂ ਅਨੁਸਾਰ ਜਲਦੀ ਹੀ ਵਿਧਾਇਕ ਬਲਵਿੰਦਰ ਸਿੰਘ ਧਾਲੀਵਾਲ ਨਾਲ ਸਲਾਹ-ਮਸ਼ਵਰਾ ਕਰਕੇ ਬੂਥ ਪੱਧਰੀ ਕਮੇਟੀਆਂ ਨਾਲ ਮੀਟਿੰਗਾਂ ਜਲਦੀ ਸ਼ੁਰੂ ਕੀਤੀਆਂ ਜਾਣਗੀਆਂ ਤਾਂ ਜੋ ਪਾਰਟੀ ਦੀ ਪਹੁੰਚ ਵੱਧ ਤੋਂ ਵੱਧ ਵੋਟਰਾਂ ਤੱਕ ਯਕੀਨੀ ਬਣਾਈ ਜਾ ਸਕੇ। ਉਨ੍ਹਾਂ ਸਾਰੇ ਕਾਂਗਰਸੀ ਵਰਕਰਾਂ ਅਤੇ ਸਮਰਥਕਾਂ ਨੂੰ ਅਗਲੇ ਸਾਲ ਹੋਣ ਵਾਲੀਆਂ ਵਿਧਾਨ ਸਭਾ ਚੋਣਾਂ ਲਈ ਤਿਆਰੀ ਕਰਨ ਦਾ ਸੱਦਾ ਵੀ ਦਿੱਤਾ। ਮੀਟਿੰਗ ਵਿੱਚ ਸੰਜੀਵ ਟੀਟੂ, ਇੰਸਪੈਕਟਰ ਬਿਕਰਮ ਸਿੰਘ, ਤੁਲਸੀ ਰਾਮ ਖੋਸਲਾ, ਸੁਨੀਲ ਪਾਂਡੇ, ਡਾ: ਰਮਨ ਸ਼ਰਮਾ, ਸੌਰਵ ਜੋਸ਼ੀ, ਨਰੇਸ਼ ਰੰਗੜ, ਨਰਿੰਦਰ ਸਿੰਘ ਠੇਕੇਦਾਰ, ਬੌਬੀ ਵੋਹਰਾ, ਜੋਏ ਉੱਪਲ, ਪੰਕਜ ਘੇੜਾ, ਡਾ: ਜੋਗਿੰਦਰਪਾਲ ਹੈਪੀ, ਹਰਵਿੰਦਰ ਲਾਲ ਰਾਣੀਪੁਰ, ਸਰਦਾਰੀ ਲਾਲ, ਯੋਗੇਸ਼ ਕੌਲ, ਨਰਿੰਦਰ ਸਿੰਘ, ਪਤਵਿੰਦਰ ਕੌਰ ਪਿੰਕੀ, ਨਰਿੰਦਰਪਾਲ ਮਾਹੀ, ਸ਼ਰਦਾਨੰਦ ਸਿੰਘ ਆਦਿ ਹਾਜ਼ਰ ਸਨ।

# ਫੁੱਟਬਾਲ ਖਿਡਾਰੀ ਨੂੰ ਨਮ ਅੱਖਾਂ ਨਾਲ ਦਿੱਤੀ ਵਿਦਾਈ

**ਪੋਜੇਵਾਲ/ਬਲਾਚੌਰ (ਰਾਮ ਲਾਲ/ਜਸਵਿੰਦਰ ਬੈਂਸ)**- ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੀ ਸਬ ਡਿਵੀਜ਼ਨ ਬਲਾਚੌਰ ਅਧੀਨ ਪੈਂਦੇ ਕਸਬਾ ਮਾਜਰੀ ਦੇ ਫੁੱਟਬਾਲ ਖਿਡਾਰੀ ਦੀ ਮਿਤੀ 10 ਮਾਰਚ ਨੂੰ ਪਿੰਡ ਬਛੋੜੀ ਵਿਖੇ ਫੁੱਟਬਾਲ ਟੂਰਨਾਮੈਂਟ ਖੇਡਦੇ ਸਮੇਂ ਅਚਾਨਕ ਅਟੈਕ ਹੋ ਗਿਆ ਜਿਸ ਨਾਲ ਉਸ ਦੀ ਮੌਤ ਹੋ ਗਈ।ਮਿਲੀ ਜਾਣਕਾਰੀ ਮੁਤਾਬਕ ਇਸ ਫੁੱਟਬਾਲ ਖਿਡਾਰੀ ਦਾ ਨਾਂਅ ਰਵਿੰਦਰ



ਸਿੰਘ ਮਜਾਰੀ ਪਿਤਾ ਕਸ਼ਮੀਰ ਸਿੰਘ ਹੈ।ਇਸ ਮੌਕੇ ਮ੍ਰਿਤਕ ਦੀ ਅੰਤਿਮ ਸਮੇਂ ਯਾਤਰਾ ਸਮੇਂ ਪਰਵਾਰਕ ਮੈਂਬਰ, ਰਿਸ਼ਤੇਦਾਰ,ਖੇਡ ਪ੍ਰੇਮੀਆਂ ,ਵੱਡੀ ਗਿਣਤੀ ਵਿੱਚ ਪਹੁੰਚੇ ਫੁੱਟਬਾਲ ਖਿਡਾਰੀ ਤੇ ਇਲਾਕੇ ਨਮ ਅੱਖਾਂ ਨਾਲ ਹਾਜਰੀ ਲਗਵਾਈ। ਮ੍ਰਿਤਕ ਦੇਹ ਦਾ ਨਮ ਅੱਖਾਂ ਅੰਤਿਮ ਸਸਕਾਰ ਕੀਤਾ ਗਿਆ।ਚਿਖਾ ਨੂੰ ਅਗਨੀ ਵੱਡੇ ਭਰਾ ਭੁਪਿੰਦਰ ਸਿੰਘ ਵਲੋ ਦਿਖਾਈ ਗਈ। ਇਹ ਨੌਜਵਾਨ ਇਸ ਵੇਲੇ ਨਾਮਧਾਰੀ ਫੁਟਬਾਲ ਕਲੱਬ ਸ੍ਰੀ ਭੈਣੀ ਸਾਹਿਬ ਜਿਲਾ ਲੁਧਿਆਣਾ ਵੱਲੋਂ ਖੇਡਦਾ ਸੀ।ਇਸ ਮੌਕੇ ਮ੍ਰਿਤਕ ਦੇ ਪਿਤਾ ਕਸ਼ਮੀਰ ਸਿੰਘ,ਭਰਾ ਭੁਪਿੰਦਰ ਸਿੰਘ, ਵੱਖ-ਵੱਖ ਫੁਟਬਾਲ ਕਲੱਬਾਂ ਦੇ ਖਿਡਾਰੀ, ਸਰਪੰਚ ਰਸਪਾਲ ਸਿੰਘ, ਸਾਬਕਾ ਸਰਪੰਚ ਅਵਤਾਰ ਸਿੰਘ ਮਾਹੀ, ਸਤਨਾਮ ਸਿੰਘ ਅਟਵਾਲ, ਅਜੈਬ ਸਿੰਘ ਚੱਕ ਗੁਜਰਾਂ, ਕੁਲਵਿੰਦਰ ਸਿੰਘ ਸਮੁੰਦੜਾ, ਇਕਬਾਲ ਸਿੰਘ ਖੇੜਾ, ਮਨਜੀਤ ਸਿੰਘ ਲਾਡੀ, ਪਰਮਿੰਦਰ ਸਿੰਘ ਬਛੋੜੀ, ਰਸਵਿੰਦਰ ਸਿੰਘ ਬੱਲ, ਸੁਖਵਿੰਦਰ ਸਿੰਘ ਸੁੱਖਾ, ਬਲਵੰਤ ਸਿੰਘ ਰਹੱਲੀ, ਕਾਕਾ ਡਗਾਮ, ਜੁਝਾਰ ਸਿੰਘ ਰੱਕੜ, ਮੋਹਣ ਸਿੰਘ ਪਨੇਸਰ ,ਸੁਖਵਿੰਦਰ ਸਿੰਘ ਪਨੇਸਰ, ਬਚਿੱਤਰ ਸਿੰਘ ਭਾਰਾਪੁਰ, ਤਿਲਕਰਾਜ ਸੂਦ, ਆਦਿ ਹਾਜ਼ਰ ਸਨ।

# ਨਸ਼ਿਆਂ ਤੇ ਸਮਾਜਿਕ ਬੁਰਾਈਆਂ ਤੋਂ ਬਚਾਉਣ ਲਈ ਨੌਜਵਾਨ ਪੀੜ੍ਹੀ ਨੂੰ ਖੇਡਾਂ ਨਾਲ ਜੋੜਨਾ ਜ਼ਰੂਰੀ : ਡਾ. ਸੀਮਾਂਤ ਗਰਗ

**ਮੋਗਾ, (ਇਕਬਾਲ ਸਿੰਘ ਖਹਿਰਾ)** ਨਸ਼ਿਆਂ ਤੇ ਸਮਾਜਿਕ ਬੁਰਾਈਆਂ ਤੋਂ ਦੂਰ ਰਹਿਣ ਲਈ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨਾ ਅਤੀ ਜ਼ਰੂਰੀ ਹੈ।ਖੇਡਾਂ ਜਿੱਥੇ ਸਰੀਰਕ ਤੌਰ 'ਤੇ ਮਨੁੱਖ ਨੂੰ ਨਰੋਆ ਬਣਾਉਂਦੀਆਂ ਹਨ,



ਉੱਥੇ ਹੀ ਟੀਚੇ ਸਰ ਕਰਨ ਦੀ ਚਾਹਨਾ ਵੀ ਪੈਦਾ ਹੁੰਦੀ ਹੈ।ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ ਭਾਜਪਾ ਦੇ ਸਾਬਕਾ ਜ਼ਿਲ੍ਹਾ ਪ੍ਰਧਾਨ ਡਾ. ਸੀਮਾਂਤ ਗਰਗ ਨੇ ਕੋਸਕੋ ਕ੍ਰਿਕਟ ਟੂਰਨਾਮੈਂਟ 'ਚ ਜੇਤੂ ਖਿਡਾਰੀਆਂ ਨੂੰ ਟਰਾਫੀਆਂ ਨਾਲ ਸਨਮਾਨਤ ਕਰਦੇ ਹੋਏ ਐਂਟੀ-ਡਰੱਗ ਟੀਮ ਪੰਜਾਬ ਦੇ ਮੌਕੇ ਕੀਤਾ।ਇਸ ਮੌਕੇ ਸੀਨੀਅਰ ਅਕਾਲੀ ਆਗੂ ਦਵਿੰਦਰ ਸਿੰਘ ਰਣੀਆਂ, ਸੂਬਾ ਪ੍ਰਧਾਨ ਸੁਖਦੀਪ ਸਿੰਘ ਭੰਬ, ਉਪ ਪ੍ਰਧਾਨ ਪਰਮਿੰਦਰ ਸਿੰਘ, ਸਕੱਤਰ ਗੁਰਪ੍ਰੀਤ ਸਿੰਘ, ਪ੍ਰਿੰਸ ਗੇਂਦੂ ਤੇ ਮੋਗਾ ਜ਼ਿਲ੍ਹੇ ਦੇ ਕਮੇਟੀ ਮੈਂਬਰ ਮੌਜੂਦ ਸਨ।ਡਾ. ਸੀਮਾਂਤ ਗਰਗ ਨੇ ਕਿਹਾ ਕਿ ਐਂਟੀ-ਡਰੱਗ ਟੀਮ ਪੰਜਾਬ ਵੱਲੋਂ ਕੋਸਕੋ ਕ੍ਰਿਕਟ ਟੂਰਨਾਮੈਂਟ ਕਰਾਉਣਾ ਇੱਕ ਬਹੁਤ ਵਧੀਆ ਉਪਰਾਲਾ ਹੈ।ਇਸ ਨਾਲ ਨੌਜਵਾਨਾਂ ਨੂੰ ਬੁਰਾਈ ਤੋਂ ਦੂਰ ਰੱਖਣ ਵਿੱਚ ਮਦਦ ਮਿਲੇਗੀ।ਉਨ੍ਹਾਂ ਕਿਹਾ ਕਿ ਅੱਜ ਕ੍ਰਿਕਟ ਖਿਡਾਰੀ ਦੁਨੀਆ ਭਰ ਦੇ ਵੱਡੇ ਦੇਸ਼ਾਂ ਵਿੱਚ ਮਹੱਤਵਪੂਰਨ ਅਹੁਦਿਆਂ 'ਤੇ ਪਹੁੰਚ ਕੇ ਆਪਣਾ, ਆਪਣੇ ਦੇਸ਼ ਤੇ ਆਪਣੇ ਸੂਬੇ ਦਾ ਨਾਂਅ ਰੌਸ਼ਨ ਕਰ ਰਹੇ ਹਨ।ਡਾ. ਸੀਮਾਂਤ ਗਰਗ ਨੇ ਜੇਤੂ ਖਿਡਾਰੀਆਂ ਨੂੰ ਵਧਾਈ ਦਿੱਤੀ ਤੇ ਰਿਫਰੈਸ਼ਮੈਂਟ ਦਾ ਪ੍ਰਬੰਧ ਕੀਤਾ।ਉਨ੍ਹਾਂ ਨੇ ਟੂਰਨਾਮੈਂਟ ਕਰਾਉਣ ਲਈ ਕਾਸਕੋ ਕ੍ਰਿਕਟ ਟੂਰਨਾਮੈਂਟ ਦੇ ਪ੍ਰਬੰਧਕਾਂ ਨੂੰ ਵੀ ਵਧਾਈ ਦਿੱਤੀ, ਕਿਹਾ ਕਿ ਸਾਰੀਆਂ ਸੰਸਥਾਵਾਂ ਨੂੰ ਅਜਿਹੇ ਟੂਰਨਾਮੈਂਟ ਕਰਾਉਣੇ ਚਾਹੀਦੇ ਹਨ।

# 'ਸਿੱਖ ਔਰਤ : ਅੰਗਰੇਜ਼ੀ ਸਾਹਿਤ 'ਚ ਬਿਰਤਾਂਤ' ਵਿਸ਼ੇ 'ਤੇ ਅੰਤਰ-ਵਿਭਾਗੀ ਮੁਕਾਬਲਾ

**ਫ਼ਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)** ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਦੇ ਅੰਗਰੇਜ਼ੀ ਵਿਭਾਗ ਨੇ ਅੰਤਰਰਾਸ਼ਟਰੀ ਮਹਿਲਾ ਦਿਵਸ ਨੂੰ ਸਮਰਪਤ 'ਸਿੱਖ ਔਰਤ: ਅੰਗਰੇਜ਼ੀ ਸਾਹਿਤ ਵਿੱਚ ਬਿਰਤਾਂਤ' ਸਿਰਲੇਖ ਹੇਠ ਇੱਕ ਅੰਤਰ-ਵਿਭਾਗੀ ਮੁਕਾਬਲਾ ਕਰਾਇਆ।ਇਸ ਸਮਾਗਮ ਦਾ ਉਦੇਸ਼



ਅੰਗਰੇਜ਼ੀ ਸਾਹਿਤ ਵਿੱਚ ਸਿੱਖ ਔਰਤਾਂ ਦੀ ਪ੍ਰਤੀਨਿਧਤਾ ਨੂੰ ਆਲੋਚਨਾਤਮਕ ਤੌਰ 'ਤੇ ਸ਼ਾਮਲ ਕਰਨਾ ਸੀ। ਯੂਨੀਵਰਸਿਟੀ ਦੇ ਵੱਖ-ਵੱਖ ਵਿਭਾਗਾਂ ਦੇ ਲਗਭਗ ਤੀਹ ਵਿਦਿਆਰਥੀਆਂ ਨੇ ਮੁਕਾਬਲੇ ਵਿੱਚ ਉਤਸ਼ਾਹ ਨਾਲ ਹਿੱਸਾ ਲਿਆ ਤੇ ਗਲਪ ਵਿੱਚ ਦਰਸਾਏ ਗਏ ਸਿੱਖ ਔਰਤ ਪਾਤਰਾਂ ਦੀਆਂ ਵਿਚਾਰਸ਼ੀਲ ਵਿਆਖਿਆਵਾਂ ਪੇਸ਼ ਕੀਤੀਆਂ।ਆਪਣੀਆਂ ਪੇਸ਼ਕਾਰੀਆਂ ਰਾਹੀਂ ਭਾਗੀਦਾਰਾਂ ਨੇ ਸਿੱਖ ਔਰਤਾਂ ਦੇ ਸਮਾਜਿਕ, ਸੱਭਿਆਚਾਰਕ ਅਤੇ ਇਤਿਹਾਸਕ ਸੰਦਰਭਾਂ 'ਤੇ ਪ੍ਰਤੀਬਿੰਬਤ ਕਰਦੇ ਹੋਏ ਉਨ੍ਹਾਂ ਦੇ ਸੰਘਰਸ਼, ਪਛਾਣ ਤੇ ਏਜੰਸੀ ਨੂੰ ਉਜਾਗਰ ਕੀਤਾ। ਸਮਾਗਮ ਦਾ ਆਯੋਜਨ ਅੰਗਰੇਜ਼ੀ ਦੇ ਸਹਾਇਕ ਪ੍ਰੋਫੈਸਰ ਸ਼੍ਰੀਮਤੀ ਪਰਮਿੰਦਰ ਕੌਰ ਦੁਆਰਾ ਕੀਤਾ ਗਿਆ।ਮੁਕਾਬਲੇ ਦਾ ਨਿਰਣਾ ਡਾ. ਕਿਰਨਦੀਪ ਕੌਰ, ਐਸੋਸੀਏਟ ਪ੍ਰੋਫੈਸਰ ਆਫ਼ ਰਿਲੀਜੀਅਸ ਸਟੱਡੀਜ਼ ਅਤੇ ਕੋਆਰਡੀਨੇਟਰ, ਵੂਮੈਨ ਡਿਵੈਲਪਮੈਂਟ ਸੈੱਲ ਤੇ ਡਾ. ਬਲਜੀਤ ਕੌਰ, ਅਸਿਸਟੈਂਟ ਪ੍ਰੋਫੈਸਰ ਆਫ਼ ਇੰਗਲਿਸ਼ ਨੇ ਕੀਤਾ।ਮੁਕਾਬਲੇ ਵਿੱਚ ਭੌਤਿਕ ਵਿਗਿਆਨ ਵਿਭਾਗ ਤੋਂ ਦਿਸ਼ਾਂਤ ਕੌਰ ਨੇ ਪਹਿਲਾ ਸਥਾਨ, ਅੰਗਰੇਜ਼ੀ ਵਿਭਾਗ ਤੋਂ ਮਨੀਸ਼ਾ ਨੇ ਦੂਜਾ ਸਥਾਨ ਤੇ ਵਣਜ ਅਤੇ ਪ੍ਰਬੰਧਨ ਵਿਭਾਗ ਤੋਂ ਅੰਮ੍ਰਿਤ ਕੌਰ ਨੇ ਤੀਜਾ ਸਥਾਨ ਪ੍ਰਾਪਤ ਕੀਤਾ।ਕੈਮਿਸਟਰੀ ਵਿਭਾਗ ਤੋਂ ਤਸਰੀਮ ਕੌਰ ਨੂੰ ਬੀਬੀ ਸ਼ਰਨ ਕੌਰ 'ਤੇ ਉਨ੍ਹਾਂ ਦੇ ਭਾਸ਼ਣ ਲਈ ਵਿਸ਼ੇਸ਼ ਇਨਾਮ ਦਿੱਤਾ ਗਿਆ। ਡਾ. ਅੰਕਦੀਪ ਕੌਰ ਅਟਵਾਲ, ਐਸੋਸੀਏਟ ਪ੍ਰੋਫੈਸਰ ਅਤੇ ਮੁਖੀ, ਅੰਗਰੇਜ਼ੀ ਵਿਭਾਗ ਨੇ ਭਾਗੀਦਾਰਾਂ ਦੀ ਅੰਗਰੇਜ਼ੀ ਸਾਹਿਤ ਵਿੱਚ ਦਰਸਾਈਆਂ ਗਈਆਂ ਵੱਖ-ਵੱਖ ਸਿੱਖ ਔਰਤ ਪਾਤਰਾਂ ਦੀਆਂ ਸ਼ਕਤੀਸ਼ਾਲੀ ਕਹਾਣੀਆਂ ਤੇ ਸੰਘਰਸ਼ਾਂ ਦਾ ਵਰਣਨ ਅਤੇ ਵਿਸ਼ਲੇਸ਼ਣ ਕਰਨ 'ਤੇ ਸ਼ਲਾਘਾ ਕੀਤੀ।ਉਨ੍ਹਾਂ ਕਿਹਾ ਕਿ ਇਹ ਪਾਤਰ ਸਿੱਖ ਔਰਤ ਨੂੰ ਹਿੰਮਤ, ਵਿਰੋਧ ਤੇ ਸਸ਼ਕਤੀਕਰਨ ਦੀ ਮਿਸਾਲ ਵਜੋਂ ਦਰਸਾਉਂਦੇ ਹਨ।

# ਓ ਐੱਸ ਡੀ ਸੁਖਵੀਰ ਸਿੰਘ ਵੱਲੋਂ ਧੂਰੀ ਹਲਕੇ ਦੇ ਪਿੰਡਾਂ ਦਾ ਦੌਰਾ

**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)**- ਵਿਧਾਨ ਸਭਾ ਹਲਕਾ ਧੂਰੀ ਦੇ ਪਿੰਡਾਂ ਵਿੱਚ ਚੱਲ ਰਹੇ ਵਿਕਾਸ ਕਾਰਜਾਂ ਦਾ ਜਾਇਜ਼ਾ ਲੈਣ ਅਤੇ ਨਵੇਂ ਵਿਕਾਸ ਕੰਮਾਂ ਦੀ ਸ਼ੁਰੂਆਤ ਕਰਵਾਉਣ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ



ਦੇ ਓ ਐਸ ਡੀ ਸੁਖਵੀਰ ਸਿੰਘ ਵੱਲੋਂ ਪਿੰਡ ਸ਼ੇਰਪੁਰ ਸੋਢੀਆਂ, ਢਢੋਗਲ ਅਤੇ ਜੈਨਪੁਰ ਦਾ ਦੌਰਾ ਕੀਤਾ ਗਿਆ। ਇਸ ਦੌਰੇ ਦੌਰਾਨ ਉਨ੍ਹਾਂ ਵੱਲੋਂ ਕਰੀਬ 1 ਕਰੋੜ 57 ਲੱਖ ਰੁਪਏ ਦੀ ਲਾਗਤ ਨਾਲ ਹੋਣ ਵਾਲੇ ਵਿਕਾਸ ਕਾਰਜਾਂ ਦੀ ਸ਼ੁਰੂਆਤ ਕਰਵਾਈ ਗਈ। ਇਸ ਮੌਕੇ ਉਨ੍ਹਾਂ ਪਿੰਡ ਵਾਸੀਆਂ ਦੀਆਂ ਮੁਸ਼ਕਲਾਂ ਵੀ ਸੁਣੀਆਂ।ਇਸ ਮੌਕੇ ਸੁਖਵੀਰ ਸਿੰਘ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਪਿੰਡਾਂ ਦੇ ਸਰਵਪੱਖੀ ਵਿਕਾਸ ਲਈ ਵੱਡੇ ਪੱਧਰ 'ਤੇ ਉਪਰਾਲੇ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਮਾਨ ਦੀ ਸਪਸ਼ਟ ਹਦਾਇਤ ਹੈ ਕਿ ਲੋਕਾਂ ਨੂੰ ਬੁਨਿਆਦੀ ਸਹੂਲਤਾਂ ਮੁਹੱਈਆ ਕਰਵਾਉਣ ਲਈ ਵਿਕਾਸ ਕਾਰਜਾਂ ਵਿੱਚ ਕੋਈ ਕਮੀ ਨਾ ਰਹਿਣ ਦਿੱਤੀ ਜਾਵੇ ਅਤੇ ਹਰੇਕ ਪਿੰਡ ਵਿੱਚ ਲੋਕਾਂ ਦੀਆਂ ਲੋੜਾਂ ਅਨੁਸਾਰ ਵਿਕਾਸ ਪ੍ਰੋਜੈਕਟ ਲਾਗੂ ਕੀਤੇ ਜਾਣ। ਉਨ੍ਹਾਂ ਦੱਸਿਆ ਕਿ ਨਾਭਾ-ਧੂਰੀ-ਮਾਲੇਰਕੋਟਲਾ ਸੜਕ ਵਾਇਆ ਲਾਗੜੀਆ, ਨਿਆਮਤਪੁਰ, ਜੈਨਪੁਰ, ਬਨਭੌਰਾ ਅਤੇ ਮਾਨਕਮਾਜਰਾ ਕਰੀਬ 21.25 ਕਿਲੋਮੀਟਰ ਲੰਮੀ ਸੜਕ ਨੂੰ 17 ਕਰੋੜ ਰੁਪਏ ਦੀ ਲਾਗਤ ਨਾਲ 18 ਫੁੱਟ ਚੌੜਾ ਕੀਤਾ ਜਾਵੇਗਾ, ਜਿਸ ਨਾਲ ਇਲਾਕੇ ਦੇ ਲੋਕਾਂ ਨੂੰ ਆਵਾਜਾਈ ਵਿੱਚ ਵੱਡੀ ਸਹੂਲਤ ਮਿਲੇਗੀ।ਉਨ੍ਹਾਂ ਦੱਸਿਆ ਕਿ ਪਿੰਡ ਸ਼ੇਰਪੁਰ ਸੋਢੀਆਂ ਵਿਖੇ ਹੁਣ ਤੱਕ ਕਰੀਬ 1.7 ਕਰੋੜ ਰੁਪਏ ਦੇ ਵਿਕਾਸ ਕਾਰਜ ਕਰਵਾਏ ਜਾ ਚੁੱਕੇ ਹਨ, ਜਦਕਿ 77 ਲੱਖ ਰੁਪਏ ਦੇ ਨਵੇਂ ਵਿਕਾਸ ਕੰਮ ਸ਼ੁਰੂ ਕੀਤੇ ਜਾ ਰਹੇ ਹਨ। ਇਸ ਦੌਰਾਨ ਉਨ੍ਹਾਂ ਵੱਲੋਂ ਸ਼ਹੀਦ ਬਲਜੀਤ ਸਿੰਘ ਦੀ ਯਾਦ ਵਿੱਚ ਯਾਦਗਾਰੀ ਗੇਟ ਬਣਾਉਣ ਦੇ ਕੰਮ ਦੀ ਸ਼ੁਰੂਆਤ ਕਰਵਾਈ ਗਈ। ਉਨ੍ਹਾਂ ਦੱਸਿਆ ਕਿ ਜਾਖਲਾ ਤੋਂ ਸ਼ੇਰਪੁਰ ਸੋਢੀਆਂ ਤੱਕ ਕਰੀਬ 2.47 ਕਿਲੋਮੀਟਰ ਲੰਮੀ ਸੜਕ ਨੂੰ ਵੀ 18 ਫੁੱਟ ਚੌੜਾ ਕੀਤਾ ਜਾ ਰਿਹਾ ਹੈ।

## ਭਾਰਤ ਵਿਕਾਸ ਪ੍ਰੀਸ਼ਦ ਦੀ ਚੋਣ

**ਧੂਰੀ (ਮਨੋਹਰ ਸਿੰਘ ਸੱਗੂ)** ਭਾਰਤ ਵਿਕਾਸ ਪ੍ਰੀਸ਼ਦ (ਸੁਆਮੀ ਵਿਵੇਕਾਨੰਦ) ਬ੍ਰਾਂਚ ਧੂਰੀ ਦੀ ਚੋਣ ਮੀਟਿੰਗ ਪ੍ਰਧਾਨ ਸੁਰੇਸ਼ ਕੁਮਾਰ ਬਾਂਸਲ ਦੀ ਅਗਵਾਈ ਹੇਠ ਹੋਈ।ਮੀਟਿੰਗ 'ਚ ਪ੍ਰੀਸ਼ਦ ਦੀ ਸੂਬਾ ਜਨਰਲ ਸਕੱਤਰ ਸ੍ਰੀਮਤੀ ਡਾਕਟਰ ਮੀਨਾ ਕੁਮਾਰੀ, ਸੂਬਾ ਕਨਵੀਨਰ ਪ੍ਰਦੀਪ ਕੁਮਾਰ ਮਿੱਤਲ, ਜ਼ਿਲ੍ਹਾ ਪ੍ਰਧਾਨ ਅਮਰਜੀਤ ਕੁਮਾਰ ਤੇ ਸੁਨੀਤਾ ਗਰਗ ਉਚੇਚੇ ਤੌਰ 'ਤੇ ਹਾਜ਼ਰ



ਹੋਏ।ਪ੍ਰਧਾਨ ਸੁਰੇਸ਼ ਕੁਮਾਰ ਬਾਂਸਲ ਨੇ ਆਏ ਪ੍ਰੀਸ਼ਦ ਦੇ ਸਮੂਹ ਮੈਂਬਰਾਂ ਨੂੰ ਜੀ ਆਇਆਂ ਆਖਿਆ।ਅਹੁਦੇਦਾਰਾਂ ਦੀ ਹੋਈ ਚੋਣ 'ਚ ਬਸੰਤ ਕੁਮਾਰ ਨੂੰ ਸਰਬਸੰਮਤੀ ਨਾਲ ਪ੍ਰੀਸ਼ਦ ਦਾ ਪ੍ਰਧਾਨ, ਕ੍ਰਿਸ਼ਨ ਕੁਮਾਰ ਨੀਲੂ ਜਨਰਲ ਸਕੱਤਰ, ਇੰਦਰ ਵੇਸ ਨੋਨੀ ਨੂੰ ਵਿਤ ਸਕੱਤਰ ਬਣਾਇਆ ਗਿਆ। ਬਾਕੀ ਕਾਰਜਕਾਰਨੀ ਕਮੇਟੀ ਬਣਾਉਣ ਦੇ ਅਧਿਕਾਰ ਪ੍ਰਧਾਨ ਤੇ ਚੁਣੇ ਮੈਂਬਰਾਂ ਨੂੰ ਦਿੱਤੇ ਗਏ।ਚੋਣ ਉਪਰੰਤ ਨਵੇਂ ਬਣੇ ਪ੍ਰਧਾਨ ਬਸੰਤ ਕੁਮਾਰ ਨੇ ਪ੍ਰੀਸ਼ਦ ਦੇ ਸਮੂਹ ਮੈਂਬਰਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਪ੍ਰੀਸ਼ਦ ਵੱਲੋਂ ਮਿਲੀ ਜ਼ਿੰਮੇਵਾਰੀ ਨੂੰ ਤਨਦੇਹੀ ਨਾਲ ਨਿਭਾਉਣਗੇ ਤੇ ਪ੍ਰੀਸ਼ਦ ਦਾ ਨਾਂਅ ਸਿਖਰਾਂ 'ਤੇ ਲੈ ਕੇ ਜਾਣ ਲਈ ਵਚਨਬੱਧ ਰਹਿਣਗੇ। ਸੀਨੀਅਰ ਮੈਂਬਰਾਂ ਤੋਂ ਇਲਾਵਾ ਪ੍ਰੀਸ਼ਦ ਦੇ ਸਮੂਹ ਮੈਂਬਰ ਸਾਹਿਬਾਨਾਂ ਨੇ ਰਾਤ ਦੇ ਖਾਣੇ ਦਾ ਅਨੰਦ ਮਾਣਿਆ।

## ਬਲੱਡ ਡੋਨਰਜ਼ ਵੈਲਫੇਅਰ ਬੋਰਡ ਬਣਾਉਣ ਲਈ ਮੁੱਖ ਮੰਤਰੀ ਨੂੰ ਮਿਲਾਂਗੇ : ਸੂਬਾ ਪ੍ਰਧਾਨ

**ਪਟਿਆਲਾ, (ਰਾਜਿੰਦਰ ਸਿੰਘ ਥਿੰਦ)** ਬਲੱਡ ਐਸੋਸੀਏਸ਼ਨ ਪੰਜਾਬ ਦੀ ਮੀਟਿੰਗ ਸੂਬਾ ਪ੍ਰਧਾਨ ਸੁਖਵਿੰਦਰ ਸਿੰਘ ਮਠਾੜੂ ਦੀ ਅਗਵਾਈ ਹੇਠ ਮਾਨਸਾ ਨੇੜੇ ਪਿੰਡ ਭੰਮੇ ਖੁਰਦ ਵਿਖੇ ਹੋਈ।ਮੀਟਿੰਗ ਦੀ ਪ੍ਰਧਾਨਗੀ ਗੁਰਪ੍ਰੀਤ ਸਿੰਘ ਭੰਮੇ ਖੁਰਦ ਨੇ ਕੀਤੀ।ਮੀਟਿੰਗ ਦੌਰਾਨ ਸੂਬੇ ਭਰ ਵਿਚ ਖ਼ੂਨਦਾਨ ਕੈਂਪ ਲਗਾਉਣ ਵਾਲੀਆਂ ਸੰਸਥਾਵਾਂ ਨੂੰ ਪੇਸ਼ ਆ ਰਹੀਆਂ ਮੁਸ਼ਕਲਾਂ ਸੰਬੰਧੀ ਤੇ ਖ਼ੂਨਦਾਨੀਆ ਦੀ ਭਲਾਈ ਸੰਬੰਧੀ ਵਿਚਾਰ ਵਟਾਂਦਰਾ ਕੀਤਾ ਗਿਆ।ਇਸ ਮੌਕੇ



ਦਵਿੰਦਰ ਨੀਟੂ ਸੀਨੀਅਰ ਮੀਤ ਪ੍ਰਧਾਨ, ਹਰਦੀਪ ਸਨੌਰ ਪਟਿਆਲਾ ਮਿਸ਼ਨ ਲਾਲੀ ਤੇ ਹਰਿਆਲੀ ਦੇ ਮੋਢੀ, ਬਿਕਰਮਜੀਤ ਸਿੰਘ ਅੰਮ੍ਰਿਤਸਰ ਨੇ ਦੱਸਿਆ ਕਿ ਖ਼ੂਨਦਾਨੀਆਂ ਲਈ ਅਤੇ ਸਮਾਜ ਸੇਵਕਾਂ ਦੀ ਭਲਾਈ ਲਈ 'ਬਲੱਡ ਡੋਨਰਜ਼ ਵੈਲਫੇਅਰ ਬੋਰਡ' ਬਣਾਉਣ ਦੀ ਲੋੜ ਹੈ।ਐਸੋਸੀਏਸ਼ਨ ਵੱਲੋਂ ਫੈਸਲਾ ਕੀਤਾ ਗਿਆ ਕਿ ਆਉਣ ਵਾਲੇ ਦਿਨਾਂ ਵਿਚ ਸਪੀਕਰ ਵਿਧਾਨ ਸਭਾ ਤੇ ਮੁੱਖ ਮੰਤਰੀ ਪੰਜਾਬ ਨੂੰ ਮਿਲ ਕੇ ਬੋਰਡ ਬਣਾਉਣ ਦੀ ਮੰਗ ਕੀਤੀ ਜਾਵੇਗੀ ਤਾਂ ਜੁ ਸੂਬੇ ਭਰ ਦੇ 4 ਲੱਖ ਤੋਂ ਵੱਧ ਖ਼ੂਨਦਾਨੀਆਂ ਅਤੇ ਹਜ਼ਾਰਾਂ ਹੀ ਸਮਾਜ ਸੇਵਕਾਂ ਵੱਲੋਂ ਕੀਤੀ ਜਾਂਦੀ ਸੇਵਾ ਦਾ ਮਾਣ ਵਧਾਇਆ ਜਾ ਸਕੇ।ਇਸ ਦੇ ਨਾਲ ਹੀ ਐਸੋਸੀਏਸ਼ਨ ਵੱਲੋਂ 1 ਅਪ੍ਰੈਲ ਤੋਂ 31 ਮਾਰਚ ਤੱਕ 50 ਤੋਂ ਵੱਧ ਵਾਰ ਖ਼ੂਨਦਾਨ ਕਰਨ ਵਾਲੇ ਅਤੇ ਇੱਕ ਸਾਲ ਦੌਰਾਨ 500 ਤੋਂ ਵੱਧ ਖ਼ੂਨ ਦੇ ਯੂਨਿਟ ਇਕੱਤਰ ਕਰਨ ਵਾਲੀਆਂ ਸੰਸਥਾਵਾਂ ਨੂੰ ਵਿਸ਼ੇਸ਼ ਤੌਰ *ਤੇ ਸਨਮਾਨਤ ਕੀਤਾ ਜਾਵੇਗਾ।

## ਜੀ.ਟੀ.ਬੀ ਕੈਂਬਰਿਜ ਵਰਲਡ ਸਕੂਲ 'ਚ ਅਧਿਆਪਕ ਵਰਕਸ਼ਾਪ

**ਗੁਰੂ ਹਰਸਹਾਏ (ਮਨਦੀਪ ਸਿੰਘ ਸੋਢੀ)**- ਜੀ.ਟੀ.ਬੀ ਕੈਂਬਰਿਜ ਵਰਲਡ ਸਕੂਲ ਵਿੱਚ ਅਧਿਆਪਕਾਂ ਦੀ ਰਚਨਾਤਮਕ ਸੋਚ ਤੇ ਅਧਿਆਪਨ ਕੌਸ਼ਲ ਨੂੰ ਨਿਖਾਰਨ ਲਈ ਇਗਨੀਸ਼ਨ ਆਫ ਕਰੀਏਟਿਵਿਟੀ ਵਿਸ਼ੇ 'ਤੇ ਇੱਕ ਵਿਸ਼ੇਸ਼ ਵਰਕਸ਼ਾਪ ਆਯੋਜਿਤ ਕੀਤੀ ਗਈ। ਇਹ



ਵਰਕਸ਼ਾਪ ਫਾਊਂਡੇਸ਼ਨ ਪਿਲਰ ਸੰਸਥਾ ਵੱਲੋਂ ਕਰਵਾਈ ਗਈ। ਇਸ ਵਰਕਸ਼ਾਪ ਵਿੱਚ ਮਿਸਟਰ ਦਵਿੰਦਰ ਸਿੰਘ, ਮਿਸਿਜ ਮਨੀਸ਼ਾ,ਮਿਸ ਸਿਮਰਨ ਅਤੇ ਮਿਸ ਹਿਮਾਂਸ਼ੀ ਨੇ ਵਰਕਸ਼ਾਪ ਦੌਰਾਨ ਅਧਿਆਪਕਾਂ ਨੂੰ ਨਵੀਂਆਂ ਸਿਖਲਾਈ ਤਕਨੀਕਾਂ, ਰਚਨਾਤਮਕ ਅਧਿਆਪਨ ਢੰਗ ਅਤੇ ਕਲਾਸਰੂਮ ਵਿੱਚ ਵਿਦਿਆਰਥੀਆਂ ਦੀ ਭਾਗੀਦਾਰੀ ਵਧਾਉਣ ਦੇ ਤਰੀਕਿਆਂ ਬਾਰੇ ਜਾਣਕਾਰੀ ਦਿੱਤੀ ਗਈ। ਅੰਤ ਵਿੱਚ ਸਕੂਲ ਪ੍ਰਸ਼ਾਸਨ ਵੱਲੋਂ ਫਾਊਂਡੇਸ਼ਨ ਪਿਲਰ ਦੀ ਟੀਮ ਦਾ ਧੰਨਵਾਦ ਕੀਤਾ ਗਿਆ ਅਤੇ ਭਵਿੱਖ ਵਿੱਚ ਵੀ ਇਸ ਤਰ੍ਹਾਂ ਦੀਆਂ ਗਿਆਨਵਰਧਕ ਗਤੀਵਿਧੀਆਂ ਕਰਵਾਉਣ ਦੀ ਉਮੀਦ ਜਤਾਈ ਗਈ।

## ਅਨਿਲ ਆਦਮ ਸਿਮਰਤੀ ਪੁਰਸਕਾਰ ਨੌਜਵਾਨ ਸ਼ਾਇਰ ਰਾਜਿੰਦਰ ਨੂੰ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)** ਸ਼ਬਦ ਸੱਭਿਆਚਾਰ ਦੇ ਪਸਾਰ ਲਈ ਨਿਰੰਤਰ ਯਤਨਸ਼ੀਲ ਸੰਸਥਾ ਕਲਾਪੀਠ ਤੇ ਅਨਿਲ ਆਦਮ ਮੈਮੋਰੀਅਲ ਫ਼ਾਊਂਡੇਸ਼ਨ ਵੱਲੋਂ ਪੰਜਾਬੀ ਦੇ ਜ਼ਹੀਨ



ਸ਼ਾਇਰ ਸਵਰਗੀ ਅਨਿਲ ਆਦਮ ਦੀ ਯਾਦ ਵਿੱਚ ਦਿੱਤਾ ਜਾਣ ਵਾਲਾ ਅਨਿਲ ਆਦਮ ਸਿਮਰਤੀ ਪੁਰਸਕਾਰ-2026 ਨੌਜਵਾਨ ਸ਼ਾਇਰ ਰਾਜਿੰਦਰ ਨੂੰ ਉਸ ਦੀ ਪੁਸਤਕ 'ਉਹ ਦਿਨ ਵੀ ਆਉਣਗੇ' ਲਈ ਦਿੱਤਾ ਜਾ ਰਿਹਾ ਹੈ। ਇਹ ਜਾਣਕਾਰੀ ਦਿੰਦਿਆਂ ਕਲਾਪੀਠ ਦੇ ਪ੍ਰਧਾਨ ਪ੍ਰੋ. ਜਸਪਾਲ ਘਈ, ਜਨਰਲ ਸਕੱਤਰ ਸੁਖਜਿੰਦਰ, ਅਨਿਲ ਆਦਮ ਮੈਮੋਰੀਅਲ ਫ਼ਾਊਂਡੇਸ਼ਨ ਦੀ ਪ੍ਰਧਾਨ ਅੰਜੁਮ ਸ਼ਰਮਾ, ਸਕੱਤਰ ਪ੍ਰੋ. ਕੁਲਦੀਪ, ਪ੍ਰੋ. ਗੁਰਤੇਜ ਕੋਹਾਰਵਾਲਾ, ਰਾਜੀਵ ਖ਼ਿਆਲ, ਸੁਰਿੰਦਰ ਕੰਬੋਜ, ਸੰਦੀਪ ਚੌਧਰੀ ਤੇ ਹਰਮੀਤ ਵਿਦਿਆਰਥੀ ਨੇ ਦੱਸਿਆ ਕਿ ਇਹ ਸਨਮਾਨ 26 ਮਾਰਚ ਨੂੰ ਫ਼ਿਰੋਜ਼ਪੁਰ ਵਿਖੇ ਕਰਵਾਏ ਜਾਣ ਵਾਲੇ ਸਮਾਗਮ ਵਿੱਚ ਦਿੱਤਾ ਜਾਵੇਗਾ, ਜਿਸ ਦੀ ਪ੍ਰਧਾਨਗੀ ਪ੍ਰੋ. ਸੁਰਜੀਤ ਜੱਜ ਤੇ ਪ੍ਰੋ. ਅਤੈ ਸਿੰਘ ਕਰਨਗੇ। ਅਨਿਲ ਆਦਮ ਦੀ ਰਚਨਾ ਤੇ ਜ਼ਿੰਦਗੀ ਬਾਰੇ ਡਾ. ਕੁਲਦੀਪ ਸਿੰਘ ਦੀਪ ਤੇ ਸਨਮਾਨਤ ਪੁਸਤਕ ਬਾਰੇ ਸ਼ਾਇਰ ਕੁਲਵਿੰਦਰ ਬੱਛੋਆਣਾ ਵਿਚਾਰ ਰੱਖਣਗੇ।

## ਬਲਾਕ ਸੰਮਤੀ ਚੇਅਰਮੈਨ ਨੇ ਜੌੜਾਮਾਜਰਾ ਨਾਲ ਕੀਤੀ ਮੁਲਾਕਾਤ

**ਸਮਾਣਾ (ਗੁਰਪਿਆਰ ਸਿੰਘ ਬੱਲ)**- ਬਲਾਕ ਸੰਮਤੀ ਸਮਾਣਾ ਦੇ ਨਵੇਂ ਬਣੇ ਚੇਅਰਮੈਨ ਹਰਦੀਪ ਚੀਮਾ ਨੇ ਹਲਕਾ ਸਮਾਣਾ ਦੇ ਵਿਧਾਇਕ ਸ੍. ਚੇਤਨ ਸਿੰਘ ਜੌੜਾਮਾਜਰਾ ਨਾਲ



ਵਿਸ਼ੇਸ਼ ਮੁਲਾਕਾਤ ਕੀਤੀ ਅਤੇ ਉਨ੍ਹਾਂ ਤੋਂ ਅਸ਼ੀਰਵਾਦ ਲਿਆ।ਇਸ ਮੌਕੇ ਹਰਦੀਪ ਚੀਮਾ ਨੇ ਕਿਹਾ ਕਿ ਉਹ ਬਲਾਕ ਸੰਮਤੀ ਸਮਾਣਾ ਦੇ ਵਿਕਾਸ ਲਈ ਪੂਰੀ ਇਮਾਨਦਾਰੀ ਤੇ ਲਗਨ ਨਾਲ ਕੰਮ ਕਰਨਗੇ ਅਤੇ ਇਲਾਕੇ ਦੀਆਂ ਲੋਕ ਭਲਾਈ ਯੋਜਨਾਵਾਂ ਨੂੰ ਤਰਜੀਹ ਦੇਣਗੇ।ਵਿਧਾਇਕ ਚੇਤਨ ਸਿੰਘ ਜੌੜਾਮਾਜਰਾ ਨੇ ਹਰਦੀਪ ਚੀਮਾ ਨੂੰ ਨਵੀਂ ਜ਼ਿੰਮੇਵਾਰੀ ਲਈ ਵਧਾਈ ਦਿੰਦਿਆਂ ਕਿਹਾ ਕਿ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਵਿਕਾਸ ਯੋਜਨਾਵਾਂ ਨੂੰ ਜ਼ਮੀਨੀ ਪੱਧਰ ਤੱਕ ਪਹੁੰਚਾਉਣ ਲਈ ਮਿਲਜੁਲ ਕੇ ਕੰਮ ਕੀਤਾ ਜਾਵੇਗਾ।ਇਸ ਮੌਕੇ ਬਲਾਕ ਪ੍ਰਧਾਨ ਤੇ ਸਰਪੰਚ ਕੁਲਜੀਤ ਸਿੰਘ ਲਾਡੀ ਰੰਧਾਵਾ ਤੇ ਸਰਪੰਚ ਵਰਿੰਦਰ ਸਿੰਘ ਢੀਂਡਸਾ ਆਦਿ ਮੌਜੂਦ ਸਨ।

## ਸਾਈਕਲ ਸਟੈਂਡ ਦੀ ਪਾਰਕਿੰਗ ਨੂੰ ਠੇਕੇ 'ਤੇ ਲੈਣ ਲਈ ਖੁੱਲ੍ਹੀ ਬੋਲੀ 17 ਨੂੰ

**ਜਲਾਲਾਬਾਦ (ਜੀਤ ਕੁਮਾਰ)**- ਤਹਿਸੀਲਦਾਰ ਜਲਾਲਾਬਾਦ ਵੱਲੋਂ ਇਕ ਬਿਆਨ ਵਿਚ ਕਿਹਾ ਗਿਆ ਹੈ ਕਿ ਤਹਿਸੀਲ ਕੰਪਲੈਕਸ ਜਲਾਲਾਬਾਦ ਵਿਖੇ ਸਾਲ 2026-27 (01-04-2026 ਤੋਂ 31-03-2027) ਲਈ ਸਾਈਕਲ ਸਟੈਂਡ ਦੀ ਪਾਰਕਿੰਗ ਨੂੰ ਠੇਕੇ 'ਤੇ ਦੇਣ ਲਈ ਖੁੱਲ੍ਹੀ ਬੋਲੀ ਹੋਵੇਗੀ। ਜਿਹੜੇ ਵਿਅਕਤੀ ਸਾਈਕਲ ਸਟੈਂਡ ਦੀ ਪਾਰਕਿੰਗ ਦਾ ਠੇਕਾ ਲੈਣ ਦੇ ਚਾਹਵਾਨ ਹਨ ਉਹ 17 ਮਾਰਚ (ਮੰਗਲਵਾਰ) ਨੂੰ ਸਵੇਰੇ 11-30 ਵਜੇ ਤਹਿਸੀਲ ਦਫ਼ਤਰ, ਜਲਾਲਾਬਾਦ ਵਿਖੇ ਹਾਜ਼ਰ ਹੋ ਕੇ ਬੋਲੀ ਦੇ ਸਕਦੇ ਹਨ। ਬੋਲੀ ਦੇਣ ਤੋਂ ਪਹਿਲਾਂ 10,000/- ਰੁਪਏ ਦੀ ਰਾਸ਼ੀ ਬਤੌਰ ਜਮਾਨਤ ਜਮ੍ਹਾਂ ਕਰਵਾਉਣੀ ਹੋਵੇਗੀ। ਬੋਲੀ ਦੇਣ ਤੋਂ ਬਾਅਦ ਸਫਲ ਬੋਲੀਕਾਰ ਨੂੰ ਬੋਲੀ ਦੀ ਰਕਮ ਦਾ 1/2 ਹਿੱਸਾ ਮੌਕੇ 'ਤੇ ਜਮ੍ਹਾਂ ਕਰਵਾਉਣਾ ਹੋਵੇਗਾ ।

## ਹੈਰੋਇਨ ਦਾ ਸੇਵਨ ਕਰਦੇ 3 ਕਾਬੂ

**ਜਲਾਲਾਬਾਦ (ਜੀਤ ਕੁਮਾਰ)**- ਥਾਣਾ ਸਿਟੀ ਜਲਾਲਾਬਾਦ ਦੀ ਪੁਲਿਸ ਵੱਲੋਂ ਹੈਰੋਇਨ ਦਾ ਸੇਵਨ ਕਰਦੇ 3 ਵਿਅਕਤੀਆਂ ਨੂੰ ਕਾਬੂ ਕੀਤਾ ਗਿਆ ਹੈ। ਇਸ ਸਬੰਧੀ ਜਾਂਚ ਅਧਿਕਾਰੀ ਸਹਾਇਕ ਥਾਣੇਦਾਰ ਸੁਨੀਲ ਕੁਮਾਰ ਨੇ ਦੱਸਿਆ ਕਿ ਗ੍ਰਿਫਤਾਰ ਵਿਅਕਤੀਆਂ ਵਿਚ ਸਾਹਿਲ ਕੁਮਾਰ ਉਰਫ ਸੰਨੀ ਪੁੱਤਰ ਜਗਦੀਸ਼ ਕੁਮਾਰ, ਦੀਪਕ ਕੁਮਾਰ ਉਰਫ ਦੀਪ ਪੁੱਤਰ ਪ੍ਰੇਮ ਬਹਾਦਰ ਵਾਸੀਆਨ ਮੁਹੱਲਾ ਰਠੌੜਾ ਵਾਲਾ ਜਲਾਲਾਬਾਦ ਅਤੇ ਮਨਦੀਪ ਸਿੰਘ ਪੁੱਤਰ ਸਤਨਾਮ ਸਿੰਘ ਵਾਸੀ ਜੰਮੂ ਬਸਤੀ ਜਲਾਲਾਬਾਦ ਸ਼ਾਮਿਲ ਹਨ। ਪੁਲਿਸ ਪਾਰਟੀ ਨੇ ਸਿਲਵਰ ਪੰਨੀ ਤੇ ਇਕ ਲਾਈਟਰ, ਇਕ 10 ਰੁਪਏ ਦਾ ਨੋਟ ਬਰਾਮਦ ਕੀਤਾ ਹੈ. ਦੋਸ਼ੀਆਂ ਵਿਰੁੱਧ ਮੁਕੱਦਮਾ ਦਰਜ ਕਰ ਲਿਆ ਗਿਆ ਹੈ।

# ਕੁੱਟਮਾਰ ਮਾਮਲੇ 'ਚ 4 ਨਾਮਜ਼ਦ

**ਜਲਾਲਾਬਾਦ (ਜੀਤ ਕੁਮਾਰ)**- ਥਾਣਾ ਸਦਰ ਜਲਾਲਾਬਾਦ ਦੀ ਪੁਲਿਸ ਵੱਲੋਂ ਪਿੰਡ ਫੱਤੂ ਵਾਲਾ ਵਿਖੇ ਹੋਈ ਲੜਾਈ ਦੇ ਸਬੰਧ ਵਿੱਚ ਕੁੱਟਮਾਰ ਕਰਨ ਦੇ ਦੋਸ਼ ਵਿੱਚ 4 ਲੋਕਾਂ ਵਿਰੁੱਧ ਮੁਕੱਦਮਾ ਦਰਜ ਕੀਤਾ ਗਿਆ ਹੈ। ਇਸ ਸਬੰਧੀ ਜਾਂਚ ਅਧਿਕਾਰੀ ਸਹਾਇਕ ਥਾਣੇਦਾਰ ਜਗਜੀਤ ਸਿੰਘ ਨੇ ਦੱਸਿਆ ਕਿ ਸ਼ਿਕਾਇਤਕਰਤਾ ਮਹਿੰਦਰ ਸਿੰਘ ਪੁੱਤਰ ਰੁਲੀਆ ਰਾਮ ਵਾਸੀ ਪਿੰਡ ਫੱਤੂਵਾਲਾ ਦੁਆਰਾ ਪੁਲਿਸ ਕੋਲ ਬਿਆਨ ਦਰਜ ਕਰਵਾਏ ਗਏ ਹਨ ਕਿ ਉਹ ਘਰ ਦੀ ਕੰਧ ਬਣਾ ਰਹੇ ਸੀ ਤਾਂ ਗੁਰਪ੍ਰੀਤ ਸਿੰਘ ਉਰਫ ਗੋਰੂ ਵਗੈਰਾ ਇਕੱਠੇ ਹੋ ਕੇ ਆਏ ਅਤੇ ਉਸ ਦੀ ਕੁੱਟਮਾਰ ਕਰਕੇ ਸੱਟਾਂ ਮਾਰੀਆਂ ਹਨ, ਜਿਸ ਤੇ ਉਹ ਇਲਾਜ ਲਈ ਦਾਖਲ ਹੋਏ ਅਤੇ ਅੱਜ ਐਕਸਰੇ ਰਿਪੋਰਟ ਆਉਣ ਤੋਂ ਬਾਅਦ ਪੁਲਿਸ ਵੱਲੋਂ ਮੁਦੱਈ ਮਹਿੰਦਰ ਸਿੰਘ ਦੇ ਬਿਆਨਾਂ ਦੇ ਅਧਾਰ 'ਤੇ ਗੁਰਪ੍ਰੀਤ ਸਿੰਘ ਉਰਫ ਗੋਰੂ ਪੁੱਤਰ ਜਰਨੈਲ ਸਿੰਘ, ਧਰਮਪ੍ਰੀਤ ਸਿੰਘ ਪੁੱਤਰ ਜਰਨੈਲ ਸਿੰਘ, ਜਰਨੈਲ ਸਿੰਘ ਪੁਤਰ ਹਾਕਮ ਸਿੰਘ ਤੇ ਪਾਲੋ ਬਾਈ ਪਤਨੀ ਜਰਨੈਲ ਸਿੰਘ ਵਾਸੀਆਨ ਪਿੰਡ ਫੱਤੂ ਵਾਲਾ ਦੇ ਖਿਲਾਫ ਮੁਕੱਦਮਾ ਦਰਜ ਕੀਤਾ ਗਿਆ ਹੈ।

# ਬਜਟ ਦੀਆਂ ਕਾਪੀਆਂ ਸਾੜ ਕੇ ਠੇਕਾ ਮੁਲਾਜ਼ਮ ਕਰਨਗੇ ਵਿਰੋਧ ਪ੍ਰਦਰਸ਼ਨ

**ਮੱਖੂ (ਰਛਪਾਲ ਸਿੰਘ ਸੰਧੂ)** ਠੇਕਾ ਮੁਲਾਜ਼ਮ ਸੰਘਰਸ਼ ਮੋਰਚਾ ਪੰਜਾਬ ਦੇ ਸਮੂਹ ਆਗੂ ਬਰਿੰਦਰ ਸਿੰਘ ਮੋਮੀ, ਬਲਿਹਾਰ ਸਿੰਘ ਕਟਾਰੀਆ, ਪਵਨਦੀਪ ਸਿੰਘ, ਜਗਰੂਪ ਸਿੰਘ ਲਹਿਰਾ, ਗੁਰਵਿੰਦਰ ਸਿੰਘ ਪੰਨੂ, ਸ਼ੇਰ



ਸਿੰਘ ਖੰਨਾ, ਸਿਮਰਨਜੀਤ ਸਿੰਘ ਨੀਲੋਂ, ਜਸਪ੍ਰੀਤ ਸਿੰਘ ਗਗਨ, ਗੁਰਪ੍ਰੀਤ ਸਿੰਘ ਗੋਇੰਦਵਾਲ ਸਾਹਿਬ, ਰਮਨਦੀਪ ਸਿੰਘ, ਹਰਜਿੰਦਰ ਸਿੰਘ ਵੇਅਰ ਹਾਊਸ, ਲਛਮਣ ਸਿੰਘ ਧੂਰੀ ਆਦਿ ਆਗੂਆਂ ਵਲੋਂ ਪ੍ਰੈਸ ਦੇ ਨਾਂ ਬਿਆਨ ਜਾਰੀ ਕਰਦਿਆਂ ਕਿਹਾ ਕਿ ਅਸੀਂ ਵੱਖ ਵੱਖ ਸਰਕਾਰੀ ਵਿਭਾਗਾਂ ਵਿਚ ਤੈਨਾਤ ਠੇਕਾ ਮੁਲਾਜ਼ਮਾਂ ਵਲੋਂ ਪੰਜਾਬ ਦੇ ਮੁੱਖ ਮੰਤਰੀ ਦੇ ਨਾਂ ਪੰਜਾਬ ਦੇ ਵਿਧਾਇਕਾਂ ਰਾਹੀਂ ਮੰਗ ਪੱਤਰ ਭੇਜਕੇ ਮੰਗ ਕੀਤੀ ਗਈ ਸੀ ਕਿ ਸਾਡੀਆਂ ਜਿਹੜੀਆਂ ਪਿਛਲੇ ਲੰਬੇ ਅਰਸੇ ਤੋਂ ਮੰਗਾਂ ਲਮਕ ਰਹੀਆਂ ਹਨ ਉਨ੍ਹਾਂ ਦਾ ਇਸ ਵਿਧਾਨ ਸਭਾ ਇਜਲਾਸ ਵਿੱਚ ਹੱਲ ਕਰਕੇ ਚੋਣਾਂ ਸਮੇਂ ਸਾਡੇ ਨਾਲ ਕੀਤੇ ਵਾਅਦੇ ਨੂੰ ਪੂਰਾ ਕੀਤਾ ਜਾਵੇ ਪਰ ਬਹੁਤ ਹੀ ਅਫਸੋਸਨਾਕ ਹਾਲਤ ਇਹ ਹੈ ਕਿ ਮੰਗ ਪੱਤਰ ਭੇਜਣ ਸਮੇਂ ਜਿਨ੍ਹਾਂ ਵਿਧਾਇਕਾਂ ਨੇ ਇਨ੍ਹਾਂ ਮੰਗਾਂ ਨੂੰ ਵਿਧਾਨ ਸਭਾ ਵਿੱਚ ਰੱਖਣ ਅਤੇ ਪ੍ਰਵਾਨ ਕਰਨ ਦਾ ਭਰੋਸਾ ਦਿੱਤਾ ਸੀ ਉਨ੍ਹਾਂ 117 ਵਿਧਾਇਕਾਂ ਵਲੋਂ ਸਾਡੀਆਂ ਇਨ੍ਹਾਂ ਮੰਗਾਂ ਦਾ ਹੱਲ ਕਰਨ ਦੀ ਗੱਲ ਤਾਂ ਦੂਰ ਦੀ ਰਹੀ ਇਨ੍ਹਾਂ ਉੱਪਰ ਵਿਚਾਰ ਚਰਚਾ ਕਰਨ ਲਈ ਆਪਣੀ ਜ਼ਬਾਨ ਤੱਕ ਵੀ ਖੋਹਲਣ ਦੀ ਲੋੜ ਨਹੀਂ ਸਮਝੀ। ਆਗੂਆਂ ਵਲੋਂ ਆਪਣੇ ਸੰਘਰਸ਼ ਪ੍ਰੋਗਰਾਮ ਦਾ ਜ਼ਿਕਰ ਕਰਦੇ ਹੋਏ ਕਿਹਾ ਗਿਆ ਕਿ ਠੇਕਾ ਮੁਲਾਜ਼ਮ 13-14 ਮਾਰਚ ਨੂੰ ਆਪਣੇ ਆਪਣੇ ਅਦਾਰਿਆਂ ਅੱਗੇ ਇਕੱਠ ਕਰਕੇ ਰੈਲੀਆਂ ਕਰਨ ਉਪਰੰਤ ਪੰਜਾਬ ਸਰਕਾਰ ਦੇ ਬਜਟ ਦੀਆਂ ਕਾਪੀਆਂ ਸਾੜਕੇ ਆਪਣੇ ਗੁਸੇ ਦਾ ਜ਼ੋਰਦਾਰ ਪ੍ਰਗਟਾਵਾ ਕਰਕੇ ਅਗਲੇ ਤਿਖੇ ਸੰਘਰਸ਼ ਦੀਆਂ ਤਿਆਰੀਆਂ ਤੇਜ ਕਰਨਗੇ। 23 ਮਾਰਚ ਵਾਲੇ ਦਿਨ ਆਪਣੇ ਮਹਾਨ ਸ਼ਹੀਦ ਭਗਤ ਸਿੰਘ ਨੂੰ ਸ਼ਰਧਾਂਜਲੀਆਂ ਭੇਟ ਕਰਕੇ ਕਾਰਪੋਰੇਟ ਲੁੱਟ ਵਿਰੁੱਧ ਪਹਿਲਾਂ ਤੋਂ ਜਾਰੀ ਸੰਘਰਸ਼ ਨੂੰ ਹੋਰ ਤੇਜ਼ ਕਰਨ ਦਾ ਅਹਿਦ ਕੀਤਾ ਜਾਵੇਗਾ। 22 ਮਾਰਚ ਤੋਂ ਦਿੜ੍ਹਬਾ ਹਲਕੇ ਵਿੱਚ ਝੰਡਾ ਮਾਰਚ ਕਰਕੇ ਅਤੇ ਵਿੱਤ ਮੰਤਰੀ ਪੰਜਾਬ ਦੇ ਹਲਕੇ ਦਿੜ੍ਹਬਾ ਵਿਚ 5 ਅਪ੍ਰੈਲ ਤੱਕ ਵੱਡੇ ਇਕੱਠ ਕਰਕੇ ਪਿੰਡਾਂ ਵਿੱਚ ਝੰਡਾ ਮਾਰਚ ਕਰਕੇ ਪੰਜਾਬ ਸਰਕਾਰ ਦਾ ਪੋਲ ਖੋਲ੍ਹਿਆ ਜਾਵੇਗਾ।

## ਗੈਸ ਤੇ ਪੈਟਰੋਲ ਦੇ ਜਮ੍ਹਾਂਖੋਰਾਂ 'ਤੇ ਹੋਵੇਗੀ ਸਖ਼ਤ ਕਾਨੂੰਨੀ ਕਾਰਵਾਈ : ਡੀ ਸੀ



**ਫਤਹਿਗੜ੍ਹ ਸਾਹਿਬ ((ਪ੍ਰਮੋਦ ਭਾਰਦਵਾਜ)** ਸਥਾਨਕ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਦੇ ਕਾਨਫਰੰਸ ਰੂਮ ਵਿਖੇ ਡਿਪਟੀ ਕਮਿਸ਼ਨਰ ਡਾ.ਸੋਨਾ ਥਿੰਦ ਨੇ ਜ਼ਿਲ੍ਹੇ ਦੀਆਂ ਸਮੂਹ ਗੈਸ ਏਜੰਸੀਆਂ, ਪੈਟਰੋਲ/ਡੀਜ਼ਲ ਪੰਪ ਐਸੋਸੀਏਸ਼ਨ ਦੇ ਨੁਮਾਇੰਦਿਆਂ ਨਾਲ ਗੈਸ ਪੈਟਰੋਲ/ਡੀਜ਼ਲ ਦੀ ਸਪਲਾਈ ਦਾ ਜਾਇਜ਼ਾ ਲੈਣ ਲਈ ਅਹਿਮ ਮੀਟਿੰਗ ਕੀਤੀ।ਡਿਪਟੀ ਕਮਿਸ਼ਨਰ ਡਾ. ਸੋਨਾ ਥਿੰਦ ਨੇ ਸਮੂਹ ਗੈਸ ਏਜੰਸੀਆਂ ਅਤੇ ਪੈਟਰੋਲ ਪੰਪ ਤੋਂ ਆਏ ਨੁਮਾਇੰਦਿਆਂ ਨੂੰ ਹਦਾਇਤ ਕੀਤੀ ਕਿ ਲੋਕਾਂ ਨੂੰ ਨਿਰਵਿਘਨ ਸਪਲਾਈ ਮੁਹੱਈਆ ਕਰਵਾਉਣੀ ਯਕੀਨੀ ਬਣਾਈ ਜਾਵੇ ਤਾਂ ਜੋ ਆਮ ਲੋਕਾਂ ਨੂੰ ਕੋਈ ਸਮੱਸਿਆ ਪੇਸ਼ ਨਾ ਆਵੇ। ਉਨ੍ਹਾਂ ਸਪੱਸ਼ਟ ਕੀਤਾ ਕਿ ਗੈਸ, ਪੈਟਰੋਲ/ਡੀਜ਼ਲ ਦੀ ਜਮ੍ਹਾਂਖੋਰੀ ਤੋਂ ਗੁਰੇਜ਼ ਕੀਤਾ ਜਾਵੇ, ਜੇਕਰ ਅਜਿਹੀ ਕੋਈ ਸ਼ਿਕਾਇਤ ਸਾਮ੍ਹਣੇ ਆਈ ਤਾਂ ਸਬੰਧਤ ਏਜੰਸੀ 'ਤੇ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।ਮੀਟਿੰਗ ਵਿੱਚ ਜ਼ਿਲ੍ਹਾ ਕੰਟਰੋਲਰ, ਖੁਰਾਕ ਸਿਵਲ ਸਪਲਾਈਜ਼ ਅਫਸਰ ਮੀਨਾਕਸ਼ੀ, ਜ਼ਿਲ੍ਹਾ ਪ੍ਰਧਾਨ ਪੈਟਰੋਲ/ਡੀਜ਼ਲ ਪੰਪ ਐਸੋਸੀਏਸ਼ਨ, ਸਹਾਇਕ ਖੁਰਾਕ ਸਪਲਾਈ ਅਫਸਰ, ਖਮਾਣੋਂ,ਅਮਲੋਹ, ਖੇੜਾ, ਫਤਹਿਗੜ੍ਹ ਸਾਹਿਬ ਅਤੇ ਨਿਰੀਖਕ, ਖੁਰਾਕ ਤੇ ਸਪਲਾਈ, ਬਸੀ ਪਠਾਨਾ ਅਤੇ ਸਰਹਿੰਦ ਹਾਜ਼ਰ ਸਨ।

## ਮਹਿਲਾਵਾਂ ਨੂੰ ਹਜ਼ਾਰ ਰੁਪਏ ਮਹੀਨਾ ਦੇਣ ਦਾ ਵਾਅਦਾ ਕੀਤਾ ਪੂਰਾ



**ਕੋਟ ਈਸੇ ਖਾਂ (ਅਰੋੜਾ)**- ਅੰਤਰਰਾਸ਼ਟਰੀ ਮਹਿਲਾ ਦਿਵਸ ਦੇ ਮੌਕੇ 'ਤੇ ਪੰਜਾਬ ਸਰਕਾਰ ਵੱਲੋਂ ਮਹਿਲਾਵਾਂ ਲਈ ਮਹੱਤਵਪੂਰਨ ਫੈਸਲਾ ਲੈਂਦੇ ਹੋਏ ਮਹਿਲਾਵਾਂ ਨਾਲ ਕੀਤੇ ਵਾਅਦੇ ਨੂੰ ਪੂਰਾ ਕਰਦਿਆਂ ਮਹਿਲਾਵਾਂ ਨੂੰ ਹਰ ਮਹੀਨੇ ਹਜ਼ਾਰ - ਹਜ਼ਾਰ ਰੁਪਏ ਦੇਣ ਦਾ ਵਾਅਦਾ ਪੂਰਾ ਕੀਤਾ ਹੈ ਜੋ ਕਿ ਬਹੁਤ ਇਤਿਹਾਸਕ ਫੈਸਲਾ ਹੈ। ਇਹ ਵਿਚਾਰ ਤਲਵਿੰਦਰ ਸਿੰਘ ਵਿਰਕ ਕੁਆਰਡੀਨੇਟਰ ਸ਼ੋਸ਼ਲ ਮੀਡੀਆ ਹਲਕਾ ਧਰਮਕੋਟ, ਗੋਪੀ ਮਾਨ ਦਾਤੇਵਾਲ ਯੂਥ ਆਗੂ, ਸਰਪੰਚ ਲਖਵੀਰ ਸਿੰਘ ਅਟਾਰੀ, ਦਲੇਰ ਸਿੰਘ ਸ਼ੋਸ਼ਲ ਮੀਡੀਆ ਆਦਿ ਨੇ ਪ੍ਰੈਸ ਨਾਲ ਸਾਂਝੇ ਕੀਤੇ। ਉਨ੍ਹਾ ਕਿਹਾ ਕਿ ਮਾਨ ਸਰਕਾਰ ਦੇ ਇਸ ਐਲਾਨ ਨਾਲ ਮਹਿਲਾਵਾ ਅੰਦਰ ਖੁਸ਼ੀ ਦੀ ਲਹਿਰ ਹੈ। ਉਨ੍ਹਾ ਕਿਹਾ ਕਿ ਪੰਜਾਬ ਸਰਕਾਰ ਨੇ ਬਜਟ ਵਿੱਚ ਜਨਰਲ ਵਰਗ ਲਈ ਇੱਕ ਹਜ਼ਾਰ ਰੁਪਏ ਅਤੇ ਦਲਿਤ ਵਰਗ ਲਈ ਪੰਦਰਾ ਸੌ ਰੁਪਏ ਦੇਣ ਦਾ ਐਲਾਨ ਕੀਤਾ ਹੈ ਜੋ ਬਹੁਤ ਵਧੀਆ ਫੈਸਲਾ ਹੈ ਤੇ ਇਹ ਫੈਸਲਾ ਮਹਿਲਾਵਾਂ ਨੂੰ ਆਤਮ ਨਿਰਭਰ ਬਣਾਏਗਾ।

# ਹੈਪੀ ਪਹਾੜੀਪੁਰ ਦਾ ਇੰਦਰਜੀਤ ਸਿੰਘ ਸੰਧੂ ਦੇ ਗ੍ਰਹਿ ਪ੍ਰਵੇਸ਼ 'ਤੇ ਭਰਵਾਂ ਸਵਾਗਤ

**ਸਨੌਰ (ਰਾਜਿੰਦਰ ਸਿੰਘ ਥਿੰਦ)**- ਬਲਾਕ ਸਮਿਤੀ ਸਨੌਰ ਦੇ ਨਵੇਂ ਚੇਅਰਮੈਨ ਬਣਨ ਮਗਰੋਂ ਗੁਰਵਿੰਦਰ ਸਿੰਘ ਹੈਪੀ ਪਹਾੜੀਪੁਰ ਦੇ ਸੀਨੀਅਰ ਆਮ ਆਦਮੀ ਪਾਰਟੀ ਆਗੂ ਇੰਦਰਜੀਤ ਸਿੰਘ ਸੰਧੂ ਦੇ ਗ੍ਰਹਿ ਪ੍ਰਵੇਸ਼ 'ਤੇ ਉਨ੍ਹਾਂ ਦਾ ਭਰਵਾਂ



ਸਵਾਗਤ ਅਤੇ ਸਨਮਾਨ ਕੀਤਾ ਗਿਆ। ਇਸ ਮੌਕੇ ਉਨ੍ਹਾਂ ਨੂੰ ਫੁੱਲਾਂ ਦੇ ਗੁਲਦਸਤੇ ਭੇਂਟ ਕਰਕੇ ਅਤੇ ਸ਼ਾਲ ਪਾ ਕੇ ਵਧਾਈ ਦਿੱਤੀ ਗਈ। ਹਾਜ਼ਰ ਸੱਜਣਾਂ ਵੱਲੋਂ ਕਿਹਾ ਗਿਆ ਕਿ ਗੁਰਵਿੰਦਰ ਸਿੰਘ ਹੈਪੀ ਪਹਾੜੀਪੁਰ ਦਾ ਚੇਅਰਮੈਨ ਬਣਨਾ ਹਲਕੇ ਲਈ ਮਾਣ ਵਾਲੀ ਗੱਲ ਹੈ ਅਤੇ ਉਨ੍ਹਾਂ ਦੇ ਨੇਤ੍ਰਿਤਵ ਨਾਲ ਇਲਾਕੇ ਦੇ ਵਿਕਾਸ ਨੂੰ ਹੋਰ ਗਤੀ ਮਿਲੇਗੀ। ਇਸ ਮੌਕੇ ਸੰਬੋਧਨ ਕਰਦਿਆਂ ਇੰਦਰਜੀਤ ਸਿੰਘ ਸੰਧੂ ਨੇ ਕਿਹਾ ਕਿ ਗੁਰਵਿੰਦਰ ਸਿੰਘ ਹੈਪੀ ਪਹਾੜੀਪੁਰ ਆਮ ਆਦਮੀ ਪਾਰਟੀ ਦੇ ਪੁਰਾਣੇ ਅਤੇ ਸਮਰਪਿਤ ਵਲੰਟੀਅਰ ਰਹੇ ਹਨ। ਉਹ ਹਮੇਸ਼ਾ ਪਾਰਟੀ ਦੀਆਂ ਨੀਤੀਆਂ ਅਤੇ ਲੋਕ ਭਲਾਈ ਦੇ ਕੰਮਾਂ ਲਈ ਅੱਗੇ ਰਹੇ ਹਨ।ਇਸ ਮੌਕੇ ਗੁਰਵਿੰਦਰ ਸਿੰਘ ਹੈਪੀ ਪਹਾੜੀਪੁਰ ਨੇ ਵੀ ਸਾਰਿਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਪਾਰਟੀ ਅਤੇ ਲੋਕਾਂ ਨੇ ਜੋ ਸਤਿਕਾਰ ਅਤੇ ਭਰੋਸਾ ਉਨ੍ਹਾਂ 'ਤੇ ਕੀਤਾ ਹੈ, ਉਹ ਉਸ 'ਤੇ ਖਰਾ ਉਤਰਨ ਦੀ ਪੂਰੀ ਕੋਸ਼ਿਸ਼ ਕਰਨਗੇ ਅਤੇ ਹਲਕੇ ਦੇ ਵਿਕਾਸ ਲਈ ਦਿਨ-ਰਾਤ ਮਿਹਨਤ ਕਰਨਗੇ। ਇਸ ਮੌਕੇ ਹੋਰਨਾਂ ਤੋਂ ਇਲਾਵਾ ਕੁਲਵੰਤ ਸਿੰਘ ਲਾਲਕਾ ਕੌਂਸਲਰ ਹੀਰਾ ਬਾਗ, ਮਨਪ੍ਰੀਤ ਸਿੰਘ ਮਹਿਮਦਪੁਰ, ਅਮਰ ਅਲੀ ਓਐਸਡੀ, ਜਰਨੈਲ ਸਿੰਘ ਜੋੜੀਆਂ ਸੜਕਾਂ, ਗੁਰਸ਼ੇਰ ਸਿੰਘ ਗੈਵੀ ਪੰਜੋਲਾ, ਕਾਲਾ ਅਸਮਾਨਪੁਰ ਅਤੇ ਹੋਰ ਕਈ ਆਗੂ ਅਤੇ ਸਮਰਥਕ ਵੀ ਮੌਜੂਦ ਸਨ।

# ਤਿਉਣਾ ਵਿਖੇ ਕਿਸਾਨ ਸਿਖਲਾਈ ਕੈਂਪ ਲਗਾਇਆ



**ਬਠਿੰਡਾ (ਬਖਤੌਰ ਢਿੱਲੋਂ)**- ਨੈਸ਼ਨਲ ਮਿਸ਼ਨ ਆਨ ਏਡੀਬਲ ਆਇਲਜ਼ ਸਕੀਮ ਅਧੀਨ ਪੰਜਾਬ ਸਰਕਾਰ ਅਤੇ ਡਾਇਰੈਕਟਰ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਦੇ ਨਿਰਦੇਸ਼ਾਂ ਅਨੁਸਾਰ ਪਿੰਡ ਤਿਉਣਾ ਵਿਖੇ ਸਰੋਂ ਦੀ ਫ਼ਸਲ ਸਬੰਧੀ ਕਿਸਾਨ ਸਿਖਲਾਈ ਕੈਂਪ ਲਗਾਇਆ ਗਿਆ ਜਿਸ ਦੀ ਪ੍ਰਧਾਨਗੀ ਡਾ: ਹਰਬੰਸ ਸਿੰਘ ਮੁੱਖ ਖੇਤੀਬਾੜੀ ਅਫ਼ਸਰ ਬਠਿੰਡਾ ਨੇ ਕੀਤੀ ਅਤੇ ਡਾ: ਦਵਿੰਦਰ ਸਿੰਘ ਏ ਪੀ ਪੀ ਓ ਵੱਲੋਂ ਉਚੇਚੇ ਤੌਰ 'ਤੇ ਸ਼ਿਰਕਤ ਕੀਤੀ ਗਈ। ਕੈਂਪ ਵਿੱਚ ਕਿਸਾਨਾਂ ਨੇ ਦਿਲਚਸਪੀ ਨਾਲ ਹਿੱਸਾ ਲਿਆ। ਕੈਂਪ ਨੂੰ ਸੰਬੋਧਨ ਕਰਦਿਆਂ ਡਾ: ਹਰਜਸਪਾਲ ਸ਼ਰਮਾ ਖੇਤੀਬਾੜੀ ਅਫ਼ਸਰ ਬਠਿੰਡਾ ਨੇ ਕਿਸਾਨਾਂ ਨੂੰ ਕਣਕ ਦੇ ਘਰੇਲੂ ਬੀਜ ਤਿਆਰ ਕਰਨ ਅਤੇ ਘਰੇਲੂ ਬਗੀਚੀ ਬਾਰੇ ਵਿਸਥਾਰਤ ਜਾਣਕਾਰੀ ਦਿੱਤੀ। ਡਾ: ਸੁਖਦੀਪ ਸਿੰਘ ਏ ਡੀ ਓ ਨੇ ਫ਼ਸਲਾਂ ਦੀ ਮੌਜੂਦਾ ਸਥਿਤੀ ਬਾਰੇ ਚਾਨਣਾ ਪਾਇਆ। ਡਾ: ਦਵਿੰਦਰ ਸਿੰਘ ਏ ਡੀ ਓ ਨੇ ਆਉਣ ਵਾਲੀ ਨਰਮੇ ਦੀ ਫ਼ਸਲ ਅਤੇ ਗੁਲਾਬੀ ਸੁੰਡੀ ਦੀ ਅਗਾਊਂ ਰੋਕਥਾਮ ਲਈ ਛਟੀਆਂ ਦੇ ਸੁਚੱਜੇ ਪ੍ਰਬੰਧਨ ਦੇ ਸੁਝਾਅ ਦਿੱਤੇ। ਡਾ: ਮਨਜਿੰਦਰ ਸਿੰਘ ਏ ਡੀ ਓ ਨੇ ਸਰੋਂ ਦੀ ਫ਼ਸਲ ਦੇ ਸੁਚੱਜੇ ਮੰਡੀਕਰਨ ਅਤੇ ਪ੍ਰੋਸੈਸਿੰਗ ਸਬੰਧੀ ਸਲਾਹ ਦਿੱਤੀ। ਡਾ: ਜਸਪ੍ਰੀਤ ਸਿੰਘ ਏ ਡੀ ਓ ਨੇ ਫਾਰਮਰ ਰਜਿਸਟਰੇਸ਼ਨ ਐਗਰੀ ਸਟੈਕ ਬਾਰੇ ਸੁਝਾਅ ਦਿੱਤੇ। ਮੁੱਖ ਖੇਤੀਬਾੜੀ ਅਫ਼ਸਰ ਡਾ: ਹਰਬੰਸ ਸਿੰਘ ਨੇ ਜਿਲ੍ਹਾ ਪੱਧਰ 'ਤੇ ਚੱਲ ਰਹੀਆਂ ਗਤੀਵਿਧੀਆਂ ਬਾਰੇ ਜਾਣਕਾਰੀ ਦਿੱਤੀ ਅਤੇ ਕਿਸਾਨਾਂ ਨੂੰ ਖੇਤੀ ਮਾਹਰਾਂ ਨਾਲ ਰਾਬਤਾ ਰੱਖਣ ਦਾ ਸੁਝਾਅ ਦਿੱਤਾ।

## ਸੰਦੀਪ ਸਿੰਘ ਰੁਪਾਲੋਂ ਦਾ ਹਲਕਾ ਇੰਚਾਰਜ ਬਣਨ 'ਤੇ ਸਨਮਾਨ

**ਦੋਰਾਹਾ (ਹਰਮਿੰਦਰ ਸੇਠ)** ਅਕਾਲੀ ਦਲ ਵਾਰਸ ਪੰਜਾਬ ਦੇ ਵੱਲੋਂ ਸੀਨੀਅਰ ਆਗੂ ਸੰਦੀਪ ਸਿੰਘ ਰੁਪਾਲੋਂ ਨੂੰ ਵਿਧਾਨ ਸਭਾ ਹਲਕਾ ਪਾਇਲ ਦਾ ਇੰਚਾਰਜ ਨਿਯੁਕਤ ਕੀਤੇ ਜਾਣ ਉਪਰੰਤ



ਪਿੰਡ ਬਿਲਾਸਪੁਰ ਵਿਖੇ ਪਿੰਡ ਵਾਸੀਆਂ ਅਤੇ ਵਰਕਰਾਂ ਵੱਲੋਂ ਉਨ੍ਹਾਂ ਦਾ ਸਿਰੋਪਾਓ ਪਾ ਕੇ ਸਨਮਾਨ ਕੀਤਾ ਗਿਆ ਅਤੇ ਵਧਾਈ ਦਿੱਤੀ ਗਈ।ਵਰਕਰਾਂ ਨੂੰ ਸੰਬੋਧਨ ਕਰਦਿਆਂ ਸੰਦੀਪ ਸਿੰਘ ਰੁਪਾਲੋਂ ਨੇ ਕਿਹਾ ਕਿ ਪੰਜਾਬ ਦੇ ਮੌਜੂਦਾ ਹਾਲਾਤਾਂ ਵਿੱਚ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਹੀ ਪੰਜਾਬੀਆਂ ਦੀ ਆਸ ਦੀ ਕਿਰਨ ਹਨ, ਜੋ ਪੰਜਾਬ ਵਿੱਚ ਭਾਈਚਾਰਕ ਸਾਂਝ ਅਤੇ ਲੋਕਾਂ ਦੇ ਹੱਕਾਂ ਵਾਲਾ ਰਾਜ ਕਾਇਮ ਕਰ ਸਕਦੇ ਹਨ।ਉਨ੍ਹਾਂ ਦੋਸ਼ ਲਾਇਆ ਕਿ ਰਾਜ ਕਰ ਚੁੱਕੀਆਂ ਪਾਰਟੀਆਂ ਤੇ ਮੌਜੂਦਾ ਸਰਕਾਰ ਵੱਲੋਂ ਲੋਕਾਂ ਨਾਲ ਕੀਤੇ ਵਾਅਦੇ ਪੂਰੇ ਨਹੀਂ ਕੀਤੇ ਗਏ ਤੇ ਪੰਜਾਬ ਦੇ ਮੁੱਦਿਆਂ ਨੂੰ ਨਜ਼ਰਅੰਦਾਜ਼ ਕੀਤਾ ਗਿਆ ਹੈ।

## ਯੂ ਪੀ ਐੱਸ ਸੀ ਪ੍ਰੀਖਿਆ 'ਚੋਂ ਰੈਂਕ ਹਾਸਲ ਕਰਨ 'ਤੇ ਸਿਮਰਨਦੀਪ ਕੌਰ ਦਾ ਸਨਮਾਨ

**ਨਾਭਾ (ਵਰਿੰਦਰ ਵਰਮਾ)** ਮਾਨਵ ਸੇਵਾ ਉੱਤਮ ਸੇਵਾ ਸਟੇਟ ਐਵਾਰਡੀ ਸੰਸਥਾ ਦੇ ਮੁੱਖ ਸੇਵਾਦਾਰ ਵਿਕਾਸ ਮਿੱਤਲ ਤੇ ਸੁਨੀਲ ਗੁਪਤਾ ਨੇ ਯੂ ਪੀ ਐੱਸ ਸੀ ਦੀ ਪ੍ਰੀਖਿਆ ਵਿੱਚੋਂ ਦੇਸ਼ ਭਰ 'ਚੋਂ 15ਵਾਂ ਰੈਂਕ ਹਾਸਲ ਕਰਨ 'ਤੇ ਸਿਮਰਨਦੀਪ ਕੌਰ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ। ਉਨ੍ਹਾਂ ਕਿਹਾ ਕਿ ਇਸ ਬੇਟੀ ਨੇ ਆਪਣੇ ਮਾਤਾ-ਪਿਤਾ, ਹਲਕੇ, ਪੰਜਾਬ ਅਤੇ ਦੇਸ਼ ਦਾ ਨਾਂਅ ਚਮਕਾਇਆ ਹੈ।ਸਿਮਰਨਦੀਪ ਕੌਰ



ਦੇ ਪਿਤਾ ਕੁਲਦੀਪ ਸਿੰਘ ਬਿਰੜਵਾਲ ਤੇ ਮਾਤਾ ਨੇ ਕਿਹਾ ਕਿ ਅੱਜ ਅਸੀਂ ਬਹੁਤ ਖੁਸ਼ ਹਾਂ ਕਿ ਸਾਡੀ ਬੱਚੀ ਨੇ ਅੱਜ ਵੱਡਾ ਮੁਕਾਮ ਹਾਸਲ ਕੀਤਾ ਹੈ।ਉਹ ਸ਼ੁਰੂ ਤੋਂ ਪੜ੍ਹਨ ਵਿੱਚ ਹੁਸ਼ਿਆਰ ਸੀ।ਮਾਪਿਆਂ ਨੇ ਕਿਹਾ ਕਿ ਸਾਡੇ ਕੋਲੋ ਇਸ ਨੇ ਕਦੇ ਕੁਝ ਨਹੀਂ ਮੰਗਿਆ ਅਤੇ ਨਾ ਕਿਸੇ ਚੀਜ਼ ਦੀ ਡਿਮਾਂਡ ਕੀਤੀ।

# ਕੌਮਾਂਤਰੀ ਔਰਤ ਦਿਵਸ ਮੌਕੇ ਮਹਿਲਾ ਕਰਮਚਾਰੀ ਲਈ ਮੁਫ਼ਤ ਬੀਮਾ ਯੋਜਨਾ ਦਾ ਤੋਹਫ਼ਾ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)** ਪੰਜਾਬ ਦੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਸਰਪ੍ਰਸਤੀ ਤੇ ਟਰਾਂਸਪੋਰਟ ਮੰਤਰੀ ਸ. ਲਾਲਜੀਤ ਸਿੰਘ ਭੁੱਲਰ ਦੀ ਰਹਿਨੁਮਾਈ ਹੇਠ ਪੀ.ਆਰ.ਟੀ.ਸੀ. ਦੇ ਚੇਅਰਮੈਨ ਐਡਵੋਕੇਟ ਹਰਪਾਲ ਜੁਨੇਜਾ ਨੇ ਕੌਮਾਂਤਰੀ ਮਹਿਲਾ ਦਿਵਸ ਨੂੰ ਸਮਰਪਤ ਔਰਤ ਮੁਲਾਜ਼ਮਾਂ ਦੀ ਭਲਾਈ ਲਈ ਇੱਕ ਵਿਸ਼ੇਸ਼ ਤੇ ਸਰਾਹੁਣਯੋਗ ਉਪਰਾਲਾ ਕੀਤਾ ਹੈ। ਇਸ ਤਹਿਤ ਮਹਿਲਾ ਕਰਮਚਾਰਣਾਂ ਨੂੰ ਯੂ ਆਈ ਆਈ ਸੀ (ਯੂਨਾਇਟਡ ਇੰਡੀਆ ਇੰਸ਼ੋਰੈਂਸ ਕੰਪਨੀ) ਨਾਲ ਰਾਬਤਾ ਕਾਇਮ ਕਰਦੇ ਹੋਏ 2,50,000 ਰੁਪਏ ਕਵਰ ਕਰਦੀ ਪੀ ਏ ਪਾਲਿਸੀ ਦੀ ਮੁਫ਼ਤ ਮਹਿਲਾ ਬੀਮਾ ਯੋਜਨਾ ਦਾ ਤੋਹਫ਼ਾ ਦਿੱਤਾ ਗਿਆ ਹੈ।ਇਸ ਬੀਮਾ ਯੋਜਨਾ ਦਾ ਪੂਰਾ ਖਰਚਾ ਚੇਅਰਮੈਨ ਐਡਵੋਕੇਟ ਹਰਪਾਲ ਜੁਨੇਜਾ ਵੱਲੋਂ ਨਿੱਜੀ ਤੌਰ 'ਤੇ ਭਰਿਆ ਗਿਆ।ਐਡਵੋਕੇਟ ਜੁਨੇਜਾ ਨੇ ਕਿਹਾ ਕਿ ਇਸ ਉਪਰਾਲੇ ਦਾ ਮੁੱਖ ਉਦੇਸ਼ ਮਹਿਲਾਵਾਂ ਨੂੰ ਸੁਰੱਖਿਆ ਤੇ ਸਨਮਾਨ ਪ੍ਰਦਾਨ ਕਰਨਾ ਹੈ। ਇਸ ਮੌਕੇ ਪੀ.ਆਰ.ਟੀ.ਸੀ. ਦੇ ਅਧਿਕਾਰੀ, ਕਰਮਚਾਰੀਆਂ ਤੋਂ ਇਲਾਵਾ ਸੰਦੀਪ ਕਥੂਰੀਆ ਤੇ ਬੀਮਾ ਕੰਪਨੀ ਦੇ ਬ੍ਰਾਂਚ ਮੈਨੇਜਰ ਹਰਪ੍ਰੀਤ ਸਿੰਘ ਮੌਜੂਦ ਸਨ।



# ਮਾਨ ਸਰਕਾਰ ਚੋਣਾਂ 'ਚ ਕੀਤੇ ਹਰੇਕ ਵਾਅਦੇ 'ਤੇ ਖਰੀ ਉੱਤਰੀ : ਸੰਧੂ

## 1000 ਰੁਪਏ ਦੀ ਗਰੰਟੀ ਪੂਰੀ ਹੋਣ 'ਤੇ ਔਰਤਾਂ ਨੇ ਵੰਡੇ ਲੱਡੂ



**ਮਮਦੋਟ (ਜਸਬੀਰ ਸਿੰਘ ਕੰਬੋਜ)**- ਆਮ ਆਦਮੀ ਪਾਰਟੀ ਵੱਲੋਂ ਕੀਤੇ ਗਏ ਚੁਣਾਵੀ ਵਾਅਦੇ ਤਹਿਤ ਔਰਤਾਂ ਨੂੰ ਪ੍ਰਤੀ ਮਹੀਨਾ 1000 ਰੁਪਏ ਜਿਸ ਨੂੰ ਕਿ ਆਮ ਆਦਮੀ ਪਾਰਟੀ ਨੇ ਇੱਕ ਚੋਣ ਵਾਇਦੇ ਭਾਵ ਗਰੰਟੀ ਦੇ ਤਹਿਤ ਦੇਣ ਦੀ ਗੱਲ ਕਹੀ ਸੀ ਤੇ ਹੁਣ ਇਹ ਗਰੰਟੀ 2026 ਦੇ ਬਜਟ ਸੈਸ਼ਨ ਦੌਰਾਨ ਪੰਜਾਬ ਸਰਕਾਰ ਵੱਲੋਂ ਪੂਰੀ ਕਰਨ 'ਤੇ ਪੰਜਾਬ ਭਰ ਦੀਆਂ ਸਮੂਹ ਔਰਤਾਂ ਵਿੱਚ ਖੁਸ਼ੀ ਦੀ ਲਹਿਰ ਪਾਈ ਜਾ ਰਹੀ ਹੈ। ਇਸ ਸਬੰਧੀ ਗੱਲਬਾਤ ਕਰਦੇ ਹੋਏ ਮਾਰਕੀਟ ਕਮੇਟੀ ਮਮਦੋਟ ਦੇ ਚੇਅਰਮੈਨ ਬਲਰਾਜ ਸਿੰਘ ਸੰਧੂ ਨੇ ਕਿਹਾ ਕਿ ਮਾਨ ਸਰਕਾਰ ਨੇ ਚੋਣਾਂ ਸਮੇਂ ਕੀਤਾ ਹਰੇਕ ਵਾਇਦਾ ਪੂਰਾ ਕੀਤਾ ਹੈ ਤੇ ਇਹਨਾਂ ਚੋਣ ਵਾਇਦਿਆਂ ਦੀ ਗਰੰਟੀ ਮਾਣਯੋਗ ਭਗਵੰਤ ਸਿੰਘ ਮਾਨ ਨੇ ਆਪਣੇ ਹਰੇਕ ਚੋਣ ਦੌਰੇ ਦੌਰਾਨ ਪੰਜਾਬ ਦੇ ਲੋਕਾਂ ਨੂੰ ਦਿੱਤੀ ਸੀ। ਵਾਇਦੇ ਦੇ ਪੂਰਾ ਹੋਣ 'ਤੇ ਮਮਦੋਟ ਦੇ ਆਮ ਆਦਮੀ ਪਾਰਟੀ ਇਸਤਰੀ ਵਿੰਗ ਵੱਲੋਂ ਸਮੁੱਚੀ ਹਾਈ ਕਮਾਂਡ ਦਾ ਧੰਨਵਾਦ ਕਰਦਿਆਂ ਖੁਸ਼ੀ ਵਿੱਚ ਲੱਡੂ ਵੰਡੇ ਗਏ. ਇਸ ਮੌਕੇ ਨਗਰ ਪੰਚਾਇਤ ਮਮਦੋਟ ਦੇ ਪ੍ਰਧਾਨ ਉਪਿੰਦਰ ਸਿੰਘ ਸਿੰਧੀ, ਐਮ ਸੀ ਸੁਰਿੰਦਰ ਕੁਮਾਰ ਸੋਨੂੰ ਸੇਠੀ,ਐਮ ਸੀ ਕੇਵਲ ਕ੍ਰਿਸ਼ਨ ਵਿਪਨ, ਡਾਕਟਰ ਦਲਜੀਤ ਸਿੰਘ ਜੋਸਨ ਰਹੀਮੇ ਕੇ, ਕੋਮਲ ਧਵਨ ਬਲਾਕ ਪ੍ਰਧਾਨ ਇਸਤਰੀ ਵਿੰਗ ਆਮ ਆਦਮੀ ਪਾਰਟੀ ਮਮਦੋਟ, ਅਨੁਰਾਧਾ ਐਮ ਸੀ ਮਮਦੋਟ, ਸ਼ਮਾ ਸ਼ਰਮਾ, ਸੋਨੀਆ, ਪੂਜਾ ਬਿੰਦਰਾ, ਰੀਆ ਵਿਨਾਇਕ, ਮੋਨਿਕਾ ਅਤੇ ਹੋਰ ਬਹੁਤ ਸਾਰੇ ਆਗੂ ਅਤੇ ਵਰਕਰ ਹਾਜ਼ਰ ਸਨ।

## ਹੈਰੋਇਨ ਸਣੇ ਗ੍ਰਿਫਤਾਰ

**ਜਲਾਲਾਬਾਦ (ਜੀਤ ਕੁਮਾਰ)**- ਥਾਣਾ ਸਦਰ ਜਲਾਲਾਬਾਦ ਦੀ ਪੁਲਿਸ ਵੱਲੋਂ 10.50 ਗ੍ਰਾਮ ਹੈਰੋਇਨ ਸਣੇ ਇਕ ਵਿਅਕਤੀ ਨੂੰ ਗ੍ਰਿਫਤਾਰ ਕੀਤਾ ਗਿਆ ਹੈ। ਇਸ ਸਬੰਧੀ ਜਾਂਚ ਅਧਿਕਾਰੀ ਸਹਾਇਕ ਥਾਣੇਦਾਰ ਜਗਜੀਤ ਸਿੰਘ ਨੇ ਦੱਸਿਆ ਕਿ ਪੁਲਿਸ ਵੱਲੋਂ ਗੁਰਪ੍ਰੀਤ ਸਿੰਘ ਪੁੱਤਰ ਰਜਿੰਦਰ ਸਿੰਘ ਵਾਸੀ ਦਸ਼ਮੇਸ਼ ਨਗਰ ਜਲਾਲਾਬਾਦ ਨੂੰ ਹੈਰੋਇਨ ਸਣੇ ਗ੍ਰਿਫਤਾਰ ਕਰਨ ਉਪਰੰਤ ਥਾਣਾ ਸਦਰ ਜਲਾਲਾਬਾਦ ਵਿਖੇ ਧਾਰਾ 21 ਐਨ.ਡੀ.ਪੀ.ਐਸ. ਐਕਟ ਅਧੀਨ ਮੁਕੱਦਮਾ ਦਰਜ ਕੀਤਾ ਗਿਆ ਹੈ।

## ਨਾਰੀ ਜਲ ਸ਼ਕਤੀ ਦਿਵਸ ਮਨਾਇਆ

**ਜਲਾਲਾਬਾਦ (ਜੀਤ ਕੁਮਾਰ)**- ਪਿੰਡ ਹਜ਼ਾਰਾਂ ਰਾਮ ਸਿੰਘ ਵਾਲਾ ਵਿਖੇ ਨਾਰੀ ਜਲ ਸ਼ਕਤੀ ਦਿਵਸ ਪਿੰਡ ਦੀ ਸਮੂਹ ਗ੍ਰਾਮ ਪੰਚਾਇਤ ਅਤੇ ਮਹਿਲਾ ਜ਼ਿਲ੍ਹਾ ਪ੍ਰੀਸ਼ਦ ਮੈਂਬਰ ਤੇ ਪਿੰਡ ਵਾਸੀਆਂ ਦੇ ਸਹਿਯੋਗ ਨਾਲ ਸਰਕਾਰੀ ਪ੍ਰਾਇਮਰੀ ਸਕੂਲ ਵਿਖੇ ਮਨਾਇਆ ਗਿਆ। ਇਸ ਮੌਕੇ ਪਿੰਡ ਵਾਸੀਆਂ ਅਤੇ ਸਕੂਲ ਦੇ ਵਿਦਿਆਰਥੀਆਂ ਨੂੰ ਮਹਿਲਾ ਦਿਵਸ ਦੀ ਮਹੱਤਤਾ ਬਾਰੇ




ਜਾਣਕਾਰੀ ਦਿੰਦਿਆਂ ਹੋਇਆ ਪੀਣ ਯੋਗ ਪਾਣੀ ਦੀ ਸੰਭਾਲ, ਰੱਖ-ਰਖਾਵ ਅਤੇ ਸਵੱਛ ਭਾਰਤ ਮਿਸ਼ਨ ਤਹਿਤ ਅਪਣੇ ਆਲੇ-ਦੁਆਲੇ ਦੀ ਸਫਾਈ ਦੇ ਨਾਲ-ਨਾਲ ਸੁਕੇ ਅਤੇ ਗਿੱਲੇ ਕੂੜੇ ਦੇ ਸੁਰੱਖਿਅਤ ਨਿਪਟਾਰੇ ਬਾਰੇ ਜਾਗਰੂਕ ਕੀਤਾ ਗਿਆ ਅਤੇ ਫੀਲਡ ਟੈਸਟ ਕਿੱਟ ਨਾਲ ਮੌਕੇ 'ਤੇ ਪੀਣ ਯੋਗ ਪਾਣੀ ਦੇ ਨਮੂਨਿਆਂ ਦੇ ਟੈਸਟ ਵੀ ਕੀਤੇ ਗਏ! ਇਸ ਮੌਕੇ ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ ਵੱਲੋਂ ਸਹਾਇਕ ਇੰਜੀਨੀਅਰ ਸੁਖਵਿੰਦਰ ਸਿੰਘ, ਆਈ.ਈ.ਸੀ ਸ਼੍ਰੀਮਤੀ ਪੂਨਮ ਖੁੰਗਰ, ਸ਼੍ਰੀ ਰਜਿੰਦਰ ਸਿੰਘ ਜੇ. ਈ, ਸ਼੍ਰੀ ਵਿਕਰਮ ਕਟਾਰੀਆ ਜੇ.ਈ, ਸ਼੍ਰੀਮਤੀ ਪਰਮਿੰਦਰ ਕੌਰ ਬੀ.ਆਰ.ਸੀ ਅਤੇ ਅਮਨਦੀਪ ਬੀ.ਆਰ.ਸੀ ਹਾਜ਼ਰ ਸੀ।

# ਮੋਗਾ ਰੈਲੀ ਦੇ ਸੰਬੰਧ 'ਚ ਭਾਜਪਾ ਦੀ ਅਹਿਮ ਮੀਟਿੰਗ

**ਜਗਰਾਉਂ (ਅਮਿਤ ਖੰਨਾ)**- 14 ਮਾਰਚ ਨੂੰ ਮੋਗਾ ਵਿਖੇ ਹੋਣ ਜਾ ਰਹੀ ਬਦਲਾਅ ਰੈਲੀ ਦੇ ਸੰਬੰਧ ਵਿੱਚ ਭਾਰਤੀ ਜਨਤਾ ਪਾਰਟੀ ਜ਼ਿਲ੍ਹਾ ਜਗਰਾਉਂ ਦੀ ਅਹਿਮ ਮੀਟਿੰਗ ਹੋਈ ਜਿਸ ਵਿੱਚ ਜ਼ਿਲ੍ਹਾ ਤੇ ਮੰਡਲਾਂ ਦੇ ਅਹੁਦੇਦਾਰਾਂ ਅਤੇ ਵੱਖ-ਵੱਖ ਮੋਰਚਿਆਂ ਦੇ ਅਹੁਦੇਦਾਰਾਂ ਨਾਲ ਭਾਜਪਾ ਪੰਜਾਬ ਪ੍ਰਧਾਨ ਸ਼੍ਰੀ



ਅਸ਼ਵਨੀ ਸ਼ਰਮਾ ਵੱਲੋਂ ਰੈਲੀ ਸੰਬੰਧੀ ਵਿਸਥਾਰ ਨਾਲ ਚਰਚਾ ਕੀਤੀ ਤੇ ਰੈਲੀ ਦੀਆਂ ਤਿਆਰੀਆਂ ਨੂੰ ਆਖ਼ਰੀ ਰੂਪ ਦਿੱਤਾ। ਇਸ ਮੌਕੇ ਸੂਬਾ ਜਨਰਲ ਸਕੱਤਰ ਪਰਮਿੰਦਰ ਸਿੰਘ ਬਰਾੜ , ਦਿਆਲ ਸਿੰਘ ਸੋਢੀ, ਜ਼ਿਲ੍ਹਾ ਪ੍ਰਧਾਨ ਡਾ: ਰਾਜਿੰਦਰ ਸ਼ਰਮਾ, ਰੈਲੀ ਹਲਕਾ ਇੰਚਾਰਜ ਰਾਸ਼ੀ ਅਗਰਵਾਲ, ਰਮਿੰਦਰ ਸਿੰਘ ਸੇਗੋਵਾਲ, ਪਰਮਜੀਤ ਸਿੰਘ ਕੈਂਥ, ਗੇਜਾ ਰਾਮ ਵਾਲੀਮਿਕ, ਮੇਜਰ ਸਿੰਘ ਦੇਤਵਾਲ, ਕੰਵਰ ਨਰਿੰਦਰ ਸਿੰਘ, ਗੌਰਵ ਖੁੱਲਰ ਸਮੇਤ ਜ਼ਿਲ੍ਹਾ ਜਨਰਲ ਸਕੱਤਰ ਸੁਮਿਤ ਅਰੋੜਾ, ਪ੍ਰਦੀਪ ਜੰਡ, ਗੁਰਸਿਮਰਨ ਸਿੰਘ ਗਿੱਲ, ਲਖਵਿੰਦਰ ਸਿੰਘ ਸਪਰਾ, ਪਵਨ ਸੇਠੀ, ਰਾਜ ਵਰਮਾ, ਸੁਰੇਸ਼ ਗਰਗ, ਗੌਰਵ ਗੁਪਤਾ, ਜਗਜੀਵਨ ਸਿੰਘ ਰਕਬਾ, ਪਰਮਜੀਤ ਟੂਸੇ, ਜਸਮੇਲ ਸਿੰਘ ਧਾਲੀਵਾਲ, ਸਰਬਜੀਤ ਕੌਰ ਪ੍ਰਧਾਨ ਮਹਿਲਾ ਮੋਰਚਾ, ਗੁਰਜੀਤ ਕੌਰ ਗਾਲਿਬ, ਸਰਕਲ ਪ੍ਰਧਾਨ ਨਵਨੀਤ ਗੁਪਤਾ, ਟੋਨੀ ਵਰਮਾ, ਗੁਰਭੇਜ ਸਿੰਘ, ਗੁਰਦਿਆਲ ਸਿੰਘ, ਕੁਲਵੰਤ ਸਿੰਘ ਭੱਟੀ, ਕੇਵਲ ਸਿੰਘ ਹਠੂਰ, ਜਗਦੇਵ ਸਿੰਘ ਦਿਓਲ, ਗੁਰਚਰਨ ਸਿੰਘ ਮੱਲ੍ਹਾ, ਪ੍ਰਭਜੋਤ ਸਿੰਘ ਦਿਓਲ, ਅਸੀਸ਼ ਗੁਪਤਾ, ਅਨਿਲ ਕੁਮਾਰ ਸੈਂਟੀ, ਕ੍ਰਿਸ਼ਨ ਕੁਮਾਰ, ਸੁਭਮ ਮੁਲਾਂਪੁਰ, ਬਲਰਾਜ ਸਿੰਘ ਦਿਆ, ਡਾ: ਨਿਰਮਲ ਭੁੱਲਰ, ਦਰਸ਼ਨ ਸਿੰਘ ਗਿੱਲ, ਬਲਜਿੰਦਰ ਸਿੰਘ, ਰਾਜਪਾਲ ਜੈਨ, ਲਲਿਤ ਜੈਨ, ਇੰਦਰਜੀਤ ਸਿੰਘ ਰਾਜੂ, ਜਗਦੀਪ ਜੈਨ, ਜਨਕ ਰਾਜ, ਪੰਡਤ ਵਿਪਨ ਸ਼ਰਮਾ, ਪੰਡਤ ਰਾਜ ਸ਼ਰਮਾ, ਅਨੁਰਾਗ ਮੰਗਲਾ, ਹਰਵਿੰਦਰ ਸਿੰਘ, ਭਾਰਤੀ, ਰਜਨੀਸ਼ ਸ਼ਰਮਾ, ਕੁਲਵੰਤ ਭਾਰਤੀ, ਕਪਿਲ ਪਰਜਾਪਤੀ, ਅਭੀ ਗੋਇਲ, ਦਿਆ ਸਿੰਘ, ਹਰੀ ਓਮ ਵਰਮਾ ਹੰਸ ਰਾਜ, ਰਵੀ ਮੁਲਾਂਪੁਰ ਤੇ ਹੋਰ ਮੌਜੂਦ ਸਨ।

# ਰੁਜ਼ਗਾਰ ਮੇਲੇ 'ਚ 95 ਸਿਖਿਆਰਥੀਆਂ ਦੀ ਚੋਣ

**ਮਾਨਸਾ (ਆਤਮਾ ਸਿੰਘ ਪਮਾਰ)**- ਸਰਕਾਰੀ ਆਈ ਟੀ ਆਈ ਮਾਨਸਾ ਵਿਖੇ ਅਪ੍ਰੈਂਟਿਸ਼ਿਪ ਅਤੇ ਰੁਜ਼ਗਾਰ ਮੇਲਾ ਲਗਾਇਆ ਗਿਆ। ਇਸ ਮੇਲੇ 'ਚ ਅੰਬਰ ਇੰਟਰਪ੍ਰਾਈਜ਼, ਜਗਤਜੀਤ ਇੰਡਸਟਰੀਜ਼ ਚੀਮਾ, ਪੈਪਸੀਕੋ ਇੰਡੀਆ ਹੋਲਡਿੰਗ, ਹਾਈਵੇ ਰੂਪ ਇੰਡਸਟਰੀਜ਼, ਪਾਲ ਐਗਰੋ ਇੰਡਸਟਰੀਜ਼ ਭੈਣੀ ਬਾਘਾ ਮਾਨਸਾ ਅਤੇ ਲਾਰਸਨ ਐਂਡ ਟਬਰੋ ਨਵੀ ਦਿੱਲੀ ਦੀਆਂ ਕੰਪਨੀਆਂ ਦੇ ਨੁਮਾਇੰਦਿਆਂ ਵਲੋਂ ਸਿਖਿਆਰਥੀਆਂ ਦੀ ਚੋਣ ਕੀਤੀ ਗਈ।ਕੰਪਨੀਆਂ/ਇੰਡਸਟਰੀਜ਼ ਵੱਲੋਂ ਯੋਗਤਾ ਅਤੇ ਹੁਨਰ ਦੇ ਆਧਾਰ 'ਤੇ ਇੰਟਰਵਿਊ ਕਰਕੇ ਭਾਗ ਲੈਣ ਵਾਲੇ 152 ਸਿਖਿਆਰਥੀਆਂ ਵਿੱਚੋਂ 95 ਸਿਖਿਆਰਥੀਆਂ ਦੀ ਚੋਣ ਕੀਤੀ ਗਈ। ਪ੍ਰਿੰਸੀਪਲ ਗੁਰਮੇਲ ਸਿੰਘ ਮਾਖਾ ਨੇ ਕਿਹਾ ਕਿ ਸੰਸਥਾ ਵਲੋਂ ਸਮੇਂ-ਸਮੇਂ 'ਤੇ ਰੋਜ਼ਗਾਰ ਮੇਲੇ ਲਗਾ ਕੇ ਸਿਖਿਆਰਥੀਆਂ ਨੂੰ ਰੁਜ਼ਗਾਰ ਦੇ ਮੌਕੇ ਮੁਹੱਈਆ ਕਰਵਾਏ ਜਾਂਦੇ ਹਨ।ਪਲੇਸਮੇਂਟ ਅਫ਼ਸਰ ਜਸਪਾਲ ਸਿੰਘ ਵਲੋਂ ਚੁਣੇ ਗਏ ਸਿਖਿਆਰਥੀਆਂ ਨੂੰ ਵਧਾਈ ਦਿੰਦਿਆਂ ਹੋਰਨਾ ਸਿਖਿਆਰਥੀਆਂ ਨੂੰ ਇਸ ਤਰ੍ਹਾਂ ਦੇ ਰੋਜ਼ਗਾਰ ਮੇਲਿਆਂ 'ਚ ਵਧ ਚੜ੍ਹ ਕੇ ਸ਼ਿਰਕਤ ਕਰਨ ਲਈ ਕਿਹਾ।

## 1000 ਰੁਪਏ ਦਾ ਐਲਾਨ ਹੋਣ 'ਤੇ ਔਰਤਾਂ ਨੇ ਵੰਡੇ ਲੱਡੂ

**ਫ਼ਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**- ਪਿੰਡ ਧਤੌਦਾ ਵਿਖੇ ਪਿੰਡ ਦੀਆਂ ਔਰਤਾਂ ਵੱਲੋਂ ਲੱਡੂ ਵੰਡੇ ਗਏ।ਪਿੰਡ ਦੇ ਸਰਪੰਚ ਨੰਬਰਦਾਰ ਜਗਰੂਪ ਸਿੰਘ ਨੇ ਦੱਸਿਆ ਕਿ ਪੰਜਾਬ ਸਰਕਾਰ



ਵੱਲੋਂ ਸੂਬੇ ਦੀਆਂ ਔਰਤਾਂ ਨੂੰ 1000 ਰੁਪਏ ਪ੍ਰਤੀ ਮਹੀਨਾ ਦੇਣ ਦਾ ਜੋ ਵਾਅਦਾ ਕੀਤਾ ਗਿਆ ਸੀ, ਪੰਜਾਬ ਸਰਕਾਰ ਵੱਲੋਂ ਉਸ ਨੂੰ ਪੂਰਾ ਕਰ ਦਿੱਤਾ ਗਿਆ ਹੈ।ਉਸ ਦੀ ਰਜਿਸਟ੍ਰੇਸ਼ਨ 13 ਅਪ੍ਰੈਲ ਤੋਂ ਸ਼ੁਰੂ ਹੋ ਜਾਵੇਗੀ।ਹਰ ਜਰਨਲ ਵਰਗ ਦੀ ਔਰਤ ਨੂੰ 1000 ਰੁਪਏ ਪ੍ਰਤੀ ਮਹੀਨਾ ਤੇ ਅਨੁਸੂਚਿਤ ਜਾਤੀ ਨਾਲ ਸੰਬੰਧਿਤ ਔਰਤ ਨੂੰ 1500 ਰੁਪਏ ਪ੍ਰਤੀ ਮਹੀਨਾ ਦਿੱਤਾ ਜਾਵੇਗਾ।ਪਿੰਡ ਧਤੌਂਦਾ ਵਿਖੇ ਔਰਤਾਂ ਵੱਲੋਂ ਸਰਕਾਰ ਦੇ ਇਸ ਐਲਾਨ ਉੱਤੇ ਧੰਨਵਾਦ ਕੀਤਾ ਗਿਆ ਤੇ ਖੁਸ਼ੀ ਦੇ ਵਿੱਚ ਲੱਡੂ ਵੰਡੇ ਗਏ।

# ਲੁੱਟ-ਖੋਹ ਕਰਨ ਵਾਲੇ ਗਰੋਹ ਦੇ 4 ਮੈਂਬਰ ਕਾਬੂ, ਕਰੋੜਾਂ ਦੇ ਗਹਿਣੇ ਬਰਾਮਦ

ਗੁਰਦਾਸਪੁਰ (ਜਨਕ ਮਹਾਜਨ) - ਗੁਰਦਾਸਪੁਰ ਪੁਲਿਸ ਨੂੰ ਉਸ ਸਮੇਂ ਵੱਡੀ ਸਫ਼ਲਤਾ ਹੱਥ ਲੱਗੀ ਜਦੋਂ ਪੁਲਿਸ ਨੇ ਪਿਛਲੇ ਦਿਨੀਂ ਗੁਰਦਾਸਪੁਰ ਸ਼ਹਿਰ ਅੰਦਰ ਇਕ ਘਰ ਦੇ ਪਰਿਵਾਰਕ ਮੈਂਬਰਾਂ ਨੂੰ ਬੰਨ੍ਹ ਕੇ ਲੁੱਟਖੋਹ ਕਰਨ ਵਾਲੇ ਗਿਰੋਹ ਦੇ 4 ਮੈਂਬਰਾਂ ਨੂੰ ਗ੍ਰਿਫਤਾਰ ਕਰ ਲਿਆ।



ਦਸ ਦਈਏ ਕਿ ਪਿਛਲੇ ਦਿਨੀਂ ਗੁਰਦਾਸਪੁਰ ਸ਼ਹਿਰ ਦੀ ਸਕੀਮ ਨੰਬਰ 5 ਵਿਚ ਰਹਿੰਦੇ ਇਕ ਸੁਨਿਆਰੇ ਦੇ ਘਰੋਂ ਚੋਰਾਂ ਵਲੋਂ ਲੁੱਟ ਖੋਹ ਕਰਕੇ ਵੱਡੀ ਮਾਤਰਾ ਵਿਚ ਨਕਦੀ ਅਤੇ ਗਹਿਣੇ ਚੋਰੀ ਕਰ ਲਏ ਸਨ।

ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਐੱਸ.ਐੱਸ.ਪੀ. ਗੁਰਦਾਸਪੁਰ ਅਦਿੱਤਿਯ ਨੇ ਦੱਸਿਆ ਕਿ ਪੀੜਤ ਸੁਨਿਆਰੇ ਦੀ ਸ਼ਿਕਾਇਤ 'ਤੇ ਮਾਮਲਾ ਦਰਜ ਕਰਕੇ ਪੁਲਿਸ ਦੀਆਂ ਵੱਖ-ਵੱਖ ਟੀਮਾਂ ਬਣਾ ਦਿੱਤੀਆਂ ਗਈਆਂ ਹਨ ਜਿਨ੍ਹਾਂ ਦੀ ਅਗਵਾਈ ਐੱਸ.ਪੀ. ਅਤੇ ਡੀ.ਐਸ.ਪੀ. ਥਾਣਾ ਸਿਟੀ ਗੁਰਦਾਸਪੁਰ ਨੇ ਕੀਤੀ, ਜਿਨ੍ਹਾਂ ਦੀ ਕੋਸ਼ਿਸ਼ ਸਦਕਾ ਰਾਜਬੀਰ ਸਿੰਘ ਵਾਸੀ ਧੀਮਾਨ ਬਟਾਲਾ, ਸਿਮਰਜੀਤ ਸਿੰਘ ਵਾਸੀ ਬਟਾਲਾ, ਬਲਵਿੰਦਰ ਸਿੰਘ ਵਾਸੀ ਕਿਲ੍ਹਾ ਲਾਲ ਸਿੰਘ ਬਟਾਲਾ ਅਤੇ ਕੁਲਬੀਰ ਸਿੰਘ ਵਾਸੀ ਸੂਰਤ ਮਲੀ ਬਟਾਲਾ ਨੂੰ ਗ੍ਰਿਫ਼ਤਾਰ ਕਰ ਲਿਆ ਹੈ ਅਤੇ ਇਨ੍ਹਾਂ ਪਾਸੋਂ 1 ਕਰੋੜ 85 ਰੁਪਏ ਦੀ ਬਰਾਮਦੀ ਕੀਤੀ ਹੈ। ਵੇਰਵੇ ਅਨੁਸਾਰ 32 ਲੱਖ ਰੁਪਏ ਨਕਦ ਅਤੇ 1 ਕਰੋੜ 52 ਲੱਖ ਰੁਪਏ ਦੇ ਸੋਨੇ ਤੇ ਚਾਂਦੀ ਦੇ ਗਹਿਣੇ ਬਰਾਮਦ ਕੀਤੇ ਹਨ।

ਉਨ੍ਹਾਂ ਦੱਸਿਆ ਕਿ ਕਥਿਤ ਦੋਸ਼ੀਆਂ ਨੂੰ ਗ੍ਰਿਫ਼ਤਾਰ ਕਰਨ ਉਪਰੰਤ ਰਿਮਾਂਡ ਲੈਣ 'ਤੇ ਅਗਲੀ ਜਾਂਚ ਕੀਤੀ ਜਾਵੇਗੀ।

# ਮੁਲਾਜ਼ਮਾਂ ਦਾ ਕਿਸਾਨ ਜਥੇਬੰਦੀਆਂ ਪੂਰਨ ਸਾਥ ਦੇਣਗੀਆਂ : ਲਖਬੀਰ ਸਿੰਘ

ਤਰਸਿੱਕਾ (ਤਰਸੇਮ ਸਿੰਘ ਸਾਧਪੁਰ)-ਪੰਜਾਬ ਅੰਦਰ ਮਜਦੂਰਾਂ, ਕਿਸਾਨਾਂ ਅਤੇ ਮੁਲਾਜਮਾਂ ਵੱਲੋਂ ਆਪਣੀਆਂ ਹੱਕੀ ਅਤੇ ਜਾਇਜ ਮੰਗਾਂ ਨੂੰ ਮਨਵਾਉਣ ਲਈ ਜੋ ਸੰਘਰਸ਼ ਕੀਤੇ ਜਾ ਰਹੇ ਹਨ। ਇਹਨਾਂ ਸੰਘਰਸਾਂ ਤੋਂ ਘਬਰਾ ਕੇ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਪੁਲੀਸ ਦੇ ਜਬਰ ਰਾਹੀਂ ਇਹਨਾਂ ਘੋਲਾਂ ਨੂੰ ਕੁਚਲਣ ਅਤੇ ਉਹਨਾਂ ਦੇ ਆਗੂਆਂ 'ਤੇ ਤਸ਼ੱਦਦ ਦਾ ਨਵਾਂ ਰਾਹ ਫੜ ਲਿਆ ਹੈ। ਇਲਾਕੇ ਦੇ ਮੁਲਾਜਮ ਆਗੂ ਤੇਜਿੰਦਰ ਸਿੰਘ ਨੰਗਲ ਨੂੰ ਜੰਡਿਆਲਾ ਗੁਰੂ ਪੁਲੀਸ ਵੱਲੋਂ 9 ਮਾਰਚ ਦੀ ਰਾਤ ਨੂੰ 11 ਵਜੇ ਜਿਸ ਤਰਾਂ ਘਰ ਵਿੱਚ ਵੜ ਕੇ ਗ੍ਰਿਫਤਾਰ ਕੀਤਾ ਅਤੇ ਘਰ ਦੀਆਂ ਔਰਤਾਂ ਅਤੇ ਪਰਵਾਰਿਕ ਮੈਂਬਰਾਂ ਦੀ ਬੇਇਜਤੀ ਕੀਤੀ। ਇਸ ਨੇ ਸੰਘਰਸ਼ ਕਰਨ ਵਾਲੇ ਲੋਕਾਂ ਨੂੰ ਇਸ ਸਰਕਾਰ ਦੇ ਜਬਰ ਜੁਲਮ ਸਾਹਮਣੇ ਏਕੇ ਅਤੇ ਸੰਘਰਸ਼ ਨਾਲ ਜਵਾਬ ਦੇਣ ਵਾਸਤੇ ਮਜਬੂਰ ਕਰ ਦਿੱਤਾ ਹੈ। ਇਥੇ ਵਰਨਣਯੋਗ ਹੈ ਕਿ ਸਾਥੀ ਤੇਜਿੰਦਰ ਸਿੰਘ ਨੰਗਲ ਡਿਪਟੀ ਕਮਿਸ਼ਨਰ ਦਫਤਰ ਜਲੰਧਰ ਵਿੱਚ ਕਲਰਕ ਦੀ ਅਸਾਮੀ 'ਤੇ ਤਾਇਨਾਤ ਹੈ। ਇਹ ਸਾਥੀ ਪੰਜਾਬ ਦੇ ਡਿਪਟੀ ਕਮਿਸ਼ਨਰ ਦਫਤਰ ਦੇ ਮੁਲਾਜਮਾਂ ਦੀ ਜਥੇਬੰਦੀ ਦਾ ਪੰਜਾਬ ਪ੍ਰਧਾਨ ਅਤੇ ਪੰਜਾਬ ਸਟੇਟ ਮਨਿਸਟਰੀਅਲ ਸਰਵਿਸ ਯੂਨੀਅਨ ਦਾ ਸੂਬੇ ਦਾ ਮੁੱਖ ਸਲਾਹਕਾਰ ਹੈ। ਜਲੰਧਰ ਜਿਲਾ ਯੂਨਿਟ ਦਾ ਪ੍ਰਧਾਨ ਹੈ। ਤਰਸੇਮ ਸਿੰਘ ਸਾਬਕਾ ਸਰਪੰਚ ਨੰਗਲ, ਨੰਬਰਦਾਰ ਸਤਨਾਮ ਸਿੰਘ ਕਾਲਾ, ਗੁਰਬਿੰਦਰ ਸਿੰਘ ਲੱਡੂ, ਭੁਪਿੰਦਰ ਸਿੰਘ ਤੀਰਥਪੁਰ ਪ੍ਰਧਾਨ ਸਬਜੀ ਉੱਤਪਾਦਕ ਕਿਸਾਨ ਜਥੇਬੰਦੀ,



ਕਾਮਰੇਡ ਲਖਬੀਰ ਸਿੰਘ ਨਿਜ਼ਾਮਪੁਰ, ਕਰਨੈਲ ਸਿੰਘ ਸੈਕਟਰੀ ਨਵਾਂ ਪਿੰਡ ਨੇ ਮੁਲਾਜਮ ਆਗੂ ਤੇਜਿੰਦਰ ਸਿੰਘ ਨੰਗਲ ਦੇ ਘਰ ਪਹੁੰਚ ਕੇ ਉਸ ਨੂੰ ਸੰਯੁਕਤ ਕਿਸਾਨ ਮੋਰਚੇ ਅਤੇ ਕੁੱਲ ਹਿੰਦ ਕਿਸਾਨ ਸਭਾ ਪੰਜਾਬ ਵੱਲੋਂ ਹਿਮਾਇਤ ਦਾ ਭਰੋਸਾ ਦਿਵਾਇਆ। ਪੰਜਾਬ ਸਰਕਾਰ ਦੇ ਇਹਨਾਂ ਕੋਝੇ ਹੱਥਕੰਢਿਆਂ ਦੀ ਜਥੇਬੰਦੀ ਵੱਲੋਂ ਜੋਰਦਾਰ ਨਿਖੇਧੀ ਕਰਦਿਆਂ ਮੰਗ ਕੀਤੀ ਕਿ ਮੁਲਾਜਮ ਸਾਥੀ ਨੂੰ ਗ੍ਰਿਫਤਾਰ ਕਰਨ ਵਾਲੇ ਪੁਲੀਸ ਅਧਿਕਾਰੀਆਂ ਖਿਲਾਫ ਕਾਰਵਾਈ ਕੀਤੀ ਜਾਵੇ। ਲਖਬੀਰ ਸਿੰਘ ਨਿਜ਼ਾਮਪੁਰ ਨੇ ਕਿਹਾ ਹੈ ਕਿ ਆਉਣ ਵਾਲੇ ਸਮੇਂ ਵਿੱਚ ਮੁਲਾਜਮ ਜਥੇਬੰਦੀਆਂ ਬੇਇਨਸਾਫੀ ਖਿਲਾਫ ਜੋ ਵੀ ਘੋਲ ਕਰਨਗੀਆਂ ਕਿਸਾਨ ਜਥੇਬੰਦੀਆਂ ਉਸ ਵਿੱਚ ਪੂਰਨ ਸਾਥ ਦੇਣਗੀਆਂ॥

# ਸ਼ੈਰੀ ਕਲਸੀ ਨੇ ਕੂੜੇ ਦੀ ਸਮੱਸਿਆ ਦਾ ਸਥਾਈ ਹੱਲ ਕਰਨ ਦਾ ਮੁੱਦਾ ਉਠਾਇਆ

ਬਟਾਲਾ (ਡਾਕਟਰ ਮਲਵਿੰਦਰ ਸਿੰਘ)-ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਵਿਧਾਇਕ ਸ਼ੈਰੀ ਕਲਸੀ ਲਗਾਤਾਰ ਬਟਾਲਾ ਹਲਕੇ ਅਤੇ ਖਾਸ ਕਰਕੇ ਬਟਾਲਾ ਸ਼ਹਿਰ ਦੀਆਂ ਮੁਸ਼ਕਿਲਾਂ ਹੱਲ ਕਰਨ ਲਈ ਨਿਰੰਤਰ ਯਤਨਸ਼ੀਲ ਹਨ ਅਤੇ ਇਸ ਦੇ ਚੱਲਦਿਆਂ ਉਨ੍ਹਾਂ ਵਲੋਂ ਬਟਾਲੇ ਸ਼ਹਿਰ ਵਿੱਚ ਕੂੜੇ ਦੀ ਸਮੱਸਿਆ ਦਾ ਸਥਾਈ ਹੱਲ ਕਰਨ ਦਾ ਮੁੱਦਾ ਵਿਧਾਨ ਸਭਾ ਵਿੱਚ ਉਠਾਇਆ ਗਿਆ। ਬਜਟ ਸ਼ੈਸਨ ਵਿੱਚ ਵਿਧਾਇਕ ਵਲੋਂ ਵੱਖ ਵੱਖ ਮੁੱਦਿਆਂ ਨੂੰ ਬਾਖੂਬੀ ਉਠਾਇਆ ਗਿਆ ਹੈ ਅਤੇ ਵਿਰੋਧੀ ਪਾਰਟੀਆਂ ਨੂੰ ਵੀ ਆੜੇ ਹੱਥੀ ਲਿਆ ਹੈ।ਵਿਧਾਇਕ ਨੇ ਸਪੀਕਰ ਪੰਜਾਬ ਦੇ ਧਿਆਨ ਵਿਚ ਲਿਆਂਦਾ ਕਿ ਇਤਿਹਾਸਕ ਅਤੇ ਧਾਰਮਿਕ ਸ਼ਹਿਰ ਬਟਾਲਾ ਵਿਖੇ ਪਿਛਲੇ 75 ਸਾਲਾਂ ਤੋਂ ਸੱਤਾ ਹੰਢਾ ਕੇ ਗਈਆਂ ਪਾਰਟੀਆਂ ਵਲੋਂ ਸ਼ਹਿਰ ਵਿਚਲੀ ਕੂੜੇ ਦੀ ਸਮੱਸਿਆ ਵੱਲ ਕੋਈ ਧਿਆਨ ਨਹੀਂ ਦਿੱਤਾ ਗਿਆ ਅਤੇ ਕੂੜਾ ਸੁੱਟਣ ਲਈ ਕੋਈ ਪੱਕੀ ਜਗ੍ਹਾ ਨਹੀਂ ਹੈ।ਵਿਧਾਇਕ ਸ਼ੈਰੀ ਕਲਸੀ ਕਿਹਾ ਕਿ ਜਦੋਂ ਦੀ ਬਟਾਲਾ ਵਾਸੀਆਂ ਨੇ ਉਨ੍ਹਾਂ ਨੂੰ ਵਿਧਾਇਕ ਵਜੋਂ ਜਿੰਮੇਵਾਰੀ ਸੌਂਪੀ ਹੈ, ਪਹਿਲੇ ਦਿਨ ਤੋਂ ਲੈ ਕੇ ਹੁਣ ਤੱਕ ਬਟਾਲਾ ਦੇ ਵਿਕਾਸ ਤੇ ਸਿਰਫ ਵਿਕਾਸ ਲਈ ਹੀ ਉਨ੍ਹਾਂ ਨੇ ਯਤਨ ਕੀਤੇ ਹਨ।ਉਨ੍ਹਾਂ ਦੱਸਿਆ ਕਿ ਨਗਰ ਨਿਗਮ ਬਟਾਲਾ ਵਿੱਚ ਨਵੀਆਂ 18 ਟਾਟਾ ਗੱਡੀਆਂ, 70 ਨਵੇਂ ਰਿਕਸ਼ੇ ਮੁਹੱਈਆ ਕਰਵਾਏ ਗਏ ਅਤੇ 5 ਵੱਖ-ਵੱਖ ਥਾਵਾਂ 'ਤੇ ਗਿੱਲਾ ਤੇ ਸੁੱਕਾ ਕੂੜਾ ਸੁੱਟਣ ਲਈ ਪਿੱਟਸ ਬਣਾ ਕੇ ਦਿੱਤੀਆਂ। ਨਿਗਮ ਵਿੱਚ ਪਹਿਲਾਂ ਮਹਿਜ 200 ਸਫਾਈ ਸੇਵਕ ਸਨ, ਜਦ ਕਿ ਮੌਜੂਦਾ 400 ਤੋਂ ਵੱਧ ਗਿਣਤੀ ਹੈ ।



## 'ਮੁੱਖ ਮੰਤਰੀ ਮਾਵਾਂ ਧੀਆਂ ਸਤਿਕਾਰ ਯੋਜਨਾ' ਇੱਕ ਇਤਿਹਾਸਕ ਫੈਸਲਾ : ਧਾਲੀਵਾਲ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)** - ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਨੇ ਆਪਣਾ ਸਭ ਤੋਂ ਵੱਡਾ ਚੋਣ ਵਾਅਦਾ ਪੂਰਾ ਕਰਦਿਆਂ ਇਸ ਬਜਟ ਵਿੱਚ ਪੰਜਾਬ ਭਰ ਦੀਆਂ ਮਹਿਲਾਵਾਂ ਨੂੰ ਮਹੀਨਾਵਾਰ ਵਿੱਤੀ ਸਹਾਇਤਾ ਪ੍ਰਦਾਨ ਕਰਨ ਲਈ 'ਮੁੱਖ ਮੰਤਰੀ ਮਾਵਾਂ ਧੀਆਂ ਸਤਿਕਾਰ ਯੋਜਨਾ' ਸ਼ੁਰੂ ਕਰਕੇ ਇੱਕ ਇਤਿਹਾਸਕ ਫੈਸਲਾ ਕੀਤਾ ਹੈ। ਇਸ ਯੋਜਨਾ ਤਹਿਤ ਮਹਿਲਾਵਾਂ ਨੂੰ ਪ੍ਰਤੀ ਮਹੀਨਾ 1,000 ਰੁਪਏ, ਜਦਕਿ ਅਨੁਸੂਚਿਤ ਜਾਤੀ ਭਾਈਚਾਰਿਆਂ ਨਾਲ ਸਬੰਧਤ ਔਰਤਾਂ ਨੂੰ 1,500 ਪ੍ਰਾਪਤ ਮਿਲਣਗੇ, ਜਿਸ ਲਈ ਬਜਟ ਵਿੱਚ 9,300 ਕਰੋੜ ਰੁਪਏ ਦੀ ਵਿਵਸਥਾ ਕੀਤੀ ਗਈ ਹੈ। ਮੁੱਖ ਮੰਤਰੀ ਮਾਨ ਦਾ ਧੰਨਵਾਦ ਕਰਦਿਆਂ ਵਿਧਾਨ ਸਭਾ ਹਲਕਾ ਅਜਨਾਲਾ ਦੇ ਵਿਧਾਇਕ ਕੁਲਦੀਪ ਸਿੰਘ ਧਾਲੀਵਾਲ ਨੇ ਕਿਹਾ ਕਿ 'ਆਪ' ਸਰਕਾਰ ਦਾ "ਸਾਰੀਆਂ ਗਰੰਟੀਆਂ ਪੂਰੀਆਂ" ਬਜਟ ਚੋਣ ਵਾਅਦਿਆਂ ਨੂੰ ਪੂਰਾ ਕਰਨ ਸਬੰਧੀ ਆਮ ਆਦਮੀ ਪਾਰਟੀ ਦੀ ਵਚਨਬੱਧਤਾ ਨੂੰ ਦਰਸਾਉਂਦਾ ਹੈ। ਉਨ੍ਹਾਂ ਕਿਹਾ ਕਿ ਇਸ ਦੇ ਨਾਲ ਹੀ ਬਜਟ ਵਿੱਚ ਸੂਬੇ ਭਰ ਦੀਆਂ ਔਰਤਾਂ ਨੂੰ ਸਸ਼ਕਤ ਬਣਾਉਣ ਅਤੇ ਹਰ ਇੱਕ ਪੰਜਾਬੀ ਪਰਵਾਰ ਨੂੰ ਸਮਰਥਨ ਦੇਣ ਲਈ ਮੁਫਤ ਬੱਸ ਯਾਤਰਾ, ਮੁਫਤ ਬਿਜਲੀ ਅਤੇ ਨਕਦੀ ਰਹਿਤ ਸਿਹਤ ਸੰਭਾਲ ਵਰਗੀਆਂ ਸਹੂਲਤਾਂ ਨੂੰ ਵਿਸ਼ੇਸ਼ ਤਵੱਜੋ ਦਿੱਤੀ ਗਈ ਹੈ। ਉਨ੍ਹਾਂ ਕਿਹਾ ਕਿ ਮਹਿਲਾਵਾਂ ਨੂੰ ਇਸ ਯੋਜਨਾ ਅਧੀਨ ਸੁਖਾਲੇ ਢੰਗ ਨਾਲ ਰਜਿਸਟ੍ਰੇਸ਼ਨ ਦੀ ਸੁਵਿਧਾ ਪ੍ਰਦਾਨ ਕਰਨ ਲਈ ਸੂਬੇ ਭਰ ਵਿੱਚ ਵਿਸ਼ੇਸ਼ ਕੈਂਪ ਲਾਏ ਜਾਣਗੇ। ਉਨ੍ਹਾਂ ਦੱਸਿਆ ਕਿ ਇਸ ਯੋਜਨਾ ਲਈ ਰਜਿਸਟ੍ਰੇਸ਼ਨ ਪ੍ਰਕਿਰਿਆ ਇਸ ਵਿਸਾਖੀ ਤੋਂ ਸ਼ੁਰੂ ਹੋਵੇਗੀ। 18 ਸਾਲ ਤੋਂ ਵੱਧ ਉਮਰ ਦੀ ਹਰ ਲੜਕੀ ਅਤੇ ਮਹਿਲਾ ਇਸ ਯੋਜਨਾ ਤਹਿਤ ਲਾਭ ਪ੍ਰਾਪਤ ਕਰਨ ਦੀ ਹੱਕਦਾਰ ਹੋਵੇਗੀ।

## ਐਸ.ਡੀ.ਓ ਛੱਜਲਵਡੀ ਦਾ ਕਰਮੂੰਵਾਲਾ ਪਿੰਡ ਵਿਖੇ ਘਿਰਾਓ

ਪੱਟੀ ( ਸ਼ਮਸ਼ੇਰ ਸਿੰਘ ਯੋਧਾ )-ਜਿਲ੍ਹਾ ਤਰਨਤਾਰਨ ਅਤੇ ਵਿਧਾਨ ਸਭਾ ਹਲਕਾ ਪੱਟੀ ਦੇ ਅਧੀਨ ਪੈਂਦੇ ਪਿੰਡ ਸਰਹਾਲੀ ਕਲਾ ਵਿਖੇ ਤਾਇਨਾਤ ਪਾਵਰਕੌਮ ਦੇ ਅਧਿਕਾਰੀ ਐਸ.ਡੀ.ਓ ਜਸਵਿੰਦਰ ਸਿੰਘ ਛੱਜਲਵੱਡੀ ਦਾ ਕਰਮੂੰਵਾਲਾ ਪਿੰਡ ਵਿਖੇ ਘਿਰਾਓ ਕੀਤਾ ਗਿਆ। ਉਨ੍ਹਾਂ ਉਪਰ ਪਿੰਡ ਕਰਮੂੰਵਾਲਾ ਵਿਖੇ ਲੋਕਾਂ ਦੇ ਘਰਾਂ ਦੀਆਂ ਕੰਧਾਂ ਟੱਪ ਕੇ ਗਲਤ ਤਰੀਕੇ ਨਾਲ ਚੈਕਿੰਗ ਕਰਨ ਦੇ ਦੋਸ਼ ਲੱਗੇ ਸਨ। ਐਸ.ਡੀ.ਓ ਨੇ ਖ਼ੁੱਦ ਆਪ ਮੁਆਫ਼ੀਨਾਮਾ ਲਿਖਿਆ ਤੇ ਲਿੱਖਤੀ ਰੂਪ 'ਚ ਮੁਆਫ਼ੀ ਮੰਗੀ।ਇਸ ਦੌਰਾਨ ਸ਼ੋਸ਼ਲ ਮੀਡੀਆ 'ਤੇ ਬਹੁਤ ਤੇਜ਼ੀ ਨਾਲ ਵਾਇਰਲ ਹੋ ਰਹੀ ਵੀਡਿਓ ਵਿੱਚ ਐਸ ਡੀ ਓ ਛੱਜਲਵੱਡੀ ਨੇ ਮੁਆਫੀ ਮੰਗਦੇ ਹੋਏ ਕਿਹਾ ਕਿ ਉਹ ਦੁਬਾਰਾ ਇਸ ਪਿੰਡ ਵਿੱਚ ਨਹੀਂ ਆਉਣਗੇ। ਇਸ ਉਪਰੰਤ ਜਦ ਐਸ ਡੀ ਓ ਨਾਲ ਫੋਨ 'ਤੇ ਗੱਲਬਾਤ ਹੋਈ ਤਾਂ ਉਹਨਾਂ ਨੇ ਕਿਹਾ ਕਿ ਪਿੰਡ ਵਾਲਿਆਂ ਨੇ ਉਹਨਾਂ ਨੂੰ ਬੰਧਕ ਬਣਾ ਲਿਆ ਸੀ ਤੇ ਜੋ ਵੀ ਵੀਡਿਓ ਵਿੱਚ ਕਿਹਾ ਗਿਆ ਉਹ ਦਬਾਅ ਹੇਠ ਆ ਕੇ ਕਿਹਾ ਹੈ।



## ਵੱਖ-ਵੱਖ ਮਾਮਲਿਆਂ 'ਚ ਨਸ਼ਾ ਤਸਕਰਾਂ ਖ਼ਿਲਾਫ਼ ਮਾਮਲੇ ਦਰਜ

ਗੁਰਦਾਸਪੁਰ (ਜਨਕ ਮਹਾਜਨ)-ਥਾਣਾ ਸਿਟੀ ਗੁਰਦਾਸਪੁਰ ਦੇ ਏ.ਐਸ.ਆਈ. ਜਗਜੀਤ ਸਿੰਘ ਨੇ ਸਮੇਤ ਪੁਲਿਸ ਪਾਰਟੀ ਪੁਰਾਣਾ ਬੱਸ ਸਟੈਂਡ ਗੁਰਦਾਸਪੁਰ ਦੇ ਅੰਦਰ ਸੁਖਵਿੰਦਰ ਸਿੰਘ ਪੁੱਤਰ ਅੰਗਧ ਸਿੰਘ ਵਾਸੀ ਰੰਧਾਵਾ ਕਾਲੋਨੀ ਥਾਣਾ ਭੈਣੀ ਮੀਆ ਖਾਂ ਨੂੰ ਸ਼ੱਕ ਦੇ ਆਧਾਰ 'ਤੇ ਕਾਬੂ ਕਰਕੇ ਉਸ ਪਾਸੋਂ ਬਰਾਮਦ ਮੋਮੀ ਲਿਫਾਫੇ ਨੂੰ ਚੈਕ ਕੀਤਾ ਜਿਸ ਵਿੱਚੋਂ 7 ਗਰਾਮ 440 ਮਿਲੀਗ੍ਰਾਮ ਹੈਰੋਇਨ ਬਰਾਮਦ ਹੋਈ ਹੈ। ਥਾਣਾ ਧਾਰੀਵਾਲ ਦੇ ਏ.ਐਸ.ਆਈ. ਰਣਜੀਤ ਸਿੰਘ ਨੇ ਸਮੇਤ ਪੁਲਿਸ ਪਾਰਟੀ ਪਿੰਡ ਰਣੀਆਂ ਬਾਈਪਾਸ ਪੁੱਲ ਨੇੜੇ ਤੋਂ ਮੈਕ ਐਲਵਿਨ ਪੁੱਤਰ ਰਾਜੇਸ਼ ਸਿੰਘਲ ਵਾਸੀ ਧਾਰੀਵਾਲ ਜੋ ਝਾੜੀਆਂ ਵਿਚ ਲੁੱਕ ਛਿੱਪ ਕੇ ਨਸ਼ੇ ਦਾ ਸੇਵਨ ਕਰ ਰਿਹਾ ਸੀ, ਨੂੰ ਸ਼ੱਕ ਦੇ ਆਧਾਰ 'ਤੇ ਕਾਬੂ ਕੀਤਾ ਤਾਂ ਉਸ ਪਾਸੋਂ ਇਕ ਸਿਲਵਰ ਪੰਨੀ, ਲਾਇਟਰ ਅਤੇ 10 ਰੁਪਏ ਦਾ ਨੋਟ ਬਰਾਮਦ ਹੋਇਆ ਹੈ। ਪੁਲਿਸ ਨੇ ਦੋਵਾਂ ਮਾਮਲਿਆਂ ਵਿਚ ਦੋਸ਼ੀਆਂ ਨੂੰ ਕਾਬੂ ਕਰਕੇ ਮਾਮਲਾ ਦਰਜ ਕਰ ਲਿਆ ਹੈ।

## ਮੁਫਤ ਜਾਂਚ ਅਤੇ ਜਾਗਰੂਕਤਾ ਕੈਂਪ ਲਗਾਇਆ

ਸੁਨਾਮ , (ਅਸ਼ੋਕ ਬਾਂਸਲ, ਹਾਕਮ ਭੱਟੀ )- ਸਿਹਤ ਤੇ ਪਰਿਵਾਰ ਭਲਾਈ ਮੰਤਰੀ ਪੰਜਾਬ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਜਿਲ੍ਹਾ ਹਸਪਤਾਲ ਸੰਗਰੂਰ ਵਿਖੇ ਸਿਵਲ ਸਰਜਨ ਡਾ. ਅਮਰਜੀਤ ਕੌਰ ਦੀ ਅਗਵਾਈ ਹੇਠ ਟੀ.ਬੀ. ਮੁਕਤ ਭਾਰਤ ਅਭਿਆਨ ਦੂਜਾ ਗੇੜ ਤਹਿਤ ਇੱਕ ਵਿਸ਼ੇਸ਼ ਜਾਗਰੂਕਤਾ ਅਤੇ ਜਾਂਚ ਕੈਂਪ ਦਾ ਆਯੋਜਨ ਕੀਤਾ ਗਿਆ। ਇਸ ਕੈਂਪ ਦਾ ਮੁੱਖ ਉਦੇਸ਼ ਆਮ ਲੋਕਾਂ ਨੂੰ ਤਪਦਿਕ (ਟੀ.ਬੀ.) ਦੇ ਲੱਛਣਾਂ, ਬਚਾਅ ਅਤੇ ਇਲਾਜ ਬਾਰੇ ਜਾਗਰੂਕ ਕਰਨਾ ਹੈ । ਇਸ ਮੌਕੇ ਡਾ. ਅਮਰਜੀਤ ਕੌਰ ਵੱਲੋਂ ਹੈਂਡ ਹੈਲਡ ਐਕਸਰੇ ਦੀ ਸ਼ੁਰੂਆਤ ਕੀਤੀ ਗਈ, ਜੋ ਕਿ ਇੱਕ ਵਿਸ਼ੇਸ਼ ਪੋਰਟੇਬਲ ਐਕਸਰੇ ਮਸ਼ੀਨ ਹੈ। ਉਹਨਾਂ ਦੱਸਿਆ ਕਿ ਟੀ.ਬੀ. ਹੁਣ ਕੋਈ ਲਾਇਲਾਜ ਬਿਮਾਰੀ ਨਹੀਂ ਹੈ, ਬੱਸ ਲੋੜ ਹੈ ਸਮੇਂ ਸਿਰ ਜਾਂਚ ਅਤੇ ਪੂਰੇ ਇਲਾਜ ਦੀ।ਕੈਂਪ ਦੌਰਾਨ ਸਿਹਤ ਟੀਮ ਵੱਲੋਂ ਸ਼ੱਕੀ ਮਰੀਜ਼ਾਂ ਦੀ ਮੁਫ਼ਤ ਜਾਂਚ ਕੀਤੀ ਗਈ ਅਤੇ ਉਨ੍ਹਾਂ ਦੇ ਬਲਗ਼ਮ ਦੇ ਟੈਸਟ ਲਏ ਗਏ ਅਤੇ ਮਰੀਜਾਂ ਦੇ ਐਕਸਰੇ ਕੀਤੇ ਗਏ। ਇਸ ਮੌਕੇ ਜਿਲ੍ਹਾ ਟੀ. ਬੀ ਅਫਸਰ ਡਾ. ਰਜਿੰਦਰ ਕੌਰ ਨੇ ਦੱਸਿਆ ਕਿ ਜੇਕਰ ਕਿਸੇ ਵਿਅਕਤੀ ਨੂੰ ਦੋ ਹਫ਼ਤਿਆਂ ਤੋਂ ਵੱਧ ਖਾਂਸੀ, ਬੁਖਾਰ ਜਾਂ ਭਾਰ ਘਟਣ ਵਰਗੇ ਲੱਛਣ ਦਿਖਾਈ ਦੇਣ, ਤਾਂ ਤੁਰੰਤ ਸਰਕਾਰੀ ਹਸਪਤਾਲ ਵਿੱਚ ਸੰਪਰਕ ਕਰਨਾ ਚਾਹੀਦਾ ਹੈ।



## ਸਕੂਲ ਵਿਚ ਅਗਲੇ ਸੈਸ਼ਨ ਦੀ ਸ਼ੁਰੂਆਤ



ਅਜਨਾਲਾ (ਸੁੱਖਜਿੰਦਰ ਸਿੰਘ ਰਾਜ)-ਬਚਪਨ ਪਲੇ ਸਕੂਲ ਅਤੇ ਅਕੈਡਮਿਕ ਹਾਈਟਸ ਪਬਲਿਕ ਸਕੂਲ ਵਿੱਚ ਬੱਚਿਆਂ ਦਾ 2025-26 ਸੈਸ਼ਨ ਸਫਲਤਾਪੂਰਵਕ ਸੰਪੰਨ ਹੋਇਆ ਅਤੇ ਨਵੇਂ 2026-27 ਸੈਸ਼ਨ ਦੀ ਸ਼ਾਨਦਾਰ ਸ਼ੁਰੂਆਤ ਕੀਤੀ ਗਈ।ਇਸ ਮੌਕੇ ਐਮ.ਡੀ. ਡਾਇਰੈਕਟਰ ਮੈਡਮ ਸੰਤੋਸ਼ ਬਜਾਜ ਨੇ ਪਾਸ ਹੋਏ ਬੱਚਿਆਂ ਨੂੰ ਵਧਾਈ ਦਿੱਤੀ ਅਤੇ ਉਨ੍ਹਾਂ ਦੇ ਚਮਕਦਾਰ ਭਵਿੱਖ ਲਈ ਸ਼ੁਭਕਾਮਨਾਵਾਂ ਪ੍ਰਗਟ ਕੀਤੀਆਂ।ਅਕੈਡਮਿਕ ਹਾਈਟਸ ਪਬਲਿਕ ਸਕੂਲ ਦੇ ਪ੍ਰਿੰਸੀਪਲ ਅੰਸ਼ ਬਜਾਜ ਨੇ ਵਿਦਿਆਰਥੀਆਂ ਦੀ ਮਿਹਨਤ ਅਤੇ ਅਧਿਆਪਕਾਂ ਦੀ ਸਮਰਪਣ ਭਾਵਨਾ ਦੀ ਸਰਾਹਨਾ ਕੀਤੀ।ਬਚਪਨ ਪਲੇ ਸਕੂਲ ਦੇ ਪ੍ਰਿੰਸੀਪਲ ਮੈਡਮ ਮੋਨਿਕਾ ਖੋਖਰ ਨੇ ਨਵੇਂ ਦਾਖਲਾ ਲੈਣ ਵਾਲੇ ਬੱਚਿਆਂ ਦਾ ਤਹਿ ਦਿਲੋਂ ਸਵਾਗਤ ਕਰਦੇ ਹੋਏ ਕਿਹਾ ਕਿ ਸਕੂਲ ਬੱਚਿਆਂ ਦੇ ਸਰਵ ਪੱਖੀ ਵਿਕਾਸ ਲਈ ਹਮੇਸ਼ਾ ਪ੍ਰਤਿਬੱਧ ਹੈ।

## ਪਾਬੰਦੀ ਦੇ ਬਾਵਜੂਦ ਪਲਾਸਟਿਕ ਲਿਫਾਫਿਆਂ ਦੀ ਵਰਤੋਂ ਜ਼ੋਰਾਂ 'ਤੇ

ਗੁਰਦਾਸਪੁਰ (ਜਨਕ ਮਹਾਜਨ) - ਪੰਜਾਬ ਸਰਕਾਰ ਵਲੋਂ ਪਲਾਸਟਿਕ ਦੇ ਲਿਫਾਫਿਆਂ 'ਤੇ ਪੂਰਨ ਪਾਬੰਦੀ ਲਗਾਉਣ ਦੇ ਬਾਵਜੂਦ ਇਨ੍ਹਾਂ ਦੀ ਵਰਤੋ ਧੜੱਲੇ ਨਾਲ ਕੀਤੀ ਜਾ ਰਹੀ ਹੈ ਕਿਉਂ ਜੋ ਪ੍ਰਸ਼ਾਸਨ ਵਲੋਂ ਇਸ ਦੀ ਵਿਕਰੀ 'ਤੇ ਵਰਤੋ ਉਪਰ ਸਖਤੀ ਨਾਲ ਪਾਬੰਦੀ ਨਾ ਲਗਾਉਣ ਕਰਕੇ ਲਗਭਗ ਹਰ ਰੇਹੜੀ ਵਾਲਾ ਤੇ ਦੁਕਾਨਦਾਰੀ ਖੁਲੇਆਮ ਇਸ ਦੀ ਵਰਤੋਂ ਕਰ ਰਿਹਾ ਹੈ। ਪ੍ਰਸ਼ਾਸਨ ਚਾਹੇ ਤਾਂ ਇਸ ਦੀ ਵਰਤੋਂ ਰੁਕ ਸਕਦੀ ਹੈ ਜਿਸ ਦੀ ਮਿਸਾਲ ਨੇੜਲੇ ਸੂਬੇ ਹਿਮਾਚਲ ਵਿਚ ਵੇਖਣ ਨੂੰ ਮਿਲਦੀ ਹੈ, ਜਿੱਥੇ ਕੋਈ ਵੀ ਦੁਕਾਨਦਾਰ ਰੇਹੜੀ ਵਾਲਾ ਪਲਾਸਟਿਕ ਦੇ ਲਿਫਾਫਿਆਂ ਦੀ ਵਰਤੋਂ ਨਹੀਂ ਕਰ ਰਿਹਾ ਉੱਥੇ ਕੇਵਲ ਸਰਕਾਰ ਵਲੋਂ ਪਾਸ ਕੀਤਾ ਲਿਫਾਫਾ ਹੀ ਵਰਤਿਆ ਜਾ ਰਿਹਾ ਹੈ ਜਦ ਕਿ ਸਾਡੇ ਪੰਜਾਬ ਵਿਚ ਰੇਹੜੀ ਵਾਲੇ, ਢਾਬੇ ਵਾਲੇ ਅਤੇ ਦੁਕਾਨਦਾਰ ਪਲਾਸਟਿਕ ਦੇ ਲਿਫਾਫਿਆਂ ਵਿਚ ਦਾਲ, ਸਬਜ਼ੀ, ਕਰਿਆਨਾ, ਡੇਅਰੀਆਂ 'ਤੇ ਦੁੱਧ, ਦਹੀ ਗ੍ਰਾਹਕਾਂ ਨੂੰ ਵੇਚ ਰਹੇ ਹਨ ਜੋ ਕਾਨੂੰਨ ਦੇ ਖਿਲਾਫ ਹੈ। ਇਨ੍ਹਾਂ ਪਲਾਸਟਿਕ ਦੇ ਲਿਫਾਫਿਆਂ ਕਾਰਨ ਸੀਵਰੇਜ ਜਾਮ ਹੋ ਜਾਂਦਾ ਹੈ ਜਿਸ ਕਾਰਨ ਨਾਲੀਆਂ ਦੀ ਨਿਕਾਸੀ ਬੰਦ ਹੋ ਜਾਂਦੀ ਹੈ।

# ਪਰਾਲੀ ਦੀਆਂ ਓਵਰਲੋਡ ਟਰਾਲੀਆਂ ਕਾਰਨ ਰਾਹਗੀਰ ਪ੍ਰੇਸ਼ਾਨ

ਗੁਰਦਾਸਪੁਰ (ਜਨਕ ਮਹਾਜਨ) - ਅੱਜ-ਕੱਲ੍ਹ ਗੁਰਦਾਸਪੁਰ-ਮੁਕੇਰੀਆਂ ਸੜਕ 'ਤੇ ਪਰਾਲੀ ਦੀਆਂ ਓਵਰਲੋਡ ਟਰਾਲੀਆਂ ਆਵਾਜਾਈ ਵਿਚ ਭਾਰੀ ਵਿਘਨ ਪਾ ਰਹੀਆਂ ਹਨ ਜਿਸ ਕਰਕੇ ਲੋਕਾਂ ਨੂੰ ਭਾਰੀ ਪ੍ਰੇਸ਼ਾਨੀਆਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਇਸ ਸਬੰਧੀ ਗੱਲਬਾਤ ਕਰਦਿਆਂ ਇਲਾਕਾ ਵਾਸੀਆਂ ਅਤੇ ਰਾਹਗੀਰਾਂ ਨੇ ਦੱਸਿਆ ਕਿ ਪਰਾਲੀ ਦੀਆਂ ਓਵਰਲੋਡ ਟਰਾਲੀਆਂ ਦੀ ਲੱਦ ਏਨੀ ਜ਼ਿਆਦਾ ਵੱਡੀ ਹੁੰਦੀ ਹੈ ਕਿ ਅੱਗੇ ਕੁੱਝ ਨਹੀਂ ਦਿਖਾਈ ਦਿੰਦਾ ਜਿਸ ਕਰਕੇ ਹਰ ਸਮੇਂ ਹਾਦਸਾ ਹੋਣ ਦਾ ਡਰ ਬਣਿਆ ਰਹਿੰਦਾ ਹੈ। ਉਨ੍ਹਾਂ ਕਿਹਾ ਪਹਿਲਾਂ ਗੁਰਦਾਸਪੁਰ-ਮੁਕੇਰੀਆਂ ਸੜਕ ਦੀ ਚੌੜਾਈ ਵੀ ਕਾਫ਼ੀ ਘੱਟ ਹੈ ਉਥੇ ਹੀ ਜਦੋਂ ਓਵਰਲੋਡ ਪਰਾਲੀ ਦੀਆਂ ਟਰਾਲੀਆਂ ਗੁਜ਼ਰਦੀਆਂ ਹਨ ਤਾਂ ਦੂਸਰੇ ਵਾਹਨਾਂ ਦਾ ਇਨ੍ਹਾਂ ਕੋਲੋਂ ਲੰਘਣਾ ਬੇਹੱਦ ਔਖਾ ਹੋ ਜਾਂਦਾ ਹੈ। ਲੋਕਾਂ ਨੇ ਕਿਹਾ ਇਸ ਸੜਕ 'ਤੇ ਰੋਜ਼ਾਨਾ ਲੋਕ ਦਿੱਲੀ, ਚੰਡੀਗੜ੍ਹ, ਜਲੰਧਰ, ਹਿਮਾਚਲ ਪ੍ਰਦੇਸ਼, ਜੰਮੂ ਆਦਿ ਵੱਡੇ-ਵੱਡੇ ਸ਼ਹਿਰਾਂ ਨੂੰ ਆਉਂਦੇ-ਜਾਂਦੇ ਹਨ ਜਿਸ ਕਰਕੇ ਇਸ ਸੜਕ 'ਤੇ ਆਵਾਜਾਈ ਭਾਰੀ ਰਹਿੰਦੀ ਹੈ। ਵਾਹਨ ਚਾਲਕਾਂ ਨੂੰ ਖ਼ਰਾਬ ਸੜਕ 'ਤੇ ਇਨ੍ਹਾਂ ਓਵਰਲੋਡ ਪਰਾਲੀ ਦੀਆਂ ਟਰਾਲੀਆਂ ਦੇ ਚੱਲਣ ਕਾਰਨ ਭਾਰੀ ਮੁਸ਼ਕਲਾਂ ਪੇਸ਼ ਆ ਰਹੀਆਂ ਹਨ। ਇਲਾਕਾ ਵਾਸੀਆਂ ਨੇ ਜ਼ਿਲ੍ਹਾ ਪ੍ਰਸ਼ਾਸਨ ਪਾਸੋਂ ਮੰਗ ਕੀਤੀ ਕਿ ਗੁਰਦਾਸਪੁਰ-ਮੁਕੇਰੀਆਂ ਸੜਕ 'ਤੇ ਇਨ੍ਹਾਂ ਓਵਰਲੋਡ ਪਰਾਲੀ ਦੀਆਂ ਟਰਾਲੀਆਂ ਦਾ ਗੁਜ਼ਰਨ ਦਾ ਸਮਾਂ ਨਿਸ਼ਚਿਤ ਕੀਤਾ ਜਾਵੇ ਤਾਂ ਜੋ ਰਾਹਗੀਰਾਂ ਨੂੰ ਪ੍ਰੇਸ਼ਾਨੀਆਂ ਤੋਂ ਨਿਜਾਤ ਮਿਲ ਸਕੇ।



# 21 ਦੀ ਪੰਜਾਬ ਬਚਾਓ ਰੈਲੀ 'ਚ ਭਾਰੀ ਗਿਣਤੀ 'ਚ ਲੋਕ ਪੁੱਜਣਗੇ : ਸੋਨੂੰ ਲੰਗਾਹ

ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)- ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਵੱਲੋਂ 2027 ਦੀਆਂ ਵਿਧਾਨ ਸਭਾ ਚੋਣਾਂ ਨੂੰ ਲੈ ਕੇ ਸੂਬੇ ਵਿੱਚ ਪੰਜਾਬ ਬਚਾਓ ਰੈਲੀਆਂ ਦਾ ਸਿਲਸਿਲਾ ਸ਼ੁਰੂ ਕੀਤਾ ਹੋਇਆ ਹੈ। ਇਸ ਤਹਿਤ ਵਿਧਾਨ ਸਭਾ ਹਲਕਾ ਡੇਰਾ ਬਾਬਾ ਨਾਨਕ ਵਿੱਚ ਹਲਕਾ ਇੰਚਾਰਜ ਤੇ ਜਿਲਾ ਜਥੇਦਾਰ ਸੁੱਚਾ ਸਿੰਘ ਲੰਗਾਹ ਦੀ ਅਗਵਾਈ ਹੇਠ 21 ਮਾਰਚ ਨੂੰ ਕਲਾਨੌਰ ਦੀ ਦਾਣਾ ਮੰਡੀ ਵਿਖੇ ਹੋਣ ਜਾ ਰਹੀ ਰੈਲੀ ਦੀਆਂ ਤਿਆਰੀਆਂ ਨੂੰ ਲੈ ਕੇ ਸਮੁੱਚਾ ਅਕਾਲੀ ਦਲ ਪੱਬਾਂ ਭਾਰ ਹੋਇਆ ਪਿਆ ਹੈ। ਇਸ ਸਬੰਧੀ ਡੇਰਾ ਬਾਬਾ ਨਾਨਕ ਦੇ ਨਜ਼ਦੀਕੀ ਪਿੰਡ ਪੱਲੇ ਨੰਗਲ ਵਿਖੇ ਸਾਬਕਾ ਸਰਪੰਚ ਸੁਖਦੇਵ ਸਿੰਘ ਦੇ ਗ੍ਰਹਿ ਵਿਖੇ ਇੱਕ ਭਰਵੀਂ ਵਰਕਰ ਮੀਟਿੰਗ ਹੋਈ । ਇਸ ਮੀਟਿੰਗ ਵਿੱਚ ਯੂਥ ਅਕਾਲੀ ਦਲ ਕੋਰ ਕਮੇਟੀ ਮੈਂਬਰ ਅਤੇ ਸੀਨੀਅਰ ਅਕਾਲੀ ਆਗੂ ਜਥੇਦਾਰ ਸੁਖਜਿੰਦਰ ਸਿੰਘ ਸੋਨੂ ਲੰਗਾਹ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ ।ਮੀਟਿੰਗ ਕਰਨ ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਹੋਇਆਂ ਸੋਨੂ ਲੰਗਾਹ ਨੇ ਕਿਹਾ ਕਿ 21 ਦੀ ਕਲਾਨੌਰ ਵਿਖੇ ਕਰਵਾਈ ਜਾ ਰਹੀ ਪੰਜਾਬ ਬਚਾਓ ਰੈਲੀ ਨੂੰ ਲੈ ਕੇ ਅਕਾਲੀ ਵਰਕਰਾਂ ਵਿੱਚ ਭਾਰੀ ਉਤਸਾਹ ਪਾਇਆ ਜਾ ਰਿਹਾ ਹੈ ਅਤੇ ਲੋਕ ਵਹੀਰਾਂ ਘੱਤ ਕੇ ਇਸ ਰੈਲੀ ਵਿੱਚ ਪਹੁੰਚਣਗੇ ।. ਇਸ ਮੌਕੇ ਉਹਨਾਂ ਨੇ ਇਸ ਮੀਟਿੰਗ ਨੂੰ ਕਾਮਯਾਬ ਕਰਨ ਲਈ ਸਰਕਲ ਇੰਚਾਰਜ ਸਤਨਾਮ ਸਿੰਘ ਠੇਠਰਕੇ,ਸੀਨੀਅਰ ਅਕਾਲੀ ਆਗੂ ਹਰਸਿਮਰਤ ਸਿੰਘ ਬਾਜਵਾ ਅਤੇ ਪਿੰਡ ਪੱਲੇ ਨੰਗਲ ਦੇ ਸਾਬਕਾ ਸਰਪੰਚ ਸੁਖਦੇਵ ਸਿੰਘ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ । ਇਸ ਮੌਕੇ ਸੀਨੀਅਰ ਅਕਾਲੀ ਆਗੂ ਅੰਮ੍ਰਿਤ ਭਿੰਡਰ,ਸਾਬਕਾ ਸਰਪੰਚ ਸੁਖਦੇਵ ਸਿੰਘ ਪੱਲੇ ਨੰਗਲ,ਜਰਨੈਲ ਸਿੰਘ ,ਪ੍ਰੀਤਮ ਸਿੰਘ ਲੱਖਣ ,ਅਮਰੀਕ ਸਿੰਘ ਨੜਾਂਵਾਲੀ , ਬਲਕਾਰ ਸਿੰਘ ਬਿਸ਼ਨਕੋਟ ,ਜੱਗਾ ਤਲਵੰਡੀ , ਗੁਰਮੀਤ ਸਿੰਘ ਸ਼ਾਹਪੁਰ ਗੋਰਾਇਆ, ਮਨਜੀਤ ਸਿੰਘ ਖੁਸ਼ਹਾਲਪੁਰ , ਸੁਰਜੀਤ ਸਿੰਘ ਚਾਕਾਂਵਾਲੀ, ਸਿਮਰ ਸਹਾਰੀ, ਹਰਦੀਪ ਲੰਗਾਹ ,ਗੁਰਪ੍ਰੀਤ ਸਿੰਘ ਬਾਦਲ ,ਸਤਨਾਮ ਸਿੰਘ ਪਟਵਾਰੀ ,ਜਸਪਿੰਦਰ ਸਿੰਘ ਝੰਗੀ,ਹਰਸਿਮਰਤ ਸਿੰਘ ਬਾਜਵਾ ਰਾਜਿੰਦਰ ਸਿੰਘ ਬਾਜਵਾ , ਸੁਖਮਨਦੀਪ ਖਾਸਾਵਾਲੀ , ਲਖਵਿੰਦਰ ਸਿੰਘ,ਸੁਰਿੰਦਰ ਸਿੰਘ,ਬਖ਼ਸ਼ੀਸ਼ ਸਿੰਘ,ਹਰਦੀਪ ਸਿੰਘ,ਦਿਲਬਾਗ ਸਿੰਘ ਫੌਜੀ,ਜਸ਼ਨਦੀਪ ਸਿੰਘ ,ਗੁਰਪਿੰਦਰ ਸਿੰਘ,ਜਸਮੇਲ ਸਿੰਘ,ਨਸੀਬ ਸਿੰਘ,ਗੁਰਵਿੰਦਰ ਸਿੰਘ,ਪ੍ਰਤਾਪ ਸਿੰਘ,ਲਖਵੰਤ ਸਿੰਘ,ਸੁਖਚੈਨ ਸਿੰਘ ਵੈਰੋਕੇ,ਮੰਗਲ ਸਿੰਘ ਗੋਲਾ ਢੋਲਾ ,ਅਜੀਤ ਸਿੰਘ ਗੋਲਾ ਢੋਲਾ ,ਲਵਪ੍ਰੀਤ ਸ਼ਰਮਾ ਜੋੜੀਆਂ ਕਲਾ ਆਦਿ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਅਕਾਲੀ ਵਰਕਰ ਹਾਜ਼ਰ ਸਨ ।



# ਗੋਇੰਦਵਾਲ ਸਾਹਿਬ ਪੰਚਾਇਤ ਘਰ 'ਚ ਰਜਿਸਟਰੀ ਕੈਂਪ ਅੱਜ

ਪੱਟੀ (ਬਲਦੇਵ ਸਿੰਘ ਸੰਧੂ ) - ਮੁੱਖ ਖੇਤੀਬਾੜੀ ਅਫ਼ਸਰ, ਤਰਨ ਤਾਰਨ ਡਾ. ਤੇਜਬੀਰ ਸਿੰਘ ਭੰਗੂ ਨੇ ਜ਼ਿਲ੍ਹੇ ਦੇ ਸਮੂਹ ਕਿਸਾਨ ਭਾਈਚਾਰੇ ਨਾਲ ਅਹਿਮ ਸੂਚਨਾ ਸਾਂਝੀ ਕਰਦਿਆਂ ਦੱਸਿਆ ਕਿ ਭਾਰਤ ਸਰਕਾਰ ਦੀ ਪ੍ਰਧਾਨ ਮੰਤਰੀ ਕਿਸਾਨ ਸਨਮਾਨ ਨਿਧੀ ਯੋਜਨਾ ਦਾ ਲਾਭ ਲੈਣ ਵਾਲੇ ਹਰੇਕ ਕਿਸਾਨ ਲਈ ਫਾਰਮਰ ਰਜਿਸਟਰੀ ਕੈਂਪ ਵਿਚ ਆਪਣੀ ਰਜਿਸਟ੍ਰੇਸ਼ਨ ਕਰਵਾਉਣੀ ਲਾਜ਼ਮੀ ਹੋਵੇਗੀ। ਇਸ ਸਬੰਧੀ ਗ੍ਰਾਮ ਪੰਚਾਇਤ ਘਰ ਗੋਇੰਦਵਾਲ ਸਾਹਿਬ ਵਿਖੇ 13 ਮਾਰਚ ਨੂੰ ਕੈਂਪ ਲਗਾਇਆ ਜਾ ਰਿਹਾ ਹੈ। ਮੁੱਖ ਖੇਤੀਬਾੜੀ ਅਫ਼ਸਰ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਬਲਾਕ ਖੇਤੀਬਾੜੀ ਅਫਸਰ ਖਡੂਰ ਸਾਹਿਬ ਡਾ. ਭੁਪਿੰਦਰ ਸਿੰਘ ਨੇ ਸਟਾਫ ਮੀਟਿੰਗ ਦੌਰਾਨ ਵਿਭਾਗ ਵੱਲੋਂ ਸਪੱਸ਼ਟ ਕੀਤਾ ਕਿ ਭਵਿੱਖ ਵਿਚ ਕੇਵਲ ਉਨ੍ਹਾਂ ਹੀ ਕਿਸਾਨਾਂ ਨੂੰ ਪੀ.ਐਮ ਕਿਸਾਨ ਯੋਜਨਾ ਤਹਿਤ ਮਿਲਣ ਵਾਲੀਆਂ ਵਿੱਤੀ ਕਿਸ਼ਤਾਂ ਜਾਰੀ ਕੀਤੀਆਂ ਜਾਣਗੀਆਂ, ਜਿਨ੍ਹਾਂ ਨੇ ਆਪਣੀ ਫਾਰਮਰ ਰਜਿਸਟਰੀ ਮੁਕੰਮਲ ਕਰ ਲਈ ਹੋਵੇਗੀ। ਇਸ ਰਜਿਸਟ੍ਰੇਸ਼ਨ ਪ੍ਰਕਿਰਿਆ ਦੇ ਦੌਰਾਨ ਹਰੇਕ ਲਾਭਪਾਤਰੀ ਕਿਸਾਨ ਦੀ ਇਕ ਵਿਲੱਖਣ ਕਿਸਾਨ ਆਈ.ਡੀ ਤਿਆਰ ਕੀਤੀ ਜਾਵੇਗੀ। ਇਸ ਆਈ.ਡੀ. ਨੂੰ ਕਿਸਾਨ ਦੇ ਮੌਜੂਦਾ ਪੀ.ਐਮ. ਕਿਸਾਨ ਖਾਤੇ ਨਾਲ ਲਿੰਕ ਕੀਤਾ ਜਾਵੇਗਾ, ਜਿਸ ਨਾਲ ਕਿਸਾਨ ਦੀ ਪਛਾਣ ਅਤੇ ਜ਼ਮੀਨੀ ਰਿਕਾਰਡ ਦੀ ਤਸਦੀਕ ਕਰਨੀ ਸੌਖੀ ਹੋ ਜਾਵੇਗੀ।



# ਫੋਰਟਿਸ ਐਸਕਾਰਟਸ ਹਸਪਤਾਲ ਵੱਲੋਂ ਕਾਰਡੀਓਲੋਜੀ ਸਮਿਟ

**ਅੰਮ੍ਰਿਤਸਰ** : ਫੋਰਟਿਸ ਐਸਕਾਰਟਸ ਹਸਪਤਾਲ, ਅੰਮ੍ਰਿਤਸਰ ਨੇ ਸ਼ਹਿਰ ਵਿੱਚ ਇੱਕ ਕਾਰਡੀਓਲੋਜੀ ਸਮਿਟ ਦਾ ਆਯੋਜਨ ਕੀਤਾ, ਜਿਸ ਵਿੱਚ ਦੋ-ਰੋਜ਼ਾ ਅਕਾਦਮਿਕ ਪ੍ਰੋਗਰਾਮ ਲਈ ਖੇਤਰ ਭਰ ਦੇ ਪ੍ਰਮੁੱਖ ਕਾਰਡੀਓਲੋਜਿਸਟਾਂ ਅਤੇ ਡਾਕਟਰਾਂ ਨੇ ਹਿੱਸਾ ਲਿਆ। ਇਸ ਸੰਮੇਲਨ ਨੂੰ ਕਾਰਡੀਓਵੈਸਕੂਲਰ (ਦਿਲ ਦੇ ਰੋਗਾਂ) ਦੇਖਭਾਲ ਵਿੱਚ ਨਵੀਨਤਮ ਇਲਾਜ਼ਾਂ 'ਤੇ ਕੇਂਦ੍ਰਿਤ ਕੀਤਾ ਗਿਆ । ਇਸ ਦੇ ਨਾਲ ਹੀ ਸਮਿਟ ਨੇ ਇਸ ਬਾਰੇ ਨਵੀਆਂ ਜਾਣਕਾਰੀਆਂ ਦਾ ਆਦਾਨ-ਪ੍ਰਦਾਨ, ਸਕਿੱਲ ਵਧਾਉਣ ਅਤੇ ਦਿਲ ਦੀ ਬਿਮਾਰੀ ਦੇ ਪਛਾਣ ਅਤੇ ਇਲਾਜ ਵਿੱਚ ਵਿਕਸਤ ਹੋਣ ਵਾਲੀਆਂ ਪ੍ਰਕ੍ਰਿਆਵਾਂ 'ਤੇ ਵਿਚਾਰ-ਵਟਾਂਦਰੇ ਲਈ ਇੱਕ ਮਹੱਤਵਪੂਰਨ ਪਲੇਟਫਾਰਮ ਵਜੋਂ ਵੀ ਕੰਮ ਕੀਤਾ।ਇਸ ਸਮਾਗਮ ਦਾ ਉਦਘਾਟਨ ਡਾ. ਐਚ. ਪੀ. ਸਿੰਘ, ਡਾਇਰੈਕਟਰ, ਨਾਨ-ਇਨਵੇਸਿਵ ਕਾਰਡੀਓਲੋਜੀ, ਡਾ. ਅਰੁਣ ਕੇ. ਚੋਪੜਾ, ਡਾਇਰੈਕਟਰ, ਕਾਰਡੀਓਲੋਜੀ ਅਤੇ ਡਾ. ਦੀਪਕ ਕਪਿਲਾ, ਡਾਇਰੈਕਟਰ, ਕਾਰਡੀਓਲੋਜੀ, ਫੋਰਟਿਸ ਹਸਪਤਾਲ, ਅੰਮ੍ਰਿਤਸਰ ਨੇ ਫੋਰਟਿਸ ਹਸਪਤਾਲ, ਅੰਮ੍ਰਿਤਸਰ ਦੀ ਫੈਕਲਟੀ ਟੀਮ ਅਤੇ ਸ਼ਹਿਰ ਦੇ ਕਈ ਉੱਘੇ ਡਾਕਟਰਾਂ ਦੇ ਨਾਲ ਕੀਤਾ। ਸੰਮੇਲਨ ਦੀ ਸ਼ੁਰੂਆਤ ਈਕੋਕਾਰਡੀਓਗ੍ਰਾਫੀ ਵਰਕਸ਼ਾਪ ਨਾਲ ਹੋਈ, ਜਿਸ ਵਿੱਚ 200 ਤੋਂ ਵੱਧ ਡਾਕਟਰਾਂ ਨੇ ਹਿੱਸਾ ਲਿਆ। ਵਰਕਸ਼ਾਪ ਵਿੱਚ ਐਡਵਾਂਸਡ ਕਾਰਡੀਅਕ ਇਮੇਜਿੰਗ ਤਕਨੀਕਾਂ ਅਤੇ ਵਿਹਾਰਕ ਪ੍ਰਦਰਸ਼ਨਾਂ 'ਤੇ ਫ਼ੋਕਸ ਕੀਤਾ ਗਿਆ, ਜਿਸ ਨਾਲ ਭਾਗ ਲੈਣ ਵਾਲੇ ਡਾਕਟਰਾਂ ਨੂੰ ਆਪਣੇ ਡਾਇਗਨੌਸਟਿਕ ਹੁਨਰਾਂ ਨੂੰ ਵਧਾਉਣ ਅਤੇ ਮਰੀਜ਼ਾਂ ਦੀ ਦੇਖਭਾਲ ਨੂੰ ਬਿਹਤਰ ਬਣਾਉਣ ਦੇ ਯੋਗ ਬਣਾਇਆ ਗਿਆ। ਦੂਜੇ ਦਿਨ, ਸੰਮੇਲਨ ਨੇ ਇੱਕ ਨਿਰੰਤਰ ਮੈਡੀਕਲ ਸਿੱਖਿਆ (ਸੀ ਐਮ ਈ) ਸੈਸ਼ਨ ਦੀ ਮੇਜ਼ਬਾਨੀ ਕੀਤੀ, ਜਿਸ ਵਿੱਚ ਅੰਮ੍ਰਿਤਸਰ ਅਤੇ ਨੇੜਲੇ ਸ਼ਹਿਰਾਂ ਦੇ 400 ਤੋਂ ਵੱਧ ਡਾਕਟਰਾਂ ਨੇ ਹਿੱਸਾ ਲਿਆ।

# ਜ਼ਿਲ੍ਹੇ 'ਚ ਪੈਟਰੋਲੀਅਮ ਉਤਪਾਦਾਂ ਦੀ ਕੋਈ ਕਮੀ ਨਹੀਂ : ਡੀ ਸੀ

**ਪੱਟੀ, (ਬਲਦੇਵ ਸਿੰਘ ਸੰਧੂ)** - ਮੱਧ ਪੂਰਬ ਵਿਚ ਚੱਲ ਰਹੇ ਵਿਵਾਦ ਕਾਰਨ ਅੰਤਰਰਾਸ਼ਟਰੀ ਪੱਧਰ 'ਤੇ ਸੰਭਾਵੀ ਰੂਪ 'ਚ ਪੈਟਰੋਲੀਅਮ ਪਦਾਰਥਾਂ ਦੀ ਸਪਲਾਈ ਪ੍ਰਭਾਵਿਤ ਹੋਣ ਦੇ ਖਦਸ਼ੇ ਅਤੇ ਆਮ ਜਨਤਾ ਵਿਚ ਇਸ ਸਬੰਧੀ ਪੈਦਾ ਹੋਏ ਤੌਖਲਿਆਂ ਨੂੰ ਦੂਰ ਕਰਨ ਦੇ ਮੰਤਵ ਨਾਲ ਡਿਪਟੀ ਕਮਿਸ਼ਨਰ ਤਰਨ ਤਾਰਨ ਸ੍ਰੀ ਰਾਹੁਲ ਦੀ ਪ੍ਰਧਾਨਗੀ ਹੇਠ ਜ਼ਿਲ੍ਹਾ ਖ਼ੁਰਾਕ ਤੇ ਸਪਲਾਈਜ਼ ਕੰਟਰੋਲਰ, ਜ਼ਿਲ੍ਹਾ ਤਰਨ ਤਾਰਨ ਦੇ ਸਮੂਹ ਐਲ.ਪੀ.ਜੀ ਡਿਸਟ੍ਰੀਬਿਊਟਰਾਂ, ਪੈਟਰੋਲ-ਡੀਜ਼ਲ ਪੰਪਾਂ ਅਤੇ ਸਮੂਹ ਆਇਲ ਕੰਪਨੀਆਂ ਦੇ ਸੇਲਜ਼ ਅਫਸਰਾਂ ਦੀ ਅਹਿਮ ਮੀਟਿੰਗ ਬੁਲਾਈ ਗਈ।ਇਸ ਦੌਰਾਨ ਹੋਏ ਵਿਚਾਰ-ਵਟਾਂਦਰੇ ਅਤੇ ਸਾਂਝੀਆਂ ਕੀਤੀਆਂ ਸੂਚਨਾਵਾਂ ਮੁਤਾਬਿਕ ਇਹ ਸਾਮ੍ਹਣੇ ਆਇਆ ਕਿ ਹੁਣ ਤੱਕ ਜ਼ਿਲ੍ਹੇ ਵਿਚ ਕਿਸੇ ਵੀ ਪੈਟਰੋਲੀਅਮ ਉਤਪਾਦ/ਐਲ.ਪੀ.ਜੀ ਆਦਿ ਦੀ ਕੋਈ ਤੰਗੀ-ਪੇਸ਼ੀ ਨਹੀਂ ਹੈ।ਡਿਪਟੀ ਕਮਿਸ਼ਨਰ ਨੇ ਨਿਰਦੇਸ਼ ਦਿੱਤੇ ਕਿ ਆਮ ਜਨਤਾ ਨੂੰ ਘਰੇਲੂ ਵਰਤੋਂ ਵਾਲੇ ਗੈਸ ਸਿਲੰਡਰਾਂ ਦੀ ਨਿਰਵਿਘਨ ਸਪਲਾਈ ਜਾਰੀ ਰੱਖੀ ਜਾਵੇ। ਉਨ੍ਹਾਂ ਹਰੇਕ ਡਿਸਟ੍ਰੀਬਿਊਟਰ ਨੂੰ ਇਹ ਸਖ਼ਤੀ ਨਾਲ ਕਿਹਾ ਕਿ ਖ਼ਪਤਕਾਰਾਂ ਦੇ ਹਿੱਤਾਂ ਦੇ ਸਨਮੁਖ ਐਲ.ਪੀ.ਜੀ ਜਾਂ ਹੋਰ ਪੈਟਰੋਲੀਅਮ ਪਦਾਰਥਾਂ ਦੀ ਜਮ੍ਹਾਖੋਰੀ, ਬਲੈਕ ਮਾਰਕੀਟਿੰਗ ਜਾਂ ਓਵਰ ਚਾਰਜਿੰਗ ਆਦਿ ਧਿਆਨ ਵਿਚ ਆਉਣ 'ਤੇ ਸਖ਼ਤ ਕਾਰਵਾਈ ਕੀਤੀ ਜਾਵੇਗੀ।ਉਨ੍ਹਾਂ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਗੈਸ ਰੀਫਿਲ ਲਈ ਕੇਂਦਰ ਸਰਕਾਰ ਦੁਆਰਾ ਬੁਕਿੰਗ ਲਈ 21 ਦਿਨ ਤੋਂ 25 ਦਿਨਾਂ ਦੀ ਕੀਤੀ ਗਈ ਤਬਦੀਲੀ ਦੀ ਪਾਲਣਾ ਕਰਦਿਆਂ 25 ਦਿਨਾਂ ਬਾਅਦ ਹੀ ਬੁਕਿੰਗ ਕਰਵਾਉਣ।



# ਅਕਾਲੀ ਸਰਕਾਰ ਬਣਨ 'ਤੇ ਖੱਬੇ ਰਾਜਪੂਤਾਂ 'ਚ ਬਣੇਗੀ ਖੇਡ ਅਕੈਡਮੀ : ਮਜੀਠੀਆ

ਤਰਸਿੱਕਾ ( ਤਰਸੇਮ ਸਿੰਘ ਸਾਧਪੁਰ )-ਸ੍ਰੀ ਗੁਰੂ ਗੋਬਿੰਦ ਸਿੰਘ ਜੀ ਯਾਦਗਾਰੀ ਮੈਮੋਰੀਅਲ 50ਵੇਂ (ਛੇ ਰੋਜ਼ਾ) ਪੰਚਾਇਤੀ ਫੁੱਟਬਾਲ ਟੂਰਨਾਮੈਂਟ ਦੇ ਮਹਾਂ ਮੁਕਾਬਲੇ ਪਿੰਡ ਖੱਬੇ ਰਾਜਪੂਤਾਂ ਦੀ ਖੇਡ ਗਰਾਊਂਡ 'ਚ ਹੋਏ। ਜਿਸ ਦੌਰਾਨ ਫੁੱਟਬਾਲ ਸੀਨੀਅਰ ਵਿਚ ਖੱਬੇ ਰਾਜਪੂਤਾਂ ਦੀ ਟੀਮ ਨੇ ਪਹਿਲਾ ਸਥਾਨ ਹਾਸਲ ਕਰਕੇ 51 ਹਜਾਰ ਦੇ ਨਕਦ ਇਨਾਮ ਅਤੇ ਜੇਤੂ ਕੱਪ 'ਤੇ ਕਬਜਾ ਕੀਤਾ, ਦੂਸਰੇ ਸਥਾਨ 'ਤੇ ਕਾਬਜ ਜੈਤੋਂ ਸਰਜਾ ਦੀ ਟੀਮ ਨੇ 41 ਹਜਾਰ ਦਾ ਨਕਦ ਇਨਾਮ ਹਾਸਲ ਕੀਤਾ। (ਅੰਡਰ 17) ਵਿਚ ਪਹਿਲੀ ਜੇਤੂ ਲੱਧਾ ਮੁੰਡਾ ਦੀ ਟੀਮ ਨੇ 20 ਹਜਾਰ ਅਤੇ ਦੂਜੀ ਜੇਤੂ ਚੁੰਘ ਦੀ ਟੀਮ ਨੇ 17 ਹਜਾਰ ਰੁਪਏ ਦੀ ਇਨਾਮੀ ਰਾਸ਼ੀ ਪ੍ਰਾਪਤ ਕੀਤੀ। ਇਸੇ ਤਰਾਂ (ਅੰਡਰ 14) ਵਿਚ ਪਹਿਲੀ ਜੇਤੂ ਖੱਬੇ ਰਾਜਪੂਤਾਂ ਦੀ ਟੀਮ ਨੇ 15 ਹਜਾਰ ਰੁਪਏ ਅਤੇ ਦੂਜੀ ਜੇਤੂ ਟਕਾਪੁਰ ਦੀ ਟੀਮ ਨੇ 11 ਹਜਾਰ ਰੁਪਏ ਦੀ ਇਨਾਮੀ ਰਾਸ਼ੀ ਆਪਣੇ ਨਾਂ ਕੀਤੀ। ਲੜਕੀਆਂ ਦੇ ਸ਼ੋਅ ਮੈਚ ਦੌਰਾਨ ਡੇਅਰੀਵਾਲ ਦੀ ਟੀਮ ਪਹਿਲੇ ਅਤੇ ਬੱਲਪੁਰੀਆਂ ਦੀ ਟੀਮ ਦੂਜੇ ਸਥਾਨ 'ਤੇ ਰਹੀ।ਟੂਰਨਾਮੈਂਟ 'ਚ ਸਾਬਕਾ ਅਕਾਲੀ ਮੰਤਰੀ ਬਿਕਰਮ ਸਿੰਘ ਮਜੀਠੀਆ ਦੇ ਮੁੱਖ ਮਹਿਮਾਨ ਵਜੋਂ ਪਹੁੰਚਣ 'ਤੇ ਸਾਬਕਾ ਚੇਅਰਮੈਨ ਜੱਥੇ. ਗੁਰਮੀਤ ਸਿੰਘ ਖੱਬੇ ਰਾਜਪੂਤਾਂ, ਜੱਥੇ. ਰਾਜਬੀਰ ਸਿੰਘ ਉਦੋਨੰਗਲ, ਚੇਅਰਮੈਨ ਲਖਵਿੰਦਰ ਸਿੰਘ ਖਾਲਸਾ, ਐਨ.ਆਰ.ਆਈ. ਮਹਿੰਦਰਪਾਲ ਸਿੰਘ ਬੱਲ, ਪ੍ਰਧਾਨ ਸੁਖਰਾਜ ਸਿੰਘ ਮੁੱਛਲ, ਪ੍ਰਧਾਨ ਹਰਜਿੰਦਰ ਸਿੰਘ ਨੰਗਲੀ, ਚੇਅਰਮੈਨ ਕੰਵਰਦੀਪ ਸਿੰਘ ਮਾਨ, ਪ੍ਰਧਾਨ ਜਸਪਾਲ ਸਿੰਘ ਪੱਡਾ, ਸੰਦੀਪ ਸਿੰਘ ਏ.ਆਰ ਤੇ ਅਕਾਲੀ ਵਰਕਰਾਂ ਵੱਲੋਂ ਹਾਰਦਿਕ ਸਵਾਗਤ ਕੀਤਾ ਗਿਆ।ਸ. ਮਜੀਠੀਆ ਨੇ ਜੇਤੂ ਟੀਮਾਂ ਨੂੰ ਇਨਾਮ ਤਕਸੀਮ ਕਰਨ ਮੌਕੇ ਆਖਿਆ ਕਿ ਪਿਛਲੇ 50 ਸਾਲਾਂ ਤੋਂ ਲਗਾਤਾਰ ਇਹ ਟੂਰਨਾਮੈਂਟ ਕਰਵਾਇਆ ਜਾਂਦਾ ਹੈ, ਜਿਸ ਲਈ ਜੱਥੇ ਗੁਰਮੀਤ ਸਿੰਘ ਤੇ ਐਨ.ਆਰ.ਆਈ. ਵੀਰ ਵਧਾਈ ਦੇ ਪਾਤਰ ਹਨ ਜੋ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਲਈ ਇਹ ਸ਼ਲਾਘਾਯੋਗ ਉਪਰਾਲਾ ਕਰਦੇ ਹਨ। ਸ. ਮਜੀਠੀਆ ਨੇ ਆਖਿਆ ਕਿ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਆਉਣ 'ਤੇ ਪਿੰਡ ਖੱਬੇ ਰਾਜਪੂਤਾਂ ਵਿਚ ਖੇਡ ਅਕੈਡਮੀ ਬਣੇਗੀ। ਜਿਸ ਵਿਚ ਖਿਡਾਰੀਆਂ ਲਈ ਮੁਫ਼ਤ ਪੜਾਈ, ਮੁਫ਼ਤ ਕੋਚਿੰਗ ਸਮੇਤ ਹਰ ਸਹੂਲਤ ਮੌਜੂਦ ਹੋਵੇਗੀ। ਅਖੀਰ 'ਚ ਪ੍ਰਬੰਧਕਾਂ ਦੇ ਵੱਲੋਂ ਸਨਮਾਨ ਚਿੰਨ ਭੇਟ ਕਰਕੇ ਮਜੀਠੀਆ ਨੂੰ ਸਨਮਨਤ ਕੀਤਾ ਗਿਆ।ਇਸ ਮੌਕੇ ਮਜੀਠੀਆ ਦੇ ਸਿਆਸੀ ਸਲਾਹਕਾਰ ਸੁਖਵਿੰਦਰ ਸਿੰਘ ਗੋਲਡੀ, ਜਿਲਾ ਪ੍ਰਧਾਨ ਨਵਜਿੰਦਰ ਪਾਲ ਸਿੰਘ ਗਾਂਧੀ ਨਿੱਬਰਵਿੰਡ, ਤੇਗਬੀਰ ਸਿੰਘ ਸਿਆਲਕਾ, ਜਤਿੰਦਰ ਸਿੰਘ ਲੱਧਾਮੁੰਡਾ, ਤਜਿੰਦਰਪਾਲ ਸਿੰਘ ਲਾਡੀ, ਬਲਦੇਵ ਸਿੰਘ ਅਠਵਾਲ, ਜੱਥੇ ਸਿਰਤਾਜ ਸਿੰਘ ਚੁੰਘ, ਪ੍ਰਧਾਨ ਜੁਗਰਾਜ ਸਿੰਘ, ਕੈ. ਗੁਰਵਿੰਦਰ ਸਿੰਘ ਬੱਲ, ਕੋਚ ਮਲਕੀਤ ਸਿੰਘ, ਗੁਰਿੰਦਰਪਾਲ ਸਿੰਘ ਯੂਥ ਆਗੂ, ਜਗਤਾਰ ਸਿੰਘ ਗੱਗੜਭਾਣਾ, ਗੁਰਲਾਲ ਸਿੰਘ ਲਾਲੀ, ਰਜਿੰਦਰ ਸਿੰਘ ਉਦੋਨੰਗਲ, ਡਾ ਭੁਪਿੰਦਰ ਸਿੰਘ ਰੰਧਾਵਾ, ਪ੍ਰਧਾਨ ਬਲਜੀਤ ਸਿੰਘ, ਪ੍ਰਧਾਨ ਤਰਲੋਚਨ ਸਿੰਘ, ਸੈਕਟਰੀ ਸਿਕੰਦਰ ਸਿੰਘ ਬੁੱਟਰ, ਕੁਲਬੀਰ ਸਿੰਘ ਧਰਦਿਉ, ਪ੍ਰਧਾਨ ਗੁਰਭੇਜ ਸਿੰਘ ਜੱਬੋਵਾਲ, ਮਾ ਬਲਜਿੰਦਰ ਸਿੰਘ ਬੁੱਟਰ, ਤੇਜਿੰਦਰ ਸਿੰਘ ਬੇਰੀਆਣਾ, ਪਰਮਦੀਪ ਸਿੰਘ ਟਕਾਪੁਰ, ਜੁਗਰਾਜ ਸਿੰਘ ਘੁਹਾਟਵਿੰਡ, ਸਰਪੰਚ ਸੁਖਦੇਵ ਸਿੰਘ ਧਰਦਿਉ, ਹਰਜੀਤ ਸਿੰਘ ਧਰਦਿਉ, ਮੁਲਾਜ਼ਮ ਆਗੂ ਅਜੀਤਪਾਲ ਸਿੰਘ, ਸੁੱਖਜਿੰਦਰ ਇਟਲੀ, ਗੁਰਬਿੰਦਰ ਸਿੰਘ ਬੱਲ, ਮਾਸਟਰ ਜਿੰਮੀ, ਗੁਰਅੰਮ੍ਰਿਤਪਾਲ ਸਿੰਘ, ਦਿਲਬਾਗ ਸਿੰਘ ਕਲੇਰ, ਰਣਜੀਤ ਸਿੰਘ ਕਨੇਡਾ, ਮੇਜਰ ਸਿੰਘ ਕਨੇਡਾ, ਜਸਬੀਰ ਸਿੰਘ ਯੂ ਐੱਸ ਏ, ਗੁਰਪ੍ਰੀਤ ਗੋਪੀ ਇਟਲੀ, ਰਾਣਾ ਇਟਲੀ, ਪ੍ਰਿੰਸ ਇਟਲੀ ਤੇ ਕੁਲਵੰਤ ਸਿੰਘ ਟਕਾ ਪੁਰ ਤੋਂ ਇਲਾਵਾ ਵੱਡੀ ਗਿਣਤੀ ਵਿਚ ਦਰਸ਼ਕ ਮੌਜੂਦ ਸਨ।



# ਮੁੱਖ ਮੰਤਰੀ ਸਿਹਤ ਯੋਜਨਾ ਦੇ ਕਾਰਡ ਬਣਾਉਣ ਲਈ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਵਿਸ਼ੇਸ਼ ਮੁਹਿੰਮ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ) - ਪੰਜਾਬ ਸਰਕਾਰ ਦੀਆਂ ਹਦਾਇਤਾਂ ਤਹਿਤ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਮੁੱਖ ਮੰਤਰੀ ਸਿਹਤ ਯੋਜਨਾ ਦੇ ਕਾਰਡ ਬਣਾਉਣ ਲਈ ਵਿਸ਼ੇਸ਼ ਕੈਂਪ ਲਗਾਏ ਜਾ ਰਹੇ ਹਨ। ਇਸ ਸਬੰਧੀ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਅੰਮ੍ਰਿਤਸਰ ਦਲਵਿੰਦਰਜੀਤ ਸਿੰਘ ਨੇ ਦੱਸਿਆ ਕਿ ਮੁੱਖ ਮੰਤਰੀ ਸਿਹਤ ਯੋਜਨਾ ਦੇ ਕਾਰਡ ਬਣਾਉਣ ਲਈ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਪਿੰਡਾਂ ਅਤੇ ਸ਼ਹਿਰਾਂ ਵਿੱਚ 58 ਸੁਵਿਧਾ ਕੈਂਪ ਲਗਾਏ ਗਏ ਹਨ। ਇਸ ਤੋਂ ਇਲਾਵਾ ਜ਼ਿਲ੍ਹੇ ਵਿੱਚ 544 ਕਾਮਨ ਸੈਂਟਰਾਂ ਵਿੱਚ ਵੀ ਇਹ ਕਾਰਡ ਬਣਾਏ ਜਾ ਰਹੇ ਹਨ।

ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਦੇ ਸਾਰੇ ਡਵੀਜ਼ਨਲ ਅਤੇ ਸਬ ਡਵੀਜ਼ਨਲ ਹਸਪਤਾਲਾਂ ਵਿੱਚ ਵੀ ਮੁੱਖ ਮੰਤਰੀ ਸਿਹਤ ਯੋਜਨਾ ਦੇ ਕਾਰਡ ਬਣਾਏ ਜਾ ਰਹੇ ਹਨ ਅਤੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਅੰਮ੍ਰਿਤਸਰ ਵਿਖੇ ਸਥਿਤ ਸੇਵਾ ਕੇਂਦਰ ਵਿੱਚ ਵੀ ਮੁੱਖ ਮੰਤਰੀ ਸਿਹਤ ਯੋਜਨਾ ਦੇ ਕਾਰਡ ਬਣਾਉਣ ਦੀ ਸਹੂਲਤ ਦਿੱਤੀ ਗਈ ਹੈ। ਡਿਪਟੀ ਕਮਿਸ਼ਨਰ ਦਲਵਿੰਦਰਜੀਤ ਸਿੰਘ ਨੇ ਦੱਸਿਆ ਕਿ ਇਸ ਯੋਜਨਾ ਤਹਿਤ ਸੂਬੇ ਦੇ ਹਰ ਪਰਵਾਰ ਨੂੰ ਸਲਾਨਾ 10 ਲੱਖ ਰੁਪਏ ਦੇ ਮੁਫ਼ਤ ਇਲਾਜ ਦੀ ਸਹੂਲਤ ਮਿਲੇਗੀ। ਉਨ੍ਹਾਂ ਦੱਸਿਆ ਕਿ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਲਾਭਪਾਤਰੀ ਸਰਕਾਰੀ ਹਸਪਤਾਲਾਂ ਦੇ ਨਾਲ ਨਾਮੀ ਪ੍ਰਾਈਵੇਟ ਹਸਪਤਾਲਾਂ ਵਿੱਚ ਵੀ ਆਪਣਾ ਮੁਫ਼ਤ ਇਲਾਜ ਕਰਵਾ ਸਕਣਗੇ। ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਦੇ 89 ਨਾਮੀਗ੍ਰਾਮੀ ਹਸਪਤਾਲ ਮੁਫ਼ਤ ਇਲਾਜ ਲਈ ਸੂਚੀਬੱਧ ਕੀਤੇ ਗਏ ਹਨ। ਇਨਾਂ ਸੂਚੀਬੱਧ ਸੰਸਥਾਵਾਂ ਵਿਚੋਂ ਕਿਸੇ ਵੀ ਸੰਸਥਾਨ ਵਿਚੋਂ ਲਾਭਪਾਤਰੀ ਆਪਣਾ ਮੁਫ਼ਤ ਇਲਾਜ ਕਰਵਾ ਸਕਦੇ ਹਨ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਮੁੱਖ ਮੰਤਰੀ ਸਿਹਤ ਯੋਜਨਾ ਦਾ ਕਾਰਡ ਬਣਾਉਣ ਲਈ ਪਰਵਾਰ ਦੇ ਘੱਟੋ-ਘੱਟ ਦੋ ਮੈਂਬਰਾਂ ਦਾ ਇਕੱਠੇ ਜਾਣਾ ਜ਼ਰੂਰੀ ਹੈ, ਜਿਹੜਾ ਮੈਂਬਰ 18 ਸਾਲ ਤੋਂ ਘੱਟ ਹੈ, ਉਸ ਨੂੰ ਆਪਣਾ ਜਨਮ ਸਰਟੀਫਿਕੇਟ, ਆਧਾਰ ਕਾਰਡ ਨਾਲ ਲੈ ਕੇ ਜਾਣਾ ਜ਼ਰੂਰੀ ਹੈ ਅਤੇ ਜਿਹੜਾ ਮੈਂਬਰ 18 ਸਾਲ ਤੋਂ ਉੱਤੇ ਹੈ ਉਸ ਨੂੰ ਆਪਣਾ ਵੋਟਰ ਕਾਰਡ ਅਤੇ ਆਧਾਰ ਕਾਰਡ ਲੈ ਕੇ ਜਾਣਾ ਜ਼ਰੂਰੀ ਹੈ।

ਉਨ੍ਹਾਂ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਸਿਹਤ ਬੀਮਾ ਯੋਜਨਾ ਦਾ ਕਾਰਡ ਜ਼ਰੂਰ ਬਣਾਉਣ ਤਾਂ ਜੋ ਕਿਸੇ ਮੁਸ਼ਕਿਲ ਵੇਲੇ ਉਹਨਾਂ ਦੇ ਕੰਮ ਆ ਸਕੇ। ਉਨ੍ਹਾਂ ਕਾਰਡ ਬਣਾਉਣ ਦੇ ਕੰਮ ਵਿੱਚ ਲੱਗੇ ਸਾਰੇ ਅਧਿਕਾਰੀਆਂ ਅਤੇ ਕਰਮਚਾਰੀਆਂ ਨੂੰ ਹਦਾਇਤ ਕੀਤੀ ਕਿ ਉਹ ਖੁਦ ਇਸ ਕੰਮ ਦੀ ਨਿਗਰਾਨੀ ਕਰਨ ਅਤੇ ਲੋਕਾਂ ਨੂੰ ਸਿਹਤ ਬੀਮਾ ਯੋਜਨਾ ਕਾਰਡ ਬਣਾਉਣ ਵਿੱਚ ਕਿਸੇ ਕਿਸਮ ਦੀ ਮੁਸ਼ਕਿਲ ਪੇਸ਼ ਨਾ ਆਉਣ ਦਿੱਤੀ ਜਾਵੇ।

# ਅੰਤਰਰਾਸ਼ਟਰੀ ਮਹਿਲਾ ਦਿਵਸ ਮੌਕੇ 33 ਮਹਿਲਾ ਬੀ ਐੱਲ ਓਜ਼ ਦਾ ਸਨਮਾਨ

ਅੰਮ੍ਰਿਤਸਰ ( ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ) - ਅੰਤਰਰਾਸ਼ਟਰੀ ਮਹਿਲਾ ਦਿਵਸ ਮੌਕੇ ਡਿਪਟੀ ਕਮਿਸ਼ਨਰ ਅੰਮ੍ਰਿਤਸਰ ਦਲਵਿੰਦਰਜੀਤ ਸਿੰਘ ਵੱਲੋਂ ਜ਼ਿਲ੍ਹਾ ਅੰਮ੍ਰਿਤਸਰ ਦੇ 11 ਵਿਧਾਨ ਸਭਾ ਹਲਕਿਆਂ ਵਿੱਚ ਆਪਣੀ ਡਿਊਟੀ ਨੂੰ ਇਮਾਨਦਾਰੀ, ਲਗਨ ਅਤੇ ਸਮਰਪਣ ਭਾਵਨਾ ਨਾਲ ਨਿਭਾਉਣ ਵਾਲੀਆਂ 33 ਮਹਿਲਾ ਬੂਥ ਲੈਵਲ ਅਫਸਰਾਂ (ਬੀ.ਐਲ.ਓ.) ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਉਨ੍ਹਾਂ ਬੀ.ਐਲ.ਓਜ਼. ਨੂੰ ਪ੍ਰਸੰਸਾ ਪੱਤਰ ਦੇ ਕੇ ਚੋਣ ਪ੍ਰਕਿਰਿਆ ਵਿੱਚ ਨਿਭਾਈਆਂ ਗਈਆਂ ਉਨ੍ਹਾਂ ਦੀਆਂ ਸ਼ਾਨਦਾਰ ਸੇਵਾਵਾਂ ਦੀ ਸਰਾਹਨਾ ਕੀਤੀ ਗਈ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਲੋਕਤੰਤਰ ਦੀ ਮਜ਼ਬੂਤੀ ਲਈ ਸਹੀ ਅਤੇ ਅਪਡੇਟ ਵੋਟਰ ਸੂਚੀ ਬਹੁਤ ਮਹੱਤਵਪੂਰਨ ਹੁੰਦੀ ਹੈ, ਜਿਸ ਵਿੱਚ ਬੀ.ਐਲ.ਓ. ਦੀ ਭੂਮਿਕਾ ਕੇਂਦਰੀ ਮਹੱਤਵ ਰੱਖਦੀ ਹੈ। ਉਨ੍ਹਾਂ ਬੀ.ਐਲ.ਓਜ਼ ਨੂੰ ਚੋਣ ਪ੍ਰਕਿਰਿਆ ਦਾ ਅਹਿਮ ਧੁਰਾ ਆਖਦਿਆਂ ਕਿਹਾ ਕਿ ਮਹਿਲਾ ਬੀ.ਐਲ.ਓ. ਘਰ-ਘਰ ਜਾ ਕੇ ਯੋਗ ਵੋਟਰਾਂ ਦੀ ਸ਼ਨਾਖਤ ਕਰਦੀਆਂ ਹਨ ਅਤੇ ਨਵੇਂ ਵੋਟਰਾਂ ਦੀ ਰਜਿਸਟ੍ਰੇਸ਼ਨ ਅਤੇ ਸੋਧ ਕਰਕੇ ਚੋਣ ਪ੍ਰਕਿਰਿਆ ਨੂੰ ਪਾਰਦਰਸ਼ੀ ਅਤੇ ਸੁਚਾਰੂ ਬਣਾਉਣ ਵਿੱਚ ਅਹਿਮ ਯੋਗਦਾਨ ਪਾ ਰਹੀਆਂ ਹਨ।

ਡਿਪਟੀ ਕਮਿਸ਼ਨਰ ਨੇ ਸਨਮਾਨਿਤ ਕੀਤੀਆਂ ਮਹਿਲਾ ਬੀ.ਐਲ.ਓ. ਨਾਲ ਗੱਲਬਾਤ ਵੀ ਕੀਤੀ ਅਤੇ ਉਨ੍ਹਾਂ ਤੋਂ ਡਿਊਟੀ ਦੌਰਾਨ ਆ ਰਹੀਆਂ ਮੁਸ਼ਕਲਾਂ ਬਾਰੇ ਜਾਣਕਾਰੀ ਲੈਂਦਿਆਂ ਉਨ੍ਹਾਂ ਨੂੰ ਭਰੋਸਾ ਦਿਵਾਇਆ ਕਿ ਜੇਕਰ ਡਿਊਟੀ ਨਿਭਾਉਂਦੇ ਸਮੇਂ ਕਿਸੇ ਵੀ ਤਰ੍ਹਾਂ ਦੀ ਸਮੱਸਿਆ ਆਉਂਦੀ ਹੈ ਤਾਂ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਉਸ ਦਾ ਤੁਰੰਤ ਹੱਲ ਕੀਤਾ ਜਾਵੇਗਾ। ਇਸ ਮੌਕੇ ਜ਼ਿਲ੍ਹਾ ਸਿੱਖਿਆ ਅਫ਼ਸਰ ਸੈਕੰਡਰੀ ਸਿੱਖਿਆ-ਕਮ-ਜ਼ਿਲ੍ਹਾ ਸਵੀਪ ਨੋਡਲ ਅਫਸਰ ਰਾਜੇਸ਼ ਸ਼ਰਮਾ, ਚੋਣ ਤਹਿਸੀਲਦਾਰ ਇੰਦਰਜੀਤ ਸਿੰਘ, ਚੋਣ ਕਾਨੂੰਨਗੋ ਰਜਿੰਦਰ ਸਿੰਘ, ਸਵੀਪ ਇੰਚਾਰਜ ਸੌਰਵ ਖੋਸਲਾ, ਰਾਜ ਕੁਮਾਰ ਅਤੇ ਪੰਕਜ ਕੁਮਾਰ ਵੀ ਹਾਜ਼ਰ ਸਨ।

# ਅਕਾਲੀ ਵਰਕਰਾਂ 'ਚ ਭਾਰੀ ਉਤਸ਼ਾਹ : ਬ੍ਰਹਮਪੁਰਾ, ਸ਼ੇਖ, ਜਹਾਂਗੀਰ

ਖਡੂਰ ਸਾਹਿਬ (ਸਰਬਜੋਤ ਸਿੰਘ ਸੰਧਾ)- ਵਿਧਾਨ ਸਭਾ ਹਲਕਾ ਸ਼੍ਰੀ ਖਡੂਰ ਸਾਹਿਬ ਤੋਂ ਸਾਬਕਾ ਵਿਧਾਇਕ ਅਤੇ ਹਲਕਾ ਇੰਚਾਰਜ ਰਵਿੰਦਰ ਸਿੰਘ ਬ੍ਰਹਮਪੁਰਾ ਦੀ ਰਹਿਨੁਮਾਈ ਹੇਠ ਪਿੰਡ ਦੁਲਚੀਪੁਰ ਵਿਖੇ ਸ਼੍ਰੋਮਣੀ ਅਕਾਲੀ ਦਲ ਦੇ ਵਰਕਰਾਂ ਨਾਲ ਇੱਕ ਮਹੱਤਵਪੂਰਨ ਮੀਟਿੰਗ ਕੀਤੀ ਗਈ। ਇਸ ਮੌਕੇ ਮੀਤ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਦਲਬੀਰ ਸਿੰਘ ਜਹਾਂਗੀਰ ਅਤੇ ਯੂਥ ਅਕਾਲੀ ਦਲ ਦੇ ਕੋਰ ਕਮੇਟੀ ਮੈਂਬਰ ਚੇਅਰਮੈਨ ਗੁਰਸੇਵਕ ਸਿੰਘ ਸ਼ੇਖ ਵੀ ਵਿਸ਼ੇਸ਼ ਤੌਰ 'ਤੇ ਮੌਜੂਦ ਰਹੇ।ਇਸ ਵਰਕਰ ਮਿਲਣੀ ਦੌਰਾਨ ਪਾਰਟੀ ਦੇ ਸਮੂਹ ਵਰਕਰਾਂ ਨਾਲ ਹਲਕੇ ਦੀ ਮੌਜੂਦਾ ਸਿਆਸੀ ਸਥਿਤੀ ਅਤੇ ਪਾਰਟੀ ਦੀਆਂ ਸਰਗਰਮੀਆਂ ਸਬੰਧੀ ਵਿਸਥਾਰ ਨਾਲ ਵਿਚਾਰ ਵਟਾਂਦਰਾ ਕੀਤਾ ਗਿਆ। ਆਪਣੇ ਸੰਬੋਧਨ ਦੌਰਾਨ ਬ੍ਰਹਮਪੁਰਾ, ਜਹਾਂਗੀਰ ਅਤੇ ਸ਼ੇਖ ਨੇ ਅਕਾਲੀ ਵਰਕਰਾਂ ਨੂੰ ਪਾਰਟੀ ਨੂੰ ਜ਼ਮੀਨੀ ਪੱਧਰ 'ਤੇ ਹੋਰ ਮਜ਼ਬੂਤ ਕਰਨ ਅਤੇ ਲੋਕਾਂ ਦੇ ਮੁੱਦੇ ਉਭਾਰਨ ਲਈ ਤੇ ਸਖ਼ਤ ਮਿਹਨਤ ਕਰਨ ਲਈ ਕਿਹਾ।

ਇਸ ਮੌਕੇ ਪਿੰਡ ਦੁਲਚੀਪੁਰ ਦੇ ਕਈ ਵਸਨੀਕਾਂ ਨੇ ਆਪਣੀਆਂ ਮੁਸ਼ਕਿਲਾਂ ਵੀ ਆਗੂਆਂ ਦੇ ਸਾਹਮਣੇ ਰੱਖੀਆਂ। ਜਿਆਦਾਤਰ ਲੋਕਾਂ ਨੇ ਆਪਣੇ ਨੀਲੇ ਰਾਸ਼ਨ ਕਾਰਡਾਂ ਵਿੱਚੋਂ ਨਾਮ ਕੱਟੇ ਜਾਣ ਅਤੇ ਸਰਕਾਰੀ ਰਾਸ਼ਨ ਵਜੋਂ ਮਿਲਣ ਵਾਲੀ ਕਣਕ ਦੀ ਸਹੂਲਤ ਨਾ ਮਿਲਣ ਦੀ ਸਮੱਸਿਆ ਬਾਰੇ ਦੱਸਿਆ।

ਇਸ ਸੰਬੰਧੀ ਗੱਲਬਾਤ ਕਰਦਿਆਂ ਸ. ਰਵਿੰਦਰ ਸਿੰਘ ਬ੍ਰਹਮਪੁਰਾ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਦੇ ਸਮੇਂ ਇਹ ਇੱਕ ਮਹੱਤਵਪੂਰਨ ਪਹਿਲ ਕਦਮੀ ਕੀਤੀ ਗਈ ਸੀ ਕਿ ਕੋਈ ਵੀ ਪਰਿਵਾਰ ਰਾਸ਼ਨ ਤੋਂ ਵਾਂਝਾ ਨਾ ਰਹੇ ਅਤੇ ਕੋਈ ਵੀ ਪਰਿਵਾਰ ਭੁੱਖਾ ਨਾ ਸੌਂਵੇ। ਇਸ ਯੋਜਨਾ ਨਾਲ ਹਜ਼ਾਰਾਂ ਲੋੜਵੰਦ ਪਰਿਵਾਰਾਂ ਨੂੰ ਵੱਡਾ ਲਾਭ ਮਿਲਦਾ ਸੀ। ਪਰ ਅੱਜ ਹਲਕਾ ਖਡੂਰ ਸਾਹਿਬ ਦੇ ਕਈ ਪਿੰਡਾਂ ਵਿੱਚ ਬਹੁਤ ਸਾਰੇ ਲੋੜਵੰਦ ਪਰਿਵਾਰਾਂ ਦੇ ਰਾਸ਼ਨ ਕਾਰਡ ਕੱਟੇ ਜਾ ਚੁੱਕੇ ਹਨ, ਜਿਸ ਕਾਰਨ ਉਹਨਾਂ ਨੂੰ ਸਰਕਾਰੀ ਰਾਸ਼ਨ ਦੀ ਸਹੂਲਤ ਨਹੀਂ ਮਿਲ ਰਹੀ। ਉਨ੍ਹਾਂ ਮੰਗ ਕੀਤੀ ਕਿ ਸੰਬੰਧਤ ਵਿਭਾਗ ਇਸ ਮਾਮਲੇ ਦੀ ਜਾਂਚ ਕਰਕੇ ਲੋੜਵੰਦ ਪਰਿਵਾਰਾਂ ਦੇ ਰਾਸ਼ਨ ਕਾਰਡ ਤੁਰੰਤ ਬਹਾਲ ਕਰਨ । ਇਸ ਮੌਕੇ ਸਵਰਗਵਾਸੀ ਤਰਸੇਮ ਸਿੰਘ ਸਾਬਕਾ ਸਰਪੰਚ ਦੇ ਗ੍ਰਹਿ ਵਿਖੇ ਸੁਖਵਿੰਦਰ ਸਿੰਘ,ਨਿਸ਼ਾਨ ਸਿੰਘ ਮੈਂਬਰ,ਬਲਵਿੰਦਰ ਸਿੰਘ ਮੈਂਬਰ, ਸਤਨਾਮ ਸਿੰਘ ਮੈਂਬਰ, ਰਣਜੋਤ ਸਿੰਘ,ਇਕਬਾਲ ਸਿੰਘ,ਸਿਮਰਨਜੀਤ ਸਿੰਘ, ਅੰਮ੍ਰਿਤਪਾਲ ਸਿੰਘ,ਲਖਵਿੰਦਰ ਸਿੰਘ,ਬਲਰਾਜ ਸਿੰਘ,ਗੁਰਪਾਲ ਸਿੰਘ, ਮੰਗਜੀਤ ਸਿੰਘ,ਬਲਜੀਤ ਸਿੰਘ,ਕੁਲਵੰਤ ਸਿੰਘ,ਸਰਵਨ ਸਿੰਘ, ਰਤਨ ਸਿੰਘ,ਲਖਵਿੰਦਰ ਸਿੰਘ,ਰਣਜੀਤ ਸਿੰਘ ਪਲਵਾਨ,ਪਰਮਜੀਤ ਸਿੰਘ ਪੰਮਾ ਅਤੇ ਹੋਰ ਅਕਾਲੀ ਵਰਕਰ ਹਾਜ਼ਰ ਸਨ।



## ਕਾਮਰੇਡ ਅਜੀਤ ਸਿੰਘ ਭਿੱਟੇਵੱਢ ਨੂੰ ਸ਼ਰਧਾਂਜਲੀਆਂ

ਛੇਹਰਟਾ, (ਮਨੋਜ ਕੁਮਾਰ) - ਕਾਮਰੇਡ ਅਜੀਤ ਸਿੰਘ ਭਿੱਟੇਵੱਢ ਜੋ ਕਿ ਉੱਘੇ ਆਜ਼ਾਦੀ ਘੁਲਾਟੀਏ ਕਾਮਰੇਡ ਚੰਨਣ ਸਿੰਘ ਭਿੱਟੇਵੱਢ ਦੇ ਸਪੁੱਤਰ ਸਨ, ਬੀਤੇ ਦਿਨੀਂ ਪਾਰਟੀ ਤੇ ਪਰਿਵਾਰ ਨੂੰ ਵਿਛੋੜਾ ਦੇ ਗਏ। ਉਨ੍ਹਾਂ ਨਮਿਤ ਅੰਤਿਮ ਅਰਦਾਸ ਕਬੀਰ ਪਾਰਕ ਦੇ ਗੁਰਦੁਆਰਾ ਸਾਹਿਬ ਵਿਖੇ ਕੀਤੀ ਗਈ। ਅੰਤਿਮ ਅਰਦਾਸ ਉਪਰੰਤ ਉਨ੍ਹਾਂ ਨੂੰ ਸ਼ਰਧਾਂਜਲੀਆਂ ਭੇਟ ਕੀਤੀਆਂ ਗਈਆਂ। ਇਸ ਮੌਕੇ ਸੀਟੂ ਦੇ ਸੂਬਾਈ ਮੀਤ ਪ੍ਰਧਾਨ ਸੁੱਚਾ ਸਿੰਘ ਅਜਨਾਲਾ ਨੇ ਉੱਘੇ ਦੇਸ਼ ਭਗਤ ਕਾਮਰੇਡ ਚੰਨਣ ਸਿੰਘ ਭਿੱਟੇਵੱਢ ਤੇ ਕਾਮਰੇਡ ਅਜੀਤ ਸਿੰਘ ਭਿੱਟੇਵੱਢ ਦੇ ਜੀਵਨ ਬਾਰੇ ਗੱਲ ਕਰਦਿਆਂ ਕਿਹਾ ਕਿ ਪਿਓ-ਪੁੱਤ ਮਿਹਨਤਕਸ਼ ਲੋਕਾਂ ਦੇ ਮਸੀਹਾ ਸਨ। ਉਨ੍ਹਾਂ ਮਿਹਨਤਕਸ਼ ਲੋਕਾਂ ਦੀ ਮਦਦ ਕਰਦੇ ਹੋਏ ਕਈ ਵਾਰ ਪੁਲਿਸ ਦਾ ਤਸ਼ੱਦਦ ਝੱਲਿਆ ਤੇ ਜੇਲ੍ਹਾਂ ਵਿਚ ਵੀ ਗਏ। ਕਾਮਰੇਡ ਅਜੀਤ ਸਿੰਘ ਮਜ਼ਦੂਰਾਂ ਦੀ ਜਥੇਬੰਦੀ ਵਿਚ ਕੰਮ ਕਰਦੇ ਸਨ ਅਤੇ ਸੀਟੂ ਨੂੰ ਬਣਾਉਣ ਵਾਲੇ ਮੋਢੀਆਂ ਵਿਚੋਂ ਸਨ। ਸਾਨੂੰ ਉਨ੍ਹਾਂ ਦੇ ਜੀਵਨ ਤੋਂ ਸਿੱਖਿਆ ਲੈਣੀ ਚਾਹੀਦੀ ਹੈ। ਕੁੱਲ ਹਿੰਦ ਖੇਤ ਮਜ਼ਦੂਰ ਸਭਾ ਦੇ ਸੂਬਾਈ ਸਕੱਤਰ ਕਾਮਰੇਡ ਜਸਬੀਰ ਸਿੰਘ ਨੇ ਸ਼ਰਧਾਂਜਲੀ ਭੇਟ ਕਰਦੇ ਦੱਸਿਆ ਕਿ ਕਾਮਰੇਡ ਅਜੀਤ ਸਿੰਘ ਦੇ ਤਿੰਨ ਲੜਕੇ ਤੇ ਤਿੰਨ ਧੀਆਂ ਸਨ, ਜਿਨ੍ਹਾਂ ਨੂੰ ਉਨ੍ਹਾਂ ਨੇ ਚੰਗਾ ਪੜ੍ਹਾਇਆ-ਲਿਖਾਇਆ ਤੇ ਨੌਕਰੀਆਂ 'ਤੇ ਲਗਵਾਇਆ। ਇਸ ਮੌਕੇ ਕਾਮਰੇਡ ਮਹਿੰਦਰ ਸਿੰਘ ਖੈਹਰਾ, ਰਿਸ਼ਤੇਦਾਰ ਅਤੇ ਇਲਾਕਾ ਵਾਸੀ ਵੱਡੀ ਗਿਣਤੀ ਵਿਚ ਹਾਜ਼ਰ ਸਨ।

## ਐੱਲ ਪੀ ਜੀ, ਪੈਟਰੋਲ ਜਾਂ ਡੀਜ਼ਲ ਦੀ ਕੋਈ ਕਮੀ ਨਹੀਂ : ਏ ਡੀ ਸੀ

**ਬਲਾਚੌਰ (ਜਸਵਿੰਦਰ ਬੈਂਸ)**-ਵਧੀਕ ਡਿਪਟੀ ਕਮਿਸ਼ਨਰ (ਜਨਰਲ) ਸ਼ਹੀਦ ਭਗਤ ਸਿੰਘ ਨਗਰ ਬਲਬੀਰ ਰਾਜ ਸਿੰਘ ਨੇ ਜ਼ਿਲ੍ਹਾ ਵਾਸੀਆ ਨੂੰ ਭਰੋਸਾ ਦੁਆਇਆ ਕਿ ਜ਼ਿਲ੍ਹੇ ਵਿੱਚ ਐੱਲ ਪੀ ਜੀ ਸਲੰਡਰ, ਪੈਟਰੋਲ ਜਾਂ ਡੀਜ਼ਲ ਦੀ ਕੋਈ ਕਮੀ ਨਹੀਂ ਹੈ।ਉਨ੍ਹਾਂ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਕਿ ਜ਼ਿਲ੍ਹੇ ਵਿੱਚ ਜ਼ਰੂਰੀ ਵਸਤਾਂ ਦੀ ਉਪਲਬੱਧਤਾ ਬਾਰੇ ਡਰਨ ਦੀ ਕੋਈ ਲੋੜ ਨਹੀਂ ਹੈ। ਵਧੀਕ ਡਿਪਟੀ ਕਮਿਸ਼ਨਰ ਨੇ ਦੁਹਰਾਇਆ ਕਿ ਜ਼ਿਲ੍ਹਾ ਪ੍ਰਸ਼ਾਸਨ ਵਲੋਂ ਡੀਜ਼ਲ ਤੇ ਪੈਟਰੋਲ ਤੇ ਐੱਲ ਪੀ ਜੀ ਦੀ ਉਪਲੱਬਤਾ ਨੂੰ ਯਕੀਨੀ ਬਣਾਉਣ ਲਈ ਸਥਿਤੀ ਉਤੇ ਬਾਰੀਕੀ ਨਾਲ ਨਿਗਰਾਨੀ ਕੀਤੀ ਜਾ ਰਹੀ ਹੈ ਤਾਂ ਜੋ ਲੋਕਾਂ ਨੂੰ ਕਿਸੇ ਪਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ। ਐਲ.ਪੀ.ਜੀ ਅਤੇ ਪੈਟਰੋਲੀਅਮ ਡੀਲਰਾਂ ਨਾਲ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਬਲਬੀਰ ਰਾਜ ਸਿੰਘ ਨੇ ਜ਼ਿਲ੍ਹੇ ਵਿੱਚ ਜ਼ਰੂਰੀ ਚੀਜਾਂ ਦੇ ਸਟਾਕ ਦਾ ਜਾਇਜ਼ਾ ਲਿਆ ਗਿਆ। ਉਨ੍ਹਾਂ ਕਿਹਾ ਕਿ ਜ਼ਿਲ੍ਹੇ ਵਿੱਚ ਲੋੜੀਂਦੀ ਮਾਤਰਾ ਵਿੱਚ ਐਲ.ਪੀ.ਜੀ. ਅਤੇ ਪੈਟਰੋਲੀਅਮ ਪਦਾਰਥਾ ਉਪਲਬੱਧ ਹਨ ਅਤੇ ਲੋਕਾਂ ਨੂੰ ਕਿਸੇ ਵੀ ਤਰ੍ਹਾਂ ਡਰਨ ਦੀ ਲੋੜ ਨਹੀਂ ਹੈ। ਉਨ੍ਹਾਂ ਜ਼ਿਲ੍ਹਾ ਵਾਸੀਆ ਨੂੰ ਅਪੀਲ ਕੀਤੀ ਕਿ ਘਬਰਾਕੇ ਪੈਟਰੋਲ,ਡੀਜ਼ਲ ਤੇ ਐਲ.ਪੀ.ਜੀ.ਸਿਲੰਡਰ ਖ਼ਰੀਦ ਕਰਨ ਦੀ ਲੋੜ ਨਹੀਂ ਹੈ। ਉਨ੍ਹਾਂ ਕਿਹਾ ਕਿ ਅਜਿਹਾ ਵਤੀਰਾ ਬੇਲੋੜੀ ਪਰੇਸ਼ਾਨੀ ਤੇ ਸਪਲਾਈ ਚੇਨ ਦੇ ਪ੍ਰਬੰਧ ਨੂੰ ਪ੍ਰਭਾਵਿਤ ਕਰਦਾ ਹੈ।

## ਸ੍ਰੀ ਗੁਰੂ ਰਵਿਦਾਸ ਦੇ ਪ੍ਰਕਾਸ਼ ਪੁਰਬ ਸੰਬੰਧੀ ਵਿਸ਼ਾਲ ਸ਼ੋਭਾ ਯਾਤਰਾ ਕੱਢੀ

**ਅਲਾਵਲਪੁਰ, (ਮਦਨ ਬੰਗੜ)**

ਗੁਰੂ ਰਵਿਦਾਸ ਜੀ ਦੇ ਚਰਨ ਚਿੰਨ ਅਸਥਾਨ ਚਿਤੌੜਗੜ੍ਹ (ਰਾਜਸਥਾਨ )ਵਿੱਚ 649ਵੇਂ ਪ੍ਰਕਾਸ਼ ਪੁਰਬ ਅਤੇ ਰਵਿਦਾਸੀਆ ਧਰਮ ਦੇ 17ਵੇਂ ਸਥਾਪਨਾ ਦਿਵਸ ਨੂੰ ਸਮਰਪਿਤ ਵਿਸ਼ਾਲ ਸ਼ੋਭਾ ਯਾਤਰਾ ਕੱਢੀ ਗਈ। ਇਹ ਸ਼ੋਭਾ ਯਾਤਰਾ ਡਾ. ਅੰਬੇਦਕਰ ਚੌਂਕ ਚਿਤੌੜ ਤੋਂ ਸ਼ੁਰੂ ਹੋ ਕੇ ਚਿਤੌੜਗੜ੍ਹ ਦੇ ਪਵਿੱਤਰ ਅਸਥਾਨ ਤੱਕ ਪਹੁੰਚੀ। ਇਸ ਸਮਾਗਮ ਵਿੱਚ ਰਾਜਸਥਾਨ, ਪੰਜਾਬ, ਹਰਿਆਣਾ, ਮੱਧ ਪ੍ਰਦੇਸ਼, ਉੱਤਰ ਪ੍ਰਦੇਸ਼ ਸਮੇਤ ਦੇਸ਼-ਵਿਦੇਸ਼ ਤੋਂ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਹਾਜ਼ਰੀ ਭਰੀ।ਇਸ ਮੌਕੇ ਸੰਤ ਮਹਾਂਪੁਰਸ਼ਾਂ ਅਤੇ ਧਾਰਮਿਕ ਆਗੂਆਂ ਨੇ ਰਵਿਦਾਸੀਆ ਧਰਮ ਅਤੇ ਅੰਮ੍ਰਿਤ ਬਾਣੀ ਦੇ ਵਿਸ਼ਵ ਪੱਧਰ 'ਤੇ ਹੋ ਰਹੇ ਪ੍ਰਸਾਰ-ਪ੍ਰਚਾਰ ਬਾਰੇ ਚਾਨਣਾ ਪਾਇਆ। ਸਮਾਗਮ ਦੌਰਾਨ ਸੰਤ ਸੁਰਿੰਦਰ ਦਾਸ ਬਾਵਾ, ਸੰਤ ਬੀਬੀ ਕ੍ਰਿਸ਼ਨਾ ਦੇਵੀ ਬੋਪਾਰਾਏ ਕਲਾਂ, ਸੰਤ ਹਰਵਿੰਦਰ ਦਾਸ ਆਦਮਪੁਰ, ਸੰਤ ਮਹੇਸ਼ਵਰੀ, ਸੰਤ ਪਰਮੇਸ਼ਵਰੀ, ਸੰਤ ਬਲਵੀਰ ਦਾਸ ਖੰਨਾ, ਸੰਤ ਸੁਰਿੰਦਰ ਦਾਸ ਹਰਿਆਣਾ, ਕਾਲੂ ਰਾਮ ਗਿਆਨੀ ਸੱਜਣ ਸਿੰਘ, ਨਰ ਸਿੰਘ ਸ਼ੇਰਵਾਲ, ਪੰਨਾ ਲਾਲ, ਰਾਧਾ ਕ੍ਰਿਸ਼ਨ ਬਕੋਰੀਆ ਅਤੇ ਭਾਈ ਪਰਮਜੀਤ ਸਿੰਘ ਸਮੇਤ ਕਈ ਸੰਤ ਮਹਾਂਪੁਰਸ਼ਾਂ ਨੇ ਸੰਬੋਧਨ ਕੀਤਾ।ਵਕਤਾਵਾਂ ਨੇ ਚਿਤੌੜਗੜ੍ਹ ਦੇ ਇਤਿਹਾਸਕ ਮਹੱਤਵ 'ਤੇ ਵੀ ਚਾਨਣਾ ਪਾਇਆ। ਉਨ੍ਹਾਂ ਦੱਸਿਆ ਕਿ ਮੀਰਾਬਾਈ, ਰਾਣਾ ਸਾਂਗਾ ਅਤੇ ਰਾਣੀ ਝਾਲਾਂ ਦੇ ਸਮੇਂ ਦੌਰਾਨ ਗੁਰੂ ਰਵਿਦਾਸ ਜੀ ਚਿਤੌੜਗੜ੍ਹ ਦੇ ਕਿਲੇ ਵਿੱਚ ਸੰਗਤਾਂ ਨੂੰ ਉਪਦੇਸ਼ ਦੇਣ ਲਈ ਪਹੁੰਚੇ ਸਨ, ਜਿੱਥੇ ਉਨ੍ਹਾਂ ਦੇ ਪਾਵਨ ਚਰਨ ਚਿੰਨ੍ਹ ਅੱਜ ਵੀ ਸਥਾਪਿਤ ਹਨ।ਰਵਿਦਾਸੀਆ ਧਰਮ ਪ੍ਰਚਾਰ ਸਥਾਨ ਕਾਹਨਪੁਰ ਤੋਂ ਸੰਗਤਾਂ ਬੱਸਾਂ ਰਾਹੀਂ ਡੇਰਾ ਸੰਤ ਹਰੀ ਦਾਸ ਜੀ ਬੋਪਾਰਾਏ ਤੋਂ ਹੁੰਦੇ ਹੋਏ ਗੁਲਾਬਪੁਰਾ (ਰਾਜਸਥਾਨ) ਪਹੁੰਚੀਆਂ, ਜਿੱਥੇ ਸੰਗਤਾਂ ਵੱਲੋਂ ਨਿੱਘਾ ਸਵਾਗਤ ਕੀਤਾ ਗਿਆ ।ਇਸ ਮੌਕੇ ਸਤਸੰਗ ਦਾ ਆਯੋਜਨ ਕੀਤਾ ਗਿਆ। ਵੱਖ-ਵੱਖ ਸੰਗੀਤ ਮੰਡਲੀਆਂ ਅਤੇ ਸੰਤ ਮਹਾਂਪੁਰਸ਼ਾਂ ਵੱਲੋਂ ਕੀਰਤਨ ਅਤੇ ਪ੍ਰਵਚਨ ਕੀਤੇ ਗਏ।ਇਸ ਤੋਂ ਬਾਅਦ ਵਿਸ਼ਾਲ ਸ਼ੋਭਾ ਯਾਤਰਾ ਕੱਢੀ ਗਈ ਜੋ ਰਾਤ ਸਮੇਂ ਡਾ. ਅੰਬੇਦਕਰ ਭਵਨ ਹਨੂਮਾਨਗੜ੍ਹ (ਰਾਜਸਥਾਨ) ਵਿਖੇ ਪਹੁੰਚੀ। ਇੱਥੇ ਬਲਵੀਰ ਰਾਮ ਅਤੇ ਬੀਬੀ ਗੀਤਾ ਦੇ ਪਰਿਵਾਰ ਵੱਲੋਂ ਸੰਗਤਾਂ ਲਈ ਲੰਗਰ ਦਾ ਵਿਸ਼ੇਸ਼ ਪ੍ਰਬੰਧ ਕੀਤਾ ਗਿਆ। ਇਸ ਦੇ ਨਾਲ ਹੀ ਸ੍ਰੀ ਗੁਰੂ ਰਵਿਦਾਸ ਗੁਰੂ ਘਰ ਹਨੂਮਾਨਗੜ੍ਹ ਵਿੱਚ ਕੀਰਤਨ ਤੇ ਸਤਸੰਗ ਦਾ ਆਯੋਜਨ ਵੀ ਕੀਤਾ ਗਿਆ ਅਤੇ ਰਵਿਦਾਸੀਆ ਧਰਮ ਨਾਲ ਸੰਬੰਧਿਤ ਧਾਰਮਿਕ ਪੁਸਤਕਾਂ ਸੰਗਤਾਂ ਨੂੰ ਭੇਟ ਕੀਤੀਆਂ ਗਈਆਂ।ਇਸ ਮੌਕੇ ਬਲਵਿੰਦਰ ਸਿੰਘ ਪਤਾਰਾ ਅਤੇ ਧਰਮਿੰਦਰ ਬੱਬੂ ਪੁਰਤਗਾਲ ਤੋਂ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ।



## ਜਸਵੰਤ ਸਿੰਘ ਚੌਟਾਲਾ ਪੰਜਾਬ ਨੰਬਰਦਾਰ ਯੂਨੀਅਨ ਦੇ ਪ੍ਰਧਾਨ ਬਣੇ

**ਅੱਡਾ ਸਰਾਂ (ਜਸਵੀਰ ਕਾਜਲ)**-ਜਸਵੰਤ ਸਿੰਘ ਚੌਟਾਲਾ ਨੂੰ ਪੰਜਾਬ ਨੰਬਰਦਾਰ ਯੂਨੀਅਨ ਦੇ ਉਪ ਪ੍ਰਧਾਨ ਬਣਨ ਤੇ ਨੌਜਵਾਨ ਕਿਸਾਨ ਮਜ਼ਦੂਰ ਪਲਾਈ ਸੋਸਾਇਟੀ ਰਜਿਸਟਰ ਵੱਲੋਂ ਸਨਮਾਨਤ ਕੀਤਾ ਗਿਆ।ਕਰਤਾਰ ਮੈਮੋਰੀਲ ਹਸਪਤਾਲ ਪਿੰਡ ਤੱਗੜਾ ਵਿਖੇ ਉੱਘੇ ਸਮਾਜ ਸੇਵੀ ਜਸਵੰਤ ਸਿੰਘ ਚੌਟਾਲਾ ਨੂੰ ਉਪਰੋਕਤ ਜਥੇਬੰਦੀ ਦੇ ਸੂਬਾ ਪ੍ਰਧਾਨ ਓਂਕਾਰ ਸਿੰਘ ਧਾਮੀ ਵੱਲੋਂ ਪੰਜਾਬ ਨੰਬਰਦਾਰ ਯੂਨੀਅਨ ਦੇ ਉਪ ਪ੍ਰਧਾਨ ਬਣਨ ਤੇ ਵਧਾਈ ਦਿੱਤੀ। ਚੋਟਾਲਾ ਨੂੰ ਸਿਰੋਪਾਓ ਅਤੇ ਜਥੇਬੰਦੀ ਦੇ ਸਨਮਾਨ ਸਰਟੀਫਿਕੇਟ ਨਾਲ ਸਨਮਾਨਿਤ ਕੀਤਾ ਗਿਆ। ਉਂਕਾਰ ਸਿੰਘ ਧਾਮੀ ਨੇ ਆਪਣੇ ਬਿਆਨ ਵਿੱਚ ਕਿਹਾ ਕਿ ਜਸਵੰਤ ਸਿੰਘ ਚੌਟਾਲਾ ਲੋਕਾਂ ਵਿੱਚ ਲੰਮੇ ਸਮੇਂ ਤੋਂ ਵਿਚਰਦੇ ਹਨ ਉਹਨਾਂ ਦਾ ਪ੍ਰਸ਼ਾਸਨ ਵਿੱਚ ਵੀ ਕਾਫੀ ਪ੍ਰਭਾਵ ਹੈ । ਸਨਮਾਨ ਕਰਨ ਸਮੇਂ ਓਕਾਰ ਸਿੰਘ ਧਾਮੀ ਤੋਂ ਇਲਾਵਾ ਕਰਤਾਰ ਮੈਮੋਰੀਅਲ ਹਸਪਤਾਲ ਦੇ ਚੇਅਰਮੈਨ ਉਂਕਾਰ ਸਿੰਘ ਤੱਗੜ, ਦਵਿੰਦਰ ਸਿੰਘ, ਨਿਰਮਲ ਸਿੰਘ ਨੂਰਪੁਰ ਤੇ ਹਸਪਤਾਲ ਦੇ ਡਾਕਟਰ ਸਾਹਿਬਾਨ ਤੇ ਸਟਾਫ ਮੌਜੂਦ ਸਨ।



## ਮੈਡੀਕਲ ਸਟੋਰ 'ਤੇ ਛਾਪਾ, ਪਾਬੰਦੀਸ਼ੁਦਾ ਦਵਾਈਆਂ ਬਰਾਮਦ

**ਕਪੂਰਥਲਾ (ਪ੍ਰੀਤ ਸੰਗੋਜਲਾ)**-'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਡਿਪਟੀ ਕਮਿਸ਼ਨਰ ਕਪੂਰਥਲਾ ਅੰਮਿਤ ਕੁਮਾਰ ਪੰਚਾਲ ਤੇ ਸਿਵਲ ਸਰਜਨ ਕਪੂਰਥਲਾ ਡਾਕਟਰ ਸੰਜੀਵ ਭਗਤ ਦੇ ਦਿਸ਼ਾ ਨਿਰਦੇਸ਼ਾਂ ਜ਼ਿਲ੍ਹਾ ਡਰੱਗ ਕੰਟਰੋਲਰ ਅਨੂਪਮਾ ਕਾਲੀਆ ਦੀ ਅਗਵਾਈ ਵਾਲੀ ਟੀਮ ਨੇ ਅਮਨਦੀਪ ਕੁਮਾਰ, ਐੱਸ ਐੱਚ ਓ, ਪੀ.ਐਸ. ਸਿਟੀ ਦੇ ਨਾਲ ਸ੍ਰੀ ਗੁਰੂ ਰਾਮ ਦਾਸ ਜੀ ਹੈਲਥਕੇਅਰ, ਆਰਾਫਵਾਲਾ ਮੁਹੱਲਾ, ਕਪੂਰਥਲਾ ਦਾ ਗੈਰ-ਲਾਇਸੈਂਸਸ਼ੁਦਾ ਦੁਕਾਨ ਵਿਕਰੀ ਅਹਾਤੇ ਦਾ ਨਿਰੀਖਣ ਕੀਤਾ। ਨਿਰੀਖਣ ਦੌਰਾਨ ਡਰੱਗਜ਼ ਐਂਡ ਕਾਸਮੈਟਿਕਸ ਐਕਟ ਦੇ ਉਪਬੰਧਾਂ ਤਹਿਤ ਡਰੱਗਜ਼ ਲਾਇਸੈਂਸ ਅਤੇ ਰਿਕਾਰਡ ਪੇਸ਼ ਨਾ ਕਰਨ ਕਾਰਨ 52,658 ਰੁਪਏ ਦੀ 19 ਕਿਸਮਾਂ ਦੀਆਂ ਐਲੋਪੈਥਿਕ ਦਵਾਈਆਂ ਜ਼ਬਤ ਕੀਤੀਆਂ ਗਈਆਂ। ਇਸ ਤੋਂ ਇਲਾਵਾ, ਫਰਮ ਨੂੰ ਪ੍ਰੀਗਾਬਾਲਿਨ ਦੇ 620 ਕੈਪਸੂਲ ਮਿਲੇ, ਅਤੇ ਇਸ ਤਰ੍ਹਾਂ ਪੁਲਿਸ ਅਧਿਕਾਰੀਆਂ ਦੁਆਰਾ ਬੀ ਐੱਨ ਐੱਸ ਦੇ ਤਹਿਤ ਇੱਕ ਵੱਖਰੀ ਐੱਫ ਆਈ ਆਰ ਕੀਤੀ ਗਈ।



## ਖ਼ੂਨਦਾਨ ਕੈਂਪ ਅੱਜ

**ਮਹਿਤਪੁਰ (ਰਾਜਾ)**-ਸ਼ਹੀਦ ਊਧਮ ਸਿੰਘ ਜੀ ਦੇ ਸੰਕਲਪ ਦਿਵਸ ਦੇ ਮੌਕੇ ਤੇ ਬਲੱਡ ਡੋਨਰਜ ਕਲੱਬ ਮਹਿਤਪੁਰ ਵੱਲੋਂ 13 ਮਾਰਚ ਨੂੰ ਖ਼ੂਨਦਾਨ ਕੈਂਪ ਲਗਾਇਆ ਜਾ ਰਿਹਾ ਹੈ। ਖ਼ੂਨਦਾਨ ਕੈਂਪ ਸਵੇਰੇ 10 ਵਜੇ ਤੋਂ ਸ਼ਾਮ 4 ਵਜੇ ਤੱਕ ਟੁਰਨਾ ਇੰਜੀਨੀਅਰਿੰਗ ਵਰਕਰਸ ਨੇੜੇ ਖਾਲਸਾ ਬੇਟ ਹਾਈ ਸਕੂਲ ਮਹਿਤਪੁਰ ਵਿਖੇ ਲਗਾਇਆ ਜਾਵੇਗਾ। ਉਕਤ ਜਾਣਕਾਰੀ ਦਿੰਦੇ ਹੋਏ ਬਲੱਡ ਡੋਨਰ ਕਲੱਬ ਮਹੱਤਪੁਰ ਦੇ ਪ੍ਰਧਾਨ ਗੁਰਨਾਮ ਮਹਿਸਮਪੁਰੀ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਖ਼ੂਨਦਾਨ ਕੈਂਪ ਵਿੱਚ ਖ਼ੂਨਦਾਨ ਗਰੁੱਪ ਤੇ ਐੱਚ ਬੀ ਟੈਸਟ ਫਰੀ ਕੀਤੇ ਜਾਣਗੇ ਤੇ ਖ਼ੂਨਦਾਨੀਆਂ ਨੂੰ ਸਨਮਾਨਤ ਵੀ ਕੀਤਾ ਜਾਵੇਗਾ। ਇਸ ਮੌਕੇ ਮਹਿੰਦਰ ਪਾਲ ਸਿੰਘ ਟੁਰਨਾ, ਸੁਰਿੰਦਰ ਪਾਲ ਸਿੰਘ ਨਕੋਦਰ, ਖਾਲਸਾ ਮੋਬਾਈਲ ਮਹਿਤਪੁਰ, ਹਰਜਿੰਦਰ ਸਿੰਘ ਸਰਪੰਚ ਤੇ ਨਰੇਸ਼ ਕੁਮਾਰ ਕਾਲੀ ਰਾਮਪਾਲ ਬੈਗ ਹਾਊਸ ਮੌਜੂਦ ਸਨ।

## ਪ੍ਰੋ: ਪਿਆਰਾ ਸਿੰਘ ਭੋਗਲ ਯਾਦਗਾਰੀ ਪੱਤਰਕਾਰ ਪੁਰਸਕਾਰ ਵਰਿੰਦਰ ਵਾਲੀਆ ਨੂੰ ਦੇਣ ਦਾ ਫੈਸਲਾ

**ਫਗਵਾੜਾ, (ਡਾ. ਰਮਨ, ਜਸਵਿੰਦਰ ਢੱਡਾ)**-ਪੰਜਾਬੀ ਵਿਰਸਾ ਟਰੱਸਟ ਵੱਲੋਂ ਪ੍ਰੋ: ਪਿਆਰਾ ਸਿੰਘ ਭੋਗਲ ਯਾਦਗਾਰੀ ਪੱਤਰਕਾਰ ਪੁਰਸਕਾਰ ਇਸ ਵਰ੍ਹੇ ਪ੍ਰਸਿੱਧ ਪੱਤਰਕਾਰ ਵਰਿੰਦਰ ਵਾਲੀਆ ਨੂੰ ਅਤੇ ਦੱਸਵਾਂ-2025 ਮਾਨ ਮੱਤਾ ਪੱਤਰਕਾਰ ਪੁਰਸਕਾਰ ਕਾਲਮਨਵੀਸ ਡਾ: ਅਮਨਪ੍ਰੀਤ ਸਿੰਘ ਬਰਾੜ ਨੂੰ ਦੇਣ ਦਾ ਫ਼ੈਸਲਾ ਕੀਤਾ ਗਿਆ ਹੈ। ਪਿਛਲੇ ਵਰ੍ਹੇ ਪ੍ਰੋ: ਪਿਆਰਾ ਸਿੰਘ ਭੋਗਲ ਯਾਦਗਾਰੀ ਪੱਤਰਕਾਰ ਪੁਰਸਕਾਰ ਪ੍ਰਸਿੱਧ ਪੱਤਰਕਾਰ ਡਾ: ਸਵਰਾਜਬੀਰ ਨੂੰ ਅਤੇ ਮਾਣ ਮੱਤਾ 2024 ਪੱਤਰਕਾਰ ਪੁਰਸਕਾਰ ਡਾ: ਰਣਜੀਤ ਸਿੰਘ ਘੁੰਮਣ ਅਤੇ ਦੀਪਕ ਸ਼ਰਮਾ ਚਨਾਰਥਲ ਨੂੰ ਦਿੱਤਾ ਗਿਆ ਸੀ। ਇਹ ਫ਼ੈਸਲਾ ਪੰਜਾਬੀ ਵਿਰਸਾ ਟਰੱਸਟ ਵੱਲੋਂ ਬਣਾਈ ਚੋਣ ਕਮੇਟੀ, ਜਿਸ ਵਿੱਚ ਪ੍ਰਸਿੱਧ ਪੱਤਰਕਾਰ ਸਤਨਾਮ ਸਿੰਘ ਮਾਣਕ, ਲੇਖਕ ਡਾ.ਲਖਵਿੰਦਰ ਸਿੰਘ ਜੌਹਲ,ਪ੍ਰਸਿੱਧ ਲੇਖਕ ਤੇ ਪੱਤਰਕਾਰ ਪ੍ਰੋ. ਜਸਵੰਤ ਸਿੰਘ ਗੰਡਮ, ਕਾਲਮਨਵੀਸ ਪ੍ਰਿੰ. ਗੁਰਮੀਤ ਸਿੰਘ ਪਲਾਹੀ ਸ਼ਾਮਲ ਸਨ, ਵੱਲੋਂ ਕੀਤਾ ਗਿਆ। ਇਸ ਸੰਬੰਧੀ ਸਮਾਗਮ 29 ਮਾਰਚ ਨੂੰ ਫਗਵਾੜਾ ਵਿਖੇ ਆਯੋਜਿਤ ਕੀਤਾ ਜਾਵੇਗਾ।

## ਐਥਲੈਟਿਕਸ ਮੀਟ 'ਚ 300 ਤੋਂ ਵੱਧ ਵਿਦਿਆਰਥੀਆਂ ਨੇ ਦਿਖਾਇਆ ਖੇਡ ਜਜ਼ਬਾ

**ਜਲੰਧਰ (ਸ਼ੈਲੀ ਐਲਬਰਟ)**

ਸੀ ਟੀ ਗਰੁੱਪ ਆਫ ਇੰਸਟੀਚਿਊਸ਼ਨਜ਼, ਨਾਰਥ ਕੈਂਪਸ ਮਕਸੂਦਾਂ ਵੱਲੋਂ ਦੋ ਦਿਨਾਂ ਦਾ ਇੰਟਰ-ਡਿਪਾਰਟਮੈਂਟ ਐਥਲੈਟਿਕਸ ਮੀਟ 2026 ਬੜੇ ਉਤਸ਼ਾਹ ਨਾਲ ਆਯੋਜਿਤ ਕੀਤਾ ਗਿਆ। ਇਸ ਖੇਡ ਮੇਲੇ ਦਾ ਮਕਸਦ ਵਿਦਿਆਰਥੀਆਂ ਵਿੱਚ ਖੇਡ ਭਾਵਨਾ, ਟੀਮ ਵਰਕ ਅਤੇ ਸਰੀਰਕ ਤੰਦਰੁਸਤੀ ਨੂੰ ਉਤਸ਼ਾਹਿਤ ਕਰਨਾ ਸੀ। ਵੱਖ-ਵੱਖ ਵਿਭਾਗਾਂ ਦੇ ਵਿਦਿਆਰਥੀਆਂ ਨੇ ਪੂਰੇ ਜੋਸ਼ ਅਤੇ ਉਤਸ਼ਾਹ ਨਾਲ ਹਿੱਸਾ ਲੈਂਦੇ ਹੋਏ ਇਸ ਪ੍ਰੋਗਰਾਮ ਨੂੰ ਰੌਣਕਮਈ ਬਣਾ ਦਿੱਤਾ।ਐਥਲੈਟਿਕਸ ਮੀਟ ਦੇ ਪਹਿਲੇ ਦਿਨ ਦੀ ਸ਼ੁਰੂਆਤ ਵੱਖ-ਵੱਖ ਵਿਭਾਗਾਂ ਦੇ ਵਿਦਿਆਰਥੀਆਂ ਵੱਲੋਂ ਕੀਤੇ ਗਏ ਸ਼ਾਨਦਾਰ ਮਾਰਚ ਪਾਸਟ ਨਾਲ ਹੋਈ, ਜਿਸ ਵਿੱਚ ਅਨੁਸ਼ਾਸਨ, ਏਕਤਾ ਅਤੇ ਟੀਮ ਭਾਵਨਾ ਦੀ ਝਲਕ ਦੇਖਣ ਨੂੰ ਮਿਲੀ। ਸਮਾਗਮ ਦਾ ਉਦਘਾਟਨ ਮੁੱਖ ਮਹਿਮਾਨ ਇੰਸਪੈਕਟਰ ਸੁਰਿੰਦਰ ਕੁਮਾਰ, ਇੰਚਾਰਜ ਸੀਆਈਏ ਸਟਾਫ, ਸੀਪੀ ਜਲੰਧਰ ਨੇ ਕੀਤਾ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਖੇਡਾਂ ਵਿੱਚ ਸਰਗਰਮ ਭਾਗੀਦਾਰੀ ਲਈ ਪ੍ਰੇਰਿਤ ਕਰਦਿਆਂ ਸਿਹਤਮੰਦ ਜੀਵਨਸ਼ੈਲੀ ਦੀ ਮਹੱਤਤਾ 'ਤੇ ਜ਼ੋਰ ਦਿੱਤਾ।ਇਸ ਤੋਂ ਬਾਅਦ ਕਈ ਟਰੈਕ ਅਤੇ ਫੀਲਡ ਮੁਕਾਬਲੇ ਅਤੇ ਮਨੋਰੰਜਕ ਖੇਡਾਂ ਕਰਵਾਈਆਂ ਗਈਆਂ, ਜਿਨ੍ਹਾਂ ਵਿੱਚ 100 ਮੀਟਰ ਦੌੜ, 200 ਮੀਟਰ ਦੌੜ, 400 ਮੀਟਰ ਦੌੜ, 800 ਮੀਟਰ ਦੌੜ, 4ਗ100 ਮੀਟਰ ਰੀਲੇ ਰੇਸ, ਲੌਂਗ ਜੰਪ, ਸ਼ਾਟ ਪੁੱਟ, ਸੈਕ ਰੇਸ, ਥ੍ਰੀ-ਲੈਗ ਰੇਸ, ਟੱਗ ਆਫ ਵਾਰ ਅਤੇ ਲੈਮਨ ਰੇਸ ਸ਼ਾਮਲ ਸਨ। ਵਿਦਿਆਰਥੀਆਂ ਨੇ ਬੇਹੱਦ ਉਤਸ਼ਾਹ ਨਾਲ ਭਾਗ ਲੈਂਦਿਆਂ ਆਪਣੀ ਖੇਡ ਕਾਬਲੀਅਤ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ।ਦੂਜੇ ਦਿਨ ਵੱਖ-ਵੱਖ ਮੁਕਾਬਲਿਆਂ ਦੇ ਫਾਈਨਲ ਰਾਊਂਡ ਬੜੇ ਰੋਮਾਂਚ ਅਤੇ ਜੋਸ਼ ਨਾਲ ਕਰਵਾਏ ਗਏ। ਅੰਤਿਮ ਨਤੀਜਿਆਂ ਅਨੁਸਾਰ ਕੰਪਿਊਟਰ ਸਾਇੰਸ ਐਂਡ ਇੰਜੀਨੀਅਰਿੰਗ ਵਿਭਾਗ ਨੇ ਓਵਰਆਲ ਟ੍ਰਾਫੀ ਜਿੱਤੀ, ਜਦਕਿ ਕੰਪਿਊਟਰ ਐਪਲੀਕੇਸ਼ਨ ਵਿਭਾਗ ਰਨਰ-ਅੱਪ ਰਿਹਾ।ਸ਼ਾਨਦਾਰ ਪ੍ਰਦਰਸ਼ਨ ਲਈ ਕੰਪਿਊਟਰ ਸਾਇੰਸ ਐਂਡ ਇੰਜੀਨੀਅਰਿੰਗ ਵਿਭਾਗ ਦੇ ਰੋਹਿਤ ਨੂੰ ਬੈਸਟ ਮੇਲ ਐਥਲੀਟ ਅਤੇ ਮੈਨੇਜਮੈਂਟ ਵਿਭਾਗ ਦੀ ਜੰਨਤ ਨੂੰ ਬੈਸਟ ਫੀਮੇਲ ਐਥਲੀਟ ਘੋਸ਼ਿਤ ਕੀਤਾ ਗਿਆ।ਜੇਤੂਆਂ ਨੂੰ ਟ੍ਰਾਫੀਆਂ, ਮੈਡਲ ਤੇ ਸਰਟੀਫਿਕੇਟ ਦੇ ਕੇ ਸਨਮਾਨਤ ਕੀਤਾ ਗਿਆ।



## ਸੰਤ ਲਾਲ ਸਿੰਘ ਦੀ 48ਵੀਂ ਸਾਲਾਨਾ ਬਰਸੀ ਦੇ ਸਮਾਗਮ 14 ਤੋਂ, ਮੁੱਖ ਸਮਾਗਮ 16 ਨੂੰ

**ਸ਼ਾਹਕੋਟ (ਗਿਆਨ ਸੈਦਪੁਰੀ)**

ਨਿਰਮਲ ਕੁਟੀਆ ਸੀਚੇਵਾਲ ਵਿਖੇ ਸੰਤ ਲਾਲ ਸਿੰਘ ਦੀ 48ਵੀਂ ਸਾਲਾਨਾ ਬਰਸੀ 16 ਮਾਰਚ ਦਿਨ ਸੋਮਵਾਰ ਨੂੰ ਬੜੀ ਸ਼ਰਧਾ ਤੇ ਉਤਸ਼ਾਹ ਨਾਲ ਮਨਾਈ ਜਾ ਰਹੀ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਇੱਕ ਓਅੰਕਾਰ ਚੈਰੀਟੇਬਲ ਟਰੱਸਟ ਨਿਰਮਲ ਕੁਟੀਆ ਸੀਚੇਵਾਲ ਦੇ ਵਿੱਤ ਸਕੱਤਰ ਬਾਬਾ ਸੁਰਜੀਤ ਸਿੰਘ ਸ਼ੰਟੀ ਸੀਚੇਵਾਲ ਨੇ ਦੱਸਿਆ ਕਿ ਮੈਂਬਰ ਪਾਰਲੀਮੈਂਟ ਤੇ ਪਦਮ ਸ੍ਰੀ ਸੰਤ ਬਲਬੀਰ ਸਿੰਘ ਸੀਚੇਵਾਲ ਦੀ ਰਹਿਨੁਮਾਈ ਹੇਠ ਇਲਾਕੇ ਭਰ ਦੀਆਂ ਸੰਗਤਾਂ ਵੱਲੋਂ ਸ਼੍ਰੀਮਾਨ ਸੰਤ ਲਾਲ ਸਿੰਘ ਜੀ ਦੀ 48ਵੀਂ ਸਲਾਨਾ ਬਰਸੀ ਬੜੀ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਈ ਜਾ ਰਹੀ ਹੈ। ਇਸ ਸਬੰਧ ਵਿੱਚ ਨਿਰਮਲ ਕੁਟਿਆ ਸੀਚੇਵਾਲ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੀ ਲੜੀ ਜਾਰੀ ਹੈ। ਉਨਾਂ ਦੱਸਿਆ ਕਿ 14 ਮਾਰਚ ਦਿਨ ਸ਼ਨਿਵਾਰ ਨੂੰ ਸਵੇਰੇ 8 ਵਜੇ ਸ੍ਰੀ ਅਖੰਡ ਪਾਠ ਸਾਹਿਬ ਆਰੰਭ ਹੋਣਗੇ ਅਤੇ 9 ਵਜੇ ਤੋਂ 1 ਵਜੇ ਤੱਕ ਢਾਡੀ ਦਰਬਾਰ ਹੋਵੇਗਾ ਉਪਰੰਤ ਸੰਤ ਬਲਬੀਰ ਸਿੰਘ ਕਥਾ ਕਰਨਗੇ। 15 ਮਾਰਚ ਦਿਨ ਐਤਵਾਰ ਨੂੰ ਸਵੇਰੇ 9 ਤੋਂ 11 ਵਜੇ ਤੱਕ ਕੀਰਤਨ ਦਰਬਾਰ ਅਤੇ 11 ਤੋਂ 2 ਵਜੇ ਤੱਕ ਕਵੀ ਦਰਬਾਰ ਕਰਵਾਇਆ ਜਾਵੇਗਾ, ਉਪਰੰਤ ਸੰਤ ਬਲਬੀਰ ਸਿੰਘ ਸੀਚੇਵਾਲ ਕਵੀਆਂ ਦਾ ਸਨਮਾਨ ਕਰਨਗੇ। 16 ਮਾਰਚ ਦਿਨ ਸੋਮਵਾਰ ਨੂੰ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪੈਣ ਉਪਰੰਤ ਵਿਸ਼ਾਲ ਧਾਰਮਿਕ ਦੀਵਾਨ ਸਜਾਇਆ ਜਾਵੇਗਾ, ਜਿਸ ਵਿੱਚ ਪੰਥ ਪ੍ਰਸਿੱਧ ਢਾਡੀ, ਰਾਗੀ, ਕੀਰਤਨੀ ਅਤੇ ਕਵੀਸ਼ਰੀ ਜਥਿਆਂ ਤੋਂ ਇਲਾਵਾ ਸੰਤ ਮਹਾਂਪੁਰਸ਼ ਆਪਣੇ ਪ੍ਰਵਚਨਾਂ ਨਾਲ ਸੰਗਤਾਂ ਨੂੰ ਨਿਹਾਲ ਕਰਨਗੇ। ਉਨ੍ਹਾਂ ਦਸਿਆ ਕਿ ਮੁੱਖ ਸਮਾਗਮ ਦੌਰਾਨ 1 ਤੋਂ 2 ਵਜੇ ਤੱਕ ਸੰਤ ਬਲਬੀਰ ਸਿੰਘ ਸੀਚੇਵਾਲ ਕਥਾ ਕਰਨਗੇ। ਸਮਾਗਮ ਦੇ ਸਾਰੇ ਦਿਨ ਗੁਰੂ ਕੇ ਲੰਗਰ ਅਟੁੱਟ ਵਰਤਾਏ ਜਾਣਗੇ।



## ਖ਼ੂਨਦਾਨ ਕੈਂਪ 15 ਨੂੰ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**-ਜਥੇਦਾਰ ਅਕਾਲੀ ਬਾਬਾ ਫੂਲਾ ਸਿੰਘ ਜੀ, ਸਿੰਘ ਸਾਹਿਬ ਗਿਆਨੀ ਗੁਰਦਿਆਲ ਸਿੰਘ ਜੀ ਅਜਨੋਹਾ ਦਾ ਜੱਦੀ ਪਿੰਡ ਅਜਨੋਹਾ ਇਹਨਾਂ ਮਹਾਂਪੁਰਖਾਂ ਦੇ ਇਲਾਕੇ ਵਿੱਚ ਸਿਰਮੌਰ ਸੰਸਥਾ ਗਰੀਬ ਦਾ ਮੂੰਹ, ਗੁਰੂ ਦੀ ਗੋਲਕ ਸੰਸਥਾ ਰਜਿ ਅਜਨੋਹਾ ਪਿਛਲੇ ਕਈ ਸਾਲਾਂ ਤੋਂ ਲੋਕ ਭਲਾਈ ਦੇ ਕਾਰਜ ਕਰ ਰਹੀ ਹੈ। ਸੰਸਥਾ ਮੁੱਖੀ ਭਾਈ ਹਰਵਿੰਦਰ ਸਿੰਘ ਖਾਲਸਾ ਅਜਨੋਹਾ ਨੇ ਦੱਸਿਆ ਕਿ ਸੰਸਥਾ ਵਲੋਂ ਧੰਨ ਧੰਨ ਸਾਹਿਬ ਸ੍ਰੀ ਗੁਰੂ ਨਾਨਕ ਦੇਵ ਜੀ ਮਹਾਰਾਜ ਜੀ ਅਪਾਰ ਮਿਹਰ ਸਦਕਾ ਇਲਾਕਾ ਨਿਵਾਸੀ ਤੇ ਐਨ ਆਰ ਆਈ ਸੰਗਤਾਂ ਦੇ ਸਹਿਯੋਗ ਨਾਲ ਸੱਤਵੇਂ ਪਾਤਸ਼ਾਹ ਸ੍ਰੀ ਗੁਰੂ ਹਰਿਰਾਇ ਮਹਾਰਾਜ ਜੀ ਵੱਲੋਂ ਵਰਸਾਏ ਬਾਬਾ ਯੱਖ ਜੀ ਦੇ ਜੱਦੀ ਪਿੰਡ ਨਰੂੜ ਵਿਖੇ ਗੁਰੂ ਨਾਨਕ ਚੈਰੀਟੇਬਲ ਡਿਸਪੈਂਸਰੀ ਅਤੇ ਲੈਬੋਰਟਰੀ ਚਲਾਈ ਜਾ ਰਹੀ ਹੈ। ਗੁਰੂ ਨਾਨਕ ਚੈਰੀਟੇਬਲ ਡਿਸਪੈਂਸਰੀ ਅਤੇ ਲੈਬੋਰਟਰੀ ਪਿੰਡ ਨਰੂੜ ਦੇ ਸਹਿਯੋਗ ਨਾਲ 'ਗਰੀਬ ਦਾ ਮੂੰਹ, ਗੁਰੂ ਦੀ ਗੋਲਕ' ਸੰਸਥਾ ਅਜਨੋਹਾ ਵਲੋਂ ਗੁਰਦੁਆਰਾ ਨੈਕੀ ਸਾਹਿਬ ਪਿੰਡ ਪੰਜੋੜ ਵਿਖੇ ਸੰਤ ਬਾਬਾ ਹਰੀ ਸਿੰਘ ਜੀ ਨੈਕੀ ਵਾਲਿਆਂ ਦੀ ਸਲਾਨਾ ਬਰਸੀ ਸਮਾਗਮ ਤੇ 15 ਮਾਰਚ ਦਿਨ ਐਤਵਾਰ 2026 ਨੂੰ ਸਵੇਰੇ 10 ਵਜੇ ਤੋਂ 03 ਵਜੇ ਤੱਕ 44 ਵਾਂ ਸਵੈ ਇੱਛਕ ਖ਼ੂਨਦਾਨ ਕੈਂਪ ਲਗਾਇਆ ਜਾ ਰਿਹਾ ਹੈ। ਇਸ ਮੌਕੇ ਹਾਜ਼ਰ ਗੁਰੂ ਘਰ ਵਜ਼ੀਰ ਉਂਕਾਰ ਸਿੰਘ, ਬਾਬਾ ਜਸਪਾਲ ਸਿੰਘ ਪੰਜੋੜ,ਸੰਸਥਾ ਮੁੱਖੀ ਭਾਈ ਹਰਵਿੰਦਰ ਸਿੰਘ ਖਾਲਸਾ ਅਜਨੋਹਾ, ਸੰਸਥਾ ਮੈਂਬਰ ਬਰਿੰਦਰ ਸਿੰਘ ਬਿੰਦਰ ਪੰਜੋੜ, ਰਣਜੀਤ ਕੁਮਾਰ, ਸੁਰਜੀਤ ਸਿੰਘ ਪੰਜੋਲੀ, ਅਮਰਜੀਤ ਸਿੰਘ ਕਾਕਾ, ਸ਼ਾਮ ਲਾਲ ਭਾਮ,ਹਰਮੀਤ ਸਿੰਘ ਪੰਡੋਰੀ ਨਿੱਜਰਾਂ, ਪਰਮਜੀਤ ਕੌਰ, ਪ੍ਰੇਮ ਕੁਮਾਰ ਈਸਪੁਰ,ਸਤਨਾਮ ਸਿੰਘ ਮਖਸੂਸਪੁਰ, ਰੇਸ਼ਮ ਸਿੰਘ ਪੰਜੋੜ ਆਦਿ ਹਾਜ਼ਰ ਸਨ।




## 'ਸੱਤਾ ਪ੍ਰਾਪਤੀ ਰੈਲੀ' ਪੰਜਾਬ ਦੀ ਸਿਆਸਤ 'ਚ ਤਬਦੀਲੀ ਦਾ ਮੁੱਢ ਬੰਨ੍ਹੇਗੀ : ਕਰੀਮਪੁਰੀ



**ਹੁਸ਼ਿਆਰਪੁਰ (ਓ ਪੀ ਰਾਣਾ)**-15 ਮਾਰਚ ਨੂੰ ਬਹਿਰਾਮ ਦਾਣਾ ਮੰਡੀ ਵਿਖੇ ਪੰਜਾਬ ਸੰਭਾਲੋ ਮਹਿਮ ਤਹਿਤ ਸੱਤਾ ਪ੍ਰਾਪਤ ਕਰੋ ਰੈਲੀ ਦੀਆਂ ਤਹਿਤ ਹਲਕਾ ਚੱਬੇਵਾਲ ਦੇ ਪਿੰਡ ਠਕਰਵਾਲ 'ਚ ਮੀਟਿੰਗ ਕਰਕੇ ਬਸਪਾ ਪੰਜਾਬ ਪ੍ਰਧਾਨ ਡਾ. ਅਵਤਾਰ ਸਿੰਘ ਕਰੀਮਪੁਰੀ ਕੇਂਦਰੀ ਇੰਚਾਰਜ ਚੰਡੀਗੜ ਨੇ ਵੱਡੀ ਪੱਧਰ ਤੇ ਰੈਲੀ ਵਿੱਚ ਸ਼ਾਮਿਲ ਹੋਣ ਦਾ ਸੱਦਾ ਦਿੱਤਾ। ਇਸ ਮੌਕੇ ਜੋਨ ਇੰਚਾਰਜ ਚੌਧਰੀ ਗੁਰਨਾਮ ਸਿੰਘ, ਯਸ਼ ਭੱਟੀ ਪ੍ਰਧਾਨ ਹਲਕਾ ਚੱਬੇਵਾਲ, ਸੀਨੀਅਰ ਆਗੂ ਰਕੇਸ਼ ਕਿੱਟੀ ਅਤੇ ਭਾਰੀ ਗਿਣਤੀ ਵਿੱਚ ਬਸਪਾ ਸਮਰਥਕ ਮੌਜੂਦ ਸਨ। ਇਲਾਕਾ ਨਿਵਾਸੀਆਂ ਨੇ 15 ਮਾਰਚ ਦੀ ਰੈਲੀ ਵਿੱਚ ਵੱਡੀ ਗਿਣਤੀ ਵਿੱਚ ਪਹੁੰਚਣ ਦਾ ਵਿਸ਼ਵਾਸ ਦਿਵਾਇਆ। ਕਰੀਮਪੁਰੀ ਨੇ ਬਸਪਾ ਟਕਸਾਲੀ ਆਗੂ ਅਤੇ ਉੱਘੇ ਮਿਸ਼ਨਰੀ ਲੇਖਕ ਪਰਮਜੀਤ ਜੈਲੀ ਠਕਰਵਾਲ ਦੇ ਘਰ ਜਾ ਕੇ ਸਿਹਤ ਦਾ ਹਾਲ ਜਾਣਿਆ। ਡਾ. ਕਰੀਮਪੁਰੀ ਨੇ ਐਲਾਨ ਕੀਤਾ ਕਿ ਬਸਪਾ ਪੰਜਾਬ ਦੇ ਹਿੱਤਾਂ ਨੂੰ ਅਣਗੌਲਿਆ ਨਹੀਂ ਹੋਣ ਦੇਵੇਗੀ। ਬਹਿਰਾਮ ਵਿਖੇ ਹੋਣ ਵਾਲੀ 'ਸੱਤਾ ਪ੍ਰਾਪਤੀ ਰੈਲੀ' ਪੰਜਾਬ ਦੀ ਸਿਆਸਤ ਵਿੱਚ ਤਬਦੀਲੀ ਦਾ ਮੁੱਢ ਬੰਨ੍ਹੇਗੀ।

## ਸੰਦੀਪ ਕੌਰ ਬਲਾਕ ਸੰਮਤੀ ਫਿਲੌਰ ਦੇ ਚੇਅਰਮੈਨ ਬਣੇ

**ਫਿਲੌਰ, (ਹਰਜਿੰਦਰ ਕੌਰ ਚਾਹਲ)**

ਬਲਾਕ ਵਿਕਾਸ ਦਫਤਰ ਫਿਲੌਰ ਵਿਖੇ ਬਲਾਕ ਸੰਮਤੀ ਦੇ ਚੇਅਰਮੈਨ ਅਤੇ ਵਾਈਸ ਚੇਅਰਮੈਨ ਦੀ ਚੋਣ ਕਰਨ ਲਈ ਚੁਣੇ ਗਏ ਬਲਾਕ ਸੰਮਤੀ ਮੈਂਬਰਾਂ ਦੀ ਮੀਟਿੰਗ ਰੱਖੀ ਗਈ ਸੀ। ਇਸ ਚੋਣ 'ਚ ਕੋਈ ਵੀ ਅਣਸੁਖਾਵੀਂ ਘਟਨਾ ਨਾ ਵਾਪਰੇ ਇਸ ਲਈ ਪੁਲਸ ਨੇ ਸਖ਼ਤ ਪ੍ਰਬੰਧ ਡੀ ਐਸ ਪੀ ਫਿਲੌਰ ਭਰਤ ਮਸੀਹ ਅਤੇ ਥਾਣਾ ਮੁਖੀ ਫਿਲੌਰ ਅਮਨ ਸੈਣੀ ਵੱਲੋਂ ਕੀਤੇ ਗਏ ਸਨ। ਮੀਟਿੰਗ ਵਿੱਚ ਚੋਣ ਨੂੰ ਲੈਣ ਕੇ ਬਹੁਤ ਜੱਦੋ ਜਹਿਦ ਹੋਈ ਜਿਸ ਤੋਂ ਬਾਅਦ ਬਸਪਾ ਅਤੇ ਅਕਾਲੀ ਦਲ ਨੇ ਮਿਲ ਕੇ ਚੇਅਰਮੈਨ ਅਤੇ ਵਾਈਸ ਚੇਅਰਮੈਨ ਦੀ ਚੋਣ ਜਿੱਤੀ । ਇਸ ਚੋਣ ਵਿਚ ਸੰਦੀਪ ਕੌਰ ਨੂੰ 13 ਵੋਟਾਂ ਪਈਆਂ ਅਤੇ ਉਹ ਚੇਅਰਮੈਨ ਦੀ ਚੋਣ ਜਿੱਤੀ, ਇਸੇ ਤਰ੍ਹਾਂ ਬਸਪਾ ਦੀ ਨਛੱਤਰ ਕੌਰ ਨੂੰ 12 ਵੋਟਾਂ ਪਈਆਂ ਅਤੇ ਉਹ ਬਲਾਕ ਸੰਮਤੀ ਫਿਲੌਰ ਦੀ ਵਾਈਸ ਚੇਅਰਮੈਨ ਦੀ ਚੋਣ ਜਿੱਤੀ। ਇਸ ਚੋਣ 'ਚ ਬਹੁਜਨ ਸਮਾਜ ਪਾਰਟੀ ਦੇ 9 ਅਤੇ ਅਕਾਲੀ ਦਲ ਦੇ 4 ਬਲਾਕ ਸੰਮਤੀ ਮੈਂਬਰ ਸਨ। ਦੂਜੇ ਪਾਸੇ ਕਾਂਗਰਸ ਅਤੇ ਆਮ ਆਦਮੀ ਪਾਰਟੀ ਨੇ ਸਾਂਝੇ ਤੌਰ ਤੇ ਚੋਣ ਲੜੀ ਜਿਸ ਵਿੱਚ ਉਨ੍ਹਾਂ ਨੂੰ ਹਾਰ ਦਾ ਸਾਹਮਣਾ ਕਰਨਾ ਪਿਆ। ਇਸ ਮੌਕੇ ਵਿਸ਼ੇਸ਼ ਤੌਰ ਤੇ ਪਹੁੰਚੇ ਬਸਪਾ ਪੰਜਾਬ ਪ੍ਰਧਾਨ ਅਵਤਾਰ ਸਿੰਘ ਕਰੀਮਪੁਰੀ ਨੇ ਕਿਹਾ ਕਿ ਇਹ ਜਿੱਤ ਸਾਡੇ ਸਾਰੇ ਵਰਕਰਾਂ ਦੀ ਜਿੱਤ ਹੈ ਜਿਨ੍ਹਾਂ ਨੇ ਦਿਨ ਰਾਤ ਮਿਹਨਤ ਕਰਕੇ ਬਲਾਕ ਸੰਮਤੀ ਸੀਟਾਂ ਜਤਾਈਆ ਸਨ। ਉਨ੍ਹਾਂ ਕਿਹਾ ਕਿ ਇਹ ਮਿਸ਼ਨ 2027 ਦੀ ਸ਼ੁਰੂਆਤ ਹੈ। ਇਸ ਮੌਕੇ ਹਲਕਾ ਵਿਧਾਇਕ ਚੌਧਰੀ ਵਿਕਰਮਜੀਤ ਸਿੰਘ, ਸਾਬਕਾ ਵਿਧਾਇਕ ਬਲਦੇਵ ਸਿੰਘ ਖਹਿਰਾ, ਹਰਜਿੰਦਰ ਸਿੰਘ ਲੱਲੀਆਂ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਮਹਾਂ ਸਿੰਘ ਰਸੂਲਪੁਰ, ਲਾਲ ਚੰਦ ਔਜਲਾ, ਤੀਰਥ ਰਾਜਪੁਰਾ, ਸੁਖਵਿੰਦਰ ਬਿੱਟੂ, ਖੁਸ਼ੀ ਰਾਮ, ਸੁਸ਼ੀਲ ਵਿਰਦੀ, ਗਿਆਨ ਚੰਦ, ਅਮਰਜੀਤ ਸਿੰਘ ਕਟਾਣਾ ਅਤੇ ਹੋਰ ਹਾਜ਼ਰ ਸਨ।



## ਵਿਰਲੀ-ਭਾਰਗਵ ਜਠੇਰਿਆਂ ਦਾ ਮੇਲਾ 17 ਨੂੰ

**ਅਲਾਵਲਪੁਰ/ਕਿਸ਼ਨਗੜ੍ਹ (ਮਦਨ ਬੰਗੜ, ਸੁਖਜੀਤ ਕੁਮਾਰ)**-ਨਜ਼ਦੀਕੀ ਪਿੰਡ ਬੱਲਾਂ 'ਚ ਸਰਕਾਰੀ ਪ੍ਰਾਇਮਰੀ ਸਕੂਲ ਬੱਲਾਂ ਤੋਂ ਰਾਏਪੁਰ ਰਸੂਲਪੁਰ ਨੂੰ ਜਾਂਦੇ ਰਸਤੇ 'ਤੇ ਸਥਿਤ ਵਿਰਲੀ-ਭਾਰਗਵ ਗੋਤ ਜਠੇਰਿਆਂ ਦੇ ਪਾਵਨ ਦਰਬਾਰ 'ਤੇ ਸਾਲਾਨਾ ਜੋੜ ਮੇਲਾ 17 ਮਾਰਚ ਮੰਗਲਵਾਰ ਨੂੰ ਸਮੂਹ ਵਿਰਲੀ ਭਾਰਗਵ ਜਠੇਰੇ ਪਰਵਾਰਾਂ ਅਤੇ ਉਕਤ ਦਰਬਾਰ ਮੇਲਾ ਪ੍ਰਬੰਧਕ ਕਮੇਟੀ ਦੇ ਸਾਂਝੇ ਸਹਿਯੋਗ ਨਾਲ ਬੜੀ ਸ਼ਰਧਾ ਤੇ ਸਤਿਕਾਰ ਸਹਿਤ ਮਨਾਇਆ ਜਾ ਰਿਹਾ। ਪ੍ਰਬੰਧਕਾਂ ਵਿੱਚੋਂ ਸਾਬਕਾ ਸਰਪੰਚ ਪ੍ਰਦੀਪ ਕੁਮਾਰ ਦੀਪਾ ਬੱਲ, ਸੰਮਤੀ ਮੈਂਬਰ ਸੁਰਿੰਦਰ ਕੁਮਾਰ ਬਿਰਲਾ ਨੌਗੱਜਾ,ਰਾਜਕੁਮਾਰ ਭਾਰਗਵ, ਮਨੀ ਵਿਰਲਾ, ਗੌਤਮ ਭਾਰਗਵ, ਸਾਬਕਾ ਸਰਪੰਚ ਤੇਜਿੰਦਰ ਕੁਮਾਰ ਬਿੱਲਾ, ਭੂਸ਼ਨ ਸੇਠੀ, ਪੰਡਿਤ ਸੁਖਜੀਤ ਕੁਮਾਰ ਸ਼ਰਮਾ, ਹਰਦੀਪਕ ਬਿਰਲਾ ਆਦਿ ਸਭ ਨੇ ਸਾਂਝੇ ਤੌਰ 'ਤੇ ਦੱਸਿਆ ਕਿ ਮੇਲੇ ਵਾਲੇ ਦਿਨ ਸਵੇਰੇ ਦਰਬਾਰ 'ਤੇ ਝੰਡੇ ਦੀ ਰਸਮ, ਪਿਤਰ ਪੂਜਾ, ਹਵਨ ਯੱਗ ਉਪਰੰਤ ਵੱਖ-ਵੱਖ ਭਜਨ ਗਾਇਨ ਮੰਡਲੀਆਂ ਮਹਾਮਾਈ ਤੇ ਭਗਵਾਨ ਸ਼ਿਵ ਜੀ ਦੀ ਮਹਿਮਾ ਦਾ ਗੁਣਗਾਨ ਕਰਨਗੀਆਂ। ਉਪਰੰਤ ਲੰਗਰ ਦੇ ਅਟੁੱਟ ਭੰਡਾਰੇ ਵਰਤਾਏ ਜਾਣਗੇ।

## ਅਕਾਲੀ ਦਲ ਵੱਲੋਂ ਬਲਾਕ ਸੰਮਤੀ ਚੋਣਾਂ 'ਚ ਕਿਸੇ ਵੀ ਪਾਰਟੀ ਨੂੰ ਸਮਰਥਨ ਨਾ ਦੇਣ ਦਾ ਫੈਸਲਾ

**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**-ਹਲਕਾ ਨਕੋਦਰ ਦੇ ਸ਼੍ਰੋਮਣੀ ਅਕਾਲੀ ਦਲ ਸੇਵਾਦਾਰ ਐਡਵੋਕੇਟ ਰਾਜਕਮਲ ਸਿੰਘ ਭੁੱਲਰ ਦੇ ਗ੍ਰਹਿ ਪਿੰਡ ਭੁੱਲਰਾਂ ਵਿਖੇ ਇੱਕ ਮੀਟਿੰਗ ਹੋਈ ਜਿਸ ਵਿੱਚ ਸ਼੍ਰੋਮਣੀ ਅਕਾਲੀ ਦਲ ਦੇ ਟਕਸਾਲੀ ਆਗੂ ਹਰਜੋਤ ਸਿੰਘ ਫਰਵਾਲਾ ਜੋ ਮੌਜੂਦਾ ਬਲਾਕ ਸੰਮਤੀ ਮੈਂਬਰ ਹਨ ਕਿਸੇ ਕਾਰਨਾਂ ਕਰਕੇ ਉਨਾਂ ਨੂੰ ਆਜ਼ਾਦ ਤੌਰ ਤੇ ਚੋਣ ਲੜਨੀ ਪਈ ਫਿਰ ਤੋਂ ਉਹਨਾਂ ਨੇ ਆਪਣੀ ਜਿੰਮੇਵਾਰੀ ਸਮਝਦੇ ਹੋਏ ਸ਼੍ਰੋਮਣੀ ਅਕਾਲੀ ਦਲ ਤੇ ਉੱਤੇ ਭਰੋਸਾ ਜਿਤਾਉਂਦਿਆਂ ਉਹਨਾਂ ਨੇ ਸ਼੍ਰੋਮਣੀ ਅਕਾਲੀ ਦਲ ਨੂੰ ਸਮਰਥਨ ਦੇਣ ਦਾ ਐਲਾਨ ਕੀਤਾ ਤੇ ਨੂਰਮਹਿਲ ਬਲਾਕ ਵਿੱਚੋਂ ਦੋ ਸ਼੍ਰੋਮਣੀ ਅਕਾਲੀ ਦਲ ਦੇ ਬਲਾਕ ਸੰਮਤੀ ਮੈਂਬਰ ਹਨ ਡਾਕਟਰ ਜੱਸੀ ਅਤੇ ਬੀਬੀ ਰਾਣੋ ਬੁਰਜ ਹਸਨ ਇਹ ਫੈਸਲਾ ਹੋਇਆ ਇਹਨਾਂ ਤਿੰਨਾਂ ਹੀ ਬਲਾਕ ਸੰਮਤੀ ਮੈਂਬਰਾਂ ਨੇ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਰਹਿਨੁਮਾਈ ਹੇਠ ਕਿਸੇ ਵੀ ਪਾਰਟੀ ਨੂੰ ਫਿਲਹਾਲ ਨਾ ਸਮਰਥਨ ਦੇਣ ਦਾ ਫੈਸਲਾ ਕੀਤਾ। ਇਸ ਮੌਕੇ ਤੇ ਡੂੰਗਰ ਸਿੰਘ ਭੁੱਲਰ ਸਾਬਕਾ ਚੇਅਰਮੈਨ ਪਰਵਿੰਦਰ ਸਿੰਘ ਸ਼ਾਮਪੁਰ ਵਾਈਸ ਚੇਅਰਮੈਨ ਕਮਲਜੀਤ ਸਿੰਘ ਗੋਖਾ ਪਵਾਦੜਾ ਸਰਪੰਚ ਪ੍ਰੀਤਮ ਸਿੰਘ ਬੁਰਜ ਹਸਨ ਕੁਲਵਿੰਦਰ ਸਿੰਘ ਕੰਦੋਲਾ ਖੁਰਦ ਬਲਵਿੰਦਰ ਸਿੰਘ ਕੰਦੋਲਾ ਕਲਾਂ ਪੱਪੂ ਕੰਦੋਲਾ ਕਲਾਂ ਅਤੇ ਹੋਰ ਵੀ ਅਕਾਲੀ ਵਰਕਰ ਮੌਜੂਦ ਸਨ।



## 56ਵਾਂ ਖ਼ੂਨਦਾਨ ਕੈਂਪ 15 ਨੂੰ

**ਆਦਮਪੁਰ (ਪਰਮਜੀਤ ਸਿੰਘ)**-ਤੁਹਾਡੀ ਆਪਣੀ ਐਨ ਜੀ ਓ ਦਸਵੰਧ ਗਰੀਬਾਂ ਲਈ ਵੈਲਫੇਅਰ ਸੁਸਾਇਟੀ ਪੰਜਾਬ ਵੱਲੋਂ 56 ਵਾ ਸਵੈਂ ਇੱਛਕ ਖ਼ੂਨਦਾਨ ਕੈਂਪ 15 ਮਾਰਚ ਨੂੰ ਪਿੰਡ ਖਲਵਾੜਾ ਕਲੋਨੀ ਗਰਾਊਂਡ ਨੇੜੇ ਫਗਵਾੜਾ ਵਿਖੇ ਸਵੇਰੇ 9 ਵਜੇ ਤੋਂ ਸ਼ਾਮ 4 ਵਜੇ ਤੱਕ ਲਗਾਇਆ ਜਾ ਰਿਹਾ ਹੈ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਉੱਘੇ ਗੀਤਕਾਰ ਗੁਰਬਖਸ਼ ਸੂਬਾ ਅਤੇ ਮੁੱਖ ਸੇਵਾਦਾਰ ਭਾਈ ਸੁਖਜੀਤ ਸਿੰਘ ਮਿਨਹਾਸ ਨੇ ਦੱਸਿਆ ਕਿ ਤੁਹਾਡੇ ਵੱਲੋਂ ਕੀਤਾ ਗਿਆ ਇੱਕ ਇੱਕ ਯੂਨਿਟ ਬਲੱਡ ਦਾਨ ਹਰ ਔਖੇ ਸਮੇਂ ਕਿੰਨਿਆਂ ਹੀ ਲੋੜਵੰਦ ਮਰੀਜ਼ਾਂ ਦੀ ਜਾਨ ਬਚਾ ਸਕਦਾ ਹੈ। ਉਨ੍ਹਾਂ ਦੱਸਿਆ ਕਿ ਇਹ ਸਾਰਾ ਬਲੱਡ ਖਾਲਸਾ ਬਲੱਡ ਯੂਨਿਟ ਅੰਮ੍ਰਿਤਸਰ ਦੀ ਸਮੁੱਚੀ ਟੀਮ ਵਲੋਂ ਇਕੱਤਰਤ ਕੀਤਾ ਜਾਵੇਗਾ ਅਤੇ ਭਵਿੱਖ ਵਿੱਚ ਕਦੇ ਵੀ ਲੋੜ ਪੈਣ ਤੇ ਤਰੁੰਤ ਮੁਹੱਈਆ ਕਰਵਾਇਆ ਜਾਵੇਗਾ।

## ਪੰਜਾਬ 'ਚ ਡਬਲ ਇੰਜਣ ਦੀ ਸਰਕਾਰ ਬਣਾਉਣ ਦਾ ਨੀਂਹ ਪੱਥਰ ਰੱਖੇਗੀ ਮੋਗਾ ਰੈਲੀ : ਸੁਰਿੰਦਰ ਜਾਜਾ






**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਓਂਕਾਰ ਸਿੰਘ)**

ਆਉਣ ਵਾਲੀਆਂ ਪੰਜਾਬ ਵਿਧਾਨ ਸਭਾ ਚੋਣਾਂ ਵਿੱਚ ਭਾਜਪਾ ਦੀ ਸਰਕਾਰ ਬਣਾਉਣ ਲਈ ਕੇਂਦਰ ਸਰਕਾਰ ਦੇ ਗ੍ਰਹਿ ਮੰਤਰੀ ਅਮਿਤ ਸ਼ਾਹ 14 ਮਾਰਚ ਦੀ ਮੋਗਾ ਰੈਲੀ ਵਿੱਚ ਸ਼ਾਮਿਲ ਹੋਣ ਲਈ ਪਹੁੰਚ ਰਹੇ ਹਨ। ਇਸ ਵਿਸ਼ਾਲ ਰੈਲੀ ਚ ਸ਼ਾਮਿਲ ਹੋਣ ਵਾਲੇ ਭਾਜਪਾ ਵਰਕਰਾਂ ਨੂੰ ਲਾਮਬੰਦ ਕਰਨ ਲਈ ਭਾਜਪਾ ਪੰਜਾਬ ਐਗਜੈਕਟਿਵ ਮੈਂਬਰ ਸੁਰਿੰਦਰ ਜਾਜਾ ਦੀ ਅਗਵਾਈ ਵਿੱਚ ਵੇਲਵੇਟ ਰੀਸੋਰਟ ਮਿਆਣੀ ਰੋਡ ਟਾਂਡਾ ਵਿਖੇ ਇੱਕ ਵਿਸ਼ੇਸ਼ ਮੀਟਿੰਗ ਦਾ ਆਯੋਜਨ ਕੀਤਾ ਗਿਆ ਜਿਸ ਵਿੱਚ ਭਾਜਪਾ ਜ਼ਿਲਾ ਪ੍ਰਧਾਨ ਅਜੇ ਕੋਸ਼ਲ ਸੇਠੂ ਤੋਂ ਇਲਾਵਾ ਸੈਂਕੜੇ ਭਾਜਪਾ ਵਰਕਰਾਂ ਨੇ ਭਾਗ ਲਿਆ।ਹਾਜ਼ਰ ਇਕੱਠ ਨੂੰ ਸੰਬੋਧਨ ਕਰਦੇ ਹੋਏ ਸੁਰਿੰਦਰ ਜਾਜਾ ਅਤੇ ਅਜ਼ੇ ਕੋਸ਼ਲ ਸੇਠੂ ਨੇ ਕਿਹਾ ਕਿ ਪੂਰੇ ਦੇਸ਼ ਭਰ ਵਿੱਚ ਭਾਜਪਾ ਦੀ ਲਹਿਰ ਹੈ ਅਤੇ ਜ਼ਿਆਦਾਤਰ ਸਟੇਟਾਂ ਵਿੱਚ ਡਬਲ ਇੰਜਨ ਦੀ ਸਰਕਾਰਾਂ ਹਨ। ਉਹਨਾਂ ਕਿਹਾ ਕਿ 14 ਮਾਰਚ ਨੂੰ ਮੋਗਾ ਰੈਲੀ ਚ ਸ਼ਾਮਿਲ ਹੋਣ ਲਈ ਭਾਜਪਾ ਵਰਕਰਾਂ ਨਾਲ ਪਿੰਡ-ਪਿੰਡ ਜਾ ਕੇ ਨੁੱਕੜ ਮੀਟਿੰਗਾਂ ਰਾਹੀਂ ਰਾਬਤਾ ਕਾਇਮ ਕੀਤਾ ਗਿਆ ਹੈ ਜਿਸਦੇ ਸਦਕਾ ਭਾਜਪਾ ਵਰਕਰਾਂ ਤੋਂ ਇਲਾਵਾ ਨੌਜਵਾਨ ਪੀੜੀ ਵਿੱਚ ਵੀ ਇਸ ਮੋਗਾ ਰੈਲੀ ਚ ਸ਼ਾਮਿਲ ਹੋਣ ਲਈ ਭਾਰੀ ਉਤਸ਼ਾਹ ਪਾਇਆ ਜਾ ਰਿਹਾ ਹੈ।

## ਜਠੇਰਿਆਂ ਦਾ ਸਾਲਾਨਾ ਮੇਲਾ 17 ਨੂੰ

**ਅਲਾਵਲਪੁਰ, (ਮਦਨ ਬੰਗੜ)**-ਕਸਬਾ ਅਲਾਵਲਪੁਰ ਵਿੱਚ ਸਰਸਵਤ ਬ੍ਰਾਹਮਣ ਮੌਦਗਿਲ (ਸੰਡ) ਜਠੇਰਿਆਂ ਦਾ ਸਾਲਾਨਾ ਮੇਲਾ ਸ਼ਰਧਾ ਤੇ ਉਤਸ਼ਾਹ ਨਾਲ 17 ਮਾਰਚ ਮੰਗਲਵਾਰ ਨੂੰ ਮਨਾਇਆ ਜਾਵੇਗਾ। ਇਹ ਸਮਾਗਮ ਬਲਦੇਵ ਰਾਜ ਸ਼ਰਮਾ ਦੀ ਦੇਖ ਰੇਖ ਹੇਠ ਬੱਸ ਸਟੈਂਡ ਅਲਾਵਲਪੁਰ ਦੇ ਨੇੜੇ ਕਰਵਾਇਆ ਜਾ ਰਿਹਾ ਹੈ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਇੰਜੀਨੀਅਰ ਵਾਸੁਦੇਵ ਸ਼ਰਮਾ ਅਤੇ ਵਿਜੈ ਕੁਮਾਰ ਸ਼ਰਮਾ ਨੇ ਦੱਸਿਆ ਕਿ ਪ੍ਰੋਗਰਾਮ ਦੀ ਸ਼ੁਰੂਆਤ ਸਵੇਰੇ 10 ਵਜੇ ਝੰਡੇ ਦੀ ਰਸਮ ਨਾਲ ਹੋਵੇਗੀ। ਇਸ ਤੋਂ ਬਾਅਦ ਪੰਡਿਤ ਸਤੀਸ਼ ਕੁਮਾਰ ਸ਼ਰਮਾ ਵੱਲੋਂ ਜਠੇਰਿਆਂ ਦੀ ਵਿਧੀਵਤ ਪੂਜਾ-ਅਰਚਨਾ ਕਰਵਾਈ ਜਾਵੇਗੀ।ਉਨ੍ਹਾਂ ਦੱਸਿਆ ਕਿ ਮੇਲੇ ਵਿੱਚ ਆਉਣ ਵਾਲੀ ਸੰਗਤ ਲਈ ਚਾਹ-ਨਾਸ਼ਤੇ ਦਾ ਖ਼ਾਸ ਪ੍ਰਬੰਧ ਕੀਤਾ ਜਾਵੇਗਾ। ਇਸ ਤੋਂ ਬਾਅਦ ਦੁਪਹਿਰ 1 ਵਜੇ ਤੋਂ ਪ੍ਰਸਾਦ ਵਜੋਂ ਭੰਡਾਰਾ ਲਗਾਇਆ ਜਾਵੇਗਾ, ਜਿਸ ਵਿੱਚ ਭਾਰੀ ਗਿਣਤੀ ਵਿੱਚ ਸ਼ਰਧਾਲੂ ਸ਼ਾਮਲ ਹੋਣਗੇ।

## ਖ਼ੂਨਦਾਨ ਕੈਂਪ 18 ਨੂੰ

**ਅਲਾਵਲਪੁਰ, (ਮਦਨ ਬੰਗੜ)**-ਬਿਆਸ ਪਿੰਡ ਵਿੱਚ ਸਥਿਤ ਰੱਖੜਾ ਜਠੇਰੇ ਦੇ ਪਾਵਨ ਸਥਾਨ 'ਤੇ 18 ਮਾਰਚ ਬੁੱਧਵਾਰ ਨੂੰ ਤੀਜਾ ਵਿਸ਼ਾਲ ਖ਼ੂਨਦਾਨ ਕੈਂਪ ਲਗਾਇਆ ਜਾਵੇਗਾ। ਇਹ ਕੈਂਪ ਸਵੇਰੇ 9 ਵਜੇ ਤੋਂ ਦੁਪਹਿਰ 1 ਵਜੇ ਤੱਕ ਲਗਾਇਆ ਜਾਵੇਗਾ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਗੁਰਪ੍ਰੀਤ ਸਿੰਘ ਰੱਖਰਾ ਨੇ ਦੱਸਿਆ ਕਿ ਇਹ ਖ਼ੂਨਦਾਨ ਕੈਂਪ ਜਠੇਰੇ ਰੱਖੜਾ, ਸਰਕਾਰੀ ਪ੍ਰਾਇਮਰੀ ਸਕੂਲ ਬਿਆਸ ਪਿੰਡ ਜਲੰਧਰ ਵਿੱਚ ਲਗਾਇਆ ਜਾ ਰਿਹਾ ਹੈ। ਗੁਰਪ੍ਰੀਤ ਸਿੰਘ ਰੱਖੜਾ ਨੇ ਆਖਿਆ ਕਿ ਖ਼ੂਨਦਾਨ ਮਹਾਦਾਨ ਹੈ ਅਤੇ ਜ਼ਰੂਰਤਮੰਦ ਮਰੀਜ਼ਾਂ ਦੀ ਜ਼ਿੰਦਗੀ ਬਚਾਉਣ ਲਈ ਖ਼ੂਨਦਾਨ ਬਹੁਤ ਜ਼ਰੂਰੀ ਹੈ। ਇਸ ਲਈ ਇਲਾਕੇ ਦੇ ਲੋਕਾਂ ਅਤੇ ਨੌਜਵਾਨਾਂ ਨੂੰ ਅਪੀਲ ਕੀਤੀ ਗਈ ਹੈ ਕਿ ਉਹ ਵੱਧ ਤੋਂ ਵੱਧ ਗਿਣਤੀ ਵਿੱਚ ਪਹੁੰਚ ਕੇ ਖ਼ੂਨਦਾਨ ਕਰਨ।

## ਫਾਲਕਨ ਇੰਟਰਨੈਸ਼ਨਲ ਸਕੂਲ 'ਚ ਗੇਮਿੰਗ ਟਰੱਕ ਦਿਵਸ ਮਨਾਇਆ




**ਸੁਲਤਾਨਪੁਰ ਲੋਧੀ, (ਹਨੀ)**

ਫਾਲਕਨ ਇੰਟਰਨੈਸ਼ਨਲ ਸਕੂਲ ਵਿੱਚ ਵਿਦਿਆਰਥੀਆਂ ਲਈ ਇਕ ਵਿਲੱਖਣ ਤੇ ਮਨੋਰੰਜਕ ਗਤੀਵਿਧੀ ਦੇ ਤੌਰ 'ਤੇ ਗੇਮਿੰਗ ਟਰੱਕ ਦਿਵਸ ਮਨਾਇਆ ਗਿਆ। ਇਸ ਮੌਕੇ ਸਕੂਲ ਪ੍ਰਬੰਧਕਾਂ ਵੱਲੋਂ ਵਿਸ਼ੇਸ਼ ਤੌਰ 'ਤੇ ਗੇਮਿੰਗ ਟਰੱਕ ਨੂੰ ਸਕੂਲ ਕੈਂਪਸ ਵਿੱਚ ਬੁਲਾਇਆ ਗਿਆ, ਜਿਸ ਨਾਲ ਬੱਚਿਆਂ ਵਿੱਚ ਬੇਹੱਦ ਉਤਸ਼ਾਹ ਦੇਖਣ ਨੂੰ ਮਿਲਿਆ।ਗੇਮਿੰਗ ਟਰੱਕ ਵਿੱਚ ਵਿਦਿਆਰਥੀਆਂ ਲਈ ਕਈ ਤਰ੍ਹਾਂ ਦੀਆਂ ਆਧੁਨਿਕ ਅਤੇ ਰੋਚਕ ਗੇਮਾਂ ਦੀ ਵਿਵਸਥਾ ਕੀਤੀ ਗਈ ਸੀ। ਬੱਚਿਆਂ ਨੇ ਬਹੁਤ ਹੀ ਉਤਸਾਹ ਨਾਲ ਵੱਖ-ਵੱਖ ਗੇਮਾਂ ਖੇਡੀਆਂ ਅਤੇ ਪੂਰੀ ਤਰ੍ਹਾਂ ਮਨੋਰੰਜਨ ਕੀਤਾ । ਇਸ ਗਤੀਵਿਧੀ ਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਪੜ੍ਹਾਈ ਦੇ ਨਾਲ-ਨਾਲ ਮਨੋਰੰਜਨ ਅਤੇ ਰਚਨਾਤਮਕ ਗਤੀਵਿਧੀਆਂ ਨਾਲ ਜੋੜਨਾ ਸੀ।ਸਕੂਲ ਪ੍ਰਬੰਧਕਾਂ ਨੇ ਕਿਹਾ ਕਿ ਅਜਿਹੀਆਂ ਗਤੀਵਿਧੀਆਂ ਨਾਲ ਬੱਚਿਆਂ ਵਿੱਚ ਟੀਮ ਵਰਕ, ਆਤਮਵਿਸ਼ਵਾਸ ਅਤੇ ਨਵੀਆਂ ਚੀਜ਼ਾਂ ਸਿੱਖਣ ਦੀ ਲਗਨ ਵਧਦੀ ਹੈ। ਵਿਦਿਆਰਥੀਆਂ ਨੇ ਵੀ ਇਸ ਦਿਨ ਨੂੰ ਬਹੁਤ ਹੀ ਖ਼ੁਸ਼ੀ ਅਤੇ ਉਤਸ਼ਾਹ ਨਾਲ ਮਨਾਇਆ।ਸਕੂਲ ਦੇ ਪ੍ਰਿੰਸੀਪਲ ਅਤੇ ਸਟਾਫ਼ ਮੈਂਬਰਾਂ ਨੇ ਦੱਸਿਆ ਕਿ ਭਵਿੱਖ ਵਿੱਚ ਵੀ ਬੱਚਿਆਂ ਦੇ ਸਰਵਪੱਖੀ ਵਿਕਾਸ ਲਈ ਅਜਿਹੀਆਂ ਗਤੀਵਿਧੀਆਂ ਕਰਵਾਈਆਂ ਜਾਂਦੀਆਂ ਰਹਿਣਗੀਆਂ।

## ਵਿਧਾਨ ਸਭਾ ਦੇ ਘਿਰਾਓ ਲਈ ਵੱਡੀ ਗਿਣਤੀ 'ਚ ਮਿਡ-ਡੇ-ਮੀਲ ਵਰਕਰਾਂ ਨੇ ਭਾਗ ਲਿਆ



**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**-ਸਰਕਾਰ ਵੱਲੋਂ ਲਗਾਤਾਰ ਮੁਲਾਜ਼ਮ-ਪੈਨਸ਼ਨਰ ਮੰਗਾਂ ਪ੍ਰਤੀ ਅਪਣਾਈ ਟਾਲਮਟੋਲ ਦੀ ਨੀਤੀ ਦੇ ਵਿਰੋਧ ਵਿੱਚ ਮੁਲਾਜ਼ਮ-ਪੈਨਸ਼ਨਰ ਸਾਂਝਾ ਫਰੰਟ ਦੀ ਸੂਬਾ ਕਮੇਟੀ ਵਲੋਂ ਸਰਕਾਰ ਵਲੋਂ ਵਾਰ-ਵਾਰ ਮੀਟਿੰਗ ਲਈ ਸਮਾਂ ਦੇ ਕੇ ਮੰਗਾਂ ਨੂੰ ਲਟਕਾਉਣ ਲਈ ਚੰਡੀਗੜ੍ਹ ਵਿਧਾਨ ਸਭਾ ਦੇ ਘਿਰਾਓ ਦਾ ਐਲਾਨ ਕੀਤਾ ਗਿਆ ਸੀ।ਇਸ ਘਿਰਾਓ ਵਿੱਚ ਸ਼ਾਮਿਲ ਹੋਣ ਲਈ ਵੱਡੀ ਗਿਣਤੀ ਵਿੱਚ ਮਿਡ-ਡੇ-ਮੀਲ ਵਰਕਰ ਕਮਲਜੀਤ ਕੌਰ ਖੜੌਦੀ, ਬਲਵਿੰਦਰ ਕੌਰ ਅਤੇ ਅਮਰਵੀਰ ਕੌਰ ਦੀ ਅਗਵਾਈ ਵਿੱਚ ਰਵਾਨਾ ਹੋਏ। ਇਸ ਮੌਕੇ ਆਗੂਆਂ ਨੇ ਕਿਹਾ ਕਿ ਸਰਕਾਰ ਮਿਡ-ਡੇ-ਮੀਲ ਵਰਕਰਾਂ ਦੀਆਂ ਹੱਕੀ ਅਤੇ ਜਾਇਜ਼ ਮੰਗਾਂ ਨੂੰ ਹੱਲ ਨਹੀਂ ਕਰ ਰਹੀ ।ਮਿਡ-ਡੇ-ਮੀਲ ਵਰਕਰ ਵਰਦੀ ਅੱਗ ਵਿੱਚ ਭੱਠੀਆਂ ਮੋਹਰੇ ਬੈਠ ਕੇ ਬੱਚਿਆਂ ਲਈ ਖਾਣਾ ਬਣਾਉਂਦੇ ਹਨ।ਵਿਧਾਨ ਸਭਾ ਦੇ ਘਿਰਾਓ ਲਈ ਰਵਾਨਾ ਹੋਣ ਮੌਕੇ ਸਰਕਾਰ ਵਿਰੁੱਧ ਜੰਮਕੇ ਨਾਅਰੇਬਾਜੀ ਕੀਤੀ ਗਈ।ਇਸ ਮੌਕੇ ਪ੍ਰਦੀਪ ਕੌਰ, ਜੀਵਨ, ਸੁਨੀਤਾ ਰਾਣੀ, ਸਤਵੀਰ ਕੌਰ, ਜਸਪ੍ਰੀਤ ਕੌਰ, ਪੂਜਾ ਰਾਣੀ, ਰੁਪਿੰਦਰ ਕੌਰ, ਰਜਨੀ ਦੇਵੀ, ਮਧੂ ਬਾਲਾ, ਆਸ਼ਾ ਰਾਣੀ, ਊਸ਼ਾ ਦੇਵੀ, ਜਸਵੀਰ ਕੌਰ, ਬਲਜੀਤ ਕੌਰ, ਭੁਪਿੰਦਰ ਕੌਰ, ਪ੍ਰਭਜੋਤ ਕੌਰ, ਨੀਲਮ, ਕੁਲਵਿੰਦਰ ਕੌਰ, ਜਸਵੀਰ, ਨਿਸ਼ਾ ਰਾਣੀ, ਹਰਦੀਪ ਕੌਰ, ਕਮਲਜੀਤ ਕੌਰ, ਗੁਰਵਿੰਦਰ ਕੌਰ, ਹਰਬੰਸ ਕੌਰ, ਯਮੁਨਾ ਦੇਵੀ, ਸੁਰਿੰਦਰ ਕੌਰ ਆਦਿ ਵੱਡੀ ਗਿਣਤੀ ਵਿੱਚ ਮਿਡ-ਡੇ-ਮੀਲ ਵਰਕਰ ਹਾਜ਼ਰ ਸਨ।

## ਸ਼ਹੀਦ ਮਹਿੰਦਰ ਸਿੰਘ ਸਰਪੰਚ ਨੂੰ ਸੇਜਲ ਅੱਖਾਂ ਨਾਲ ਦਿੱਤੀ ਅੰਤਿਮ ਵਿਦਾਇਗੀ

**ਮਹਿਤਪੁਰ (ਰਾਜਾ)**

ਪਿੰਡ ਬੂਟੇ ਦੀਆਂ ਛੰਨਾ ਦੇ ਸਾਬਕਾ ਸਰਪੰਚ ਮਹਿੰਦਰ ਸਿੰਘ ਦਾ ਅੱਜ ਅੰਤਿਮ ਸਸਕਾਰ ਕਰ ਦਿੱਤਾ ਗਿਆ। ਕੁੱਝ ਨਸ਼ਾ ਤਸਕਰਾਂ ਨੇ ਜਾਨਲੇਵਾ ਹਮਲਾ ਕਰਕੇ ਉਸ ਨੂੰ ਅਤੇ ਉਸ ਦੀ ਪਤਨੀ ਸਰਪੰਚ ਅਮਰ ਕੌਰ ਨੂੰ ਜ਼ਖ਼ਮੀ ਕਰ ਦਿੱਤਾ ਸੀ, ਜ਼ਖ਼ਮਾਂ ਦੀ ਤਾਬ ਨਾ ਝੱਲਦੇ ਹੋਏ ਮਹਿੰਦਰ ਸਿੰਘ ਦਾ ਪਰਸੋਂ ਦੇਹਾਂਤ ਹੋ ਗਿਆ ਸੀ। ਤਿੰਨ ਦਿਨ ਮਹਿਤਪੁਰ ਥਾਣੇ ਅੱਗੇ ਲਗਾਏ ਧਰਨੇ ਉਪਰੰਤ ਪਰਵਾਰ ਨੂੰ ਮੁਆਵਜ਼ਾ ਦੇਣ, ਸ਼ਹੀਦ ਮਹਿੰਦਰ ਸਿੰਘ ਦੇ ਨਾਂ ਦੀ ਯਾਦਗਾਰ ਬਣਾਉਣ ਆਦਿ ਦੀ ਮੰਗ ਮਨਵਾਉਣ ਉਪਰੰਤ ਸਸਕਾਰ ਕੀਤਾ ਗਿਆ। ਇਸ ਮੌਕੇ ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਦਰਸ਼ਨ ਨਾਹਰ, ਸੂਬਾ ਸਕੱਤਰੇਤ ਦੇ ਮੈਂਬਰ ਡਾ. ਸਰਬਜੀਤ ਮੁਠੱਡਾ, ਸੂਬਾ ਕਮੇਟੀ ਮੈਂਬਰ ਮਨੋਹਰ ਗਿੱਲ, ਸੰਤੋਖ ਸਿੰਘ ਬਿਲਗਾ, ਤਹਿਸੀਲ ਸ਼ਾਹਕੋਟ ਦੇ ਸਕੱਤਰ ਨਿਰਮਲ ਮਲਸੀਆਂ, ਜਮਹੂਰੀ ਕਿਸਾਨ ਸਭਾ ਦੇ ਆਗੂ ਮੇਜਰ ਖੁਰਲਾਪੁਰ, ਸੂਬਾ ਕਮੇਟੀ ਮੈਂਬਰ ਰਾਮ ਸਿੰਘ ਕੈਮਵਾਲਾ ਨੇ ਸੂਹਾ ਝੰਡਾ ਪਾ ਕੇ ਇਨਕਲਾਬੀ ਢੰਗ ਨਾਲ ਸਰਪੰਚ ਨੂੰ ਵਿਦਾਇਗੀ ਦਿੱਤੀ। ਅੰਤਿਮ ਸਸਕਾਰ ਮੌਕੇ ਹਲਕਾ ਸ਼ਾਹਕੋਟ ਦੇ ਵਿਧਾਇਕ ਹਰਦੇਵ ਸਿੰਘ ਲਾਡੀ ਸ਼ੇਰੋਵਾਲੀਆ, ਪੇਂਡੂ ਮਜ਼ਦੂਰ ਯੂਨੀਅਨ ਦੇ ਤਰਸੇਮ ਪੀਟਰ, ਕਿਰਤੀ ਕਿਸਾਨ ਯੂਨੀਅਨ ਦੇ ਰਜਿੰਦਰ ਮੰਡ, ਸੰਦੀਪ ਅਰੋੜਾ, ਮਹਿੰਦਰ ਪਾਲ ਸਿੰਘ ਟੁਰਨਾ, ਜੁਗਿੰਦਰ ਸਿੰਘ ਵੇਹਰਾ, ਜੁਗਿੰਦਰ ਸਿੰਘ ਬੂਟੇ ਦੀਆਂ ਛੰਨਾ, ਕਰਨੈਲ ਸਿੰਘ, ਸਵਰਨ ਰੱਤੂ, ਤਾਰਾ ਸਿੰਘ ਥੰਮੂਵਾਲ, ਪੇਂਡੂ ਮਜ਼ਦੂਰ ਯੂਨੀਅਨ ਦੇ ਆਗੂ ਵਿਜੈ ਬਾਠ, ਕੁਲਦੀਪ ਵਾਲੀਆ, ਸਰਪੰਚ ਪੰਜਾ ਸਿੰਘ ਰਾਏਪੁਰ ਅਰੀਆਂ, ਜਗੀਰ ਸਿੰਘ ਮਹਿਤਪੁਰ ਆਦਿ ਹਾਜ਼ਰ ਸਨ। ਇਸ ਮੌਕੇ ਪੇਂਡੂ ਮਜ਼ਦੂਰ ਯੂਨੀਅਨ ਅਤੇ ਕਿਰਤੀ ਕਿਸਾਨ ਯੂਨੀਅਨ ਵਲੋਂ ਝੰਡੇ ਪਾ ਕੇ ਸਲਾਮੀ ਦਿੱਤੀ ਗਈ।



## ਸਾਲਾਨਾ ਸ਼ਹੀਦੀ ਜੋੜ ਮੇਲਾ ਮਨਾਇਆ

**ਜੇਜੋਂ ਦੋਆਬਾ, (ਨਿਰਮਲ ਸਿੰਘ ਮੁੱਗੋਵਾਲ)**

ਸਾਹਿਬਜਾਦਾ ਬਾਬਾ ਅਜੀਤ ਸਿੰਘ ਤੇ ਉਨ੍ਹਾਂ ਦੇ ਸਾਥੀ ਸਮੂਹ ਸਿਦਕੀ ਸ਼ਹੀਦ ਸਿੰਘਾਂ ਨੂੰ ਸਮਰਪਿਤ ਸਲਾਨਾ ਸ਼ਹੀਦੀ ਜੋੜ ਮੇਲਾ ਅੱਜ ਪਿੰਡ ਨੰਗਲ ਖਿਡਾਰੀਆਂ ਦੇ ਗੁਰਦੁਆਰਾ ਸਾਹਿਬ ਵਿਖੇ ਸਮੂਹ ਦੇਸ਼ ਵਿਦੇਸ਼ ਦੀਆਂ ਸੰਗਤਾਂ ਦੇ ਸਹਿਯੋਗ ਨਾਲ ਸ਼ਰਧਾ ਤੇ ਉਤਸ਼ਾਹ ਪੂਰਵਕ ਢੰਗ ਨਾਲ ਮਨਾਇਆ ਗਿਆ। ਸਮਾਗਮ ਵਿੱਚ ਜਥੇਦਾਰ ਬਾਬਾ ਗੁਰਦੇਵ ਸਿੰਘ ਜੀ ਮੁੱਖੀ ਮਿਸਲ ਸ਼ਹੀਦਾਂ ਤਰਨਾ ਦਲ ਛਾਉਣੀ ਬਜਵਾੜਾ ਕਲਾਂ ਗੁਰੂ ਦੀਆਂ ਲਾਡਲੀਆਂ ਫੌਜਾਂ ਸਮੇਤ ਵਿਸ਼ੇਸ਼ ਤੌਰ ਤੇ ਪਹੁੰਚੇ। ਉਹਨਾਂ ਇਸ ਅਸਥਾਨ ਦੇ ਇਤਿਹਾਸ ਤੋਂ ਜਾਣੂ ਕਰਵਾਉਂਦਿਆਂ ਦੱਸਿਆ ਕਿ ਬਸੀ ਕਲਾਂ ਦੇ ਜਾਲਮ ਤੇ ਹੰਕਾਰੀ ਹਾਕਮ ਜਾਬਰ ਖਾਂ ਨੇ ਜ਼ੁਲਮ ਦੀ ਅੱਤ ਕਰ ਦਿੱਤੀ ਸੀ। ਉਸ ਵਕਤ ਸਰਬੰਸਦਾਨੀ ਗੁਰੂ ਪਿਤਾ ਦਸਮੇਸ਼ ਜੀ ਤੋਂ ਆਗਿਆ ਤੇ ਆਸ਼ੀਰਵਾਦ ਲੈ ਕੇ ਸਿੰਘਾਂ ਦੇ ਜਥੇ ਸਮੇਤ ਬਸੀ ਕਲਾਂ ਪਹੁੰਚੇ ਸਾਹਿਬਜਾਦਾ ਬਾਬਾ ਅਜੀਤ ਸਿੰਘ ਨੇ ਕੇਵਲ ਅਬਲਾ ਦੀ ਇੱਜ਼ਤ ਪੱਤ ਦੀ ਰਾਖੀ ਨਹੀਂ ਕੀਤੀ ਸਗੋਂ ਪਾਪੀ ਜਾਬਰ ਖਾਂ ਪਠਾਨ ਦੀਆਂ ਮਸ਼ਕਾਂ ਬੰਨ ਕੇ ਆਨੰਦਪੁਰ ਸਾਹਿਬ ਦੀ ਧਰਤੀ ਤੇ ਗੁਰੂ ਸਾਹਿਬ ਜੀ ਸਾਹਮਣੇ ਪੇਸ਼ ਕੀਤਾ ਤੇ ਉਸ ਨੂੰ ਜ਼ਲਾਲਤ ਭਰੀ ਮੌਤ ਦੀ ਸਜ਼ਾ ਦਿਵਾ ਕੇ ਉਸ ਵਲੋਂ ਚੁੱਕੀ ਅੱਤ ਦਾ ਅੰਤ ਕੀਤਾ। ਇਸ ਸਾਲਾਨਾ ਸ਼ਹੀਦੀ ਜੋੜ ਮੇਲੇ ਤੇ ਕਵੀਸ਼ਰੀ ਜਥਾ ਭਾਈ ਬਲਜੋਤ ਸਿੰਘ ਤੇ ਸਿਮਰਨਜੋਤ ਸਿੰਘ ਨੇ ਆਪਣੀਆਂ ਕਵਿਤਾਵਾਂ ਰਾਹੀਂ ਸੰਗਤਾਂ ਨੂੰ ਗੁਰਾਂ ਦੇ ਲਾਡਲੇ ਸ਼ਹੀਦ ਸਿੰਘਾਂ ਦੇ ਲਹੂ ਨਾਲ ਲਿਖੇ ਕੁਰਬਾਨੀਆਂ ਭਰੇ ਇਤਿਹਾਸ ਨਾਲ ਜੋੜਿਆ। ਸੰਤ ਬਾਬਾ ਜੋਗਾ ਸਿੰਘ ਜੀ ਰਾਮੂ ਥਿਹਾੜੇ ਵਾਲਿਆਂ ਨੇ ਦੇਸ਼ ਵਿਦੇਸ਼ ਤੋਂ ਸ਼ਹੀਦੀ ਦਿਹਾੜੇ ਤੇ ਪਹੁੰਚੀਆਂ ਸੰਗਤਾਂ ਨੂੰ ਗੁਰਬਾਣੀ ਕੀਰਤਨ ਤੇ ਸਿੱਖ ਇਤਿਹਾਸ ਨਾਲ ਜੋੜਿਆ। ਸੰਤ ਬਾਬਾ ਅਜਾਇਬ ਸਿੰਘ ਚੱਕ ਮੱਲਾਂ ਤੇ ਸੰਤ ਬਾਬਾ ਬਲਬੀਰ ਸਿੰਘ ਜੀ ਟੂਟੋਮਜਾਰੇ ਵਾਲਿਆਂ ਨੇ ਵੀ ਸੰਗਤਾਂ ਨੂੰ ਆਪਣੇਂ ਵਚਨਾਂ ਰਾਹੀਂ ਨਿਹਾਲ ਕੀਤਾ। ਕਿਸਾਨ ਆਗੂ ਤੇ ਸਿੰਘਾਂ ਸ਼ਹੀਦਾਂ ਦੇ ਸੇਵਾਦਾਰ ਤਲਵਿੰਦਰ ਸਿੰਘ ਹੀਰ ਨੰਗਲ ਖਿਲਾੜੀਆਂ ਨੇ ਆਪਣੇਂ ਪਿੰਡ ਪਹੁੰਚੇ ਸਮੂਹ ਸੰਤਾਂ ਮਹਾਂਪੁਰਸ਼ਾ ਤੇ ਸੰਗਤਾਂ ਨੂੰ ਜੀ ਆਇਆਂ ਕਿਹਾ ਤੇ ਕੋਟਾਨ ਕੋਟਾਨ ਧੰਨਵਾਦ ਕੀਤਾ। ਇਸ ਮੌਕੇ ਤੇ ਸੰਤ ਬਾਬਾ ਦਰਸ਼ਨ ਸਿੰਘ , ਕਿਸਾਨ ਆਗੂ ਜਥੇਦਾਰ ਮੱਖਣ ਸਿੰਘ ਕੋਠੀ, ਸੰਤ ਬਾਬਾ ਗੁਰਮੀਤ ਸਿੰਘ ਜੀ ,ਸੰਤ ਬਾਬਾ ਜਗਤਾਰ ਸਿੰਘ ਜੀ ਬਾਹੋਵਾਲ ,ਸੰਤ ਬਾਬਾ ਮੱਖਣ ਸਿੰਘ ਟੂਟੋਮਜਾਰਾ, ਬਸੀ ਕਲਾਂ ਗੁਰੂ ਘਰ ਦੇ ਸੇਵਾਦਾਰ, ਸੁੰਦਰ ਸਿੰਘ ,ਬਾਬਾ ਮਦਨ ਲਾਲ ਜੀ ਭੁੱਲੇਵਾਲ ਗੁੱਜਰਾਂ, ਸਰਦਾਰ ਝਲਮਣ ਸਿੰਘ ਕੈਨੇਡੀਅਨ ,ਭਾਈ ਹਰਮੇਸ਼ ਸਿੰਘ ਦਿੱਲੀ ,ਅਵਤਾਰ ਸਿੰਘ ਫਗਵਾੜਾ,ਸਰਦਾਰ ਗੁਰਦੇਵ ਸਿੰਘ ਗਿੱਲ ਡੀ ਐਸ ਪੀ, ਸੁਰਿੰਦਰਪਾਲ ਸਿੰਘ ਲਿੱਧੜ, ਇੰਸ: ਗੁਰਦਿਆਲ ਸਿੰਘ ਬੈਂਸ, ਦਲਜੀਤ ਸਿੰਘ ਬਿੱਟੂ ,ਗੁਰਮਿੰਦਰ ਕੈਂਡੋਵਾਲ,ਨਵਦੀਪ ਸਿੰਘ ਬੈਂਸ,ਬੱਡੂ ਸੈਣੀ, ਚੈਂਚਲ ਸਿੰਘ ਹੀਰ, ਮਲਕੀਤ ਸਿੰਘ ਹੀਰ, ਬਲਬੀਰ ਸਿੰਘ, ਹਰਜਿੰਦਰ ਸਿੰਘ ਪ੍ਰਧਾਨ,ਸਤਨਾਮ ਸਿੰਘ, ਸੰਤੋਖ ਸਿੰਘ, ਕੇਸਰ ਸਿੰਘ, ਸਤਿੰਦਰ ਸਿੰਘ, ਡਿੰਪਲ ਸਿੰਘ, ਗੁਰਜੰਟ ਸਿੰਘ, ਜਸਵੀਰ ਸਿੰਘ ਗੜਸ਼ੰਕਰ, ਕਸ਼ਮੀਰ ਸਿੰਘ ਖੈਰੜ, ਜਸਵਿੰਦਰ ਸਿੰਘ ਸਕਰੂਲੀ, ਅਗਮ ਸਿੰਘ, ਹੁਕਮ ਸਿੰਘ, ਦਿਲਾਵਰ ਸਿੰਘ, ਲਾਲੀ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਸਿੱਖ ਸੰਗਤਾਂ ਹਾਜ਼ਰ ਸਨ ।



## ਸਰਬ ਧਰਮ ਮਹਾਂ-ਸ਼ਾਂਤੀ ਯੱਗ 1 ਅਗਸਤ ਨੂੰ

**ਜਲੰਧਰ (ਲਖਵਿੰਦਰ ਸਿੰਘ ਆਧੀ)**-ਸ੍ਰੀ ਬਾਲਾ ਜੀ ਸਨਾਤਨ ਮੰਦਿਰ ਪਾਦੋਵਾ ( ਇਟਲੀ) ਵੱਲੋਂ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ 1 ਅਗਸਤ ਦਿਨ ਸ਼ਨੀਵਾਰ ਨੂੰ ਪਾਦੋਵਾ (ਇਟਲੀ) ਵਿਖੇ ਹੋ ਰਹੇ ਸਰਬ ਧਰਮ ਮਹਾਂ ਸ਼ਾਂਤੀ ਯੱਗ ਬੜੀ ਸ਼ਰਧਾ ਭਾਵਨਾ ਨਾਲ ਕਰਵਾਇਆ ਜਾ ਰਿਹਾ ਹੈ। ਇਹ ਜਾਣਕਾਰੀ ਤੀਰਥ ਸਿੰਘ ਕੁਲਾਰ ਨੇ ਦੱਸਿਆ ਕਿ ਸ੍ਰੀ ਬਾਲਾ ਜੀ ਸਨਾਤਨ ਮੰਦਿਰ ਪਾਦੋਵਾ (ਇਟਲੀ) ਦੇ ਮੁੱਖ ਸੇਵਾਦਾਰ ਰਮੇਸ਼ ਪਾਲ ਸ਼ਾਸ਼ਤਰੀ ਪੰਜਾਬ ਫੇਰੀ ਦੌਰਾਨ ਪੰਜਾਬ ਦੇ ਸਾਬਕਾ ਮੁੱਖ ਮੰਤਰੀ ਤੇ ਜਲੰਧਰ ਤੋਂ ਮੌਜੂਦਾ ਮੈਂਬਰ ਪਾਰਲੀਮੈਂਟ ਚਰਨਜੀਤ ਸਿੰਘ ਚੰਨੀ ਜੀ ਦੇ ਨਿਵਾਸ ਸਥਾਨ ਤੇ 1 ਅਗਸਤ ਨੂੰ ਪਾਦੋਵਾ ਵਿਚ ਹੋ ਰਿਹੇ ਸਰਬ ਧਰਮ ਮਹਾਂ ਯੱਗ ਦਾ ਸੱਦਾ ਪੱਤਰ ਦੇਣ ਪਹੁੰਚੇ ਤੇ ਵਿਸ਼ੇਸ਼ ਤੌਰ 'ਤੇ ਯਾਦਗਾਰੀ ਚਿੰਨ੍ਹ ਭੇਟ ਕੀਤਾ ਗਿਆ।

## ਖ਼ੂਨਦਾਨ ਕੈਂਪ ਅੱਜ

**ਫਿਲੌਰ,(ਨਿਰਮਲ)**-ਬਾਰ ਐਸੋਸੀਏਸ਼ਨ ਫਿੱਲੌਰ ਵੱਲੋਂ ਖ਼ੂਨਦਾਨ ਕੈਂਪ 13 ਮਾਰਚ ਨੂੰ ਬਾਰ ਐਸੋਸੀਏਸ਼ਨ ਦੇ ਬਾਰ ਰੂਮ ਵਿੱਚ ਲਗਾਇਆ ਜਾ ਰਿਹਾ ਹੈ। ਇਸ ਸੰਬੰਧੀ ਜਾਣਕਾਰੀ ਦਿੰਦੇ ਹੋਏ ਬਾਰ ਐਸੋਸ਼ੀਏਸ਼ਨ ਫਿਲੌਰ ਦੇ ਸੈਕਟਰੀ ਸੁਰਜੀਤ ਖੈਤਾਨ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸਾਰੇ ਸਤਿਕਾਰਯੋਗ ਬਾਰ ਦੇ ਸਮੂਹ ਮੈਂਬਰਾਂ ਵੱਲੋਂ ਆਮ ਜਨਤਾ ਦੀ ਸਹੂਲਤ ਲਈ ਬਾਰ ਐਸੋਸੀਏਸ਼ਨ ਫਿਲੌਰ ਵਿਖੇ 13 ਮਾਰਚ ਦਿਨ ਸ਼ੁੱਕਰਵਾਰ ਨੂੰ ਸਵੇਰੇ 10:00 ਵਜੇ ਤੋਂ ਦੁਪਹਿਰ 2:00 ਵਜੇ ਤੱਕ ਬਾਰ ਰੂਮ, ਬਾਰ ਐਸੋਸੀਏਸ਼ਨ ਫਿੱਲੌਰ ਵਿੱਚ ਵਿਸ਼ਾਲ ਖ਼ੂਨ ਦਾਨ ਕੈਂਪ ਦਾ ਆਯੋਜਨ ਕੀਤਾ ਜਾ ਰਿਹਾ ਹੈ। ਇਸ ਨੇਕ ਕਾਜ ਦੀ ਸ਼ੁਰੂਆਤ ਮਾਨਯੋਗ ਜਸਟਿਸ ਦੀਪਕ ਸਿਬਲ, ਜੱਜ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਚੰਡੀਗੜ੍ਹ ਵੱਲੋਂ ਕੀਤੀ ਜਾਵੇਗੀ ਤੇ ਇਸ ਮੌਕੇ ਨਿਰਭੋ ਸਿੰਘ ਗਿੱਲ ਮਾਨਯੋਗ ਜ਼ਿਲ੍ਹਾ ਤੇ ਸੈਸ਼ਨ ਜੱਜ ਜਲੰਧਰ ਦੀ ਰਹਿਨੁਮਾਈ ਹੇਠ ਇਹ ਕੈਂਪ ਲਗਾਇਆ ਜਾਵੇਗਾ।ਇਸ ਮੌਕੇ ਉਨ੍ਹਾਂ ਕਿਹਾ ਕਿ ਖ਼ੂਨਦਾਨ ਇੱਕ ਮਹਾਨ ਦਾਨ ਹੈ ਜਿਸ ਨਾਲ ਅਨੇਕਾਂ ਜ਼ਿੰਦਗੀਆ ਬਚਾਈਆ ਜਾ ਸਕਦੀਆਂ ਹਨ।